ਸ਼ਨੀਵਾਰ, 8 ਜੁਲਾਈ, 2023
24 ਹਾੜ੍ਹ { ਨਾਨਕਸ਼ਾਹੀ 555 / ਬਿਕਰਮੀ 2080
ਜਿਲਦ/VOL. : 72
ਅੰਕ/NO. : 37

# ਨਵਾਂ ਜ਼ਮਾਨਾ

‘ਨਵਾਂ ਜ਼ਮਾਨਾ’ ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

DAILY NAWAN ZAMANA • SATURDAY, 8 JULY, 2023 ਜਲੰਧਰ
YouTube nawan zamana TV

ਕੀਮਤ/PRICE : 5.00 ਰੁਪਏ Regd. No : Pb/JL-123/2021-23, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

## ਪ੍ਰਧਾਨ ਮੰਤਰੀ ਖਿਲਾਫ ਅਪਮਾਨਜਨਕ ਟਿੱਪਣੀ ਨੂੰ ਦੇਸ਼ਧ੍ਰੋਹ ਨਹੀਂ ਕਹਿ ਸਕਦੇ : ਹਾਈ ਕੋਰਟ

### ਕਰਨਾਟਕ ਦੇ ਸਕੂਲ ’ਚ ਖੇਡੇ ਗਏ ਨਾਟਕ ਦੇ ਮਾਮਲੇ ਦਾ ਸੁਖਦ ਅੰਤ

**ਬੇਂਗਲੁਰੂ** : ਕਰਨਾਟਕ ਹਾਈ ਕੋਰਟ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵਿਰੁੱਧ ਟਿੱਪਣੀ ’ਤੇ ਸਕੂਲ ਮੈਨੇਜਮੈਂਟ ਖਿਲਾਫ ਦੇਸ਼ਧ੍ਰੋਹ ਦਾ ਕੇਸ ਰੱਦ ਕਰਦਿਆਂ ਕਿਹਾ ਕਿ ਪ੍ਰਧਾਨ ਮੰਤਰੀ ਖਿਲਾਫ ਕਹੇ ਗਏ ਸ਼ਬਦ ਅਪਮਾਨਜਨਕ ਤੇ ਗੈਰਜ਼ਿੰਮੇਦਾਰਾਨਾ ਸਨ ਪਰ ਇਸ ਨੂੰ ਦੇਸ਼ਧ੍ਰੋਹ ਨਹੀਂ ਕਿਹਾ ਜਾ ਸਕਦਾ। ਹਾਈ ਕੋਰਟ ਦੀ ਕਲਬੁਰਗੀ ਬੈਂਚ ਦੇ ਜਸਟਿਸ ਹੇਮੰਤ ਚੰਦਨਗੌਦਰ ਨੇ ਬੀਦਰ ਦੇ ਸ਼ਾਹੀਨ ਸਕੂਲ ਦੀ ਮੈਨੇਜਮੈਂਟ ਦੇ ਅਲਾਊਦੀਨ, ਅਬਦੁਲ ਖਲਿਕ, ਮੁਹੰਮਦ ਬਿਲਾਲ ਇਨਾਮਦਾਰ ਤੇ ਮੁਹੰਮਦ ਮਹਿਤਾਬ ਖਿਲਾਫ ਨਿਊ ਟਾਊਨ ਪੁਲਸ ਸਟੇਸ਼ਨ ’ਚ ਦਰਜ ਐਫ ਆਈ ਆਰ ਨੂੰ ਰੱਦ ਕਰ ਦਿੱਤਾ।

ਜਸਟਿਸ ਚੰਦਨਗੌਦਰ ਨੇ ਕਿਹਾ—ਨਾਟਕ ਦੌਰਾਨ ਦਿੱਤਾ ਗਿਆ ਬਿਆਨ ਕਿ ਪ੍ਰਧਾਨ ਨੂੰ ਜੁੱਤੀਆਂ ਨਾਲ ਮਾਰਿਆ ਜਾਣਾ ਚਾਹੀਦਾ ਹੈ, ਨਾ ਸਿਰਫ ਅਪਮਾਨਜਨਕ ਸਗੋਂ ਗੈਰਜ਼ਿੰਮੇਦਾਰਾਨਾ ਵੀ ਸੀ ਪਰ ਤਾਜ਼ੀਰਾਤੇ ਹਿੰਦ ਦੀ ਦਫਾ 124-ਏ (ਦੇਸ਼ਧ੍ਰੋਹ) ਉਸ ਸਥਿਤੀ ਵਿਚ ਲਾਗੂ ਕੀਤੀ ਜਾ ਸਕਦੀ ਹੈ ਜਦ ਕਿਸੇ ਸ਼ਖਸ ਦੇ ਸ਼ਬਦਾਂ ਜਾਂ ਪ੍ਰਗਟਾਵੇ ਵਿਚ ਬਦਅਮਨੀ ਪੈਦਾ ਕਰਨ ਦੀ ਹਾਨੀਕਾਰਕ ਪਰਬਿਰਤੀ ਜਾਂ ਇਰਾਦਾ ਹੋਵੇ। ਨਾਗਰਿਕ ਨੂੰ ਸਰਕਾਰ ਤੇ ਉਸਦੇ ਅਹੁਦੇਦਾਰਾਂ ਵੱਲੋਂ ਚੁੱਕੇ ਗਏ ਕਦਮਾਂ ਦੀ ਅਲੋਚਨਾ ਜਾਂ ਟਿੱਪਣੀ ਕਰਨ ਦਾ ਅਧਿਕਾਰ ਹੈ ਪਰ ਉਹ ਸਰਕਾਰ ਖਿਲਾਫ ਜਾਂ ਜਨਤਕ ਅਵਿਵਸਥਾ ਪੈਦਾ ਕਰਨ ਦੇ ਇਰਾਦੇ ਨਾਲ ਲੋਕਾਂ ਨੂੰ ਹਿੰਸਾ ਲਈ ਉਕਸਾਉਂਦੀ ਨਾ ਹੋਵੇ।

ਸ਼ਾਹੀਨ ਸਕੂਲ ਵਿਚ 2020 ’ਚ ਨਾਗਰਿਕਤਾ ਸੋਧ ਕਾਨੂੰਨ (ਸੀ ਏ ਏ) ਅਤੇ ਐੱਨ ਆਰ ਸੀ ਨੂੰ ਲੈ ਕੇ ਬੱਚਿਆਂ ਨੇ ਨਾਟਕ ਖੇਡਿਆ ਸੀ। ਇਸਦੇ ਬਾਅਦ ਦੋਸ਼ ਲੱਗਾ ਕਿ ਸਕੂਲ ਦੇਸ਼ ਦੇ ਖਿਲਾਫ ਕੰਮ ਕਰਕੇ ਨਕਾਰਾਤਮਕ ਗੱਲਾਂ ਫੈਲਾ ਰਿਹਾ ਹੈ। ਸ਼ਾਹੀਨ ਗਰੁੱਪ ਆਫ ਇੰਸਟੀਚਿਊਸ਼ਨਜ਼ ਨੇ ਇਸ ਦਾਅਵੇ ਨੂੰ ਰੱਦ ਕਰਦਿਆਂ ਕਿਹਾ ਸੀ ਕਿ ਪੁਲਸ ਹਰ ਸਕੂਲ ਆਉਂਦੀ ਸੀ ਤੇ ਬੱਚਿਆਂ ਨਾਲ ਦੇਸ਼ਧ੍ਰੋਹੀ ਦੀ ਤਰ੍ਹਾਂ ਵਿਹਾਰ ਕਰਦੀ ਸੀ। ਸਕੂਲ ਖਿਲਾਫ ਇਹ ਵੀ ਦੋਸ਼ ਲਾਇਆ ਗਿਆ ਸੀ ਕਿ ਸੀ ਏ ਏ ਖਿਲਾਫ ਚੌਥੀ ਜਮਾਤ ਦੇ ਬੱਚਿਆਂ ਵੱਲੋਂ ਖੇਡਿਆ ਗਿਆ ਨਾਟਕ ਫਿਰਕੂ ਨੌਈਅਤ ਦਾ ਸੀ। ਮੰਚ ’ਤੇ ਪ੍ਰਧਾਨ ਮੰਤਰੀ ਖਿਲਾਫ ਨਾਅਰੇ ਲੱਗੇ ਸਨ। ਪੁਲਸ ਨੇ ਤਾਜ਼ੀਰਾਤੇ ਹਿੰਦ ਦੀ ਦਫਾ 504, 505 (2), 124 (ਏ) ਅਤੇ 153 (ਏ) ਤਹਿਤ ਕੇਸ ਦਰਜ ਕੀਤਾ ਸੀ।

ਜਸਟਿਸ ਚੰਦਨਗੌਦਰ ਨੇ ਕਿਹਾ ਕਿ ਦਫਾ 153 (ਏ) ਲਾਉਣ ਦੀ ਵੀ ਕੋਈ ਤੁੱਕ ਨਜ਼ਰ ਨਹੀਂ ਆਈ। ਇਹ ਦਫਾ ਧਾਰਮਕ ਗਰੁੱਪਾਂ ਵਿਚਾਲੇ ਪਾੜਾ ਪਾਉਣ ’ਤੇ ਲਾਈ ਜਾਂਦੀ ਹੈ।

ਉਂਜ ਜਸਟਿਸ ਚੰਦਨਗੌਦਰ ਨੇ ਸਕੂਲਾਂ ਨੂੰ ਸਲਾਹ ਦਿੱਤੀ ਹੈ ਕਿ ਉਹ ਬੱਚਿਆਂ ਨੂੰ ਸਰਕਾਰ ਦੀ ਨੁਕਤਾਚੀਨੀ ਤੋਂ ਦੂਰ ਰੱਖਣ। ਅਜਿਹੇ ਨਾਟਕ ਖਿਡਾਉਣ ਜਿਹੜੇ ਉਨ੍ਹਾਂ ਦਾ ਪੜ੍ਹਾਈ ਵੱਲ ਦਿਲਚਸਪੀ ਵਧਾਉਣ। ਚਲੰਤ ਸਿਆਸੀ ਮੁੱਦਿਆਂ ਤੋਂ ਬੱਚਿਆਂ ਨੂੰ ਦੂਰ ਰੱਖਣ। ਉਨ੍ਹਾਂ ਨੂੰ ਗਿਆਨ ਤੇ ਟੈਕਨਾਲੋਜੀ ਨਾਲ ਲੈਸ ਕਰਨ, ਜਿਸ ਨਾਲ ਭਵਿੱਖ ’ਚ ਉਨ੍ਹਾਂ ਨੂੰ ਲਾਭ ਮਿਲੇ।

## ਨਵੇਂ ਸੂਟਾਂ ਦਾ ਹੁਣ ਕੀ ਕਰੀਏ!



**ਨਾਗਪੁਰ** : ਬੇਬਾਕ ਟਿੱਪਣੀਆਂ ਲਈ ਜਾਣੇ ਜਾਂਦੇ ਕੇਂਦਰੀ ਮੰਤਰੀ ਨਿਤਿਨ ਗਡਕਰੀ ਨੇ ਮਹਾਰਾਸ਼ਟਰ ਦੀ ਚਲੰਤ ਸਿਆਸੀ ਸਥਿਤੀ ਨੂੰ ਲੈ ਕੇ ਸ਼ੁੱਕਰਵਾਰ ਕਿਹਾ ਕਿ ਜਿਨ੍ਹਾਂ ਨੂੰ ਮੰਤਰੀ ਬਣਨ ਦੀ ਤਾਂਘ ਸੀ , ਉਹ ਹੁਣ ਉਦਾਸ ਹਨ, ਕਿਉਂਕਿ ਮੈਦਾਨ ’ਚ ਭੀੜ ਬਹੁਤ ਹੋ ਗਈ ਹੈ ਤੇ ਉਨ੍ਹਾਂ ਨੂੰ ਸੁਝ ਨਹੀਂ ਰਿਹਾ ਕਿ ਨਵੇਂ ਸਿਲਵਾਏ ਸੂਟਾਂ ਦਾ ਕੀ ਕਰੀਏ। ਨਾਗਪੁਰ ਵਿਦਿਆਪੀਠ ਸ਼ਿਕਸ਼ਣ ਮੰਚ ਵੱਲੋਂ ਆਯੋਜਤ ਪ੍ਰੋਗਰਾਮ ਵਿਚ ਭਾਜਪਾ ਦੇ ਸਾਬਕਾ ਕੌਮੀ ਪ੍ਰਧਾਨ ਨੇ ਭੂਟਾਨ ਦੇ ਪ੍ਰਧਾਨ ਮੰਤਰੀ ਵੱਲੋਂ ਪ੍ਰਸਤਾਵਤ ‘ਖੁਸ਼ ਰਹਿਣ ਦੇ ਸੂਚਕ ਅੰਕ’ ਦੇ ਸੰਕਲਪ ਦਾ ਜ਼ਿਕਰ ਕਰਦਿਆਂ ਕਿਹਾ—ਜੇ ਕੋਈ ਮੰਨਦਾ ਹੈ ਕਿ ਉਸਨੂੰ ਲੋੜ ਨਾਲੋਂ ਵੱਧ ਮਿਲ ਗਿਆ ਹੈ ਤਾਂ ਉਹ ਖੁਸ਼ ਤੇ ਸੰਤੁਸ਼ਟ ਰਹਿ ਸਕਦਾ ਹੈ। ਨਹੀਂ ਤਾਂ, ਕਾਰਪੋਰੇਟ ਇਸ ਗੱਲੋਂ ਨਾਖੁਸ਼ ਹਨ ਕਿ ਵਿਧਾਇਕ ਨਹੀਂ ਬਣ ਸਕੇ, ਵਿਧਾਇਕ ਇਸ ਗੱਲੋਂ ਔਖੇ ਹਨ ਕਿ ਮੰਤਰੀ ਨਹੀਂ ਬਣ ਸਕੇ, ਮੰਤਰੀ ਇਸ ਗੱਲੋਂ ਔਖੇ ਹਨ ਕਿ ਚੰਗਾ ਮੰਤਰਾਲਾ ਨਹੀਂ ਮਿਲਿਆ। ਅਤੇ ਹੁਣ ਜਿਹੜੇ ਮੰਤਰੀ ਬਣਨ ਵਾਲੇ ਸਨ ਉਹ ਔਖੇ ਹਨ ਕਿ ਕੀ ਉਨ੍ਹਾਂ ਦੀ ਵਾਰੀ ਆਏਗੀ ਵੀ, ਕਿਉਂਕਿ ਦਾਅਵੇਦਾਰ ਬਹੁਤ ਹੋ ਗਏ ਹਨ। ਉਨ੍ਹਾਂ ਨੇ ਸੂਟ ਸੁਆ ਲਏ ਸਨ। ਹੁਣ ਸੋਚ ਰਹੇ ਹਨ ਕਿ ਸੂਟਾਂ ਦਾ ਕੀ ਕਰੀਏ?

ਹਾਸੇ ਦਰਮਿਆਨ ਗਡਕਰੀ ਨੇ ਕਿਹਾ ਕਿ ਪ੍ਰੋਗਰਾਮ ਵਾਲੇ ਹਾਲ ਦੀ ਸਮਰੱਥਾ 2200 ਸਰੋਤਿਆਂ ਦੀ ਹੈ ਤੇ ਹੋਰ ਵੀ ਕਾਫੀ ਐਡਜਸਟ ਹੋ ਸਕਦੇ ਹਨ ਪਰ ਵਜ਼ਾਰਤ ਦਾ ਆਕਾਰ ਨਹੀਂ ਵਧਾਇਆ ਜਾ ਸਕਦਾ। 2 ਜੁਲਾਈ ਨੂੰ ਨੈਸ਼ਨਲਿਸਟ ਕਾਂਗਰਸ ਪਾਰਟੀ ਦੇ ਅਜੀਤ ਪਵਾਰ ਤੇ ਉਨ੍ਹਾ ਦੇ 8 ਹੋਰ ਸਾਥੀਆਂ ਵੱਲੋਂ ਮੰਤਰੀਆਂ ਵਜੋਂ ਸਹੁੰ ਚੁੱਕਣ ਤੋਂ ਬਾਅਦ ਆਪੋਜ਼ੀਸ਼ਨ ਆਗੂ ਕਹਿ ਰਹੇ ਹਨ ਕਿ ਹੁਣ ਮੁੱਖ ਮੰਤਰੀ ਏਕਨਾਥ ਸ਼ਿੰਦੇ ਤੇ ਉਸਦੀ ਇਤਿਹਾਦੀ ਭਾਜਪਾ ਦੇ ਉਹ ਵਿਧਾਇਕ ਦੁਖੀ ਹਨ, ਜਿਹੜੇ ਮੰਤਰੀ ਬਣਨ ਦੀ ਆਸ ਲਾਈ ਬੈਠੇ ਸਨ।

## ਰਾਹੁਲ ਦੀ ਬੇਨਤੀ ਨਹੀਂ ਮੰਨੀ ਗਈ, ਸਜ਼ਾ ਬਰਕਰਾਰ

**ਅਹਿਮਦਾਬਾਦ** : ਗੁਜਰਾਤ ਹਾਈ ਕੋਰਟ ਨੇ ਸ਼ੁੱਕਰਵਾਰ ਕਾਂਗਰਸ ਨੇਤਾ ਰਾਹੁਲ ਗਾਂਧੀ ਦੀ ਮੋਦੀ ਗੋਤ ਬਾਰੇ ਟਿੱਪਣੀ ਸੰਬੰਧੀ ਅਪਰਾਧਕ ਮਾਣਹਾਨੀ ਦੇ ਮਾਮਲੇ ’ਚ ਦੋਸ਼ੀ ਠਹਿਰਾਏ ਜਾਣ ’ਤੇ ਰੋਕ ਲਗਾਉਣ ਦੀ ਮੰਗ ਵਾਲੀ ਪਟੀਸ਼ਨ ਖਾਰਜ ਕਰ ਦਿੱਤੀ। ਜਸਟਿਸ ਹੇਮੰਤ ਪ੍ਰੱਛਕ ਨੇ ਇਹ ਫੈਸਲਾ ਸੁਣਾਇਆ। ਜੇ ਸਜ਼ਾ ’ਤੇ ਰੋਕ ਲੱਗਦੀ ਤਾਂ ਰਾਹੁਲ ਦੀ ਸੰਸਦ ਮੈਂਬਰ ਵਜੋਂ ਬਹਾਲੀ ਦਾ ਰਾਹ ਖੁੱਲ੍ਹ ਜਾਂਦਾ। ਇਸ ਦੌਰਾਨ ਕਾਂਗਰਸ ਨੇ ਕਿਹਾ ਹੈ ਕਿ ਉਹ ਇਸ ਫੈਸਲੇ ਨੂੰ ਸੁਪਰੀਮ ਕੋਰਟ ’ਚ ਚੁਣੌਤੀ ਦੇਵੇਗੀ।

ਹਾਈ ਕੋਰਟ ਦੇ ਫਾਜ਼ਲ ਜੱਜ ਨੇ ਕਿਹਾ ਕਿ ਇਸ ਕੇਸ ਦੇ ਇਲਾਵਾ ਰਾਹੁਲ ਖਿਲਾਫ ਘੱਟੋਘੱਟ 10 ਕੇਸ ਪੈਂਡਿੰਗ ਹਨ। ਇਕ ਕੇਸ ਤਾਂ ਵੀਰ ਸਾਵਰਕਰ ਦੇ ਪੋਤੇ ਨੇ ਦਾਇਰ ਕੀਤਾ ਹੈ। ਅਜਿਹੇ ’ਚ ਸੂਰਤ ਕੋਰਟ ਦੇ ਫੈਸਲੇ ’ਚ ਦਖਲ ਦੇਣ ਦੀ ਲੋੜ ਨਹੀਂ ਹੈ। ਸਜ਼ਾ ਵਾਜਬ ਤੇ ਕਾਨੂੰਨੀ ਹੈ। ਕਿਸੇ ਵੀ ਹਾਲਤ ’ਚ ਸਜ਼ਾ ’ਤੇ ਰੋਕ ਲਾਉਣੀ ਬੇਇਨਸਾਫੀ ਨਹੀਂ ਹੈ।

ਰਾਹੁਲ ਜਿਸ ਆਧਾਰ ’ਤੇ ਰੋਕ ਦੀ ਮੰਗ ਕਰ ਰਹੇ ਹਨ ਉਸਦਾ ਵਜੂਦ ਹੀ ਨਹੀਂ ਹੈ। ਇਸ ਕਰਕੇ ਉਹ ਪਟੀਸ਼ਨ ਰੱਦ ਕਰ ਰਹੇ ਹਨ। ਰਾਹੁਲ ਗਾਂਧੀ ਨੇ 2019 ਵਿਚ ਕਰਨਾਟਕ ਦੀ ਇਕ ਰੈਲੀ ’ਚ ਕਿਹਾ ਸੀ—ਇਕ ਛੋਟਾ ਜਿਹਾ ਸਵਾਲ ਹੈ, ਇਨ੍ਹਾਂ ਸਾਰੇ ਚੋਰਾਂ ਦੇ ਨਾਂ ਮੋਦੀ-ਮੋਦੀ ਕਿਉਂ ਹਨ? ਨੀਰਵ ਮੋਦੀ, ਲਲਿਤ ਮੋਦੀ, ਨਰਿੰਦਰ ਮੋਦੀ ਅਤੇ ਹੋਰ ਲੱਭੋਂਗੇ ਤਾਂ ਬਹੁਤ ਸਾਰੇ ਮੋਦੀ ਮਿਲ ਜਾਣਗੇ।

ਇਸਦੇ ਬਾਅਦ ਗੁਜਰਾਤ ਦੇ ਭਾਜਪਾ ਵਿਧਾਇਕ ਪੂਰਣੇਸ਼ ਮੋਦੀ ਨੇ ਇਹ ਕਹਿ ਕੇ ਕੇਸ ਕਰ ਦਿੱਤਾ ਸੀ ਕਿ ਇਸ ਨਾਲ ਉਨ੍ਹਾ ਦੀ ਬੇਇੱਜ਼ਤੀ ਹੋਈ ਹੈ, ਕਿਉਂਕਿ ਉਨ੍ਹਾ ਦਾ ਗੋਤ ਵੀ ਮੋਦੀ ਹੈ। ਸੂਰਤ ਦੀ ਮੈਟਰੋਪੋਲੀਟਨ ਮਜਿਸਟ੍ਰੇਟ ਵੱਲੋਂ 23 ਮਾਰਚ ਨੂੰ ਦੋ ਸਾਲ ਦੀ ਸਜ਼ਾ ਸੁਣਾਏ ਜਾਣ ਦੇ ਬਾਅਦ 24 ਮਾਰਚ ਨੂੰ ਰਾਹੁਲ ਦੀ ਕੇਰਲਾ ਦੇ ਵਾਇਨਾਡ ਤੋਂ ਲੋਕ ਸਭਾ ਦੀ ਮੈਂਬਰੀ ਰੱਦ ਕਰ ਦਿੱਤੀ ਗਈ ਸੀ। ਜੇ ਰਾਹੁਲ ਨੂੰ ਸੁਪਰੀਮ ਕੋਰਟ ਤੋਂ ਵੀ ਰਾਹਤ ਨਾ ਮਿਲੀ ਤਾਂ ਉਹ 2024 ਦੀ ਲੋਕ ਸਭਾ ਚੋਣ ਨਹੀਂ ਲੜ ਸਕਣਗੇ।

ਭਾਜਪਾ ਨੇਤਾ ਰਵੀਸ਼ੰਕਰ ਪ੍ਰਸਾਦ ਨੇ ਗੁਜਰਾਤ ਹਾਈ ਕੋਰਟ ਦੇ ਫੈਸਲੇ ਦਾ ਸਵਾਗਤ ਕਰਦਿਆਂ ਕਿਹਾ ਕਿ ਜਿੱਥੋਂ ਤੱਕ ਮਾਣਹਾਨੀ ਦਾ ਸਵਾਲ ਹੈ, ਰਾਹੁਲ ਗਾਂਧੀ ਆਦਤਨ ਅਪਰਾਧੀ ਹੈ ਤੇ ਉਸ ’ਤੇ ਅਜਿਹੇ 7-8 ਕੇਸ ਪਹਿਲਾਂ ਹੀ ਚੱਲ ਰਹੇ ਹਨ।

### ਪਹਿਲੀ ਸਾਲਗਿਰਹ ਮਨਾਈ



**ਚੰਡੀਗੜ੍ਹ** : ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਅਤੇ ਉਨ੍ਹਾ ਦੀ ਪਤਨੀ ਡਾਕਟਰ ਗੁਰਪ੍ਰੀਤ ਕੌਰ ਦੇ ਵਿਆਹ ਦੀ ਸ਼ੁੱਕਰਵਾਰ ਪਹਿਲੀ ਵਰ੍ਹੇਗੰਢ ਸੀ। ਮਾਨ ਨੇ ਪਤਨੀ ਨੂੰ ਫੇਸਬੁੱਕ ਅਕਾਊਂਟ ’ਤੇ ਵਧਾਈ ਦਿੰਦਿਆਂ ਲਿਖਿਆ- ਇੱਕੋ ਮੇਹਰ ਮੈਂ ਓਸ ਸੋਹਣੇ ਰੱਬ ਤੋਂ ਮੰਗੀ ਐ, ਸਾਡੀ ਫੋਟੋ ਦੇਖ ਕੇ ਲੋਕ ਕਹਿਣ, ਦੋਵਾਂ ਦੀ ਕਿਸਮਤ ਚੰਗੀ ਐ। ਇਸ ਦੇ ਜਵਾਬ ’ਚ ਡਾ. ਗੁਰਪ੍ਰੀਤ ਨੇ ਟਵੀਟ ਕੀਤਾ-ਦੋ ਹੀ ਚੀਜ਼ਾਂ ਮੰਗਦੀ ਹਾਂ ਰੱਬ ਤੋਂ ਦਿਨ ਰਾਤ, ਇੱਕ ਉਹਦਾ ਸਿਰ ’ਤੇ ਹੱਥ, ਦੂਜਾ ਤੇਰਾ ਸਾਥ। ਦੋਹਾਂ ਨੇ ਵਰ੍ਹੇਗੰਢ ’ਤੇ ਚੰਡੀਗੜ੍ਹ ਕਲੱਬ ਵਿਚ ਪਾਰਟੀ ਦਿੱਤੀ।

### 250

**ਉੱਤਰਕਾਸ਼ੀ** : ਟਮਾਟਰ ਗੰਗੋਤਰੀ ਧਾਮ ’ਚ 250 ਰੁਪਏ ਅਤੇ ਉੱਤਰਕਾਸ਼ੀ ਜ਼ਿਲ੍ਹੇ ’ਚ 180 ਤੋਂ 200 ਰੁਪਏ ਪ੍ਰਤੀ ਕਿਲੋ ਵਿਕ ਰਿਹਾ ਹੈ। ਖਰੀਦਣ ਲਈ ਲੋਕਾਂ ਦਾ ਹੌਸਲਾ ਨਹੀਂ ਪੈ ਰਿਹਾ।

### ਡੀ ਆਈ ਜੀ ਵੱਲੋਂ ਖੁਦਕੁਸ਼ੀ

**ਕੋਇੰਬਟੂਰ** : ਤਾਮਿਲਨਾਡੂ ਦੇ ਕੋਇੰਬਟੂਰ ’ਚ ਡੀ ਆਈ ਜੀ ਵਿਜੇ ਕੁਮਾਰ ਨੇ ਆਪਣੀ ਰੈੱਡ ਫੀਲਡਜ਼ ਸਥਿਤ ਰਿਹਾਇਸ਼ ’ਤੇ ਕਥਿਤ ਤੌਰ ’ਤੇ ਆਪਣੀ ਸਰਵਿਸ ਪਿਸਤੌਲ ਨਾਲ ਗੋਲੀ ਮਾਰ ਕੇ ਖੁਦਕੁਸ਼ੀ ਕਰ ਲਈ। ਕਾਰਨਾਂ ਦਾ ਪਤਾ ਨਹੀਂ ਲੱਗਿਆ। 2009 ਬੈਚ ਦੇ ਆਈ ਪੀ ਐੱਸ ਅਧਿਕਾਰੀ ਨੇ ਜਨਵਰੀ ’ਚ ਡੀ ਆਈ ਜੀ ਵਜੋਂ ਅਹੁਦਾ ਸੰਭਾਲਿਆ ਸੀ।

### ਤਿੰਨ ਡੱਬਿਆਂ ਨੂੰ ਅੱਗ



**ਹੈਦਰਾਬਾਦ (ਤਿਲੰਗਾਨਾ)** : ਬੋਮਾਈਪੱਲੀ ਅਤੇ ਪਗੀਦੀਪੱਲੀ ਵਿਚਕਾਰ ਫਲਕਨੁਮਾ ਐਕਸਪ੍ਰੈੱਸ ਦੇ ਤਿੰਨ ਡੱਬਿਆਂ ਵਿੱਚ ਅੱਗ ਲੱਗ ਗਈ, ਜਿਸ ਤੋਂ ਬਾਅਦ ਇਸ ਨੂੰ ਰੋਕ ਦਿੱਤਾ ਗਿਆ। ਸਾਰੇ ਯਾਤਰੀ ਰੇਲਗੱਡੀ ਤੋਂ ਉੱਤਰ ਗਏ ਅਤੇ ਕਿਸੇ ਦੇ ਜ਼ਖਮੀ ਹੋਣ ਦੀ ਸੂਚਨਾ ਨਹੀਂ ਹੈ।

### ਮੀਂਹ ਕਾਰਨ ਯਾਤਰਾ ਰੁਕੀ



**ਜੰਮੂ** : ਕਸ਼ਮੀਰ ਦੇ ਕਈ ਹਿੱਸਿਆਂ ’ਚ ਮੀਂਹ ਕਾਰਨ ਸ਼ੁੱਕਰਵਾਰ ਅਮਰਨਾਥ ਯਾਤਰਾ ਰੋਕ ਦਿੱਤੀ ਗਈ। ਬਾਲਟਾਲ ਅਤੇ ਪਹਿਲਗਾਮ ਦੋਵਾਂ ਮਾਰਗਾਂ ’ਤੇ ਯਾਤਰਾ ਰੋਕੀ ਗਈ ਹੈ। ਇਸੇ ਦੌਰਾਨ ਕਈ ਸ਼ਰਧਾਲੂਆਂ ਦੀ ਉਚਾਈ ਕਾਰਨ ਤਬੀਅਤ ਖਰਾਬ ਹੋਣ ’ਤੇ ਉਨ੍ਹਾਂ ਨੂੰ ਮੌਕੇ ’ਤੇ ਡਾਕਟਰੀ ਸਹਾਇਤਾ ਤੇ ਆਕਸੀਜਨ ਦਿੱਤੀ ਗਈ।

## ਅਮਰੀਕੀ ਰਾਜਦੂਤ ਦਾ ਬਿਆਨ ਹੈਰਾਨਕੁੰਨ : ਤਿਵਾੜੀ

**ਨਵੀਂ ਦਿੱਲੀ** : ਸਾਬਕਾ ਕੇਂਦਰੀ ਮੰਤਰੀ ਤੇ ਸੀਨੀਅਰ ਕਾਂਗਰਸ ਨੇਤਾ ਮਨੀਸ਼ ਤਿਵਾੜੀ ਨੇ ਭਾਰਤ ਵਿਚ ਅਮਰੀਕੀ ਰਾਜਦੂਤ ਐਰਿਕ ਗਾਰਸੇਟੀ ਦੀ ਮਨੀਪੁਰ ਦੀ ਸਥਿਤੀ ਬਾਰੇ ਟਿੱਪਣੀ ’ਤੇ ਕਿਹਾ ਕਿ ਭਾਰਤ ਦੇ ਅੰਦਰੂਨੀ ਮਾਮਲਿਆਂ ’ਤੇ ਕਿਸੇ ਵੀ ਅਮਰੀਕੀ ਰਾਜਦੂਤ ਦਾ ਪਹਿਲਾਂ ਕਦੇ ਅਜਿਹਾ ਬਿਆਨ ਨਹੀਂ ਸੁਣਿਆ। ਰਿਪੋਰਟਾਂ ਦੇ ਅਨੁਸਾਰ ਗਾਰਸੇਟੀ ਨੇ ਕੋਲਕਾਤਾ ’ਚ ਕਿਹਾ ਸੀ ਕਿ ਮਨੀਪੁਰ ’ਚ ਹਿੰਸਾ ਅਤੇ ਹੱਤਿਆਵਾਂ ਮਨੁੱਖੀ ਚਿੰਤਾ ਦਾ ਵਿਸ਼ਾ ਹੈ ਅਤੇ ਜੇ ਕਿਹਾ ਜਾਵੇ ਤਾਂ ਸਥਿਤੀ ਨਾਲ ਨਜਿੱਠਣ ਲਈ ਅਮਰੀਕਾ ਭਾਰਤ ਨਾਲ ਸਹਿਯੋਗ ਕਰਨ ਲਈ ਤਿਆਰ ਹੈ। ਇਸ ਬਾਰੇ ਲੋਕ ਸਭਾ ਮੈਂਬਰ ਤਿਵਾੜੀ ਨੇ ਟਵੀਟ ਕੀਤਾ—ਮੇਰੀ ਚਾਰ ਦਹਾਕਿਆਂ ਦੀ ਜਨਤਕ ਜ਼ਿੰਦਗੀ ’ਚ ਮੈਂ ਕਦੇ ਨਹੀਂ ਸੁਣਿਆ ਕਿ ਅਮਰੀਕਾ ਦੇ ਰਾਜਦੂਤ ਨੇ ਭਾਰਤ ਦੇ ਅੰਦਰੂਨੀ ਮਾਮਲਿਆਂ ਬਾਰੇ ਅਜਿਹਾ ਬਿਆਨ ਦਿੱਤਾ ਹੋਵੇ। ਅਸੀਂ ਪੰਜਾਬ, ਜੰਮੂ-ਕਸ਼ਮੀਰ ਅਤੇ ਉੱਤਰ-ਪੂਰਬ ਵਿਚ ਚੁਣੌਤੀਆਂ ਦਾ ਸਾਹਮਣਾ ਕੀਤਾ ਅਤੇ ਆਪਣੀ ਅਕਲ ਨਾਲ ਸਫਲਤਾ ਹਾਸਲ ਕੀਤੀ।

## ਕੇਸ ਅੱਗੇ ਵਧਾਉਣ ਲਈ ਬ੍ਰਿਜ ਭੂਸ਼ਣ ਖਿਲਾਫ ਕਾਫੀ ਸਬੂਤ



**ਨਵੀਂ ਦਿੱਲੀ** : ਮਹਿਲਾ ਭਲਵਾਨਾਂ ਦੇ ਕਥਿਤ ਜਿਨਸੀ ਸ਼ੋਸ਼ਣ ਦੇ ਮਾਮਲੇ ’ਚ ਦਿੱਲੀ ਦੀ ਅਦਾਲਤ ਨੇ ਭਾਜਪਾ ਦੇ ਸੰਸਦ ਮੈਂਬਰ ਅਤੇ ਭਾਰਤੀ ਕੁਸ਼ਤੀ ਫੈਡਰੇਸ਼ਨ ਦੇ ਸਾਬਕਾ ਪ੍ਰਧਾਨ ਬ੍ਰਿਜ ਭੂਸ਼ਣ ਸ਼ਰਣ ਸਿੰਘ ਨੂੰ 18 ਜੁਲਾਈ ਨੂੰ ਤਲਬ ਕੀਤਾ ਹੈ। ਅਦਾਲਤ ਨੇ ਕਿਹਾ ਕਿ ਮੁਲਜਮ ਖਿਲਾਫ ਕੇਸ ਨੂੰ ਅੱਗੇ ਵਧਾਉਣ ਲਈ ਕਾਫੀ ਸਬੂਤ ਹਨ। ਚਾਰਜਸ਼ੀਟ ਦਾ ਨੋਟਿਸ ਲੈਂਦਿਆਂ ਐਡੀਸ਼ਨਲ ਚੀਫ ਮੈਟਰੋਪੋਲੀਟਨ ਮੈਜਿਸਟਰੇਟ ਹਰਜੀਤ ਸਿੰਘ ਜਸਪਾਲ ਨੇ ਉਸਨੂੰ 18 ਜੁਲਾਈ ਨੂੰ ਪੇਸ਼ ਹੋਣ ਦੇ ਨਿਰਦੇਸ਼ ਦਿੱਤੇ ਹਨ।

## ਬਟਾਲਾ ਗੋਲੀ ਕਾਂਡ ਦਾ ਮੁੱਖ ਮੁਲਜ਼ਮ ਭੂਟਾਨ ਸਰਹੱਦ ਤੋਂ ਗ੍ਰਿਫਤਾਰ

**ਚੰਡੀਗੜ੍ਹ (ਗੁਰਜੀਤ ਬਿੱਲਾ)**-ਪੰਜਾਬ ਪੁਲਸ ਦੇ ਕਾਊਂਟਰ ਇੰਟੈਲੀਜੈਂਸ ਵਿੰਗ ਨੇ ਕੇਂਦਰੀ ਏਜੰਸੀ ਅਤੇ ਪੱਛਮੀ ਬੰਗਾਲ ਪੁਲਸ ਨਾਲ ਸਾਂਝੇ ਆਪ੍ਰੇਸ਼ਨ ਦੌਰਾਨ ਬਟਾਲਾ ਗੋਲੀ ਕਾਂਡ ਦੇ ਮੁੱਖ ਮੁਲਜ਼ਮ ਨੂੰ ਪੱਛਮੀ ਬੰਗਾਲ ਦੇ ਅਲੀਪੁਰਦੁਆਰ ਜ਼ਿਲ੍ਹੇ ’ਚ ਭਾਰਤ-ਭੂਟਾਨ ਬਾਰਡਰ ਤੋਂ ਗ੍ਰਿਫਤਾਰ ਕਰਕੇ ਮਾਮਲੇ ਦੀ ਗੁੱਥੀ ਨੂੰ ਸੁਲਝਾ ਲਿਆ ਹੈ। ਡੀ ਜੀ ਪੀ ਗੌਰਵ ਯਾਦਵ ਨੇ ਸ਼ੁੱਕਰਵਾਰ ਨੂੰ ਦੱਸਿਆ ਕਿ ਗ੍ਰਿਫ਼ਤਾਰ ਕੀਤਾ ਗਿਆ 21 ਸਾਲਾ ਮੁਲਜ਼ਮ ਅਪਰਾਧਕ ਪਿਛੋਕੜ ਵਾਲਾ ਹੈ ਅਤੇ ਉਹ ਕਤਲ ਦੇ ਇੱਕ ਕੇਸ ਵਿੱਚ ਜ਼ਮਾਨਤ ’ਤੇ ਰਿਹਾਅ ਸੀ। 24 ਜੂਨ ਨੂੰ ਬਟਾਲਾ ਦੀ ਲੱਕੜ ਮੰਡੀ ਵਿਖੇ ਰਾਜੀਵ ਮਹਾਜਨ, ਉਸ ਦੇ ਭਰਾ ਅਨਿਲ ਗੁਪਤਾ ਅਤੇ ਉਸ ਦੇ ਪੁੱਤਰ ਮਾਨਵ ਗੁਪਤਾ ਨੂੰ ਦੋ ਹਮਲਾਵਰਾਂ ਵੱਲੋਂ ਉਨ੍ਹਾਂ ਦੀ ਇਲੈਕਟ੍ਰਾਨਿਕਸ ਦੀ ਦੁਕਾਨ ’ਚ ਦਾਖਲ ਹੋ ਕੇ ਉਨ੍ਹਾਂ ’ਤੇ ਗੋਲੀਆਂ ਚਲਾ ਕੇ ਜ਼ਖ਼ਮੀ ਕਰ ਦਿੱਤਾ ਸੀ। ਡੀ ਜੀ ਪੀ

● ਬਾਕੀ ਸਫ਼ਾ 2 ’ਤੇ

## ਬੱਚੀ ਨਾਲ ਬਲਾਤਕਾਰ ਕਰਨ ’ਤੇ 4 ਨਬਾਲਗ ਹਿਰਾਸਤ ’ਚ

**ਕਲਬੁਰਗੀ** : ਕਰਨਾਟਕ ਦੇ ਕਲਬੁਰਗੀ ਜ਼ਿਲ੍ਹੇ ’ਚ 9 ਸਾਲਾ ਬੱਚੀ ਨਾਲ ਸਮੂਹਕ ਬਲਾਤਕਾਰ ਕਰਨ ਦੇ ਦੋਸ਼ ’ਚ ਪੁਲਸ ਨੇ 12 ਤੋਂ 14 ਸਾਲ ਦੀ ਉਮਰ ਦੇ 4 ਬੱਚਿਆਂ ਨੂੰ ਹਿਰਾਸਤ ’ਚ ਲਿਆ ਹੈ। ਬੱਚੀ ਨੂੰ ਹਸਪਤਾਲ ’ਚ ਦਾਖਲ ਕਰਵਾਇਆ ਗਿਆ ਹੈ। ਨਾਬਾਲਗਾਂ ਨੂੰ ਰਿਮਾਂਡ ਹੋਮ ’ਚ ਭੇਜ ਦਿੱਤਾ ਗਿਆ ਹੈ, ਜਦੋਂ ਕਿ ਪੰਜਵੇਂ ਮੁਲਜ਼ਮ ਦੀ ਭਾਲ ਕੀਤੀ ਜਾ ਰਹੀ ਸੀ। ਪੁਲਸ ਅਨੁਸਾਰ ਪੰਜ ਨਾਬਾਲਗ ਮੁੰਡਿਆਂ ਨੇ ਪੀੜਤਾ ਨੂੰ ਚਾਕਲੇਟ ਦੇ ਬਹਾਨੇ ਵਰਗਲਾਇਆ। ਪੀੜਤਾ ਦੀ ਮਾਂ ਨੇ ਸ਼ਿਕਾਇਤ ’ਚ ਦੱਸਿਆ ਕਿ ਮੁੰਡਿਆਂ ਨੇ ਕੁੜੀ ਨੂੰ ਨੇੜੇ ਦੇ ਘਰ ’ਚ ਲੈ ਜਾ ਕੇ ਉਸ ਨਾਲ ਸਮੂਹਿਕ ਬਲਾਤਕਾਰ ਕੀਤਾ। ਕੁੜੀ ਨੇ ਕਿਸੇ ਤਰ੍ਹਾਂ ਘਰ ਪਹੁੰਚ ਕੇ ਸਾਰੀ ਘਟਨਾ ਉਸ ਨੂੰ ਦੱਸੀ।

## ਰਿਟਾਇਰਡ ਐੱਸ ਡੀ ਓ ਗ੍ਰਿਫ਼ਤਾਰ

**ਚੰਡੀਗੜ੍ਹ (ਗੁਰਜੀਤ ਬਿੱਲਾ)**-ਪੰਜਾਬ ਵਿਜੀਲੈਂਸ ਬਿਊਰੋ ਨੇ ਸ਼ੁੱਕਰਵਾਰ ਸੇਵਾਮੁਕਤ ਐਸ ਡੀ ਓ ਸੁਦੇਸ਼ ਕੁਮਾਰ, ਜੋ ਸਾਲ 2016 ’ਚ ਪੰਜਾਬ ਮੰਡੀ ਬੋਰਡ ਸਬ-ਡਵੀਜ਼ਨ ਨੰਬਰ 3, ਜ਼ਿਲ੍ਹਾ ਤਰਨ ਤਾਰਨ ਵਿਖੇ ਤਾਇਨਾਤ ਸੀ, ਨੂੰ 20,000 ਰੁਪਏ ਰਿਸ਼ਵਤ ਲੈਣ ਦੇ ਦੋਸ਼ ਹੇਠ ਗ੍ਰਿਫ਼ਤਾਰ ਕੀਤਾ ਹੈ। ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਮੁਲਜ਼ਮ ਐਸ ਡੀ ਓ ਨੂੰ ਦਰਸ਼ਨ ਸਿੰਘ ਵਾਸੀ ਪੱਟੀ ਜ਼ਿਲ੍ਹਾ ਤਰਨ ਤਾਰਨ ਦੀ ਸ਼ਿਕਾਇਤ ’ਤੇ ਕਾਬੂ ਕੀਤਾ ਗਿਆ ਹੈ। ਸ਼ਿਕਾਇਤਕਰਤਾ ਨੇ ਥਾਣਾ ਵਿਜੀਲੈਂਸ ਬਿਊਰੋ ਅੰਮ੍ਰਿਤਸਰ ਰੇਂਜ ਵਿਖੇ ਸ਼ਿਕਾਇਤ ਦਰਜ ਕਰਵਾਈ ਸੀ ਕਿ ਪੰਜਾਬ ਮੰਡੀ ਬੋਰਡ ਨੇ ਤਰਨ ਤਾਰਨ ਜ਼ਿਲ੍ਹੇ ਵਿੱਚ ਲਿੰਕ ਸੜਕਾਂ ਦੇ ਨਿਰਮਾਣ ਦਾ ਕੰਮ ਉਸ ਦੀ ਫਰਮ ਐਲ ਟੀ ਬਿਲਡਰਜ਼ ਨੂੰ ਅਲਾਟ ਕੀਤਾ ਸੀ। ਉਕਤ ਐਸ ਡੀ ਓ ਨੇ ਫਰਮ ਦੀ 34,33,002 ਰੁਪਏ ਦੀ ਜ਼ਮਾਨਤ ਰਾਸ਼ੀ ਵਾਪਸ ਕਰਨ ਬਦਲੇ 1 ਲੱਖ ਰੁਪਏ ਰਿਸ਼ਵਤ ਮੰਗੀ ਸੀ ਅਤੇ ਉਹ 20,000 ਰੁਪਏ ਰਿਸ਼ਵਤ ਲੈ ਚੁੱਕਾ ਹੈ। ਬੁਲਾਰੇ ਨੇ ਦੱਸਿਆ ਕਿ ਇਸ ਸ਼ਿਕਾਇਤ ਦੀ ਮੁਢਲੀ ਜਾਂਚ ਉਪਰੰਤ ਉਕਤ ਐਸ ਡੀ ਓ ਖਿਲਾਫ ਭ੍ਰਿਸ਼ਟਾਚਾਰ ਰੋਕੂ ਐਕਟ ਦੀ ਧਾਰਾ 7 ਅਧੀਨ ਐਫ ਆਈ ਆਰ ਥਾਣਾ ਵਿਜੀਲੈਂਸ ਬਿਊਰੋ, ਅੰਮ੍ਰਿਤਸਰ ਰੇਂਜ ਵਿਖੇ ਦਰਜ ਕੀਤੀ ਗਈ ਸੀ।

## ਹਜ਼ਾਰਾਂ ਭਾਰਤੀਆਂ ਨੂੰ ਗਰੀਨ ਕਾਰਡ ਮਿਲਣ ਦੀ ਆਸ

**ਵਾਸ਼ਿੰਗਟਨ** : ਅਮਰੀਕਾ ’ਚ ਰਾਸ਼ਟਰਪਤੀ ਜੋਅ ਬਾਇਡਨ ਦੇ ਇਕ ਸਲਾਹਕਾਰ ਕਮਿਸ਼ਨ ਨੇ 1992 ਤੋਂ ਬਾਅਦ ਪਰਵਾਰ ਅਤੇ ਰੁਜ਼ਗਾਰ ਸ਼੍ਰੇਣੀਆਂ ’ਚ ਨਾ ਵਰਤੇ ਗਏ 2,30,000 ਤੋਂ ਵੱਧ ਗਰੀਨ ਕਾਰਡਾਂ ਨੂੰ ਵਾਪਸ ਲੈਣ ਦੀ ਸਿਫਾਰਸ਼ ਨੂੰ ਮਨਜ਼ੂਰੀ ਦੇ ਦਿੱਤੀ ਹੈ, ਜਿਸ ਨਾਲ ਹਜ਼ਾਰਾਂ ਭਾਰਤੀ ਅਮਰੀਕੀਆਂ ਨੂੰ ਲਾਭ ਹੋਵੇਗਾ, ਜੋ ਗਰੀਨ ਕਾਰਡਾਂ ਦੀ ਉਡੀਕ ਕਰ ਰਹੇ ਹਨ। ਭਾਰਤੀ-ਅਮਰੀਕੀ ਉੱਦਮੀ ਅਜੈ ਭੂਟੋਰੀਆ, ਜੋ ਅਮਰੀਕੀ ਰਾਸ਼ਟਰਪਤੀ ਦੇ ‘ਏਸ਼ੀਅਨ ਅਮਰੀਕਨ, ਨੇਟਿਵ ਹਵਾਈਅਨਜ਼ ਅਤੇ ਪੈਸੀਫਿਕ ਆਈਲੈਂਡਰਜ਼’ ਬਾਰੇ ਸਲਾਹਕਾਰ ਕਮਿਸ਼ਨ ਦੇ ਮੈਂਬਰ ਹਨ, ਨੇ ਕਮਿਸ਼ਨ ਦੇ ਸਾਹਮਣੇ ਆਪਣੀਆਂ ਸਿਫਾਰਸ਼ਾਂ ’ਚ ਦੱਸਿਆ ਕਿ 1992 ਤੋਂ 2022 ਤੱਕ ਵਰਤੋਂ ਨਾ ਕੀਤੇ ਗਏ 230,000 ਤੋਂ ਵੱਧ ਰੁਜ਼ਗਾਰ ਅਧਾਰਤ ਗਰੀਨ ਕਾਰਡ ਵਾਪਸ ਲਏ ਜਾਣਗੇ ਅਤੇ ਇਨ੍ਹਾਂ ਵਿੱਚੋਂ ਕੁਝ ਕਾਰਡਾਂ ਨੂੰ ਜਾਰੀ ਕਰਨ ਦੀ ਪ੍ਰਕਿਰਿਆ ਸ਼ੁਰੂ ਕੀਤੀ ਜਾਵੇਗੀ। ਇਹ ਕਾਰਡ ਇਸ ਸ਼੍ਰੇਣੀ ਲਈ ਨਿਰਧਾਰਤ 1,40,000 ਕਾਰਡਾਂ ਦੀ ਸਾਲਾਨਾ ਸੀਮਾ ਤੋਂ ਵੱਖਰੇ ਹੋਣਗੇ।

## ਲੁਧਿਆਣਾ ’ਚ ਟ੍ਰਿਪਲ ਮਰਡਰ



**ਲੁਧਿਆਣਾ (ਐੱਮ ਐੱਸ ਭਾਟੀਆ, ਰੈਕਟਰ ਕਥੂਰੀਆ, ਪ੍ਰਦੀਪ ਸ਼ਰਮਾ)**- ਇਥੋਂ ਦੇ ਥਾਣਾ ਸਲੇਮ ਟਾਬਰੀ ਇਲਾਕੇ ਵਿਚਲੇ ਲਕਸ਼ਮੀ ਨਗਰ ’ਚ ਪਰਵਾਰ ਦੇ ਤਿੰਨ ਜੀਆਂ ਦਾ ਕਤਲ ਕਰ ਦਿੱਤਾ ਗਿਆ। ਘਟਨਾ ਦਾ ਪਤਾ ਸ਼ੁੱਕਰਵਾਰ ਸਵੇਰੇ ਉਸ ਵੇਲੇ ਲੱਗਿਆ ਜਦੋਂ ਦੋਧੀ ਆਇਆ। ਜਦੋਂ ਕਿਸੇ ਨੇ ਦਰਵਾਜ਼ਾ ਨਾ ਖੋਲ੍ਹਿਆ ਤਾਂ ਉਸ ਨੇ ਇਸ ਦੀ ਸੂਚਨਾ ਗੁਆਂਢੀਆਂ ਨੂੰ ਦਿੱਤੀ। ਇਸ ਤੋਂ ਬਾਅਦ ਪੁਲਸ ਨੂੰ ਸੂਚਨਾ ਦਿੱਤੀ ਗਈ। ਪੁਲਸ ਨੇ ਦੱਸਿਆ ਕਿ ਮ੍ਰਿਤਕਾਂ ਦੀ ਪਛਾਣ ਚਮਨ ਲਾਲ (70), ਉਸ ਦੀ ਪਤਨੀ ਸੁਰਿੰਦਰ ਕੌਰ (65) ਅਤੇ ਮਾਂ ਬੀਬੀ ਜੀਤੋ (95) ਵਜੋਂ ਹੋਈ ਹੈ। ਅਧਿਕਾਰੀਆਂ ਨੇ ਦੱਸਿਆ ਕਿ ਜੋੜੇ ਦੇ ਚਾਰ ਪੁੱਤਰ ਹਨ ਤੇ ਵਿਦੇਸ਼ ’ਚ ਹਨ। ਦੋ ਲਾਸ਼ਾਂ ਬੈੱਡ ’ਤੇ ਅਤੇ ਇਕ ਫਰਸ਼ ’ਤੇ ਪਈ ਮਿਲੀ। ਗੁਆਂਢੀਆਂ ਮੁਤਾਬਕ ਵੀਰਵਾਰ ਤਿੰਨੇ ਸਾਰਾ ਦਿਨ ਬਾਹਰ ਨਹੀਂ ਨਿਕਲੇ। ਇਸ ਤੋਂ ਲੱਗਦਾ ਹੈ ਕਿ ਕਤਲ ਪੰਜ ਜੁਲਾਈ ਨੂੰ ਕੀਤੇ ਗਏ। ਉਨ੍ਹਾਂ ਦੇ ਸਰੀਰਾਂ ’ਤੇ ਚਾਕੂ ਦੇ ਨਿਸ਼ਾਨ ਵੀ ਮਿਲੇ। ਗੁਆਂਢੀਆਂ ਨੇ ਦੱਸਿਆ ਕਿ ਘਰ ਦੇ ਅੰਦਰੋਂ ਕੁੰਡੀਆਂ ਲੱਗੀਆਂ ਹੋਈਆਂ ਸਨ। ਬਾਹਰ ਜਾਣ ਦਾ ਹੋਰ ਰਾਹ ਨਹੀਂ ਹੈ। ਅਜਿਹੇ ਵਿਚ ਸਮਝ ਨਹੀਂ ਆ ਰਿਹਾ ਕਿ ਕਾਤਲ ਅੰਦਰ ਕਿਵੇਂ ਗਿਆ। ਘਰ ’ਚ ਗੈਸ ਸਿਲੰਡਰ ਵੀ ਖੁੱਲ੍ਹਾ ਮਿਲਿਆ। ਸੂਤਰਾਂ ਮੁਤਾਬਕ ਪੁਲਸ ਚਾਰ ਲੋਕਾਂ ਨੂੰ ਹਿਰਾਸਤ ’ਚ ਲੈ ਕੇ ਪੁੱਛਗਿੱਛ ਕਰ ਰਹੀ ਸੀ।

## ਪਾਰਟੀ ਤੋਂ ਬਾਅਦ ਨਹਿਰ ’ਚ ਕੁੱਦੇ 4 ’ਚੋਂ 2 ਰੁੜ੍ਹ ਗਏ



**ਬਠਿੰਡਾ** : ਵੀਰਵਾਰ ਰਾਤ ਬਠਿੰਡਾ ਦੀ ਸਰਹਿੰਦ ਨਹਿਰ ’ਚ 4 ਨੌਜਵਾਨ ਡੁੱਬ ਗਏ, ਜਿਨ੍ਹਾਂ ਵਿੱਚੋਂ 2 ਨੂੰ ਤੁਰੰਤ ਲੋਕਾਂ ਨੇ ਬਾਹਰ ਕੱਢ ਲਿਆ, ਪਰ 2 ਨੌਜਵਾਨ ਤੇਜ਼ ਵਹਾਅ ’ਚ ਰੁੜ੍ਹ ਗਏ। ਸ਼ੁੱਕਰਵਾਰ ਸਵੇਰੇ ਐੱਨ ਡੀ ਆਰ ਐੱਫ ਦੀਆਂ ਟੀਮਾਂ ਨੇ ਉਨ੍ਹਾਂ ਨੂੰ ਲੱਭਣਾ ਸ਼ੁਰੂ ਕੀਤਾ ਸੀ। ਪਤਾ ਲੱਗਾ ਕਿ ਇੱਕ ਨੌਜਵਾਨ ਦੇ ਘਰ ਪੁੱਤਰ ਨੇ ਜਨਮ ਲਿਆ ਸੀ, ਜਿਸ ਦੀ ਖ਼ੁਸ਼ੀ ’ਚ ਪਾਰਟੀ ਨਹਿਰ ਕੰਢੇ ਰੱਖੀ ਗਈ।

## ਯੂ ਸੀ ਸੀ ’ਤੇ ਕੇਂਦਰ ਨਾਲ ਗੱਲਬਾਤ ਲਈ ਸਿੱਖਾਂ ਦੀ 11 ਮੈਂਬਰੀ ਟੀਮ ਬਣਾਈ



**ਨਵੀਂ ਦਿੱਲੀ** : ਇਥੇ ਸ਼ੁੱਕਰਵਾਰ ਕਰਵਾਏ ਕੌਮੀ ਸਿੱਖ ਸਮਾਗਮ ਦੌਰਾਨ ਸਾਂਝੇ ਸਿਵਲ ਕੋਡ (ਯੂ ਸੀ ਸੀ) ਦੇ ਮਾਮਲੇ ’ਤੇ ਸਰਕਾਰ ਨਾਲ ਗੱਲਬਾਤ ਕਰਨ ਲਈ 11 ਮੈਂਬਰੀ ਟੀਮ ਕਾਇਮ ਕੀਤੀ ਗਈ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਸਿੱਖਾਂ ਦੇ ਅਧਿਕਾਰਾਂ ਤੇ ਰਵਾਇਤਾਂ ਨਾਲ ਛੇੜਖਾਨੀ ਨਾ ਹੋ ਸਕੇ। ਦਿੱਲੀ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ ਨੇ ਕਿਹਾ ਕਿ ਕੇਂਦਰ ਸਰਕਾਰ ਨੇ ਹਾਲੇ ਯੂ ਸੀ ਸੀ ਦਾ ਖਰੜਾ ਜਾਰੀ ਨਹੀਂ ਕੀਤਾ, ਇਸ ਲਈ ਫਿਲਹਾਲ ਇਹ ਨਹੀਂ ਕਿਹਾ ਜਾ ਸਕਦਾ ਕੀ ਯੂ ਸੀ ਸੀ ਦਾ ਸਮਰਥਨ ਕੀਤਾ ਜਾਵੇ ਜਾਂ ਵਿਰੋਧ। ਗੁਰਦੁਆਰਾ ਰਕਾਬਗੰਜ ’ਚ ਹੋਏ ਸਮਾਗਮ ਤੋਂ ਬਾਅਦ ਕਾਲਕਾ ਨੇ ਪ੍ਰੈਸ ਕਾਨਫਰੰਸ ’ਚ ਕਿਹਾ ਕਿ ਯੂ ਸੀ ਸੀ ਸੰਬੰਧੀ ਕੇਂਦਰ ਸਰਕਾਰ ਨਾਲ ਗੱਲਬਾਤ ਕਰਨ ਲਈ 11 ਮੈਂਬਰੀ ਕਮੇਟੀ ਬਣਾਈ ਗਈ ਹੈ। ਇਸ ਦਾ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਸਿੱਖਾਂ ਦੇ ਅਧਿਕਾਰਾਂ ਅਤੇ ਉਨ੍ਹਾਂ ਦੀਆਂ ਧਾਰਮਕ ਰਵਾਇਤਾਂ ’ਚ ਕੋਈ ਦਖਲਅੰਦਾਜ਼ੀ ਨਾ ਹੋਵੇ। ਸਮਾਗਮ ’ਚ 13 ਰਾਜਾਂ ਦੇ ਸਾਬਕਾ ਜੱਜਾਂ ਅਤੇ ਨੌਕਰਸ਼ਾਹਾਂ ਸਮੇਤ ਸਿੱਖ ਭਾਈਚਾਰੇ ਦੇ ਲੋਕਾਂ ਨੇ ਸ਼ਮੂਲੀਅਤ ਕੀਤੀ।

## ਕੇਂਦਰੀ ਪੇਂਡੂ ਵਿਕਾਸ ਮੰਤਰੀ ਨੂੰ ਮਨਰੇਗਾ ਤਹਿਤ ਉਜਰਤ 381.06 ਰੁਪਏ ਕਰਨ ਲਈ ਮੰਗ ਪੱਤਰ

**ਚੰਡੀਗੜ੍ਹ (ਗੁਰਜੀਤ ਬਿੱਲਾ)**

ਮੁੱਖ ਮੰਤਰੀ ਭਗਵੰਤ ਮਾਨ ਨੇ ਮਹਾਤਮਾ ਗਾਂਧੀ ਕੌਮੀ ਪੇਂਡੂ ਰੋਜ਼ਗਾਰ ਗਾਰੰਟੀ ਐਕਟ (ਮਨਰੇਗਾ) ਤਹਿਤ ਨੋਟੀਫਾਈ ਕੀਤੀ ਮਜ਼ਦੂਰੀ ਦਰ ਨੂੰ ਵਧਾ ਕੇ ਗੈਰ-ਹੁਨਰਮੰਦ ਖੇਤੀਬਾੜੀ ਕਾਮਿਆਂ ਲਈ ਪੰਜਾਬ ਦੁਆਰਾ ਨੋਟੀਫਾਈ ਕੀਤੀ ਦਰ 381.06 ਰੁਪਏ ਕਰਨ ਦੀ ਮੰਗ ਕੀਤੀ। ਕੇਂਦਰੀ ਪੇਂਡੂ ਵਿਕਾਸ ਅਤੇ ਪੰਚਾਇਤੀ ਰਾਜ ਮੰਤਰੀ ਗਿਰੀਰਾਜ ਸਿੰਘ ਨੂੰ ਲਿਖੇ ਪੱਤਰ ਵਿੱਚ ਮੁੱਖ ਮੰਤਰੀ ਨੇ ਇਸ ਸਕੀਮ ਤਹਿਤ ਮਜ਼ਦੂਰਾਂ ਲਈ ਨੋਟੀਫਾਈ ਕੀਤੀਆਂ ਦਰਾਂ ਵਿੱਚ ਵਾਧਾ ਕਰਨ ਦੀ ਮੰਗ ਕੀਤੀ ਹੈ ਕਿਉਂਕਿ ਮੌਜੂਦਾ ਦਰਾਂ ਬਹੁਤ ਘੱਟ ਹਨ। ਉਨ੍ਹਾ ਕਿਹਾ ਕਿ ਗੁਆਂਢੀ ਰਾਜ ਹਰਿਆਣਾ ਲਈ 357 ਰੁਪਏ ਦੇ ਮੁਕਾਬਲੇ ਪੰਜਾਬ ਰਾਜ ਲਈ 303 ਰੁਪਏ ਮਜ਼ਦੂਰੀ ਦਰ ਨੋਟੀਫਾਈ ਕੀਤੀ ਗਈ ਹੈ। ਭਗਵੰਤ ਮਾਨ ਨੇ ਕਿਹਾ ਕਿ ਦੋਵੇਂ ਰਾਜਾਂ ਦੀਆਂ ਭੂਗੋਲਿਕ ਅਤੇ ਆਰਥਿਕ ਸਥਿਤੀਆਂ ਇੱਕੋ ਜਿਹੀਆਂ ਹਨ, ਪਰ ਇਸ ਦੇ ਬਾਵਜੂਦ ਇਹ ਅੰਤਰ ਸਕੀਮ ਦੀ ਸ਼ੁਰੂਆਤ ਤੋਂ ਹੀ ਮੌਜੂਦ ਹੈ।

ਮੁੱਖ ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ ਪੰਜਾਬ ਰਾਜ ਕਿਰਤ ਵਿਭਾਗ ਵੱਲੋਂ ਨੋਟੀਫਾਈਡ

● ਬਾਕੀ ਸਫ਼ਾ 2 ’ਤੇ

## ਅੱਜ-ਨਾਮਾ

ਰਾਹੁਲ ਗਾਂਧੀ ਨੂੰ ਫੇਰ ਨਹੀਂ ਮਿਲੀ ਰਾਹਤ,
ਹੋ ਗਈ ਅਰਜ਼ੀ ਅਦਾਲਤ ਤੋਂ ਰੱਦ ਬੇਲੀ।
ਬਹਿ ਕੇ ਲੱਗੇ ਵਿਚਾਰਾਂ ਕਈ ਕਰਨ ਆਗੂ,
ਕਰਨਗੇ ਕਾਗਜ਼ ਕਈ ਲੱਦ-ਪੁਲੱਦ ਬੇਲੀ।
ਕਰਨੀ ਫੇਰ ਅਦਾਲਤ ਨੂੰ ਅਰਜ਼ ਜਿਹੜੀ,
ਉਸ ਲਈ ਭਾਲਦੇ ਠੋਸ ਕੋਈ ਮੱਦ ਬੇਲੀ।
ਓਧਰ ਜ਼ੋਰ ਸ਼ਰੀਕਾਂ ਸਭ ਪਿਆ ਲਾਇਆ,
ਨੀਵਾਂ ਕਰਨ ਲਈ ਰਾਹੁਲ ਦਾ ਕੱਦ ਬੇਲੀ।
ਅਗਲੀ ਚੋਣ ਵੀ ਆਈ ਪਈ ਸਿਰਾਂ ਉੱਪਰ,
ਫਸ ਗਿਆ ਕੇਸ ਕੁੜਿੱਕੀ ਵਿਚ ਗੁੱਟ ਬੇਲੀ।
ਅਦਾਲਤੀ ਕੁੰਡੇ ਨਾਲ ਆਸ ਦੀ ਡੋਰ ਬੱਝੀ,
ਪਤਾ ਨਹੀਂ ਟਿਕੂ ਕਿ ਜਾਣੀ ਆ ਟੁੱਟ ਬੇਲੀ।

-ਤੀਸ ਮਾਰ ਖਾਂ

## ਪੀ ਆਰ ਟੀ ਸੀ ਵਰਕਰਾਂ ਤੇ ਪੈਨਸ਼ਨਰਾਂ ਵੱਲੋਂ 11 ਨੂੰ ਪਟਿਆਲਾ ’ਚ ਵਿਸ਼ਾਲ ਰੋਸ ਧਰਨਾ

**ਪਟਿਆਲਾ** : ਸ਼ੁੱਕਰਵਾਰ ਇੱਥੇ ਪੀ.ਆਰ.ਟੀ.ਸੀ. ਵਿੱਚ ਕੰਮ ਕਰਦੀਆਂ ਛੇ ਜਥੇਬੰਦੀਆਂ ਸੰਬੰਧਤ ਏਟਕ, ਇੰਟਕ, ਕਰਮਚਾਰੀ ਦਲ, ਐੱਸ.ਸੀ./ਬੀ.ਸੀ., ਸੀਟੂ ਅਤੇ ਰਿਟਾਇਰਡ ਵਰਕਰਜ਼ ਭਾਈਚਾਰਾ ਯੂਨੀਅਨ ’ਤੇ ਆਧਾਰਤ ਸਾਂਝੀ ਐਕਸ਼ਨ ਕਮੇਟੀ ਵੱਲੋਂ ਫੈਸਲਾ ਕੀਤਾ ਗਿਆ ਕਿ ਪੀ.ਆਰ.ਟੀ.ਸੀ. ਦੇ ਸਮੁੱਚੇ ਵਰਕਰਾਂ ਨੂੰ ਅਤੇ ਪੈਨਸ਼ਨਰਾਂ ਨੂੰ ਤਨਖਾਹ ਅਤੇ ਪੈਨਸ਼ਨ ਦੀ ਅਦਾਇਗੀ ਨਾ ਕਰਨ ਵਿਰੁੱਧ, ਮੈਨੇਜਮੈਂਟ ਦੀਆਂ ਮਨਮਾਨੀਆਂ, ਦੁਰਪ੍ਰਬੰਧ, ਨਾਕਾਮੀਆਂ, ਵਰਕਰਾਂ ਵਿਰੁੱਧ ਨਿਰਦਈ ਵਤੀਰੇ ਅਤੇ ਵਿੱਤੀ ਬੇਨਿਯਮੀਆਂ ਆਦਿ ਮਸਲਿਆਂ ਨੂੰ ਲੈ ਕੇ ਗੰਭੀਰ ਬਣੀ ਹੋਈ ਸਥਿਤੀ ਦੇ ਸੰਬੰਧ ਵਿੱਚ 11 ਜੁਲਾਈ ਨੂੰ ਪੀ.ਆਰ.ਟੀ.ਸੀ. ਪਟਿਆਲਾ ਦੇ ਮੁੱਖ ਦਫਤਰ ਦੇ ਸਾਹਮਣੇ ਵਿਸ਼ਾਲ ਰੋਸ ਧਰਨਾ ਦਿੱਤਾ ਜਾਵੇਗਾ।

ਐਕਸ਼ਨ ਕਮੇਟੀ ਦੇ ਕਨਵੀਨਰ ਨਿਰਮਲ ਸਿੰਘ ਧਾਲੀਵਾਲ ਅਤੇ ਮੈਂਬਰਾਨ ਬਲਦੇਵ ਰਾਜ ਬੱਤਾ, ਹਰਪ੍ਰੀਤ ਸਿੰਘ ਖਟੜਾ, ਰਾਕੇਸ਼ ਕੁਮਾਰ ਦਤਾਰਪੁਰੀ, ਸੁੱਚਾ ਸਿੰਘ ਅਤੇ ਉੱਤਮ ਸਿੰਘ ਬਾਗੜੀ ਨੇ ਕਿਹਾ ਕਿ ਪੀ.ਆਰ.ਟੀ.ਸੀ. ਦੀ ਸਮੁੱਚੀ ਮੈਨੇਜਮੈਂਟ ਦੀਆਂ ਪ੍ਰਬੰਧਕੀ ਨਾਕਾਮੀਆਂ ਕਾਰਨ ਅਦਾਰੇ ਦੇ ਹਾਲਾਤ ਅਜਿਹੇ ਬਣ ਚੁੱਕੇ ਹਨ ਕਿ ਵਰਕਰਾਂ ਨੂੰ ਸਿਰਫ ਇਕੱਲੀ ਤਨਖਾਹ ਅਤੇ ਪੈਨਸ਼ਨ ਵੀ ਕਦੇ ਸਮੇਂ ਸਿਰ ਨਹੀਂ ਮਿਲੀ, ਜੇਕਰ ਤਨਖਾਹ ਪੈਨਸ਼ਨ ਦੀ ਅਦਾਇਗੀ ਕਰਨ ਲਈ ਪੈਸੇ ਦਾ ਪ੍ਰਬੰਧ ਵੀ ਹੋ ਜਾਂਦਾ ਹੈ ਤਾਂ ਵੀ ਮੈਨੇਜਮੈਂਟ ਅਦਾਇਗੀ ਨੂੰ ਤਰਜੀਹ ਨਹੀਂ ਦਿੰਦੀ, ਸਗੋਂ ਪਹਿਲਾਂ ਆਪਣੀ ਮਰਜ਼ੀ ਨਾਲ ਪ੍ਰਾਈਵੇਟਾਂ ਦੀਆਂ ਕਿਲੋਮੀਟਰ ਸਕੀਮ ਤਹਿਤ ਚੱਲਦੀਆਂ ਬੱਸਾਂ ਦੇ ਮਾਲਕਾਂ ਦੀ ਅਦਾਇਗੀ ਕਰਨ ਨੂੰ ਪਹਿਲ ਦਿੱਤੀ ਜਾਂਦੀ ਹੈ। ਅਜਿਹਾ ਕਰਨ ਲੱਗਿਆਂ ਪ੍ਰਬੰਧਕਾਂ ਵੱਲੋਂ ਹੱਡ ਭੰਨਵੀਂ ਔਖੀਆਂ ਹਾਲਤਾਂ ਵਿੱਚ ਮਿਹਨਤ ਕਰਨ ਵਾਲੇ ਵਰਕਰਾਂ ਨੂੰ ਨਜ਼ਰ-ਅੰਦਾਜ਼ ਕਰ ਦਿੱਤਾ ਜਾਂਦਾ ਹੈ। ਤਨਖਾਹ ਪੈਨਸ਼ਨ ਅਤੇ ਉਹਨਾਂ ਦੀਆਂ ਹੋਰ ਬਣਦੀਆਂ ਅਦਾਇਗੀਆਂ ਕੱਟ ਲਾ ਕੇ ਟੁਕੜੇ-ਟੁਕੜੇ ਕਰਕੇ ਦਿੱਤੀਆਂ ਜਾਂਦੀਆਂ ਹਨ, ਉਹ ਵੀ ਕਾਫੀ ਲੇਟ ਕਰਕੇ। ਮੈਨੇਜਮੈਂਟ ਸਰਕਾਰੀ ਮਾਲਕੀ ਵਾਲੀਆਂ ਬੱਸਾਂ ਪਾਉਣ ਵਿੱਚ ਬੁਰੀ ਤਰ੍ਹਾਂ ਫੇਲ੍ਹ ਹੋਈ ਹੈ, ਇਸ ਦੇ ਉਲਟ ਅਸਿੱਧੇ ਢੰਗ ਨਾਲ ਪ੍ਰਾਈਵੇਟ ਬੱਸ ਮਾਫੀਏ ਦੀ ਐਂਟਰੀ ਕਿਲੋਮੀਟਰ ਸਕੀਮ ਤਹਿਤ ਬੱਸਾਂ ਪਾਉਣ ਦੇ ਨਾਂਅ ਹੇਠ ਕਰਵਾਈ ਜਾ ਰਹੀ ਹੈ। ਨਵੇਂ ਬੱਸ ਸਟੈਂਡ ਦਾ ਪ੍ਰਬੰਧ ਠੀਕ ਨਾ ਹੋਣ ਕਾਰਨ ਪਬਲਿਕ ਮੁਸੀਬਤਾਂ ਝੇਲ ਰਹੀ ਹੈ। ਪੀ.ਆਰ.ਟੀ.ਸੀ. ਦੀ ਵਿੱਤੀ ਹਾਲਤ ਸੁਧਾਰਨ ਵੱਲ ਕੋਈ ਤਵੱਜੋ ਨਹੀਂ ਦਿੱਤੀ ਜਾ ਰਹੀ, ਮੈਨੇਜਿੰਗ ਡਾਇਰੈਕਟਰ ਹਫਤੇ ਵਿੱਚ ਇੱਕ ਵਾਰ ਮਸਾਂ ਹੀ ਦਫਤਰ ਆਉਂਦੇ ਹਨ ਜਿਸ ਕਰਕੇ ਅਦਾਰੇ ਦੀ ਕਾਰਗੁਜ਼ਾਰੀ ’ਤੇ ਮਾੜਾ ਅਸਰ ਪੈ ਰਿਹਾ ਹੈ। ਪਿਛਲੇ ਸਮੇਂ ਵਿੱਚ 250 ਟਾਟਾ ਬੱਸਾਂ ਪਾ ਕੇ ਅਦਾਰੇ ਦਾ ਭਾਰੀ ਨੁਕਸਾਨ ਹੋਇਆ ਹੈ। ਇਸੇ ਤਰ੍ਹਾਂ ਹੁਣ ਇਲੈਕਟ੍ਰੀਕਲ ਗੱਡੀਆਂ ਪਾਉਣ ਦੀ ਚਰਚਿਤ ਯੋਜਨਾ ਵੀ ਅਦਾਰੇ ਦਾ ਨੁਕਸਾਨ ਕਰਨ ਦਾ ਸਬੱਬ ਬਣ ਸਕਦੀ ਹੈ, ਕਿਉਂਕਿ ਅਜਿਹੀਆਂ ਬੱਸਾਂ ਦੀ ਅਜੇ ਗੁਣਵਤਾ ਦੀ ਪਰਖ ਵੀ ਨਹੀਂ ਹੋਈ। ਕਰਮਚਾਰੀਆਂ ਦੀਆਂ ਕਾਨੂੰਨੀ ਤੌਰ ’ਤੇ ਵਾਜਬ ਬਣਦੀਆਂ ਮੰਗਾਂ ਨੂੰ ਤਾਨਾਸ਼ਾਹੀ ਤਰੀਕੇ ਨਾਲ ਨਜ਼ਰ-ਅੰਦਾਜ਼ ਕੀਤਾ ਹੋਇਆ ਹੈ। ਮੈਨੇਜਮੈਂਟ ਵੱਲੋਂ ਤਾਇਨਾਤ ਕੀਤੇ ਗਏ ਮੁੱਖ ਲੇਖਾ ਅਫਸਰ ਵੱਲੋਂ ਵਿੱਤੀ ਪ੍ਰਬੰਧ ਨੂੰ ਉਲਝਾ ਦਿੱਤਾ ਗਿਆ ਹੈ। ਉਹਨਾਂ ਦੇ ਵਿੱਤੀ ਪ੍ਰਬੰਧ ਦੀ

● ਬਾਕੀ ਸਫ਼ਾ 2 ’ਤੇ

ਗੁਰਮੁਖਿ ਜਨਮੁ ਸਵਾਰਿ ਦਰਗਾਹ ਚੱਲਿਆ॥ਸਚੀ ਦਰਗਾਹ ਜਾਇ ਸਚਾ ਪਿੜ ਮਲਿਆ॥

ਰਣਜੀਤ ਕੌਰ ਗਿੱਲ ਨਮਿੱਤ ਪਾਠ ਦਾ ਭੋਗ



ਆਪ ਜੀ ਨੂੰ ਬਹੁਤ ਹੀ ਦੁਖੀ ਹਿਰਦੇ ਨਾਲ ਸੂਚਿਤ ਕੀਤਾ ਜਾਂਦਾ ਹੈ ਕਿ ਸਾਡੇ ਸਤਿਕਾਰਯੋਗ ਮਾਤਾ ਜੀ
ਸਰਦਾਰਨੀ ਰਣਜੀਤ ਕੌਰ ਗਿੱਲ
(ਧਰਮਪਤਨੀ ਗੁਰਦੇਵ ਸਿੰਘ ਗਿੱਲ)
ਜੋ ਕਿ ਬੀਤੇ ਦਿਨੀਂ ਪ੍ਰਮਾਤਮਾ ਵਲੋਂ ਬਖਸ਼ੀ ਸਵਾਸਾਂ ਦੀ ਪੂੰਜੀ ਨੂੰ ਭੋਗਦਿਆਂ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਹਨ।ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਗਿੱਲ ਪਰਿਵਾਰ ਵਲੋਂ ਰਖਵਾਏ ਗਏ
ਸ਼੍ਰੀ ਸਹਿਜ ਪਾਠ ਸਾਹਿਬ ਦਾ ਭੋਗ
ਮਿਤੀ 9 ਜੁਲਾਈ ਦਿਨ ਐਤਵਾਰ ਨੂੰ ਦੁਪਿਹਰ 1 ਵਜੇ
ਨੂੰ ਪਿੰਡ ਕਾਲੇਕੇ ਤਹਿਸੀਲ ਬਾਘਾ ਪੁਰਾਣਾ (ਮੋਗਾ) ਵਿਖੇ ਪਵੇਗਾ।ਆਪ ਜੀ ਨੂੰ ਨਿਮਰਤਾ ਸਹਿਤ ਸ਼ਾਮਿਲ ਹੋਣ ਦੀ ਅਪੀਲ ਹੈ।
ਦੁਖੀ ਹਿਰਦੇ
ਜਗਸੀਰ ਸਿੰਘ ਗਿੱਲ (ਸਪੁੱਤਰ)
ਚੇਅਰਮੈਨ ਮਾਰਕੀਟ ਕਮੇਟੀ
ਬਲਾਕ ਪ੍ਰਧਾਨ ਗੁਰਤੇਜ ਸਿੰਘ ਨੱਥੂਵਾਲਾ
ਬਾਘਾ ਪੁਰਾਣਾ (ਦਿਹਾਤੀ)
ਦੀਪਾ ਅਰੋੜਾ ਪ੍ਰਧਾਨ
ਹਰਦੀਸ਼ ਸਿੰਘ ਸੇਖਾ ਬਲਾਕ ਪ੍ਰਧਾਨ ਸਮਾਲਸਰ
ਗੁਰਚਰਨ ਸਿੰਘ ਚੀਦਾ ਚੇਅਰਮੈਨ
ਬਲਕਾ ਸੰਮਤੀ ਬਾਘਾ ਪੁਰਾਣਾ
ਕਰਨਜੀਤ ਸਿੰਘ ਵਾਂਦਰ ਚੈਅਰਮੈਨ ਲੈਂਡਮਾਰਕ
ਬਾਘਾ ਪੁਰਾਣਾ
ਸੰਦੀਪ ਸਿੰਘ ਸੀਪਾ ਰਾਜਿਆਣਾ
ਵਾਈਸ ਚੇਅਰਮੈਨ ਲੈਂਡਮਾਰਕ ਬਾਘਾ ਪੁਰਾਣਾ

## ਸਕੂਲੀ ਬੱਚਿਆਂ ਨੂੰ ਸਟੇਸ਼ਨਰੀ ਤੇ ਰਿਫਰੈਸ਼ਮੈਂਟ ਵੰਡੀ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸਮਾਜ ਸੇਵੀ ਸਵ. ਨਰਿੰਦਰਪਾਲਜੀਤ ਸਿੰਘ ਦੇ ਜਨਮ ਦਿਨ ਦੀ ਯਾਦ ਵਿੱਚ ਉਨ੍ਹਾਂ ਦੇ ਪਰਿਵਾਰ ਤੇ ਪੁਲਸ ਜ਼ਿਲ੍ਹਾ ਸਾਂਝ ਕੇਂਦਰ ਖੰਨਾ ਵੱਲੋਂ ਮਾਛੀਵਾੜਾ ਦੇ ਸਰਕਾਰੀ ਪ੍ਰਾਇਮਰੀ ਸਕੂਲ-1 ਤੇ ਸਰਕਾਰੀ ਪ੍ਰਾਇਮਰੀ ਸਕੂਲ ਦਸਮੇਸ਼ ਨਗਰ ਵਿੱਚ 425 ਬੱਚਿਆਂ ਨੂੰ ਸਟੇਸ਼ਨਰੀ ਤੇ ਰਿਫਰੈਸ਼ਮੈਂਟ ਦਿੱਤੀ। ਇਸ ਮੌਕੇ ਸਵ. ਨਰਿੰਦਰਪਾਲਜੀਤ ਸਿੰਘ ਦੀ ਪਤਨੀ ਬਲਦੀਪ ਕੌਰ, ਬੇਟੇ ਪਰਮਦੀਪਪਾਲ ਸਿੰਘ ਤੇ ਸਾਂਝ ਕੇਂਦਰ ਦੇ ਇੰਚਾਰਜ ਇੰਸਪੈਕਟਰ ਕੁਲਜੀਤ ਸਿੰਘ ਵੱਲੋਂ ਸੰਯੁਕਤ ਰੂਪ ਵਿੱਚ ਬੱਚਿਆਂ ਨੂੰ ਕਾਪੀਆਂ, ਕਿਤਾਬਾਂ, ਸਟੇਸ਼ਨਰੀ ਤੇ ਰਿਫਰੈਸ਼ਮੈਂਟ ਵੰਡੀ ਗਈ। ਮਾਛੀਵਾੜਾ ਸਾਹਿਬ ਸੋਸ਼ਲ ਵੈੱਲਫੇਅਰ ਸੁਸਾਇਟੀ ਐੱਨਜੀਓ ਦੇ ਪ੍ਰਧਾਨ ਸਮਾਜ ਸੇਵੀ ਸ਼ਿਵ ਕੁਮਾਰ ਸ਼ਿਵਲੀ ਨੇ ਹੋਰਨਾਂ ਲੋਕਾਂ ਨੂੰ ਵੀ ਇਹੋ ਜਿਹੇ ਉਪਰਾਲੇ ਕਰਨ ਦੀ ਅਪੀਲ ਕੀਤੀ। ਇਸ ਮੌਕੇ ਸਮਾਜ ਸੇਵੀ ਸ਼ਿਵ ਕੁਮਾਰ ਸ਼ਿਵਲੀ, ਇੰਸਪੈਕਟਰ ਕੁਲਜੀਤ ਸਿੰਘ ਗਿੱਲ, ਬਲਦੀਪ ਕੌਰ, ਮੁੱਖ ਅਧਿਆਪਕ ਪਰਦੀਪ ਕੁਮਾਰ ਕੁੰਦਰਾ, ਸ਼ਿਵਚਰਨ ਸ਼ਰਮਾ, ਨਿਧੀ ਸ਼ਰਮਾ, ਜਗਦੀਸ਼ ਚਾਨਣਾ, ਮਿੰਕੂ ਹੰਸ, ਲਵਰੀਸ਼ ਸ਼ਰਮਾ, ਪਰਮਜੀਤ ਕੌਰ ਸੈਣੀ, ਮੀਨਾ ਪਰਾਸ਼ਰ, ਮਨਦੀਪ ਸਿੰਘ, ਸਰਬਜੀਤ ਕੌਰ, ਅਮਨਜੋਤ ਕੋਰ, ਚੰਦਰਕਾਂਤਾ, ਕੁਲਦੀਪ ਕੌਰ, ਰਮੇਸ਼ ਕੁਮਾਰ, ਸੋਨੂੰ ਰਾਣੀ, ਸੁਸ਼ਮਾ ਰਾਣੀ, ਜਸਵੀਰ ਕੌਰ, ਗਗਨਦੀਪ, ਗੁਰਦੀਪ ਕੌਰ, ਪੂਜਾ ਦਾਨੀ ਤੇ ਡਾਲੀ ਆਦਿ ਹਾਜ਼ਰ ਸਨ।

## ਲਾਰੈਂਸ ਸਕੂਲ ਦੇ ਬੱਚਿਆਂ ਮਸਤੀ 'ਚ ਗੁਜ਼ਾਰਿਆ ਪਹਿਲਾ ਦਿਨ



**ਬਾਘਾ ਪੁਰਾਣਾ (ਮਨੀ ਸਿੰਗਲਾ)**- ਲਾਰੈਂਸ ਇੰਟਰਨੈਸ਼ਨਲ ਕਾਨਵੈਂਟ ਸੀਨੀਅਰ ਸੈਕੰਡਰੀ ਸਕੂਲ ਦੇ ਵਿਦਿਆਰਥੀਆਂ ਦੇ ਚਿਹਰਿਆਂ 'ਤੇ ਗਰਮੀਆਂ ਦੀਆਂ ਛੁੱਟੀਆਂ ਤੋਂ ਬਾਅਦ ਸਕੂਲ ਆਉਣ ਦੀ ਖੁਸ਼ੀ ਦੇਖੀ ਗਈ। ਲੰਮੀਆਂ ਛੁੱਟੀਆਂ ਤੋਂ ਬਾਅਦ ਆਪਣੇ ਦੋਸਤਾਂ ਨੂੰ ਮਿਲ ਕੇ ਬੱਚਿਆਂ ਦੇ ਚਿਹਰੇ ਖਿੜ ਉਠੇ। ਪ੍ਰਿੰਸੀਪਲ ਮਨੋਜ ਕੁਮਾਰ ਤੇ ਮੈਡਮ ਜੀਨਮ ਗਰਗ ਨੇ ਬੱਚਿਆਂ ਤੋਂ ਛੁੱਟੀਆਂ ਦੇ ਅਨੁਭਵ ਪੁੱਛੇ ਤੇ ਅਧਿਆਪਕਾਂ ਵੱਲੋਂ ਬੱਚਿਆਂ ਦਾ ਸਕੂਲ ਆਉਣ 'ਤੇ ਸਵਾਗਤ ਕੀਤਾ। ਚੇਅਰਮੈਨ ਤਰਸੇਮ ਲਾਲ ਗਰਗ ਨੇ ਬੱਚਿਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਗਰਮੀਆਂ ਨੇ ਸਾਨੂੰ ਛੁੱਟੀਆਂ ਰਾਹੀਂ ਤਰੋ ਤਾਜ਼ਾ ਹੋਣ ਦਾ ਅਵਸਰ ਦਿੱਤਾ ਹੈ ਤੇ ਇਸ ਨਵੀਂ ਊਰਜਾ ਰਾਹੀਂ ਸਾਨੂੰ ਸਿੱਖਿਆ ਦੀਆਂ ਨਵੀਆਂ ਗਤੀਵਿਧੀਆਂ ਲਾਗੂ ਕਰਨੀਆਂ ਚਾਹੀਦੀਆਂ ਹਨ ਅਤੇ ਪੜ੍ਹਾਈ ਦੇ ਖੇਤਰ 'ਚ ਨਵੀਂ ਸ਼ੁਰੂਆਤ ਕਰਨੀ ਚਾਹੀਦੀ ਹੈ।

## ਸੰਤ ਗਿਰੀ ਦਾ ਜਗਰਾਓਂ ਪਹੁੰਚਣ 'ਤੇ ਨਿੱਘਾ ਸਵਾਗਤ



**ਜਗਰਾਓਂ (ਅਮਿਤ ਖੰਨਾ)**-ਸ੍ਰੀ ਹਿੰਦੂ ਤਖਤ ਦੇ ਪ੍ਰਧਾਨ ਸੰਤ ਸ੍ਰੀ ਬ੍ਰਮਾਨੰਦ ਗਿਰੀ ਜੀ ਉੱਚੇਚੇ ਤੌਰ 'ਤੇ ਜਗਰਾਓਂ ਪਹੁੰਚੇ। ਇਸ ਮੌਕੇ ਜਗਰਾਓਂ ਇਕਾਈ ਦੇ ਪ੍ਰਧਾਨ ਸੰਜੀਵ ਮਲਹੋਤਰਾ ਤੇ ਉਨ੍ਹਾਂ ਦੇ ਸਾਥੀਆਂ ਵੱਲੋਂ ਗਿਰੀ ਜੀ ਦਾ ਸ਼ਰਧਾ ਭਾਵਨਾ ਨਾਲ ਨਿੱਘਾ ਸੁਆਗਤ ਕੀਤਾ ਗਿਆ। ਸਭ ਤੋਂ ਪਹਿਲਾਂ ਗੁਰੂ ਜੀ ਮਹਾਰਾਜ ਵੱਲੋਂ ਪ੍ਰਾਚੀਨ ਹਨੂਮਾਨ ਮੰਦਰ ਵਿਖੇ ਸ੍ਰੀ ਹਨੂਮਾਨ ਜੀ ਦਾ ਆਸ਼ੀਰਵਾਦ ਲਿਆ ਗਿਆ। ਉਪਰੰਤ ਸੰਗਤਾਂ ਨਾਲ ਸਨਾਤਨ ਧਰਮ ਵਿੱਚ ਆ ਰਹੇ ਨਿਘਾਰ ਤੇ ਧਰਮ ਪਰਿਵਰਤਨ ਦੇ ਮੁੱਦੇ 'ਤੇ ਗੰਭੀਰ ਚਿੰਤਾ ਪ੍ਰਗਟ ਕੀਤੀ। ਇਸ ਮੌਕੇ ਹਲਕਾ ਐੱਮ ਐੱਲ ਏ ਸਰਬਜੀਤ ਕੌਰ ਮਾਣੂਕੇ ਤੇ ਉਨ੍ਹਾਂ ਦੇ ਪਤੀ ਪ੍ਰੋਫੈਸਰ ਸੁਖਵਿੰਦਰ ਸਿੰਘ ਆਪਣੇ ਸਾਥੀਆਂ ਸਮੇਤ ਉਚੇਚੇ ਤੌਰ 'ਤੇ ਗਿਰੀ ਜੀ ਦਾ ਆਸ਼ੀਰਵਾਦ ਲੈਣ ਲਈ ਪਹੁੰਚੇ, ਨਗਰ ਕੌਂਸਲ ਦੇ ਸੀਨੀਅਰ ਵਾਈਸ ਪ੍ਰਧਾਨ ਅਮਰਜੀਤ ਸਿੰਘ ਮਾਲਵਾ ਤੇ ਹੋਰ ਕੌਂਸਲਰ ਵਿਸ਼ੇਸ਼ ਤੌਰ 'ਤੇ ਗਿਰੀ ਜੀ ਮਹਾਰਾਜ ਨੂੰ ਮਿਲਣ ਲਈ ਪਹੁੰਚੇ। ਸਮੂਹ ਸੰਗਤਾਂ ਵੱਲੋਂ ਗਿਰੀ ਜੀ ਨੂੰ ਵਿਸ਼ਵਾਸ ਦੁਆਇਆ ਗਿਆ ਕਿ ਸਨਾਤਨ ਧਰਮ ਦੀ ਸਿੱਖਿਆ ਅਨੁਸਾਰ ਕੰਮ ਕਰਾਂਗੇ। ਇਸ ਮੌਕੇ ਅਮਿਤ ਸ਼ਰਮਾ, ਗੋਪੀ ਸ਼ਰਮਾ, ਰਵਿੰਦਰ ਸੱਭਰਵਾਲ, ਵਿਨੋ ਪੰਡਿਤ, ਕਾਲਾ ਕਲਿਆਣ, ਸਚਿਨ ਭੰਡਾਰੀ, ਬੀ ਬੀ ਸਿੰਗਲਾ, ਕਾਲਾ ਲੂੰਬਾ ਤੋਂ ਇਲਾਵਾ ਹੋਰ ਵੀ ਸ਼ਰਧਾਲੂ ਹਾਜ਼ਰ ਸਨ।

## ਸ਼ਹੀਦ ਭਗਤ ਸਿੰਘ ਪਬਲਿਕ ਸਕੂਲ ਵਿਖੇ ਸਮਰ ਕੈਂਪ



**ਸ੍ਰੀ ਮੁਕਤਸਰ ਸਾਹਿਬ (ਪੂਜਾ)**-ਸ਼ਹੀਦ ਭਗਤ ਸਿੰਘ ਪਬਲਿਕ ਸਕੂਲ ਵਿਖੇ ਸਮਰ ਕੈਂਪ ਲਗਾਇਆ ਗਿਆ, ਜਿਸ ਵਿੱਚ ਬੱਚਿਆ ਨੇ ਚਾਰਟ ਮੇਕਿੰਗ, ਇਨਡੋਰ ਗੇਮ, ਭਾਸ਼ਣ ਕਲਾ ਵਿੱਚ ਭਾਗ ਲਿਆ। ਇਸ ਕੈਂਪ ਵਿੱਚ ਮੁੱਖ ਮਹਿਮਾਨ ਵਜੋਂ ਪੰਜਾਬ ਖੱਤਰੀ ਸਭਾ ਦੇ ਜ਼ਿਲ੍ਹਾ ਪ੍ਰਧਾਨ ਮੁੱਖਤਿਆਰ ਸਿੰਘ ਬੇਦੀ, ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਹਰਪਾਲ ਸਿੰਘ ਬੇਦੀ, ਸਭਾ ਦੇ ਮੁੱਖ ਮੀਤ ਪ੍ਰਧਾਨ ਗੁਰਮੀਤ ਸਿੰਘ ਸੋਢੀ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਇਸ ਸਮੇਂ ਸਕੂਲ ਦੇ ਐੱਮ ਡੀ ਤੇ ਖੱਤਰੀ ਸਭਾ ਯੂਨਿਟ ਮੁਕਤਸਰ ਦੇ ਪ੍ਰਧਾਨ ਸੁਖਦਰਸ਼ਨ ਸਿੰਘ ਬੇਦੀ ਤੇ ਪ੍ਰਿੰਸੀਪਲ ਸੁਰਿੰਦਰ ਕੌਰ ਬੇਦੀ ਨੇ ਮੁੱਖ ਮਹਿਮਾਨਾਂ ਨੂੰ ਜੀ ਆਇਆ ਕਿਹਾ ਤੇ ਬੱਚਿਆਂ ਨੂੰ ਅਸ਼ੀਰਵਾਦ ਦਿੱਤਾ। ਇਸ ਸਮੇਂ ਬੱਚਿਆਂ ਨੂੰ ਲੱਡੂ ਵੰਡੇ ਗਏ। ਇਸ ਮੌਕੇ ਖੱਤਰੀ ਸਭਾ ਦੇ ਪ੍ਰਧਾਨ ਨੇ ਕਿਹਾ ਕਿ ਖੱਤਰੀ ਸਭਾ ਹਰਿਆਵਲ ਮੁਹਿੰਮ ਤਹਿਤ ਸ਼ਹਿਰ ਵਿੱਚ ਅਲੱਗ ਅਲੱਗ ਸਥਾਨਾਂ 'ਤੇ ਫੁੱਲ ਤੇ ਫਲਦਾਰ ਪੌਦੇ ਲਗਾਉਣ ਦੀ ਮੁਹਿੰਮ ਸ਼ੁਰੂ ਕਰੇਗੀ ਤੇ ਇਸ ਮੁਹਿੰਮ ਵਿੱਚ ਵੱਧ ਤੋਂ ਵੱਧ ਬੂਟੇ ਲਗਾਏ ਜਾਣਗੇ ਤੇ ਸ਼ਹਿਰ ਨੂੰ ਸੁੰਦਰ ਬਣਾਉਣ 'ਚ ਮਦਦ ਕੀਤੀ ਜਾਵੇਗੀ।

## ਰਿਟਾਇਰਡ ਮਿਊਂਸਪਲ ਇੰਪ. ਵੈੱਲਫੇਅਰ ਯੂਨੀਅਨ ਦੀ ਚੋਣ



**ਧੂਰੀ (ਸੁਖਦੇਵ ਧੂਰੀ)**-ਸਥਾਨਕ ਸਿਟੀ ਪਾਰਕ ਧੂਰੀ ਵਿਖੇ ਰੱਖੀ ਗਈ ਰਿਟਾਇਰਡ ਮਿਊਂਸਪਲ ਇੰਪਲਾਈਜ਼ ਵੈੱਲਫੇਅਰ ਯੂਨੀਅਨ ਦੀ ਮੀਟਿੰਗ ਵਿੱਚ ਸਰਪ੍ਰਸਤ ਗਰੀਬ ਦਾਸ ਨੇ 2023-2024 ਦੇ ਲਈ ਨਵੀਂ ਟੀਮ ਦੀ ਚੋਣ ਦਾ ਐਲਾਨ ਕੀਤਾ। ਇਸ ਚੋਣ ਮੀਟਿੰਗ ਵਿੱਚ ਸਾਰੇ ਮੈਂਬਰਾਂ ਦੇ ਸਹਿਯੋਗ ਨਾਲ ਸਰਬਸੰਮਤੀ ਨਾਲ ਜਸਪਾਲ ਸਿੰਘ ਤੇ ਹਰਦੀਪ ਸਿੰਘ ਨੂੰ ਚੇਅਰਮੈਨ, ਪ੍ਰਹਿਲਾਦ ਕੁਮਾਰ ਨੂੰ ਪ੍ਰਧਾਨ, ਮੇਜਰ ਸਿੰਘ ਨੂੰ ਜਨਰਲ ਸਕੱਤਰ, ਪ੍ਰਕਾਸ਼ ਚੰਦ ਨੂੰ ਦਫਤਰੀ ਸਕੱਤਰ ਤੇ ਪਵਨ ਕੁਮਾਰ ਜਿੰਦਲ ਨੂੰ ਕੈਸ਼ੀਅਰ ਚੁਣਿਆ ਗਿਆ। ਬਾਕੀ ਅਹੁਦੇਦਾਰਾਂ ਨੂੰ ਚੁਨਣ ਲਈ ਪ੍ਰਧਾਨ ਨੂੰ ਅਧਿਕਾਰ ਦਿੱਤੇ ਗਏ। ਇਸ ਮੌਕੇ ਯੂਨੀਅਨ ਦੇ ਨਵੇਂ ਬਣੇ ਪ੍ਰਧਾਨ ਪ੍ਰਹਲਾਦ ਕੁਮਾਰ ਨੇ ਯੂਨੀਅਨ ਦਾ ਉਨ੍ਹਾ ਨੂੰ ਪ੍ਰਧਾਨ ਬਣਾਉਣ 'ਤੇ ਧੰਨਵਾਦ ਕਰਦਿਆਂ ਕਿਹਾ ਕਿ ਉਹ ਯੂਨੀਅਨ ਦੀਆਂ ਮੁਸ਼ਕਲਾਂ ਨੂੰ ਹੱਲ ਕਰਵਾਉਣ ਲਈ ਹਮੇਸ਼ਾ ਯਤਨਸ਼ੀਲ ਰਹਿਣਗੇ। ਇਸ ਮੌਕੇ ਪ੍ਰੇਮ ਨਾਥ ਗੋਇਲ, ਜਗਦੀਸ਼ ਕੁਮਾਰ, ਬਲਵਿੰਦਰ ਸਿੰਘ, ਸੱਤਪਾਲ, ਰਮੇਸ਼ ਕੁਮਾਰ ਮੇਸ਼ੀ, ਮਦਨ ਲਾਲ, ਮਹਿੰਦਰ ਪਾਲ ਸ਼ਰਮਾ, ਸੁਖਵਿੰਦਰ ਸਿੰਘ ਸੋਢੀ, ਮਦਨ ਲਾਲ, ਕਮਲਾ ਦੇਵੀ ਤੇ ਗੁੱਡੋ ਦੇਵੀ ਹਾਜ਼ਰ ਸਨ।

## ਬਲਾਕ ਧਰਮਕੋਟ-2 'ਚ ਸਮਰ ਕੈਂਪ ਨੇ ਰੰਗ ਬੰਨ੍ਹਿਆ



**ਕੋਟ ਈਸੇ ਖਾਂ (ਅਰੋੜਾ)**-ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ ਕੰਚਨ ਬਾਲਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਕੂਲ ਸਿੱਖਿਆ ਵਿਭਾਗ ਪੰਜਾਬ ਅਤੇ ਮਾਣਯੋਗ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੀ ਯੋਗ ਅਗਵਾਈ ਹੇਠ ਪੰਜਾਬ ਦੇ ਸਾਰੇ ਸਕੂਲਾਂ ਵਿੱਚ ਸਮਰ ਕੈਂਪ 3 ਜੁਲਾਈ ਤੋਂ 15 ਜੁਲਾਈ ਤੱਕ ਲਗਾਏ ਜਾ ਰਹੇ ਹਨ। ਇਸੇ ਤਹਿਤ ਬਲਾਕ ਧਰਮਕੋਟ-2 ਦੇ ਸਾਰੇ ਸਕੂਲਾਂ ਵਿੱਚ ਇਹ ਸਮਰ ਕੈਂਪਾਂ ਦਾ ਆਯੋਜਨ ਕਰਵਾਇਆ ਜਾ ਰਿਹਾ ਹੈ। ਇਹਨਾਂ ਕੈਂਪਾਂ ਵਿੱਚ ਵਿਦਿਆਰਥੀਆਂ ਦੀਆਂ ਭਿੰਨ-ਭਿੰਨ ਕਲਾਵਾਂ ਨੂੰ ਵਿਕਸਤ ਕਰਨ ਦੇ ਉਦੇਸ਼ ਨਾਲ ਵੱਖ ਵੱਖ ਗਤੀਵਿਧੀਆਂ ਰੋਜ਼ਾਨਾ ਕਰਵਾਈਆਂ ਜਾ ਰਹੀਆਂ ਹਨ। ਸੀ ਐੱਚ ਟੀ ਸਵਰਨਜੀਤ ਸਿੰਘ ਨੇ ਦੱਸਿਆ ਕਿ ਸਕੂਲਾਂ ਦੇ ਅਧਿਆਪਕ ਸਾਹਿਬਾਨ ਅਤੇ ਵਿਦਿਆਰਥੀ ਇਸ ਕੈਂਪ ਵਿੱਚ ਵੱਧ-ਚੜ੍ਹ ਕੇ ਹਿੱਸਾ ਲੈ ਰਹੇ ਹਨ। ਬਲਾਕ ਦੇ ਸਮੂਹ ਸੀ ਐੱਚ ਟੀ ਸਾਹਿਬਾਨ ਕੁਲਵਿੰਦਰ ਸਿੰਘ ਕੋਟ ਈਸੇ ਖਾਂ, ਰੁਬਿੰਦਰ ਕੌਰ ਕੜਿਆਲ, ਵੀਨਾ ਰਾਣੀ ਮੰਦਰ, ਜਸਕੀਰਤ ਕੌਰ ਫਤਿਹਗੜ੍ਹ ਪੰਜਤੂਰ, ਸੰਜੀਵ ਕੁਮਾਰ ਫਤਿਹਗੜ੍ਹ ਕੋਰੋਟਾਨਾ ਵੱਲੋਂ ਆਪੋ ਆਪਣੇ ਸੈਂਟਰ ਦੇ ਸਕੂਲਾਂ ਦੀ ਲਗਾਤਾਰ ਅਗਵਾਈ ਕੀਤੀ ਜਾ ਰਹੀ ਹੈ।

# ਦਫਤਰੀ ਕਰਮਚਾਰੀਆਂ ਦੀ ਤਨਖਾਹ ਕਟੌਤੀ ਤੇ ਸੇਵਾਵਾਂ ਰੈਗੂਲਰ ਨਾ ਕਰਨ ਦੇ ਰੋਸ ਵਜੋਂ ਦੂਜੇ ਦਿਨ ਵੀ ਕਲਮ ਛੋੜ ਹੜਤਾਲ



**ਲੌਂਗੋਵਾਲ (ਪ੍ਰਦੀਪ ਸੱਪਲ, ਕੁਲਦੀਪ ਅੱਤਰੀ)** ਸਮੱਗਰਾ ਸਿੱਖਿਆ ਅਭਿਆਨ/ਮਿਡ ਡੇ ਮੀਲ ਦੇ ਦਫਤਰੀ ਕਰਮਚਾਰੀਆਂ ਦੀ ਤਨਖਾਹ ਕਟੌਤੀ ਤੇ ਸੇਵਾਵਾਂ ਰੈਗੂਲਰ ਨਾ ਕਰਨ ਦੇ ਰੋਸ ਵਿੱਚ ਚੱਲ ਰਹੀ ਕਲਮ ਛੋੜ ਹੜਤਾਲ ਦਾ ਦੂਸਰੇ ਦਿਨ ਵੀ ਜਾਰੀ ਰਹੀ। ਪੰਜਾਬ ਸਰਕਾਰ ਪਿਛਲੇ 9 ਮਹੀਨਿਆਂ ਤੋਂ ਕੱਚੇ ਮੁਲਾਜ਼ਮਾਂ ਨੂੰ ਰੈਗੂਲਰ ਕਰਨ ਦਾ ਪ੍ਰਚਾਰ ਕਰ ਰਹੀ ਹੈ, ਪਰ ਜੋ ਸੱਚ ਸਾਹਮਣੇ ਆਇਆ ਹੈ, ਉਹ ਕਰਮਚਾਰੀਆਂ ਨਾਲ ਸਰਾਸਰ ਧੋਖਾ ਹੈ। ਪੰਜਾਬ ਸਰਕਾਰ ਬਿਨਾਂ ਪੇ ਸਕੇਲ, ਸੀ.ਐੱਸ.ਆਰ. ਤੇ ਪੈਨਸ਼ਨਰੀ ਲਾਭ ਦਿੱਤੇ ਰੈਗੂਲਰ ਦੇ ਨਾਮ 'ਤੇ ਕੇਵਲ ਪ੍ਰਚਾਰ ਕਰ ਰਹੀ ਹੈ। ਸਰਕਾਰ ਦੀਆਂ ਇਨ੍ਹਾਂ ਨੀਤੀਆਂ ਦੇ ਖਿਲਾਫ ਸਮੱਗਰਾ ਸਿੱਖਿਆ ਅਭਿਆਨ ਤੇ ਮਿਡ ਡੇ ਮੀਲ ਦੇ ਪੰਜਾਬ ਰਾਜ ਦੇ ਸਾਰੇ ਦਫਤਰੀ ਕਰਮਚਾਰੀ 6 ਜੁਲਾਈ 2023 ਤੋਂ ਅਣਮਿੱਥੇ ਸਮੇਂ ਲਈ ਕਲਮ ਛੋੜ ਹੜਤਾਲ 'ਤੇ ਬੈਠ ਗਏ ਹਨ। ਅੱਜ ਕਰਮਚਾਰੀਆਂ ਦੀ ਹੜਤਾਲ ਦੂਸਰੇ ਦਿਨ ਵੀ ਜਾਰੀ ਰਹੀ। ਸਿੱਖਿਆ ਵਿਭਾਗ ਅਧੀਨ ਸਮੱਗਰਾ ਸਿੱਖਿਆ ਅਭਿਆਨ/ਮਿਡ-ਡੇ ਮੀਲ ਅਧੀਨ ਦਫਤਰ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ, ਸੰਗਰੂਰ-2 (ਭਵਾਨੀਗੜ੍ਹ) ਵਿਖੇ ਵੱਖ-ਵੱਖ ਕੈਟਾਗਰੀਆਂ/ਕਾਡਰਾਂ ਅਧੀਨ ਕਰਮਚਾਰੀ ਕੰਮ ਕਰ ਰਹੇ ਹਨ। ਸਮੱਗਰਾ ਸਿੱਖਿਆ ਅਭਿਆਨ ਅਧੀਨ ਕੰਮ ਕਰਦੇ ਅਧਿਆਪਕਾਂ ਨੂੰ ਮਿਤੀ 1.04.2018 ਤੋਂ ਸਿੱਖਿਆ ਵਿਭਾਗ 'ਚ ਪੂਰੇ ਲਾਭ ਦਿੰਦੇ ਹੋਏ ਰੈਗੂਲਰ ਕਰ ਦਿੱਤਾ ਗਿਆ ਹੈ, ਪ੍ਰੰਤੂ ਨਾਨ ਟੀਚਿੰਗ ਕਰਮਚਾਰੀਆਂ ਨੂੰ ਛੱਡ ਦਿੱਤਾ ਗਿਆ। ਕਰਮਚਾਰੀਆਂ ਦੀਆਂ ਕੁਝ ਕੈਟਾਗਰੀਆਂ (ਤਕਰੀਬਨ 600 ਕਰਮਚਾਰੀ) ਦੀ ਸਤੰਬਰ 2020 ਤੋਂ ਬਿਨਾਂ ਕਿਸੇ ਨੋਟਿਸ ਦੇ ਤਕਰੀਬਨ 5000 ਰੁਪਏ ਪ੍ਰਤੀ ਮਹੀਨਾ ਤਨਖਾਹ ਘੱਟ ਕਰ ਦਿੱਤੀ ਗਈ। ਇਸ ਦੇ ਨਾਲ ਹੀ ਮਿਡ ਡੇ ਮੀਲ ਦਫਤਰੀ ਕਰਮਚਾਰੀਆਂ ਦੀ ਸਾਲ 2019 ਤੋਂ ਤਨਖਾਹ 'ਚ ਕੀਤਾ ਜਾਣ ਵਾਲਾ ਵਾਧਾ ਰੋਕਿਆ ਹੋਇਆ ਹੈ। ਸਪੈਸ਼ਲ ਐਜੂਕੇਟਰਾਂ ਦੀ ਬਿਨਾਂ ਕਿਸੇ ਨੋਟਿਸ ਤੋਂ 19000/-ਰੁ: ਪ੍ਰਤੀ ਮਹੀਨਾ ਦੀ ਕਟੌਤੀ ਕਰ ਦਿੱਤੀ ਗਈ। ਇਸ ਤਰ੍ਹਾਂ ਨਾਲ ਸਰਕਾਰ ਵੱਲੋਂ ਦਫਤਰੀ ਕਰਮਚਾਰੀਆਂ ਦਾ ਹਰ ਕਦਮ 'ਤੇ ਸ਼ੋਸ਼ਣ ਕੀਤਾ ਜਾ ਰਿਹਾ ਹੈ। ਸਮੇਂ ਸਮੇਂ ਤੇ ਸਰਕਾਰ ਵੱਲੋਂ ਇਸ ਸਬੰਧੀ ਆਸ਼ਵਾਸਨ ਦਿੱਤੇ ਗਏ, ਪਰ ਅਜੇ ਤੱਕ ਕਰਮਚਾਰੀਆਂ ਦੀਆਂ ਮੰਗਾਂ ਦਾ ਕੋਈ ਹੱਲ ਨਹੀਂ ਕੀਤਾ ਗਿਆ। ਕਲਮ ਛੋੜ ਹੜਤਾਲ ਦੇ ਦੂਸਰੇ ਦਿਨ ਵੀ ਕਰਮਚਾਰੀ ਪੂਰੇ ਹੌਸਲੇ ਨਾਲ ਹੜਤਾਲ ਵਿੱਚ ਸ਼ਾਮਲ ਹੋਏ। ਭਵਾਨੀਗੜ੍ਹ ਬਲਾਕ ਪ੍ਰਧਾਨ ਸ੍ਰੀ ਪਿਆਰਾ ਸਿੰਘ ਤੇ ਸਾਰੇ ਕਰਮਚਾਰੀ ਅੱਜ ਵੀ ਦਰੀਆਂ 'ਤੇ ਹੀ ਬੈਠੇ ਹਨ ਅਤੇ ਉਨ੍ਹਾਂ ਨੇ ਅੱਜ ਵੀ ਮੁਕੰਮਲ ਹੜਤਾਲ ਕੀਤੀ। ਭਵਾਨੀਗੜ੍ਹ ਬਲਾਕ ਦੇ ਸਾਰੇ ਕਰਮਚਾਰੀ ਇਸ ਹੜਤਾਲ 'ਚ ਸ਼ਾਮਲ ਹਨ। ਇਨ੍ਹਾਂ ਕਰਮਚਾਰੀਆਂ ਦੀ ਹੜਤਾਲ ਨਾਲ ਬਲਾਕ ਦੇ ਸਕੂਲਾਂ ਦੇ ਸਾਰੇ ਆਨਲਾਈਨ ਕੰਮ ਬਹੁਤ ਪ੍ਰਭਾਵਿਤ ਹੋ ਰਹੇ ਹਨ। ਸਕੂਲਾਂ ਨੂੰ ਵਿਕਾਸ ਲਈ ਕੋਈ ਵੀ ਫੰਡ ਨਹੀਂ ਜਾ ਰਹੇ ਹਨ। ਕਰਮਚਾਰੀਆਂ ਦਾ ਕਹਿਣਾ ਹੈ ਕਿ ਜਿੰਨਾ ਸਮਾਂ ਉਨ੍ਹਾਂ ਦੀਆਂ ਮੰਗਾਂ ਨਹੀਂ ਮੰਨੀਆਂ ਜਾਣਗੀਆਂ, ਉਹ ਹੜਤਾਲ ਜਾਰੀ ਰੱਖਣਗੇ।

# ਕੋਰ ਕਮੇਟੀ ਦੀ ਅਗਲੇ ਸੰਘਰਸ਼ ਲਈ ਮੀਟਿੰਗ ਅੱਜ



**ਮੋਗਾ (ਅਮਰਜੀਤ ਬੱਬਰੀ)**-ਜਬਰ ਵਿਰੋਧੀ ਲੋਕ ਸੰਘਰਸ਼ ਕਮੇਟੀ ਮੋਗਾ ਦੀ ਕੋਰ ਕਮੇਟੀ ਦੀ ਮੀਟਿੰਗ ਸ਼ਹੀਦ ਕਾਮਰੇਡ ਨਛੱਤਰ ਸਿੰਘ ਭਵਨ ਬੱਸ ਸਟੈਂਡ ਮੋਗਾ ਵਿਖੇ ਹੋਈ। ਮੀਟਿੰਗ ਵਿੱਚ ਕਨਵੀਨਰ ਡਾ. ਇੰਦਰਵੀਰ ਗਿੱਲ, ਕਰਮਜੀਤ ਮਾਣੂੰਕੇ, ਕੋ-ਕਨਵੀਨਰ ਬਲੌਰ ਸਿੰਘ ਘੱਲ ਕਲਾਂ, ਗੁਰਮੇਲ ਮਾਛੀਕੇ, ਪ੍ਰੇਮ ਕੁਮਾਰ, ਆਰਗੇਨਾਈਜ਼ਰ ਕੁਲਬੀਰ ਸਿੰਘ ਢਿੱਲੋਂ, ਖਜ਼ਾਨਚੀ ਰਜਿੰਦਰ ਰਿਆੜ, ਮਹਿੰਦਰਪਾਲ ਲੂੰਬਾ ਸ਼ਾਮਲ ਸਨ। ਇਸ ਮੌਕੇ ਸੰਘਰਸ਼ ਕਮੇਟੀ ਦੇ ਕਨਵੀਨਰ ਇੰਦਰਵੀਰ ਗਿੱਲ ਤੇ ਕਰਮਜੀਤ ਮਾਣੂੰਕੇ ਨੇ 3 ਜੁਲਾਈ ਦੇ ਰੋਸ ਮਾਰਚ ਵਿੱਚ, ਜਿਹੜੇ ਵੀ ਦੂਰੋਂ ਨੇੜਿਉਂ ਜਥੇਬੰਦੀਆਂ ਤੇ ਆਮ ਲੋਕ ਸ਼ਾਮਲ ਹੋਏ, ਉਨ੍ਹਾਂ ਦਾ ਧੰਨਵਾਦ ਕੀਤਾ ਗਿਆ। ਮੀਟਿੰਗ ਵਿੱਚ ਹੋਏ ਫੈਸਲੇ ਬਾਰੇ ਜਾਣਕਾਰੀ ਦਿੰਦਿਆਂ ਉਨ੍ਹਾਂ ਦੱਸਿਆ ਕਿ ਸੰਘਰਸ਼ ਦੀ ਅਗਲੀ ਰੂਪ ਰੇਖਾ ਉਲੀਕਨ ਲਈ 8 ਜੁਲਾਈ ਨੂੰ ਜ਼ਿਲ੍ਹੇ ਦੀਆਂ ਸੰਘਰਸ਼ਸ਼ੀਲ, ਧਾਰਮਿਕ, ਸਮਾਜਿਕ, ਸਮਾਜ ਸੇਵੀ ਜਥੇਬੰਦੀਆਂ, ਸੰਸਥਾਵਾਂ ਦੀ ਵਿਸ਼ਾਲ ਮੀਟਿੰਗ ਕਾਮਰੇਡ ਨਛੱਤਰ ਸਿੰਘ ਭਵਨ ਬੱਸ ਸਟੈਂਡ ਮੋਗਾ ਵਿਖੇ ਹੋਵੇਗੀ। ਸੰਘਰਸ਼ ਕਮੇਟੀ ਇਸ ਮਸਲੇ ਸਬੰਧੀ ਸਿਹਤ ਮੰਤਰੀ ਨਾਲ ਮੀਟਿੰਗ ਕਰਨ ਦੀ ਵੀ ਕੋਸ਼ਿਸ਼ ਕਰੇਗੀ। ਸਾਥੀ ਮਹਿੰਦਰਪਾਲ ਲੂੰਬਾ ਦੀ ਸਿਆਸੀ ਬਦਲੀ ਰੱਦ ਕਰਨ ਨੂੰ ਆਮ ਆਦਮੀ ਪਾਰਟੀ ਦੀ ਸਰਕਾਰ ਆਪਣੀ ਮੁੱਛ ਦਾ ਸਵਾਲ ਬਣਾ ਚੁੱਕੀ ਹੈ। ਮੋਗੇ ਦੀ ਐੱਮ ਐੱਲ ਏ ਵੱਖ ਵੱਖ ਮਹਿਕਮਿਆਂ 'ਚ ਹੱਦੋਂ ਵੱਧ ਦਖਲ ਦੇ ਰਹੀ ਹੈ। ਇਸ ਸਿਆਸੀ ਦਖਲ ਖਿਲਾਫ ਤੇ ਮਹਿੰਦਰਪਾਲ ਲੂੰਬਾ ਦੀ ਸਿਆਸੀ ਅਧਾਰ 'ਤੇ ਹੋਈ ਬਦਲੀ ਰੱਦ ਕਰਾਉਣ, ਸਿਵਲ ਹਸਪਤਾਲ ਮੋਗਾ 'ਚ ਚੱਲ ਰਹੀਆਂ ਧਾਂਦਲੀਆਂ ਦੀ ਜਾਂਚ ਕਰਾਉਣ, ਮਾੜੀਆਂ ਸਿਹਤ ਸਹੂਲਤਾਂ ਠੀਕ ਕਰਾਉਣ ਲਈ ਅਗਲਾ ਐਕਸ਼ਨ ਪਹਿਲਾਂ ਨਾਲੋਂ ਵੀ ਵਿਸ਼ਾਲ ਹੋਵੇਗਾ। ਇਸ ਲਈ ਸਮੂਹ ਜਥੇਬੰਦੀਆਂ ਤੇ ਸੰਸਥਾਵਾਂ ਨੂੰ ਮੀਟਿੰਗ 'ਚ ਪਹੁੰਚਣ ਦੀ ਅਪੀਲ ਕਰਦਿਆਂ ਉਨ੍ਹਾ ਕਿਹਾ ਕਿ ਐੱਮ ਐੱਲ ਏ ਅਮਨਦੀਪ ਕੌਰ ਅਰੋੜਾ ਤੋਂ ਪੀੜਤ ਪਰਿਵਾਰ ਆਪਣੇ ਸਬੂਤਾਂ ਸਮੇਤ ਇਸ ਮੀਟਿੰਗ ਵਿੱਚ ਪਹੁੰਚਣ।

## ਪੀਰ ਮੋਹਕਮਦੀਨ ਸ਼ਾਹ ਦਾ ਸਾਲਾਨਾ ਮੇਲਾ ਅੱਜ ਤੇ ਭਲਕੇ

**ਜਲੰਧਰ (ਨ ਜ਼ ਸ)**-ਨਕੋਦਰ ਰੋਡ 'ਤੇ ਪੈਂਦੇ ਕਸਬਾ ਲਾਂਬੜਾ ਤੋਂ ਥੋੜ੍ਹੀ ਦੂਰੀ 'ਤੇ ਪਿੰਡ ਕਲਿਆਣਪੁਰ ਵਿਖੇ ਦਰਗਾਹ ਪੀਰ ਬਾਬਾ ਮੋਹਕਮਦੀਨ ਸ਼ਾਹ ਜੀ ਦਾ ਸਾਲਾਨਾ ਜੋੜ ਮੇਲਾ 8-9 ਜੁਲਾਈ ਨੂੰ ਗੱਦੀ ਨਸ਼ੀਨ ਸਾਈਂ ਗੁਲਾਮ ਸੋਨੀ ਦੀ ਰਹਿਨੁਮਾਈ ਹੇਠ ਸ਼ਰਧਾ ਸਹਿਤ ਮਨਾਇਆ ਜਾ ਰਿਹਾ ਹੈ। ਪ੍ਰਵਾਸੀ ਭਾਰਤੀ ਸ੍ਰ. ਸੰਤੋਖ ਸਿੰਘ ਅਠਵਾਲ, ਸਮੂਹ ਗ੍ਰਾਮ ਪੰਚਾਇਤ ਕਲਿਆਣਪੁਰ ਤੇ ਪ੍ਰਵਾਸੀ ਵੀਰਾਂ ਦੇ ਸਹਿਯੋਗ ਨਾਲ ਕਰਵਾਏ ਜਾ ਰਹੇ ਇਸ ਮੇਲੇ ਦੌਰਾਨ 8 ਜੁਲਾਈ ਦੀ ਸ਼ਾਮ ਨੂੰ ਮਹਿਫ਼ਲ-ਏ-ਕੱਵਾਲ ਦਾ ਆਯੋਜਨ ਕੀਤਾ ਜਾਵੇਗਾ, ਜਿਸ ਵਿੱਚ ਨਾਮਵਰ ਕੱਵਾਲ ਸਰਦਾਰ ਅਲੀ, ਮੁਕੇਸ਼ ਅਨਾਇਤ, ਵਨੀਤ ਖਾਨ ਅਤੇ ਸੋਨੂੰ ਕੱਵਾਲ ਆਦਿ ਮਹਿਫ਼ਲ ਦੀ ਸ਼ਾਨ ਬਣਨਗੇ। ਦੂਸਰੇ ਦਿਨ ਪੰਜਾਬ ਦੇ ਨਾਮਵਰ ਗਾਇਕ ਆਪਣੀ ਹਾਜ਼ਰੀ ਲਗਾਉਣ, ਜਿਨ੍ਹਾਂ 'ਚ ਰਣਬੀਰ, ਜੈਸਮੀਨ ਅਖਤਰ, ਰੈਕੀ ਸਿੰਘ, ਅਨੁਰਾਧਾ, ਅਮਰ ਸੰਧੂ, ਰੋਬਿਨ ਰਾਜਾ, ਨਵ ਡਲੋਰੀਆ, ਗੁਤਾਂਜ ਦੰਦੀਵਾਲ, ਮਿੰਦਾ, ਮਾਨਵਜੀਤ ਗਿੱਲ ਤੇ ਅਖਤਰ ਆਦਿ ਕਲਾਕਾਰ ਆਪਣੇ ਫਨ ਦਾ ਮੁਜ਼ਾਹਰਾ ਕਰਨਗੇ। ਮੇਲੇ ਦੌਰਾਨ ਮਜ਼ਾਰ 'ਤੇ ਚਾਦਰ ਚੜ੍ਹਾਈ ਜਾਵੇਗੀ, ਚਿਰਾਗ ਰੌਸ਼ਨ ਕੀਤੇ ਜਾਣਗੇ ਅਤੇ ਅਟੁੱਟ ਲੰਗਰ ਵਰਤਾਇਆ ਜਾਵੇਗਾ।

# ਪ੍ਰਧਾਨ ਸੁਭਾਸ਼ ਸਹਿਗਲ ਦੀ ਅਗਵਾਈ ਹੇਠ ਰੁੱਖ ਲਗਾਉਣ ਮੁਹਿੰਮ ਦੀ ਕੀਤੀ ਸ਼ੁਰੂਆਤ



**ਨਾਭਾ (ਵਰਿੰਦਰ ਵਰਮਾ)** ਲਾਇਨਜ਼ ਕਲੱਬ ਨਾਭਾ ਪ੍ਰਧਾਨ ਸੁਭਾਸ਼ ਸਹਿਗਲ ਦੀ ਅਗਵਾਈ ਹੇਠ ਫੋਕਲ ਪੁਆਇੰਟ ਨਾਭਾ ਵਿਖੇ ਰੁੱਖ ਲਾਉਣ ਦੀ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ। ਇਸ ਮੌਕੇ ਐਸ ਡੀ ਐਮ ਨਾਭਾ ਤਰਸੇਮ ਚੰਦ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਅਤੇ ਇੱਕ ਰੁੱਖ ਲਗਾ ਕੇ ਸ਼ੁਰੂਆਤ ਕੀਤੀ ਗਈ। ਰੁੱਖ ਲਗਾਉਣ ਉਪਰੰਤ ਐਸ ਡੀ ਐਮ ਤਰਸੇਮ ਚੰਦ ਨੇ ਇਸ ਵਧੀਆ ਉਪਰਾਲੇ ਲਈ ਲਾਇਨਜ਼ ਕਲੱਬ ਨਾਭਾ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਰੁੱਖ ਲਗਾ ਕੇ ਵਾਤਾਵਰਣ ਨੂੰ ਸ਼ੁੱਧ ਬਣਾਉਣਾ ਅੱਜ ਦੇ ਸਮੇਂ ਦੀ ਮੁੱਖ ਲੋੜ ਹੈ। ਉਨ੍ਹਾਂ ਕਿਹਾ ਕਿ ਸਾਡਾ ਵਾਤਾਵਰਣ ਮਨੁੱਖੀ ਗ਼ਲਤੀਆਂ ਕਰਕੇ ਬਹੁਤ ਪਲੀਤ ਹੋ ਗਿਆ ਹੈ, ਜਿਸ ਕਰਕੇ ਇਸ ਨੂੰ ਸਾਫ਼ ਸੁਥਰਾ ਬਣਾਉਣ ਲਈ ਵੱਧ ਤੋਂ ਵੱਧ ਰੁੱਖ ਲਗਾਉਣੇ ਚਾਹੀਦੇ ਹਨ। ਉਨ੍ਹਾਂ ਕਿਹਾ ਕਿ ਇਸ ਵਾਤਾਵਰਣ ਦਿਵਸ ਨੂੰ ਮਨਾਉਣ ਦਾ ਮੁੱਖ ਮਕਸਦ ਧਰਤੀ 'ਤੇ ਰਹਿ ਰਹੇ ਲੋਕਾਂ ਨੂੰ ਵਾਤਾਵਰਣ ਪ੍ਰਤੀ ਤੇ ਪ੍ਰਦੂਸ਼ਣ ਦੇ ਮਾੜੇ ਪ੍ਰਭਾਵਾਂ ਸੰਬੰਧੀ ਜਾਗਰੂਕ ਕਰਨਾ ਹੈ। ਇਸ ਲਈ ਵਾਤਾਵਰਣ ਦੀ ਸ਼ੁੱਧਤਾ ਲਈ ਬੂਟੇ ਲਾਏ ਗਏ ਹਨ। ਕਲੱਬ ਪ੍ਰਧਾਨ ਸੁਭਾਸ਼ ਸਹਿਗਲ ਨੇ ਕਿਹਾ ਕਿ ਇਸ ਹਫਤੇ 2 ਹਜ਼ਾਰ ਰੁੱਖ ਲਾਏ ਜਾਣੇ ਹਨ ਤੇ ਅੱਜ 200 ਰੁੱਖ ਲਗਾ ਕੇ ਇਸ ਦੀ ਸ਼ੁਰੂਆਤ ਕੀਤੀ ਗਈ। ਉਨ੍ਹਾਂ ਕਿਹਾ ਕਿ ਆਕਸੀਜਨ ਮਨੁੱਖ ਦੀ ਸਭ ਤੋਂ ਵੱਡੀ ਜ਼ਰੂਰਤ ਹੈ ਕਿਉਂਕਿ ਜਿਊਂਦਾ ਰਹਿਣ ਲਈ ਸਭ ਤੋਂ ਪਹਿਲਾਂ ਆਕਸੀਜਨ ਦੀ ਲੋੜ ਹੁੰਦੀ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਆਸ ਪਾਸ ਲਗਾਏ ਗਏ ਪੌਦਿਆਂ ਦੀ ਸਾਂਭ ਸੰਭਾਲ ਵੱਲ ਵਿਸ਼ੇਸ਼ ਧਿਆਨ ਦੇਣ ਤਾਂ ਕਿ ਵਾਤਾਵਰਣ ਵਿਚ ਆ ਰਹੇ ਗੰਧਲੇਪਣ ਨੂੰ ਦੂਰ ਕੀਤਾ ਜਾ ਸਕੇ। ਇਸ ਮੌਕੇ ਪ੍ਰਧਾਨ ਲਾਇਨ ਸੁਭਾਸ਼ ਸਹਿਗਲ, ਸੈਕਟਰੀ ਲਾਇਨ ਸੰਨੀ ਸਿੰਗਲਾ, ਕੈਸ਼ੀਅਰ ਲਾਇਨ ਰਾਕੇਸ਼ ਸਿੰਗਲਾ, ਨੀਟੂ, ਲਾਇਨ ਗੁਰਮੀਤ ਸਿੰਘ, ਲਾਇਨ ਰਾਜੇਸ਼ ਬਾਂਸਲ, ਲਾਇਨ ਸੋਮ ਨਾਥ ਢੱਲ, ਲਾਇਨ ਅਮਰੀਕ ਸਿੰਘ ਗਿੱਲ, ਲਾਇਨ ਪੰਕਜ ਕੁਮਾਰ, ਲਾਇਨ ਸੰਜੇ ਕੁਮਾਰ, ਲਾਇਨ ਪ੍ਰੋ ਸੁਰਿੰਦਰ ਬੀਰ ਸਿੰਘ ਸੇਠੀ ਆਦਿ ਤੋਂ ਇਲਾਵਾ ਫੋਕਲ ਪੁਆਇੰਟ ਵੱਲੋਂ ਪ੍ਰਧਾਨ ਅਮਰੀਕ ਸਿੰਘ ਗਿੱਲ, ਅਵਤਾਰ ਸਿੰਘ ਨੰਨੜੇ, ਦੀਪਕ ਕੁਮਾਰ, ਭੂਸ਼ਣ ਕੁਮਾਰ ਅਤੇ ਆਸ਼ੀਸ਼ ਸਿੰਗਲਾ ਆਦਿ ਹਾਜ਼ਰ ਸਨ।

## ਪੰਜਾਬ ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ ਵੱਲੋਂ ਦਫਤਰੀ ਕੱਚੇ ਕਾਮਿਆਂ ਦੇ ਸੰਘਰਸ਼ ਦੀ ਡਟਵੀਂ ਹਮਾਇਤ

**ਮੋਗਾ (ਅਮਰਜੀਤ ਬੱਬਰੀ)**-ਪੰਜਾਬ ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ ਜ਼ਿਲ੍ਹਾ ਮੋਗਾ ਦੇ ਪ੍ਰਧਾਨ ਭਜਨ ਸਿੰਘ ਅਤੇ ਜਨਰਲ ਸਕੱਤਰ ਲੈਕ: ਸੁਖਮੰਦਰ ਸਿੰਘ ਨੇ ਇੱਕ ਪ੍ਰੈਸ ਬਿਆਨ ਜਾਰੀ ਕਰਦੇ ਹੋਏ ਦੱਸਿਆ ਕਿ ਪੰਜਾਬ ਸਰਕਾਰ ਦੇ ਦਫਤਰਾਂ ਵਿੱਚ 10-15 ਸਾਲ ਤੋਂ ਕੰਮ ਕਰ ਰਹੇ ਮੁਲਾਜ਼ਮ ਅਜੇ ਤੱਕ ਪੱਕੇ ਨਹੀਂ ਕੀਤੇ ਗਏ ਅਤੇ ਨਿਗੂਣੀਆਂ ਤਨਖਾਹਾਂ 'ਤੇ ਆਪਣਾ ਡੰਗ ਟਪਾ ਰਹੇ ਹਨ। ਜਥੇਬੰਦੀ ਦੇ ਆਗੂਆਂ ਨੇ ਇਹਨਾਂ ਕੱਚੇ ਕਾਮਿਆਂ ਦੇ ਘੋਲ ਦਾ ਪੂਰਨ ਸਮਰਥਨ ਕਰਦੇ ਹੋਏ ਸਰਕਾਰ ਤੋਂ ਮੰਗ ਕੀਤੀ ਹੈ ਕਿ ਕੱਚੇ ਕਾਮੇ ਪੱਕੇ ਕੀਤੇ ਜਾਣ ਨਾ ਕਿ ਵੱਡੇ ਵੱਡੇ ਹੋਰਡਿੰਗ ਬੋਰਡ ਲਾ ਕੇ ਪੱਕੇ ਕਰਨ ਦੇ ਫੋਕੇ ਐਲਾਨ ਕੀਤੇ ਜਾਣ। ਪ੍ਰੈਸ ਬਿਆਨ ਜਾਰੀ ਕਰਦੇ ਸਮੇਂ ਸੂਬਾ ਜਨਰਲ ਸਕੱਤਰ ਸੁਰਿੰਦਰ ਰਾਮ ਕੁੱਸਾ ਨੇ ਜਾਣਕਾਰੀ ਦਿੱਤੀ ਕਿ ਜਥੇਬੰਦੀ ਦੀ ਜ਼ਿਲ੍ਹਾ ਕਮੇਟੀ ਮੋਗਾ ਦੀ ਮਹੀਨਾਵਾਰ ਮੀਟਿੰਗ 12 ਜੁਲਾਈ ਦਿਨ ਬੁੱਧਵਾਰ ਨੂੰ ਸਾਢੇ ਨੌਂ ਵਜੇ ਸੁਤੰਤਰਤਾ ਸੈਨਾਨੀ ਭਵਨ ਮੋਗਾ ਵਿਖੇ ਹੋਵੇਗੀ ਜਿਸ ਵਿੱਚ ਪੈਨਸ਼ਨਰਜ਼ ਜੁਆਇੰਟ ਫਰੰਟ ਦੇ ਫੈਸਲੇ ਮੁਤਾਬਕ ਮੰਤਰੀਆਂ ਦੇ ਘਿਰਾਓ ਕਰਨ ਪ੍ਰੋਗਰਾਮ ਅਨੁਸਾਰ ਸ਼ਮੂਲੀਅਤ ਦਾ ਫੈਸਲਾ ਕੀਤਾ ਜਾਵੇਗਾ। ਇਸ ਸਮੇਂ ਸਮੂਹ ਸਬ ਡਵੀਜ਼ਨਾਂ ਦੇ ਪ੍ਰਧਾਨ, ਪ੍ਰੇਮ ਕੁਮਾਰ, ਬਲਬੀਰ ਸਿੰਘ ਮੋਗਾ, ਬਿੱਕਰ ਸਿੰਘ ਮਾਛੀਕੇ, ਕੇਹਰ ਸਿੰਘ ਕਿਸ਼ਨਪੁਰਾ ਅਤੇ ਗੁਰਜੰਟ ਸਿੰਘ ਸੰਘਾ ਸ਼ਾਮਲ ਹੋਏ।

# ਕਾਂਗਰਸੀਆਂ ਨੇ ਪ੍ਰਧਾਨ ਮੰਤਰੀ ਦਾ ਫੂਕਿਆ ਪੁਤਲਾ



ਮਲੋਟ ਵਿਖੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਪੁਤਲਾ ਫੂਕਦੇ ਹੋਏ ਕਾਂਗਰਸੀ ਆਗੂ ਤੇ ਵਰਕਰ।

**ਮਲੋਟ (ਗੁਰਮੀਤ ਸਿੰਘ ਮੱਕੜ)** ਰਾਹੁਲ ਗਾਂਧੀ ਨੂੰ ਅੱਜ ਮਾਨਯੋਗ ਕੋਰਟ ਵੱਲੋਂ ਰਾਹਤ ਨਾ ਮਿਲਣ 'ਤੇ ਕਾਂਗਰਸ ਪਾਰਟੀ ਦੇ ਵਰਕਰਾਂ ਵੱਲੋਂ ਭਾਜਪਾ ਦੀ ਕੇਂਦਰ ਸਰਕਾਰ ਦੇ ਤਾਨਾਸ਼ਾਹੀ ਰਵੱਈਏ ਖਿਲਾਫ ਕਾਂਗਰਸ ਪਾਰਟੀ ਦੇ ਵਰਕਰਾਂ ਵੱਲੋਂ ਸਥਾਨਕ ਪੁਰਾਣੀ ਤਹਿਸੀਲ ਰੋਡ 'ਤੇ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਪੁਤਲਾ ਫੂਕ ਕੇ ਰੋਸ ਪ੍ਰਗਟ ਕੀਤਾ ਗਿਆ। ਇਸ ਮੌਕੇ ਰੋਸ ਪ੍ਰਗਟ ਕਰਦੇ ਹੋਏ ਸਾਬਕਾ ਪ੍ਰਧਾਨ ਨੱਥੂ ਰਾਮ ਗਾਂਧੀ ਨੇ ਦੱਸਿਆ ਕਿ ਰਾਹੁਲ ਗਾਂਧੀ ਹਮੇਸ਼ਾ ਤਾਨਾਸ਼ਾਹੀ ਕੇਂਦਰ ਦੀ ਸਰਕਾਰ ਦੇ ਖਿਲਾਫ ਬੋਲਦੇ ਰਹੇ, ਜੋ ਕੇਂਦਰ ਸਰਕਾਰ ਤੋਂ ਬਰਦਾਸ਼ਤ ਨਹੀਂ ਹੋਇਆ। ਉਨ੍ਹਾ ਕਿਹਾ ਕਿ ਅੱਜ ਦੇਸ਼ ਦਾ ਸੰਵਿਧਾਨ ਖਤਮ ਕੀਤਾ ਜਾ ਰਿਹਾ ਹੈ ਤੇ ਉਹ ਸੰਵਿਧਾਨ ਨੂੰ ਬਚਾਉਣ ਲੱਗੇ ਹੋਏ ਹਨ। ਉਨ੍ਹਾ ਕਿਹਾ ਕਿ ਅੱਜ ਰਾਹੁਲ ਗਾਂਧੀ ਨੂੰ ਮਾਨਯੋਗ ਅਦਾਲਤ ਵਿੱਚ ਕੋਈ ਰਾਹਤ ਨਾ ਮਿਲਣ 'ਤੇ ਕੇਂਦਰ ਸਰਕਾਰ ਖ਼ਿਲਾਫ਼ ਰੋਸ ਹੈ, ਜਿਸ ਦੇ ਚੱਲਦੇ ਉਨ੍ਹਾਂ ਵੱਲੋਂ ਰੋਸ ਵਜੋਂ ਕੇਂਦਰ ਦੀ ਭਾਜਪਾ ਸਰਕਾਰ ਦਾ ਪੁਤਲਾ ਫੂਕ ਕੇ ਰੋਸ ਪ੍ਰਗਟ ਕੀਤਾ।

## ਸੂਚਨਾ ਤੇ ਲੋਕ ਸੰਪਰਕ ਵਿਭਾਗ ਦੇ ਡਰਾਈਵਰ ਦੀ ਸੜਕ ਹਾਦਸੇ 'ਚ ਮੌਤ

### ਕੈਬਨਿਟ ਮੰਤਰੀ ਜੌੜਾਮਾਜਰਾ ਵੱਲੋਂ ਦੁੱਖ ਦਾ ਪ੍ਰਗਟਾਵਾ



**ਖੰਨਾ (ਸੁਖਵਿੰਦਰ ਸਿੰਘ ਭਾਦਲਾ, ਪਰਮਿੰਦਰ ਸਿੰਘ ਮੋਨੂੰ)**-ਪੰਜਾਬ ਦੇ ਸੂਚਨਾ ਤੇ ਲੋਕ ਸੰਪਰਕ ਮੰਤਰੀ ਸ੍ਰ. ਚੇਤਨ ਸਿੰਘ ਜੌੜਾਮਾਜਰਾ ਨੇ ਜ਼ਿਲ੍ਹਾ ਲੋਕ ਸੰਪਰਕ ਦਫ਼ਤਰ ਲੁਧਿਆਣਾ ਵਿਖੇ ਤਾਇਨਾਤ ਡਰਾਈਵਰ ਪ੍ਰਭਜੋਤ ਸਿੰਘ ਦੀ ਸੜਕ ਹਾਦਸੇ 'ਚ ਮੌਤ ਹੋਣ 'ਤੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਪ੍ਰਭਜੋਤ ਸਿੰਘ (41) ਸ਼ੁੱਕਰਵਾਰ ਸਵੇਰੇ ਕਰੀਬ 7 ਵਜੇ ਦਫ਼ਤਰ ਆਉਂਦਿਆਂ ਉਸ ਸਮੇਂ ਵਾਹਨ ਦੀ ਲਪੇਟ ਵਿੱਚ ਆ ਗਿਆ, ਜਦੋਂ ਉਹ ਸਾਹਨੇਵਾਲ ਨੇੜੇ ਜੀ.ਟੀ. ਰੋਡ 'ਤੇ ਆਪਣੀ ਗੱਡੀ ਠੀਕ ਕਰ ਰਿਹਾ ਸੀ। ਉਸ ਨੂੰ ਤੁਰੰਤ ਹਸਪਤਾਲ ਲਿਜਾਇਆ ਗਿਆ, ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਦੁਖੀ ਪਰਿਵਾਰ ਨਾਲ ਦਿਲੀ ਹਮਦਰਦੀ ਜ਼ਾਹਰ ਕਰਦਿਆਂ ਸ੍ਰ. ਚੇਤਨ ਸਿੰਘ ਜੌੜਾਮਾਜਰਾ ਨੇ ਅਕਾਲ ਪੁਰਖ ਅੱਗੇ ਅਰਦਾਸ ਕੀਤੀ ਕਿ ਉਹ ਇਸ ਅਸਹਿ ਤੇ ਅਕਹਿ ਦੁੱਖ ਦੀ ਘੜੀ ਵਿੱਚ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖ਼ਸ਼ਣ ਤੇ ਵਿੱਛੜੀ ਰੂਹ ਨੂੰ ਆਪਣੇ ਚਰਨਾਂ 'ਚ ਸਦੀਵੀ ਨਿਵਾਸ ਬਖ਼ਸ਼ਣ। ਕੈਬਨਿਟ ਮੰਤਰੀ ਨੇ ਕਿਹਾ ਕਿ ਪ੍ਰਭਜੋਤ ਸਿੰਘ ਵਿਭਾਗ ਦਾ ਇੱਕ ਸਮਰਪਿਤ ਕਰਮਚਾਰੀ ਸੀ। ਉਨ੍ਹਾ ਕਿਹਾ ਕਿ ਇਸ ਦੁੱਖ ਦੀ ਘੜੀ ਵਿੱਚ ਉਹ ਨਿੱਜੀ ਤੌਰ 'ਤੇ ਪਰਿਵਾਰ ਨਾਲ ਖੜੇ ਹਨ। ਪ੍ਰਭਜੋਤ ਸਿੰਘ ਆਪਣੇ ਪਿੱਛੇ ਮਾਤਾ, ਪਤਨੀ ਤੇ ਦੋ ਪੁੱਤਰ ਛੱਡ ਗਿਆ ਹੈ।

## ਓਰੀਐਂਟ ਸਕੂਲ ਵਿਖੇ ਸਿਹਤ ਜਾਗਰੂਕਤਾ ਭਾਸ਼ਣ ਕਰਵਾਇਆ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਓਰੀਐਂਟ ਇੰਟਰਨੈਸ਼ਨਲ ਸਕੂਲ ਤੇ ਸਪੋਰਟਸ ਅਕੈਡਮੀ ਮਾਛੀਵਾੜਾ ਸਾਹਿਬ ਵਿਖੇ ਫੋਰਟਿਸ ਹਸਪਤਾਲ ਲੁਧਿਆਣਾ ਦੇ ਸਹਿਯੋਗ ਨਾਲ ਆਮ ਗਾਇਨੀ ਰੋਗਾਂ ਬਾਰੇ ਇੱਕ ਸਿਹਤ ਜਾਗਰੂਕਤਾ ਭਾਸ਼ਣ ਕਰਵਾਇਆ ਗਿਆ, ਜਿਸ ਵਿੱਚ ਉੱਘੇ ਗਾਇਨੀਕੋਲੋਜਿਸਟ ਡਾ. ਗੁਰਸਿਮਰਨ ਕੌਰ ਪੁੱਜੇ। ਸਕੂਲ ਦੇ ਅਧਿਆਪਕਾਂ ਤੇ ਵਿਦਿਆਰਥਣਾਂ ਨੂੰ ਡਾ. ਗੁਰਸਿਮਰਨ ਨੇ ਵੱਖ-ਵੱਖ ਗਲਤ ਧਾਰਨਾਵਾਂ ਤੇ ਮਿੱਥਾਂ ਤੋਂ ਜਾਣੂ ਕਰਵਾਉਂਦਿਆਂ ਮਾਹਵਾਰੀ ਵਿੱਚ ਸਾਫ਼-ਸਫ਼ਾਈ, ਛਾਤੀ ਦੇ ਕੈਂਸਰ, ਪੀਸੀਓਐੱਸ ਤੇ ਪੀਸੀਓਡੀ ਬਾਰੇ ਜਾਗਰੂਕਤਾ ਫੈਲਾਈ। ਉਨ੍ਹਾਂ ਹਾਜ਼ਰ ਬੱਚਿਆਂ ਨੂੰ ਫਾਸਟ ਫੂਡ ਦੀ ਬਜਾਏ ਸਿਹਤਮੰਦ ਸੰਤੁਲਨ ਖੁਰਾਕ ਵੱਲ ਜਾਣ ਲਈ ਮਾਰਗਦਰਸ਼ਨ ਕੀਤਾ। ਸਕੂਲ ਦੇ ਪ੍ਰਿੰਸੀਪਲ ਰਜਤ ਸ਼ਰਮਾ ਨੇ ਫੋਰਟਿਸ ਟੀਮ ਤੇ ਡਾ. ਗੁਰਸਿਮਰਨ ਕੌਰ ਦਾ ਇਸ ਮਹੱਤਵਪੂਰਨ ਸੈਸ਼ਨ ਲਈ ਧੰਨਵਾਦ ਕੀਤਾ, ਜੋ ਕਿ ਅੱਜ ਦੇ ਯੁੱਗ ਦੀ ਲੋੜ ਹੈ, ਕਿਉਂਕਿ ਕਿਸ਼ੋਰ ਲੜਕੀਆਂ ਇਨ੍ਹਾਂ ਮੁੱਦਿਆਂ ਤੋਂ ਅਣਜਾਣ ਹਨ।

ਸਕੂਲ ਦੇ ਚੇਅਰਮੈਨ ਵਿਕਰਮ ਸ਼ਰਮਾ ਨੇ ਫੋਰਟਿਸ ਟੀਮ ਦਾ ਸੈਮੀਨਾਰ ਕਰਵਾਉਣ ਲਈ ਧੰਨਵਾਦ ਕੀਤਾ। ਪ੍ਰਬੰਧਕਾਂ ਨੇ ਡਾ. ਗੁਰਸਿਮਰਨ ਕੌਰ ਨੂੰ ਮੋਮੈਂਟੋ ਦੇ ਕੇ ਸਨਮਾਨਤ ਕੀਤਾ ਤੇ ਸਕੂਲੀ ਵਿਦਿਆਰਥੀਆਂ ਦੀ ਸਿਹਤ ਤੇ ਤੰਦਰੁਸਤੀ ਲਈ ਪਾਏ ਯੋਗਦਾਨ ਲਈ ਧੰਨਵਾਦ ਪ੍ਰਗਟਾਇਆ। ਇਸ ਮੌਕੇ ਵਾਈਸ ਪ੍ਰਿੰਸੀਪਲ ਨਵਜੋਤ ਕੌਰ, ਸਟਾਫ਼ ਮੈਂਬਰ ਹਰਪ੍ਰੀਤ ਕੌਰ, ਮਾਨਕਾ, ਬਲਵਿੰਦਰ ਕੌਰ, ਸਰਿਤਾ ਰਾਣੀ, ਦੁਰਗੇਸ਼, ਦਮਨਪ੍ਰੀਤ ਕੌਰ, ਅਨੀਤਾ ਰਾਵਤ ਆਦਿ ਹਾਜ਼ਰ ਸਨ।

# ਜਗਸੀਰ ਸਿੰਘ ਕਾਲੇਕੇ ਨਾਲ ਦੁੱਖ ਦਾ ਪ੍ਰਗਟਾਵਾ



**ਬਾਘਾਪੁਰਾਣਾ (ਮਨੀ ਸਿੰਗਲਾ)** ਮਾਰਕਿਟ ਕਮੇਟੀ ਦੇ ਸਾਬਕਾ ਚੇਅਰਮੈਨ ਜਗਸੀਰ ਸਿੰਘ ਕਾਲੇਕੇ ਦੇ ਮਾਤਾ ਸਰਦਾਰਨੀ ਰਣਜੀਤ ਕੌਰ ਗਿੱਲ ਦੇ ਸਦੀਵੀ ਵਿਛੋੜਾ ਦੇ ਜਾਣ 'ਤੇ ਪਰਮਿੰਦਰ ਸਿੰਘ ਮੌੜ, ਸਵਰਨ ਸਿੰਘ, ਗੁਰਜੰਟ ਸਿੰਘ ਭੁਟੋ ਰੋਡੇ, ਪਵਨ ਢੰਡ ਸ਼ਹਿਰੀ ਪ੍ਰਧਾਨ, ਗੁਰਪ੍ਰੀਤ ਸਿੰਘ ਮਨਚੰਦਾ, ਸੁਖਹਰਪ੍ਰੀਤ ਸਿੰਘ ਰੋਡੇ, ਮੇਜਰ ਸਰਪੰਚ ਗਿੱਲ, ਮਨਜੀਤ ਸਰਪੰਚ, ਹਰਪ੍ਰੀਤ ਸਰਪੰਚ ਚੰਦ ਪੁਰਾਣਾ, ਕਿੰਦਾ ਸਰਪੰਚ ਜੈਮਲਵਾਲਾ, ਗਗਨ ਸਰਪੰਚ, ਰਛਪਾਲ ਸਰਪੰਚ, ਜਗਸੀਰ ਸਰਪੰਚ, ਸੁਖਦੇਵ ਸਰਪੰਚ, ਜੋਗਿੰਦਰ ਸਰਪੰਚ, ਬਲਦੇਵ ਲੰਗੇਆਣਾ, ਅਸ਼ੋਕ ਕੁਮਾਰ ਆੜ੍ਹਤੀਆ, ਸੰਜੀਵ ਕੁਮਾਰ ਬਿੱਟੂ, ਜੱਜ ਸਰਪੰਚ ਨੇ ਸਾਬਕਾ ਚੇਅਰਮੈਨ ਕਾਲੇਕੇ ਪ੍ਰਧਾਨ ਸਰਪੰਚ ਯੂਨੀਅਨ ਹਲਕਾ ਬਾਘਾਪੁਰਾਣਾ ਦੇ ਨਾਲ ਦੁੱਖ ਦਾ ਪ੍ਰਗਟਾਵਾ ਕੀਤਾ।

# ਜਾਖੜ ਦੇ ਸੂਬਾ ਪ੍ਰਧਾਨ ਬਣਨ ਦੀ ਖੁਸ਼ੀ 'ਚ ਭਾਜਪਾ ਵਰਕਰਾਂ ਵੰਡੇ ਲੱਡੂ



**ਭਗਤਾ ਭਾਈ ਕਾ (ਰਾਜੀਵ ਗੋਇਲ)** ਬੀਤੇ ਦਿਨੀਂ ਸੂਬੇ ਅੰਦਰ ਭਾਜਪਾ ਦੀ ਸਥਿਤੀ ਹੋਰ ਮਜ਼ਬੂਤ ਕਰਨ ਤੇ ਆਉਣ ਵਾਲੀਆਂ ਪਾਰਲੀਮੈਂਟ ਚੋਣਾਂ ਨੂੰ ਲੈ ਕੇ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਕਾਂਗਰਸ ਨੂੰ ਅਲਵਿਦਾ ਆਖ ਭਾਜਪਾ ਜੁਆਇਨ ਕਰਨ ਵਾਲੇ ਸੀਨੀਅਰ ਆਗੂ ਸੁਨੀਲ ਜਾਖੜ ਨੂੰ ਸੂਬਾ ਪ੍ਰਧਾਨ ਨਿਯੁਕਤ ਕੀਤੇ ਜਾਣ ਦੀ ਖੁਸ਼ੀ ਵਿੱਚ ਸਥਾਨਕ ਸ਼ਹਿਰ ਦੇ ਮਸ਼ਹੂਰ ਵਪਾਰੀ ਤੇ ਭਾਜਪਾ ਆਗੂ ਬਬਲੇਸ਼ ਕੁਮਾਰ ਬੌਬੀ ਸਿੰਗਲਾ ਵੱਲੋਂ ਲੱਡੂ ਵੰਡ ਕੇ ਆਪਣੀ ਖੁਸ਼ੀ ਜ਼ਾਹਰ ਕੀਤੀ ਗਈ। ਇਸ ਮੌਕੇ ਉਨ੍ਹਾਂ ਨਾਲ ਭਾਜਪਾ ਦੇ ਸੀਨੀਅਰ ਆਗੂ ਗੁਰਬਿੰਦਰ ਭਗਤਾ ਸਮੇਤ ਸਮੂਹ ਲੋਕਲ ਆਗੂ ਹਾਜ਼ਰ ਸਨ। ਪ੍ਰੈੱਸ ਨਾਲ ਗੱਲਬਾਤ ਕਰਦੇ ਹੋਏ ਸਿੰਗਲਾ ਨੇ ਕਿਹਾ ਕਿ ਉਹ ਭਾਜਪਾ ਲਈ ਪ੍ਰਚਾਰ ਕਰਦੇ ਆ ਰਹੇ ਹਨ। ਉਨ੍ਹਾਂ ਕਿਹਾ ਕਿ ਜਿਸ ਤਰ੍ਹਾਂ ਦੇਸ਼ ਦੇ ਪ੍ਰਧਾਨ ਮੰਤਰੀ ਵੱਲੋਂ ਤਰੱਕੀ ਲਈ ਕਦਮ ਚੁੱਕੇ ਜਾ ਰਹੇ ਹਨ, ਉਹ ਕੋਈ ਹੋਰ ਨਹੀਂ ਕਰ ਸਕਦਾ। ਇਸ ਮੌਕੇ ਉਨ੍ਹਾਂ ਨਾਲ ਜਗਸੀਰ ਪੱਪੂ, ਪਵਨ ਗਰਗ, ਰਾਜਿੰਦਰ ਕੁਮਾਰ, ਪਰਮਿੰਦਰ ਸਿੰਘ, ਗੁਰਤੇਜ ਸਿੰਘ, ਰਾਮ ਕੁਮਾਰ, ਕਾਲਾ ਸਿੰਘ ਮੰਡਲ ਪ੍ਰਧਾਨ, ਬੰਟੀ ਗੋਇਲ, ਤਰੁਣ ਸਿੰਗਲਾ ਸਮੇਤ ਹੋਰ ਵੀ ਆਗੂ ਤੇ ਵਰਕਰ ਹਾਜ਼ਰ ਸਨ।

## ...ਸਫ਼ਾ 1 ਦੇ ਬਾਕੀ

### ਕੇਂਦਰੀ ਪੇਂਡੂ ਵਿਕਾਸ ਮੰਤਰੀ...

ਗੈਰ-ਹੁਨਰਮੰਦ ਖੇਤੀ ਮਜ਼ਦੂਰਾਂ ਦੀ 381.06 ਰੁਪਏ ਉਜਰਤ ਦਰ, ਮਨਰੇਗਾ ਦੀ ਮਜ਼ਦੂਰੀ ਦਰ ਨਾਲੋਂ ਵੀ ਵੱਧ ਹੈ। ਇਸ ਤੋਂ ਪਤਾ ਚੱਲਦਾ ਹੈ ਕਿ ਇਸ ਸਕੀਮ ਦੇ ਲਾਭਪਾਤਰੀਆਂ ਨੂੰ ਉਨ੍ਹਾਂ ਦਾ ਬਣਦਾ ਹੱਕ ਦੇਣ ਤੋਂ ਇਨਕਾਰ ਕੀਤਾ ਜਾ ਰਿਹਾ ਹੈ, ਜੋ ਬਿਲਕੁਲ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

ਭਗਵੰਤ ਮਾਨ ਨੇ ਕਿਹਾ ਕਿ ਇਹ ਮੰਦਭਾਗੀ ਗੱਲ ਹੈ ਕਿ ਹਰਿਆਣਾ ਵਿੱਚ ਗੈਰ-ਹੁਨਰਮੰਦ ਕਾਮਿਆਂ ਨੂੰ ਪੰਜਾਬ ਦੇ ਮੁਕਾਬਲੇ ਇੱਕੋ ਜਿਹੇ ਕੰਮ ਲਈ ਵੱਧ ਅਦਾਇਗੀ ਮਿਲਦੀ ਹੈ, ਜੋ ਕਾਮਿਆਂ ਨਾਲ ਸਰਾਸਰ ਬੇਇਨਸਾਫ਼ੀ ਹੈ। ਇਸ ਲਈ ਮੁੱਖ ਮੰਤਰੀ ਨੇ ਮਾਮਲੇ ਦੀ ਦੁਬਾਰਾ ਜਾਂਚ ਕਰਵਾਉਣ ਅਤੇ ਪੰਜਾਬ ਦੀਆਂ ਉਜਰਤ ਦਰਾਂ ਨੂੰ ਹਰਿਆਣਾ ਦੇ ਬਰਾਬਰ ਜਾਂ ਪੰਜਾਬ ਰਾਜ ਕਿਰਤ ਵਿਭਾਗ ਦੀਆਂ ਉਜਰਤ ਦਰਾਂ ਦੇ ਬਰਾਬਰ ਵਧਾਉਣ ਲਈ ਕੇਂਦਰੀ ਮੰਤਰੀ ਦੇ ਦਖਲ ਦੀ ਮੰਗ ਕੀਤੀ ਹੈ।

ਉਨ੍ਹਾਂ ਕਿਹਾ ਕਿ ਉਜਰਤਾਂ ਵਿੱਚ ਵਾਧਾ ਲਾਭਪਾਤਰੀਆਂ ਦੀ ਰੋਜ਼ੀ-ਰੋਟੀ ਦੇ ਆਧਾਰ ਨੂੰ ਬਿਹਤਰ ਬਣਾਉਣ ਸਣੇ ਉਨ੍ਹਾਂ ਨੂੰ ਇਸ ਯੋਜਨਾ ਤਹਿਤ ਉਤਸ਼ਾਹ ਨਾਲ ਕੰਮ ਕਰਨ ਲਈ ਪ੍ਰੇਰਿਤ ਕਰੇਗਾ। ਉਨ੍ਹਾਂ ਉਮੀਦ ਜਤਾਈ ਕਿ ਕੇਂਦਰੀ ਮੰਤਰੀ ਪੰਜਾਬ ਦੇ ਜਾਇਜ਼ ਦਾਅਵੇ 'ਤੇ ਹਮਦਰਦੀ ਨਾਲ ਵਿਚਾਰ ਕਰਦਿਆਂ ਅਧਿਕਾਰੀਆਂ ਨੂੰ ਲੋੜੀਂਦੇ ਦਿਸ਼ਾ-ਨਿਰਦੇਸ਼ ਜਾਰੀ ਕਰਨਗੇ।

### ਪੀ ਆਰ ਟੀ ਸੀ ਵਰਕਰਾਂ...

ਨਾਕਾਮੀ ਦਾ ਸਿੱਟਾ ਹੀ ਹੈ ਕਿ ਉਹ ਸਰਕਾਰ ਪਾਸੋਂ ਪੀ.ਆਰ.ਟੀ.ਸੀ. ਦਾ ਮੁਫਤ ਸਫਰ ਸਹੂਲਤਾਂ ਬਦਲੇ ਬਣਦਾ ਪੈਸਾ ਲਿਆਉਣ ਦਾ ਕੋਈ ਸਿਸਟਮ ਨਹੀਂ ਬਣਾ ਸਕੇ ਕਿਉਂਕਿ ਉਹਨਾ ਵੱਲੋਂ ਜ਼ਰੂਰੀ ਪੈਰਵਾਈ ਹੀ ਸਮੇਂ ਸਿਰ ਨਹੀਂ ਕੀਤੀ ਜਾਂਦੀ। ਮੁੱਖ ਲੇਖਾ ਅਫਸਰ ਵੱਲੋਂ ਵਰਕਰਾਂ ਦੇ ਛੋਟੇ-ਛੋਟੇ ਕੰਮਾਂ ਵਿੱਚ ਵੀ ਬੇਲੋੜੇ ਅੜਿੱਕੇ ਖੜੇ ਕਰਕੇ ਪ੍ਰੇਸ਼ਾਨ ਕੀਤਾ ਜਾਂਦਾ ਹੈ। ਉਹਨਾਂ ਦੀ ਸਮੁੱਚੀ ਕਾਰਜਸ਼ੈਲੀ ਤੋਂ ਸਪੱਸ਼ਟ ਹੁੰਦਾ ਹੈ ਕਿ ਉਹਨਾਂ ਦਾ ਇਸ ਅਦਾਰੇ ਨਾਲ ਕੋਈ ਦਿਲੀ ਲਗਾਓ ਨਹੀਂ, ਜਿਸ ਕਰਕੇ ਐਕਸ਼ਨ ਕਮੇਟੀ ਇਹ ਵੀ ਮੰਗ ਕਰਦੀ ਹੈ ਕਿ ਉਨ੍ਹਾਂ ਨੂੰ ਡੈਪੂਟੇਸ਼ਨ ਤੋਂ ਵਾਪਸ ਭੇਜਿਆ ਜਾਵੇ। ਐਕਸ਼ਨ ਕਮੇਟੀ ਨੇ ਚੇਅਰਮੈਨ ਪੀ.ਆਰ.ਟੀ.ਸੀ. ਰਣਜੋਧ ਸਿੰਘ ਹਡਾਣਾ ਨੂੰ ਕਿਹਾ ਕਿ ਉਹ ਰੀਵਿਊ ਕਰਨ ਕਿ ਅਦਾਰੇ ਦੇ ਹਰ ਪੱਖ ਤੋਂ ਪ੍ਰਬੰਧ ਵਿੱਚ ਅਤੇ ਕਾਰਗੁਜ਼ਾਰੀ ਵਿੱਚ ਕੀ ਗੁਣਾਂਤਮਕ ਤਬਦੀਲੀ ਆਈ ਹੈ। ਉਹ ਇਹ ਵੀ ਵੇਖਣ ਕਿ ਕੰਟਰੈਕਟ ਅਤੇ ਆਊਟ ਸੋਰਸ ਵਰਕਰਾਂ ਨੂੰ ਪੱਕੇ ਕਰਨ ਲਈ ਪੀ.ਆਰ.ਟੀ.ਸੀ. ਦੇ ਰੂਲਜ਼ 1981 ਤਹਿਤ ਕਿਉਂ ਨਹੀਂ ਕਾਰਵਾਈ ਕੀਤੀ ਗਈ।

ਐਕਸ਼ਨ ਕਮੇਟੀ ਵਲੋਂ ਮੈਨੇਜਮੈਂਟ ਨੂੰ ਚਿਤਾਵਨੀ ਦਿੱਤੀ ਗਈ ਹੈ ਕਿ ਉਹ ਕਰਮਚਾਰੀ ਵਿਰੋਧੀ ਮਾਨਸਿਕਤਾ ਛੱਡ ਦੇਵੇ ਅਤੇ ਵਰਕਰਾਂ ਦੇ ਮਸਲਿਆਂ ਪ੍ਰਤੀ ਥੋੜ੍ਹਾ-ਬਹੁਤਾ ਸੰਵੇਦਨਸ਼ੀਲ ਤਰੀਕੇ ਨਾਲ ਵਿਵਹਾਰ ਕਰੇ, ਨਾ ਕਿ ਉਹਨਾਂ ਨੂੰ ਮਾਨਸਿਕ ਤਸੀਹੇ ਦਿੱਤੇ ਜਾਣ।

### ਬਟਾਲਾ ਗੋਲੀ ਕਾਂਡ..

ਨੇ ਕਿਹਾ ਕਿ ਮੁਢਲੀ ਜਾਂਚ ਤੋਂ ਪਤਾ ਲੱਗਿਆ ਹੈ ਕਿ ਸਾਰਾ ਮਡਿਊਲ ਵਿਦੇਸ਼ ਤੋਂ ਹੈਂਡਲ ਕੀਤਾ ਜਾ ਰਿਹਾ ਸੀ ਅਤੇ ਗ੍ਰਿਫਤਾਰ ਮੁਲਜ਼ਮ ਇਸ ਤਰ੍ਹਾਂ ਦੇ ਅਪਰਾਧ ਕਰਨ ਲਈ ਵਿਦੇਸ਼ੀ ਹੈਂਡਲਰਾਂ ਤੋਂ ਫੰਡ ਪ੍ਰਾਪਤ ਕਰ ਰਿਹਾ ਸੀ। ਐਸ ਐਸ ਪੀ ਬਟਾਲਾ ਅਸ਼ਵਨੀ ਗੋਤਿਆਲ ਨੇ ਦੱਸਿਆ ਕਿ ਪੁਲਸ ਵੱਖ-ਵੱਖ ਲੀਡਜ਼ 'ਤੇ ਕੰਮ ਕਰ ਰਹੀ ਹੈ ਅਤੇ ਇਸ ਮਾਮਲੇ 'ਚ ਬਾਕੀ ਦੋਸ਼ੀਆਂ ਨੂੰ ਫੜਨ ਲਈ ਯਤਨ ਜਾਰੀ ਹਨ ਅਤੇ ਅਗਲੇਰੀ ਜਾਂਚ ਜਾਰੀ ਹੈ।

# ਬਾਰਿਸ਼ ਦੇ ਪਾਣੀ ਦੀ ਨਿਕਾਸੀ ਨਾ ਹੋਣ ਕਾਰਨ ਲੋਕਾਂ 'ਚ ਰੋਸ

**ਤਪਾ ਮੰਡੀ (ਅਰੁਣ ਗੋਇਲ)** ਸਥਾਨਕ ਇਲਾਕੇ 'ਚ 24 ਘੰਟੇ ਪਹਿਲਾਂ ਪਈ ਬਾਰਿਸ਼ ਦੇ ਪਾਣੀ ਦੀ ਨਿਕਾਸੀ ਨਾ ਹੋਣ ਕਾਰਨ ਦੁਕਾਨਦਾਰਾਂ, ਰਾਹਗੀਰਾਂ ਅਤੇ ਆਮ ਲੋਕਾਂ ਦਾ ਨਗਰ ਕੌਂਸਲ ਖਿਲਾਫ ਰੋਸ ਪਾਇਆ ਜਾ ਰਿਹਾ ਹੈ। ਇਸ ਸੰਬੰਧੀ ਨੇੜਲੇ ਦੁਕਾਨਦਾਰਾਂ ਦਾ ਕਹਿਣਾ ਹੈ ਕਿ ਨਾਮਦੇਵ ਮਾਰਗ 'ਤੇ 24 ਘੰਟੇ ਪਹਿਲਾਂ ਪਏ ਮੀਂਹ ਦੇ ਪਾਣੀ ਦੀ ਨਿਕਾਸੀ ਨਾ ਹੋਣ ਕਾਰਨ ਬਹੁਤ ਮੁਸ਼ਕਲਾਂ ਆ ਰਹੀਆਂ ਹਨ ਅਤੇ ਪਾਣੀ 'ਚੋਂ ਭੈੜੀ ਬਦਬੂ ਆਉਣ ਲੱਗ ਪਈ ਹੈ। ਸਵੇਰੇ ਸ਼ਾਮ ਸ਼ਰਧਾਲੂ ਗੁਰਦੁਆਰਾ ਸਾਹਿਬ 'ਚ ਨਤਮਸਤਕ ਹੋਣ ਲਈ ਜਾਂਦੇ ਹਨ, ਜਾਣ-ਆਉਣ ਸਮੇਂ ਉਨ੍ਹਾਂ ਦੇ ਪੈਰਾਂ ਨੂੰ ਗੰਦਗੀ ਲੱਗਣ ਕਾਰਨ ਧਾਰਮਕ ਆਸਥਾ ਨੂੰ ਠੇਸ ਲਗਦੀ ਹੈ। ਇਸ ਤੋਂ ਇਲਾਵਾ ਕਈ ਪਿੰਡਾਂ ਨੂੰ ਮਿਲਾਉਣ ਵਾਸੀ ਰੋਡ ਦਿਨ-ਰਾਤ ਚਲਦੀ ਰਹਿੰਦੀ ਹੈ। ਦੋ ਮਹੀਨੇ ਪਹਿਲਾਂ ਬਣਾਈ ਸੜਕ ਹੁਣ ਖੇਰੂੰ-ਖੇਰੂੰ ਹੋਣ ਕਿਨਾਰੇ ਜਾ ਰਹੀ ਹੈ ਕਿਉਂਕਿ ਸੜਕ ਬਣਾਉਣ ਸਮੇਂ ਲੋਕ ਨਿਰਮਾਣ ਵਿਭਾਗ ਨੇ ਇਹ ਨਹੀਂ ਦੇਖਿਆ ਕਿ ਪਾਣੀ ਦੀ ਨਿਕਾਸੀ ਕੀਤੀ ਜਾਵੇ। ਨਿਕਾਸੀ ਨਾਲੇ ਮਿੱਟੀ ਨਾਲ ਭਰੇ ਪਏ ਹਨ। ਲੋਕਾਂ ਦੀ ਪ੍ਰਸ਼ਾਸਨ ਤੋਂ ਮੰਗ ਹੈ ਕਿ ਸੜਕ 'ਤੇ ਖੜ੍ਹੇ ਪਾਣੀ ਦੀ ਨਿਕਾਸੀ ਦੇ ਯੋਗ ਪ੍ਰਬੰਧ ਕੀਤੇ ਜਾਣ।



## ਡਾ. ਰਜਿੰਦਰ ਕੰਬੋਜ਼ ਨੇ ਮੁੱਖ ਖੇਤੀਬਾੜੀ ਅਫ਼ਸਰ ਵਜੋਂ ਅਹੁਦਾ ਸੰਭਾਲਿਆ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਡਾਕਟਰ ਰਜਿੰਦਰ ਕੰਬੋਜ਼ ਨੇ ਮੁੱਖ ਖੇਤੀਬਾੜੀ ਅਫ਼ਸਰ ਫ਼ਿਰੋਜ਼ਪੁਰ ਦਾ ਅਹੁਦਾ ਸੰਭਾਲ ਲਿਆ ਹੈ। ਉਨ੍ਹਾਂ ਦਾ ਖੇਤੀਬਾੜੀ ਵਿਭਾਗ ਵਿੱਚ ਲੰਬਾ ਤਜਰਬਾ ਹੈ ਤੇ ਉਹ ਕਿਸਾਨਾਂ ਨਾਲ ਨਿੱਘੇ ਸਬੰਧਾਂ ਤੇ ਮਿਲਣਸਾਰ ਸੁਭਾਅ ਲਈ ਜਾਣੇ ਜਾਂਦੇ ਹਨ। ਅਹੁਦਾ ਸੰਭਾਲਣ ਉਪਰੰਤ ਉਨ੍ਹਾ ਕਿਹਾ ਕਿ ਜ਼ਿਲ੍ਹੇ ਦੇ ਕਿਸਾਨਾਂ ਨੂੰ ਮਿਆਰੀ ਸੇਵਾਵਾਂ ਉਪਲੱਬਧ ਕਰਵਾਉਣਾ ਤੇ ਹਰ ਸੰਭਵ ਮਦਦ ਉਨ੍ਹਾ ਦਾ ਟੀਚਾ ਰਹੇਗਾ। ਉਨ੍ਹਾ ਕਿਹਾ ਕਿ ਕਿਸਾਨਾਂ ਲਈ ਸਰਕਾਰ ਦੀਆਂ ਸਕੀਮਾਂ ਦਾ ਲਾਭ ਪੂਰੀ ਪਾਰਦਰਸ਼ਿਤਾ ਨਾਲ ਯੋਗ ਕਿਸਾਨਾਂ ਤੱਕ ਪੁੱਜੇਗਾ ਤੇ ਕਿਸਾਨਾਂ ਨੂੰ ਖੇਤੀ ਸਬੰਧੀ ਤਕਨੀਕੀ ਜਾਣਕਾਰੀ ਮੁਹੱਈਆ ਕਰਵਾਉਣ ਲਈ ਵਿਭਾਗ ਪੂਰੀ ਸਰਗਰਮੀ ਨਾਲ ਕੰਮ ਕਰੇਗਾ। ਉਨ੍ਹਾ ਕਿਹਾ ਜ਼ਿਲ੍ਹੇ ਦੇ ਕਿਸਾਨਾਂ ਨੂੰ ਨਵੀਆਂ ਖੇਤੀ ਤਕਨੀਕਾਂ ਨਾਲ ਜੋੜ ਕੇ ਉਨ੍ਹਾਂ ਦੀ ਆਮਦਨ ਵਿੱਚ ਵਾਧੇ ਲਈ ਯਤਨ ਕਰਨ 'ਚ ਕੋਈ ਕਸਰ ਨਹੀਂ ਛੱਡੀ ਜਾਵੇਗੀ। ਕਿਸਾਨਾਂ ਨੂੰ ਮਿਲਾਵਟ ਰਹਿਤ ਬੀਜ, ਖਾਦਾਂ ਤੇ ਦਵਾਈਆਂ ਉਪਲੱਬਧ ਕਰਾਉਣਾ ਯਕੀਨੀ ਬਣਾਇਆ ਜਾਵੇਗਾ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Gurmit Singh Shugli for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: Chand Fatehpuri
ਸੰਪਾਦਕ : ਚੰਦ ਫਤਿਹਪੁਰੀ * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ ਗੁਰਮੀਤ ਸਿੰਘ ਸ਼ੁਗਲੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਕੱਚੇ ਦਫਤਰੀ ਮੁਲਾਜ਼ਮਾਂ ਵੱਲੋਂ ਅਣਮਿੱਥੇ ਸਮੇਂ ਲਈ ਕਲਮਛੋੜ ਹੜਤਾਲ ਸ਼ੁਰੂ

## * ਐਲੀਮੈਂਟਰੀ ਟੀਚਰਜ਼ ਯੂਨੀਅਨ ਸੰਘਰਸ਼ 'ਚ ਕਰੇਗੀ ਹਮਾਇਤ : ਫੱਜੂਪੁਰ



**ਧਾਰੀਵਾਲ/ਕਾਹਨੂੰਵਾਨ, (ਮਨਦੀਪ ਸਿੰਘ ਵਿੱਕੀ)**-ਸਿੱਖਿਆ ਵਿਭਾਗ ਦੇ ਦਫਤਰੀ ਕੱਚੇ ਮੁਲਾਜ਼ਮਾਂ ਵਲੋਂ ਆਪਣੀਆਂ ਹੱਕੀ ਮੰਗਾਂ ਨੂੰ ਲੈ ਕੇ ਸਰਕਾਰ ਦੀ ਵਾਅਦਾਖਿਲਾਫ਼ੀ ਵਿਰੁੱਧ ਪੰਜਾਬ ਭਰ ਵਿੱਚ ਕਲਮਛੋੜ ਹੜਤਾਲ ਸ਼ੁਰੂ ਕਰ ਦਿੱਤੀ ਹੈ। ਪ੍ਰਾਇਮਰੀ ਸਿੱਖਿਆ ਦੇ ਦਫਤਰਾਂ ਬਲਾਕ ਧਾਰੀਵਾਲ -1 ਅਤੇ ਬਲਾਕ ਧਾਰੀਵਾਲ-2 ਅਤੇ ਬਲਾਕ ਕਾਹਨੂੰਵਾਨ-2 ਵਿੱਚ ਸਰਵ ਸਿੱਖਿਆ ਅਭਿਆਨ (ਸਮੱਗਰਾ) ਤਹਿਤ ਸੇਵਾਵਾਂ ਨਿਭਾਅ ਰਹੇ ਦਫਤਰੀ ਕਰਮਚਾਰੀ ਕਲਮਛੋੜ ਹੜਤਾਲ ਦੇ ਪਹਿਲੇ ਦਿਨ ਧਰਨੇ ਤੇ ਬੈਠੇ ਰਹੇ ਅਤੇ ਸਾਰਾ ਦਿਨ ਦਫਤਰੀ ਕੰਮਕਾਜ ਠੱਪ ਰੱਖਿਆ। ਇਸ ਮੌਕੇ ਹੜਤਾਲ 'ਤੇ ਬੈਠੇ ਕੱਚੇ ਮੁਲਾਜ਼ਮਾਂ ਨੇ ਪੰਜਾਬ ਸਰਕਾਰ ਖਿਲਾਫ ਨਾਅਰੇਬਾਜ਼ੀ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਕੱਚੇ ਮੁਲਾਜ਼ਮਾਂ ਨਾਲ ਕੀਤੇ ਵਾਅਦੇ ਨੂੰ ਪੂਰਾ ਕਰਨ ਦੀ ਬਜਾਏ ਬਿਨਾਂ ਪੇ ਸਕੇਲ, ਸੀਐਸਆਰ ਅਤੇ ਪੈਨਸ਼ਨਰੀ ਲਾਭ ਦੇਣ ਦੇ ਰੈਗੂਲਰ ਕਰਨ ਦਾ ਝੂਠਾ ਪ੍ਰਚਾਰ ਕਰਕੇ ਉਨ੍ਹਾਂ ਨਾਲ ਧੋਖਾ ਕਰ ਰਹੀ ਹੈ। ਉਨ੍ਹਾਂ ਦੱਸਿਆ ਕਿ 7 ਅਕਤੂਬਰ 2022 ਨੂੰ ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਬੈਂਸ ਨੇ ਸਰਵ ਸਿੱਖਿਆ ਅਭਿਆਨ ਤਹਿਤ ਸਿੱਖਿਆ ਵਿਭਾਗ ਵਿੱਚ ਕੰਮ ਕਰਦੇ ਕੱਚੇ ਮੁਲਾਜ਼ਮਾਂ ਨੂੰ ਰੈਗੂਲਰ ਕਰਨ ਸਬੰਧੀ ਪਾਲਿਸੀ ਜਾਰੀ ਕਰਦਿਆਂ ਕਿਹਾ ਸੀ ਕਿ ਇਨਾਂ ਮੁਲਾਜ਼ਮਾਂ ਨੂੰ ਪੱਕੇ ਹੋਣ 'ਤੇ ਰੈਗੂਲਰ ਮੁਲਾਜ਼ਮਾਂ ਵਾਲੇ ਸਾਰੇ ਲਾਭ ਮਿਲਣਗੇ ਪਰ ਹੁਣ 9 ਮਹੀਨੇ ਬਾਅਦ ਸੱਚਾਈ ਸਾਹਮਣੇ ਆਈ ਤਾਂ ਕੱਚੇ ਮੁਲਾਜ਼ਮਾਂ ਦੇ ਹੋਸ਼ ਉਡ ਗਏ। ਉਨ੍ਹਾਂ ਕਿਹਾ ਕਿ ਸਿੱਖਿਆ ਵਿਭਾਗ 'ਚ ਪੂਰੀ ਲਗਨ ਤੇ ਇਮਾਨਦਾਰੀ ਨਾਲ ਲੰਮੇ ਸਮੇਂ ਤੋਂ ਸੇਵਾਵਾਂ ਨਿਭਾਅ ਰਹੇ ਕੱਚੇ ਮੁਲਾਜ਼ਮਾਂ ਦੀ ਜਵਾਨੀ ਤਾਂ ਅਕਾਲੀ ਦਲ ਅਤੇ ਕਾਂਗਰਸ ਦੀਆਂ ਤੱਤਕਾਲੀ ਸਰਕਾਰਾਂ ਨੇ ਰੋਲ ਛੱਡੀ ਅਤੇ ਹੁਣ ਮੌਜੂਦਾ ਪੰਜਾਬ ਸਰਕਾਰ ਵੀ ਕੱਚੇ ਮੁਲਾਜ਼ਮਾਂ ਦਾ ਭਵਿੱਖ ਰੋਲਣ 'ਤੇ ਤੁਲੀ ਹੋਈ ਹੈ। ਉਨ੍ਹਾਂ ਮੰਗ ਕੀਤੀ ਹੈ ਸਿੱਖਿਆ ਵਿਭਾਗ ਦੇ ਕੱਚੇ ਮੁਲਾਜ਼ਮਾਂ ਨੂੰ ਤੁਰੰਤ ਰੈਗੂਲਰ ਕਰਕੇ ਪੂਰੇ ਲਾਭ ਦਿੱਤੇ ਜਾਣ। ਮੁਲਾਜ਼ਮਾਂ ਨੇ ਚਿਤਾਵਨੀ ਦਿੱਤੀ ਕਿ ਜਿੰਨੀ ਦੇਰ ਤੱਕ ਉਨ੍ਹਾਂ ਦੀਆਂ ਮੰਗਾਂ ਤੇ ਮਸ਼ਲੇ ਹੱਲ ਨਹੀਂ ਕੀਤੇ ਜਾਂਦੇ ਅਣਮਿਥੇ ਸਮੇਂ ਤੱਕ ਹੜਤਾਲ ਜਾਰੀ ਰਹੇਗੀ। ਇਸ ਕਲਮਛੋੜ ਹੜਤਾਲ ਵਿੱਚ ਬਲਾਕ ਪ੍ਰਾਇਮਰੀ ਸਿੱਖਿਆ ਦਫਤਰ ਧਾਰੀਵਾਲ -1 ਵਿੱਚ ਗਗਨਿੰਦਰ, ਗਾਇਤਰੀ, ਲਖਵਿੰਦਰ ਕੌਰ, ਰਾਕੇਸ਼ ਕੁਮਾਰ, ਹਰਪ੍ਰੀਤ ਕੌਰ, ਰਾਜਦੀਪ ਕੌਰ ਆਦਿ ਕੱਚੇ ਮੁਲਾਜ਼ਮ ਅਤੇ ਬਲਾਕ ਪ੍ਰਾਇਮਰੀ ਸਿੱਖਿਆ ਦਫਤਰ ਧਾਰੀਵਾਲ-2 ਵਿੱਚ ਸਤਨਾਮ ਸਿੰਘ, ਤਰਸੇਮ ਲਾਲ, ਵਿਕਾਸ ਖੋਖਰ ਅਤੇ ਸੋਨੀਆ ਕੁਮਾਰੀ ਆਦਿ ਕੱਚੇ ਕਰਮਚਾਰੀ ਅਤੇ ਬਲਾਕ ਕਾਹਨੂੰਵਾਨ-2 ਵਿੱਚ ਜਸਬੀਰ ਸਿੰਘ, ਵਿਨੈ ਕੁਮਾਰ, ਸੰਜੀਵ ਕੁਮਾਰ, ਰੁਪਿੰਦਰ ਕੌਰ, ਅਭਾ ਭਾਰਤੀ, ਨੀਤੂ ਅੱਤਰੀ ਆਦਿ ਹੜਤਾਲ ਵਿੱਚ ਸ਼ਾਮਲ ਸਨ। ਇਸ ਮੌਕੇ ਐਲੀਮੈਂਟਰੀ ਟੀਚਰਜ਼ ਯੂਨੀਅਨ ਗੁਰਦਾਸਪੁਰ ਦੇ ਜਨਰਲ ਸਕੱਤਰ ਅਸ਼ਵਨੀ ਫੱਜੂਪੁਰ ਨੇ ਵਿਸ਼ੇਸ਼ ਤੌਰ 'ਤੇ ਪਹੁੰਚ ਕੇ ਚੱਲ ਰਹੀ ਹੜਤਾਲ ਦਾ ਸਮਰਥਨ ਕਰਦਿਆਂ ਕਿਹਾ ਕਿ ਐਲੀਮੈਂਟਰੀ ਟੀਚਰਜ਼ ਯੂਨੀਅਨ ਸਿੱਖਿਆ ਵਿਭਾਗ ਵਿੱਚ ਸਰਵ ਸਿੱਖਿਆ ਅਭਿਆਨ (ਸਮੱਗਰਾ) ਤਹਿਤ ਸੇਵਾਵਾਂ ਨਿਭਾਅ ਰਹੇ ਕੱਚੇ ਕਰਮਚਾਰੀਆਂ ਦੀਆਂ ਹੱਕੀ ਅਤੇ ਜਾਇਜ਼ ਮੰਗਾਂ ਦੀ ਪੂਰਤੀ ਲਈ ਹਰ ਸੰਘਰਸ਼ 'ਚ ਹਮਾਇਤ ਕਰੇਗੀ।

# ਜ਼ਿਲ੍ਹਾ ਕਾਂਗਰਸ ਕਮੇਟੀ ਅੰਮ੍ਰਿਤਸਰ ਦਿਹਾਤੀ ਦੇ ਅਹੁਦੇਦਾਰਾਂ ਦੀ ਸੂਚੀ ਜਾਰੀ



**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**-ਅਗਾਮੀ ਲੋਕ ਸਭਾ ਚੋਣਾਂ ਨੂੰ ਮੁੱਖ ਰੱਖਦਿਆਂ ਸਾਰੀਆਂ ਹੀ ਰਾਜਨੀਤਿਕ ਪਾਰਟੀਆਂ ਵੱਲੋਂ ਆਪੋ ਆਪਣੇ ਕੇਡਰ ਵਰਕਰ ਨੂੰ ਚੁਸਤ ਫੁਰਤ ਤੇ ਪਾਰਟੀ ਦਾ ਹਰ ਸੰਦੇਸ਼ ਘਰ ਘਰ ਪਹੁੰਚਾਉਣ ਲਈ ਸਖਤ ਉਪਰਾਲੇ ਕੀਤੇ ਜਾ ਰਹੇ ਹਨ। ਏਸੇ ਹੀ ਕੜੀ ਤਹਿਤ ਕਾਂਗਰਸ ਪਾਰਟੀ ਤੇ ਇਸ ਦੇ ਸੂਬਾ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਵੱਲੋਂ ਬੀਤੇ ਦਿਨੀਂ ਕਾਗਰਸ ਪਾਰਟੀ ਦੇ ਵੱਡੇ ਆਗੂਆਂ, ਵਿਧਾਇਕਾਂ, ਸਾਬਕਾ ਵਿਧਾਇਕਾਂ ਤੇ ਹਲਕਾ ਇੰਚਾਰਜਾਂ ਨਾਲ ਵਾਰੀ ਵਾਰੀ ਬਹੁਤ ਹੀ ਵਿਸਥਾਰ ਪੂਰਵਕ ਤੇ ਲੰਬੀਆਂ ਮੀਟਿੰਗਾਂ ਕਰਕੇ ਸਾਰਿਆਂ ਕੋਲੋਂ ਜ਼ਮੀਨੀ ਪੱਧਰ ਦੀ ਜਾਣਕਾਰੀ ਲਈ ਤੇ ਉਸੇ ਵਕਤ ਵੱਖ ਵੱਖ ਜ਼ਿਲ੍ਹਿਆਂ ਦੇ ਪ੍ਰਧਾਨਾਂ ਵੱਲੋਂ ਆਈਆਂ ਲਿਸਟਾਂ ਨੂੰ ਜਾਰੀ ਕਰ ਦਿੱਤਾ। ਇਸ ਸੰਬੰਧੀ ਮਜੀਠਾ ਵਿਧਾਨ ਸਭਾ ਹਲਕੇ ਦੇ ਸੀਨੀਅਰ ਕਾਂਗਰਸੀ ਆਗੂ ਭਗਵੰਤ ਪਾਲ ਸਿੰਘ ਸੱਚਰ ਵੱਲੋਂ ਸਿਫਾਰਸ਼ ਕੀਤੀ ਗਈ ਲਿਸਟ ਨੂੰ ਰਾਜਾ ਵੜਿੰਗ ਨੇ ਜਾਰੀ ਕੀਤਾ, ਉਪਰੰਤ ਗੱਲਬਾਤ ਕਰਦਿਆਂ ਸੱਚਰ ਨੇ ਸਮੁੱਚੀ ਹਾਈਕਮਾਂਡ ਤੇ ਦਿਹਾਤੀ ਪ੍ਰਧਾਨ ਹਰਪਰਤਾਪ ਸਿੰਘ ਦਾ ਧੰਨਵਾਦ ਕੀਤਾ ਤੇ ਕਿਹਾ ਕਿ ਹਲਕੇ ਦੇ ਸੀਨੀਅਰ ਕਾਂਗਰਸੀ ਆਗੂਆਂ ਨੂੰ ਇਹ ਅਹਿਮ ਜ਼ਿੰਮੇਵਾਰੀ ਸੌਂਪੀ ਹੈ ਤੇ ਜਲਦ ਹੀ ਹੋਰਨਾਂ ਨੂੰ ਵੀ ਇਸ ਵਿੱਚ ਸ਼ਾਮਲ ਕੀਤਾ ਜਾਵੇਗਾ। ਸੱਚਰ ਨੇ ਕਿਹਾ ਕਿ ਦੇਸ਼ ਦੇ ਲੋਕਾਂ ਦਾ ਕੇਂਦਰ ਦੀ ਭਾਜਪਾ ਸਰਕਾਰ ਤੋਂ ਮੋਹ ਬੁਰੀ ਤਰ੍ਹਾਂ ਭੰਗ ਹੋ ਚੁੱਕਾ ਹੈ ਤੇ ਲੋਕ ਇਸ ਵਾਰ ਤਬਦੀਲੀ ਦੇ ਰੌਂਅ ਵਿੱਚ ਹਨ। ਭਗਵੰਤ ਮਾਨ ਸਰਕਾਰ ਵੀ ਭਾਜਪਾ ਦੀ ਹੀ ਬੀ ਟੀਮ ਹੈ। ਲੋਕਾਂ ਦਾ ਇਨ੍ਹਾਂ ਤੋਂ ਮੋਹ ਭੰਗ ਹੋ ਗਿਆ ਹੈ ਕਿਉਂਕਿ ਇਸ ਸਰਕਾਰ ਨੇ ਲਗਭਗ ਸੋਲਾਂ ਮਹੀਨਿਆਂ ਵਿੱਚ ਸਿਰਫ ਬਦਲਾ ਲਊ ਭਾਵਨਾ ਨਾਲ ਹੀ ਕੰਮ ਚਲਾਇਆ ਹੈ ਜਾਂ ਗਰੀਬ ਲੋਕਾਂ ਦੇ ਰਾਸ਼ਨ-ਕਾਰਡ ਕੱਟੇ ਹਨ ਤੇ ਹੁਣ ਬੁਢਾਪਾ ਪੈਨਸ਼ਨਾਂ ਵੀ ਕੱਟਣ ਦੀ ਤਿਆਰੀ ਚੱਲ ਰਹੀ ਹੈ।

ਮਜੀਠਾ ਹਲਕੇ ਤੋਂ ਜਿਨ੍ਹਾਂ ਨੂੰ ਇਸ ਸੂਚੀ ਵਿੱਚ ਸ਼ਾਮਲ ਕੀਤਾ ਗਿਆ ਹੈ ਉਨ੍ਹਾਂ ਵਿੱਚ ਗੁਰਮੀਤ ਸਿੰਘ ਭੀਲੋਵਾਲ ਸਾਬਕਾ ਚੇਅਰਮੈਨ, ਜਗਦੇਵ ਸਿੰਘ ਬੱਗਾ ਸਰਪੰਚ ਤੇ ਸਾਬਕਾ ਚੇਅਰਮੈਨ, ਦਲਜੀਤ ਸਿੰਘ ਪਾਖਰਪੁਰ, ਝਿਲਮਿਲ ਸਿੰਘ ਬਾਠ ਸਾਧਪੁਰ, ਜਸਪਾਲ ਸਿੰਘ ਜਲਾਲਪੁਰ, ਮਲਕੀਤ ਸਿੰਘ ਗਿੱਲ ਪੰਧੇਰ, ਪ੍ਰਦੀਪ ਸਿੰਘ ਗੋਲਣ ਮਜੀਠਾ, ਮਨਜੀਤ ਕੌਰ ਨਾਗ ਕਲਾਂ, ਮੰਗਲ ਸਿੰਘ ਵੀਰਮ ਦੇ ਨਾਮ ਵਰਨਣ ਯੋਗ ਹਨ।

# ਨਸ਼ੀਲਾ ਪਦਾਰਥ ਮਿਲਣ 'ਤੇ ਹਵਾਲਾਤੀ ਖ਼ਿਲਾ.ਫ਼ ਮਾਮਲਾ ਦਰਜ

**ਗੁਰਦਾਸਪੁਰ, (ਜਨਕ ਮਹਾਜਨ)**- ਥਾਣਾ ਸਿੱਟੀ ਗੁਰਦਾਸਪੁਰ ਪੁਲਿਸ ਵਲੋਂ ਨਸ਼ੀਲਾ ਪਦਾਰਥ ਮਿਲਣ 'ਤੇ ਜੇਲ੍ਹ ਵਿਚ ਬੰਦ ਇਕ ਹਵਾਲਾਤੀ ਖ਼ਿਲਾਫ਼ ਮਾਮਲਾ ਦਰਜ ਕੀਤੇ ਜਾਣ ਦਾ ਸਮਾਚਾਰ ਪ੍ਰਾਪਤ ਹੋਇਆ। ਇਹ ਮੁਕੱਦਮਾ ਪੁਲਸ ਨੇ ਸੁਪਰਡੈਂਟ ਕੇਂਦਰੀ ਜੇਲ੍ਹ ਗੁਰਦਾਸਪੁਰ ਦਫਤਰ ਦੇ ਪੱਤਰ ਨੰਬਰ 3069 ਦੇ ਆਧਾਰ 'ਤੇ ਦਰਜ ਕੀਤਾ ਗਿਆ ਹੈ। ਇਸ ਪੱਤਰ ਵਿਚ ਉਨ੍ਹਾਂ ਦੱਸਿਆ ਕਿ ਮਿਤੀ 30.06.2023 ਨੂੰ ਹਵਾਲਾਤੀ ਹਰਜਿੰਦਰ ਸਿੰਘ ਪੁੱਤਰ ਜੋਗਿੰਦਰ ਸਿੰਘ ਵਾਸੀ ਹਸਨਪੁਰਾ ਕਲਾਂ ਬਟਾਲਾ ਜੋ ਕੇਂਦਰੀ ਜੇਲ ਗੁਰਦਾਸਪੁਰ ਵਿਖੇ ਬੰਦ ਹੈ। ਇਸ ਦੀ ਗਿਣਤੀ 12 ਚੱਕੀਆਂ ਵਿਚੋਂ ਬਦਲ ਕੇ ਇੱਕ ਬੈਰਕ ਵਿੱਚ ਕੀਤੀ ਗਈ ਹੈ, ਸ਼ੱਕ ਪੈਣ 'ਤੇ ਹਵਾਲਾਤੀ ਹਰਜਿੰਦਰ ਸਿੰਘ ਦੀ ਤਲਾਸ਼ੀ ਕੀਤੀ ਗਈ ਤਾਂ ਇਸ ਦੇ ਹੋਟ ਕੇਸ ਵਿਚੋਂ 102 ਨਸ਼ੀਲੀਆਂ ਗੋਲੀਆਂ ਬਰਾਮਦ ਹੋਈਆਂ ਹਨ। ਪੁਲਸ ਉਕਤ ਦੋਸ਼ੀ ਖਿਲਾਫ਼ ਐੱਨਡੀਪੀਐੱਸ ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

# ਸਮਰ ਕੈਂਪ ਦੌਰਾਨ ਬਲਾਕ ਨੋਡਲ ਅਫਸਰ ਵਿਜੇ ਕੁਮਾਰ ਨੇ ਕੀਤਾ ਦੌਰਾ



**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**-ਸਰਕਾਰ ਵੱਲੋ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਲਈ ਸਕੂਲਾਂ ਵਿੱਚ ਸਮਰ ਕੈਂਪ ਲਗਾਏ ਗਏ ਹਨ। ਇਸ ਸਬੰਧੀ ਬਲਾਕ ਨੋਡਲ ਅਫਸਰ ਕਾਦੀਆਂ -1 ਦੇ ਵਿਜੇ ਕੁਮਾਰ ਅਤੇ ਸਹਾਇਕ ਨੋਡਲ ਅਫਸਰ ਰਾਜਵੰਤ ਕੌਰ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਉਨ੍ਹਾਂ ਰਾਹੀਂ ਸਰਕਾਰ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਬਲਾਕ ਕਾਦੀਆਂ -1 ਸੀਨੀਅਰ ਸੈਕੰਡਰੀ ਸਕੂਲ ਖੁਜਾਲਾ, ਸਰਕਾਰੀ ਮਿਡਲ ਸਕੂਲ ਢਪਈ ਅਤੇ ਸਰਕਾਰੀ ਮਿਡਲ ਸਕੂਲ ਨੱਤ ਮੋਕਲ ਸਰਕਾਰੀ ਹਾਈ ਸਕੂਲ ਕੰਡੀਲਾ ਕਾਹਲਵਾਂ ਦਾ ਦੌਰਾ ਕੀਤਾ ਗਿਆ।

ਵਿਦਿਆਰਥੀਆਂ ਅਤੇ ਅਧਿਆਪਕਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ। ਨੋਡਲ ਅਫਸਰ ਵੱਲੋਂ ਪੁੱਛੇ ਗਏ ਸਵਾਲਾਂ ਦੇ ਜਵਾਬ ਵਿਦਿਆਰਥੀਆਂ ਵੱਲੋਂ ਦਿੱਤੇ ਗਏ। ਵਧੀਆ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਇਨਾਮ ਵੀ ਦਿੱਤੇ ਗਏ ਅਤੇ ਬਾਕੀ ਬੱਚਿਆਂ ਨੂੰ ਨੋਡਲ ਅਫਸਰ ਵਿਜੇ ਵੱਲੋਂ ਪ੍ਰੇਰਨਾ ਲੈਣ ਲਈ ਪ੍ਰੇਰਿਤ ਕੀਤਾ ਗਿਆ। ਕੁਮਾਰ ਨੇ ਸੁਝਾਅ ਦਿੱਤਾ ਕਿ ਸਕੂਲ ਵਿੱਚ ਵਧੀਆ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਦੇ ਬਲਾਕ ਪੱਧਰੀ ਮੁਕਾਬਲੇ ਕਰਵਾਏ ਜਾਣ ਅਤੇ ਉਨ੍ਹਾਂ ਨੂੰ ਸਨਮਾਨਿਤ ਵੀ ਕੀਤਾ ਜਾਵੇ। ਸਕੂਲ ਕਮੇਟੀਆਂ ਅਤੇ ਮਾਪਿਆਂ ਨੇ ਸਮਰ ਕੈਂਪ ਦਾ ਆਯੋਜਨ ਕਰਕੇ ਖ਼ੁਸ਼ੀ ਦਾ ਪ੍ਰਗਟਾਵਾ ਕੀਤਾ। ਇਸ ਮੌਕੇ ਉਨ੍ਹਾਂ ਨਾਲ ਪ੍ਰਿੰਸੀਪਲ ਸਸੀਕਿਰਨ, ਇੰਚਾਰਜ ਅਰਵਿੰਦ, ਅਜੀਤ ਸਿੰਘ ਭਾਟੀਆ, ਗੁਰਮੀਤ ਕੌਰ, ਰਜਿੰਦਰ ਸਿੰਘ, ਜਸਪਾਲ ਸਿੰਘ ਆਦਿ ਹਾਜ਼ਰ ਸਨ।

# ਨਵਤੇਜ ਕੌਰ ਭੰਗੂ ਵੱਲੋਂ 15 ਰੋਜ਼ਾ ਸਮਰ ਕੈਂਪ ਦਾ ਨਿਰੀਖਣ



**ਬੁਤਾਲਾ (ਨਿਰਮਲ ਸੰਘਾ)**-ਜ਼ਿਲ੍ਹਾ ਸਿੱਖਿਆ ਅਫਸਰ ਸੁਸ਼ੀਲ ਕੁਮਾਰ ਤੁਲੀ ਦੇ ਨਿਰਦੇਸ਼ਾਂ 'ਤੇ ਬੀ. ਐੱਨ. ਓ. ਨਵਤੇਜ ਕੌਰ ਭੰਗੂ ਵਲੋਂ ਬਲਾਕ ਰਈਆ-1 ਦੇ ਵੱਖ-ਵੱਖ ਸਰਕਾਰੀ ਸਕੂਲਾਂ ਵਿਚ ਲੱਗੇ ਸਮਰ ਕੈਂਪ ਦਾ ਨਿਰੀਖਣ ਕੀਤਾ ਗਿਆ। ਨਵਤੇਜ ਕੌਰ ਭੰਗੂ ਨੇ ਕਿਹਾ ਕਿ ਛੇਵੀਂ ਜਮਾਤ ਤੋਂ 8 ਵੀਂ ਜਮਾਤ ਤੱਕ ਦੇ ਬੱਚਿਆਂ ਦਾ ਸਕਿੱਲ ਭਰਪੂਰ ਬਣਾਉਣ ਲਈ ਬਲਾਕ ਰਈਆਂ -1 ਵੱਖ-ਵੱਖ ਸਰਕਾਰੀ ਸਕੂਲਾਂ ਵਿਚ 15 ਰੋਜ਼ਾ ਸਮਰ ਕੈਂਪ ਲਗਾਏ ਗਏ ਹਨ। ਉਨ੍ਹਾਂ ਨੇ ਕਿਹਾ ਕਿ ਬੱਚਿਆਂ ਨੂੰ ਬੌਧਿਕ, ਰਚਨਾਤਮਿਕ ਅਤੇ ਕਿਰਿਆਤਮਿਕ ਪੱਧਰ 'ਤੇ ਯੋਗ ਬਣਾਉਣ ਲਈ ਸਿੱਖਿਆ ਦਿੱਤੀ ਜਾਵੇਗੀ ਤੇ ਬੱਚਿਆਂ ਦਾ ਹਰ ਪੱਖ ਤੋਂ ਖਿਆਲ ਰੱਖਿਆ ਜਾਵੇਗਾ ਤੇ ਘਰੇਲੂ, ਸਮਾਜਿਕ, ਅਤੇ ਸਿੱਖਿਆ ਖੇਤਰ ਵਿਚ ਨਿਪੁੰਨ ਬਣਾਉਣ ਲਈ ਯੋਗ ਸਿੱਖਿਆ ਪ੍ਰਦਾਨ ਕੀਤੀ ਜਾਵੇਗੀ ਅਤੇ ਬੱਚਿਆਂ ਦੇ ਲਈ ਬਣਾਈ ਗਈ ਖੇਡ ਬੱਚਿਆਂ ਲਈ ਵਿਸ਼ੇਸ਼ ਤੌਰ 'ਤੇ ਖਿੱਚ ਦਾ ਕੇਂਦਰ ਰਹੇਗੀ। ਉਨ੍ਹਾਂ ਨੇ ਕਿਹਾ ਕਿ ਸਮਰ ਕੈਂਪ ਵਿਚ ਬੱਚੇ ਵੱਧ-ਚੜ੍ਹ ਕੇ ਹਿੱਸਾ ਲੈ ਰਹੇ ਹਨ। ਇਸ ਮੌਕੇ ਮੁੱਖ ਅਧਿਆਪਕਾ ਰਾਜਪਾਲ ਕੌਰ, ਸਿਧਾਰਥ ਸ਼ਰਮਾ, ਮਾ: ਜਗੀਰ ਸਿੰਘ, ਵਰਿੰਦਰਪਾਲ ਸਿੰਘ, ਲਵਜੀਤ ਸਿੰਘ, ਮੈਡਮ ਨਿਰਮਲ ਕੌਰ, ਰਜਵੰਤ ਕੌਰ, ਰਿੰਪਲ ਜੋਧੇ, ਸਦਾਜੀਤ ਕੌਰ, ਮਨਦੀਪ ਫੱਤੂਵਾਲ, ਮਨਦੀਪ ਕੌਰ ਆਦਿ ਹਾਜ਼ਰ ਸਨ।

# ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਨਤੀਜੇ

**ਅੰਮ੍ਰਿਤਸਰ ( ਜਸਬੀਰ ਸਿੰਘ ਪੱਟੀ )** - ਗੁਰੂ ਨਾਨਕ ਦੇਵ ਯੂਨੀਵਰਸਿਟੀ ਵੱਲੋਂ ਮਈ 2023 ਸੈਸ਼ਨ ਦੇ ਬੈਚੁਲਰ ਆਫ ਕੰਪਿਊਟਰ ਐਪਲੀਕੇਸ਼ਨ ਸਮੈਸਟਰ ਸੱਤਵਾਂ ਅਤੇ ਬੀ.ਐਸ.ਸੀ. ਫੈਸ਼ਨ ਡਿਜ਼ਾਇਨਿੰਗ ਸਮੈਸਟਰ ਸੱਤਵਾਂ ਦੀਆਂ ਪ੍ਰੀਖਿਆਵਾਂ ਦਾ ਨਤੀਜਾ ਦਾ ਐਲਾਨ ਕਰ ਦਿੱਤਾ ਗਿਆ ਹੈ। ਇਹ ਯੂਨੀਵਰਸਿਟੀ ਦੀ ਵੈਬਸਾਈਟ 'ਤੇ ਉਪਲਬਧ ਹੋਵੇਗਾ। ਇਹ ਜਾਣਕਾਰੀ ਪ੍ਰੋਫੈਸਰ ਇੰਚਾਰਜ ਪ੍ਰੀਖਿਆਵਾਂ, ਪ੍ਰੋ. ਪਲਵਿੰਦਰ ਸਿੰਘ ਨੇ ਦਿੱਤੀ।

# ਪੰਜ ਰੋਜ਼ਾ ਮਨੋਹਰ ਸ਼ਖਸੀਅਤ ਉਸਾਰੀ ਕੈਂਪ ਲਗਾਇਆ



**ਸਰਹਾਲੀ ਕਲਾਂ (ਹਰਪ੍ਰੀਤ ਸਿੰਘ ਚੰਬਾ)**-ਗੁਰੂ ਨਾਨਕ ਮਲਟੀਵਰਸਿਟੀ ਅਤੇ ਐਜੂਕੇਟ ਪੰਜਾਬ ਪ੍ਰੋਜੈਕਟ ਵੱਲੋਂ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹੀਦੀ ਨੂੰ ਸਮਰਪਿਤ ਮਨੋਹਰ ਸ਼ਖਸੀਅਤ ਉਸਾਰੀ ਕੈਂਪ (ਸਮਰ ਕੈਂਪ 2023) ਗੁ: (ਜਨਮ ਅਸਥਾਨ) ਬਾਬਾ ਅਦਲੀ ਜੀ, ਚੋਹਲਾ ਸਾਹਿਬ ਵਿਖੇ 1 ਜੁਲਾਈ 2023 ਤੋਂ 5 ਜੁਲਾਈ 2023 ਤੱਕ ਲਗਾਇਆ ਗਿਆ, ਜਿਸ ਵਿੱਚ ਗੁਰੂ ਗੋਬਿੰਦ ਸਿੰਘ ਕਾਨਵੈਂਟ ਸਕੂਲ, ਸੁਹਾਵਾ ਦੇ ਵਿਦਿਆਰਥੀਆਂ ਨੇ ਹਿੱਸਾ ਲੈ ਕੇ ਸਿੱਖ ਧਰਮ ਬਾਰੇ ਜਾਣਕਾਰੀ ਪ੍ਰਾਪਤ ਕੀਤੀ। ਸੰਸਥਾ ਵੱਲੋਂ ਵਿਦਿਆਰਥੀਆਂ ਨੂੰ ਸਨਮਾਨਿਤ ਵੀ ਕੀਤਾ ਗਿਆ। ਇਹ ਗੱਲ ਧਿਆਨ ਵਿੱਚ ਲਿਆਉਣ ਯੋਗ ਹੈ ਕਿ ਇਹ ਸਕੂਲ ਸੰਪਰਦਾਇ ਕਾਰ ਸੇਵਾ ਸੰਤ ਬਾਬਾ ਤਾਰਾ ਸਿੰਘ ਜੀ ਸਰਹਾਲੀ ਸਾਹਿਬ ਦੇ ਮੁਖੀ ਸੰਤ ਬਾਬਾ ਸੁੱਖਾ ਸਿੰਘ ਜੀ ਦੀ ਸਰਪਰਸਤੀ ਹੇਠ ਚਲਦਿਆਂ ਹੋਇਆਂ ਦਿਨ-ਰਾਤ ਤਰੱਕੀ ਦੀ ਰਾਹ 'ਤੇ ਚਲ ਰਿਹਾ ਹੈ। ਖੇਡਾਂ ਅਤੇ ਧਾਰਮਿਕ ਖੇਤਰ ਵਿੱਚ ਇਸ ਸਕੂਲ ਦੇ ਬੱਚਿਆਂ ਨੇ ਕਈ ਮੁਕਾਬਲਿਆਂ ਵਿੱਚ ਚੰਗੀਆਂ ਪੁਜ਼ੀਸ਼ਨਾਂ ਹਾਸਿਲ ਕੀਤੀਆ ਹਨ। ਸਕੂਲ ਦੀ ਪ੍ਰਿੰਸੀਪਲ ਡਾ. ਰਿਤੂ ਨੇ ਦੱਸਿਆ ਕਿ ਧਾਰਮਿਕ ਸਿੱਖਿਆਂ ਦੇ ਇੰਚਾਰਜ ਮੈਡਮ ਗੁਰਪ੍ਰੀਤ ਕੌਰ ਬੜੀ ਲਗਨ ਨਾਲ ਬੱਚਿਆਂ ਨੂੰ ਧਾਰਮਿਕ ਸਿੱਖਿਆ ਦੇ ਰਹੇ ਹਨ।

# ਜਤਿੰਦਰ ਸਿੰਘ ਸ਼ਿੰਗਾਰੀ ਨੇ ਮਾਰਕੀਟ ਕਮੇਟੀ ਮਜੀਠਾ ਦੇ ਸੈਕਟਰੀ ਵਜੋਂ ਅਹੁਦਾ ਸੰਭਾਲਿਆ



**ਮਜੀਠਾ (ਸੋਇਮ ਆਨੰਦ)**-ਪੰਜਾਬ ਸਰਕਾਰ ਅਤੇ ਮੰਡੀਕਰਨ ਬੋਰਡ ਪੰਜਾਬ ਵੱਲੋਂ ਸਰਕਾਰੀ ਦਫਤਰਾਂ ਦੇ ਪ੍ਰਬੰਧਕੀ ਢਾਂਚੇ ਵਿਚ ਸੁਧਾਰ ਲਿਆਉਣ ਦੇ ਮੰਤਵ ਨਾਲ ਸਮੇਂ-ਸਮੇਂ 'ਤੇ ਪ੍ਰਸ਼ਾਸਨਿਕ ਅਧਿਕਾਰੀਆਂ ਦੇ ਤਬਾਦਲੇ ਅਤੇ ਨਿਯੁਕਤੀਆਂ ਕੀਤੀਆਂ ਜਾਂਦੀਆਂ ਹਨ। ਇਸੇ ਤਹਿਤ ਮਾਰਕੀਟ ਕਮੇਟੀ ਮਜੀਠਾ ਵਿਖੇ ਜਤਿੰਦਰ ਸਿੰਘ ਸ਼ਿੰਗਾਰੀ ਦੀ ਬਦਲੀ ਸੈਕਟਰੀ ਦੇ ਤੌਰ 'ਤੇ ਕੀਤੀ ਗਈ ਹੈ। ਇਸ ਤੋ ਪਹਿਲਾਂ ਇਥੇ ਡਿਪਟੀ ਜ਼ਿਲ੍ਹਾ ਮੰਡੀ ਅਫਸਰ ਰਮਨਦੀਪ ਸਿੰਘ ਥਿੰਦ ਕੋਲ ਮਾਰਕੀਟ ਕਮੇਟੀ ਮਜੀਠਾ ਦਾ ਵਾਧੂ ਚਾਰਜ ਸੀ।

ਜਤਿੰਦਰ ਸਿੰਘ ਸ਼ਿੰਗਾਰੀ ਨੇ ਬਤੌਰ ਸੈਕਟਰੀ ਆਪਣੇ ਅਹੁਦੇ ਦਾ ਕਾਰਜਭਾਰ ਸੰਭਾਲ ਲਿਆ ਹੈ। ਮਾਰਕੀਟ ਕਮੇਟੀ ਮਜੀਠਾ ਵਿਖੇ ਆਪਣੀ ਇਸ ਪਲੇਠੀ ਮੀਟਿੰਗ ਵਿਚ ਉਨ੍ਹਾਂ ਨੇ ਦਫਤਰ ਦੇ ਸਮੂਹ ਅਧਿਕਾਰੀਆਂ ਅਤੇ ਕਰਮਚਾਰੀਆਂ ਪਾਸੋਂ ਦਫਤਰ ਦੇ ਸੁਚੱਜੇ ਪ੍ਰਬੰਧ ਲਈ ਸਹਿਯੋਗ ਦੀ ਮੰਗ ਕੀਤੀ ਅਤੇ ਨਾਲ ਹੀ ਹਦਾਇਤਾਂ ਕੀਤੀਆਂ ਕਿ ਡਿਊਟੀ ਵਿੱਚ ਕੁਤਾਹੀ ਕਿਸੇ ਕੀਮਤ 'ਤੇ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਕਣਕ ਅਤੇ ਝੋਨੇ ਦੇ ਸੀਜ਼ਨ ਦੌਰਾਨ ਦਾਣਾ ਮੰਡੀਆਂ ਵਿਚ ਆੜ੍ਹਤੀਆਂ, ਕਿਸਾਨਾਂ ਅਤੇ ਮਜ਼ਦੂਰਾਂ ਦੀਆਂ ਸਮੱਸਿਆਵਾਂ ਦਾ ਖਾਸ ਖਿਆਲ ਰੱਖਿਆ ਜਾਵੇਗਾ ਅਤੇ ਕਿਸੇ ਨੂੰ ਕਿਸੇ ਮੁਸ਼ਕਲ ਦਾ ਸਾਹਮਣਾ ਨਹੀਂ ਕਰਨਾ ਪਵੇਗਾ। ਇਸ ਮੌਕੇ ਮੰਡੀ ਸੁਪਰਵਾਈਜ਼ਰ ਕੁਲਦੀਪ ਸਿੰਘ ਕਾਹਲੋਂ, ਸਤੀਸ਼ ਸ਼ਰਮਾ, ਹਰਜਿੰਦਰ ਸਿੰਘ, ਨਿਤਿਸ਼ ਅਗਨੀਹੋਤਰੀ, ਸ਼ਿਵ ਸਿੰਧਰਾ ਅਤੇ ਹਰਦੀਪ ਸਿੰਘ ਆਦਿ ਹਾਜ਼ਰ ਸਨ।

# ਸੇਵਾ ਕੇਂਦਰਾਂ 'ਚ ਸਮਾਂਬੱਧ ਤਰੀਕੇ ਨਾਲ ਲੋਕਾਂ ਨੂੰ ਸੇਵਾਵਾਂ ਮੁਹੱਈਆ ਕਰਵਾਈਆਂ ਜਾ ਰਹੀਆਂ : ਡੀ ਸੀ

**ਪਠਾਨਕੋਟ (ਦਵਿੰਦਰ ਸਿੰਘ)**- ਹਰਬੀਰ ਸਿੰਘ ਡਿਪਟੀ ਕਮਿਸ਼ਨਰ ਪਠਾਨਕੋਟ ਦੀ ਅਗਵਾਈ ਹੇਠ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਨਵੀਂ ਪੁਲਾਂਘ ਪੁੱਟਦਿਆਂ ਈ-ਸੇਵਾ ਪੈਂਡੰਸੀ ਨਿੱਲ ਕਰਦਿਆਂ ਈ-ਸੇਵਾ ਦੇਣ ਵਿੱਚ ਸੂਬੇ ਭਰ ਵਿੱਚੋਂ ਪਹਿਲਾ ਸਥਾਨ ਪ੍ਰਾਪਤ ਕਰਨ ਵਿਚ ਸਫਲਤਾ ਹਾਸਲ ਕੀਤੀ ਹੈ। ਜ਼ਿਕਰਯੋਗ ਹੈ ਕਿ ਇਸ ਸਮੇਂ ਲੋਕਾਂ ਨੂੰ ਈ ਸੇਵਾ ਅਤੇ ਸੇਵਾ ਕੇਂਦਰਾਂ ਦੀਆਂ ਸੇਵਾਵਾਂ ਦੇਣ ਲਈ 16 ਸੇਵਾ ਕੇਂਦਰ ਕੰਮ ਕਰ ਰਹੇ ਹਨ ਅਤੇ 7 ਜੁਲਾਈ 2022 ਤੋਂ ਲੈ ਕੇ 6 ਜੁਲਾਈ 2023 ਤੱਕ ਕਰੀਬ 1 ਲੱਖ 52 ਹਜ਼ਾਰ ਲੋਕਾਂ ਵੱਲੋਂ ਸੇਵਾਵਾਂ ਪ੍ਰਾਪਤ ਕੀਤੀਆਂ ਗਈਆਂ ਹਨ। ਇਸ ਤੋਂ ਇਲਾਵਾ ਲੋਕਾਂ ਦੀ ਸਹੂਲਤ ਲਈ ਸ਼ਨੀਵਾਰ ਅਤੇ ਐਤਵਾਰ ਦੇ ਦਿਨ ਵੀ ਸੇਵਾ ਕੇਂਦਰ ਖੁੱਲ੍ਹੇ ਰਹਿੰਦੇ ਹਨ ਤਾਂ ਜੋ ਲੋਕਾਂ ਨੂੰ ਸੇਵਾ ਕੇਂਦਰਾਂ ਤੋਂ ਸੇਵਾਵਾਂ ਮਿਲਦੀਆਂ ਰਹਿਣ। ਹਰਬੀਰ ਸਿੰਘ ਡਿਪਟੀ ਕਮਿਸ਼ਨਰ ਪਠਾਨਕੋਟ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਪੁਜ਼ੀਸ਼ਨ ਵਿਚ ਪੁਹੰਚਣ ਲਈ ਵੱਖ-ਵੱਖ ਵਿਭਾਗਾਂ ਵੱਲੋਂ ਪੂਰੀ ਮਿਹਨਤ ਤੇ ਲਗਨ ਨਾਲ ਈ-ਸੇਵਾ ਪੈਂਡੰਸੀ ਨਿੱਲ ਕਰਨ ਵਿੱਚ ਸ਼ਲਾਘਾਯੋਗ ਉਪਰਾਲਾ ਕੀਤਾ ਗਿਆ, ਜਿਸ ਦੇ ਚੱਲਦਿਆਂ ਹੀ ਪਠਾਨਕੋਟ ਵੱਲੋਂ ਮੋਹਰੀ ਸਥਾਨ ਹਾਸਲ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਪਠਾਨਕੋਟ ਦੀ ਪੈਂਡੰਸੀ ਜ਼ੀਰੋ ਪ੍ਰਤੀਸ਼ਤ ਹੋ ਗਈ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਵਿਸ ਐਕਟ 2018 ਤਹਿਤ ਲੋਕਾਂ ਨੂੰ ਪਾਰਦਰਸ਼ੀ ਢੰਗ ਨਾਲ ਸੇਵਾਵਾਂ ਮੁਹੱਈਆ ਕਰਵਾਉਣ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਹਮੇਸ਼ਾ ਯਤਨ ਕੀਤੇ ਜਾਂਦੇ ਹਨ ਅਤੇ ਉਨ੍ਹਾਂ ਦੀ ਹਮੇਸ਼ਾ ਪਹਿਲ ਰਹੀ ਹੈ ਕਿ ਲੋਕਾਂ ਨੂੰ ਦਫਤਰਾਂ ਵਿਚ ਵਾਰ ਵਾਰ ਚੱਕਰ ਨਾ ਲਗਾਉਣੇ ਪੈਣ। ਉਨ੍ਹਾਂ ਕਿਹਾ ਕਿ ਸੇਵਾ ਕੇਂਦਰਾਂ ਰਾਹੀਂ ਲੋਕਾਂ ਨੂੰ ਸਮਾਂਬੱਧ ਤਰੀਕੇ ਨਾਲ ਸੇਵਾਵਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਹਰਬੀਰ ਸਿੰਘ ਨੇ ਅੱਗੇ ਕਿਹਾ ਕਿ ਉਨ੍ਹਾਂ ਦੀ ਹਮੇਸ਼ਾ ਇਹੀ ਕੋਸ਼ਿਸ ਰਹੀ ਹੈ ਕਿ ਲੋਕਾਂ ਨੂੰ ਪਹਿਲ ਦੇ ਅਧਾਰ 'ਤੇ ਸਰਕਾਰ ਵੱਲੋਂ ਮੁਹੱਈਆ ਕਰਵਾਈਆਂ ਜਾ ਰਹੀਆਂ ਸਹੂਲਤਾਂ ਬਿਨਾਂ ਕਿਸੇ ਦੇਰੀ ਦੇ ਪਹੁੰਚਣ ਅਤੇ ਇਸ ਸੰਬੰਧੀ ਉਨ੍ਹਾਂ ਵੱਲੋਂ ਲਗਾਤਾਰ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕਰਕੇ ਰੀਵਿਊ ਕੀਤਾ ਜਾਂਦਾ ਹੈ।

# ਬੀ ਐੱਡ 'ਚ ਦਾਖਲੇ ਲਈ ਹੈਲਪ ਡੈਸਕ ਸਥਾਪਿਤ



**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**- ਬਾਬਾ ਬੰਦਾ ਸਿੰਘ ਬਹਾਦਰ ਕਾਲਜ ਆਫ ਐਜੂਕੇਸਨ ਧਾਰੀਵਾਲ ਵਿਖੇ ਬੀਐੱਡ. ਕੋਰਸ ਵਿੱਚ ਸੈਸ਼ਨ 2023-2024 ਦੇ ਦਾਖਲੇ ਲਈ ਪੰਜਾਬ ਸਰਕਾਰ ਵੱਲੋਂ ਲਈ ਜਾ ਰਹੀ ਦਾਖਲਾ ਪ੍ਰੀਖਿਆ ਜੋ ਕਿ 30 ਜੁਲਾਈ 2023 ਨੂੰ ਹੋਣ ਜਾ ਰਹੀ ਹੈ, ਵਿੱਚ ਵਿਦਿਆਰਥੀਆਂ ਨੂੰ ਸਹਿਯੋਗ ਦੇਣ ਲਈ ਹੈਲਪ ਡੈਸਕ ਸਥਾਪਿਤ ਕੀਤਾ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਸੰਸਥਾ ਦੇ ਚੇਅਰਮੈਨ ਅਮਰਜੀਤ ਸਿੰਘ ਚਾਹਲ ਨੇ ਦੱਸਿਆ ਕਿ ਹੈਲਪ ਡੈਸਕ ਵਿਦਿਆਰਥੀਆਂ ਨੂੰ ਆਨ ਲਾਈਨ ਫਾਰਮ ਭਰਨ ਦੇ ਨਾਲ-ਨਾਲ ਵਿਸ਼ਿਆਂ ਦੀ ਚੋਣ ਕਰਨ ਸਬੰਧੀ ਹਰ ਤਰ੍ਹਾਂ ਦੀ ਤਕਨੀਕੀ ਜਾਣਕਾਰੀ ਮੁਹੱਈਆਂ ਕਰਵਾ ਰਿਹਾ ਹੈ। ਲੋੜਵੰਦ ਵਿਦਿਆਰਥੀ ਕਾਲਜ ਦੇ ਹੈਲਪ ਲਾਈਨ ਨੰ:94634-94634, 98141-98234 ਤੇ ਸੰਪਰਕ ਕਰਕੇ ਇਸ ਸਹੂਲਤ ਦਾ ਲਾਭ ਉਠਾ ਸਕਦੇ ਹਨ। ਉਨ੍ਹਾਂ ਦੱਸਿਆ ਕਿ ਪ੍ਰਿੰਸੀਪਲ ਡਾ. ਮਨਦੀਪ ਢਿਲੋਂ ਦੀ ਯੋਗ ਅਗਵਾਈ ਹੇਠ ਜਸ਼ਨਦੀਪ ਕੌਰ ਅਤੇ ਸੁਖਦੀਪ ਸਿੰਘ ਵਿਦਿਆਰਥੀਆਂ ਨੂੰ ਹਰ ਤਰ੍ਹਾਂ ਦੀ ਜਾਣਕਾਰੀ ਉਪਲੱਬਧ ਕਰਵਾ ਰਹੇ ਹਨ। ਚੇਅਰਮੈਨ ਚਾਹਲ ਨੇ ਦੱਸਿਆ ਕਿ ਹੈਲਪ ਡੈਸਕ ਵੱਲੋਂ ਦਾਖਲਾ ਪ੍ਰੀਖਿਆ ਨਾਲ ਸਬੰਧਤ ਹਰ ਤਰ੍ਹਾਂ ਦੀ ਜਾਣਕਾਰੀ ਦੇਣ ਦੇ ਨਾਲ ਨਾਲ ਵਿਦਿਆਰਥੀਆਂ ਦੀ ਆਨਲਾਈਨ ਰਜਿਸਟ੍ਰੇਸ਼ਨ ਵੀ ਮੁਫਤ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਰੋਜ਼ਾਨਾ ਅਨੇਕਾਂ ਵਿਦਿਆਰਥੀ ਇਸ ਹੈਲਪ ਡੈਸਕ ਤੋਂ ਅਗਵਾਈ ਹਾਸਲ ਕਰਕੇ ਦਾਖਲਾ ਟੈਸਟ ਭਰ ਰਹੇ ਹਨ ਅਤੇ ਦਾਖਲਾ ਪ੍ਰੀਖਿਆ ਲਈ ਆਨਲਾਈਨ ਰਜਿਸਟ੍ਰੇਸ਼ਨ ਫਾਰਮ ਭਰੇ ਜਾ ਰਹੇ ਹਨ।

# ਪੀਰ ਬਾਬਾ ਚਿਰਾਗ ਸ਼ਾਹ ਵਲੀ ਦਾ ਸਾਲਾਨਾ ਮੇਲਾ ਸ਼ਰਧਾ ਨਾਲ ਮਨਾਇਆ



**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**- ਸਥਾਨਕ ਕਸਬੇ ਦੇ ਮੁਹੱਲਾ ਬੋਹੜ ਵਾਲਾ ਨਜ਼ਦੀਕ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਲੜਕੀਆਂ ਵਿਖੇ ਪੀਰ ਬਾਬਾ ਚਿਰਾਗ ਸ਼ਾਹ ਵਲੀ ਦਾ ਸਲਾਨਾ ਮੇਲਾ ਬੜੀ ਸ਼ਰਧਾ ਤੇ ਧੂਮਧਾਮ ਨਾਲ ਮਨਾਇਆ ਗਿਆ। ਇਸ ਮੌਕੇ ਮੁਹੱਲਾ ਬੋਹੜ ਵਾਲਿਆਂ ਵੱਲੋਂ ਆਪਣੇ ਸਮੂਹ ਪਰਵਾਰਾਂ ਨੂੰ ਨਾਲ ਲੈ ਕੇ ਪੀਰ ਬਾਬਾ ਚਿਰਾਗ ਸ਼ਾਹ ਵਲੀ ਦੀ ਜਗ੍ਹਾ 'ਤੇ ਚਾਦਰ ਚੜ੍ਹਾਈ ਤੇ ਪੀਰਾਂ ਦੀ ਜਗ੍ਹਾ 'ਤੇ ਜੋਤ ਜਗਾ ਕੇ ਪੂਜਾ ਅਰਚਨਾ ਕੀਤੀ ਗਈ। ਸਮੂਹ ਪਰਵਾਰਾਂ ਦੇ ਸਹਿਯੋਗ ਨਾਲ ਮੁਹੱਲਾ ਨਿਵਾਸੀਆਂ ਵੱਲੋਂ ਸੰਗਤ ਲਈ ਲੰਗਰ ਅਤੇ ਛਬੀਲ ਲਗਾਈ ਗਈ ਅਤੇ ਵੱਖ-ਵੱਖ ਕਵਾਲਾਂ ਵੱਲੋਂ ਪੀਰਾਂ ਫਕੀਰਾਂ ਦੀ ਮਹਿਮਾ ਦਾ ਗੁਣ-ਗਾਣ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਇਸ ਮੌਕੇ ਸਮੂਹ ਪਰਵਾਰਾਂ ਨੇ ਆਪਣੇ ਬੱਚਿਆਂ ਸਮੇਤ ਪੀਰ ਬਾਬਾ ਚਿਰਾਗ ਸ਼ਾਹ ਵਲੀ ਦੀ ਜਗ੍ਹਾ 'ਤੇ ਬੜੀ ਸ਼ਰਧਾ ਤੇ ਪ੍ਰੇਮ ਨਾਲ ਪੂਜਾ ਅਰਚਨਾ ਕੀਤੀ ਤੇ ਪੀਰ ਬਾਬਾ ਜੀ ਦਾ ਅਸ਼ੀਰਵਾਦ ਪ੍ਰਾਪਤ ਕੀਤਾ। ਇਸ ਮੌਕੇ ਪ੍ਰੇਮ ਨਾਥ, ਵਿੱਛੂ ਮਲਿਕ, ਅਰੁਨ ਮਲਿਕ, ਸਿਕੰਦਰ ਭੱਟੀ, ਬੌਬੀ ਖੋਸਲਾ, ਸੌਰਵ ਮਲਿਕ, ਵਿਦੇ ਕੁਮਾਰ, ਹਰਸ਼ ਖੋਸਲਾ, ਸਾਵਰ ਖੋਸਲਾ, ਸੋਮਨਾਥ, ਮੁਨੀਸ਼ ਮਲਿਕ, ਅਮਨ ਮਲਿਕ, ਹੈਪੀ, ਜਤਿੰਦਰ ਕੁਮਾਰ, ਧਰਮਪਾਲ, ਕਾਲੀ ਦਾਸ, ਰਾਜ ਕੁਮਾਰ ਅਤੇ ਰਜਤ ਮਲਿਕ ਆਦਿ ਤੋਂ ਇਲਾਵਾ ਸੰਗਤਾਂ ਵੱਡੀ ਗਿਣਤੀ ਵਿਚ ਹਾਜ਼ਰ ਸਨ ।

# ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਵਿਖੇ ਸਮਰ ਕੈਂਪ ਆਯੋਜਿਤ




**ਡੇਰਾ ਬਾਬਾ ਨਾਨਕ (ਰਮੇਸ਼ ਕੁਮਾਰ)**-ਸਿੱਖਿਆ ਵਿਭਾਗ ਅਤੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਤੇ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਡੇਰਾ ਬਾਬਾ ਨਾਨਕ ਦੇ ਪ੍ਰਿੰਸੀਪਲ ਮੈਡਮ ਰੁਪਿੰਦਰ ਧਾਲੀਵਾਲ ਦੀ ਯੋਗ ਅਗਵਾਈ ਹੇਠ ਸਕੂਲ ਦੇ ਸਮੂਹ ਸਟਾਫ ਵੱਲੋਂ 6ਵੀਂ ਤੋਂ 8ਵੀਂ ਜਮਾਤ ਦੀਆਂ ਵਿਦਿਆਰਥਣਾਂ ਲਈ ਸਮਰ ਕੈਂਪ ਲਗਾਏ ਜਾ ਰਹੇ ਹਨ। ਇਸ ਸਮਰ ਕੈਂਪ ਸਬੰਧੀ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਪ੍ਰਿੰਸੀਪਲ ਰੁਪਿੰਦਰਜੀਤ ਧਾਲੀਵਾਲ ਨੇ ਦੱਸਿਆ ਕਿ ਸਿੱਖਿਆ ਵਿਭਾਗ ਵੱਲੋ ਭੇਜੀਆਂ ਜਾਂਦੀਆਂ ਜਮਾਤ ਵਾਇਜ਼ ਵੱਖ-ਵੱਖ ਗਤੀਵਿਧੀਆਂ ਕਰਵਾਈਆਂ ਜਾ ਰਹੀਆਂ ਹਨ ਤਾਂ ਜੋ ਵਿਦਿਆਰਥਣਾਂ ਦਾ ਸਰਬਪੱਖੀ ਵਿਕਾਸ ਹੋ ਸਕੇ। ਇਸ ਮੌਕੇ ਵਿਦਿਆਰਥਣਾਂ ਨੇ ਬੜੇ ਹੀ ਉਤਸ਼ਾਹ ਨਾਲ ਸਮਰ ਕੈਂਪ ਦੌਰਾਨ ਕਰਵਾਈਆਂ ਜਾ ਰਹੀਆਂ ਗਤੀਵਿਧੀਆਂ ਵਿੱਚ ਭਾਗ ਲਿਆ। ਇਸ ਦੌਰਾਨ ਮੈਡਮ ਕੰਵਲਜੀਤ ਸੋਢੀ, ਦਵਿੰਦਰ ਕੌਰ (ਬਾਇਓ ਲੈਕਚਰਾਰ), ਗੁਰਮੀਤ ਕੌਰ (ਲਾਇਬ੍ਰੇਰੀਅਨ), ਸੁਖਜਿੰਦਰ ਕੌਰ (ਕੰਪਿਊਟਰ ਫੈਕਲਟੀ), ਅਮਨਪ੍ਰੀਤ ਕੌਰ (ਕੰਪਿਊਟਰ ਫੈਕਲਟੀ), ਪਰਮਜੀਤ ਕੌਰ (ਮੈਥ ਮਿਸਟ੍ਰੈਸ) ਪੰਕਜ ਜਸਵਾਲ (ਸਾਇੰਸ ਮਿਸਟ੍ਰੈਸ), ਪਲਵੀ ਮਹਾਜਨ (ਵੋਕੇਸ਼ਨਲ ਟ੍ਰੇਨਰ), ਪੂਜਾ ਦੇਵੀ (ਮੈਥ ਮਿਸਟ੍ਰੈਸ), ਗਗਨਦੀਪ ਕੌਰ (ਇੰਗਲਿਸ਼ ਮਿਸਟ੍ਰੈਸ), ਸੁਖਦੀਪ ਕੌਰ (ਮੈਥ ਟੀਚਰ) , ਸਤਨਾਮ ਸਿੰਘ (ਵੋਕੇਸ਼ਨਲ ਟ੍ਰੇਨਰ), ਜਗਜੀਤ ਸਿੰਘ (ਕੰਪਿਊਟਰ ਫੈਕਲਟੀ) ਆਦਿ ਅਧਿਆਪਕ ਹਾਜ਼ਰ ਸਨ।

# ਤਾਲਮੇਲ ਕਮੇਟੀ ਤੇ ਪੈਰਾ ਮੈਡੀਕਲ ਤੇ ਸਿਹਤ ਵਿਭਾਗ ਦੇ ਕਰਮਚਾਰੀਆਂ ਦੀ ਭੁੱਖ ਹੜਤਾਲ ਚੌਥੇ ਦਿਨ ਵੀ ਜਾਰੀ



**ਪੱਟੀ (ਬਲਦੇਵ ਸਿੰਘ ਸੰਧੂ /ਸਮਸੇਰ ਸਿੰਘ ਯੋਧਾ)**-ਤਾਲਮੇਲ ਕਮੇਟੀ ਪੈਰਾ ਮੈਡੀਕਲ ਅਤੇ ਸਿਹਤ ਕਰਮਚਾਰੀ ਪੰਜਾਬ ਵੱਲੋਂ ਸਿਵਲ ਹਸਪਤਾਲ ਪੱਟੀ ਵੱਲੋਂ ਆਪਣੀਆਂ ਰੁਕੀਆਂ ਤਨਖਾਹਾਂ ਨੂੰ ਲੈ ਕੇ ਭੁੱਲ ਹੜਤਾਲ ਚੌਥੇ ਦਿਨ ਵੀ ਰੋਸ ਵਜੋਂ ਹੜਤਾਲ ਜਾਰੀ ਰਹੀ। ਗੁਰਮੀਤ ਕੌਰ, ਮਨਜੀਤ ਕੌਰ, ਉਰਮਿਲਾ ਰਾਣੀ ਭੁੱਖ ਹੜਤਾਲ 'ਤੇ ਬੈਠੀਆਂ। ਭੁੱਖ ਹੜਤਾਲ 'ਤੇ ਬੈਠੇ ਕਰਮਚਾਰੀ ਮੰਗ ਕਰ ਰਹੇ ਸਨ ਕਿ ਪਿਛਲੇ 8-9 ਮਹੀਨਿਆਂ ਤੋਂ ਰੁਕੀਆਂ ਤਨਖਾਹਾਂ ਨਾ ਮਿਲਣ 'ਤੇ ਮੁਲਾਜ਼ਮਾਂ ਦੇ ਘਰਾਂ ਦੇ ਚੁੱਲ੍ਹੇ ਠੰਢੇ ਪਏ ਹਨ । ਬੱਚਿਆਂ ਦੀਆਂ ਫੀਸਾਂ ਨਹੀਂ ਦਿੱਤੀਆਂ ਗਈਆਂ, ਦੁਕਾਨਦਾਰ ਸੌਦਾ ਹੁਦਾਰ ਨਹੀਂ ਦੇ ਰਹੇ। ਹੜਤਾਲੀ ਸਾਥੀਆਂ ਨੂੰ ਤਾਲਮੇਲ ਕਮੇਟੀ ਪੈਰਾ ਮੈਡੀਕਲ ਅਤੇ ਸਿਹਤ ਕਰਮਚਾਰੀ ਦੇ ਜ਼ਿਲ੍ਹਾ ਕਨਵੀਨਰ ਸਰਬਜੀਤ ਸਿੰਘ ਪੱਟੀ, ਧਰਮਿੰਦਰ ਸਿੰਘ ਰਟੌਲ ਜ਼ਿਲ੍ਹਾ ਪ੍ਰੈਸ ਸਕੱਤਰ, ਸਿਵਲ ਹਸਪਤਾਲ ਪੱਟੀ ਦੀ ਕਨਵੀਨਰ ਬਲਜੀਤ ਕੌਰ, ਸੰਦੀਪ ਜੋਸ਼ੀ, ਪੰਜਾਬ ਸੁਬਾਰਡੀਨੇਟ ਸਰਵਿਸਜ਼ ਫੈਡਰੇਸ਼ਨ ਦੇ ਜ਼ਿਲ੍ਹਾ ਸਕੱਤਰ ਗੁਰਨਾਮ ਸਿੰਘ, ਇਸਤਰੀ ਮੁਕਤੀ ਮੋਰਚੇ ਦੀ ਜ਼ਿਲ੍ਹਾ ਸਕੱਤਰ ਨਰਿੰਦਰ ਕੌਰ, ਪੰਜਾਬ ਨਿਰਮਾਣ ਮਜ਼ਦੂਰ ਯੂਨੀਅਨ ਦੇ ਜ਼ਿਲ੍ਹਾ ਕਨਵੀਨਰ ਧਰਮ ਸਿੰਘ ਪੈਨਸ਼ਨਰਜ਼ ਮੁਲਾਜ਼ਮਾਂ ਦੇ ਜ਼ਿਲ੍ਹਾ ਸਕੱਤਰ ਮਾਸਟਰ ਜਗਤਾਰ ਸਿੰਘ ਆਸਲ ਪੱਟੀ ਨੇ ਭੁੱਖ ਹੜਤਾਲੀ ਮੁਲਾਜ਼ਮਾਂ ਨੂੰ ਵਿਸ਼ਵਾਸ ਦਿਵਾਇਆ ਕਿ ਜਿੰਨਾ ਚਿਰ ਤੁਹਾਡੀਆਂ ਮੰਗਾਂ ਦਾ ਹੱਲ ਨਹੀਂ ਹੁੰਦਾ ਜਿੱਤ ਤੱਕ ਅਸੀਂ ਤੁਹਾਡੇ ਨਾਲ ਹਾਂ। ਇਸ ਸੰਘਰਸ਼ ਵਿੱਚ ਹੋਰਨਾਂ ਤੋਂ ਇਲਾਵਾ ਡਰਾਈਵਰ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਪਰਗਟ ਸਿੰਘ ਪੱਟੀ, ਗੁਰਿੰਦਰਪਾਲ ਸਿੰਘ ਗਿੰਨੀ, ਰਾਜਵਿੰਦਰ ਸਿੰਘ ਡਰਾਈਵਰ ਅੰਗਰੇਜ ਸਿੰਘ, ਓਮ ਪ੍ਰਕਾਸ਼, ਰਾਜੀਵ ਕੁਮਾਰ, ਬਿੱਕਰ ਸਿੰਘ ਚੂਸਲੇਵੜ, ਕੰਵਲਜੀਤ ਕੌਰ, ਬਲਜੀਤ ਕੌਰ, ਜਗਰੂਪ ਕੌਰ, ਗੁਰਜੀਤ ਕੌਰ, ਸੰਦੀਪ ਸਿੰਘ, ਮਨਜੀਤ ਕੌਰ,ਰਾਜ ਕੌਰ, ਕੁਲਵਿੰਦਰ ਕੌਰ, ਪਰਮਜੀਤ ਕੌਰ, ਗੁਰਵਿੰਦਰ ਸਿੰਘ ਮਨੀ, ਸੋਨੂੰ, ਕਾਲਾ, ਹਰਮਨ ਸਿੰਘ, ਗੁਰਮੀਤ ਕੌਰ ਆਦਿ ਹਾਜ਼ਰ ਸਨ।

# ਪੰਜਾਬ ਸਰਕਾਰ ਨੇ ਗੰਨਾ ਕਾਸ਼ਤਕਾਰਾਂ ਦੀ ਬਾਂਹ ਫੜੀ, 50 ਕਰੋੜ ਦੀ ਹੋਰ ਬਕਾਇਆ ਰਾਸ਼ੀ ਜਾਰੀ



**ਬਟਾਲਾ, (ਮਲਵਿੰਦਰ ਸਿੰਘ)**-ਪੰਜਾਬ ਸਰਕਾਰ ਕਿਸਾਨਾਂ ਦੇ ਹਿੱਤਾਂ ਦੀ ਰਾਖੀ ਲਈ ਵਚਨਬੱਧ ਹੈ ਤੇ ਕਿਸਾਨਾਂ ਦਾ ਜੀਵਨ ਪੱਧਰ ਹੋਰ ਉੱਚਾ ਚੁੱਕਣ ਲਈ ਦ੍ਰਿੜ ਸੰਕਲਪ ਹੈ। ਇਹ ਪ੍ਰਗਟਾਵਾ ਅਮਨਸ਼ੇਰ ਸਿੰਘ ਸ਼ੈਰੀ ਕਲਸੀ, ਵਿਧਾਇਕ ਬਟਾਲਾ ਨੇ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵਲੋਂ ਗੰਨਾ ਕਾਸ਼ਤਕਾਰਾਂ ਨੂੰ ਗੰਨੇ ਦੀ ਫਸਲ ਦੀ 50 ਕਰੋੜ ਰੁਪਏ ਦੀ ਰਾਸ਼ੀ ਜਾਰੀ ਕੀਤੀ ਹੈ ਅਤੇ ਪੰਜਾਬ ਸਰਕਾਰ ਨੇ ਪਿਛਲੇ ਹਫਤੇ 28 ਜੂਨ ਨੂੰ ਵੀ 50 ਕਰੋੜ ਰੁਪਏ ਦੀ ਬਕਾਇਆ ਰਾਸ਼ੀ ਕੀਤੀ ਸੀ।

ਇਸ ਮੌਕੇ ਗੰਨਾ ਕਾਸ਼ਤਕਾਰਾਂ ਨੇ ਆਪਣੀ ਖ਼ੁਸ਼ੀ ਦਾ ਇਜ਼ਹਾਰ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਨੇ ਬਕਾਇਆ ਰਾਸ਼ੀ ਜਾਰੀ ਕਰਕੇ ਕਿਸਾਨਾਂ ਦੀ ਬਾਂਹ ਫੜੀ ਹੈ, ਜਿਸ ਲਈ ਉਹ ਸਰਕਾਰ ਦੇ ਰਿਣੀ ਹਨ। ਇਸ ਮੌਕੇ ਪ੍ਰਧਾਨ ਲਖਵਿੰਦਰ ਸਿੰਘ ਘੁੰਮਣ, ਜਗਜੀਤ ਸਿੰਘ ਸਰਪੰਚ ਵਡਾਲਾ, ਨਿਰਮਲ ਸਿੰਘ ਤਲਵੰਡੀ, ਟੋਨੀ ਲੰਬੜਦਾਰ, ਬਿਕਰਮਜੀਤ ਸਿੰਘ ਤਲਵੰਡੀ, ਜੋਗਿੰਦਰ ਸਿੰਘ ਤਲਵੰਡੀ, ਕੁਲਦੀਪ ਸਿੰਘ ਰਸੂਲਪੁਰ, ਸੁੱਖ ਅਵਾਣ, ਜਤਿੰਦਰ ਸਿੰਘ ਸਰਪੰਚ ਮਨੋਹਰਪੁਰ, ਬਲਵਿੰਦਰ ਸਿੰਘ ਤੇ ਸਤਨਾਮ ਸਿੰਘ ਤਲਵੰਡੀ ਨੇ ਕਿਹਾ ਕਿ ਉਹ ਵਿਧਾਇਕ ਸ਼ੈਰੀ ਕਲਸੀ ਅਤੇ ਡਿਪਟੀ ਕਮਿਸ਼ਨਰ ਗੁਰਦਾਸਪੁਰ ਡਾ. ਹਿਮਾਂਸ਼ੂ ਅਗਰਵਾਲ ਦਾ ਧੰਨਵਾਦ ਕਰਦੇ ਹਨ, ਜਿਨ੍ਹਾਂ ਨੇ ਹਮੇਸ਼ਾ ਉਨ੍ਹਾਂ ਦੀਆਂ ਮੁਸ਼ਕਿਲਾਂ ਪਹਿਲ ਦੇ ਆਧਾਰ 'ਤੇ ਸੁਣੀਆਂ ਅਤੇ ਹੱਲ ਕਰਵਾਈਆਂ।

ਇਸ ਮੌਕੇ ਗੱਲ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਗੰਨਾ ਕਾਸ਼ਤਕਾਰਾਂ ਨਾਲ ਕੀਤੇ ਵਾਅਦੇ ਨੂੰ ਪੂਰਾ ਕਰਦਿਆਂ ਸਹਿਕਾਰੀ ਮਿੱਲਾਂ ਨੂੰ ਬਕਾਇਆ 50 ਕਰੋੜ ਰੁਪਏ ਦੀ ਰਾਸ਼ੀ ਜਾਰੀ ਕੀਤੀ ਹੈ। ਸਹਿਕਾਰੀ ਮਿੱਲ ਬਟਾਲਾ ਨੂੰ 6 ਕਰੋੜ 88 ਲੱਖ ਰੁਪਏ ਅਤੇ ਸਹਿਕਾਰੀ ਮਿੱਲ ਪਨਿਆੜ, ਗੁਰਦਾਸਪੁਰ 9 ਕਰੋੜ 86 ਲੱਖ ਰੁਪਏ ਜਾਰੀ ਕੀਤੇ ਗਏ ਹਨ, ਜੋ ਕਿਸਾਨਾਂ ਦੇ ਖਾਤਿਆਂ ਵਿਚ ਪਾ ਦਿੱਤੇ ਗਏ ਹਨ। ਸਹਿਕਾਰੀ ਖੰਡ ਮਿੱਲ ਬਟਾਲਾ ਦੇ ਜੀਐੱਮ ਅਰਵਿੰਦਰ ਪਾਲ ਸਿੰਘ ਕੈਰੋਂ ਨੇ ਦੱਸਿਆ ਕਿ ਗੰਨਾ ਕਾਸ਼ਤਕਾਰਾਂ ਦੀ 01 ਅਪਰੈਲ 2023 ਤੱਕ ਦੀ ਬਕਾਇਆ ਰਾਸ਼ੀ ਜਾਰੀ ਕੀਤੀ ਜਾ ਚੁੱਕੀ ਹੈ। ਇਸੇ ਤਰ੍ਹਾਂ ਸਹਿਕਾਰੀ ਖੰਡ ਮਿੱਲ ਪਨਿਆੜ ਦੇ ਜੀਐੱਮ ਸਰਬਜੀਤ ਸਿੰਘ ਨੇ ਦੱਸਿਆ ਕਿ 11 ਅਪ੍ਰੈਲ 2023 ਤੱਕ ਦੀ ਰਾਸ਼ੀ, ਗੰਨਾ ਕਾਸ਼ਤਕਾਰਾਂ ਦੇ ਖਾਤੇ ਵਿੱਚ ਜਾਰੀ ਕੀਤੀ ਜਾ ਚੁੱਕੀ ਹੈ।

# ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਵੱਲੋਂ ਦਰਸ਼ਨ ਸਥੱਲ ਪ੍ਰੋਜੈਕਟ ਦਾ ਜਾਇਜ਼ਾ



**ਡੇਰਾ ਬਾਬਾ ਨਾਨਕ ( ਰਮੇਸ਼ ਸ਼ਰਮਾ)**-ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਵੱਲੋਂ ਡੇਰਾ ਬਾਬਾ ਨਾਨਕ ਸਰਹੱਦ ਵਿਖੇ ਸ਼ਰਧਾਲੂਆਂ ਦੀ ਸਹੂਲਤ ਲਈ ਬਣਾਏ ਜਾ ਰਹੇ 'ਦਰਸ਼ਨ ਸਥੱਲ' ਦੇ ਵਿਕਾਸ ਕਾਰਜਾਂ ਦਾ ਰੀਵਿਊ ਕਰਨ ਲਈ ਅੱਜ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਦਰਸ਼ਨ ਸਥੱਲ ਦੇ ਪ੍ਰੋਜੈਕਟ ਨੂੰ ਜਲਦ ਮੁਕੰਮਲ ਕੀਤਾ ਜਾਵੇ ਤਾਂ ਜੋ ਇਸ ਨੂੰ ਸ਼ਰਧਾਲੂਆਂ ਨੂੰ ਸਮਰਪਤ ਕੀਤਾ ਜਾ ਸਕੇ। ਮੀਟਿੰਗ ਦੇ ਵੇਰਵੇ ਸਾਂਝੇ ਕਰਦਿਆਂ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਪੰਜਾਬ ਸਰਕਾਰ ਦੀ ਅਗਵਾਈ ਹੇਠ ਜ਼ਿਲ੍ਹਾ ਪ੍ਰਸ਼ਾਸਨ ਗੁਰਦਾਸਪੁਰ ਵੱਲੋਂ ਸ਼ਰਧਾਲੂਆਂ ਦੀ ਸਹੂਲਤ ਨੂੰ ਮੁੱਖ ਰੱਖਦੇ ਹੋਏ ਡੇਰਾ ਬਾਬਾ ਨਾਨਕ ਸਰਹੱਦ ਵਿਖੇ ਜ਼ੀਰੋ ਲਾਈਨ 'ਤੇ ਇੱਕ ਨਵਾਂ ਦਰਸ਼ਨ ਸਥੱਲ ਬਣਾਇਆ ਜਾ ਰਿਹਾ ਹੈ, ਜਿਸ ਵਿੱਚ ਦੋ ਹਾਈ ਲੈਵਲ ਦੂਰਬੀਨਾਂ ਅਤੇ ਇੱਕ ਸਕਰੀਨ ਲਗਾਈ ਜਾਵੇਗੀ। ਉਨ੍ਹਾਂ ਦੱਸਿਆ ਕਿ ਦਰਸ਼ਨ ਸਥੱਲ ਦਾ 50 ਫੀਸਦੀ ਤੋਂ ਵੱਧ ਕੰਮ ਮੁਕੰਮਲ ਹੋ ਗਿਆ ਹੈ ਅਤੇ ਇੱਕ ਨਵੀਂ ਦੂਰਬੀਨ ਵੀ ਖਰੀਦ ਲਈ ਗਈ ਹੈ। ਉਨ੍ਹਾਂ ਕਿਹਾ ਕਿ ਇੱਕ ਹੋਰ ਹੈਂਡੀ ਦੂਰਬੀਨ ਵੀ ਜਲਦ ਹੀ ਖਰੀਦ ਲਈ ਜਾਵੇਗੀ। ਉਨ੍ਹਾਂ ਕਿਹਾ ਕਿ ਅਧਿਕਾਰੀਆਂ ਨੂੰ ਦਰਸ਼ਨ ਸਥੱਲ ਦੇ ਆਲੇ-ਦੁਆਲੇ ਖੂਬਸੂਰਤ ਲੈਂਡ ਸਕੇਪਿੰਗ ਕਰਨ ਅਤੇ ਸੰਗਤਾਂ ਦੀ ਸਹੂਲਤ ਲਈ ਜੋ ਵੀ ਬੁਨਿਆਦੀ ਢਾਂਚਾ ਲੋੜੀਂਦਾ ਹੈ ਤਿਆਰ ਕਰਨ ਲਈ ਕਿਹਾ ਗਿਆ ਹੈ। ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਕਿਹਾ ਕਿ ਬਹੁਤ ਸਾਰੇ ਅਜਿਹੇ ਸ਼ਰਧਾਲੂ ਹਨ ਜੋ ਕਿ ਪਾਸਪੋਰਟ ਨਾ ਹੋਣ ਕਾਰਨ ਜਾਂ ਪਾਕਿਸਤਾਨ ਸਰਕਾਰ ਵੱਲੋਂ ਲਈ ਜਾਂਦੀ 20 ਡਾਲਰ ਦੀ ਫੀਸ ਕਰਕੇ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਦੇ ਦਰਸ਼ਨਾਂ ਨੂੰ ਨਹੀਂ ਜਾ ਪਾਉਂਦੇ। ਅਜਿਹੇ ਵਿੱਚ ਇਹ ਸ਼ਰਧਾਲੂ ਡੇਰਾ ਬਾਬਾ ਨਾਨਕ ਧੁੱਸੀ ਬੰਨ੍ਹ ਉੱਪਰ ਖਲੋ ਕੇ ਦੂਰੋਂ ਹੀ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਨੂੰ ਸਿਜਦਾ ਕਰਦੇ ਹਨ। ਉਨ੍ਹਾਂ ਕਿਹਾ ਕਿ ਅਜਿਹੇ ਸ਼ਰਧਾਲੂਆਂ ਦੀ ਸ਼ਰਧਾ ਤੇ ਸਹੂਲਤ ਨੂੰ ਮੁੱਖ ਰੱਖਦੇ ਹੋਏ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਡੇਰਾ ਬਾਬਾ ਨਾਨਕ ਸਰਹੱਦ ਉੱਪਰ ਦਰਸ਼ਨ ਸਥੱਲ ਬਣਾ ਕੇ ਏਥੇ ਦੋ ਦੂਰਬੀਨਾਂ ਸਥਾਪਤ ਕੀਤੀਆਂ ਜਾ ਰਹੀਆਂ ਹਨ। ਇਸ ਦੇ ਨਾਲ ਹੀ ਇਥੇ ਇੱਕ ਸਕਰੀਨ ਲਗਾਈ ਜਾਵੇਗੀ ਜਿਸ ਵਿੱਚ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਦੀ ਵੀਡੀਓ ਚੱਲੇਗੀ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਆਉਂਦੇ ਕੁਝ ਹਫ਼ਤਿਆਂ ਵਿੱਚ ਦਰਸ਼ਨ ਸਥੱਲ ਦਾ ਕੰਮ ਮੁਕੰਮਲ ਹੋ ਜਾਵੇਗਾ ਅਤੇ ਉਸ ਉਪਰੰਤ ਇੱਕ ਵਿਸ਼ੇਸ਼ ਸਮਾਗਮ ਦੌਰਾਨ ਦਰਸ਼ਨ ਸਥੱਲ ਨੂੰ ਸੰਗਤਾਂ ਦੇ ਸਪੁਰਦ ਕੀਤਾ ਜਾਵੇਗਾ। ਮੀਟਿੰਗ ਦੌਰਾਨ ਡੇਰਾ ਬਾਬਾ ਨਾਨਕ ਲੈਂਡ ਪੋਰਟ ਅਥਾਰਟੀ ਦੇ ਜੀ.ਐੱਮ. ਟੀ.ਆਰ. ਸ਼ਰਮਾ, ਬੀ.ਐੱਸ.ਐੱਫ ਦੇ ਕਮਾਂਡੈਂਟ ਐੱਸ.ਐੱਸ. ਗਰਚਾ, ਐੱਸ.ਡੀ.ਐੱਮ. ਡੇਰਾ ਬਾਬਾ ਨਾਨਕ ਅਸ਼ਵਨੀ ਅਰੋੜਾ, ਤਹਿਸੀਲਦਾਰ ਜਗਤਾਰ ਸਿੰਘ, ਐਕਸੀਅਨ ਮੰਡੀ ਬੋਰਡ ਬਲਦੇਵ ਸਿੰਘ ਬਾਜਵਾ, ਐਕਸੀਅਨ ਪੰਚਾਇਤੀ ਰਾਜ, ਬੀ.ਡੀ.ਪੀ.ਓ. ਦਿਲਬਾਗ ਸਿੰਘ ਤੋਂ ਇਲਾਵਾ ਹੋਰ ਅਧਿਕਾਰੀ ਵੀ ਹਾਜ਼ਰ ਸਨ।

# ਜਮਹੂਰੀ ਕਿਸਾਨ ਸਭਾ ਨੇ ਕੇਂਦਰ ਤੇ ਸੂਬਾ ਸਰਕਾਰ ਦਾ ਪੁਤਲਾ ਫੂਕਿਆ



**ਪੱਟੀ, (ਬਲਦੇਵ ਸਿੰਘ ਸੰਧੂ /ਸਮਸੇਰ ਸਿੰਘ ਯੋਧਾ)** - ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਜਮਹੂਰੀ ਕਿਸਾਨ ਸਭਾ ਦੇ ਜ਼ਿਲਾ ਪ੍ਰਧਾਨ ਮਨਜੀਤ ਸਿੰਘ ਬੱਗੂ ਦੀ ਅਗਵਾਈ 'ਚ ਮੱਕੀ, ਮੂੰਗੀ, ਮਾਂਹ ਆਦਿ ਫਸਲਾਂ 'ਤੇ ਐਮ ਐਸ ਪੀ ਨਾ ਦੇਣ ਵਿਰੁੱਧ ਕੇਦਰ ਅਤੇ ਪੰਜਾਬ ਸਰਕਾਰ ਦਾ ਪੁਤਲਾ ਸਾੜਿਆ ਗਿਆ। ਇਸ ਮੌਕੇ ਜਮਹੂਰੀ ਕਿਸਾਨ ਸਭਾ ਦੇ ਜ਼ਿਲ੍ਹਾ ਸਕੱਤਰ ਦਲਜੀਤ ਸਿੰਘ ਦਿਆਲਪੁਰਾ ਨੇ ਕਿਹਾ ਕਿ ਕੇਂਦਰ ਅਤੇ ਪੰਜਾਬ ਸਰਕਾਰ ਕਿਸਾਨਾਂ ਨਾਲ ਕੀਤੇ ਵਾਅਦਿਆਂ ਤੋਂ ਮੁੱਕਰੀ ਜਾ ਰਹੀ ਹੈ। ਮੱਕੀ, ਮੂੰਗੀ, ਮਾਂਹ ਆਦਿ ਫਸਲਾਂ ਮੰਡੀਆਂ ਵਿੱਚ ਰੁਲ ਰਹੀਆਂ ਹਨ । ਪੰਜਾਬ ਦੀ ਮਾਨ ਸਰਕਾਰ ਐਮ.ਐਸ.ਪੀ. ਦੇਣ ਦੇ ਝੂਠੇ ਵਾਅਦੇ ਕਰ ਰਹੀ ਹੈ। ਮੰਡੀਆਂ ਵਿੱਚ ਫਸਲਾਂ ਦੀ ਸਾਂਭ ਸੰਭਾਲ ਲਈ ਕੋਈ ਵੀ ਪੁਖਤਾ ਪ੍ਰਬੰਧ ਨਹੀਂ ਕੀਤਾ ਜਾ ਰਿਹਾ। ਮੀਂਹ ਹਨੇਰੀ ਆਉਣ 'ਤੇ ਆੜ੍ਹਤੀਆਂ ਕੋਲ ਤਰਪਾਲਾਂ ਦਾ ਕੋਈ ਵੀ ਪ੍ਰਬੰਧ ਨਹੀਂ ਹੈ। ਕਈਆਂ ਥਾਵਾਂ 'ਤੇ ਮੰਡੀਆਂ ਅਜੇ ਵੀ ਕੱਚੀਆਂ ਅਤੇ ਇੱਟਾਂ ਲੱਗੀਆਂ ਹੋਈਆਂ ਹਨ । ਕਿਸਾਨਾ ਦੀਆਂ ਫਸਲਾਂ ਬਰਬਾਦ ਹੋ ਰਹੀਆਂ ਹਨ। ਇਨ੍ਹਾਂ ਆਗੂਆਂ ਨੇ ਕੇਂਦਰ ਅਤੇ ਪੰਜਾਬ ਸਰਕਾਰ ਤੋਂ ਮੰਗ ਕਰਦਿਆਂ ਕਿਹਾ ਕਿ ਕਿਸਾਨਾਂ ਨਾਲ ਕੀਤੇ ਵਾਅਦੇ ਮੁਤਾਬਕ ਹਰੇਕ ਫਸਲ 'ਤੇ ਐਮ.ਐਸ.ਪੀ. ਲਾਗੂ ਕੀਤੀ ਜਾਵੇ। ਮੰਡੀਆਂ ਦੇ ਪ੍ਰਬੰਧ 'ਚ ਫੌਰੀ ਸਧਾਰ ਕੀਤਾ ਜਾਵੇ।

ਨਵਾਂ ਜ਼ਮਾਨਾ

ਸ਼ਨੀਵਾਰ, 8 ਜੁਲਾਈ 2023

# ਪਾਸਾ ਪੁੱਠਾ ਪੈ ਸਕਦੈ

ਸ਼ਰਦ ਪਵਾਰ ਦੀ ਨੈਸ਼ਨਲਿਸਟ ਕਾਂਗਰਸ ਪਾਰਟੀ ਦੋਫਾੜ ਹੋ ਗਈ ਹੈ। ਦੋ ਦਿਨ ਪਹਿਲਾਂ ਦੋਹਾਂ ਧੜਿਆਂ ਵੱਲੋਂ ਵੱਖੋ-ਵੱਖ ਮੀਟਿੰਗਾਂ ਕਰਕੇ ਤਾਕਤ ਦਾ ਮੁਜ਼ਾਹਰਾ ਕੀਤਾ ਗਿਆ ਸੀ। ਅਜੀਤ ਪਵਾਰ ਵੱਲੋਂ ਸੱਦੀ ਮੀਟਿੰਗ ਵਿੱਚ 29 ਤੇ ਸ਼ਰਦ ਪਵਾਰ ਦੀ ਮੀਟਿੰਗ ਵਿੱਚ 17 ਵਿਧਾਇਕ ਸ਼ਾਮਲ ਹੋਏ ਸਨ। ਇਸ ਹਿਸਾਬ ਨਾਲ ਕੁੱਲ 53 ਵਿੱਚੋਂ 7 ਮੈਂਬਰ ਕਿਸੇ ਪਾਸੇ ਨਹੀਂ ਸਨ ਗਏ । ਅਜੀਤ ਪਵਾਰ ਨਾਲ ਗਏ ਵਿਧਾਇਕਾਂ ਉੱਤੇ ਦਲਬਦਲੂ ਕਾਨੂੰਨ ਦੀ ਤਲਵਾਰ ਲਟਕ ਰਹੀ ਹੈ। ਇਸ ਤੋਂ ਬਚਣ ਲਈ ਉਸ ਨੂੰ ਦੋ-ਤਿਹਾਈ ਯਾਨੀ 36 ਵਿਧਾਇਕਾਂ ਦੀ ਲੋੜ ਹੈ।

ਇਸ ਤੋਂ ਪਹਿਲਾਂ ਸ਼ਿਵ ਸੈਨਾ ਵੀ ਦੋਫਾੜ ਹੋ ਗਈ ਸੀ। ਉਸ ਦਾ ਝਗੜਾ ਚੋਣ ਕਮਿਸ਼ਨ ਤੋਂ ਬਾਅਦ ਸੁਪਰੀਮ ਕੋਰਟ ਵਿੱਚ ਹੁਣ ਚਲ ਰਿਹਾ ਹੈ। ਉਸ ਹਿਸਾਬ ਨਾਲ ਐੱਨ ਸੀ ਪੀ ਦਾ ਝਗੜਾ ਵੀ ਆਉਂਦੀਆਂ ਵਿਧਾਨ ਸਭਾ ਚੋਣਾਂ ਤੱਕ ਚਲਦਾ ਰਹੇਗਾ। ਇਸ ਸਮੇਂ ਵੱਡਾ ਸਵਾਲ ਇਹ ਹੈ ਕਿ ਤਾਜ਼ਾ ਘਟਨਾਕ੍ਰਮ ਦਾ ਮਹਾਰਾਸ਼ਟਰ ਦੀ ਸਿਆਸਤ ਉੱਤੇ ਕੀ ਅਸਰ ਪਵੇਗਾ। ਸ਼ਿਵ ਸੈਨਾ ਵਿੱਚ ਪਈ ਫੁੱਟ ਤੋਂ ਬਾਅਦ ਭਾਵੇਂ ਬਹੁਤੇ ਵਿਧਾਇਕ ਏਕਨਾਥ ਸ਼ਿੰਦੇ ਨਾਲ ਚਲੇ ਗਏ ਸਨ, ਪਰ ਪਾਰਟੀ ਦਾ ਹੇਠਲਾ ਜਥੇਬੰਦਕ ਢਾਂਚਾ ਊਧਵ ਠਾਕਰੇ ਨਾਲ ਹੀ ਖੜ੍ਹਾ ਰਿਹਾ। ਮਹਾਰਾਸ਼ਟਰ ਦੀ ਸਿਆਸਤ ਉੱਤੇ ਡੂੰਘੀ ਨਜ਼ਰ ਰੱਖਣ ਵਾਲਿਆਂ ਦਾ ਨੈਸ਼ਨਲਿਸਟ ਕਾਂਗਰਸ ਪਾਰਟੀ ਦੀ ਫੁੱਟ ਬਾਰੇ ਵੀ ਕਹਿਣਾ ਹੈ ਕਿ ਪਾਰਟੀ ਦਾ ਹੇਠਲਾ ਅਧਾਰ ਸ਼ਰਦ ਪਵਾਰ ਤੋਂ ਦੂਰ ਹੋਣ ਦੀ ਗੱਲ ਸੋਚ ਵੀ ਨਹੀਂ ਸਕਦਾ।

ਇਹ ਅਸੀਂ ਜਾਣਦੇ ਹਾਂ ਕਿ 2019 ਦੀਆਂ ਲੋਕ ਸਭਾ ਤੇ ਮਹਾਰਾਸ਼ਟਰ ਦੀਆਂ ਵਿਧਾਨ ਸਭਾ ਚੋਣਾਂ ਸ਼ਿਵ ਸੈਨਾ ਨੇ ਭਾਜਪਾ ਨਾਲ ਗੱਠਜੋੜ ਕਰਕੇ ਲੜੀਆਂ ਸਨ। ਉਸ ਨੇ ਲੋਕ ਸਭਾ ਦੀਆਂ 23 ਤੇ ਵਿਧਾਨ ਸਭਾ ਦੀਆਂ 56 ਸੀਟਾਂ ਉੱਤੇ ਜਿੱਤ ਪ੍ਰਾਪਤ ਕੀਤੀ ਸੀ। ਇਨ੍ਹਾਂ ਸਾਰੀਆਂ ਸੀਟਾਂ ਉੱਤੇ ਉਸ ਨੇ ਕਾਂਗਰਸ ਤੇ ਐੱਨ ਸੀ ਪੀ ਦੇ ਉਮੀਦਵਾਰਾਂ ਨੂੰ ਹਰਾਇਆ ਸੀ। ਇਸ ਹਾਲਤ ਵਿੱਚ ਮਹਾ ਵਿਕਾਸ ਅਗਾੜੀ ਅੱਗੇ ਆਉਣ ਵਾਲੀਆਂ ਚੋਣਾਂ ਵਿੱਚ ਸਭ ਤੋਂ ਵੱਡਾ ਸਵਾਲ ਇਹ ਸੀ ਕਿ ਉਹ ਸੀਟਾਂ ਦੀ ਵੰਡ ਦਾ ਔਖਾ ਕਾਰਜ ਕਿਵੇਂ ਨੇਪਰੇ ਚਾੜ੍ਹੇਗੀ। ਹੁਣ ਹਾਲਾਤ ਬਦਲ ਚੁੱਕੇ ਹਨ। ਊਧਵ ਠਾਕਰੇ ਤੇ ਸ਼ਰਦ ਪਵਾਰ ਦੀ ਹੋਈ ਦੁਰਦਸ਼ਾ ਤੋਂ ਬਾਅਦ ਉਨ੍ਹਾਂ ਦਾ ਇੱਕੋ-ਇੱਕ ਨਿਸ਼ਾਨਾ ਹੋਵੇਗਾ, ਹਰ ਹਾਲ ਭਾਜਪਾ ਤੇ ਉਸ ਦੇ ਹਮੈਤੀਆਂ ਨੂੰ ਹਰਾਉਣਾ। ਇਸ ਸਮੇਂ ਕਾਂਗਰਸ ਪਾਰਟੀ ਸਭ ਤੋਂ ਮਜ਼ਬੂਤ ਧਿਰ ਸਾਬਤ ਹੋਈ ਹੈ। ਉਸ ਦੇ 44 ਵਿਧਾਇਕ ਪਾਰਟੀ ਨਾਲ ਡਟ ਕੇ ਖੜ੍ਹੇ ਰਹੇ ਹਨ। ਇਹੋ ਹੀ ਨਹੀਂ, ਉਸ ਨੇ ਭਾਜਪਾ ਦੇ ਗੜ੍ਹ ਪੁਣੇ ਦੀ ਸੀਟ ਉੱਤੇ ਹੋਈ ਜ਼ਿਮਨੀ ਚੋਣ ਵਿੱਚ ਜਿੱਤ ਪ੍ਰਾਪਤ ਕਰਕੇ ਆਪਣੇ ਵਿਧਾਇਕਾਂ ਦੀ ਗਿਣਤੀ 45 ਕਰ ਲਈ ਹੈ।

ਇਸ ਸਮੇਂ ਮਹਾ ਵਿਕਾਸ ਅਗਾੜੀ ਵਿੱਚ ਕਾਂਗਰਸ ਸਭ ਤੋਂ ਵੱਡੀ ਧਿਰ ਬਣ ਚੁੱਕੀ ਹੈ। ਹੁਣ ਇਸ ਗੱਠਜੋੜ ਸਾਹਮਣੇ ਸਭ ਤੋਂ ਮੁੱਖ ਕੰਮ ਮਹਾਰਾਸ਼ਟਰ ਦੀਆਂ ਦਰਜਨ ਦੇ ਕਰੀਬ ਛੋਟੀਆਂ ਪਾਰਟੀਆਂ ਨੂੰ ਨਾਲ ਜੋੜਨ ਦਾ ਹੋਵੇਗਾ। ਇਨ੍ਹਾਂ ਵਿੱਚ ਸਭ ਤੋਂ ਮਜ਼ਬੂਤ ਧਿਰ ਪ੍ਰਕਾਸ਼ ਅੰਬੇਡਕਰ ਦੀ ਵੰਚਿਤ ਬਹੁਜਨ ਅਗਾੜੀ ਹੈ। ਦਲਿਤਾਂ, ਪਛੜਿਆਂ ਤੇ ਘੱਟ-ਗਿਣਤੀ ਭਾਈਚਾਰਿਆਂ ਵਿੱਚ ਇਸ ਦਾ ਵੱਡਾ ਅਧਾਰ ਹੈ। ਪਿਛਲੀਆਂ ਲੋਕ ਸਭਾ ਚੋਣਾਂ ਵਿੱਚ ਇਸ ਨੂੰ 7 ਫੀਸਦੀ ਵੋਟਾਂ ਮਿਲੀਆਂ ਸਨ। ਵਿਧਾਨ ਸਭਾ ਚੋਣਾਂ ਵਿੱਚ ਤਾਂ ਇਹ ਪਾਰਟੀ 10 ਹਲਕਿਆਂ ਵਿੱਚ ਦੂਜੇ ਨੰਬਰ ਉੱਤੇ ਆਈ ਸੀ ਤੇ ਇਸ ਦੇ ਉਮੀਦਵਾਰਾਂ ਵੱਲੋਂ ਵੋਟਾਂ ਦੀ ਵੰਡ ਕਾਰਨ ਹੋਰ ਡੇਢ ਦਰਜਨ ਸੀਟਾਂ ਉੱਤੇ ਭਾਜਪਾ ਵਿਰੋਧੀ ਗੱਠਜੋੜ ਨੂੰ ਹਾਰ ਦਾ ਮੂੰਹ ਵੇਖਣਾ ਪਿਆ ਸੀ। ਪ੍ਰਕਾਸ਼ ਅੰਬੇਡਕਰ ਨੂੰ ਕਾਂਗਰਸ ਤੇ ਸ਼ਿਵ ਸੈਨਾ ਤੋਂ ਪ੍ਰਹੇਜ਼ ਨਹੀਂ, ਪਰ ਅਜੀਤ ਪਵਾਰ ਕਾਰਨ ਉਹ ਐੱਨ ਸੀ ਪੀ ਦੇ ਨਾਲ ਲੈ-ਦੇ ਕਰਨ ਤੋਂ ਪਾਸਾ ਵੱਟ ਜਾਂਦਾ ਰਿਹਾ ਸੀ। ਹੁਣ ਹਾਲਤ ਬਦਲ ਚੁੱਕੀ ਹੈ। ਬਹੁਤ ਸਾਰੀਆਂ ਸੀਟਾਂ ਦੇ ਦਾਅਵੇਦਾਰ ਵੀ ਭਾਜਪਾ ਦੀ ਝੋਲੀ ਵਿੱਚ ਜਾ ਬੈਠੇ ਹਨ। ਇਸ ਲਈ ਵੰਚਿਤ ਬਹੁਜਨ ਅਗਾੜੀ ਤੋਂ ਇਲਾਵਾ ਪੀਜ਼ੈਂਟ ਐਂਡ ਵਰਕਰਜ਼ ਪਾਰਟੀ, ਸਮਾਜਵਾਦੀ ਪਾਰਟੀ, ਸ਼ੇਤਕਾਰੀ ਸੰਗਠਨ, ਸੀ ਪੀ ਆਈ (ਐਮ), ਸਵੈਮਾਨੀ ਸੰਗਠਨ, ਬਹੁਜਨ ਵਿਕਾਸ ਅਗਾੜੀ ਤੇ ਰਿਪਬਲਿਕਨ ਗੁੱਟਾਂ ਨੂੰ ਬਣਦਾ ਹਿੱਸਾ ਦੇ ਕੇ ਇੱਕ ਵਿਸ਼ਾਲ ਅਧਾਰ ਵਾਲੇ ਮੋਰਚੇ ਦੇ ਹਾਲਾਤ ਸਾਜ਼ਗਾਰ ਹੋ ਗਏ ਹਨ।

ਦੂਜੇ ਪਾਸੇ 200 ਤੋਂ ਵੱਧ ਵਿਧਾਇਕਾਂ ਦਾ ਕੁਨਬਾ ਜੋੜ ਕੇ ਭਾਜਪਾ ਲਈ ਚੋਣ ਮੈਦਾਨ ਵਿੱਚ ਆਪਣਿਆਂ ਨਾਲ ਹੀ ਦੋ-ਦੋ ਹੱਥ ਕਰਨੇ ਪੈਣਗੇ। ਅਜੀਤ ਪਵਾਰ ਦੇ ਲਾਣੇ ਨੂੰ ਟਿਕਟਾਂ ਦੇਣ ਵਾਸਤੇ ਆਪਣਿਆਂ ਨੂੰ ਦੁਰਕਾਰਨਾ ਪਵੇਗਾ। ਏਕਨਾਥ ਸ਼ਿੰਦੇ ਵਾਲੇ ਵਿਧਾਇਕ ਤਾਂ ਆਪਸ ਵਿੱਚ ਹੀ ਜੁੱਤੀਓ-ਜੁੱਤੀ ਹੋ ਰਹੇ ਹਨ। ਹਾਲਤ ਇਹ ਬਣ ਗਈ ਹੈ ਕਿ ਵਿਧਾਇਕਾਂ ਵਿੱਚ ਹੋਈ ਮਾਰ-ਕੁਟਾਈ ਤੋਂ ਬਾਅਦ ਰਾਸ਼ਟਰਪਤੀ ਨੂੰ ਮਿਲਣ ਦਿੱਲੀ ਜਾ ਰਹੇ ਏਕਨਾਥ ਸ਼ਿੰਦੇ ਨੂੰ ਨਾਗਪੁਰੋਂ ਹੀ ਵਾਪਸ ਮੁੜਨਾ ਪਿਆ ਸੀ। ਜਾਪਦਾ ਇਹੋ ਹੈ ਕਿ ਭਾਜਪਾ ਵੱਲ ਗਏ ਇਨ੍ਹਾਂ ਦਲਬਦਲੂਆਂ ਦਾ ਹਾਲ 'ਨਾ ਘਰ ਦੇ ਰਹੇ ਨਾ ਘਾਟ ਦੇ' ਵਾਲਾ ਹੋਵੇਗਾ।

**-ਚੰਦ ਫਤਿਹਪੁਰੀ**

# ਕਮਿਊਨਿਸਟ ਹੋਣਾ ਫ਼ਖਰ ਹੀ ਤਾਂ ਹੈ-(3)

ਅਸੀਂ ਪਹਿਲੇ ਆਰਟੀਕਲ ਵਿੱਚ ਕਮਿਊਨਿਸਟ ਸ਼ਬਦ ਦੀ ਵਿਆਖਿਆ ਕੀਤੀ ਸੀ। ਅਸੀਂ ਇਹ ਵੀ ਦੱਸਿਆ ਸੀ ਕਿ ਕਬੀਲਾ ਜਾਂ ਕਮਿਊਨ (ਸ਼ਬਦ, ਜਿਸ ਤੋਂ ਕਮਿਊਨਿਸਟ ਸ਼ਬਦ ਬਣਿਆ) ਪੜਾਅ ਦੇ ਜੀਵਨ ਦੇ ਕਿਹੜੇ ਸ਼ਾਨਦਾਰ ਲੱਛਣ ਸਨ, ਜਿਨ੍ਹਾ ਨੂੰ ਬਾਅਦ ਪੈਗੰਬਰਾਂ, ਮਹਾਂਪੁਰਸ਼ਾਂ ਅਤੇ ਚਿੰਤਕਾਂ ਨੇ ਅਪਣਾਇਆ ਵੀ ਅਤੇ ਪ੍ਰਚਾਰਿਆ ਵੀ। ਬਰਾਬਰੀ, ਪੈਦਾਵਾਰ ਵਿੱਚ ਸਾਂਝੀਵਾਲਤਾ ਅਤੇ ਵੰਡ ਕੇ ਖਾਣ ਲਈ ਤਿਆਗ ਅਤੇ ਆਪਸੀ ਪਿਆਰ-ਮੁਹੱਬਤ ਅਤੇ ਕਿਰਤ ਕਰਨ ਆਦਿ ਮਾਨਵੀ ਗੁਣਾ ਉਤੇ ਜੀਵਨ ਜਿਉਣ ਦਾ ਆਪਣੇ ਸ਼ਰਧਾਵਾਨਾਂ-ਅਨੁਆਈਆਂ ਨੂੰ ਉਪਦੇਸ਼ ਵੀ ਦਿੱਤਾ। ਉਸ ਉਪਦੇਸ਼ ਨਾਲ ਨਿੱਜੀ ਜੀਵਨ ਹਰ ਇੱਕ ਨਹੀਂ ਜਿਉਂਦਾ। ਲੋਭ, ਲਾਲਚ, ਮੋਹ ਅਤੇ ਸਵਾਰਥ ਸਮਾਜ ਦੀ ਚਾਰੇ ਪਾਸੇ ਹਾਜ਼ਰੀ ਦੂਜਿਆਂ ਨੂੰ ਵੀ ਉਪ੍ਰੋਕਤ ਸਦਗੁਣਾ ਦੀ ਪਾਲਣਾ ਕਰਨ ਵਿੱਚ ਰੁਕਾਵਟ ਬਣਦੀ ਹੈ। ਉਨੀਵੀਂ ਸਦੀ ਤੱਕ ਅਨੇਕਾਂ ਮਾਨਵਵਾਦੀ ਚਿੰਤਕਾਂ ਨੇ ਆਦਰਸ਼ ਸਪੂਰਨ ਬੇਗਮਪੁਰੇ ਉਸਾਰੇ ਜਾਣ ਦੀਆਂ ਕਲਪਨਾਵਾਂ ਕੀਤੀਆਂ, ਪਰ ਇਹ ਸੁੰਦਰ ਖੁਆਬ-ਖਿਆਲ (ਯੂਟੋਪੀਆਈ) ਕਲਪਨਾਵਾਂ ਸਨ। ਉਨੀਵੀਂ ਸਦੀ ਵਿੱਚ ਹੀ ਕਾਰਲ ਮਾਰਕਸ ਅਜਿਹਾ ਚਿੰਤਕ ਆਇਆ, ਜਿਸ ਨੇ ਆਪਣੇ ਦੋਸਤ ਏਂਜਲਜ਼ ਨਾਲ ਮਿਲ ਕੇ ਮਨੁੱਖ, ਪਰਵਾਰ, ਸਮਾਜ ਦੇ ਪੜਾਅਵਾਰ ਜੀਵਨ ਦਾ ਅਧਿਐਨ ਕੀਤਾ। ਦੂਜੇ ਪਾਸੇ ਪੈਦਾਵਾਰ ਦੇ ਸਾਧਨਾ ਅਤੇ ਪੈਦਾਵਾਰੀ ਸ਼ਕਤੀਆਂ ਦੇ ਇੱਕ ਪੜਾਅ ਤੋਂ ਦੂਜੇ ਪੜਾਅ ਵਿੱਚ ਬਦਲ ਜਾਣ ਅਤੇ ਪੂੰਜੀਵਾਦ ਦੇ ਆਉਣ ਨੂੰ ਇੱਕ ਤਬਦੀਲੀ ਦੇ ਚਲਣ ਦਾ ਹਿੱਸਾ ਦੱਸ ਕੇ ਇਸ ਦੀਆਂ ਜਨਮ ਜਾਤ ਸੀਮਾਵਾਂ ਅਤੇ ਇਸ ਨੂੰ ਬਦਲੇ ਜਾਣ ਦੀ ਅਟਲ ਸੰਭਾਵਨਾ ਵੀ ਦੱਸੀ।

ਇਤਿਹਾਸਕ ਸੱਚ ਹੈ ਕਿ ਕਮਿਊਨਿਜ਼ਮ ਆਪਣੇ ਪਹਿਲੇ ਪੜਾਅ ਸੋਸ਼ਲਿਜ਼ਮ ਭਾਵ ਸਮਾਜਵਾਦ ਸੰਸਾਰ ਵਿੱਚ ਫੈਲਾਅ ਕਰਨਾ ਤਾਂ ਦੂਰ, ਜਿੱਥੇ ਚਾਵਾਂ, ਕੁਰਬਾਨੀਆਂ ਨਾਲ ਸਥਾਪਤ ਹੋਇਆ, ਉਹਦੇ ਵਿੱਚੋਂ ਵੀ ਕਈ ਥਾਵਾਂ ਉਤੇ ਵਾਪਸ ਪੂੰਜੀਵਾਦੀ ਢਾਂਚੇ ਵਿੱਚ ਚਲਾ ਗਿਆ। ਨਤੀਜੇ ਵਜੋਂ ਹੋਰ ਥਾਵਾਂ ਵਾਂਗ ਭਾਰਤ ਵਿੱਚ ਕਮਿਊਨਿਜ਼ਮ ਆਪਣੀ ਹੋਂਦ ਦੀ ਲੜਾਈ ਲੜ ਰਿਹਾ ਹੈ, ਪਰ ਇਹਦੇ ਨਾਲ ਕਈ ਦੇਸ਼ਾਂ ਵਿੱਚ ਲੋਕ ਸਮਾਜਵਾਦੀਆਂ ਨੂੰ ਵੋਟਾਂ ਨਾਲ ਰਾਜ ਸੱਤਾ ਵੀ ਦੇ ਰਹੇ ਹਨ, ਪਰ ਭਾਰਤ ਵਿੱਚ ਇਸ ਤਰ੍ਹਾਂ ਹੋਣਾ ਵੀ ਔਖਾ ਹੋ ਰਿਹਾ ਹੈ। ਕਿਉਂ ?

ਪਹਿਲਾਂ ਆਲਮੀ ਪੱਧਰ ਉਤੇ ਪੂੰਜੀਵਾਦ ਨੇ ਆਪਣੇ ਲਈ ਕਦੇ ਕੋਈ ਚੁਣੌਤੀ ਵੇਖੀ-ਸੋਚੀ ਨਹੀਂ ਸੀ। ਸਾਮੰਤਸ਼ਾਹੀ ਤੋਂ ਲੋਕਰਾਜ ਵੱਲ ਵਿਕਸਤ ਦੇਸ਼ ਕੁਝ ਕੁ ਸਰਕੇ, ਪਰ ਸਮੇਂ ਦੀਆਂ ਲੋਕਰਾਜੀ ਸਰਕਾਰਾਂ ਵਿੱਚ ਵੀ ਰਾਜ ਸੱਤਾ ਪੂੰਜੀਪਤੀਆਂ ਕੋਲ ਹੀ ਸੀ। ਉਦਯੋਗਿਕ ਕ੍ਰਾਂਤੀ ਨੇ ਯੋਰਪ ਦੇ ਲੱਗਭੱਗ ਹਰ ਦੇਸ਼ ਨੂੰ ਸੰਸਾਰ ਦੇ ਅਵਿਕਸਤ ਦੇਸ਼ਾਂ ਨੂੰ ਬਸਤੀਆਂ ਬਣਾ ਕੇ ਖੇਤੀ ਅਤੇ ਖਣਿਜਾਂ ਦੀ ਖੂਬ ਲੁੱਟ ਕੀਤੀ। ਅਮੀਰ ਵੀ ਹੋਏ, ਪਰ ਆਪਣੇ-ਆਪਣੇ ਦੇਸ਼ ਦੇ ਮਜ਼ਦੂਰ ਵਰਗ ਦੀ ਹਾਲਤ ਸੁਧਾਰ ਨਾ ਸਕੇ। ਰੂਸੀ ਕ੍ਰਾਂਤੀ ਨੇ ਜਿਉਂ ਹੀ ਅਣਕਿਆਸੀ ਗਤੀ ਨਾਲ ਦੇਸ਼ ਦਾ ਚੁਤਰਫ਼ਾ ਵਿਕਾਸ ਸ਼ੁਰੂ ਕੀਤਾ, ਪੂੰਜੀਵਾਦੀ ਦੇਸ਼ਾਂ ਦੇ ਕਿਰਤੀਆਂ ਨੂੰ ਵੀ ਆਪਣੀ ਸ਼ਕਤੀ ਦਾ ਅਹਿਸਾਸ ਹੋਣ ਲੱਗਾ। ਰਾਜ ਸੱਤਾ ਵਿੱਚ



ਸੁੱਚਾ ਸਿੰਘ ਖੱਟੜਾ

ਹਿੱਸੇਦਾਰੀ ਤੱਕ ਤਾਂ ਉਨ੍ਹਾ ਨੂੰ ਪਹੁੰਚਣ ਨਾ ਦਿੱਤਾ, ਪਰ ਉਨ੍ਹਾਂ ਦੀਆਂ ਸੁੱਖ-ਸਹੂਲਤਾਂ ਵਿੱਚ ਵਾਧਾ ਰੂਸੀ ਗਣਰਾਜ ਦੇ ਮੁਕਾਬਲੇ ਕਰਨਾ ਪਿਆ, ਪਰ ਸਮਾਜਵਾਦੀ ਰੂਸੀ ਗਣਰਾਜ ਪੂੰਜੀਵਾਦ ਵਿਰੁੱਧ ਇਕ ਰੱਖਿਆਤਮਕ ਲੜਾਈ ਸੀ। ਆਰਥਿਕ ਪੱਖ ਤੋਂ ਘੇਰਾਬੰਦੀ ਅਤੇ ਵਿਚਾਰਧਾਰਕ ਹਮਲਾਵਰੀ ਕਦਮ ਵੀ ਨਾਲੋ-ਨਾਲ ਚੁੱਕਣੇ ਸ਼ੁਰੂ ਕਰ ਦਿੱਤੇ। ਬੇਸ਼ੱਕ ਚੀਨ, ਕਿਊਬਾ, ਉੱਤਰੀ ਕੋਰੀਆ ਅਤੇ ਵੀਅਤਨਾਮ ਦੇ ਕਿਰਤੀ ਵੀ ਰਾਜਸੱਤਾ ਹਾਸਲ ਕਰ ਗਏ ਸਨ, ਪਰ ਪੂੰਜੀਵਾਦੀ ਦੇਸ਼ਾਂ ਦਾ ਖੇਮਾ ਉਦਯੋਗ, ਪੈਦਾਵਾਰ ਅਤੇ ਵਪਾਰ ਵਿੱਚ ਸਮਾਜਵਾਦੀ ਖੇਮੇ ਤੋਂ ਮਜ਼ਬੂਤ ਹੀ ਰਿਹਾ। ਤਾਕਤ ਪੱਖੋਂ ਸਮਾਜਵਾਦੀ ਖੇਮ ਨਿੱਕ-ਅਕਾਰੀ ਹੀ ਰਿਹਾ।

ਇਸ ਜੱਦੋ-ਜਹਿਦ ਵਿੱਚ ਰੂਸੀ ਗਣਰਾਜ ਦੀ ਕਮਿਊਨਿਸਟ ਪਾਰਟੀ ਦਾ ਬੌਧਿਕ ਅਤੇ ਰੋਜ਼ਾਨਾ ਜ਼ਿੰਦਗੀ ਵਿੱਚ ਭ੍ਰਿਸ਼ਟ ਹੋਣ ਨੇ ਸੰਸਾਰ ਪੂੰਜੀਵਾਦ ਦੀ ਸਭ ਤੋਂ ਵੱਡੀ ਸਹਾਇਤਾ ਕੀਤੀ। ਜਿੱਥੇ ਰੂਸੀ ਇਨਕਲਾਬ ਪੂੰਜੀਵਾਦ ਲਈ ਅਣਕਿਆਸੀ ਘਟਨਾ ਸੀ, ਉੱਥੇ ਇਨਕਲਾਬੀ ਰੂਸ ਦਾ ਟੁੱਟਣਾ ਦੁਨੀਆ ਭਰ ਦੇ ਕਿਰਤੀਆਂ ਲਈ ਅਣਕਿਆਸੀ ਘਟਨਾ ਬਣ ਕੇ ਸਾਹਮਣੇ ਆਈ। ਸੰਸਾਰ ਤੋਂ ਆਪਣੇ ਦੇਸ਼ ਵੱਲ ਪਰਤਦੇ ਹਾਂ।

ਇੱਧਰ ਭਾਰਤ ਵਿੱਚ ਸਮਾਜਵਾਦੀ ਵਿਚਾਰਧਾਰਾ ਦਾ ਪਸਾਰ ਬੜੀ ਤੇਜ਼ੀ ਨਾਲ ਹੋਇਆ। ਸਾਰੇ ਦੇਸ਼ ਵਿੱਚ ਇਕ ਸਾਰ ਨਾ ਸਹੀ, ਫਿਰ ਵੀ ਸਨਅਤੀ ਖਿੱਤਿਆ, ਕੇਂਦਰਾਂ ਵਿੱਚ ਦੇਸ਼ ਪੱਧਰ ਦੇ ਮਜ਼ਦੂਰ ਸੰਗਠਨਾਂ, ਕਿਸਾਨ ਸੰਗਠਨਾਂ ਦੇ ਬਣਨ ਤੋਂ ਬਿਨਾਂ ਸਮਾਜਵਾਦੀ ਵਿਚਾਰਧਾਰਾ ਨੇ ਲੇਖਕਾਂ, ਕਲਾਕਾਰਾਂ, ਫਿਲਮਕਾਰਾਂ ਤੱਕ ਨੂੰ ਆਕਰਸ਼ਤ ਕਰ ਲਿਆ। ਇੱਥੋਂ ਤੱਕ ਕਿ 1957 ਵਿੱਚ ਕੇਰਲਾ ਦੇ ਸੂਬੇ ਵਿੱਚ ਲੋਕਾਂ ਨੇ ਵੋਟਾਂ ਰਾਹੀਂ ਕਮਿਊਨਿਸਟਾਂ ਦੀ ਸਰਕਾਰ ਬਣਾ ਦਿੱਤੀ। ਈ ਐਮ ਐੱਸ ਨੰਬੂਦਰੀਪਾਦ ਦੀ ਅਗਵਾਈ ਇੱਕ ਅਜ਼ਾਦ ਵਿਧਾਇਕ ਦੀ ਸਹਾਇਤਾ ਨਾਲ ਬਣੀ ਸਰਕਾਰ ਨੂੰ ਤੋੜਨ ਦੇ ਜਦੋਂ ਸਭ ਯਤਨ ਫੇਲ੍ਹ ਹੋ ਗਏ ਤਾਂ ਕਾਂਗਰਸ ਪ੍ਰਧਾਨ ਇੰਦਰਾ ਗਾਂਧੀ ਦੇ ਕਹਿਣ ਉੱਤੇ ਦੇਸ਼ ਵਿੱਚ ਸੰਵਿਧਾਨ ਦੀ ਧਾਰਾ 356 ਪਹਿਲੀ ਵਾਰ ਕੇਰਲਾ ਦੀ ਕਮਿਊਨਿਸਟ ਸਰਕਾਰ ਉੱਤੇ ਲਾ ਕੇ ਸਰਕਾਰ ਤੋੜ ਦਿੱਤੀ, ਪਰ ਉਸ ਸਰਕਾਰ ਦਾ ਕੇਰਲਾ ਦੇ ਸਮਾਜ ਉਤੇ ਪ੍ਰਭਾਵ ਹਮੇਸ਼ਾ ਲਈ ਉੱਕਰਿਆ ਗਿਆ।

ਇਸ ਤੋਂ ਬਾਅਦ ਕਮਿਊਨਿਸਟ ਪਾਰਟੀ ਉੱਤੇ ਪਹਿਲੀ ਵਦਾਣੀ ਚੋਟ ਪਾਰਟੀ ਅੰਦਰ ਫੁੱਟ, ਫਿਰ ਫੁੱਟ ਦਰ ਫੁੱਟ ਅਤੇ ਨਾਲ ਹੀ ਫੁੱਟੇ ਟੁਕੜਿਆਂ ਦੀ ਆਪਸੀ ਸ਼ਰੀਕੇਬਾਜ਼ੀ ਦੀ ਕਹਾਣੀ ਸ਼ੁਰੂ ਹੁੰਦੀ ਹੈ। ਇਨ੍ਹਾਂ ਫੁੱਟਾਂ ਦਾ ਕਾਰਨ ਬਾਹਰੀ ਦੀ ਥਾਂ ਅੰਦਰੂਨੀ ਹੀ ਵੇਖਿਆ ਗਿਆ।

ਦੇਸ਼ ਦੇ ਸਾਮੰਤੀ ਅਤੇ ਪੂੰਜੀਪਤੀਆਂ ਦਾ ਸਮਾਜਵਾਦੀਆਂ/ਕਮਿਊਨਿਸਟਾਂ ਵਿਰੁੱਧ ਝੂਠੇ ਪ੍ਰਚਾਰ ਦਾ ਸਾਹਮਣਾ ਕਰਨ ਯੋਗ ਕਮਿਊਨਿਸਟ ਕਦੇ ਵੀ ਨਹੀਂ ਹੋਏ। ਕਿਊਬਾ ਇਨਕਲਾਬ ਵਿੱਚ ਹੀ ਨਹੀਂ, ਲਾਤੀਨੀ ਅਮਰੀਕਾ ਦੇ ਨਿੱਕੇ-ਨਿੱਕੇ ਦੇਸ਼ਾਂ ਦੇ ਇਨਕਲਾਬਾਂ ਵਿੱਚ ਇਸਾਈ ਮਿਸ਼ਨਰੀਆਂ ਨੇ ਪੂਰਾ ਸਹਿਯੋਗ ਦਿੱਤਾ। ਇੱਧਰ ਬਹੁਤੇ ਉਤਸ਼ਾਹੀ ਕਾਮਰੇਡਾਂ ਨੇ ਧਰਮ ਵਿਰੁੱਧ ਬੋਲਣਾ ਆਪਣਾ ਫੈਸ਼ਨ ਹੀ ਬਣਾ ਰੱਖਿਆ। ਹਾਲਾਂਕਿ ਮਾਨਵਤਾ ਦੀ ਭਲਾਈ ਤੋਂ ਹਰ ਧਰਮ ਦਾ ਆਰੰਭ ਹੁੰਦਾ ਹੈ। ਇਹ ਵੱਖਰੀ ਗੱਲ ਹੈ ਕਿ ਧਰਮ ਜਦੋਂ ਸੰਗਠਨ ਦਾ ਰੂਪ ਲੈਂਦਾ ਹੈ ਤਾਂ ਉਹ ਮੌਕੇ ਦੀ ਰਾਜਸੱਤਾ ਨਾਲ ਜਾ ਖੜਦਾ ਹੈ। ਲੋੜ ਸੀ ਕਿ ਵੱਖ-ਵੱਖ ਧਰਮਾਂ ਅਤੇ ਸੱਭਿਆਚਾਰਾਂ ਵਿੱਚ ਜੋ ਵੀ ਮਾਨਵੀ ਹੈ, ਉਸ ਦੇ ਖੁਦ ਨੂੰ ਅਸਲੀ ਵਾਰਸ ਸਾਬਤ ਕਰਦੇ। ਉਲਟਾ ਵਿਰੋਧ ਕਰਨਾ ਇੱਕ ਤਰ੍ਹਾਂ ਏਜੰਡਾ ਹੀ ਬਣਾ ਲਿਆ। ਕਮਿਊਨਿਸਟਾਂ ਵਿਰੁੱਧ ਪੂੰਜੀਪਤੀਆਂ ਦੇ ਕਮਜ਼ੋਰ ਪਲੇਟਫਾਰਮ ਨੂੰ ਧਰਮਾਂ ਦੇ ਵਿਸ਼ਾਲ ਪਲੇਟਫਾਰਮ ਨੇ ਕੂੜ ਪ੍ਰਚਾਰ ਰਾਹੀਂ ਕਮਜ਼ੋਰ ਕੀਤਾ ਹੈ। ਪ੍ਰਚਾਰ ਟੈਕਨਾਲੋਜੀ ਦੀ ਅਜੋਕੀ ਵਰਤੋਂ ਵਿੱਚ ਕਮਿਊਨਿਸਟ ਪੱਛੜ ਗਏ ਹਨ। ਇੱਧਰ ਪ੍ਰਿੰਟ ਇਲੈਕਟਾਨਿਕ ਇੱਥੋਂ ਤੱਕ ਕਿ ਸੋਸ਼ਲ ਮੀਡੀਆ ਵੱਲੋਂ ਜਾਣ-ਬੁੱਝ ਕੇ ਲਗਾਤਾਰ ਸਮਾਜਵਾਦੀਆਂ ਅਣਦੇਖੀ ਕੀਤੀ ਜਾਂਦੀ ਹੈ। ਕਿੰਨੇ ਕੁ ਪਾਠਕ ਜਾਣਦੇ ਹਨ ਕਿ ਸਿੱਖਿਆ ਖੇਤਰ ਵਿੱਚ, ਸਿਹਤ ਸੇਵਾਵਾਂ ਅਤੇ ਵਿਕਾਸ ਦੇ ਹੋਰ ਮਾਪਦੰਡਾਂ ਵਿੱਚ ਕੇਰਲਾ ਦੇਸ਼ ਵਿੱਚ ਸਿਖਰ ਉੱਤੇ ਹੈ। ਸਿਆਸੀ ਗਠਜੋੜਾਂ ਵਿੱਚ ਸੂਬਿਆਂ ਦੇ ਜ਼ਿਕਰ ਕਰਨਾਟਕ, ਤਾਮਿਲਨਾਡੂ ਤੋਂ ਅੱਗੇ ਘੱਟ ਹੀ ਸੁਣੀਂਦੇ ਹਨ। ਇਹ ਅੱਜ ਨਹੀਂ ਜਦੋਂ ਲੋਕ ਸਭਾ ਵਿੱਚ ਖੱਬੇ ਗੱਠਜੋੜ ਦੀ ਗਿਣਤੀ 60 ਤੋਂ ਵੀ ਵੱਧ ਸੀ, ਉਦੋਂ ਵੀ ਇਵੇਂ ਹੀ ਸੀ।

ਕਠੋਰ ਹਕੀਕਤ ਹੈ ਕਿ ਪ੍ਰਕਿਰਤੀ, ਮਨੁੱਖ, ਸਮਾਜ, ਆਰਥਿਕਤਾ ਹਰ ਇੱਕ ਚੀਜ਼ ਨਿਰੰਤਰ ਬਦਲ ਰਹੀ ਹੈ। ਅੱਜ ਦਾ ਅਰਥਚਾਰਾ ਅਤੇ ਇਸ ਅਰਥਚਾਰੇ ਵਿੱਚ ਸਮਾਜਿਕ ਵਰਗ, ਉਪ ਵਰਗ ਹੁਣ ਅੱਜ ਤੋਂ 100 ਜਾਂ 150 ਸਾਲ ਪਹਿਲਾਂ ਦੇ ਉਦਯੋਗਕ ਕ੍ਰਾਂਤੀ ਸਮੇਂ ਪ੍ਰਤੱਖ ਰੂਪ ਵਿੱਚ ਕਿਰਤੀ ਅਤੇ ਪੂੰਜੀਪਤੀ ਦੋ ਵਰਗ ਨਹੀਂ ਹਨ। ਕਾਰਲ ਮਾਰਕਸ ਵੱਲੋਂ ਪੂੰਜੀਵਾਦ ਦੀ ਕੀਤੀ ਵਿਗਿਆਨਕ ਚੀਰ-ਫਾੜ ਦੀ ਵਿਧੀ ਤਾਂ ਉਹੀ ਰਹੇਗੀ, ਪਰ ਅੱਜ ਦੀ ਚੀਰ-ਫਾੜ ਅਤੇ ਉਹਦੇ ਸਿੱਟਿਆਂ ਨੂੰ ਵੇਖਦਿਆਂ ਵਿਕਾਸ ਮਾਡਲ ਵਿੱਚ ਬਦਲਾਅ ਤਾਂ ਕਰਨੇ ਹੀ ਪੈਣੇ ਹਨ। ਸਿਆਸੀ ਪੈਂਤੜਿਆਂ ਵਾਲੀ ਲਚਕ ਕਾਫ਼ੀ ਨਹੀਂ, ਅੱਜ ਦੇ ਮਾਰਕਸੀ ਚਿੰਤਕਾਂ ਨੂੰ ਬਣ ਰਹੇ ਸਿਆਸੀ ਗੱਠਜੋੜਾਂ ਲਈ ਆਰਥਿਕ ਏਜੰਡਾ ਦੇਣ ਦੇ ਸਮਰੱਥ ਹੋਣਾ ਪੈਣਾ ਹੈ। ਵਰਨਾ ਭਾਜਪਾ ਮੁੜ ਪੱਕੇ ਪੈਰੀਂ ਆਏਗੀ। ਲੀਡਰਸ਼ਿਪ ਦਾ ਕੱਦ ਵਿੱਦਿਅਕ ਅਤੇ ਬੌਧਿਕ ਮਿਆਰਾਂ ਦੇ ਪੱਖ ਤੋਂ ਜਿਵੇਂ-ਜਿਵੇਂ ਸੂਬਿਆਂ ਤੱਕ ਪਹੁੰਚਦੇ ਹਾਂ, ਹਾਲਤ ਚਿੰਤਾਜਨਕ ਹੈ। ਕਮਿਊਨਿਸਟ ਪਾਰਟੀ ਦਾ ਆਗੂ ਜੇਕਰ ਮਾਰਕਸਵਾਦੀ ਫਲਸਫ਼ੇ ਦਾ ਵਾਕਫਕਾਰ ਹੀ ਨਹੀਂ ਤਾਂ ਉਹ ਜਥੇਬੰਦਕ ਪੱਧਰ ਉੱਤੇ ਲਾਜ਼ਮੀ ਤੌਰ 'ਤੇ ਧੜੇਬਾਜ਼ ਹੋ ਨਿਬੜੇਗਾ। ਤਿਆਗ ਅਤੇ ਸਹਿਯੋਗ, ਸਮਰਪਣ ਮਹਿਜ਼ ਪ੍ਰਚਾਰਨ ਲਈ ਨਹੀਂ, ਅਪਣਾਉਣ ਅਤੇ ਅਮਲਾਉਣ ਵਾਲੇ ਗੁਣ ਹਨ। ਇਨ੍ਹਾਂ ਤੋਂ ਬਿਨਾਂ ਕਮਿਊਨਿਸਟ ਸੰਗਠਨ ਧੜੇ ਹੀ ਹੁੰਦੇ ਹਨ।

ਬਿਨਾਂ ਸ਼ੱਕ ਪੰਜਾਬ ਵਿੱਚ ਅੱਤਵਾਦ ਦੀ ਵੱਖਰੀ ਮਾਰ ਨੇ ਹੰਢੀ ਤੇ ਤਜਰਬੇਕਾਰ ਲੀਡਰਸ਼ਿਪ ਦਾ ਹੀ ਸਫਾਇਆ ਨਹੀਂ ਕੀਤਾ, ਨੌਜਵਾਨ ਸਫ਼ਾਂ ਵਿੱਚੋਂ ਚੋਟੀ ਦੇ ਪੜ੍ਹੇ-ਲਿਖੇ ਸ਼ਹੀਦ ਕਰਕੇ ਅੱਗੋਂ ਲਈ ਕਾਲਜਾਂ, ਯੂਨੀਵਰਸਿਟੀਆਂ ਤੋਂ ਆਉਣ ਵਾਲੀ ਪੂਰਤੀ ਤੋਂ ਵੀ ਕਮਿਊਨਿਸਟ ਪਾਰਟੀਆਂ ਵਾਂਝੀਆਂ ਕਰ ਦਿੱਤੀਆਂ।

ਜਦੋਂ ਮਾਰਕਸਵਾਦੀ ਵਿਧੀ (ਵਿਰੋਧ ਵਿਕਾਸ) ਤੋਂ ਅਗਿਆਨਤਾ, ਅਕਾਦਮਿਕ ਨਿਵਾਣ, ਆਮ ਗਿਆਨ ਦੇ ਪੱਛੜੇਵੇਂ ਦੇ ਰੋਗ ਪਾਰਟੀ ਦੀਆਂ ਆਗੂ ਸਫ਼ਾਂ ਵਿੱਚ ਆ ਜਾਣ ਤਾਂ ਪਾਰਟੀ ਦੇ ਸ਼ਾਨਦਾਰ ਇਤਿਹਾਸ, ਪ੍ਰਾਪਤੀਆਂ, ਪਾਰਟੀ ਨੇਤਾਵਾਂ ਦੀਆਂ ਮਿਸਾਲੀ ਜੀਵਨੀਆਂ ਤੋਂ ਮਿਲੇ ਸਬਕਾਂ ਨੂੰ ਹੇਠਾਂ ਪਾਰਟੀ ਸਫ਼ਾਂ ਵਿੱਚ ਲਿਜਾਣਾ ਵੀ ਬੰਦ ਹੋ ਜਾਂਦਾ ਹੈ। ਪ੍ਰਚਾਰ ਲਈ ਵਿਭਾਗਾਂ, ਕੰਮਕਾਜੀ ਤਬਕਿਆਂ, ਮਜ਼ਦੂਰਾਂ, ਕਿਸਾਨਾਂ, ਖੇਤ ਮਜ਼ਦੂਰਾਂ, ਨੌਜਵਾਨਾਂ ਅਤੇ ਵਿਦਿਆਰਥੀਆਂ ਦੇ ਸੰਗਠਨਾਂ ਦੇ ਆਗੂਆਂ ਲਈ ਪਲੇਟਫਾਰਮ ਤਾਂ ਹਨ, ਪਰ ਉਨ੍ਹਾ ਪਲੇਟਫਾਰਮਾਂ 'ਤੇ ਦਰਪੇਸ਼ ਸਮੱਸਿਆਵਾਂ ਉਤੇ ਵਿਗਿਆਨਕ ਵਿਸ਼ਲੇਸ਼ਣ ਅਤੇ ਉਨ੍ਹਾ ਦੇ ਸਮਾਜਵਾਦੀ ਨਜ਼ਰੀਏ 'ਚੋਂ ਸਮਾਧਾਨ ਘੱਟ ਹੀ ਸੁਣੇ ਜਾਂਦੇ ਹਨ। ਆਗੂਆਂ ਦੀ ਦੌੜ-ਭੱਜ ਕਮਿਊਨਿਸਟ ਪਾਰਟੀ ਲਈ ਲਾਹੇਵੰਦ ਨਹੀਂ ਹੋ ਰਹੀ।

ਇਨੀਆਂ ਘਾਟਾਂ-ਕਮਜ਼ੋਰੀਆਂ ਦੇ ਬੋਝ ਨੂੰ ਢੋਅ ਰਹੇ ਮਾਨਵ ਸਮਾਜ ਦੇ ਸੁਨਹਿਰੇ ਸੁਪਨਿਆਂ ਨੂੰ ਧਰਤੀ ਉਤੇ ਸੱਚ ਕਰ ਵਿਖਾਉਣ ਵਾਲਿਆਂ ਦੇ ਮੁੜ ਆਉਣ ਦੀ ਉਮੀਦ ਪ੍ਰਤੱਖ ਜੀਵਤ ਹੈ। ਕਿਵੇਂ ? (**ਚੱਲਦਾ**)

***# ਸੰਪਰਕ : 94176-52947***

# ਵਿਦੇਸ਼ ਦੀ ਚਾਹਤ ਕਾਰਨ ਖਾਲੀ ਹੋ ਰਿਹਾ ਪੰਜਾਬ

ਵਿਦੇਸ਼ ਜਾਣ ਵਾਲਿਆਂ ਦੀ ਗਿਣਤੀ ਦਿਨੋਂ-ਦਿਨ ਵਧ ਰਹੀ ਹੈ। ਭਾਰਤੀ ਲੋਕਾਂ ਦਾ ਵਿਦੇਸ਼ਾਂ ਵਿੱਚ ਜਾ ਕੇ ਵੱਸਣ ਦਾ ਰੁਝਾਨ ਦਿਨੋਂ-ਦਿਨ ਵਧ ਰਿਹਾ ਹੈ। ਭਾਰਤੀ ਵਿਦੇਸ਼ ਮੰਤਰਾਲੇ ਦੇ ਮੁਤਾਬਕ 2022 ਵਿਚ ਕਰੀਬ 1.89 ਲੱਖ ਲੋਕਾਂ ਨੇ ਭਾਰਤ ਦੀ ਨਾਗਰਿਕਤਾ ਛੱਡ ਦਿੱਤੀ ਹੈ। ਪੰਜਾਬ ਦਾ ਨੌਜਵਾਨ ਵਿਦੇਸ਼ਾਂ ਨੂੰ ਉਡਾਰੀ ਮਾਰ ਰਿਹਾ ਹੈ । ਪੰਜਾਬ ਵਿੱਚ ਹਰ ਸਾਲ ਵਿਦੇਸ਼ਾਂ ਲਈ ਪੜ੍ਹਾਈ ਕਰਨ ਲਈ ਨੌਜਵਾਨ 27 ਹਜ਼ਾਰ ਕਰੋੜ ਰੁਪਏ ਖਰਚ ਕਰ ਰਹੇ ਹਨ। ਇਹ ਬਹੁਤ ਹੀ ਚਿੰਤਾ ਵਾਲੀ ਗੱਲ ਹੈ । ਪਾਸਪੋਰਟ ਦਫ਼ਤਰਾਂ ਦੇ ਬਾਹਰ ਨੌਜਵਾਨਾਂ ਦੀਆਂ ਲੰਮੀਆਂ-ਲੰਮੀਆਂ ਕਤਾਰਾਂ ਆਮ ਦੇਖਣ ਨੂੰ ਮਿਲਦੀਆਂ ਹਨ । ਮਾਂ-ਬਾਪ ਕਰਜ਼ਈ ਹੋ ਕੇ ਆਪਣੀ ਨੌਜਵਾਨ ਪੀੜ੍ਹੀ ਨੂੰ ਵਿਦੇਸ਼ਾਂ ਵਿੱਚ ਭੇਜ ਰਹੇ ਹਨ। ਕੋਈ ਸਮਾਂ ਹੁੰਦਾ ਸੀ ਜਦੋਂ ਸਰਕਾਰੀ ਮੁਲਾਜ਼ਮ ਹੀ ਆਪਣੇ ਬੱਚਿਆਂ ਨੂੰ ਵਿਦੇਸ਼ਾਂ ਵਿੱਚ ਪੜ੍ਹਾਈ ਲਈ ਭੇਜਦੇ ਸਨ। ਵਿਦੇਸ਼ੀ ਪੜ੍ਹਾਈ ਕਰਕੇ ਫਿਰ ਉਹ ਵਾਪਸ ਪੰਜਾਬ ਆ ਕੇ ਆਪਣੀ ਧਰਤੀ 'ਤੇ ਹੀ ਨੌਕਰੀ ਕਰਦੇ ਸਨ, ਪਰ ਅੱਜ ਜੇ ਕੋਈ ਬੱਚਾ ਵਿਦੇਸ਼ ਚਲਾ ਗਿਆ ਉਹ ਵਾਪਸ ਮੁੜ ਕੇ ਪੰਜਾਬ ਨਹੀਂ ਆਉਂਦਾ। ਜ਼ਮੀਨਾਂ ਗਹਿਣੇ ਰੱਖ ਕੇ ਜਾਂ ਵੇਚ ਕੇ ਆਪਣੇ ਬੱਚਿਆਂ ਨੂੰ ਵਿਦੇਸ਼ ਭੇਜ ਰਹੇ ਹਨ। ਜੋ ਖੇਤੀਯੋਗ ਜ਼ਮੀਨ ਦਾ ਰੇਟ 35 ਤੋਂ 40 ਲੱਖ ਸੀ, ਉਸ ਦੀ ਕੀਮਤ ਵਿਚ ਕਾਫੀ ਗਿਰਾਵਟ ਆਈ ਹੈ। ਵੀਹ ਲੱਖ ਵਿੱਚ ਵੀ ਲੋਕ ਪ੍ਰਤੀ ਏਕੜ ਜ਼ਮੀਨ ਵੇਚਣ ਲਈ ਤਿਆਰ ਹਨ।

ਬੇਰੁਜ਼ਗਾਰੀ ਬਹੁਤ ਵਧ ਚੁੱਕੀ ਹੈ। ਜਦੋਂ ਕੋਰੋਨਾ ਮਹਾਂਮਾਰੀ ਨੇ ਭਾਰਤ ਵਿਚ ਦਸਤਕ ਦਿੱਤੀ ਤਾਂ ਤਾਲਾਬੰਦੀ ਕਰ ਦਿੱਤੀ ਗਈ। ਲੱਖਾਂ ਹੀ ਲੋਕਾਂ ਦਾ ਰੁਜ਼ਗਾਰ ਖੁੱਸਿਆ ਹੈ। ਹਜੇ ਤੱਕ ਲੀਹ 'ਤੇ ਚੰਗੀ ਤਰ੍ਹਾਂ ਗੱਡੀ ਨਹੀਂ ਆਈ ਹੈ। ਸੀਮਤ ਹੀ ਲੋਕਾਂ ਨੂੰ ਰੁਜ਼ਗਾਰ ਮਿਲਿਆ ਹੈ। ਫਿਰ ਮਾਂ-ਬਾਪ ਕੋਲ ਕੋਈ ਵੀ ਚਾਰਾ ਨਹੀਂ ਰਹਿੰਦਾ। ਥੱਕੇ-ਹਾਰੇ ਮਾਂ-ਬਾਪ ਫਿਰ ਔਲਾਦ ਨੂੰ (ਆਇਲੈਟਸ) ਦੀ ਤਿਆਰੀ ਕਰਵਾਉਂਦੇ ਹਨ। ਫਿਰ ਜਦੋਂ ਵਧੀਆ ਬੈਂਡ ਆ ਜਾਂਦੇ ਹਨ ਤਾਂ ਫਿਰ ਬਾਪ ਪੈਸੇ ਦਾ ਹੀਲਾ-ਵਸੀਲਾ ਕਰਨਾ ਸ਼ੁਰੂ ਕਰ ਦਿੰਦਾ ਹੈ । ਰਿਸ਼ਤੇਦਾਰਾਂ, ਸਕੇ ਸੰਬੰਧੀਆਂ ਤੋਂ ਆਸ ਰੱਖਦਾ ਹੈ। ਫਿਰ ਜਦੋਂ ਉਹ ਵੀ ਹੱਥ ਖੜ੍ਹੇ ਕਰ ਦਿੰਦੇ ਹਨ, ਤਾਂ ਆਪਣੀ ਜ਼ਮੀਨ ਨੂੰ ਗਹਿਣੇ ਰੱਖ ਦਿੰਦਾ ਹੈ। ਫਿਰ ਪਿੱਛੋਂ ਉਹ ਮਾਂ-ਬਾਪ ਬੈਂਕ ਦੀਆਂ ਕਿਸ਼ਤਾਂ ਭਰਦੇ ਹਨ । ਸਮੇਂ ਸਿਰ ਕਰਜ਼ਾ ਨਾ ਉਤਾਰਨ ਕਰਕੇ ਉਹੀ ਪਿਓ ਖ਼ੁਦਕੁਸ਼ੀ ਕਰ ਲੈਂਦਾ ਹੈ। ਅੱਜ-ਕੱਲ੍ਹ ਜੋ ਵਿਦੇਸ਼ ਚਲਾ ਜਾਂਦਾ ਹੈ, ਉਹ ਵਤਨ ਵਾਪਸੀ ਨਹੀਂ ਕਰਦਾ । ਸਿਰਫ ਯਾਦਾਂ ਹੀ ਰਹਿ ਜਾਂਦੀਆਂ ਹਾਂ। ਪਿੱਛੋਂ ਮਾਵਾਂ ਦੀਆਂ ਅੱਖਾਂ ਆਪਣੇ ਲਾਲ ਨੂੰ ਦੇਖਣ ਨੂੰ ਤਰਸਦੀਆਂ ਰਹਿੰਦੀਆਂ ਹਨ। ਕਈ ਵਾਰ ਤਾਂ ਅਸੀਂ ਸੁਣਦੇ ਵੀ ਹਾਂ ਕਿ ਮਾਤਾ-ਪਿਤਾ ਪਿੱਛੋਂ ਇਸ ਸੰਸਾਰ ਤੋਂ ਰੁਖਸਤ ਕਰ ਗਏ। ਪੁੱਤ ਵਿਦੇਸ਼ ਤੋਂ ਫਿਰ ਵੀ ਨਹੀਂ ਆਉਂਦਾ। ਭਾਈਚਾਰਕ ਸਾਂਝ ਹੀ ਮਾਂ-ਬਾਪ ਦੀਆਂ ਅੰਤਿਮ ਰਸਮਾਂ ਨਿਭਾਉਂਦੀਆਂ ਹਨ।



ਸੰਜੀਵ ਸਿੰਘ ਸੈਣੀ

ਹੁਣ ਤਾਂ ਵੱਡੇ-ਵੱਡੇ ਬਿਜ਼ਨਸਮੈਨ ਜਿਨ੍ਹਾਂ ਦੇ ਚੰਗੇ ਆਮਦਨ ਦੇ ਵਸੀਲੇ ਹਨ, ਉਹ ਵੀ ਪੰਜਾਬ ਦੀ ਧਰਤੀ ਨੂੰ ਛੱਡਣ ਲਈ ਕਾਹਲੇ ਹਨ। ਪਿੱਛੇ ਜਿਹੇ ਪੰਜਾਬ ਵਿੱਚ ਅਜਿਹੀਆਂ ਵਾਰਦਾਤਾਂ ਹੋਈਆਂ, ਜਿਸ ਕਾਰਨ ਲੋਕਾਂ ਦੇ ਮਨ ਵਿੱਚ ਡਰ ਦਾ ਮਾਹੌਲ ਹੈ। ਵਪਾਰੀਆਂ ਤੋਂ ਫਿਰੌਤੀ ਮੰਗੀ ਜਾ ਰਹੀ ਹੈ। ਅਪਰਾਧਿਕ ਘਟਨਾਵਾਂ ਬਹੁਤ ਵਧ ਗਈਆਂ ਹਨ। ਹੁਣ ਲੋਕ ਜ਼ਮੀਨ-ਜਾਇਦਾਦ, ਘਰ-ਬਾਰ ਵੇਚ ਕੇ ਪਰਵਾਰ ਸਮੇਤ ਵਿਦੇਸ਼ਾਂ ਵਿਚ ਵੱਸਣ ਜਾ ਰਹੇ ਹਨ। ਸੂਬੇ ਅੰਦਰ ਅਪਰਾਧੀਆਂ, ਲੁਟੇਰਿਆਂ ਖਾਸ ਤੌਰ 'ਤੇ ਗੈਂਗਸਟਰਾਂ ਵੱਲੋਂ ਫਿਰੌਤੀ ਮੰਗਣਾਂ ਵਰਗੀਆਂ ਵਾਰਦਾਤਾਂ ਦਾ ਵਧਣਾ ਕਾਨੂੰਨ ਵਿਵਸਥਾ ਲਈ ਠੀਕ ਨਹੀਂ ਹੈ। ਮਜਬੂਰੀਵੱਸ ਲੋਕ ਆਪਣੇ ਬੱਚਿਆਂ ਨੂੰ ਬਾਰ੍ਹਵੀਂ ਤੋਂ ਬਾਅਦ ਵਿਦੇਸ਼ ਭੇਜ ਰਹੇ ਹਨ। ਵਿਦੇਸ਼ ਜਾਣ ਦਾ ਮੁੱਖ ਕਾਰਨ ਨਸ਼ਿਆਂ ਤੇ ਬੇਰੁਜ਼ਗਾਰੀ ਹੈ। ਬੇਰੁਜ਼ਗਾਰੀ ਇੰਨੀ ਵਧ ਚੁੱਕੀ ਹੈ ਕਿ ਪੜ੍ਹੇ-ਲਿਖੇ ਨੌਜਵਾਨ ਹੱਥਾਂ ਵਿੱਚ ਡਿਗਰੀਆਂ ਫੜ ਧੱਕੇ ਖਾ ਰਹੇ ਹਨ। ਹਾਲ ਹੀ ਵਿੱਚ ਤਾਜ਼ਾ ਸਰਵੇ ਮੁਤਾਬਕ 70 ਲੱਖ ਤੋਂ ਵਧੇਰੇ ਲੋਕਾਂ ਕੋਲ ਪਾਸਪੋਰਟ ਹੈ। ਨਸ਼ਾ ਪੰਜਾਬ ਦੀ ਜਵਾਨੀ ਨੂੰ ਖਤਮ ਕਰ ਰਿਹਾ ਹੈ। ਨਸ਼ੇ ਦੇ ਡਰੋਂ ਮਾਂ-ਬਾਪ ਆਪਣੇ ਬੱਚਿਆਂ ਨੂੰ ਵਿਦੇਸ਼ ਭੇਜ ਰਹੇ ਹਨ। ਇਹ ਵੀ ਪ੍ਰਵਾਸ ਦਾ ਬਹੁਤ ਵੱਡਾ ਕਾਰਨ ਹੈ।

ਪਿੱਛੇ ਜਿਹੇ ਖਬਰ ਵੀ ਪੜ੍ਹਨ ਨੂੰ ਮਿਲੀ ਕਿ ਮੋਗਾ ਜ਼ਿਲ੍ਹੇ ਵਿੱਚ ਇੱਕ ਏਜੰਟ ਨੇ ਲੋਕਾਂ ਨਾਲ ਕਰੋੜਾਂ ਰੁਪਏ ਦੀ ਠੱਗੀ ਮਾਰ ਲਈ ਤੇ ਆਪ ਫਰਾਰ ਹੋ ਗਿਆ। ਏਜੰਟਾਂ ਦੀਆਂ ਮਿੱਠੀਆਂ-ਮਿੱਠੀਆਂ ਗੱਲਾਂ ਵਿੱਚ ਆ ਕੇ ਪਤਾ ਨਹੀਂ ਕਿੰਨੇ ਕੁ ਪਰਵਾਰ ਆਪਣਾ ਘਰ ਤਬਾਹ ਕਰ ਲੈਂਦੇ ਹਨ। ਆਪਣੇ ਬੱਚਿਆਂ ਨੂੰ ਵਿਦੇਸ ਭੇਜਣ ਦੀ ਲਾਲਚ 'ਚ ਕਈ ਪਰਿਵਾਰ ਲੱਖਾਂ- ਲੱਖਾਂ ਰੁਪਏ ਏਜੰਟਾਂ ਕੋਲ ਫਸਾ ਲੈਂਦੇ ਹਨ। ਇਥੋਂ ਤੱਕ ਕਿ ਆਪਣੀ ਜਮੀਨ ਵੀ ਗਹਿਣੇ ਰੱਖ ਦਿੰਦੇ ਹਨ। ਵਿਦੇਸ਼ ਜਾਣ ਦੇ ਲਾਲਚ ਵਿੱਚ ਇਹ ਏਜੰਟ ਭੋਲੇ-ਭਾਲੇ ਪਰਵਾਰਾਂ ਨੂੰ ਆਪਣੇ ਮੱਕੜ ਜਾਲ ਵਿੱਚ ਫਸਾ ਲੈਂਦੇ ਹਨ ।

ਨੌਜਵਾਨਾਂ ਦਾ ਵਿਦੇਸ਼ ਜਾਣ ਦਾ ਵੱਡਾ ਕਾਰਨ ਬੇਰੁਜ਼ਗਾਰੀ ਵੀ ਹੈ । ਹੱਥਾਂ ਵਿੱਚ ਫੜੀਆਂ ਡਿਗਰੀਆਂ ਲੈ ਕੇ ਨੌਜਵਾਨ ਦਫਤਰਾਂ ਦੇ ਬਾਹਰ ਧੱਕੇ ਖਾਂਦੇ ਹਨ। ਜਿੱਥੇ ਵੀ ਕੋਈ ਚਪੜਾਸੀ ਦੀ ਅਸਾਮੀ ਨਿਕਲਦੀ ਹੈ, ਉੱਥੇ ਪੋਸਟ ਗ੍ਰੈਜੂਏਟ, ਐੱਮ ਫਿਲ ਬੰਦੇ ਆਪਣੀ ਅਰਜ਼ੀ ਭਰਦੇ ਹਨ। ਹਾਲ ਹੀ ਵਿੱਚ ਅਖਬਾਰ ਵਿੱਚ ਨਸਰ ਹੋਈ ਰਿਪੋਰਟ ਦੇ ਮੁਤਾਬਕ ਪਟਵਾਰੀ ਦੀਆਂ ਅਸਾਮੀਆਂ ਲਈ ਲੱਖਾਂ ਉਮੀਦਵਾਰਾਂ ਨੇ ਅਰਜ਼ੀਆਂ ਭਰੀਆਂ। ਇਹ ਬਹੁਤ ਹੀ ਸੋਚਣ ਦਾ ਸਮਾਂ ਹੈ । ਜਿਹੜਾ ਬੰਦਾ ਮਿਹਨਤ ਕਰਦਾ ਹੈ ਚਾਹੇ ਉਸ ਕੋਲ ਇੱਥੇ ਪੰਜਾਬ ਵਿੱਚ ਹੀਲੇ-ਵਸੀਲੇ ਘੱਟ ਹਨ, ਫਿਰ ਵੀ ਉਹ ਵਧੀਆ ਰੋਟੀ ਕਮਾ ਰਿਹਾ ਹੈ। ਇਥੋਂ ਦੇ ਨੌਜਵਾਨ ਵਿਦੇਸ਼ਾਂ ਨੂੰ ਉਡਾਰੀ ਮਾਰ ਰਹੇ ਹਨ। ਉਹ ਸਮਾਂ ਦੂਰ ਨਹੀਂ, ਜਦੋਂ ਹੋਰ ਸੂਬਿਆਂ ਦੇ ਨੌਜਵਾਨ ਪਰਵਾਸੀ ਇੱਥੇ ਆ ਕੇ ਪੜ੍ਹਾਈ ਕਰਨਗੇ ਤੇ ਸਾਡੇ ਉੱਪਰ ਰੋਹਬ ਪਾਉਣਗੇ। ਉਹਨਾਂ ਦੇ ਹੱਥਾਂ ਵਿੱਚ ਪੂਰੀ ਮਾਲਕੀ ਆ ਜਾਵੇਗੀ। ਅਸੀਂ ਉਨ੍ਹਾਂ ਦੇ ਗੁਲਾਮ ਬਣ ਕੇ ਰਹਿ ਜਾਵਾਂਗੇ। ਪੰਜਾਬ ਸਰਕਾਰ ਨੂੰ ਕੇਂਦਰ ਸਰਕਾਰ ਨਾਲ ਮਿਲ ਕੇ ਪੰਜਾਬ 'ਚ ਹੀ ਵਧੀਆ ਸਨਅਤੀ ਨੀਤੀ ਬਣਾਉਣੀ ਚਾਹੀਦੀ ਹੈ, ਤਾਂ ਕਿ ਵੱਧ ਤੋਂ ਵੱਧ ਨੌਜਵਾਨਾਂ ਨੂੰ ਆਪਣੀ ਯੋਗਤਾ ਮੁਤਾਬਕ ਰੁਜ਼ਗਾਰ ਮਿਲ ਸਕੇ । ਫਿਰ ਵਿਦੇਸ਼ ਜਾਣ ਦੀ ਬਜਾਏ ਨੌਜਵਾਨ ਇੱਥੇ ਆਪਣਾ ਵਧੀਆ ਭਵਿੱਖ ਬਣਾ ਸਕਣਗੇ।

***# ਸੰਪਰਕ : 78889-66168***

# ਸਾਮਰਾਜੀ ਮੁਲਕਾਂ ਨੂੰ ਰਾਸ ਆਉਂਦੀ ਹੈ ਜੰਗ

**ਮਨਦੀਪ ਹਰਸ਼ਵਿੰਦਰ**

ਜਿਉਂ-ਜਿਉਂ ਸੰਸਾਰ ਅਰਥਚਾਰੇ ਸੰਕਟਗ੍ਰਸਤ ਹੋ ਰਹੇ ਹਨ ਤੇ ਉਹਨਾਂ 'ਚ ਲੋਕ ਰੋਹ ਵਧ ਰਿਹਾ ਹੈ, ਤਿਉਂ-ਤਿਉਂ ਸੰਸਾਰ ਸਰਮਾਏਦਾਰੀ ਪ੍ਰਬੰਧ ਵੱਧ ਹਮਲਾਵਰ ਰੁਖ ਅਖਤਿਆਰ ਕਰਦਾ ਜਾ ਰਿਹਾ ਹੈ। ਤੇਜ਼ੀ ਨਾਲ ਸੰਸਾਰ ਸਾਮਰਾਜੀ ਤਾਕਤਾਂ ਦਾ ਸਮਤੋਲ ਬਦਲ ਰਿਹਾ ਹੈ ਤੇ ਇਹ ਨਾਬਰ ਮੁਲਕ ਸੰਕਟਮੁਕਤ ਹੋਣ ਲਈ ਤੀਜੀ ਦੁਨੀਆ ਦੇ ਮੁਲਕਾਂ ਉੱਤੇ ਆਰਥਿਕ ਹਮਲਿਆਂ ਦੇ ਨਾਲ-ਨਾਲ ਆਧੁਨਿਕ ਫੌਜੀ ਹਮਲਿਆਂ ਦੀ ਤਿਆਰੀ ਵਿੱਚ ਜੁਟੇ ਹੋਏ ਹਨ। ਆਪਸੀ ਸਾਮਰਾਜੀ ਖਹਿਭੇੜ 'ਚੋਂ ਇਹ ਮੁਲਕ ਆਪਣੀ ਫੌਜੀ ਤਾਕਤ ਨੂੰ ਹੋਰ ਵੱਧ ਆਧੁਨਿਕ ਤੇ ਮਜ਼ਬੂਤ ਕਰਨ ਲਈ ਹਰ ਹੀਲੇ ਵਰਤ ਰਹੇ ਹਨ। ਦੁਨੀਆ ਦੀਆਂ ਉਦਾਰ ਅਤੇ ਚੋਣ ਜਮਹੂਰੀ ਰਾਜਾਂ ਤੇ ਜਮਹੂਰੀ ਅਧਿਕਾਰਾਂ ਦੀ ਖ਼ਸਲਤ, ਬੰਦ ਤਾਨਾਸ਼ਾਹੀ, ਚੋਣ ਤਾਨਾਸ਼ਾਹੀ ਅਤੇ ਸਿੱਧੀ ਤਾਨਾਸ਼ਾਹੀ 'ਚ ਬਦਲ ਰਹੀ ਹੈ। ਜਨਤਕ ਸਹੂਲਤਾਂ ਉੱਤੇ ਕੱਟ ਲਾਏ ਜਾ ਰਹੇ ਹਨ ਅਤੇ ਰੱਖਿਆ ਤੇ ਜੰਗੀ ਹਥਿਆਰਾਂ ਉੱਤੇ ਬੱਜਟ ਖਰਚ ਵਧਾਇਆ ਜਾ ਰਿਹਾ ਹੈ। ਸਾਮਰਾਜੀ ਮੁਲਕ ਰੱਖਿਆ ਰਣਨੀਤੀ ਹੇਠ ਹਥਿਆਰ ਸਨਅਤ ਦੀਆਂ ਦਿਓਕੱਦ ਨਿੱਜੀ ਕੰਪਨੀਆਂ ਨੂੰ ਮੋਟੇ ਮੁਨਾਫੇ ਮੁਹੱਈਆ ਕਰਵਾ ਰਹੀਆਂ ਹਨ। ਲੈਨਿਨ ਨੇ ਕਿਹਾ ਸੀ ਕਿ ਇਜਾਰੇਦਾਰ ਪੂੰਜੀਵਾਦ ਅਧੀਨ ਸਾਮਰਾਜੀ ਜੰਗਾਂ ਅਟੱਲ ਹਨ। ਇਸੇ ਤਰ੍ਹਾਂ ਸੰਸਾਰ ਪੂੰਜੀਪਤੀਆਂ ਦੀ ਵਧ ਰਹੀ ਇਜਾਰੇਦਾਰੀ ਦੁਨੀਆ ਭਰ ਵਿੱਚ ਨਵੇਂ-ਨਵੇਂ ਸੰਕਟ, ਤਣਾਅ ਅਤੇ ਜੰਗਾਂ ਪੈਦਾ ਕਰਨ ਵੱਲ ਵਧ ਰਹੀ ਹੈ।

ਦੂਜੀ ਸੰਸਾਰ ਜੰਗ ਬਾਅਦ ਬੜੀ ਤੇਜ਼ੀ ਨਾਲ ਦੁਨੀਆ ਦੇ ਵੱਖ-ਵੱਖ ਮੁਲਕ ਆਪਣੇ-ਆਪ ਨੂੰ ਆਰਥਿਕ ਸ਼ਕਤੀ ਦੇ ਨਾਲ-ਨਾਲ ਫੌਜੀ ਸ਼ਕਤੀ ਦੇ ਰੂਪ ਵਿੱਚ ਉਭਾਰਨ ਦੀ ਦੌੜ ਵਿੱਚ ਲੱਗੇ ਹੋਏ ਹਨ। ਪਿਛਲੇ ਛੇ-ਸੱਤ ਦਹਾਕਿਆਂ ਤੋਂ ਇਸ ਦੌੜ ਵਿੱਚ ਅਮਰੀਕੀ ਸਾਮਰਾਜ ਦੀ ਸਭ ਤੋਂ ਮੋਹਰੀ ਭੂਮਿਕਾ ਰਹੀ ਹੈ। ਇੰਗਲੈਂਡ, ਜਪਾਨ, ਜਰਮਨੀ ਵਰਗੀਆਂ ਪੁਰਾਣੀਆਂ ਸੰਸਾਰ ਸ਼ਕਤੀਆਂ ਦੇ ਪਤਨ ਤੋਂ ਬਾਅਦ ਅਮਰੀਕਾ ਨੇ ਜਿੱਥੇ ਜੰਗੀ ਸਾਜ਼ੋ-ਸਾਮਾਨ ਅਤੇ ਹਥਿਆਰਾਂ ਦੀ ਪੈਦਾਵਾਰ ਵਿੱਚ ਸਭ ਤੋਂ ਵੱਧ ਨਿਵੇਸ਼ ਕੀਤਾ, ਉੱਥੇ ਇਸ ਦੇ ਸਾਬਕਾ ਫੌਜੀ ਜਨਰਲ ਤੇ ਰਾਸ਼ਟਰਪਤੀ ਰਹੇ ਆਈਜ਼ਨਹਾਵਰ ਨੇ ਅਮਰੀਕੀ ਹਥਿਆਰ ਸਨਅਤ ਨੂੰ ਪ੍ਰਫੁਲਿਤ ਕਰਨ ਲਈ ਸਭ ਤੋਂ ਵੱਧ ਜ਼ੋਰ ਦਿੱਤਾ। ਅਮਰੀਕੀ ਸਾਮਰਾਜੀਆਂ ਨੇ ਜੰਗੀ ਸਾਜ਼ੋ-ਸਾਮਾਨ ਤੇ ਹਥਿਆਰ ਸਨਅਤ ਵਿੱਚ ਨਿਵੇਸ਼, ਵਿਗਿਆਨ, ਰਸਾਇਣ ਵਿਗਿਆਨ ਅਤੇ ਤਕਨੀਕ ਨੂੰ ਇਸ ਦੀ ਸੇਵਾ ਵਿੱਚ ਭੁਗਤਾਉਣ, ਸੰਸਾਰ ਭਰ ਦੇ ਵੱਖ-ਵੱਖ ਮੁਲਕਾਂ ਵਿੱਚ ਜੰਗਾਂ ਲਾਉਣ ਅਤੇ ਉੱਥੇ ਹਥਿਆਰਾਂ ਦੀ ਵੱਡੀ ਖੇਪ ਖਪਾਉਣ ਲਈ ਹਰ ਹਰਬੇ ਵਰਤੇ ਹਨ। ਸਿੱਟੇ ਵਜੋਂ ਇਸ ਸਮੇਂ ਫੌਜੀ ਉਦਯੋਗ ਅਮਰੀਕਾ ਦੇ ਮੌਜੂਦਾ ਉਦਯੋਗ (ਸਮੇਤ ਮੈਨੂਫੈਕਚਰਿੰਗ ਦੇ) ਦਾ ਧੁਰਾ ਬਣਿਆ ਹੋਇਆ ਹੈ।

ਅਮਰੀਕਾ ਤੇ ਨਾਟੋ ਵੱਲੋਂ ਰੂਸ ਖਿਲਾਫ ਯੂਕਰੇਨ ਦੀ ਧਰਤੀ 'ਤੇ ਲੜੀ ਜਾ ਰਹੀ ਪਰੌਕਸੀ ਜੰਗ ਨੂੰ ਇੱਕ ਸਾਲ ਤੋਂ ਵੱਧ ਦਾ ਸਮਾਂ ਹੋ ਗਿਆ ਹੈ ਅਤੇ ਇਸ ਜੰਗ ਵਿੱਚ ਵੱਡੀ ਮਾਤਰਾ ਵਿੱਚ ਅਮਰੀਕੀ ਫੌਜੀ ਸਾਜ਼ੋ-ਸਾਮਾਨ ਤੇ ਹਥਿਆਰਾਂ ਦੀ ਵਰਤੋਂ ਕੀਤੀ ਜਾ ਰਹੀ ਹੈ। ਸਿਪਰੀ 'ਸਟਾਕਹੋਮ ਅੰਤਰਰਾਸ਼ਟਰੀ ਸ਼ਾਂਤੀ ਖੋਜ ਸੰਸਥਾ' ਵੱਲੋਂ ਜਾਰੀ ਇੱਕ ਤਾਜ਼ਾ ਰਿਪੋਰਟ ਮੁਤਾਬਕ ਯੂਕਰੇਨ ਵਿਸ਼ਵ ਦਾ ਤੀਜਾ ਵੱਡਾ ਹਥਿਆਰ ਦਰਾਮਦਕਾਰ ਦੇਸ਼ ਬਣ ਗਿਆ ਹੈ। ਅਮਰੀਕਾ, ਫਰਾਂਸ ਤੇ ਦੱਖਣੀ ਕੋਰੀਆ ਨਾਟੋ ਦੇਸ਼ਾਂ ਦੀ ਹਥਿਆਰ ਪੂਰਤੀ ਕਰਨ ਵਾਲੇ ਵੱਡੇ ਦੇਸ਼ ਹਨ ਤੇ ਯੂਕਰੇਨ ਜੰਗ ਵਿੱਚ ਇਹਨਾਂ ਮੁਲਕਾਂ ਤੋਂ ਇਲਾਵਾ ਪੋਲੈਂਡ ਤੇ ਇੰਗਲੈਂਡ ਨੇ ਵੀ ਵੱਡੀ ਮਾਤਰਾ ਵਿੱਚ ਯੂਕਰੇਨ ਨੂੰ ਹਥਿਆਰ ਵੇਚੇ ਹਨ। ਤਾਜ਼ਾ ਰਿਪੋਰਟ ਮੁਤਾਬਕ ਅਮਰੀਕਾ ਵੱਲੋਂ ਯੂਕਰੇਨ ਨੂੰ ਉੱਨਤ ਤਕਨੀਕੀ ਹਥਿਆਰਾਂ ਦੀ ਬਜਾਏ ਜ਼ਿਆਦਾਤਰ ਪੁਰਾਣੇ ਹਥਿਆਰ ਮੁਹੱਈਆ ਕਰਵਾਏ ਗਏ ਹਨ। ਯੂਕਰੇਨ ਜੰਗ ਦੌਰਾਨ ਅਮਰੀਕਾ ਦੀ ਗਲੋਬਲ ਹਥਿਆਰ ਬਰਾਮਦਗੀ 33% ਤੋਂ ਵਧ ਕੇ 40% ਹੋ ਗਈ ਹੈ ਅਤੇ ਰੂਸ ਦਾ ਹਥਿਆਰ ਵਪਾਰ 22% ਤੋਂ ਘਟ ਕੇ 16% ਰਹਿ ਗਿਆ ਹੈ। ਇਸ ਜੰਗ ਵਿੱਚ ਅਮਰੀਕਾ ਨੇ ਜਿੱਥੇ ਰੂਸ ਉੱਤੇ ਆਰਥਿਕ ਰੋਕਾਂ ਲਾ ਕੇ ਯੂਰਪੀ ਦੇਸ਼ਾਂ ਨਾਲ ਤੇਲ-ਗੈਸ ਦਾ ਵਪਾਰ ਕੀਤਾ, ਉੱਥੇ ਇਸ ਦੀ ਹਥਿਆਰ ਸਨਅਤ ਨੂੰ ਵੀ ਚੋਖਾ ਹੁਲਾਰਾ ਮਿਲਿਆ ਹੈ।

ਸਿਪਰੀ ਅਨੁਸਾਰ ਚੋਟੀ ਦੀਆਂ 100 ਹਥਿਆਰ ਫਰਮਾਂ ਪ੍ਰਤੀ ਸਾਲ ਲੱਗਭੱਗ $400 ਬਿਲੀਅਨ ਦੇ ਹਥਿਆਰਾਂ ਦਾ ਉਤਪਾਦਨ ਕਰਦੀਆਂ ਹਨ। ਇਹ ਨਿੱਜੀਕਰਨ ਦੀਆਂ ਨੀਤੀਆਂ ਤਹਿਤ ਪੂੰਜੀਵਾਦੀ ਇਜਾਰੇਦਾਰੀ ਦਾ ਉੱਤਮ ਨਮੂਨਾ ਹੈ, ਜਿੱਥੇ ਜਨਤਕ ਸਹੂਲਤਾਂ ਦੀ ਬਜਾਏ ਨਿੱਜੀ ਕੰਪਨੀਆਂ ਦੇ ਹਿੱਤਾਂ ਦੀ ਰਾਖੀ ਕੀਤੀ ਜਾ ਰਹੀ ਹੈ। ਇਸ ਨੇ ਸੰਸਾਰ ਪੱਧਰ 'ਤੇ ਅਮੀਰੀ-ਗਰੀਬੀ ਦੇ ਪਾੜੇ ਨੂੰ ਹੋਰ ਵੱਧ ਡੂੰਘਾ ਕੀਤਾ ਹੈ। ਗਲੋਬਲ ਪੱਧਰ 'ਤੇ ਹਥਿਆਰ ਨਿਰਯਾਤ ਕਰਨ ਵਾਲੇ ਉਪਰਲੇ ਪੰਜ ਦੇਸ਼ ਅਮਰੀਕਾ, ਰੂਸ, ਫਰਾਂਸ, ਚੀਨ ਅਤੇ ਜਰਮਨੀ ਹਨ। ਹਥਿਆਰ ਬਣਾਉਣ ਵਾਲੀਆਂ ਮੁੱਖ ਕੰਪਨੀਆਂ ਉੱਚ ਪੱਧਰੀ ਫੌਜੀ ਖਰਚਿਆਂ ਅਤੇ ਹਥਿਆਰਾਂ ਦੇ ਨਿਰਯਾਤ ਵਾਲੇ ਦੇਸ਼ਾਂ (57% ਅਮਰੀਕਾ ਵਿੱਚ, 9.5% ਰੂਸ ਵਿੱਚ, ਅਤੇ 22% ਪੱਛਮੀ ਯੂਰਪ) ਵਿੱਚ ਸਥਿਤ ਹਨ। ਇਸ ਤੋਂ ਬਿਨਾਂ ਜਾਪਾਨ, ਇਜ਼ਰਾਈਲ, ਭਾਰਤ ਅਤੇ ਦੱਖਣੀ ਕੋਰੀਆ ਦੀਆਂ ਮਹੱਤਵਪੂਰਨ ਕੰਪਨੀਆਂ ਵੀ ਸ਼ਾਮਲ ਹਨ। 2019 ਵਿੱਚ ਹਥਿਆਰ ਬਣਾਉਣ ਵਾਲੀਆਂ 25 ਸਭ ਤੋਂ ਮਹੱਤਵਪੂਰਨ ਫਰਮਾਂ ਦੀ ਵਿਕਰੀ $361 ਬਿਲੀਅਨ ਡਾਲਰ ਸੀ। ਵਿਕਰੀ ਦੀ ਮਾਤਰਾ ਦੇ ਹਿਸਾਬ ਨਾਲ ਸਭ ਤੋਂ ਵੱਡੇ ਨਿਰਯਾਤਕ ਅਮਰੀਕੀ ਕਾਰਪੋਰੇਸ਼ਨਾਂ ਲਾਕਹੀਡ ਮਾਰਟਿਨ ਕਾਰਪੋਰੇਸ਼ਨ (ਸਾਲ 2021-22 'ਚ ਕੁੱਲ ਜਾਇਦਾਦ 5.732 ਬਿਲੀਅਨ ਡਾਲਰ), ਬੋਇੰਗ (ਸਾਲ 2021-22 'ਚ ਕੁੱਲ ਜਾਇਦਾਦ 4.935 ਬਿਲੀਅਨ ਡਾਲਰ), ਨੌਰਥਰਪ ਗ੍ਰਮਨ ਕਾਰਪੋਰੇਸ਼ਨ (ਸਾਲ 2021-22 'ਚ ਕੁੱਲ ਜਾਇਦਾਦ 4.90 ਬਿਲੀਅਨ ਡਾਲਰ), ਰੇਥੀਓਨ ਅਤੇ ਜਨਰਲ ਡਾਇਨਾਮਿਕਸ (ਸਾਲ 2022 'ਚ ਕੁੱਲ ਜਾਇਦਾਦ 5.20 ਬਿਲੀਅਨ ਡਾਲਰ) ਸਨ। ਇਸ ਤੋਂ ਬਿਨਾਂ ਚੀਨ 'ਚ, ਨੋਰਿੰਕੋ (ਸਾਲ 2021 'ਚ ਕੁੱਲ ਜਾਇਦਾਦ 915.7 ਬਿਲੀਅਨ ਡਾਲਰ) ਅਤੇ ਏ ਵੀ ਆਈ ਸੀ (ਸਾਲ 2021 'ਚ ਕੁੱਲ ਜਾਇਦਾਦ 66.96 ਬਿਲੀਅਨ ਡਾਲਰ); ਯੂਰਪੀਅਨ ਕੰਪਨੀਆਂ ਏਅਰਬੱਸ, ਬੀਏਈ ਸਿਸਟਮ, ਲਿਓਨਾਰਡੋ, ਡਸਾਲਟ ਅਤੇ ਥੈਲਸ; ਅਤੇ ਰੂਸੀ ਫਰਮ ਅਲਮਾਜ-ਐਂਟੇ ਪ੍ਰਮੁੱਖ ਹਨ। ਪਿਛਲੇ ਸਮੇਂ ਤੋਂ ਅਮਰੀਕਾ ਦੇ ਪੁਰਾਣੇ ਵਿਰੋਧੀ ਰੂਸ ਤੇ ਚੀਨ ਨੇ ਵੀ ਆਪਣੀ ਫੌਜੀ ਤਾਕਤ ਵਿੱਚ ਚੋਖਾ ਵਾਧਾ ਕੀਤਾ ਹੈ, ਪਰ ਹਥਿਆਰਾਂ ਦੀ ਸੰਸਾਰ ਮੰਡੀ ਵਿੱਚ ਹਾਲੇ ਵੀ ਅਮਰੀਕਾ ਦੀ ਚੌਧਰ ਕਾਇਮ ਹੈ। ਇਸ ਦਾ ਇਕ ਕਾਰਨ ਅਮਰੀਕਾ ਵੱਲੋਂ ਪਿਛਲੇ ਕਈ ਦਹਾਕਿਆਂ ਤੋਂ ਸੰਸਾਰ ਦੇ ਵੱਖ-ਵੱਖ ਮੁਲਕਾਂ ਵਿੱਚ ਤਣਾਅ, ਰਾਜ ਪਲਟੇ ਤੇ ਜੰਗਾਂ ਲਗਾ ਕੇ ਉਹਨਾਂ ਮੁਲਕਾਂ ਨੂੰ ਵੱਡੀ ਮਾਤਰਾ ਵਿੱਚ ਹਥਿਆਰ ਵੇਚਣਾ ਹੈ। ਇਹਨਾਂ ਵਿੱਚੋਂ ਅਮਰੀਕਾ ਦੇ ਏਅਰਸਪੇਸ ਅਤੇ ਰੱਖਿਆ ਉਦਯੋਗ ਉੱਤੇ ਕੁੱਲ ਘਰੇਲੂ ਪੈਦਾਵਾਰ ਦਾ 3.7 ਪ੍ਰਤੀਸ਼ਤ ਖਰਚ ਹੁੰਦਾ ਹੈ। ਅਮਰੀਕਾ ਦਾ ਰੱਖਿਆ ਤੇ ਹਥਿਆਰ ਉਦਯੋਗ ਇਸ ਦੀ ਆਰਥਿਕਤਾ ਦੀ ਰੀੜ੍ਹ ਹੈ ਅਤੇ ਇਸ ਦਾ ਵਿਕਾਸ ਜੰਗਾਂ, ਤਣਾਅ, ਰਾਜ ਪਲਟੇ, ਧਮਕੀਆਂ ਆਦਿ 'ਤੇ ਟਿਕਿਆ ਹੋਇਆ ਹੈ।

ਜੰਗਾਂ ਅਮਰੀਕੀ ਸਾਮਰਾਜ ਨੂੰ ਸਦਾ ਰਾਸ ਆਉਂਦੀਆਂ ਰਹੀਆਂ। ਜੰਗਾਂ ਲਈ ਲੋੜੀਂਦੇ ਜੰਗੀ ਸਾਜ਼ੋ-ਸਾਮਾਨ ਤੇ ਹਥਿਆਰਾਂ ਦੀ ਖਪਤ ਲਈ ਇਸ ਨੇ ਸਦਾ ਸੰਸਾਰ ਦੇ ਵੱਖ-ਵੱਖ ਮੁਲਕਾਂ ਵਿੱਚ ਫਿਰਕੂ ਵੰਡੀਆਂ (ਜਿਵੇਂ ਇਰਾਨ-ਸਾਊਦੀ 'ਚ ਸ਼ੀਆ-ਸੁੰਨੀ ਝਗੜਾ) ਦਹਿਸ਼ਤਗਰਦੀ, ਅਮਨ-ਸ਼ਾਂਤੀ ਤੇ ਸੁਰੱਖਿਆ ਖਤਰੇ ਖੜੇ ਕਰਕੇ ਸੰਸਾਰ ਵਿੱਚ ਆਪਣੀ ਹਥਿਆਰ ਸਨਅਤ ਨੂੰ ਸਥਾਪਤ ਕੀਤਾ। ਹਥਿਆਰਾਂ ਦੀ ਮੰਡੀ ਦੇ ਵਿਸਥਾਰ ਲਈ ਹੁਣ ਉਸ ਨੂੰ ਸਾਈਬਰ ਸੁਰੱਖਿਆ, ਊਰਜਾ ਸੁਰੱਖਿਆ, ਸਮੁੰਦਰੀ ਸੁਰੱਖਿਆ ਦੇ ਨਾਲ-ਨਾਲ ਜਲਵਾਯੂ ਤਬਦੀਲੀ, ਅਨਿਯਮਿਤ ਪ੍ਰਵਾਸ, ਬਾਹਰੀ ਸਰਹੱਦਾਂ ਦਾ ਪ੍ਰਬੰਧ ਅਤੇ ਆਰਥਿਕ ਸੰਕਟ ਆਦਿ ਸਭ ਤੋਂ ਵਧੀਆ ਮੌਕੇ ਮੁਹੱਈਆ ਕਰਦੇ ਹਨ।

ਸੰਸਾਰ ਦਾ ਮਿਲਟਰੀ ਬਜਟ 2 ਟ੍ਰਿਲੀਅਨ ਡਾਲਰ ਨੂੰ ਪਾਰ ਕਰ ਚੁੱਕਾ ਹੈ ਤੇ ਫੌਜੀ ਖਰਚ ਤੇ ਹਥਿਆਰਾਂ ਦੀ ਪੈਦਾਵਾਰ ਲਗਾਤਾਰ ਵਧਦੀ ਜਾ ਰਹੀ ਹੈ। ਅਮਰੀਕੀ ਫੌਜੀ-ਉਦਯੋਗਿਕ ਨੀਤੀ ਨੂੰ ਉਸ ਦੀ ਅਰਥ-ਵਿਵਸਥਾ ਦੀ ਤੰਦਰੁਸਤੀ ਵਜੋਂ ਦੇਖਿਆ ਜਾਂਦਾ ਹੈ। 1961 ਵਿੱਚ ਅਮਰੀਕੀ ਰਾਸ਼ਟਰਪਤੀ ਆਇਜ਼ਨਹਾਵਰ ਦੇ ਵਿਦਾਇਗੀ ਭਾਸ਼ਣ ਦੌਰਾਨ 'ਫੌਜੀ-ਉਦਯੋਗਿਕ ਕੰਪਲੈਕਸ' ਉਸਾਰਨ ਅਤੇ ਹਥਿਆਰਾਂ ਲਈ ਸਰਕਾਰੀ ਰੱਖਿਆ ਬਜਟ ਵਧਾਉਣ ਦੇ ਨੀਤੀਗਤ ਫੈਸਲਿਆਂ ਨੂੰ ਪ੍ਰਭਾਵਿਤ ਕਰਨ ਵਾਲੀ ਲਾਬੀ 'ਤੇ ਜ਼ੋਰ ਦਿੱਤਾ। ਉਸ ਤੋਂ ਬਾਅਦ ਹੁਣ ਤੱਕ ਇਹ ਬਜਟ ਲਗਾਤਾਰ ਵਧਦਾ ਆ ਰਿਹਾ ਹੈ। ਪਿਛਲੇ ਮਹੀਨੇ ਅਮਰੀਕੀ ਸੈਨੇਟ ਨੇ ਇੱਕ ਫੰਡਿੰਗ ਬਿੱਲ ਪਾਸ ਕੀਤਾ, ਜਿਸ ਵਿੱਚ ਸਾਲਾਨਾ ਰੱਖਿਆ ਖਰਚ 740 ਬਿਲੀਅਨ ਡਾਲਰ ਤੋਂ ਵਧਾ ਕੇ ਇਸ ਸਾਲ 858 ਬਿਲੀਅਨ ਅਮਰੀਕੀ ਡਾਲਰ ਕਰ ਦਿੱਤਾ। ਇਹ ਖਰਚ ਰਾਸ਼ਟਰਪਤੀ ਜੋਅ ਬਾਈਡਨ ਦੁਆਰਾ ਪ੍ਰਸਤਾਵਿਤ ਕੀਤੇ ਗਏ ਬਜਟ ਨਾਲੋਂ 45 ਬਿਲੀਅਨ ਡਾਲਰ ਵੱਧ ਹੈ। ਇਰਾਕ, ਅਫਗਾਨਿਸਤਾਨ ਸਮੇਤ ਦੁਨੀਆ ਭਰ ਵਿੱਚ ਲਗਾਈਆਂ ਜੰਗਾਂ ਵਿੱਚ ਅਮਰੀਕੀ ਸਰਕਾਰ ਵੱਲੋਂ ਅਨੇਕਾਂ ਨਿੱਜੀ ਕੰਪਨੀਆਂ ਨੂੰ ਹਥਿਆਰ ਬਣਾਉਣ ਦੀ ਕੰਟਰੈਕਟ ਦਿੱਤੇ ਗਏ ਸਨ। ਉੱਚ ਪੱਧਰੀ ਮੁਨਾਫੇ ਕਮਾਉਣ ਵਾਲੀਆਂ ਇਹਨਾਂ ਦਿਓਕੱਦ ਕੰਪਨੀਆਂ ਦੀ ਸੰਸਾਰ ਹਥਿਆਰ ਸਨਅਤ ਵਿੱਚ ਵੱਡੀ ਇਜਾਰੇਦਾਰੀ ਹੈ। ਇਸ ਵਪਾਰ ਨੂੰ ਚੱਲਦਾ ਰੱਖਣ ਲਈ ਹਥਿਆਰ ਨਿਰਮਾਣ ਦੀਆਂ ਕਈ ਹੋਰ ਵੱਡੀਆਂ ਅੰਤਰਰਾਸ਼ਟਰੀ ਸੰਸਥਾਵਾਂ (ਲੱਗਭੱਗ ਇੱਕ ਦਰਜਨ) ਸਰਗਰਮ ਹਨ।

ਉਪਸਾਲਾ ਯੂਨੀਵਰਸਿਟੀ ਅਨੁਸਾਰ, 2019 ਵਿੱਚ 50 ਸਰਗਰਮ ਹਥਿਆਰਬੰਦ ਸੰਘਰਸ਼ਾਂ ਕਾਰਨ 150,000 ਤੋਂ ਵੱਧ ਮੌਤਾਂ ਹੋਈਆਂ ਸਨ। ਸੀਰੀਆ ਵਿੱਚ ਹਥਿਆਰਬੰਦ ਹਿੰਸਾ ਨਾਲ ਸੰਬੰਧਤ ਘੱਟੋ-ਘੱਟ 384,000 ਮੌਤਾਂ ਹੋਈਆਂ ਹਨ ਅਤੇ ਯਮਨ ਵਿੱਚ 233,000। ਇਨ੍ਹਾਂ ਤੋਂ ਇਲਾਵਾ ਉਹ ਹਜ਼ਾਰਾਂ ਲੋਕ ਹਨ, ਜੋ ਜੰਗ ਦੇ ਉਜਾੜੇ ਕਾਰਨ ਹੋਈ ਬਦਹਾਲੀ ਕਾਰਨ ਮਰਦੇ ਹਨ। ਸੰਯੁਕਤ ਰਾਸ਼ਟਰ ਦੇ ਸ਼ਰਨਾਰਥੀ ਹਾਈ ਕਮਿਸ਼ਨਰ ਅਨੁਸਾਰ, 79.5 ਮਿਲੀਅਨ ਲੋਕ 2019 ਵਿੱਚ ਜ਼ਬਰਦਸਤੀ ਉਜਾੜੇ ਗਏ। ਜੰਗਾਂ 'ਚ ਉਜਾੜੇ ਦਾ ਦੁਖਾਂਤ 'ਆਮ' ਹੁੰਦਾ ਹੈ, ਜੋ ਹਰ ਸਾਲ ਹਜ਼ਾਰਾਂ-ਲੱਖਾਂ ਮੌਤਾਂ ਦਾ ਕਾਰਨ ਬਣਦਾ ਹੈ। ਇਸ ਤਰ੍ਹਾਂ ਜੰਗ, ਤਣਾਅ ਤੇ ਗੜਬੜੀ ਵਾਲੇ ਖੇਤਰਾਂ ਵਿੱਚ ਪੈਦਾ ਹੋਈਆਂ ਅਰਾਜਕ ਸਥਿਤੀਆਂ ਦੌਰਾਨ ਸਰਕਾਰੀ ਅਤੇ ਬਾਗੀ ਦੋਵਾਂ ਧਿਰਾਂ ਨੂੰ ਕਾਨੂੰਨੀ ਅਤੇ ਗੈਰ-ਕਾਨੂੰਨੀ ਤਰੀਕੇ ਨਾਲ ਹਥਿਆਰ ਮੁਹੱਈਆ ਕਰਵਾਏ ਜਾਂਦੇ ਹਨ। ਦੁਨੀਆ ਭਰ ਵਿੱਚ ਗੈਰ-ਕਾਨੂੰਨੀ ਤੇ ਤਸਕਰੀ ਵਾਲੇ ਹਥਿਆਰਾਂ ਦੀ ਵਿਕਰੀ ਵੱਡੀ ਤਦਾਦ ਵਿੱਚ ਹੋ ਰਹੀ ਹੈ, ਜੋ ਅੰਕੜਿਆਂ ਤੋਂ ਬਾਹਰ ਹੈ।

ਜਮਹੂਰੀ ਰਾਜਾਂ ਵਿੱਚ ਵਧਦੇ ਤਾਨਾਸ਼ਾਹੀ ਰੁਝਾਨ ਕਾਰਨ ਵੱਖ-ਵੱਖ ਮੁਲਕ ਆਪਣੇ ਫੌਜੀ ਖਰਚੇ ਵਧਾ ਰਹੇ ਹਨ। ਭਾਰਤ ਵਿੱਚ ਮੋਦੀ ਸਰਕਾਰ ਨੇ ਸਾਲ 2023-24 ਦੇ ਤਾਜ਼ਾ ਬਜਟ ਵਿੱਚ ਕੁੱਲ ਸੁਰੱਖਿਆ ਬਜਟ ਪਿਛਲੇ ਸਾਲ ਨਾਲੋਂ 1 ਲੱਖ ਕਰੋੜ ਵਧਾ ਕੇ 5.94 ਲੱਖ ਕਰੋੜ ਕਰ ਦਿੱਤਾ ਹੈ। ਦੂਸਰੇ ਪਾਸੇ ਜਨਤਕ ਭਲਾਈ ਸਕੀਮਾਂ ਉੱਤੇ ਬਜਟ ਖਰਚ ਲਗਾਤਾਰ ਸੁੰਗੜ ਰਿਹਾ ਹੈ। ਪੂੰਜੀਵਾਦ ਦੇ ਨਵ-ਉਦਾਰਵਾਦੀ ਏਜੰਡੇ ਦੇ ਫੇਲ੍ਹ ਹੋਣ ਕਰਕੇ ਇਹ ਚਲਣ ਦੁਨੀਆ ਭਰ ਵਿੱਚ ਵਧ ਰਿਹਾ ਹੈ।

ਦੁਨੀਆ ਵਿੱਚ ਇਕੋ ਸਮੇਂ ਹਥਿਆਰਾਂ ਦਾ ਵੱਡਾ ਵਪਾਰੀ ਅਤੇ ਅਮਨ ਬਹਾਲੀ ਦਾ ਚੌਧਰੀ ਅਮਰੀਕੀ ਸਾਮਰਾਜ ਬਣਿਆ ਹੋਇਆ ਹੈ, ਜੋ ਜ਼ਿਆਦਾਤਰ ਭੂਗੋਲਿਕ ਖੇਤਰਾਂ ਵਿੱਚ ਸਾਜ਼ਿਸ਼ਾਂ ਰਚਦਾ ਹੈ। ਉਸ ਨੇ ਸੰਸਾਰ ਭਰ ਵਿੱਚ ਵੱਖ-ਵੱਖ ਆਰਥਿਕ-ਫੌਜੀ ਗੁੱਟਬੰਦਕ ਸੰਸਥਾਵਾਂ ਖੜੀਆਂ ਕੀਤੀਆਂ ਹੋਈਆਂ ਹਨ, ਜਿਹਨਾਂ ਜ਼ਰੀਏ ਉਹ ਵੱਖ-ਵੱਖ ਦੇਸ਼ਾਂ ਖਿਲਾਫ ਕੂਟਨੀਤਕ ਸਫਬੰਦੀਆਂ ਤੇ ਘੁਸਪੈਠ ਕਰਦਾ ਹੈ। ਇਹ ਸਫਬੰਦੀ ਅੱਜ-ਕੱਲ੍ਹ ਹਿੰਦ-ਪ੍ਰਸ਼ਾਂਤ ਮਹਾਂਸਾਗਰ ਵਿੱਚ ਕੀਤੀ ਜਾ ਰਹੀ ਹੈ। ਆਪਣੇ ਸ਼ਰੀਕ ਰੂਸ ਅਤੇ ਚੀਨ ਨੂੰ ਠਿੱਬੀ ਲਾਉਣ ਲਈ ਮੱਧ ਤੇ ਉੱਤਰੀ ਏਸ਼ੀਆ ਵਿੱਚ ਉੱਚ ਭੂ-ਸਿਆਸੀ ਤਣਾਅ ਪੈਦਾ ਕੀਤਾ ਜਾ ਰਿਹਾ ਹੈ।

ਹਥਿਆਰ ਸਨਅਤ ਦੇ ਚੱਲਦੇ ਰਹਿਣ, ਹੋਰ ਵੱਧ ਪ੍ਰਫੁਲਿਤ ਹੋਣ ਤੇ ਮੁਨਾਫੇ ਕਮਾਉਣ ਲਈ ਇਹਨਾਂ ਦੀ ਖਪਤ ਜ਼ਰੂਰੀ ਹੈ, ਜਿਸ ਲਈ ਅਰਾਜਕਤਾ ਤੇ ਜੰਗਾਂ ਥੋਪੀਆਂ ਤੇ ਪੈਦਾ ਕੀਤੀਆਂ ਜਾਂਦੀਆਂ ਹਨ। ਸਾਮਰਾਜ ਦੇ ਵਿਸਥਾਰ ਲਈ ਮੰਡੀ ਉੱਤੇ ਕਬਜ਼ੇ ਦੇ ਨਾਲ-ਨਾਲ ਕਈ ਹੋਰ ਕਾਰੋਬਾਰ ਵੀ ਜੁੜੇ ਹੋਏ ਹਨ। ਤਬਾਹੀ ਬਾਅਦ ਉਸਾਰੀ, ਆਰਥਿਕ-ਸਿਆਸੀ ਚੌਧਰ, ਢਹਿਢੇਰੀ ਆਰਥਿਕਤਾਵਾਂ ਨੂੰ ਉੱਚ ਵਿਆਜ ਦਰਾਂ 'ਤੇ ਕਰਜ਼ੇ ਦੇਣ ਅਤੇ ਹਥਿਆਰਾਂ ਦੇ ਅੰਬਾਰ ਲਾ ਕੇ ਮੋਟੇ ਮੁਨਾਫੇ ਕਮਾਉਣ ਦਾ ਕਾਰੋਬਾਰ। ਸਾਮਰਾਜੀ ਸਰਮਾਇਆ ਦੁਨੀਆ ਭਰ ਵਿੱਚ ਹਰ ਅਣਮਨੁੱਖੀ ਘਟਨਾ ਨੂੰ ਅੰਜਾਮ ਦੇ ਕੇ ਆਪਣੀ ਇਜਾਰੇਦਾਰੀ ਤੇ ਅੰਨ੍ਹੇ ਮੁਨਾਫੇ ਲਈ ਵੱਡੀ ਤਬਾਹੀ ਤੇ ਸੰਕਟ ਖੜੇ ਕਰ ਰਿਹਾ ਹੈ। ਧਰਤੀ, ਹਵਾ, ਪਾਣੀ ਤੇ ਮਨੁੱਖਤਾ ਦੀ ਤਬਾਹੀ ਵਾਲੇ ਇਹਨਾਂ ਘਾਤਕ ਤੇ ਮਾਰੂ ਹਥਿਆਰਾਂ ਅਤੇ ਇਹਨਾਂ ਨੂੰ ਪੈਦਾ ਕਰਨ ਵਾਲੇ ਵਿਚਾਰਾਂ ਦਾ ਵਿਰੋਧ ਜ਼ਰੂਰੀ ਹੈ।

***# ਸੰਪਰਕ : +1 (438-924-2052) ਕੈਨੇਡਾ***

***# ਸੰਪਰਕ : +61 (414-101-993) ਆਸਟ੍ਰੇਲੀਆ***

# ਓਵਰਫਲੋ ਹੋਏ ਛੱਪੜਾਂ ਦਾ ਪਾਣੀ ਗਲੀਆਂ ਤੇ ਘਰਾਂ 'ਚ ਵੜਿਆ

## ਸ਼ਹਿਰ ਵਾਸੀਆਂ ਵੱਲੋਂ ਛੱਪੜਾਂ ਦੇ ਪਾਣੀ ਦਾ ਢੁਕਵਾਂ ਨਿਕਾਸ ਕਰਨ ਦੀ ਮੰਗ



ਮੀਂਹ ਕਾਰਨ ਓਵਰਫਲੋ ਹੋਏ ਛੱਪੜ ਦੇ ਗੰਦੇ ਪਾਣੀ 'ਚ ਘਿਰੀ ਗੁਰਦੁਆਰਾ ਪਾਤਸ਼ਾਹੀ ਸੱਤਵੀਂ ਦੀ ਇਮਾਰਤ ਤੇ ਗੁਰਦੁਆਰਾ ਪਾਤਸ਼ਾਹੀ ਛੇਵੀਂ ਨੇੜਲੇ ਦੋ ਭਾਗਾਂ ਵਿੱਚ ਵੰਡੇ ਛੱਪੜ ਦਾ ਸੜਕ 'ਤੇ ਚੜ੍ਹਿਆ ਪਾਣੀ।

**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**

ਵੀਰਵਾਰ ਹੋਈ ਮੋਹਲੇਧਾਰ ਬਾਰਸ਼ ਨਾਲ ਨਗਰ ਲਹਿਰਾ ਮੁਹੱਬਤ ਜਲ-ਥਲ ਹੋ ਗਿਆ। ਛੱਪੜਾਂ ਦਾ ਪਾਣੀ ਓਵਰਫਲੋ ਹੋ ਕੇ ਗਲੀਆਂ ਤੇ ਘਰਾਂ ਅੰਦਰ ਵੜਨ ਨਾਲ ਲੋਕਾਂ ਨੂੰ ਮੁਸ਼ਕਲ ਦਾ ਸਾਹਮਣਾ ਕਰਨਾ ਪਿਆ। ਨਗਰ ਦੀਆਂ ਨੀਵੀਆਂ ਥਾਂਵਾਂ, ਫਿਰਨੀਆਂ, ਨਾਗੇ ਵਾਲੀ ਢਾਬ ਦੇ ਓਵਰਫਲੋ ਹੋਣ ਕਾਰਨ ਗੁਰਦੁਆਰਾ ਪਾਤਸ਼ਾਹੀ ਸੱਤਵੀਂ ਦੇ ਆਸ-ਪਾਸ ਗਲੀਆਂ ਪਾਣੀ ਨਾਲ ਭਰ ਗਈਆਂ। ਇਸ ਤੋਂ ਇਲਾਵਾ ਫੋਕਲ ਪੁਆਇੰਟ ਏਰੀਏ 'ਚ ਸੜਕਾਂ ਪਾਣੀ ਨਾਲ ਭਰਨ ਕਰਕੇ ਮੁੱਢਲਾ ਸਿਹਤ ਕੇਂਦਰ, ਪਸ਼ੂ ਹਸਪਤਾਲ, ਕੋ-ਆਪ੍ਰੇਟਿਵ ਬੈਂਕ ਤੇ ਸਹਿਕਾਰੀ ਸੁਸਾਇਟੀ ਤੱਕ ਪਾਣੀ ਜਮ੍ਹਾਂ ਹੋ ਗਿਆ। ਇੱਧਰ ਗੁਰਦੁਆਰਾ ਪਾਤਸ਼ਾਹੀ ਛੇਵੀਂ ਨੇੜਲੇ ਦੋ ਭਾਗਾਂ ਵਿੱਚ ਵੰਡੇ ਛੱਪੜ ਦੇ ਪਾਣੀ ਦਾ ਨਿਕਾਸ ਵੀ ਲੋਕਾਂ ਲਈ ਬਹੁਤ ਮੁਸ਼ਕਲਾਂ ਖੜੀਆਂ ਕਰ ਰਿਹਾ ਹੈ। ਅਜੇ ਤਾਂ ਮੌਨਸੂਨ ਨੇ ਦਸਤਕ ਹੀ ਦਿੱਤੀ ਹੈ। ਅੱਗੇ ਹੋਣ ਵਾਲੀ ਬਾਰਸ਼ ਨਾਲ ਪਾਣੀ ਘਰਾਂ 'ਚ ਵੜਨ ਦੇ ਡਰੋਂ ਲੋਕਾਂ ਦੇ ਸਾਹ ਸੂਤੇ ਹੋਏ ਹਨ। ਨੇੜੇ ਦੇ ਵਾਸੀ ਜਗਦੇਵ ਸਿੰਘ ਦਾ ਕਹਿਣਾ ਹੈ ਕਿ ਛੱਪੜ ਦਾ ਪਾਣੀ ਓਵਰਫਲੋ ਹੋ ਕੇ ਗੁਰਦੁਆਰਾ ਪਾਤਸ਼ਾਹੀ ਛੇਵੀਂ ਦੇ ਆਸ-ਪਾਸ ਤੇ ਦੋਵੇਂ ਛੱਪੜਾਂ ਦੇ ਵਿਚਾਲਦੀ ਲੰਘਦੀ ਸੜਕ (ਜੋ ਮਾਰਕੀਟ ਰੋਡ ਤੋਂ ਪਿੰਡ ਵਾਲਾ ਮੁੱਖ ਰਸਤਾ ਹੈ) ਤੋਂ ਇਲਾਵਾ ਦੂਜੇ ਪਾਸੇ ਪਾਰਕ ਦੇ ਨਾਲ ਵਾਲੇ ਸਰਕਾਰੀ ਸਕੂਲ ਨੂੰ ਜਾਂਦੇ ਰਸਤੇ ਵਿੱਚ ਸਕੂਲ ਦੇ ਦੋਵੇਂ ਗੇਟਾਂ ਤੱਕ ਪਾਣੀ ਜਮ੍ਹਾਂ ਹੋਣ ਕਰਕੇ ਸਕੂਲ 'ਚ ਪੜ੍ਹਨ ਜਾਂਦੇ ਬੱਚਿਆਂ ਨੂੰ ਮੁਸ਼ਕਲ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਸ ਨੇ ਦੱਸਿਆ ਕਿ ਉਹ ਨਗਰ ਪੰਚਾਇਤ ਦਫਤਰ ਦਾ ਗੇੜਾ ਵੀ ਕੱਢ ਕੇ ਆਇਆ, ਜਿੱਥੇ ਕੋਈ ਅਧਿਕਾਰੀ ਨਹੀਂ ਮਿਲਿਆ। ਐੱਸ. ਡੀ. ਐੱਮ. ਦਫਤਰ ਬਠਿੰਡਾ ਵਿਖੇ ਗੱਲ ਕਰਨ 'ਤੇ ਪਹਿਲਾਂ ਤਾਂ ਫੋਨ ਹੀ ਨਹੀਂ ਚੁੱਕਿਆ ਗਿਆ, ਜਦ ਫੋਨ 'ਤੇ ਰਾਬਤਾ ਹੋਇਆ ਤਾਂ ਜਵਾਬ ਮਿਲਿਆ ਕਿ ਐੱਸ. ਡੀ. ਐੱਮ. ਸਾਹਿਬ ਤਾਂ ਮੀਟਿੰਗ ਵਿੱਚ ਗਏ ਹੋਏ ਹਨ। ਨਾਗੇ ਵਾਲੇ ਛੱਪੜ ਦੇ ਓਵਰਫਲੋ ਹੋਣ ਨਾਲ ਪਾਣੀ ਵਿੱਚ ਚੁਫੇਰਿਓਂ ਘਿਰੇ ਗੁਰਦੁਆਰਾ ਪਾਤਸ਼ਾਹੀ ਸੱਤਵੀਂ ਦੇ ਨੇੜਲੇ ਵਾਸੀਆਂ ਨੇ ਰੋਸ ਜਤਾਉਂਦੇ ਹੋਏ ਕਿਹਾ ਕਿ ਉਹ ਪਿਛਲੇ ਦਿਨਾਂ ਤੋਂ ਇਕੱਠੇ ਹੋ ਕੇ ਕਈ ਵਾਰ ਨਗਰ ਪੰਚਾਇਤ ਦਫਤਰ ਜਾ ਕੇ ਫਰਿਆਦ ਕਰ ਚੁੱਕੇ ਹਨ ਕਿ ਗਲੀਆਂ ਵਿੱਚ ਪਾਣੀ ਭਰਨ ਨਾਲ ਲੋਕਾਂ ਦਾ ਘਰਾਂ 'ਚੋਂ ਬਾਹਰ ਨਿੱਕਲਣਾ ਮੁਸ਼ਕਲ ਬਣਿਆ ਹੋਇਆ ਹੈ, ਪ੍ਰੰਤੂ ਛੱਪੜਾਂ ਦੇ ਪਾਣੀ ਦੇ ਨਿਕਾਸ ਦਾ ਕੋਈ ਪੱਕਾ ਹੱਲ ਨਹੀਂ ਕੱਢਿਆ ਗਿਆ।

ਇਨਕਲਾਬੀ ਕੇਂਦਰ ਦੇ ਸੂਬਾਈ ਆਗੂ ਜਗਜੀਤ ਸਿੰਘ ਲਹਿਰਾ ਨੇ ਦੱਸਿਆ ਕਿ ਬਰਸਾਤ ਦੇ ਮੌਸਮ 'ਚ ਓਵਰਫਲੋ ਹੋਇਆ ਛੱਪੜਾਂ ਦਾ ਪਾਣੀ ਪਹਿਲਾਂ ਤੋਂ ਹੀ ਕਹਿਰ ਬਣਦਾ ਰਿਹਾ ਹੈ। ਕੁੱਝ ਸਾਲ ਪਹਿਲਾਂ ਛੱਪੜਾਂ ਨੇੜਲੇ ਘਰਾਂ ਦਾ ਮੀਂਹ ਕਾਰਨ ਬਹੁਤ ਨੁਕਸਾਨ ਹੋਇਆ ਸੀ। ਛੱਪੜ ਕਿਨਾਰੇ ਵਸਦੇ ਮਹਿਰਾ ਭਾਈਚਾਰੇ ਸਮੇਤ ਹੋਰਨਾਂ ਗਰੀਬ ਲੋਕਾਂ ਦੇ ਘਰ ਨੁਕਸਾਨੇ ਗਏ ਸਨ, ਮਕਾਨਾਂ ਦੀਆਂ ਨੀਹਾਂ ਧਸਣ ਨਾਲ ਕੰਧਾਂ ਪਾਟ ਗਈਆਂ ਸਨ। ਪੀੜਤ ਲੋਕਾਂ ਵੱਲੋਂ ਸਰਕਾਰੇ-ਦਰਬਾਰੇ ਗੁਹਾਰ ਲਗਾਈ ਜਾਂਦੀ ਰਹੀ, ਪ੍ਰੰਤੂ ਕੋਈ ਮੁਆਵਜ਼ਾ ਵਗੈਰਾ ਨਹੀਂ ਮਿਲਿਆ। ਉਨ੍ਹਾਂ ਕਿਹਾ ਕਿ ਅਜਿਹੀ ਸਥਿਤੀ ਦੁਬਾਰਾ ਨਾ ਬਣੇ, ਸੋ ਪਹਿਲਾਂ ਤੋਂ ਹੀ ਅਗਾਊਂ ਪ੍ਰਬੰਧ ਕੀਤੇ ਜਾਣ ਤੇ ਛੱਪੜਾਂ ਦੇ ਪਾਣੀ ਦਾ ਢੁਕਵਾਂ ਨਿਕਾਸ ਕੀਤਾ ਜਾਵੇ।

# ਸਰਪੰਚ ਯੂਨੀਅਨ ਵੱਲੋਂ ਮੰਗਾਂ ਨੂੰ ਲੈ ਕੇ ਡੀ ਸੀ ਦਫ਼ਤਰ ਅੱਗੇ ਧਰਨਾ

## ਡੀ ਸੀ ਨੂੰ ਮੰਗਾਂ ਸੰਬੰਧੀ ਯੂਨੀਅਨ ਆਗੂਆਂ ਨੇ ਸੌਂਪਿਆ ਮੰਗ ਪੱਤਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਜ਼ਿਲ੍ਹਾ ਫਿਰੋਜ਼ਪੁਰ ਸਰਪੰਚ ਯੂਨੀਅਨ ਵੱਲੋਂ ਡੀ ਸੀ ਦਫ਼ਤਰ ਫਿਰੋਜ਼ਪੁਰ ਅੱਗੇ ਵੱਖ-ਵੱਖ ਮੰਗਾਂ ਨੂੰ ਲੈ ਕੇ ਰੋਸ ਧਰਨਾ ਦਿੱਤਾ ਗਿਆ ਅਤੇ ਨਾਅਰੇਬਾਜ਼ੀ ਕੀਤੀ ਗਈ। ਇਸ ਦੌਰਾਨ ਯੂਨੀਅਨ ਆਗੂਆਂ ਨੇ ਆਪਣੀਆਂ ਮੰਗਾਂ ਨਾਲ ਸਬੰਧਤ ਮੰਗ ਪੱਤਰ ਡੀ ਸੀ ਫਿਰੋਜ਼ਪੁਰ ਰਾਜੇਸ਼ ਧੀਮਾਨ ਨੂੰ ਸੌਂਪਿਆ।ਜ਼ਿਲ੍ਹਾ ਫਿਰੋਜ਼ਪੁਰ ਯੂਨੀਅਨ ਦੇ ਆਗੂ ਗੁਰਮੀਤ ਸਿੰਘ ਕੰਬੋਜ, ਕਾਮਰੇਡ ਹੰਸਾ ਸਿੰਘ ਤੇ ਸਾਰਜ ਸਿੰਘ ਆਦਿ ਨੇ ਕਿਹਾ ਕਿ ਪਿੰਡਾਂ ਵਿੱਚ ਪਾਰਟੀਬਾਜ਼ੀ ਕਾਰਨ ਕਈ ਪਰਿਵਾਰਾਂ ਦੇ ਰਾਸ਼ਨ ਕਾਰਡ ਬਿਨਾਂ ਕਿਸੇ ਕਾਰਨ ਕੱਟੇ ਗਏ ਹਨ, ਉਨ੍ਹਾਂ ਪਰਿਵਾਰਾਂ ਦੇ ਰਾਸ਼ਨ ਕਾਰਡ ਬਹਾਲ ਕੀਤੇ ਜਾਣ, ਜੋ ਬੁਢਾਪਾ ਤੇ ਵਿਧਵਾ ਪੈਨਸ਼ਨਾਂ ਬਿਨਾਂ ਕਿਸੇ ਕਾਰਨ ਕੱਟੀਆਂ ਜਾ ਰਹੀਆਂ ਹਨ, ਇਸ ਨੂੰ ਬਹਾਲ ਕੀਤਾ ਜਾਵੇ, ਸ਼ਗਨ ਸਕੀਮ ਜੋ ਲੰਬੇ ਸਮੇਂ ਤੋਂ ਨਹੀਂ ਮਿਲ ਰਹੀ, ਲਾਭਪਾਤਰੀਆਂ ਨੂੰ ਤੁਰੰਤ ਦਿੱਤੀ ਜਾਵੇ, ਲਾਭਪਾਤਰੀ ਨੌਜਵਾਨਾਂ ਦੇ ਵਜ਼ੀਫੇ ਦਿੱਤੇ ਜਾਣ, ਜੋ ਰੁਕੇ ਹੋਏ ਹਨ, ਉਨ੍ਹਾਂ ਨੂੰ ਬਹਾਲ ਕੀਤਾ ਜਾਵੇ, ਪੰਚਾਇਤੀ ਬੋਲੀ 'ਚ ਹੋਣ ਵਾਲੇ ਵਿਕਾਸ ਕਾਰਜਾਂ ਲਈ ਸਰਪੰਚਾਂ ਵੱਲੋਂ ਅਦਾਇਗੀ ਕੀਤੀ ਜਾਵੇ, ਪੰਚਾਇਤੀ ਬੋਲੀ ਤੋਂ ਪ੍ਰਾਪਤ ਰਾਸ਼ੀ ਪਿੰਡਾਂ ਦੇ ਵਿਕਾਸ 'ਤੇ ਖਰਚ ਕਰਨ ਦੀ ਪ੍ਰਵਾਨਗੀ ਦਿੱਤੀ ਜਾਵੇ ਤੇ ਹੋਰ ਸਾਰੀਆਂ ਮੰਗਾਂ ਪੂਰੀਆਂ ਕੀਤੀਆਂ ਜਾਣ।ਮੰਗ ਪੱਤਰ ਵਿੱਚ ਦਰਜ ਮੰਗਾਂ ਨੂੰ ਤੁਰੰਤ ਪੂਰਾ ਕੀਤਾ ਜਾਵੇ, ਤਾਂ ਜੋ ਉਨ੍ਹਾਂ ਨੂੰ ਮਜਬੂਰੀ ਵਿੱਚ ਸੰਘਰਸ਼ ਤੇਜ਼ ਨਾ ਕਰਨਾ ਪਵੇ। ਧਰਨਾਕਾਰੀਆਂ ਨੇ ਕਿਹਾ ਕਿ ਜੇਕਰ ਪ੍ਰਸ਼ਾਸਨ ਨੇ ਉਨ੍ਹਾਂ ਦੀਆਂ ਮੰਗਾਂ 'ਤੇ ਤੁਰੰਤ ਕਾਰਵਾਈ ਨਾ ਕੀਤੀ ਤਾਂ ਉਹ ਸੰਘਰਸ਼ ਨੂੰ ਹੋਰ ਤੇਜ਼ ਕਰਨਗੇ, ਜਿਸ ਦੀ ਸਾਰੀ ਜ਼ਿੰਮੇਵਾਰੀ ਪ੍ਰਸ਼ਾਸਨ ਦੀ ਹੋਵੇਗੀ।



# ਪੀ ਏ ਯੂ ਪੈਨਸ਼ਨਰਜ਼ ਤੇ ਰਿਟਾਇਰੀਜ਼ ਵੈੱਲਫੇਅਰ ਐਸੋ. ਵੱਲੋਂ ਵਿਕਾਸ ਫੰਡ ਦੇ ਨਾਂਅ 'ਤੇ ਕਟੌਤੀ ਦਾ ਜ਼ੋਰਦਾਰ ਵਿਰੋਧ



**ਲੁਧਿਆਣਾ (ਐੱਮ. ਐੱਸ. ਭਾਟੀਆ)**

ਪੀ. ਏ. ਯੂ. ਪੈਨਸ਼ਨਰਜ਼ ਤੇ ਰਿਟਾਇਰੀਜ਼ ਵੈੱਲਫੇਅਰ ਐਸੋਸੀਏਸ਼ਨ ਨੇ ਪੀ.ਏ.ਯੂ. ਸਟੂਡੈਂਟਸ ਹੋਮ ਵਿਖੇ ਐਗਜ਼ੈਕਟਿਵ ਕੌਂਸਲ ਦੀ ਮੀਟਿੰਗ ਕੀਤੀ, ਜਿਸ ਦੀ ਪ੍ਰਧਾਨਗੀ ਡੀ ਪੀ ਮੌੜ ਨੇ ਕੀਤੀ। ਜਿੱਥੇ ਲੋਕਲ ਤੇ ਪੀ.ਏ.ਯੂ. ਨਾਲ ਸੰਬੰਧਤ ਅਤੇ ਪੰਜਾਬ ਸਰਕਾਰ ਨਾਲ ਸੰਬੰਧਤ ਮਸਲਿਆਂ ਬਾਰੇ ਚਰਚਾ ਕੀਤੀ ਗਈ।

ਪੈਨਸ਼ਨਰਜ਼ ਨੇ ਇਸ ਗੱਲ 'ਤੇ ਪੰਜਾਬ ਸਰਕਾਰ ਖਿਲਾਫ ਭਾਰੀ ਰੋਸ ਜ਼ਾਹਰ ਕੀਤਾ ਕਿ ਸਰਕਾਰ ਪੇ ਕਮਿਸ਼ਨ ਦਾ 66 ਮਹੀਨੇ ਦਾ ਬਕਾਇਆ ਦੇਣ ਦੀ ਬਜਾਏ, ਮਹਿੰਗਾਈ ਭੱਤੇ ਦਾ ਬਕਾਇਆ, ਪੈਨਸ਼ਨਰਜ਼ ਦੀ ਪੈਨਸ਼ਨ ਫਿਕਸ ਕਰਨ ਲਈ ਗੁਣਾਂਕ 2.44 ਦੀ ਥਾਂ ਤੇ 2.59 ਕਰਨ ਆਦਿ ਹੱਕੀ ਮੰਗਾਂ ਮੰਨਣ ਦੀ ਬਜਾਏ ਸਾਲਾਨਾ 2400 ਰੁਪੈ ਸਾਲਾਨਾ ਜਜ਼ੀਆ ਰੂਪੀ ਟੈਕਸ ਦੇ ਰੂਪ ਵਿੱਚ ਕੱਟਣ ਦਾ ਫੈਸਲਾ ਕੀਤਾ ਹੈ। ਜ਼ਿਕਰਯੋਗ ਹੈ ਕਿ ਇਸੇ ਤਰ੍ਹਾਂ ਦੀ ਕੋਈ ਵੀ ਕਟੌਤੀ ਪੈਨਸ਼ਨ ਵਿੱਚੋਂ ਕਰਨਾ ਸੁਪਰੀਮ ਕੋਰਟ ਦੇ ਫੈਸਲੇ ਅਨੁਸਾਰ ਗੈਰ-ਕਨੂੰਨੀ ਹੈ। ਐਸੋਸੀਏਸ਼ਨ ਨੇ ਇਸ ਸਬੰਧੀ ਉੱਪ ਕੁੱਲਪਤੀ ਨੂੰ ਵੀ ਪੱਤਰ ਲਿਖ ਕੇ ਇਸ ਜਜ਼ੀਆ ਟੈਕਸ ਨੂੰ ਲਾਗੂ ਨਾ ਕਰਨ ਦੀ ਮੰਗ ਕਰਨ ਦਾ ਫੈਸਲਾ ਕੀਤਾ। ਐਸੋਸੀਏਸ਼ਨ ਨੇ ਪੰਜਾਬ ਸਰਕਾਰ ਦੇ ਮੁਲਾਜ਼ਮ ਤੇ ਪੈਨਸ਼ਨਰਜ਼ ਦੇ ਸਾਂਝੇ ਫਰੰਟ ਵੱਲੋਂ ਉਪਰੋਕਤ ਮੰਗਾਂ ਲਈ ਜ਼ੋਰਦਾਰ ਸਮਰਥਨ ਤੇ ਸੰਘਰਸ਼ 'ਚ ਸ਼ਮੂਲੀਅਤ ਕਰਨ ਦਾ ਫੈਸਲਾ ਕੀਤਾ।

ਮੀਟਿੰਗ ਵਿਚ ਜਨਰਲ ਸਕੱਤਰ ਜੇ ਐੱਲ ਨਾਰੰਗ ਤੇ ਸੀਨੀਅਰ ਮੀਤ ਪ੍ਰਧਾਨ ਕਾ. ਜੁਗਿੰਦਰ ਰਾਮ ਸਮੇਤ ਐਗਜ਼ੈਕਟਿਵ ਮੈਂਬਰ ਡਾ. ਗੁਲਜ਼ਾਰ ਸਿੰਘ ਪੰਧੇਰ, ਜੈ ਪਾਲ ਸਿੰਘ, ਰਾਮ ਸ਼ਰਨ ਅਰੋੜਾ, ਜੇ ਸੀ ਬੁੱਧੀਰਾਜਾ, ਕੁਲਦੀਪ ਸਿੰਘ ਤੁੰਗ, ਪ੍ਰੀਤਮ ਸਿੰਘ ਆਦਿ ਨੇ ਸੰਬੋਧਨ ਕੀਤਾ। ਅੰਤ ਵਿੱਚ ਪ੍ਰਧਾਨ ਡੀ ਪੀ ਮੌੜ ਨੇ ਧੰਨਵਾਦੀ ਸ਼ਬਦ ਕਹਿੰਦਿਆਂ ਸਮੁੱਚੀਆਂ ਮੰਗਾਂ ਦੀ ਵਿਸਥਾਰ ਸਹਿਤ ਚਰਚਾ ਕਰਦਿਆਂ ਸਮੱਰਥਨ ਦੀ ਮੰਗ ਕੀਤੀ। ਸਮੂਹ ਹਾਜ਼ਰ ਮੈਂਬਰਾਂ ਨੇ ਤਾਲੀਆਂ ਸਮੇਤ ਹੱਥ ਖੜੇ ਕਰਕੇ ਸੰਘਰਸ਼ ਦੀ ਪੁਰਜ਼ੋਰ ਹਮਾਇਤ ਕਰਨ ਦਾ ਫੈਸਲਾ ਕੀਤਾ, ਤਾਂ ਕਿ ਪੰਜਾਬ ਸਰਕਾਰ ਨੂੰ ਚੋਣਾਂ ਸਮੇਂ ਕੀਤੇ ਵਾਅਦੇ ਯਾਦ ਕਰਵਾਏ ਜਾਣ।

# ਐੱਮ ਐੱਸ ਪੀ ਦੀ ਮੰਗ ਨੂੰ ਲੈ ਕੇ ਮੁੱਖ ਮੰਤਰੀ ਦਾ ਫੂਕਿਆ ਪੁਤਲਾ



**ਮਾਨਸਾ (ਆਤਮਾ ਸਿੰਘ ਪਮਾਰ)**

ਜ਼ਿਲ੍ਹਾ ਮੰਡੀ ਅਫਸਰ ਦੇ ਦਫਤਰ ਅੱਗੇ ਇਕੱਤਰਤਾ ਨੂੰ ਸੰਬੋਧਨ ਕਰਦਿਆਂ ਸੰਯੁਕਤ ਕਿਸਾਨ ਮੋਰਚਾ ਦੇ ਆਗੂਆਂ ਨੇ ਪ੍ਰੈੱਸ ਦੇ ਨਾਂ ਬਿਆਨ ਜਾਰੀ ਕਰਦਿਆਂ ਕਿਹਾ ਕਿ ਪੰਜਾਬ ਦੇ ਵੱਖ ਵੱਖ ਜ਼ਿਲ੍ਹਿਆਂ ਵਿੱਚ ਸੂਰਜਮੁਖੀ, ਮੱਕੀ, ਮੂੰਗੀ ਜਿਹੀਆਂ ਫਸਲਾਂ ਦੀ ਆਮਦ ਵਾਲੇ ਥਾਈਂ ਐੱਮ ਐੱਸ ਪੀ ਦੀ ਮੰਗ ਦੇ ਅਧਿਕਾਰ ਨੂੰ ਲਾਗੂ ਕਰਵਾਉਣ ਲਈ ਪੰਜਾਬ ਸਰਕਾਰ ਤੱਕ ਮੰਗ ਪੱਤਰ ਪਹੁੰਚਾਏ ਜਾਂਦੇ ਰਹੇ ਹਨ ਤੇ ਮੋਰਚੇ ਵੱਲੋਂ ਪ੍ਰਸ਼ਾਸਨਕ ਅਧਿਕਾਰੀਆਂ ਤੋਂ ਲੈ ਕੇ ਸਰਕਾਰੀ ਨੁਮਾਇੰਦਿਆਂ ਤੱਕ ਮੀਟਿੰਗਾਂ ਰਾਹੀਂ ਇਹ ਮਸਲਾ ਧਿਆਨ ਵਿੱਚ ਲਿਆਂਦਾ ਗਿਆ ਹੈ, ਪਰ ਪੰਜਾਬ ਸਰਕਾਰ ਵੱਲੋਂ ਐੱਮ ਐੱਸ ਪੀ ਦੀ ਮੰਗ 'ਤੇ ਅਖਬਾਰੀ ਬਿਆਨ ਦਾਗਣ ਦੇ ਬਾਵਜੂਦ ਜ਼ਮੀਨੀ ਪੱਧਰ 'ਤੇ ਇਸ ਨੂੰ ਲਾਗੂ ਨਹੀਂ ਕੀਤਾ ਗਿਆ, ਜਿਸ ਦੇ ਰੋਸ ਵਜੋਂ ਅੱਜ ਜ਼ਿਲ੍ਹਾ ਮੰਡੀ ਅਫਸਰ ਦੇ ਦਫਤਰ ਅੱਗੇ ਮੁੱਖ ਮੰਤਰੀ ਦਾ ਪੁਤਲਾ ਫੂਕਿਆ ਗਿਆ। ਮੋਰਚੇ ਦੇ ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਅੰਦੋਲਨਕਾਰੀਆਂ 'ਤੇ ਆਏ ਦਿਨ ਲਾਠੀਚਾਰਜ ਕਰਨਾ, ਗ੍ਰਿਫਤਾਰ ਕਰਨਾ, ਮੀਟਿੰਗਾਂ ਦਾ ਟਾਇਮ ਦੇ ਕੇ ਪੂਰੇ ਨਾ ਉਤਰਨਾ ਤੇ ਕਿਸਾਨੀ ਮੰਗਾਂ ਨੂੰ ਅੱਖੋਂ ਪਰੋਖੇ ਕਰਨ ਦਾ ਜੋ ਰਾਹ ਅਖਤਿਆਰ ਕਰ ਰਹੀ ਹੈ, ਇਹ ਪੰਜਾਬ ਦੇ ਲੋਕਾਂ ਨਾਲ ਕੋਝਾ ਮਜ਼ਾਕ ਹੈ। ਉਨ੍ਹਾਂ ਕਿਹਾ ਕਿ ਇਸ ਵਰਤਾਰੇ ਤੋਂ ਪੀੜਤ ਆਵਾਮ ਦੇ ਰੋਹ ਦਾ ਸਾਹਮਣਾ ਕਰਨ ਲਈ ਹੁਣ ਮਾਨ ਸਰਕਾਰ ਤਿਆਰ ਰਹੇ। ਇਸ ਸਮੇਂ ਸੰਯੁਕਤ ਕਿਸਾਨ ਮੋਰਚੇ 'ਚ ਸ਼ਾਮਲ ਜਥੇਬੰਦੀਆਂ ਵਿੱਚ ਸ਼ਾਮਲ ਪੰਜਾਬ ਕਿਸਾਨ ਯੂਨੀਅਨ ਦੇ ਗੁਰਜੰਟ ਸਿੰਘ ਮਾਨਸਾ, ਸੁਖਚਰਨ ਦਾਨੇਵਾਲੀਆ, ਬੀ ਕੇ ਯੂ ਏਕਤਾ ਡਕੌਂਦਾ ਦੇ ਜ਼ਿਲ੍ਹਾ ਸੈਕਟਰੀ ਬਲਵਿੰਦਰ ਸ਼ਰਮਾ ਖਿਆਲਾਂ, ਜਗਦੇਵ ਕੋਟਲੀ, ਕਾਦੀਆਂ ਦੇ ਪਰਮਜੀਤ ਸਿੰਘ ਗਾਗੋਵਾਲ, ਅਵਤਾਰ ਸਿੰਘ ਰੱਲਾ, ਬੀ ਕੇ ਯੂ ਡਕੌਂਦਾ (ਬੁਰਜ ਗਿੱਲ), ਰਾਜ ਸਿੰਘ ਅਕਲੀਆ, ਰਾਜਪਾਲ ਅਲੀਸ਼ੇਰ, ਜਮਹੂਰੀ ਕਿਸਾਨ ਸਭਾ ਅਮਰੀਕ ਫਫੜੇ, ਮਾਸਟਰ ਛੱਜੂ ਰਾਮ ਰਿਸ਼ੀ, ਬੀ ਕੇ ਯੂ ਲੱਖੋਵਾਲ ਪ੍ਰਸ਼ੋਤਮ ਸਿੰਘ ਗਿੱਲ, ਨਿਰਮਲ ਸਿੰਘ ਝੰਡੂਕੇ, ਕੁੱਲ ਹਿੰਦ ਕਿਸਾਨ ਸਭਾ (ਅਜੈ ਭਵਨ) ਦੇ ਦਲਜੀਤ ਸਿੰਘ ਮਾਨਸ਼ਾਹੀਆ, ਰੂਪ ਸਿੰਘ ਢਿੱਲੋਂ, ਬੀ ਕੇ ਯੂ ਮਾਲਵਾ ਦੇ ਆਗੂ ਨਰਿੰਦਰ ਸਿੰਘ ਬੁਰਜ ਢਿੱਲਵਾਂ, ਨਛੱਤਰ ਸਿੰਘ ਮੌਜੋ ਹਾਜ਼ਰ ਸਨ।

# ਕ੍ਰਾਂਤੀਕਾਰੀ ਕਿਸਾਨ ਯੂਨੀਅਨ ਦਾ ਵਫ਼ਦ ਐੱਸ ਪੀ ਡੀ ਨੂੰ ਮਿਲਿਆ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਪਿੰਡ ਯਾਰੇ ਸ਼ਾਹ ਵਾਲੇ ਦੇ ਕਿਸਾਨ ਆਗੂ ਰਣਜੀਤ ਸਿੰਘ ਉੱਪਰ ਪੁਲਸ ਵੱਲੋਂ ਝੂਠਾ ਪਰਚਾ ਕੀਤਾ ਗਿਆ ਸੀ, ਜਿਸ ਨੂੰ ਰੱਦ ਕਰਵਾਉਣ ਲਈ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਪੰਜਾਬ ਦੇ ਵਫ਼ਦ ਨੇ ਜ਼ਿਲ੍ਹਾ ਪ੍ਰਧਾਨ ਗੁਰਮੀਤ ਸਿੰਘ ਪੋਜੋਕੇ ਦੀ ਅਗਵਾਈ ਵਿੱਚ ਐੱਸ.ਪੀ.ਡੀ. ਫ਼ਿਰੋਜ਼ਪੁਰ ਰਣਧੀਰ ਕੁਮਾਰ ਨਾਲ ਮੁਲਾਕਾਤ ਕੀਤੀ। ਸੀਨੀਅਰ ਪੁਲਸ ਅਧਿਕਾਰੀਆਂ ਵੱਲੋਂ ਟਾਲ-ਮਟੋਲ ਦੀ ਨੀਤੀ ਤੋਂ ਨਾਰਾਜ਼ ਕਿਸਾਨਾਂ ਵੱਲੋਂ ਪੁਲਸ ਖ਼ਿਲਾਫ਼ ਰੋਸ ਜ਼ਾਹਰ ਕਰਦਿਆਂ ਫਿਰ ਤੋਂ ਸੰਘਰਸ਼ ਵਿੱਢਣ ਦਾ ਐਲਾਨ ਕੀਤਾ ਗਿਆ। ਜਾਣਕਾਰੀ ਦਿੰਦਿਆਂ ਸੂਬਾ ਪ੍ਰੈੱਸ ਸਕੱਤਰ ਅਵਤਾਰ ਸਿੰਘ ਮਹਿਮਾ ਨੇ ਕਿਹਾ ਕਿ ਕਰੀਬ ਇੱਕ ਸਾਲ ਤੋਂ ਇਸ ਮਸਲੇ ਸੰਬੰਧੀ ਸੰਘਰਸ਼ ਵਿੱਢਿਆ ਹੋਇਆ ਹੈ। ਇਸ ਸਬੰਧੀ ਪਹਿਲਾਂ ਵੀ ਧਰਨੇ ਦਿੱਤੇ ਜਾ ਚੁੱਕੇ ਹਨ, ਪਰ ਸੀਨੀਅਰ ਅਧਿਕਾਰੀਆਂ ਦੇ ਵਿਸ਼ਵਾਸ ਤੇ ਮਸਲਾ ਹੱਲ ਕਰਨ ਦੇ ਭਰੋਸੇ ਮਗਰੋਂ ਧਰਨਾ ਚੁੱਕ ਲਿਆ ਸੀ। ਉਨ੍ਹਾਂ ਕਿਹਾ ਕਿ ਪਿੰਡ ਦੀ ਸਾਰੀ ਪੰਚਾਇਤ ਵੱਲੋਂ ਸਬੂਤਾਂ ਸਮੇਤ ਕਿਸਾਨ ਰਣਜੀਤ ਸਿੰਘ ਦੇ ਹੱਕ ਵਿੱਚ ਬਿਆਨ ਦਿੱਤੇ ਗਏ ਹਨ, ਪਰ ਪੁਲਸ ਪ੍ਰਸ਼ਾਸਨ ਮੁਕੱਦਮਾ ਰੱਦ ਕਰਨ ਦੀ ਬਜਾਏ ਟਾਲ-ਮਟੋਲ ਕਰ ਰਿਹਾ ਹੈ। ਉਨ੍ਹਾਂ ਦੱਸਿਆ ਕਿ 40 ਸਾਲਾਂ ਤੋਂ ਆਪਣੇ ਕਬਜ਼ੇ ਵਾਲੀ ਜ਼ਮੀਨ ਵਿੱਚੋਂ ਆਪਣੀ ਕਣਕ ਵੱਢਣ 'ਤੇ ਕਿਸਾਨ ਉਪਰ ਚੋਰੀ ਦਾ ਝੂਠਾ ਮੁਕੱਦਮਾ ਦਰਜ ਕੀਤਾ ਗਿਆ ਹੈ, ਜਿਸ ਨੂੰ ਰੱਦ ਕਰਵਾਉਣ ਲਈ ਲਗਾਤਾਰ ਜਥੇਬੰਦੀ ਜੱਦੋ-ਜਹਿਦ ਕਰ ਰਹੀ ਹੈ। ਕਿਸਾਨਾਂ ਨੇ ਚਿਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਇੱਕ ਹਫ਼ਤੇ ਅੰਦਰ ਕਿਸਾਨ ਰਣਜੀਤ ਸਿੰਘ ਯਾਰੇ ਸ਼ਾਹ ਵਾਲਾ ਉੱਪਰ ਦਰਜ ਝੂਠਾ ਮੁਕੱਦਮਾ ਰੱਦ ਨਾ ਕੀਤਾ ਤਾਂ ਐੱਸ.ਐੱਸ.ਪੀ. ਦਫ਼ਤਰ ਫ਼ਿਰੋਜ਼ਪੁਰ ਵਿਖੇ ਅਣਮਿੱਥੇ ਸਮੇਂ ਲਈ ਧਰਨਾ ਦਿੱਤਾ ਜਾਵੇਗਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਬਲਾਕ ਪ੍ਰਧਾਨ ਨਿਰਮਲ ਸਿੰਘ ਰੱਜੀ ਵਾਲਾ, ਬਲਾਕ ਪ੍ਰਧਾਨ ਗੁਰਭੇਜ ਸਿੰਘ ਟਿੱਬੀ ਕਲਾਂ, ਗੁਰਜੱਜ ਸਿੰਘ ਸਾਂਦੇ ਹਾਸ਼ਮ, ਜਸਵੀਰ ਸਿੰਘ ਮੱਲਵਾਲ ਜਦੀਦ, ਗੁਰਮੁੱਖ ਸਿੰਘ ਯਾਰੇ ਸ਼ਾਹ, ਕੁਲਬੀਰ ਸਿੰਘ, ਸੁਖਦੇਵ ਸਿੰਘ ਆਦਿ ਸਮੇਤ ਵੱਡੀ ਗਿਣਤੀ 'ਚ ਕਿਸਾਨ ਆਗੂ ਹਾਜ਼ਰ ਸਨ ।

# ਬਰਸਾਤ ਦੇ ਮੱਦੇਨਜ਼ਰ ਪੀ ਏ ਟਿਵਾਣਾ ਵੱਲੋਂ ਚੰਭੋ ਚੋਅ ਦਾ ਜਾਇਜ਼ਾ



**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਕੈਬਨਿਟ ਮੰਤਰੀ ਪੰਜਾਬ ਸਰਦਾਰ ਚੇਤਨ ਸਿੰਘ ਜੌੜਾਮਾਜਰਾ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਪੀ ਏ ਗੁਰਦੇਵ ਸਿੰਘ ਟਿਵਾਣਾ ਵੱਲੋਂ ਨੇੜਲੇ ਪਿੰਡ ਖਾਨਪੁਰ ਗਾੜੀਆਂ ਦੇ ਚੰਭੋ ਚੋਅ ਦਾ ਦੌਰਾ ਕੀਤਾ ਗਿਆ। ਇਸ ਮੌਕੇ ਪਿੰਡ ਵਾਸੀ ਕਮਲਜੀਤ ਸਿੰਘ ਖਾਨਪੁਰ, ਸਰਪੰਚ ਮਲਕੀਤ ਸਿੰਘ, ਸਤਪਾਲ ਸਿੰਘ, ਮਨਜੀਤ ਸਿੰਘ, ਗੁਰਮੀਤ ਸਿੰਘ ਤੇ ਬਾਬਾ ਜਸਵਿੰਦਰ ਸਿੰਘ ਨੇ ਪੀ ਏ ਟਿਵਾਣਾ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਚੋਅ ਦੀ ਪਿਛਲੇ ਲੰਮੇਂ ਸਮੇਂ ਤੋਂ ਸਫ਼ਾਈ ਨਾ ਹੋਣ ਕਾਰਨ ਬਹੁਤ ਜ਼ਿਆਦਾ ਝੁੰਡ ਝਾੜ ਉੱਗ ਗਏ ਹਨ ਅਤੇ ਬਰਸਾਤ ਦੌਰਾਨ ਪਾਣੀ ਦਾ ਲਾਂਘਾ ਨਾ ਹੋਣ ਕਾਰਨ ਇਸ ਚੋਅ ਦਾ ਪਾਣੀ ਪਿੰਡ ਵਿੱਚ ਵੜ ਜਾਂਦਾ ਹੈ ਤੇ ਬਹੁਤ ਜ਼ਿਆਦਾ ਨੁਕਸਾਨ ਕਰਦਾ ਹੈ। ਉਨ੍ਹਾਂ ਦੱਸਿਆ ਕਿ ਪਿਛਲੇ ਸਾਲ ਵੀ ਬਰਸਾਤ ਦੌਰਾਨ ਇਸ ਚੋਅ ਤੋਂ ਬਰਸਾਤ ਦਾ ਪਾਣੀ ਪਿੰਡਾਂ ਵਿੱਚ ਵੜ ਗਿਆ ਸੀ ਅਤੇ ਪਿੰਡ ਤੇ ਖੇਤਾਂ ਦਾ ਬਹੁਤ ਜ਼ਿਆਦਾ ਨੁਕਸਾਨ ਹੋਇਆ ਸੀ। ਪਿੰਡ ਵਾਸੀਆਂ ਨੇ ਹਲਕਾ ਵਿਧਾਇਕ ਤੇ ਕੈਬਨਿਟ ਮੰਤਰੀ ਪੰਜਾਬ ਸ੍ਰ. ਚੇਤਨ ਸਿੰਘ ਜੌੜਾਮਾਜਰਾ ਤੋਂ ਇਸ ਚੋਅ ਨੂੰ ਜਲਦ ਤੋਂ ਜਲਦ ਸਾਫ਼ ਕਰਾਉਣ ਦੀ ਮੰਗ ਕੀਤੀ, ਜਿਸ ਦੇ ਚਲਦਿਆਂ ਸ੍ਰ. ਟਿਵਾਣਾ ਨੇ ਕਿਹਾ ਕਿ ਪਿੰਡ ਵਾਸੀਆਂ ਵੱਲੋਂ ਉਨ੍ਹਾਂ ਨੂੰ ਹੜ੍ਹ ਤੋਂ ਬਚਾਅ ਲਈ ਇਸ ਚੋਅ ਦੀ ਸਫ਼ਾਈ ਲਈ ਮੰਗ ਕੀਤੀ ਗਈ ਸੀ, ਜਿਸ ਤੋਂ ਬਾਅਦ ਉਹ ਇਸ ਚੋਅ ਦਾ ਦੌਰਾ ਕਰਨ ਲਈ ਪਹੁੰਚੇ ਹਨ। ਉਨ੍ਹਾਂ ਕਿਹਾ ਕਿ ਬਰਸਾਤਾਂ ਦਾ ਮੌਸਮ ਚੱਲ ਰਿਹਾ ਹੈ, ਜਿਸ ਦੇ ਚਲਦਿਆਂ ਤਰੁੰਤ ਚੋਅ ਦੀ ਸਫ਼ਾਈ ਦੇ ਕਾਰਜ ਦੀ ਸ਼ੁਰੂਆਤ ਕਰਵਾ ਦਿੱਤੀ ਗਈ ਹੈ। ਇਸ ਮੌਕੇ ਸੀਨੀਅਰ ਆਪ ਆਗੂ ਦੀਪਕ ਵਧਵਾ, ਰਾਣਾ, ਅਰਸ਼ਪ੍ਰੀਤ ਸਿੰਘ, ਦਵਿੰਦਰ ਸਿੰਘ, ਜਰਨੈਲ ਸਿੰਘ, ਜੱਸਾ ਸਿੰਘ, ਸਵਰਨ ਸਿੰਘ, ਹਰਮਨ ਵਿਰਕ ਤੇ ਗੁਰਪ੍ਰੀਤ ਸਿੰਘ ਆਦਿ ਮੌਜੂਦ ਸਨ।

# ਹਰਿਆਣਾ ਦੇ ਕਲਰਕਾਂ ਨੇ ਚੁੱਕੇ ਖੱਟਰ ਸਰਕਾਰ ਵਿਰੁੱਧ ਬਗਾਵਤੀ ਝੰਡੇ

## ਦੋ ਦਿਨਾਂ ਤੋਂ ਜ਼ਿਲ੍ਹੇ ਦੇ ਸਰਕਾਰੀ ਦਫ਼ਤਰਾਂ 'ਚ ਕੰਮ ਠੱਪ

**ਸਿਰਸਾ (ਸੁਰਿੰਦਰ ਪਾਲ ਸਿੰਘ)**-ਆਪਣੀਆਂ ਹੱਕੀ ਮੰਗਾਂ ਨੂੰ ਲੈ ਕੇ ਸੰਘਰਸ਼ ਕਰ ਰਹੇ ਕਲਰਕਾਂ ਦੇ ਹੜਤਾਲ 'ਤੇ ਚਲੇ ਜਾਣ ਕਾਰਨ ਸਰਕਾਰੀ ਦਫ਼ਤਰਾਂ ਖਾਸ ਕਰਕੇ ਈ ਦਿਸ਼ਾ ਕੇਂਦਰ, ਡੀ ਸੀ ਦਫ਼ਤਰ ਤੇ ਬੀ ਐਂਡ ਆਰ ਵਿੱਚ ਕੋਈ ਕੰਮ ਨਹੀਂ ਹੋਇਆ। ਜ਼ਿਲ੍ਹੇ ਭਰ ਦੇ 600 ਤੋਂ ਵੱਧ ਕਲਰਕ ਧਰਨੇ 'ਤੇ ਬੈਠ ਕੇ ਸਰਕਾਰ ਖ਼ਿਲਾਫ਼ ਗੁੱਸੇ ਦਾ ਪ੍ਰਗਟਾਵਾ ਕਰ ਰਹੇ ਹਨ।ਦੋ ਦਿਨਾਂ ਤੋਂ ਜ਼ਿਲ੍ਹੇ ਵਿੱਚ ਔਸਤਨ 600 ਰਜਿਸਟਰੀਆਂ, 500 ਡਰਾਈਵਿੰਗ ਲਾਇਸੈਂਸ ਤੇ 700 ਦੇ ਕਰੀਬ ਆਰ ਸੀ ਬਣਾਉਣ ਵਰਗੇ ਕੰਮ ਠੱਪ ਹੋ ਗਏ ਹਨ।ਲੋਕ ਚੱਕਰ ਲਾ ਕੇ ਵਾਪਸ ਜਾ ਰਹੇ ਹਨ।ਕਲਰਕਾਂ ਦੀ ਮੰਗ ਹੈ ਕਿ ਉਨ੍ਹਾਂ ਦੇ ਪੇ-ਗਰੇਡ ਵਿੱਚ ਵਾਧਾ ਕੀਤਾ ਜਾਵੇ ਤੇ ਉਨ੍ਹਾਂ ਨੂੰ 35,400 ਰੁਪਏ ਮਹੀਨਾ ਤਨਖਾਹ ਦਿੱਤੀ ਜਾਵੇ।ਜਦੋਂ ਤੱਕ ਉਨ੍ਹਾਂ ਦੀ ਮੰਗ ਨਹੀਂ ਮੰਨੀ ਜਾਂਦੀ, ਉਦੋਂ ਤੱਕ ਉਨ੍ਹਾਂ ਦੀ ਹੜਤਾਲ ਜਾਰੀ ਰਹੇਗੀ।ਹੜਤਾਲ ਕਾਰਨ ਲੋਕਾਂ ਦੇ ਸਰਟੀਫਿਕੇਟ, ਲਾਇਸੈਂਸ, ਜਨਮ-ਮੌਤ ਦੇ ਸਰਟੀਫਿਕੇਟ, ਰਜਿਸਟਰੀਆਂ, ਜਾਇਦਾਦ ਨਾਲ ਸਬੰਧਤ ਕੰਮ, ਆਰ.ਟੀ.ਆਈ. ਤੇ ਹੋਰ ਕੰਮ ਪ੍ਰਭਾਵਿਤ ਹੋਏ।ਹੋਰ ਕੰਮਾਂ ਦੀ ਸਮੀਖਿਆ ਕਰਨ ਲਈ ਸਰਕਾਰੀ ਦਫ਼ਤਰ ਖਾਲੀ ਪਏ ਹਨ। ਕਲਰਕਾਂ ਦੀ ਹੜਤਾਲ ਕਾਰਨ ਕੋਈ ਕੰਮ ਨਹੀਂ ਹੋ ਰਿਹਾ।ਲੋਕ ਸਰਕਾਰ ਤੋਂ ਮੰਗ ਕਰਦੇ ਹਨ ਕਿ ਕਲਰਕਾਂ ਦੀਆਂ ਮੰਗਾਂ ਮੰਨ ਕੇ ਹੜਤਾਲ ਨੂੰ ਜਲਦੀ ਖਤਮ ਕੀਤਾ ਜਾਵੇ।

# ਲੁਧਿਆਣਾ ਨੂੰ ਸਮਾਰਟ ਸਿਟੀ ਬਣਾਉਣ ਦੀਆਂ ਉੱਡੀਆਂ ਧੱਜੀਆਂ : ਸੀ ਪੀ ਆਈ

**ਲੁਧਿਆਣਾ (ਐਮ ਐਸ ਭਾਟੀਆ/ਰੈਕਟਰ ਕਥੂਰੀਆ)**-ਪਿਛਲੇ ਦਿਨੀਂ ਪ੍ਰਸ਼ਾਸਨ ਵੱਲੋਂ ਖਬਰ ਲੱਗੀ ਸੀ ਕਿ ਲੁਧਿਆਣਾ ਸਮਾਰਟ ਸਿਟੀ ਬਣਨ ਦੇ ਬਿਲਕੁਲ ਨੇੜੇ ਹੈ, ਪਰ ਜ਼ਰਾ ਜਿਹਾ ਮੀਂਹ ਪੈਣ ਕਾਰਨ ਸੜਕਾਂ ਟੁੱਟ ਗਈਆਂ ਹਨ ਤੇ ਖੱਡੇ ਪੈਣ ਕਾਰਨ ਪਾਣੀ ਖੜਾ ਹੋ ਜਾਂਦਾ ਹੈ। ਨਿਕਾਸ ਨਾ ਹੋਣ ਦੇ ਕਾਰਨ ਲੋਕਾਂ ਦੀ ਆਵਾਜਾਈ 'ਤੇ ਬਹੁਤ ਮਾੜਾ ਅਸਰ ਪੈ ਰਿਹਾ ਹੈ। ਭਾਰਤੀ ਕਮਿਊਨਿਸਟ ਪਾਰਟੀ ਜ਼ਿਲ੍ਹਾ ਲੁਧਿਆਣਾ ਨੇ ਜਾਰੀ ਬਿਆਨ ਵਿੱਚ ਕਿਹਾ ਹੈ ਕਿ ਇਹ ਅਤਿ ਸ਼ਰਮਨਾਕ ਖਬਰ ਹੁਣ ਸਾਹਮਣੇ ਆ ਰਹੀ ਹੈ, ਉਹ ਹੈ ਬੁੱਢੇ ਨਾਲੇ ਦਾ ਪਾਣੀ ਓਵਰਫਲੋਅ ਕਰ ਕੇ ਥਾਂ ਥਾਂ ਤੇ ਕਿਨਾਰਿਆਂ ਤੋਂ ਬਾਹਰ ਆ ਗਿਆ ਹੈ ਤੇ ਗਰੀਬ ਲੋਕਾਂ ਦੇ ਘਰਾਂ ਤੱਕ ਪਹੁੰਚ ਗਿਆ ਹੈ। ਲੋਕ ਬੁੱਢੇ ਨਾਲੇ ਦੇ ਗੰਦੇ ਪਾਣੀ ਵਿੱਚੋਂ ਦੀ ਚੱਲ ਕੇ ਬਾਹਰ ਆ ਰਹੇ ਹਨ। ਟੁੱਟੀਆਂ ਸੜਕਾਂ ਤੇ ਬੁੱਢੇ ਨਾਲੇ ਦੀ ਮੁਰੰਮਤ ਤੇ ਸਫਾਈ ਬਾਰੇ ਗੱਲਾਂ ਥੋਥੀਆਂ ਸਾਬਿਤ ਹੋ ਰਹੀਆਂ ਹਨ। ਦੁੱਖ ਦੀ ਗੱਲ ਤਾਂ ਇਹ ਹੈ ਕਿ ਸੜਕਾਂ ਤੇ ਪੁਲਾਂ ਦੇ ਉਦਘਾਟਨ ਕਰਨ ਲਈ ਐੱਮ ਐੱਲ ਏ ਤੇ ਕੌਂਸਲਰਾਂ ਵਿੱਚ ਆਪਸੀ ਲੜਾਈਆਂ ਹੋ ਰਹੀਆਂ ਹਨ ਤੇ ਕਈ ਵਾਰ ਤਾਂ ਦੋ-ਦੋ, ਤਿੰਨ-ਤਿੰਨ ਵਾਰ ਵੀ ਉਦਘਾਟਨ ਹੁੰਦੇ ਹਨ।

ਸਾਰੀ ਗੱਲ ਨੂੰ ਛੱਡ ਕੇ ਪ੍ਰਸ਼ਾਸਨ ਨੂੰ ਸ਼ਹਿਰ ਨੂੰ ਸਹੀ ਢੰਗ ਦੇ ਨਾਲ ਆਮ ਲੋਕਾਂ ਦੇ ਰਹਿਣਯੋਗ ਬਣਾਉਣਾ ਚਾਹੀਦਾ ਹੈ। ਕੇਵਲ ਸ਼ਹਿਰ ਦੇ ਪ੍ਰਵੇਸ਼-ਦੁਆਰਾਂ 'ਤੇ ਖੂਬਸੂਰਤੀ ਕਰਕੇ ਅਤੇ ਉੱਚੀਆਂ ਉੱਚੀਆਂ ਇਮਾਰਤਾਂ ਖੜੀਆਂ ਕਰਕੇ ਸ਼ਹਿਰ ਸਮਾਰਟ ਸਿਟੀ ਨਹੀਂ ਬਣਦੇ। ਬਿਆਨ ਜਾਰੀ ਕਰਨ ਵਾਲਿਆਂ ਵਿੱਚ ਜ਼ਿਲ੍ਹਾ ਸਕੱਤਰ ਡੀ ਪੀ ਮੌੜ, ਡਾਕਟਰ ਅਰੁਣ ਮਿੱਤਰਾ, ਚਮਕੌਰ ਸਿੰਘ, ਐੱਮ ਐੱਸ ਭਾਟੀਆ, ਰਮੇਸ਼ ਰਤਨ, ਵਿਜੇ ਕੁਮਾਰ ਤੇ ਵਿਨੋਦ ਕੁਮਾਰ ਸ਼ਾਮਲ ਹਨ।

# ਤਰਕਸ਼ੀਲਾਂ ਨੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬਾਲੀਆਂ ਵਿਖੇ ਪੁਸਤਕ ਪ੍ਰਦਰਸ਼ਨੀ ਲਾਈ



**ਸੰਗਰੂਰ (ਪ੍ਰਵੀਨ ਸਿੰਘ)**

ਤਰਕਸ਼ੀਲ ਸੁਸਾਇਟੀ ਪੰਜਾਬ ਇਕਾਈ ਸੰਗਰੂਰ ਲੋਕਾਂ ਦਾ ਸੋਚਣ ਢੰਗ ਵਿਗਿਆਨਕ ਬਣਾਉਣ ਲਈ ਯਤਨਸ਼ੀਲ ਹੈ। ਇਸ ਲਈ ਤਰਕਸ਼ੀਲ ਕਾਰਕੁੰਨ ਸਕੂਲਾਂ, ਕਾਲਜਾਂ, ਜਨਤਕ ਸਥਾਨਾਂ, ਵਿੱਦਿਅਕ ਤੇ ਸਿਹਤ ਅਦਾਰਿਆਂ ਵਿੱਚ ਜਾ ਕੇ ਵੱਖ ਵੱਖ ਢੰਗਾਂ ਨਾਲ ਯਤਨ ਜੁਟਾ ਰਹੇ ਹਨ ਤਾਂ ਜੋ ਸਾਡੇ ਨੌਜਵਾਨ ਅੰਧਵਿਸ਼ਵਾਸਾਂ, ਵਹਿਮਾਂ ਭਰਮਾਂ ਤੇ ਰੂੜ੍ਹੀਵਾਦੀ ਵਿਚਾਰਾਂ ਦੇ ਹਨੇਰੇ ਵਿੱਚੋਂ ਨਿਕਲ ਕੇ ਵਿਗਿਆਨਕ ਵਿਚਾਰਾਂ ਦੇ ਚਾਨਣ ਵਿੱਚ ਆ ਸਕਣ। ਇਹ ਚਾਨਣ ਸਰੀਰਕ, ਮਾਨਸਿਕ ਤੇ ਆਰਥਕ ਲੁੱਟ ਤੋਂ ਬਚਣ ਤੇ ਆਪਣੀ ਸ਼ਖਸੀਅਤ ਨਿਖਾਰਨ ਦਾ ਰਾਹ ਦਰਸਾਊ ਹੈ। ਇਸ ਮੌਕੇ ਤਰਕਸ਼ੀਲ ਆਗੂ ਮਾਸਟਰ ਪਰਮ ਵੇਦ ਨੇ ਵਿਦਿਆਰਥੀਆਂ ਤੇ ਅਧਿਆਪਕਾਂ ਨੂੰ ਅੰਧਵਿਸ਼ਵਾਸਾਂ, ਵਹਿਮਾਂ ਭਰਮਾਂ ਤੇ ਰੂੜ੍ਹੀਵਾਦੀ ਵਿਚਾਰਾਂ ਦੀ ਦਲਦਲ 'ਚੋਂ ਨਿਕਲ ਕੇ ਵਿਗਿਆਨਕ ਵਿਚਾਰਾਂ ਦੀ ਰੋਸ਼ਨੀ 'ਚ ਆਉਣ ਦਾ ਸੁਨੇਹਾ ਦਿੱਤਾ। ਲਗਾਈ ਪੁਸਤਕ ਪ੍ਰਦਰਸਨੀ ਮੌਕੇ ਵਿਦਿਆਰਥੀਆਂ ਨੂੰ ਚੇਤਨਾ ਪਰਖ ਪ੍ਰੀਖਿਆ ਦੀ ਸਿਲੇਬਸ ਪੁਸਤਕਾਂ ਤੇ ਹੋਰ ਵਿਗਿਆਨਕ/ ਅਗਾਂਹਵਧੂ ਵਿਚਾਰਾਂ ਵਾਲੀਆਂ ਪੁਸਤਕਾਂ ਤਕਸੀਮ ਕੀਤੀਆਂ। ਪ੍ਰੀਖਿਆ ਸੰਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਹ ਪ੍ਰੀਖਿਆ ਸੰਸਾਰ ਪ੍ਰਸਿੱਧ ਵਿਗਿਆਨੀ ਚਾਰਲਸ ਡਾਰਵਿਨ ਦੇ ਜੀਵ ਵਿਕਾਸ ਸਿਧਾਂਤ ਨੂੰ ਸਮਰਪਤ ਹੈ। ਇਸ ਦਾ ਉਦੇਸ਼ ਵਿਦਿਆਰਥੀਆਂ ਅੰਦਰ ਵਿਗਿਆਨਕ ਸੋਚ ਦਾ ਸੰਚਾਰ ਕਰਨਾ ਹੈ।

ਪ੍ਰਿੰਸੀਪਲ ਹਰਦੇਵ ਕੁਮਾਰ ਨੇ ਵਿਦਿਆਰਥੀਆਂ ਨੂੰ ਆਪਣੀ ਸੋਚ ਵਿਗਿਆਨਕ ਬਣਾਉਣ ਦਾ ਸੱਦਾ ਦਿੰਦਿਆਂ ਵਿਗਿਆਨਕ ਵਿਚਾਰਾਂ ਵਾਲੀਆਂ ਪੁਸਤਕਾਂ ਪੜ੍ਹਨ ਲਈ ਉਤਸ਼ਾਹਤ ਤੇ ਪ੍ਰੇਰਿਤ ਕਰਨ ਲਈ ਤਰਕਸ਼ੀਲ ਟੀਮ ਦਾ ਧੰਨਵਾਦ ਕੀਤਾ। ਇਸ ਮੌਕੇ ਮਾਸਟਰ ਨਰਿੰਦਰ ਸਿੰਘ, ਰਾਜਵਿੰਦਰ ਕੌਰ ਲਾਇਬ੍ਰੇਰੀਅਨ, ਪਰਮਿੰਦਰ ਜੀਤ ਕੌਰ ਸਾਇੰਸ ਮਿਸਟ੍ਰੈਸ, ਪਰਮਜੀਤ ਕੌਰ ਵੋਕੇਸ਼ਨਲ ਟੀਚਰ ਤੇ ਹਰਜੀਤ ਸਿੰਘ ਹਾਜ਼ਰ ਸਨ।

# ਜ਼ਿਲ੍ਹੇ ਦੇ 71 ਵਿਦਿਆਰਥੀਆਂ ਨੇ ਪਾਸ ਕੀਤਾ ਨੈਸ਼ਨਲ ਮੀਨਸ ਕਮ ਮੈਰਿਟ ਸਕਾਲਰਸ਼ਿਪ ਟੈਸਟ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਸਰਕਾਰੀ ਸਕੂਲਾਂ ਵਿੱਚ ਪੜ੍ਹਾਈ ਵਿੱਚ ਅੱਵਲ ਰਹਿਣ ਵਾਲੇ ਵਿਦਿਆਰਥੀਆਂ ਨੂੰ ਸਕਾਲਰਸ਼ਿਪ ਦੇਣ ਲਈ ਕੇਂਦਰ ਸਰਕਾਰ ਨੇ ਨੈਸ਼ਨਲ ਮੀਨਸ ਕਮ ਮੈਰਿਟ ਸਕਾਲਰਸ਼ਿੱਪ ਟੈਸਟ ਸ਼ੁਰੂ ਕੀਤਾ ਹੋਇਆ ਹੈ, ਜਿਸ ਵਿੱਚ ਅੱਵਲ ਰਹਿਣ ਵਾਲੇ ਵਿਦਿਆਰਥੀਆਂ ਨੂੰ 1000 ਰੁਪਏ ਪ੍ਰਤੀ ਮਹੀਨਾ, 12000 ਰੁਪਏ ਸਾਲਾਨਾ ਵਜ਼ੀਫਾ ਰਾਸ਼ੀ ਮਿਲੇਗੀ, ਜਿਸ ਦਾ ਨਤੀਜਾ ਪਿਛਲੇ ਦਿਨੀਂ ਘੋਸ਼ਿਤ ਕੀਤਾ ਗਿਆ ਹੈ।ਇਸ ਟੈਸਟ ਵਿੱਚ ਜ਼ਿਲ੍ਹਾ ਫਿਰੋਜ਼ਪੁਰ ਦੇ 71 ਵਿਦਿਆਰਥੀਆਂ ਨੇ ਮੈਰਿਟ ਸਥਾਨ ਹਾਸਲ ਕਰਕੇ ਆਪਣੇ ਜ਼ਿਲ੍ਹਾ ਫਿਰੋਜ਼ਪੁਰ, ਆਪਣੇ ਸਕੂਲ ਤੇ ਮਾਪਿਆਂ ਦਾ ਨਾਮ ਰੋਸ਼ਨ ਕੀਤਾ ਹੈ।ਜ਼ਿਲ੍ਹੇ ਵਿੱਚ ਪਹਿਲਾ ਸਥਾਨ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕਰੀਆਂ ਪਹਿਲਵਾਨ ਨੇ ਪ੍ਰਾਪਤ ਕੀਤਾ, ਜਿਨ੍ਹਾਂ ਦੇ ਸਭ ਤੋਂ ਜ਼ਿਆਦਾ ਮੈਰਿਟ ਵਿੱਚ ਰਹਿਣ ਵਾਲੇ 14 ਵਿਦਿਆਰਥੀ ਹਨ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਖਾਈ ਫੇਮੇਕੇ ਨੇ ਦੂਸਰੇ ਸਥਾਨ 'ਤੇ ਰਹਿ ਕੇ 13 ਵਿਦਿਆਰਥੀ ਮੈਰਿਟ ਵਿੱਚ ਆਏ ਅਤੇ ਸਰਕਾਰੀ ਹਾਈ ਸਕੂਲ ਛਾਂਗਾ ਰਾਏ ਉਤਾੜ ਨੇ ਤੀਸਰੇ ਸਥਾਨ ਤੇ ਰਹਿ ਕੇ 8 ਵਿਦਿਆਰਥੀ ਮੈਰਿਟ ਵਿੱਚ ਆਏ।ਜ਼ਿਲ੍ਹਾ ਫਿਰੋਜ਼ਪੁਰ ਵਿੱਚੋਂ ਅੰਕਾਂ ਦੇ ਅਧਾਰ 'ਤੇ ਅਨਮੋਲ ਪ੍ਰੀਤ ਕੌਰ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਜ਼ੀਰਾ ਨੇ ਜ਼ਿਲ੍ਹੇ 'ਚੋਂ ਪਹਿਲਾ ਸਥਾਨ, ਜਸਪ੍ਰੀਤ ਕੌਰ ਸਰਕਾਰੀ ਹਾਈ ਸਕੂਲ ਪੀਰ ਇਸਮਾਈਲ ਖਾਂ ਨੇ ਦੂਸਰਾ ਤੇ ਪਾਇਲ ਸਰਕਾਰੀ

**ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਦਾ ਮੈਰਿਟ 'ਚ ਆਉਣਾ ਮਾਣ ਵਾਲੀ ਗੱਲ : ਚਮਕੌਰ ਸਿੰਘ, ਪ੍ਰਗਟ ਸਿੰਘ ਬਰਾੜ**



ਸੀਨੀਅਰ ਸੈਕੰਡਰੀ ਸਕੂਲ ਖਾਈ ਫੇਮੇਕੇ ਨੇ ਤੀਸਰਾ ਸਥਾਨ ਹਾਸਲ ਕੀਤਾ ਹੈ।ਇਸ ਤੋਂ ਇਲਾਵਾ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕੰਨਿਆ ਮਮਦੋਟ ਦੇ 6, ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਜ਼ੀਰਾ ਦੇ 5, ਸਰਕਾਰੀ ਮਾਡਲ ਸੀਨੀਅਰ ਸੈਕੰਡਰੀ ਸਕੂਲ ਗੁੱਦੜ ਢੰਡੀ ਦੇ 4 ਤੇ ਸਰਕਾਰੀ ਹਾਈ ਸਕੂਲ ਪੀਰ ਇਸਮਾਈਲ ਖਾਂ, ਸਰਕਾਰੀ ਹਾਈ ਸਕੂਲ ਮਨਸੂਰ ਦੇਵਾਂ, ਸਰਕਾਰੀ ਹਾਈ ਸਕੂਲ ਬਸਤੀ ਬੇਲਾ ਸਿੰਘ, ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਗੁਰੂ ਹਰਸਹਾਏ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸੋਹਨਗੜ੍ਹ ਤੇ ਸਰਕਾਰੀ ਮਿਡਲ ਸਕੂਲ ਬੂਈਆ ਵਾਲਾ ਦੇ 2-2 ਵਿਦਿਆਰਥ ਅਤੇ ਸਰਕਾਰੀ ਹਾਈ ਸਕੂਲ ਸਤੀਏ ਵਾਲਾ, ਸਰਕਾਰੀ ਹਾਈ ਸਕੂਲ ਚੱਕ ਘੁਬਾਈ, ਸਰਕਾਰੀ ਹਾਈ ਸਕੂਲ ਗੁੱਦੜ ਪੰਜ ਗਰਾਈਂ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸਾਦੇ ਹਾਸ਼ਮ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕੰਨਿਆ ਮੱਖੂ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਤਲਵੰਡੀ ਜੱਲੇ ਖਾਂ, ਸਰਕਾਰੀ ਮਿਡਲ ਸਕੂਲ ਕਾਮਲ ਵਾਲਾ ਖ਼ੁਰਦ, ਸਰਕਾਰੀ ਮਿਡਲ ਸਕੂਲ ਵਾਸਲ ਮੋਹਨ ਕੇ ਤੇ ਸਰਕਾਰੀ ਮਿਡਲ ਸਕੂਲ ਮੋਹਨ ਕੇ ਉਤਾੜ ਦਾ 1-1 ਵਿਦਿਆਰਥੀ ਅਤੇ ਬਸਤੀ ਬੇਲਾ ਸਿੰਘ ਦੇ 2 ਵਿਦਿਆਰਥੀਆਂ ਨੇ ਸਕਾਲਰਸ਼ਿੱਪ ਟੈਸਟ ਪਾਸ ਕੀਤਾ ਹੈ।ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਫਿਰੋਜ਼ਪੁਰ ਚਮਕੌਰ ਸਿੰਘ ਤੇ ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਫਿਰੋਜ਼ਪੁਰ ਪ੍ਰਗਟ ਸਿੰਘ ਬਰਾੜ ਨੇ ਸਕਾਲਰਸ਼ਿੱਪ ਟੈਸਟ ਪਾਸ ਕਰਨ ਵਾਲੇ ਵਿਦਿਆਰਥੀਆਂ ਦੇ ਅਧਿਆਪਕਾਂ ਤੇ ਮਾਪਿਆਂ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਇਨ੍ਹਾਂ ਵਿਦਿਆਰਥੀਆਂ ਨੇ ਬਹੁਤ ਮਿਹਨਤ ਕਰਕੇ ਸਕਾਲਰਸ਼ਿੱਪ ਟੈਸਟ ਪਾਸ ਕੀਤਾ ਹੈ ਤੇ ਬਾਕੀ ਵਿਦਿਆਰਥੀ ਵੀ ਇਨ੍ਹਾਂ ਵਿਦਿਆਰਥੀਆਂ ਤੋਂ ਪ੍ਰੇਰਨਾ ਲੈ ਕੇ ਪੜ੍ਹਾਈ 'ਚ ਅੱਗੇ ਵਧਣ।ਜ਼ਿਲ੍ਹਾ ਸਾਇੰਸ ਮੈਂਟਰ ਉਮੇਸ਼ ਕੁਮਾਰ ਨੇ ਕਿਹਾ ਕਿ ਅਸੀਂ ਵਿਸ਼ਵਾਸ ਦਿਵਾਉਂਦੇ ਹਾਂ ਕਿ ਅੱਗੇ ਤੋਂ ਅਸੀਂ ਵਿਦਿਆਰਥੀਆਂ ਨੂੰ ਹੋਰ ਜ਼ਿਆਦਾ ਮਿਹਨਤ ਕਰਵਾ ਕੇ ਇਸ ਸਕਾਲਰਸ਼ਿੱਪ ਟੈਸਟ ਨੂੰ ਪਾਸ ਕਰਨ ਲਈ ਉਤਸ਼ਾਹਤ ਕਰਾਂਗੇ।

# ਮੈਡੀਕਲ ਨਸ਼ੇ ਰੱਖਣ ਦੇ ਦੋਸ਼ 'ਚ 10 ਸਾਲ ਕੈਦ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਫ਼ਿਰੋਜ਼ਪੁਰ ਦੇ ਵਧੀਕ ਜ਼ਿਲ੍ਹਾ ਤੇ ਸੈਸ਼ਨ ਜੱਜ ਮੈਡਮ ਰਾਜਵਿੰਦਰ ਕੌਰ ਦੀ ਅਦਾਲਤ ਨੇ ਮੈਡੀਕਲ ਨਸ਼ੇ ਰਾਹੀਂ ਨੌਜਵਾਨਾਂ ਦੀ ਜ਼ਿੰਦਗੀ ਬਰਬਾਦ ਕਰਨ ਵਾਲੇ ਇਕ ਨਸ਼ਾ ਤਸਕਰ ਨੂੰ 10 ਸਾਲ ਕੈਦ ਦੀ ਸਜ਼ਾ ਦਾ ਹੁਕਮ ਸੁਣਾਇਆ ਹੈ। ਮਿਲੀ ਜਾਣਕਾਰੀ ਅਨੁਸਾਰ ਥਾਣਾ ਕੈਂਟ ਫ਼ਿਰੋਜ਼ਪੁਰ ਪੁਲਸ ਵੱਲੋਂ ਦਰਜ ਕੀਤੇ ਮਾਮਲੇ ਵਿੱਚ ਏ.ਐੱਸ.ਆਈ. ਜਸਵੀਰ ਸਿੰਘ ਨੇ ਦੱਸਿਆ ਕਿ 10 ਅਕਤੂਬਰ 2018 ਨੂੰ ਗਸ਼ਤ ਦੌਰਾਨ ਉਸ ਨੇ ਫ਼ਿਰੋਜ਼ਪੁਰ ਦੀ ਸੈਸ਼ਨ ਅਦਾਲਤ ਨੇੜੇ ਇਕ ਵਿਅਕਤੀ ਨੂੰ ਕਾਬੂ ਕੀਤਾ, ਜਿਸ ਦੀ ਪਹਿਚਾਣ ਮਨਜੀਤ ਸਿੰਘ ਉਰਫ਼ ਬਿੱਟੂ ਪੁੱਤਰ ਕਿਸ਼ੋਰ ਸਿੰਘ ਵਾਸੀ ਝੁੱਗੇ ਲਾਲ ਸਿੰਘ ਫ਼ਾਜ਼ਿਲਕਾ ਵਜੋਂ ਹੋਈ। ਤਲਾਸ਼ੀ ਦੌਰਾਨ ਮਨਜੀਤ ਸਿੰਘ ਉਰਫ਼ ਬਿੱਟੂ ਦੇ ਕਬਜ਼ੇ ਵਿੱਚੋਂ 1000 ਕੈਪਸੂਲ ਤੇ 650 ਮੈਡੀਕਲ ਨਸ਼ੇ ਵਾਲੀਆਂ ਗੋਲੀਆਂ ਬਰਾਮਦ ਹੋਈਆਂ। ਚੱਲੇ ਮਾਮਲੇ ਵਿੱਚ ਪੇਸ਼ ਗਵਾਹੀਆਂ ਨੂੰ ਵੇਖਦੇ ਹੋਏ ਜੱਜ ਮੈਡਮ ਰਾਜਵਿੰਦਰ ਕੌਰ ਨੇ ਮਨਜੀਤ ਸਿੰਘ ਉਰਫ਼ ਬਿੱਟੂ ਨੂੰ ਦੋਸ਼ੀ ਕਰਾਰ ਦਿੰਦੇ ਹੋਏ 10 ਸਾਲ ਕੈਦ ਤੇ ਇਕ ਲੱਖ ਨਕਦ ਜੁਰਮਾਨਾ ਨਾ ਤਾਰਨ 'ਤੇ ਇੱਕ ਸਾਲ ਹੋਰ ਕੈਦ ਕੱਟਣ ਦਾ ਹੁਕਮ ਦਿੱਤਾ।

# ਟਰਾਂਸਪੋਰਟ ਵਿਭਾਗ ਦੇ ਮੁਲਾਜ਼ਮਾਂ ਤੇ ਸਰਕਾਰ 'ਚ ਲਗਾਤਾਰ ਵਧ ਰਿਹੈ ਰੇੜਕਾ ?

**ਲੁਧਿਆਣਾ (ਐੱਮ ਐੱਸ ਭਾਟੀਆ, ਰੈਕਟਰ ਕਥੂਰੀਆ, ਪ੍ਰਦੀਪ ਸ਼ਰਮਾ)**-ਨਿੱਜੀਕਰਨ ਦੇ ਮੋਹਜਾਲ ਵਿੱਚ ਫਸੀਆਂ ਸਿਆਸੀ ਪਾਰਟੀਆਂ ਜਦੋਂ ਤੱਕ ਸੱਤਾ ਤੋਂ ਬਾਹਰ ਹੁੰਦੀਆਂ ਹਨ, ਉਦੋਂ ਤੱਕ ਉਨ੍ਹਾਂ ਦੇ ਐਲਾਨ ਤੇ ਬਿਆਨ ਬਿਲਕੁਲ ਹੀ ਹੋਰ ਹੁੰਦੇ ਹਨ ਤੇ ਜਦੋਂ ਸੱਤਾ ਉਨ੍ਹਾਂ ਦੇ ਹੱਥ ਆ ਜਾਂਦੀ ਹੈ ਤਾਂ ਫਿਰ ਆਨੇ-ਬਹਾਨੇ ਉਨ੍ਹਾਂ ਦਾ ਨਿੱਜੀਕਰਨ ਨਾਲ ਮੋਹ ਜਾਗਣ ਲੱਗ ਪੈਂਦਾ ਹੈ। ਇਹੀ ਕੁਝ ਪਿਛਲੇ ਕਾਫੀ ਅਰਸੇ ਤੋਂ ਸਰਕਾਰੀ ਟਰਾਂਸਪੋਰਟ ਦੇ ਮਾਮਲੇ ਵਿੱਚ ਵੀ ਹੋ ਰਿਹਾ ਹੈ। ਪਿਛਲੇ ਕੁਝ ਮਹੀਨਿਆਂ ਦੌਰਾਨ ਹੀ ਸਟੇਟ ਟਰਾਂਸਪੋਰਟ ਦੇ ਕਾਮਿਆਂ ਨੂੰ ਕਈ ਵਾਰ ਧਰਨੇ ਦੇਣੇ ਪਏ ਤੇ ਰੋਸ ਵਿਖਾਵੇ ਵੀ ਕਰਨੇ ਪਏ। ਪਹਿਲਾਂ ਤਾਂ ਸਰਕਾਰ ਦੇ ਉੱਚ ਅਧਿਕਾਰੀਆਂ ਨਾਲ ਮੀਟਿੰਗਾਂ ਹੀ ਨਹੀਂ ਹੁੰਦੀਆਂ। ਜੇ ਮੀਟਿੰਗਾਂ ਹੋ ਜਾਂਦੀਆਂ ਹਨ ਤਾਂ ਦੁਵੱਲੀ ਸਹਿਮਤੀ ਨਹੀਂ ਬਣਦੀ। ਜੇਕਰ ਦੋਹਾਂ ਪਾਸੇ ਸਹਿਮਤੀ ਵੀ ਬਣ ਜਾਏ ਤਾਂ ਉਹ ਇਮਾਨਦਾਰੀ ਨਾਲ ਲਾਗੂ ਨਹੀਂ ਹੁੰਦੀ। ਮੰਨੀਆਂ ਮੰਗਾਂ ਨੂੰ ਲਾਗੂ ਕਰਨ ਵੇਲੇ ਫਿਰ ਕੋਈ ਨਾ ਕੋਈ ਗੜਬੜ ਹੋ ਜਾਂਦੀ ਹੈ। ਇਸ ਵਾਰ ਸਟੇਟ ਟਰਾਂਸਪੋਰਟ ਦੇ ਕਾਮਿਆਂ ਨੂੰ ਇਸ ਲਈ ਜ਼ੋਰਦਾਰ ਐਕਸ਼ਨ ਕਰਨਾ ਪਿਆ, ਕਿਉਂਕਿ ਵਰਕਰਾਂ ਵੱਲੋਂ ਜਥੇਬੰਦੀ ਦੇ ਨਾਮ 'ਤੇ ਗ਼ਲਤ ਪ੍ਰੋਸੀਡਿੰਗ ਕੱਢੀ ਜਾਣ ਦਾ ਦੋਸ਼ ਲਾਇਆ ਗਿਆ ਹੈ। ਸਰਕਾਰ ਵੱਲੋਂ ਕੱਢੀਆਂ ਪ੍ਰੋਸੀਡਿੰਗ ਦੀਆਂ ਕਾਪੀਆਂ ਵੀ ਇਨ੍ਹਾਂ ਵਰਕਰਾਂ ਨੇ ਬਾਕਾਇਦਾ ਸ਼ਰੇਆਮ ਸਾੜੀਆਂ। ਵਰਕਰਾਂ ਦਾ ਗੁੱਸਾ ਹਰ ਚਿਹਰੇ ਤੋਂ ਝਲਕ ਰਿਹਾ ਸੀ।

ਇਸੇ ਰੋਸ ਵਜੋਂ ਪੰਜਾਬ ਰੋਡਵੇਜ਼/ਪਨਬਸ/ਪੀ.ਆਰ.ਟੀ.ਸੀ. ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ 25/11 ਦੇ ਸਮੂਹ ਡਿੱਪੂਆਂ 'ਤੇ ਗੇਟ ਰੈਲੀਆਂ ਕੀਤੀਆਂ ਗਈਆਂ। ਲੁਧਿਆਣਾ ਡਿੱਪੂ ਦੇ ਗੇਟ 'ਤੇ ਸੂਬਾ ਜੁਆਇੰਟ ਸਕੱਤਰ ਜਗਤਾਰ ਸਿੰਘ ਨੇ ਬੋਲਦਿਆਂ ਕਿਹਾ ਕਿ ਪੰਜਾਬ ਸਰਕਾਰ ਹਰ ਵਾਰ ਮੰਗਾਂ ਮੰਨ ਕੇ ਭੱਜਦੀ ਨਜ਼ਰ ਆ ਰਹੀ ਹੈ। ਉਨ੍ਹਾਂ ਯਾਦ ਕਰਾਇਆ ਕਿ 19 ਦਸੰਬਰ 2022 ਨੂੰ ਮਾਨਯੋਗ ਵਿਜੇ ਕੁਮਾਰ ਜੰਜੂਆ ਦੀ ਮੀਟਿੰਗ ਵੀ ਹੋਈ ਸੀ। ਇਸ ਮੀਟਿੰਗ ਦਾ ਹਵਾਲਾ ਦਿੰਦੇ ਹੋਏ ਉਨ੍ਹਾਂ ਕਿਹਾ ਕਿ ਉਸ ਮੀਟਿੰਗ ਵਿੱਚ ਸਰਕਾਰ ਨੇ ਮੰਗਾਂ ਨੂੰ ਵਿਚਾਰਨ ਲਈ ਲਗਭਗ 15 ਦਿਨ ਦਾ ਸਮਾਂ ਮੰਗਿਆ ਸੀ। ਇਹ ਸਮਾਂ ਦਿੱਤਾ ਵੀ ਗਿਆ। ਇਸ ਦੇ ਬਾਵਜੂਦ ਲਗਭਗ 6 ਮਹੀਨੇ ਸਰਕਾਰ ਤੇ ਮੈਨੇਜਮੈਂਟ ਦੇ ਮੂੰਹ ਵੱਲ ਵੇਖਦਿਆਂ ਨੂੰ ਹੋ ਚੁੱਕੇ ਹਨ ਤੇ ਹੁਣ ਤੱਕ ਗੱਲ ਕਿਸੇ ਵੀ ਕਿਨਾਰੇ ਨਹੀਂ ਲੱਗੀ। ਇਨ੍ਹਾਂ 6 ਮਹੀਨਿਆਂ 'ਚ ਜਲੰਧਰ ਜ਼ਿਮਨੀ ਚੋਣ 'ਚ ਰੋਸ ਧਰਨੇ ਦਾ ਯੂਨੀਅਨ ਵੱਲੋਂ ਐਲਾਨ ਕੀਤਾ ਗਿਆ ਸੀ। ਜਲੰਧਰ ਦੇ ਪ੍ਰਸ਼ਾਸਨ ਵੱਲੋਂ ਮੁੱਖ ਮੰਤਰੀ ਪੰਜਾਬ ਨਾਲ ਮੀਟਿੰਗ ਦਾ ਸਮਾਂ ਤਹਿ ਕਰਵਾਇਆ ਗਿਆ ਤਾਂ ਮੁੱਖ ਮੰਤਰੀ ਸਾਹਿਬ ਨੇ ਭਰੋਸਾ ਦਿੱਤਾ ਕਿ ਸਾਰੇ ਸਬੰਧਤ ਮਸਲੇ ਜਲਦੀ ਹੱਲ ਕੀਤੇ ਜਾਣਗੇ। ਇਸ ਵਾਅਦੇ ਤੋਂ ਬਾਅਦ ਲਗਭਗ ਉਸ ਗੱਲ ਨੂੰ ਵੀ 2 ਮਹੀਨੇ ਬੀਤ ਚੁੱਕੇ ਹਨ। ਏਨਾ ਸਮਾਂ ਬੀਤ ਜਾਣ ਤੋਂ ਬਾਅਦ ਵੀ ਸਰਕਾਰ ਨੇ ਮੰਗਾਂ ਦੀ ਕੋਈ ਪੂਰਤੀ ਨਹੀਂ ਕੀਤੀ। ਨਿਰਾਸ਼ ਹੋਏ ਟਰਾਂਸਪੋਰਟ ਕਾਮਿਆਂ ਨੇ ਇੱਕ ਵਾਰ ਮੁੜ 27 ਜੂਨ ਸੰਘਰਸ਼ ਦੇ ਦੌਰਾਨ ਸਟੇਟ ਟ੍ਰਾਂਸਪੋਰਟ ਸੈਕਟਰੀ ਨਾਲ ਮੀਟਿੰਗ ਵੀ ਕੀਤੀ, ਜਿਹੜੀ ਬਹੁਤ ਸੁਖਾਵੇਂ ਮਾਹੌਲ ਵਿੱਚ ਹੋਈ। ਬਹੁਤ ਸਾਰੀਆਂ ਗੱਲਾਂ 'ਤੇ ਸਹਿਮਤੀ ਵੀ ਬਣ ਗਈ ਸੀ। ਗੁਰਬਾਜ ਸਿੰਘ, ਅੰਮ੍ਰਿਤਪਾਲ ਸਿੰਘ ਤੇ ਗੁਰਪ੍ਰੀਤ ਸਿੰਘ ਵੜੈਚ ਨੇ ਕਿਹਾ ਕਿ ਤਨਖਾਹ ਬਰਾਬਰਤਾ ਤੇ 5% ਵਾਧੇ ਦੀ ਗੱਲ 'ਤੇ ਸਹਿਮਤੀ ਵੀ ਬਣੀ ਸੀ। ਪੀ.ਆਰ.ਟੀ.ਸੀ. ਮੈਨੇਜਮੈਂਟ ਬਰਾਬਰ ਤਨਖਾਹ ਦੀਆਂ ਮੰਗਾਂ ਨੂੰ ਬੋਰਡ ਆਫ ਡਾਇਰੈਕਟਰਜ਼ ਦੀ ਮੀਟਿੰਗ 'ਚ ਵਿਚਾਰਨ ਲਈ ਕਿਹਾ ਗਿਆ, ਪਰ ਜਿੱਥੇ ਤੱਕ ਪਤਾ ਲੱਗਿਆ ਹੈ ਕਿ ਇਨ੍ਹਾਂ ਮੰਗਾਂ ਨੂੰ ਬੋਰਡ ਆਫ ਡਾਇਰੈਕਟਰਜ਼ ਦੀ ਮੀਟਿੰਗ ਵਿੱਚ ਵਿਚਾਰਨਾ ਤਾਂ ਇੱਕ ਪਾਸੇ ਇਨ੍ਹਾਂ ਮੰਗਾਂ ਨੂੰ ਏਜੰਡੇ 'ਚ ਸ਼ਾਮਲ ਹੀ ਨਹੀਂ ਕੀਤਾ ਗਿਆ।

ਕਿਲੋਮੀਟਰ ਸਕੀਮ ਤਹਿਤ ਬੱਸਾਂ ਜਿਹੜੀਆਂ ਵਿਭਾਗ ਦੇ ਨਿੱਜੀਕਰਨ ਵੱਲ ਨੂੰ ਮੈਨੇਜਮੈਂਟ ਜਾ ਰਹੀ ਹੈ, ਇਸ ਤੋਂ ਸਾਫ ਸਿੱਧ ਹੁੰਦਾ ਹੈ ਕਿ ਮਾਨ ਸਰਕਾਰ ਵੀ ਉਨ੍ਹਾਂ ਹੀ ਰਾਹਾਂ 'ਤੇ ਤੁਰ ਪਈ ਲੱਗਦੀ ਹੈ, ਜਿਨ੍ਹਾਂ ਰਾਹਾਂ 'ਤੇ ਪਹਿਲੀਆਂ ਸਰਕਾਰਾਂ ਤੁਰਦੀਆਂ ਸਨ। ਇਹ ਸਰਕਾਰ ਵੀ ਨਿੱਜੀਕਰਨ ਦੇ ਮੋਹਜਾਲ ਵਿੱਚੋਂ ਬਾਹਰ ਨਹੀਂ ਨਿੱਕਲ ਸਕੀ। ਹੁਣ ਜਦੋਂ ਕਿ ਮੁੱਖ ਮੰਤਰੀ ਸਾਹਿਬ ਖੁਦ ਇਹ ਬਿਆਨ ਦੇ ਰਹੇ ਹਨ ਕਿ ਭਾਜਪਾ ਨੇ ਦੇਸ਼ ਦੀ ਸੰਪਤੀ ਵੇਚ ਦਿੱਤੀ ਤੇ ਅਸੀਂ ਘਾਟੇ ਵਾਲਾ ਥਰਮਲ ਲੈ ਕੇ ਚਲਾ ਕੇ ਦਿਖਾਵਾਂਗੇ ਤੇ ਦੂਜੇ ਪਾਸੇ ਕਿਲੋਮੀਟਰ ਸਕੀਮ ਪਾ ਕੇ ਨਿੱਜੀਕਰਨ ਕਰਨ ਲੱਗੇ ਹੋਏ ਹਨ। ਜੇਕਰ ਇਸ ਟੈਂਡਰ ਨੂੰ ਰੱਦ ਨਾ ਕੀਤਾ ਗਿਆ ਤੇ ਜੋ ਕੁਝ ਵੀ ਜਥੇਬੰਦੀ ਦੇ ਨਾਮ 'ਤੇ ਗਲਤ ਪ੍ਰੋਸੀਡਿੰਗ ਜਾਰੀ ਕਰਕੇ ਜਥੇਬੰਦੀ ਦੇ ਅਕਸ ਨੂੰ ਖਰਾਬ ਕਰਨ ਦੀ ਕੋਸ਼ਿਸ਼ ਕੀਤੀ ਹੈ, ਉਹ ਯੂਨੀਅਨ ਨੂੰ ਬਿੱਲਕੁੱਲ ਵੀ ਬਰਦਾਸ਼ਤ ਨਹੀਂ ਹੈ। ਕਿਤੇ ਵੀ ਜਥੇਬੰਦੀ ਦੇ ਕਿਸੇ ਵੀ ਆਗੂ ਦੇ ਕਿਲੋਮੀਟਰ ਸਕੀਮ ਦੀ ਸਹਿਮਤੀ 'ਤੇ ਦਸਖਤ ਨਹੀਂ ਹਨ, ਪਰ ਜਾਣ-ਬੁੱਝ ਕੇ ਜਥੇਬੰਦੀ ਦਾ ਅਕਸ ਖਰਾਬ ਕੀਤਾ ਜਾ ਰਿਹਾ ਹੈ। ਦੂਜੇ ਪਾਸੇ ਟਰਾਂਸਪੋਰਟ ਮਾਫੀਆ ਦਿਨੋਂ ਦਿਨ ਪੈਰ ਪਸਾਰ ਰਿਹਾ ਹੈ ਤੇ ਵਿਭਾਗ ਨੂੰ ਖੋਰਾ ਲਾ ਰਿਹਾ ਹੈ ਤੇ ਇਲੈਕਟ੍ਰਿਕ ਬੱਸਾਂ ਦੇ ਨਾਂ 'ਤੇ ਨਿਊਗੋ ਬੱਸਾਂ ਦਿੱਲੀ ਤੋਂ ਭਰ ਭਰ ਪੰਜਾਬ ਆ ਰਹੀਆਂ ਹਨ, ਜਿਨ੍ਹਾਂ ਨੂੰ ਸਰਕਾਰ ਰੋਕਣ ਤੱਕ ਦੀ ਕੋਸ਼ਿਸ਼ ਵੀ ਨਹੀਂ ਕਰ ਰਹੀ। ਇਸ ਤੋਂ ਪਤਾ ਲਗਦਾ ਹੈ ਕਿ ਸਰਕਾਰ ਪੰਜਾਬ ਰੋਡਵੇਜ਼ ਤੇ ਪੀ ਆਰ ਟੀ ਸੀ ਨੂੰ ਘਾਟੇ ਵਿੱਚ ਦਿਖਾ ਕੇ ਵੇਚਣਾ ਚਾਹੁੰਦੇ ਹਨ, ਜਿਸ ਦਾ ਵਰਕਰਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਜੇਕਰ ਮੰਨੀਆਂ ਮੰਗਾਂ ਲਾਗੂ ਨਾ ਕੀਤੀਆਂ ਤਾਂ 11 ਜੁਲਾਈ ਨੂੰ 2 ਘੰਟੇ ਬੱਸ ਸਟੈਂਡ ਬੰਦ ਕੀਤੇ ਜਾਣਗੇ ਤੇ ਅਗਲੇ ਸੰਘਰਸ਼ਾਂ ਦੇ ਐਲਾਨ ਵੀ ਕੀਤੇ ਜਾਣਗੇ। ਇਸ ਸਭ ਦੀ ਜ਼ਿੰਮੇਵਾਰੀ ਸਰਕਾਰ ਤੇ ਮੈਨੇਜਮੈਂਟ ਦੀ ਹੀ ਹੋਵੇਗੀ। ਇਸ ਮੌਕੇ ਦਲਜੀਤ ਸਿੰਘ, ਹਰਜਿੰਦਰ ਸਿੰਘ, ਰਵਿੰਦਰ ਸਿੰਘ, ਗੁਰਜੰਟ ਸਿੰਘ, ਗੁਰਤੇਜ ਸਿੰਘ, ਗੁਰਪ੍ਰੀਤ ਸਿੰਘ ਵੜੈਚ, ਹਰਸਰਨ ਸਿੰਘ ਤੇ ਪਨਬੱਸ ਦੇ ਹੋਰ ਸਾਥੀ ਮੌਜੂਦ ਸਨ। ਸੂਬਾ ਸੈਕਟਰੀ ਸਮਸ਼ੇਰ ਸਿੰਘ ਢਿੱਲੋਂ ਨੇ ਬੋਲਦਿਆਂ ਕਿਹਾ ਕਿ ਪੰਜਾਬ ਸਰਕਾਰ ਨੇ ਸੰਗਰੂਰ ਵਿਖੇ ਕੱਚੇ ਅਧਿਆਪਕ, ਜੋ ਆਪਣੀਆਂ ਹੱਕੀ ਤੇ ਜਾਇਜ਼ ਮੰਗਾਂ ਨੂੰ ਲੈ ਕੇ ਧਰਨਾ ਪ੍ਰਦਰਸ਼ਨ ਕਰ ਰਹੇ ਸਨ, ਪਲਸ ਵੱਲੋਂ ਲਾਠੀਚਾਰਜ ਕਰਨਾ ਬਹੁਤ ਹੀ ਨਿੰਦਣਯੋਗ ਹੈ। ਸਰਕਾਰ ਟੀਚਰਾਂ ਦੀਆਂ ਹੱਕੀ ਤੇ ਜਾਇਜ਼ ਮੰਗਾਂ ਦਾ ਹੱਲ ਕਰੇ ਤੇ ਅਰੈਸਟ ਕੀਤੇ ਮੁਲਾਜ਼ਮਾਂ ਨੂੰ ਤੁਰੰਤ ਛੱਡੇ। ਪੰਜਾਬ ਰੋਡਵੇਜ਼/ਪਨਬਸ/ਪੀ.ਆਰ.ਟੀ.ਸੀ. ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ 25/11 ਕੱਚੇ ਮੁਲਾਜ਼ਮਾਂ ਦੀ ਪੂਰਨ ਹਮਾਇਤ ਕਰਦੀ ਹੈ। ਇਸ ਮੌਕੇ ਹਰਕੇਸ਼ ਕੁਮਾਰ ਵਿੱਕੀ ਨੇ ਕਿਹਾ ਕਿ ਪੀ.ਆਰ.ਟੀ.ਸੀ. ਮੈਨੇਜਮੈਂਟ ਕਿਲੋਮੀਟਰ ਸਕੀਮ ਤਹਿਤ ਸਮਝੌਤੇ ਦੇ ਨਾਮ 'ਤੇ ਲੈਟਰ ਕੱਢ ਕੇ ਜਾਣਬੁੱਝ ਕੇ ਜਥੇਬੰਦੀ ਨੂੰ ਬਦਨਾਮ ਕਰਨ ਵਾਲੇ ਪਾਸੇ ਨੂੰ ਜਾ ਰਹੀ ਹੈ। ਇਸ ਸਮੇਂ ਹਾਜ਼ਰ ਸੂਬਾ ਜੁਆਇੰਟ ਸਕੱਤਰ ਜਗਤਾਰ ਸਿੰਘ, ਸੂਬਾ ਆਗੂ ਰੋਹੀ ਰਾਮ, ਮੀਤ ਪ੍ਰਧਾਨ ਕੁਲਵੰਤ ਸਿੰਘ ਮਨੇਸ, ਜਤਿੰਦਰ ਸਿੰਘ ਦੀਦਾਰਗੜ੍ਹ, ਗੁਰਪ੍ਰੀਤ ਸਿੰਘ ਪੰਨੂ, ਰਣਜੀਤ ਸਿੰਘ, ਰਣਧੀਰ ਸਿੰਘ, ਗੁਰਸੇਵਕ ਸਿੰਘ, ਹਰਜਿੰਦਰ ਸਿੰਘ ਆਦਿ ਤੋਂ ਇਲਾਵਾ ਡਿੱਪੂ ਕਮੇਟੀਆਂ ਦੇ ਪ੍ਰਧਾਨ ਤੇ ਸੈਕਟਰੀ ਵੀ ਹਾਜ਼ਰ ਹੋਏ।

**ਸਰਕਾਰ ਮੁਲਾਜ਼ਮਾਂ ਦੀਆਂ ਮੰਨੀਆਂ ਮੰਗਾਂ ਨੂੰ ਕਰੇ ਲਾਗੂ : ਜਗਤਾਰ ਸਿੰਘ**

**ਔਰਤਾਂ ਦੇ ਮੁਫ਼ਤ ਸਫਰ ਨਾਲ ਪੈਂਦਾ ਘਾਟਾ ਬਣ ਸਕਦੈ ਵੱਡਾ ਬਹਾਨਾ**



# ਨਗਰ ਕੌਂਸਲ ਜੈਤੋ ਵੱਲੋਂ ਦਿੱਤਾ ਜਾ ਸਕਦਾ ਇੱਕ ਹੋਰ ਨਵੇਂ ਘੁਟਾਲੇ ਨੂੰ ਅੰਜਾਮ ?

**ਜੈਤੋ (ਸਤੀਸ਼ ਕੁਮਾਰ ਭੀਰੀ)**

ਨਗਰ ਕੌਂਸਲ ਜੈਤੋ ਦਾ ਕੋਈ ਵਾਲੀਵਾਰਸ ਨਹੀਂ ਹੈ, ਜੁੰਮੇਵਾਰਾਂ ਵੱਲੋਂ ਕਾਨੂੰਨ ਦੀਆਂ ਧੱਜੀਆਂ ਉਡਾਉਣ ਅਤੇ ਮਨਮਰਜ਼ੀਆਂ ਕਰਨ ਦਾ ਦੌਰ ਜਾਰੀ ਹੈ ਪ੍ਰੰਤੂ ਇਨ੍ਹਾਂ ਨੂੰ ਕੋਈ ਰੋਕਣ ਟੋਕਣ ਵਾਲਾ ਨਜ਼ਰ ਨਹੀਂ ਆਉਂਦਾ।

ਇੱਥੇ ਦੱਸਿਆ ਜਾਵੇ ਤਾਂ ਇਹ ਹੈ ਕਿ ਪਹਿਲਾਂ ਕੈਸ਼ ਦਾ ਕੰਮ ਰੋਜ ਕੀਤਾ ਜਾਂਦਾ ਸੀ ਤੇ ਹੁਣ ਲਗਾਤਾਰ ਪੈਂਡਿਗ ਛੱਡਿਆ ਜਾ ਰਿਹਾ ਹੈ। ਇੱਥੇ ਦੱਸਣਯੋਗ ਹੈ ਕਿ ਕਿਸੇ ਵੀ ਵਿਭਾਗ ਵੱਲੋਂ ਆਪਣੇ ਬਹੁਤ ਹੀ ਅਹਿਮ ਕੰਮਾਂ ਲਈ ਯੋਗ ਅਤੇ ਸਥਾਈ ਕਰਮਚਾਰੀ ਦੀ ਆਈ ਡੀ ਬਣਾਈ ਜਾਂਦੀ ਹੈ ਤਾਂ ਕਿ ਵਿਭਾਗ ਦਾ ਕੰਮ ਸੁਚਾਰੂ ਢੰਗ ਨਾਲ ਚਲਾਇਆ ਜਾ ਸਕੇ। ਪ੍ਰੰਤੂ ਨਗਰ ਕੌਂਸਲ ਜੈਤੋ ਵੱਲੋਂ ਸਾਰੇ ਨਿਯਮ ਕਾਨੂੰਨਾਂ ਨੂੰ ਛਿੱਕੇ ਟੰਗ ਕੇ ਪ੍ਰਾਈਵੇਟ ਵਿਅਕਤੀ ਦੇ ਨਾਂਅ ਨਾਲ ਆਈ ਡੀ ਚਾਲੂ ਕਰ ਦਿੱਤੀ। ਨਗਰ ਕੌਂਸਲ ਦੇ ਸੂਤਰਾਂ ਅਨੁਸਾਰ ਪ੍ਰਾਈਵੇਟ ਤੌਰ 'ਤੇ ਰੱਖੇ ਵਿਅਕਤੀ ਦੀ ਆਈ ਡੀ ਚਾਲੂ ਕਰਨ ਦਾ ਕਾਰਨ ਨਗਰ ਕੌਂਸਲ ਦੇ ਰਿਕਾਰਡ ਵਿੱਚ ਹੇਰਾਫੇਰੀ ਕਰਨਾ ਵੀ ਹੋ ਸਕਦਾ ਹੈ ਕਿਉਂਕਿ ਪਹਿਲਾਂ ਇੱਕ ਹੋਰ ਪ੍ਰਾਈਵੇਟ ਤੌਰ 'ਤੇ ਰੱਖੇ ਗਏ ਇੱਕ ਵਿਅਕਤੀ ਦੇ ਨਾਂਅ 'ਤੇ ਆਈ ਡੀ ਬਣਾ ਕੇ ਉਸ ਉੱਤੇ ਰਿਕਾਰਡ ਵਿੱਚ ਹੇਰਾਫੇਰੀ ਕਰਨ ਲਈ ਦਬਾਅ ਪਾਇਆ ਗਿਆ ਜਿਸ ਕਰਕੇ ਉਹ ਵਿਅਕਤੀ ਦਬਾਅ ਹੇਠ ਆਉਣ ਦੀ ਥਾਂ ਆਪਣੀ ਨੌਕਰੀ ਛੱਡ ਕੇ ਹੀ ਚਲਾ ਗਿਆ। ਨਗਰ ਕੌਂਸਲ ਦੇ ਅਨੇਕਾਂ ਕਰਮਚਾਰੀ ਰਿਕਾਰਡ ਖੁਰਦ ਬੁਰਦ ਕਰਨ ਦੇ ਇਲਜ਼ਾਮਾਂ ਤਹਿਤ ਵਿਜੀਲੈਂਸ ਵੱਲੋਂ ਜੇਲ੍ਹ ਭੇਜਣ ਦੇ ਬਾਵਜੂਦ ਅਧਿਕਾਰੀ ਵਿਭਾਗ ਨੂੰ ਰਗੜੇ ਲਾਉਣ ਅਤੇ ਨਗਰ ਕੌਂਸਲ ਦਾ ਰਿਕਾਰਡ ਖੁਰਦ ਬੁਰਦ ਕਰਨ ਵਾਲੇ ਦੋਸ਼ੀਆਂ ਨੂੰ ਬਹਾਲ ਕਰਵਾਉਣ ਦੀਆਂ ਕੋਸ਼ਿਸ਼ਾਂ ਕਰਨ ਤੋਂ ਗੁਰੇਜ਼ ਵੀ ਨਹੀਂ ਕਰ ਰਹੇ ਜਿਵੇਂ ਕਿ ਨਗਰ ਕੌਂਸਲ ਵੱਲੋਂ ਤਕਰੀਬਨ ਜ਼ਿਆਦਾਤਰ ਸਟਾਫ ਠੇਕੇਦਾਰ ਵੱਲੋਂ ਆਊਟਸੋਰਸ ਅਧਾਰ 'ਤੇ ਰੱਖਿਆ ਹੋਇਆ ਹੈ ਤੇ ਨਗਰ ਕੌਂਸਲ ਦਾ ਬਹੁਤ ਹੀ ਜ਼ਰੂਰੀ ਅਤੇ ਅਹਿਮ ਰਿਕਾਰਡ ਜਿਵੇਂ ਕਿ ਬੈਂਕ ਦੀ ਪਾਸ ਬੁੱਕ, ਚੈੱਕ ਬੁੱਕ, ਮੁਲਾਜ਼ਮਾਂ ਦੀ ਨਿੱਜੀ ਫਾਈਲ ਆਦਿ ਅਨੇਕਾਂ ਹੋਰ ਰਿਕਾਰਡ ਉਨ੍ਹਾਂ ਪ੍ਰਾਈਵੇਟ ਕਰਮਚਾਰੀਆਂ ਦੇ ਹੱਥਾਂ ਵਿੱਚ ਦੇ ਕੇ ਤੇ ਉਨ੍ਹਾਂ ਉੱਤੇ ਨੌਕਰੀ ਤੋਂ ਹਟਾਉਣ ਦਾ ਦਬਾਅ ਪਾ ਕੇ ਅਧਿਕਾਰੀਆਂ ਅਤੇ ਜੁੰਮੇਵਾਰ ਵਿਅਕਤੀਆਂ ਵੱਲੋਂ ਰਿਕਾਰਡ ਨਾਲ ਛੇੜਛਾੜ ਕਰਨ ਦੀ ਸੰਭਾਵਨਾ ਤੋਂ ਇਨਕਾਰ ਨਹੀਂ ਕੀਤਾ ਜਾ ਸਕਦਾ।

# ਸਿੱਖਿਆ ਵਿਭਾਗ ਦੇ ਕੱਚੇ ਦਫਤਰੀ ਮੁਲਾਜ਼ਮ ਦੂਜੇ ਦਿਨ ਵੀ ਹੜਤਾਲ 'ਤੇ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਆਮ ਆਦਮੀ ਪਾਰਟੀ ਦੀ ਸਰਕਾਰ ਦੀ ਵਾਅਦਾ ਖਿਲਾਫੀ ਕਰਕੇ ਸਿੱਖਿਆ ਵਿਭਾਗ ਦੇ ਕੱਚੇ ਦਫਤਰੀ ਮੁਲਾਜ਼ਮ ਤੇ ਆਈ ਈ ਆਰ ਟੀ ਅਧਿਆਪਕਾਂ ਨੇ ਕਲਮ ਛੋੜ ਹੜਤਾਲ ਸ਼ੁਰੂ ਕਰ ਦਿੱਤੀ ਹੈ।ਪਿਛਲੇ 10 ਮਹੀਨੇ ਤੋਂ ਕੱਚੇ ਮੁਲਾਜ਼ਮਾਂ ਨੂੰ ਰੈਗੂਲਰ ਕਰਨ ਦਾ ਸਰਕਾਰ ਪ੍ਰਚਾਰ ਕਰ ਰਹੀ ਹੈ, ਪਰ ਜੋ ਸੱਚਾਈ ਸਾਹਮਣੇ ਆਈ ਹੈ, ਉਹ ਸ਼ਰੇਆਮ ਕੱਚੇ ਮੁਲਾਜ਼ਮਾਂ ਨਾਲ ਸਰਕਾਰ ਵੱਲੋਂ ਕੀਤਾ ਜਾ ਰਿਹਾ ਧੋਖਾ ਹੈ।ਪੰਜਾਬ ਸਰਕਾਰ ਬਿਨਾਂ ਪੇ ਸਕੇਲ, ਸੀ ਐੱਸ ਆਰ ਤੇ ਪੈਨਸ਼ਨਰੀ ਲਾਭ ਦਿੱਤੇ ਰੈਗੂਲਰ ਦੇ ਨਾਮ 'ਤੇ ਪ੍ਰਚਾਰ ਰੈਗੂਲਰ ਕਰਨ ਦਾ ਕਰ ਰਹੀ ਹੈ, ਜੋ ਕਿ ਕੋਰਾ ਝੂਠ ਹੈ।ਜਾਣਕਾਰੀ ਦਿੰਦੇ ਹੋਏ ਸਰਵ ਸਿੱਖਿਆ ਅਭਿਆਨ ਦਫਤਰੀ ਕਰਮਚਾਰੀ ਯੂਨੀਅਨ ਦੇ ਆਗੂ ਜਨਕ ਸਿੰਘ, ਸੁਨੀਲ ਕੁਮਾਰ, ਵਰਿੰਦਰ ਕੁਮਾਰ, ਪਵਨ ਕੁਮਾਰ, ਸੁਖਦੇਵ ਸਿੰਘ, ਦਵਿੰਦਰ ਸਿੰਘ ਤੇ ਰਾਜ ਪੁਰੀ ਨੇ ਕਿਹਾ ਕਿ ਅਕਾਲੀ ਦਲ ਤੇ ਕਾਂਗਰਸ ਦੀ ਸਰਕਾਰ ਨੇ ਕੱਚੇ ਮੁਲਾਜ਼ਮਾਂ ਦੀ ਜਵਾਨੀ ਰੋਲ ਕੇ ਰੱਖ ਦਿੱਤੀ ਤੇ ਹੁਣ ਆਮ ਆਦਮੀ ਪਾਰਟੀ ਦੀ ਸਰਕਾਰ ਕੱਚੇ ਮੁਲਾਜ਼ਮਾਂ ਦੇ ਭਵਿੱਖ ਨੂੰ ਰੋਲਣ ਦੀ ਤਿਆਰੀ ਕਰੀ ਬੈਠੀ ਹੈ।ਆਗੂਆਂ ਨੇ ਦੱਸਿਆ ਕਿ ਦਫਤਰੀ ਮੁਲਾਜ਼ਮਾਂ ਦੀ ਤਕਰੀਬਨ 5000 ਰੁਪਏ ਮਹੀਨਾ ਤਨਖਾਹ ਕਟੌਤੀ ਕੀਤੀ ਜਾ ਰਹੀ ਹੈ, ਜੋ ਕਿ ਵਾਰ ਵਾਰ ਮੰਤਰੀਆ ਵੱਲੋਂ ਵਾਅਦੇ ਕਰਨ ਦੇ ਬਾਵਜੂਦ ਪੂਰੀ ਨਹੀਂ ਹੋਈ।ਇਸ ਦੇ ਨਾਲ ਹੀ ਮਿੱਡ ਡੇ ਮੀਲ ਦਫਤਰੀ ਕਰਮਚਾਰੀਆਂ ਦੀ ਸਾਲ 2019 ਤੋਂ ਤਨਖਾਹ 'ਚ ਕੀਤਾ ਜਾਣ ਵਾਲਾ ਵਾਧਾ ਰੋਕਿਆ ਹੋਇਆ ਹੈ।ਆਗੂਆਂ ਨੇ ਕਿਹਾ ਕਿ ਸਰਕਾਰ ਵੱਲੋਂ ਪ੍ਰਚਾਰ ਐਨਾ ਕੀਤਾ ਜਾ ਰਿਹਾ ਕਿ ਜਿਵੇਂ ਕੱਚੇ ਮੁਲਾਜ਼ਮਾਂ ਨੂੰ ਪਤਾ ਨਹੀਂ ਕਿੰਨਾ ਵੱਡਾ ਤੋਹਫਾ ਦੇ ਦਿੱਤਾ ਹੋਵੇ।ਆਗੂ ਨੇ ਕਿਹਾ ਕਿ ਬੀਤੇ ਦਿਨ ਮੁੱਖ ਮੰਤਰੀ ਭਗਵੰਤ ਮਾਨ ਨੇ ਵੀਡੀਓ ਸੰਦੇਸ਼ ਰਾਹੀ ਦੱਸਿਆ ਕਿ ਕੁਝ ਕਰਮਚਾਰੀਆਂ ਦੀਆਂ ਤਨਖਾਹਾਂ ਵਿੱਚ ਵਾਧਾ ਕੀਤਾ ਜਾ ਰਿਹਾ ਹੈ, ਪਰ ਮੁੱਖ ਮੰਤਰੀ ਭਗਵੰਤ ਮਾਨ ਨੇ ਆਪਣੇ ਸੰਦੇਸ਼ ਵਿੱਚ ਦਫਤਰੀ ਕਰਮਚਾਰੀਆਂ ਦਾ ਕੋਈ ਜ਼ਿਕਰ ਨਹੀਂ ਕੀਤਾ।ਆਗੂਆਂ ਨੇ ਕਿਹਾ ਕਿ ਸਰਕਾਰ ਨੇ ਕੱਚੇ ਮੁਲਾਜ਼ਮਾਂ ਨਾਲ ਪੱਕਾ ਕਰਨ ਦਾ ਵਾਅਦਾ ਕੀਤਾ ਸੀ, ਜਿਸ ਤੋਂ ਸਰਕਾਰ ਹੁਣ ਭੱਜ ਰਹੀ ਹੈ।ਆਗੂਆਂ ਨੇ ਕਿਹਾ ਕਿ 1 ਅਪ੍ਰੈਲ 2018 ਨੂੰ ਸਰਵ ਸਿੱਖਿਆ ਅਭਿਆਨ ਤਹਿਤ ਕੰਮ ਕਰਦੇ ਅਧਿਆਪਕਾਂ ਨੂੰ ਸਾਰੇ ਲਾਭ ਦੇ ਕੇ ਰੈਗੂਲਰ ਕਰ ਦਿੱਤਾ ਗਿਆ ਸੀ, ਪਰ ਉਸ ਸਮੇਂ ਵੀ ਦਫਤਰੀ ਕਰਮਚਾਰੀਆਂ ਨਾਲ ਵਿਤਕਰਾ ਕੀਤਾ ਗਿਆ ਅਤੇ ਹੁਣ ਇਸ ਸਰਕਾਰ ਵੱਲੋਂ ਵੀ ਰੈਗੂਲਰ ਦੇ ਨਾਮ 'ਤੇ ਸਿਰਫ ਅਖਬਾਰੀ ਪ੍ਰਚਾਰ ਕਰਕੇ ਬੁੱਤਾ ਸਾਰਿਆ ਜਾ ਰਿਹਾ ਹੈ, ਜਿਸ ਕਰਕੇ ਮੁਲਾਜ਼ਮ ਹੜਤਾਲ ਕਰਨ ਨੂੰ ਮਜਬੂਰ ਹੋਏ ਹਨ।ਇਸ ਮੌਕੇ ਜੀਟੀਯੂ ਯੂਨੀਅਨ ਅਧਿਆਪਕ ਦਲ, ਜੀ ਐੱਸ ਟੀ ਯੂਨੀਅਨ ਤੇ ਈ ਟੀ ਟੀ ਯੂਨੀਅਨ ਵੱਲੋਂ ਵੀ ਭਰਪੂਰ ਸਮਰਥਨ ਦਿੱਤਾ ਗਿਆ।



**ਸਰਵ ਸਿੱਖਿਆ ਅਭਿਆਨ ਦਫਤਰੀ ਕਰਮਚਾਰੀ ਯੂਨੀਅਨ ਦੇ ਅਧਿਆਪਕ ਹੜਤਾਲ ਦੌਰਾਨ ਰੋਸ ਪ੍ਰਦਰਸ਼ਨ ਕਰਦੇ ਹੋਏ।**

# ਤੇਜਾ ਰੁਹੇਲਾ ਦੇ ਮੇਲੇ 'ਚ ਨੌਜਵਾਨ ਦੀ ਬੇਰਹਿਮੀ ਨਾਲ ਕੁੱਟਮਾਰ

**ਫਾਜ਼ਿਲਕਾ (ਕ੍ਰਿਸ਼ਨ ਸਿੰਘ)**-ਪਿੰਡ ਤੇਜਾ ਰੁਹੇਲਾ 'ਚ ਮੇਲੇ ਦੌਰਾਨ ਕੁਝ ਨੌਜਵਾਨਾਂ ਨੇ ਬੇਰਹਿਮੀ ਨਾਲ ਇੱਕ ਨੌਜਵਾਨ ਦੀ ਮਾਰਕੁੱਟ ਕੀਤੀ। ਇਸ ਘਟਨਾ ਵਿੱਚ ਨੌਜਵਾਨ ਗੰਭੀਰ ਜ਼ਖ਼ਮੀ ਹੋ ਗਿਆ, ਜਿਸ ਨੂੰ ਰਿਸ਼ਤੇਦਾਰਾਂ ਵੱਲੋਂ ਇਲਾਜ ਲਈ ਸਿਵਲ ਹਸਪਤਾਲ ਫਾਜ਼ਿਲਕਾ ਵਿਖੇ ਦਾਖਲ ਕਰਵਾਇਆ ਗਿਆ। ਇਸ ਘਟਨਾ ਦੀ ਇੱਕ ਸੀਸੀਟੀਵੀ ਵੀਡੀਓ ਵੀ ਸਾਹਮਣੇ ਆਈ ਹੈ, ਜਿਸ ਵਿੱਚ ਕੁਝ ਨੌਜਵਾਨ ਗੁੰਡਾਗਰਦੀ ਕਰਦੇ ਨਜ਼ਰ ਆ ਰਹੇ ਹਨ। ਜਾਣਕਾਰੀ ਦਿੰਦੇ ਹੋਏ ਸਿਵਲ ਹਸਪਤਾਲ 'ਚ ਇਲਾਜ ਅਧੀਨ ਪੀੜਤ ਸੁਰਜੀਤ ਸਿੰਘ ਵਾਸੀ ਪਿੰਡ ਤੇਜਾ ਰੁਹੇਲਾ ਨੇ ਦੱਸਿਆ ਕਿ ਬੁੱਧਵਾਰ ਸ਼ਾਮ ਕਰੀਬ 6.30 ਵਜੇ ਉਹ ਆਪਣੇ ਟਰੈਕਟਰ ਨਾਲ ਕਿਸੇ ਦੇ ਖੇਤ 'ਚ ਵਾਹੁਣ ਜਾ ਰਿਹਾ ਸੀ। ਇਸ ਦੌਰਾਨ ਉਨ੍ਹਾਂ ਦੇ ਪਿੰਡ 'ਚ ਮੇਲਾ ਲੱਗਿਆ ਹੋਇਆ ਸੀ। ਜਦੋਂ ਉਹ ਮੇਲੇ ਦੇ ਨੇੜੇ ਪਹੁੰਚਿਆ ਤਾਂ ਉਸੇ ਸਮੇਂ ਪਿੰਡ ਦੇ ਦੋ ਨੌਜਵਾਨ ਆਪਣੇ ਕੁਝ ਦੋਸਤਾਂ ਨਾਲ ਕਿਸੇ ਨਾਲ ਲੜ ਰਹੇ ਸਨ। ਇਸ ਦੌਰਾਨ ਉਨ੍ਹਾਂ ਦੇ ਹੱਥਾਂ 'ਚ ਤੇਜ਼ਧਾਰ ਹਥਿਆਰ ਤੇ ਕਾਪੇ ਵੀ ਸਨ, ਜੋ ਮੇਲੇ 'ਚ ਸਰੇਆਮ ਗੁੰਡਾਗਰਦੀ ਕਰ ਰਹੇ ਸਨ। ਜਦੋਂ ਉਹ ਆਪਣੇ ਟਰੈਕਟਰ ਨਾਲ ਉਥੋਂ ਲੰਘ ਰਿਹਾ ਸੀ ਤਾਂ ਪਰਮਜੀਤ ਸਿੰਘ, ਸ਼ਮਿੰਦਰ ਸਿੰਘ ਤੇ ਉਨ੍ਹਾਂ ਦੇ ਸਾਥੀਆਂ ਨੇ ਉਸ ਨੂੰ ਰੋਕ ਲਿਆ। ਇਸ ਦੌਰਾਨ ਉਨ੍ਹਾਂ ਨੇ ਇਹ ਕਹਿ ਕੇ ਉਸ ਤੋਂ ਟਰੈਕਟਰ ਖੋਹਣ ਦੀ ਕੋਸ਼ਿਸ਼ ਕੀਤੀ ਕਿ ਉਨ੍ਹਾਂ ਉਸ ਦਾ ਟਰੈਕਟਰ ਕਿਸੇ ਦੇ ਉੱਪਰ ਚੜ੍ਹਾਉਣਾ ਹੈ। ਜਦੋਂ ਉਸ ਨੇ ਟਰੈਕਟਰ ਨਾ ਦਿੱਤਾ ਤਾਂ ਉਕਤ ਗੁੰਡਿਆਂ ਨੇ ਉਸ 'ਤੇ ਕਾਪੇ ਨਾਲ ਹਮਲਾ ਕਰ ਦਿੱਤਾ, ਜਿਸ ਤੋਂ ਬਾਅਦ ਉਹ ਖੂਨ ਨਾਲ ਲੱਥਪੱਥ ਹੋ ਕੇ ਉਥੇ ਹੀ ਡਿੱਗ ਪਿਆ। ਬਾਅਦ ਵਿੱਚ ਉਸ ਦੇ ਰਿਸ਼ਤੇਦਾਰ ਉਸ ਨੂੰ ਉਥੋਂ ਲੈ ਕੇ ਆਏ ਤੇ ਹਸਪਤਾਲ 'ਚ ਭਰਤੀ ਕਰਵਾਇਆ। ਉਸ ਦਾ ਕਹਿਣਾ ਹੈ ਕਿ ਇਨ੍ਹਾਂ ਗੁੰਡਿਆਂ ਨੇ ਸ਼ਰਾਬ ਪੀਤੀ ਹੋਈ ਸੀ ਤੇ ਬਿਨਾਂ ਕਿਸੇ ਕਾਰਨ ਉਸ ਨਾਲ ਝਗੜਾ ਕਰਨਾ ਸ਼ੁਰੂ ਕਰ ਦਿੱਤਾ। ਉਸ ਨੇ ਉਸ ਨਾਲ ਮਾਰਕੁੱਟ ਕਰਨ ਵਾਲੇ ਦੋਸ਼ੀਆਂ 'ਤੇ ਕਾਰਵਾਈ ਕਰਨ ਦੀ ਮੰਗ ਕੀਤੀ ਹੈ।

# ਯੂ ਵਿਨ ਪੋਰਟਲ ਦੀ ਜ਼ਿਲ੍ਹਾ ਪੱਧਰੀ ਟ੍ਰੇਨਿੰਗ



**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸਿਵਲ ਸਰਜਨ ਡਾ. ਦਵਿੰਦਰਜੀਤ ਕੌਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਟੀਕਾਕਰਨ ਅਫਸਰ ਡਾ. ਰਾਜੇਸ਼ ਕੁਮਾਰ ਦੀ ਅਗਵਾਈ ਹੇਠ ਯੂ.ਵਿਨ ਪੋਰਟਲ ਦੀ ਜ਼ਿਲ੍ਹਾ ਪੱਧਰੀ ਟ੍ਰੇਨਿੰਗ ਦਾ ਆਯੋਜਨ ਕੀਤਾ ਗਿਆ। ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਡਾ. ਰਾਜੇਸ਼ ਕੁਮਾਰ ਨੇ ਕਿਹਾ ਕਿ ਸਰਕਾਰ ਦੁਆਰਾ ਯੂ.ਵਿਨ ਪੋਰਟਲ ਬਣਾਇਆ ਗਿਆ ਹੈ, ਜਿਸ ਦਾ ਮਕਸਦ ਗਰਭਵਤੀ ਔਰਤਾਂ ਅਤੇ ਬੱਚਿਆਂ ਦੇ ਟੀਕਾਕਰਨ ਦਾ ਪਹਿਲੀ ਡੋਜ਼ ਤੋਂ ਲੈ ਕੇ ਆਖਰੀ ਡੋਜ਼ ਤੱਕ ਦਾ ਆਨਲਾਈਨ ਰਿਕਾਰਡ ਰੱਖਣਾ ਹੈ। ਇਸ ਤੋਂ ਪਹਿਲਾਂ ਹਰੇਕ ਸਟੇਟ ਵੱਲੋਂ ਆਪਣਾ ਪੋਰਟਲ ਚਲਾਇਆ ਜਾਂਦਾ ਸੀ, ਪਰ ਹੁਣ ਇਹ ਰਾਸ਼ਟਰੀ ਪੱਧਰ 'ਤੇ ਇਕ ਪੋਰਟਲ ਬਣਾਇਆ ਗਿਆ ਹੈ। ਇਸ ਦੀ ਮਦਦ ਨਾਲ ਕਿਸੇ ਵੀ ਸਟੇਟ ਦੇ ਲਾਭਪਾਤਰੀ ਆਪਣੀ ਆਈ.ਡੀ. ਦਿਖਾ ਕੇ ਕਿਸੇ ਵੀ ਜਗ੍ਹਾ 'ਤੇ ਆਪਣਾ ਟੀਕਾਕਰਨ ਕਰਵਾ ਸਕਣਗੇ। ਉਨ੍ਹਾ ਕਿਹਾ ਕਿ ਜ਼ਿਲ੍ਹੇ ਦੀਆਂ ਸਿਹਤ ਸੰਸਥਾਵਾਂ 'ਚ ਯੂ ਵਿਨ ਪੋਰਟਲ ਰਾਹੀਂ ਕੰਮ ਜਲਦ ਹੀ ਸ਼ੁਰੂ ਕਰਵਾ ਦਿੱਤਾ ਜਾਵੇਗਾ। ਉਨ੍ਹਾ ਦੱਸਿਆ ਕਿ ਸਾਲ 2023 'ਚ ਖਸਰਾ ਰੂਬੇਲਾ ਐਲੀਮੀਨੇਸ਼ਨ ਮੁਹਿੰਮ ਵੀ ਚਲਾਈ ਜਾ ਰਹੀ ਹੈ, ਜਿਸ ਦਾ ਮੁੱਖ ਮਕਸਦ ਬੱਚਿਆਂ ਨੂੰ 100 ਫੀਸਦੀ ਐੱਮ.ਆਰ ਦੀ ਡੋਜ਼ ਲਗਾਉਣਾ ਹੈ। ਜ਼ਿਲ੍ਹਾ ਟੀਕਾਕਰਨ ਅਫਸਰ ਡਾ. ਰਾਜੇਸ਼ ਕੁਮਾਰ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਸਰਕਾਰ ਦੀਆਂ ਹਦਾਇਤਾਂ ਅਨੁਸਾਰ 7 ਅਗਸਤ ਤੋਂ ਇੰਟੈਂਸੀਫਾਈਡ ਮਿਸ਼ਨ ਇੰਦਰਧਨੁਸ਼ ਦੇ ਪਹਿਲੇ ਪੜਾਅ ਦੀ ਸ਼ੁਰੂਆਤ ਕੀਤੀ ਜਾ ਰਹੀ ਹੈ। ਇਸ ਤਹਿਤ ਜਿਹੜੇ 0 ਤੋਂ 5 ਸਾਲ ਦੇ ਬੱਚੇ ਅਤੇ ਗਰਭਵਤੀ ਮਾਵਾਂ ਕਿਸੇ ਕਾਰਨ ਆਪਣਾ ਟੀਕਾਕਰਨ ਕਰਵਾਉਣ ਵਿਚ ਪਛੜ ਗਏ ਹਨ ਜਾਂ ਕਿਸੇ ਹੋਰ ਕਾਰਨ ਕਰਕੇ ਟੀਕਾਕਰਨ ਕਰਵਾਉਣ ਤੋਂ ਵਾਂਝੇ ਰਹਿ ਗਏ ਹਨ, ਉਨ੍ਹਾਂ ਲਈ ਸਪੈਸ਼ਲ ਕੈਂਪ ਲਗਾਏ ਜਾਣਗੇ ਅਤੇ ਇਸ ਮੁਹਿੰਮ ਤਹਿਤ ਖਾਸ ਕਰਕੇ ਮਾਈਗ੍ਰੇਟਰੀ ਅਬਾਦੀ ਵਾਲੇ ਖੇਤਰਾਂ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾਵੇਗਾ। ਇਸ ਮੌਕੇ ਜ਼ਿਲ੍ਹਾ ਸਕੂਲ ਹੈਲਥ ਮੈਡੀਕਲ ਅਫਸਰ ਡਾ. ਨਵਨੀਤ ਕੌਰ, ਸ਼ੁਭਆਸਥਾ ਸ਼ਰਮਾ ਪ੍ਰਜੈਕਟ ਅਫਸਰ ਤੇ ਗੁਰਪ੍ਰੀਤ ਸਿੰਘ ਵੀ.ਸੀ.ਸੀ.ਐਮ. ਨੇ ਵੀ ਟ੍ਰੇਨਿੰਗ ਦਿੱਤੀ। ਇਸ ਟ੍ਰੇਨਿੰਗ 'ਚ ਜ਼ਿਲ੍ਹੇ ਅਧੀਨ ਸਮੂਹ ਸਿਹਤ ਸੰਸਥਾਵਾਂ ਦੇ ਸੀਨੀਅਰ ਮੈਡੀਕਲ ਅਫਸਰ, ਜ਼ਿਲ੍ਹਾ ਮਾਸ ਮੀਡੀਆ ਅਫਸਰ ਬਲਜਿੰਦਰ ਸਿੰਘ, ਗੁਰਦੀਪ ਸਿੰਘ, ਜਸਵਿੰਦਰ ਕੌਰ, ਬੀ.ਸੀ.ਸੀ. ਅਮਰਜੀਤ ਸਿੰਘ, ਅਨਿਲ ਭਾਰਦਵਾਜ, ਟੀਕਾਕਰਨ ਨੋਡਲ ਅਫਸਰ, ਬਲਾਕ ਐਕਸਟੈਂਸ਼ਨ ਐਜੂਕੇਟਰ, ਐਲ ਐਚ ਵੀਜ਼, ਬੀ.ਐਸ.ਏ. ਅਤੇ ਸ਼ਹਿਰੀ ਖੇਤਰ ਦੀਆਂ ਏ.ਐਨ.ਐਮਜ਼ ਨੇ ਭਾਗ ਲਿਆ।

## ਕਾਤਰਾਂ

### ਡਾ. ਦਲਜੀਤ ਕੌਰ ਨੇ ਜ਼ਿਲ੍ਹਾ ਪਰਵਾਰ ਭਲਾਈ ਅਫਸਰ ਵਜੋਂ ਸੰਭਾਲਿਆ ਅਹੁਦਾ



**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਜ਼ਿਲ੍ਹਾ ਪਰਵਾਰ ਭਲਾਈ ਅਫਸਰ ਡਾ. ਦਲਜੀਤ ਕੌਰ ਨੇ ਸਿਵਲ ਸਰਜਨ ਦਫਤਰ ਫਤਿਹਗੜ੍ਹ ਸਾਹਿਬ ਵਿਖੇ ਆਪਣਾ ਅਹੁਦਾ ਸੰਭਾਲ ਲਿਆ ਹੈ। ਡਾ. ਦਲਜੀਤ ਕੌਰ ਔਰਤਾਂ ਦੇ ਮਾਹਰ ਡਾਕਟਰ ਹਨ। ਇਸ ਤੋਂ ਪਹਿਲਾਂ ਇਹ ਸਿਵਲ ਹਸਪਤਾਲ ਨਾਭਾ ਵਿਖੇ ਆਪਣੀਆਂ ਸੇਵਾਵਾਂ ਨਿਭਾ ਰਹੇ ਸਨ। ਪੰਜਾਬ ਸਰਕਾਰ ਵੱਲੋਂ ਇਨ੍ਹਾਂ ਨੂੰ ਤਰੱਕੀ ਦੇ ਕੇ ਜ਼ਿਲ੍ਹਾ ਪਰਵਾਰ ਭਲਾਈ ਅਫਸਰ ਦਾ ਅਹੁਦਾ ਦਿੱਤਾ ਗਿਆ ਹੈ। ਅਹੁਦਾ ਸੰਭਾਲਣ ਮੌਕੇ ਉਨ੍ਹਾ ਖੁਸ਼ੀ ਪ੍ਰਗਟ ਕਰਦੇ ਹੋਏ ਕਿਹਾ ਕਿ ਉਨ੍ਹਾ ਨੂੰ ਸ਼ਹੀਦਾਂ ਦੀ ਇਸ ਪਵਿੱਤਰ ਧਰਤੀ 'ਤੇ ਲੋਕਾਂ ਦੀ ਸੇਵਾ ਕਰਨ ਦਾ ਮੌਕਾ ਮਿਲਿਆ ਹੈ। ਉਨ੍ਹਾ ਕਿਹਾ ਕਿ ਉਹ ਜ਼ਿਲ੍ਹੇ ਅੰਦਰ ਪਰਵਾਰ ਭਲਾਈ ਨਾਲ ਸੰਬੰਧਤ ਸਾਰੀਆਂ ਸਿਹਤ ਸੇਵਾਵਾਂ ਦੇਣ ਲਈ ਪੂਰੀ ਮਿਹਨਤ ਤੇ ਤਨਦੇਹੀ ਨਾਲ ਕੰਮ ਕਰਨਗੇ।

### ਜਾਖੜ ਦੇ ਪ੍ਰਧਾਨ ਬਣਨ ਨਾਲ ਭਾਜਪਾ ਹੇਠਲੇ ਪੱਧਰ ਤੱਕ ਹੋਰ ਮਜ਼ਬੂਤ ਹੋਵੇਗੀ : ਬੀਬੀ ਹਰਚੰਦ ਕੌਰ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਭਾਰਤੀ ਜਨਤਾ ਪਾਰਟੀ ਹਾਈ ਕਮਾਂਡ ਵੱਲੋਂ ਸੁਨੀਲ ਜਾਖੜ ਨੂੰ ਪੰਜਾਬ ਇਕਾਈ ਦਾ ਪ੍ਰਧਾਨ ਨਿਯੁਕਤ ਕੀਤੇ ਜਾਣ ਨਾਲ ਭਾਜਪਾ ਨੂੰ ਹੇਠਲੇ ਪੱਧਰ ਤੱਕ ਹੋਰ ਬਲ ਮਿਲੇਗਾ। ਇਹ ਪ੍ਰਗਟਾਵਾ ਭਾਜਪਾ ਦੇ ਸੀਨੀਅਰ ਆਗੂ ਬੀਬੀ ਹਰਚੰਦ ਕੌਰ ਘਨੌਰੀ ਸਾਬਕਾ ਵਿਧਾਇਕਾ ਨੇ ਇਥੇ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਇਕ ਤਜਰਬੇਕਾਰ, ਸੂਝਵਾਨ ਸਿਆਸਤਦਾਨ ਸੁਨੀਲ ਜਾਖੜ ਹਰ ਵਰਗ ਦੇ ਹਰਮਨ ਪਿਆਰੇ ਆਗੂ ਹਨ। ਉਨ੍ਹਾਂ ਦੀ ਗਤੀਸ਼ੀਲ ਅਗਵਾਈ 'ਚ ਆਗਾਮੀ ਲੋਕ ਸਭਾ ਚੋਣਾਂ 2024 ਸਮੇਂ ਭਾਜਪਾ ਦੀ ਕਾਰਗੁਜ਼ਾਰੀ ਸ਼ਾਨਦਾਰ ਹੋਵੇਗੀ। ਬੀਬੀ ਘਨੌਰੀ ਨੇ ਦੱਸਿਆ ਕਿ ਹਰ ਵਰਗ ਨੂੰ ਭਾਜਪਾ ਦੇ ਮੁੱਖ ਧੁਰੇ ਨਾਲ ਜੋੜਨ ਲਈ ਵੱਖ ਵੱਖ ਵਿੰਗਾਂ 'ਚ ਸਾਫ ਸੁਥਰੇ ਅਕਸ ਵਾਲੇ ਇਮਾਨਦਾਰ ਲੋਕਾਂ ਨੂੰ ਢੁੱਕਵਾਂ ਮਾਣ ਸਤਿਕਾਰ ਦਿੱਤਾ ਜਾਵੇਗਾ। ਅਗਲੇ ਦਿਨਾਂ 'ਚ ਬੂਥ ਪੱਧਰ ਤੱਕ ਇਕਾਈਆਂ ਦਾ ਗਠਨ ਕੀਤਾ ਰਿਹਾ ਹੈ। ਉਨ੍ਹਾਂ ਸਮੂਹ ਲੋਕਾਂ ਨੂੰ ਆਪਣੇ ਚੰਗੇਰੇ ਭਵਿੱਖ ਲਈ ਭਾਜਪਾ ਦੀ ਅਗਵਾਈ ਹੇਠ ਲਾਮਬੰਦ ਹੋਣ ਦੀ ਅਪੀਲ ਕੀਤੀ। ਬੀਬੀ ਘਨੌਰੀ ਨੇ ਪੰਜਾਬ ਸਰਕਾਰ ਦੀ ਤਿੱਖੀ ਅਲੋਚਨਾ ਕਰਦਿਆਂ ਇਸ ਨੂੰ ਹਰ ਫਰੰਟ 'ਤੇ ਫੇਲ੍ਹ ਕਰਾਰ ਦਿੰਦਿਆਂ ਲੋਕਾਂ ਨਾਲ ਕੀਤੇ ਚੋਣ ਵਾਅਦਿਆਂ ਤੋਂ ਮੁੱਕਰ ਜਾਣ ਦਾ ਦੋਸ਼ ਲਗਾਇਆ।

### ਐਸ ਡੀ ਐਮ ਸੇਖੋਂ ਵੱਲੋਂ ਸਰਕਾਰੀ ਸਕੂਲਾਂ 'ਚ ਲਾਏ ਜਾ ਰਹੇ ਸਮਰ ਕੈਂਪਾਂ ਦਾ ਜਾਇਜ਼ਾ



**ਸੰਗਰੂਰ (ਪ੍ਰਵੀਨ ਸਿੰਘ)**-ਡਿਪਟੀ ਕਮਿਸ਼ਨਰ ਸੰਗਰੂਰ ਜਤਿੰਦਰ ਜੋਰਵਾਲ ਦੀਆਂ ਹਦਾਇਤਾਂ 'ਤੇ ਐਸ.ਡੀ.ਐਮ. ਸੰਗਰੂਰ ਨਵਰੀਤ ਕੌਰ ਸੇਖੋਂ ਵੱਲੋਂ ਸਰਕਾਰੀ ਪ੍ਰਾਇਮਰੀ ਸਕੂਲਾਂ 'ਚ ਲਾਏ ਜਾ ਰਹੇ ਸਮਰ ਕੈਂਪਾਂ ਦਾ ਜਾਇਜ਼ਾ ਲਿਆ ਗਿਆ ਜਿੱਥੇ ਉਨ੍ਹਾਂ ਵੱਲੋਂ ਵਿਦਿਆਰਥੀਆਂ ਨਾਲ ਗੱਲਬਾਤ ਵੀ ਕੀਤੀ ਗਈ। ਸੰਗਰੂਰ ਸ਼ਹਿਰ ਅਤੇ ਸਰਕਾਰੀ ਪ੍ਰਾਇਮਰੀ ਸਕੂਲ ਘਾਬਦਾਂ ਵਿਖੇ ਲਾਏ ਜਾ ਰਹੇ ਸਮਰ ਕੈਂਪਾਂ ਦਾ ਜਾਇਜ਼ਾ ਲੈਣ ਮੌਕੇ ਐਸ.ਡੀ.ਐਮ. ਸੇਖੋਂ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਵਿਦਿਆਰਥੀਆਂ ਨੂੰ ਸਰਕਾਰੀ ਸਕੂਲਾਂ ਵਿੱਚ ਚੰਗੇਰਾ ਮਾਹੌਲ ਪ੍ਰਦਾਨ ਕਰਨ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਇਸ ਮੌਕੇ ਐਸ.ਡੀ.ਐਮ. ਨਵਰੀਤ ਕੌਰ ਸੇਖੋਂ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਸਰਕਾਰੀ ਸਕੂਲਾਂ ਵਿੱਚ ਪੜ੍ਹਦੇ ਵਿਦਿਆਰਥੀਆਂ ਨੂੰ ਪੜ੍ਹਾਈ ਲਈ ਵਧੀਆ ਮਾਹੌਲ ਅਤੇ ਲੋੜ ਅਨੁਸਾਰ ਬੁਨਿਆਦੀ ਢਾਂਚਾ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ ਅਤੇ ਇਸ ਲਈ ਸਰਕਾਰੀ ਸਕੂਲਾਂ ਵਿੱਚ ਲਗਾਤਾਰ ਲੋੜੀਂਦਾ ਸੁਧਾਰ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਦੇ ਮਾਨਸਿਕ ਅਤੇ ਸਰੀਰਕ ਵਿਕਾਸ ਲਈ ਅਜਿਹੇ ਕੈਂਪ ਲਾਏ ਜਾਣੇ ਬਹੁਤ ਜ਼ਰੂਰੀ ਹਨ ਕਿਉਂਕਿ ਇਨ੍ਹਾਂ ਵਿੱਚ ਕਰਵਾਈਆਂ ਜਾਣ ਵਾਲੀਆਂ ਕ੍ਰਿਆਤਮਕ ਗਤੀਵਿਧੀਆਂ ਸਦਕਾ ਉਹ ਬਿਹਤਰ ਤਰੀਕੇ ਨਾਲ ਪੜ੍ਹਾਈ ਕਰ ਸਕਦੇ ਹਨ।

# ਗੁਰੂ ਨਾਨਕ ਕਾਲਜੀਏਟ ਸਕੂਲ ਦੀ ਸਾਬਕਾ ਵਿਦਿਆਰਥਣ ਭਾਬਾ 'ਚ ਸਾਇੰਟਿਸਟ ਵਜੋਂ ਸਿਲੈਕਟ



**ਮੁਕਤਸਰ (ਸ਼ਮਿੰਦਰਪਾਲ, ਪੂਜਾ)**

ਗੁਰੂ ਨਾਨਕ ਕਾਲਜੀਏਟ ਸੀਨੀਅਰ ਸੈਕੰਡਰੀ ਸਕੂਲ ਸ੍ਰੀ ਮੁਕਤਸਰ ਸਾਹਿਬ ਦੀ ਸਾਬਕਾ ਵਿਦਿਆਰਥਣ ਪ੍ਰਿਯਮਦੀਪ ਕੌਰ ਨੇ ਜੇ ਏ ਟੀ ਈ 2023 ਵਿੱਚ 15ਵਾਂ ਰੈਂਕ ਪ੍ਰਾਪਤ ਕਰਕੇ ਮਾਣ ਮੱਤੀ ਪ੍ਰਾਪਤੀ ਕੀਤੀ ਤੇ ਉਸ ਨੂੰ ਭਾਬਾ ਪ੍ਰਮਾਣੂ ਖੋਜ ਕੇਂਦਰ ਮੁੰਬਈ ਵਿੱਚ ਇੱਕ ਵਿਗਿਆਨੀ ਨਿਯੁਕਤ ਕੀਤਾ ਗਿਆ ਹੈ। ਪ੍ਰਿੰਸੀਪਲ ਡਾਕਟਰ ਤੇਜਿੰਦਰ ਕੌਰ ਧਾਲੀਵਾਲ ਤੇ ਸਮੂਹ ਸਟਾਫ ਨੇ ਉਸ ਨੂੰ ਸੰਸਥਾ ਵਿੱਚ ਵਿਸ਼ੇਸ਼ ਤੌਰ 'ਤੇ ਉਸ ਦੀ ਪ੍ਰਾਪਤੀ ਲਈ ਸਨਮਾਨਤ ਕੀਤਾ। ਪ੍ਰਿੰਸੀਪਲ ਨੇ ਉਸ ਨੂੰ ਤੇ ਉਸ ਦੇ ਮਾਪਿਆਂ ਨੂੰ ਵਧਾਈ ਦਿੱਤੀ। ਉਨ੍ਹਾ ਆਪਣੀ ਸਾਬਕਾ ਵਿਦਿਆਰਥਣ ਦੀ ਇਸ ਪ੍ਰਾਪਤੀ ਬਾਰੇ ਦੀ ਖੁਸ਼ੀ ਜ਼ਾਹਰ ਕਰਦੇ ਹੋਏ ਮਾਣ ਨਾਲ ਦੱਸਿਆ ਕਿ ਸਾਡੀ ਹੋਣਹਾਰ ਵਿਦਿਆਰਥਣ ਪ੍ਰਿਯਮਦੀਪ ਕੌਰ, ਜਿਸ ਨੇ ਭਾਬਾ ਰਿਸਰਚ ਸੈਂਟਰ ਮੁੰਬਈ ਵਿੱਚ ਸ਼ਾਮਲ ਹੋ ਕੇ ਆਪਣਾ ਤੇ ਅਪਣੇ ਮਾਪਿਆਂ ਅਤੇ ਸੰਸਥਾ ਦਾ ਨਾਮ ਰੌਸ਼ਨ ਕੀਤਾ ਹੈ, ਸਾਨੂੰ ਅਜੇ ਉਸ ਵਿਦਿਆਰਥੀ ਤੋਂ ਵੱਡੀਆਂ ਉਮੀਦਾਂ ਹਨ। ਪ੍ਰਿਯਮਦੀਪ, ਆਪਣੀ ਦਾਦੀ ਤੇ ਮਾਤਾ-ਪਿਤਾ ਨਾਲ ਸੰਸਥਾ ਵਿੱਚ ਆਈ ਤੇ ਉਸ ਨੇ ਆਪਣੀਆਂ ਯਾਦਾਂ ਸਾਂਝੀਆਂ ਕੀਤੀਆਂ। ਉਸ ਨੇ ਕਿਹਾ ਕਿ ਮੇਰੀ ਇਸ ਪ੍ਰਾਪਤੀ ਵਿੱਚ ਗੁਰੂ ਨਾਨਕ ਕਾਲਜੀਏਟ ਸੀਨੀਅਰ ਸੈਕੰਡਰੀ ਸਕੂਲ ਦੇ ਸਟਾਫ ਦੀ ਅਗਵਾਈ ਨੇ ਵੱਡੀ ਭੂਮਿਕਾ ਨਿਭਾਈ ਹੈ। ਉਸ ਨੇ ਕਿਹਾ ਕਿ ਅਜਿਹੀਆਂ ਸੰਸਥਾਵਾਂ ਵਿਦਿਆਰਥੀ ਦੇ ਜੀਵਨ ਵਿੱਚ ਵੱਡੀ ਤਬਦੀਲੀ ਲਿਆਉਂਦੀਆਂ ਹਨ ਤੇ ਉਹ ਆਪਣੀ ਇਸ ਸੰਸਥਾ ਦੀ ਹਮੇਸ਼ਾ ਰਿਣੀ ਰਹੇਗੀ।

# ਆਦਰਸ਼ ਸਕੂਲ ਮੁਲਾਜ਼ਮ ਯੂਨੀਅਨ ਤੇ ਸੂਬਾਈ ਪ੍ਰਧਾਨ ਖਿਲਾਫ ਸਾਜ਼ਿਸ਼ਾਂ ਕਰਨ ਵਾਲਿਆਂ ਖਿਲਾਫ ਕਾਰਵਾਈ ਦੀ ਮੰਗ

**ਮਾਨਸਾ (ਆਤਮਾ ਸਿੰਘ ਪਮਾਰ)**

ਜਾਲ੍ਹੀ/ਫਰਜ਼ੀ ਲੈਟਰਪੈਡ ਛਪਵਾ ਕੇ ਤੇ ਹੋਰ ਅਧਿਆਪਕਾਂ ਦੇ ਦਸਤਖਤ ਕਰਕੇ ਅਤੇ ਫਰਜ਼ੀ ਆਈ ਡੀ ਤੋਂ ਪੰਜਾਬ ਸਰਕਾਰ, ਸੰਗਰੂਰ ਪ੍ਰਸ਼ਾਸਨ ਤੇ ਸਿੱਖਿਆ ਵਿਭਾਗ ਨੂੰ ਆਦਰਸ਼ ਸਕੂਲ ਮੁਲਾਜ਼ਮ ਯੂਨੀਅਨ ਪੰਜਾਬ (ਪੀਪੀਪੀ ਤਰਜ਼) ਦੇ ਅਕਸ ਨੂੰ ਢਾਹ ਲਾਉਂਣਾ ਤੇ ਜਥੇਬੰਦੀ ਦੇ ਸੂਬਾ ਪ੍ਰਧਾਨ ਮੱਖਣ ਸਿੰਘ ਬੀਰ ਪ੍ਰਤੀ ਗਲਤ ਤੇ ਬੇਇੱਜ਼ਤੀ ਕਰਨ ਵਾਲੇ ਪੱਤਰ ਜਾਰੀ ਕਰਨ ਵਾਲੇ ਗਲਤ ਅਨਸਰਾਂ ਦੀ ਸ਼ਨਾਖਤ ਕਰਕੇ ਕਾਨੂੰਨੀ ਕਾਰਵਾਈ ਕਰਵਾਉਣ ਲਈ ਜਥੇਬੰਦੀ ਨੇ ਅੱਜ ਉਕਤ ਸੰਸਥਾਵਾਂ ਸਮੇਤ ਥਾਣਾ ਜੋਗਾ ਪਹੁੰਚ ਕੇ ਯੂਨੀਅਨ ਵੱਲੋਂ ਸਖਤ ਕਾਰਵਾਈ ਦੀ ਮੰਗ ਕੀਤੀ ਗਈ। ਜਥੇਬੰਦੀ ਦੇ ਸੂਬਾ ਪ੍ਰਧਾਨ ਮੱਖਣ ਸਿੰਘ ਬੀਰ, ਜਨਰਲ ਸਕੱਤਰ ਸੁਖਬੀਰ ਸਿੰਘ ਪਾਤੜਾਂ, ਸਹਾਇਕ ਸਕੱਤਰ ਜਗਤਾਰ ਸਿੰਘ ਗੰਢੂਆਂ, ਮੀਤ ਪ੍ਰਧਾਨ ਵਿਸਾਲ ਭਠੇਜਾ, ਸੀਨੀਅਰ ਮੀਤ ਪ੍ਰਧਾਨ ਜਸਵੀਰ ਸਿੰਘ ਗਲੋਟੀ, ਮੀਡੀਆ ਇੰਚਾਰਜ ਸਲੀਮ ਮੁਹੰਮਦ, ਰਛਪਾਲ ਸਿੰਘ, ਪ੍ਰਚਾਰਕ ਸਕੱਤਰ ਅਮਨਦੀਪ ਸ਼ਾਸਤਰੀ, ਕੁਲਵੀਰ ਸਿੰਘ ਜਖੇਪਲ ਨੇ ਕਿਹਾ ਕਿ ਜਥੇਬੰਦੀ ਆਪਣੇ ਹੱਕਾਂ/ਹਿੱਤਾਂ ਦੇ ਏਜੰਡੇ ਨੂੰ ਲੈ ਕੇ ਅਨੁਸ਼ਾਸਨ, ਜਾਬਤੇ ਤੇ ਸੰਜੀਦਗੀ ਨਾਲ ਲਗਾਤਾਰ ਪੰਜਾਬ ਸਰਕਾਰ ਨਾਲ ਰਾਬਤੇ ਵਿੱਚ ਹੈ, ਪਰ ਸੁਆਰਥੀ ਤੇ ਚਾਪਲੂਸੀ ਕਰਨ ਵਾਲੇ ਲੋਕਾਂ/ਅਨਸਰਾਂ ਨੂੰ ਜਥੇਬੰਦਕ ਕਾਰਵਾਈਆਂ ਹਜ਼ਮ ਨਹੀਂ ਹੋ ਰਹੀਆਂ ਹਨ। ਇਸੇ ਕਰਕੇ ਉਹ ਯੂਨੀਅਨ ਵਿਰੋਧੀ ਕਾਰਵਾਈਆਂ ਕਰਕੇ ਜਥੇਬੰਦੀ ਦੀ ਸ਼ਾਨ ਤੇ ਮਰਿਆਦਾ ਨੂੰ ਢਾਹ ਲਾਉਣ ਦਾ ਯਤਨ ਕਰ ਰਹੇ ਹਨ। ਆਗੂਆਂ ਨੇ ਪੰਜਾਬ ਸਰਕਾਰ, ਪ੍ਰਸ਼ਾਸਨ ਤੇ ਸਿੱਖਿਆ ਵਿਭਾਗ ਪੰਜਾਬ ਤੋਂ ਪੁਰਜ਼ੋਰ ਸ਼ਬਦਾਂ 'ਚ ਮੰਗ ਕਰਦਿਆਂ ਕਿਹਾ ਕਿ ਅਜਿਹੇ ਫੇਕ, ਮੁਲਾਜ਼ਮ ਵਿਰੋਧੀ ਤੇ ਬੇਤੁਕੇ ਪੱਤਰਾਂ 'ਤੇ ਕੋਈ ਅਮਲ ਨਾ ਕੀਤਾ ਜਾਵੇ ਤੇ ਇਨ੍ਹਾਂ ਗਲਤ ਅਨਸਰਾਂ ਦੀ ਸ਼ਨਾਖਤ ਕਰਕੇ ਬਣਦੀ ਕਾਰਵਾਈ ਕੀਤੀ ਜਾਵੇ। ਉਨ੍ਹਾ ਕਿਹਾ ਕਿ ਜੇਕਰ ਅਜਿਹਾ ਤੁਰੰਤ ਨਾ ਕੀਤਾ ਗਿਆ ਤਾਂ ਯੂਨੀਅਨ ਸੰਘਰਸ਼ੀ ਰਾਹ ਅਖਤਿਆਰ ਕਰਨ ਲਈ ਮਜਬੂਰ ਹੋਵੇਗੀ।

# ਸਰਕਾਰੀ ਸਕੂਲ ਦੀਆਂ ਲੜਕੀਆਂ ਨੇ ਐੱਨ ਐੱਮ ਐੱਮ ਐੱਸ ਪ੍ਰੀਖਿਆ 'ਚ ਮਾਰੀ ਬਾਜ਼ੀ



**ਸਮਰਾਲਾ (ਸੁਰਜੀਤ ਸਿੰਘ)**

ਸਥਾਨਕ ਸਰਕਾਰੀ ਸੀਨੀਅਰ ਸੈਕੰਡਰੀ ਕੰਨਿਆ ਸਕੂਲ ਦੀਆਂ ਤਿੰਨ ਲੜਕੀਆਂ ਰਬਲੀਨ ਕੌਰ, ਨਵਦੀਪ ਕੌਰ ਤੇ ਨਾਨਕੀ ਨੇ ਸਿੱਖਿਆ ਵਿਭਾਗ ਵੱਲੋਂ ਲਈ ਗਈ ਐੱਨ ਐੱਮ ਐੱਮ ਐੱਸ ਪ੍ਰੀਖਿਆ (2022) ਪਾਸ ਕਰਕੇ ਸਕੂਲ ਤੇ ਇਲਾਕੇ ਦਾ ਨਾਂਅ ਰੋਸ਼ਨ ਕੀਤਾ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ, ਐੱਸ ਐੱਮ ਸੀ ਤੇ ਸਟਾਫ਼ ਵੱਲੋਂ ਉਨ੍ਹਾਂ ਦਾ ਸਨਮਾਨ ਕੀਤਾ ਗਿਆ। ਪਿਛਲੇ ਦਿਨੀਂ ਐਲਾਨੇ ਗਏ ਬਾਰਵੀਂ ਜਮਾਤ ਦੇ ਨਤੀਜੇ ਵਿੱਚ ਵੀ ਸਕੂਲ ਦੀਆਂ ਪੰਜ ਲੜਕੀਆਂ ਤੇ ਦਸਵੀਂ ਜਮਾਤ ਦੀ ਇੱਕ ਲੜਕੀ ਮੈਰਿਟ ਵਿੱਚ ਆਈਆਂ ਹਨ। ਸਕੂਲ ਦੇ ਪ੍ਰਿੰਸੀਪਲ ਸ਼੍ਰੀ ਰਾਜਿੰਦਰ ਸਿੰਘ ਨੇ ਇਸ ਮੌਕੇ ਕਿਹਾ ਕਿ ਸਰਕਾਰੀ ਸਕੂਲਾਂ ਵਿੱਚ ਪੜ੍ਹਾਈ ਦਾ ਮਿਆਰ ਬਹੁਤ ਉੱਚਾ ਹੈ। ਇਹ ਵੇਖਣ ਵਿੱਚ ਆਇਆ ਹੈ ਕਿ ਸਰਕਾਰੀ ਸਕੂਲਾਂ ਵਿੱਚ ਪੜ੍ਹਦੇ ਬੱਚੇ ਜਿੱਥੇ ਵਧੀਆ ਅੰਕ ਲੈ ਕੇ ਬੋਰਡ ਪ੍ਰੀਖਿਆਵਾਂ ਵਿੱਚ ਰੈਂਕ ਹਾਸਲ ਕਰ ਰਹੇ ਹਨ, ਉੱਥੇ ਹੀ ਆਪਣੀ ਜ਼ਿੰਦਗੀ 'ਚ ਵਧੀਆ ਮੁਕਾਮ ਹਾਸਲ ਕਰ ਰਹੇ ਹਨ। ਸਰਕਾਰੀ ਸਕੂਲਾਂ ਦੇ ਬੱਚੇ ਪੜ੍ਹਾਈ ਤੇ ਹੋਰ ਖੇਤਰਾਂ ਵਿੱਚ ਮੱਲਾਂ ਮਾਰ ਕੇ ਆਪਣੇ ਸਕੂਲ, ਮਾਤਾ-ਪਿਤਾ ਤੇ ਇਲਾਕੇ ਦਾ ਨਾਂਅ ਰੋਸ਼ਨ ਕਰ ਰਹੇ ਹਨ। ਪੜ੍ਹਾਈ ਤੋਂ ਇਲਾਵਾ ਵਾਧੂ ਗਤੀਵਿਧੀਆਂ ਵਿੱਚ ਬੱਚਿਆਂ ਦੀ ਪ੍ਰਤਿਭਾ ਪਰਖਣ ਲਈ ਅੱਜ ਪ੍ਰਿੰਸੀਪਲ ਰਾਜਿੰਦਰ ਸਿੰਘ ਦੀ ਅਗਵਾਈ 'ਚ ਸਮਰ ਕੈਂਪ ਲਾਇਆ ਗਿਆ, ਜਿਸ ਵਿੱਚ ਬੱਚਿਆਂ ਨੇ ਭਾਰੀ ਉਤਸ਼ਾਹ ਦਿਖਾਇਆ। ਸਕੂਲ ਪ੍ਰਿੰਸੀਪਲ ਰਾਜਿੰਦਰ ਸਿੰਘ ਨੇ 'ਨਵਾਂ ਜ਼ਮਾਨਾ' ਨਾਲ ਗੱਲ ਕਰਦਿਆਂ ਕਿਹਾ ਕਿ ਸਿਲੇਬਸ ਦੀ ਪੜ੍ਹਾਈ ਤੋਂ ਇਲਾਵਾ ਵਾਧੂ ਗਤੀਵਿਧੀਆਂ ਨਾਲ ਬੱਚਿਆਂ ਦੇ ਅੰਦਰ ਛਿਪੀ ਪ੍ਰਤਿਭਾ ਉਜਾਗਰ ਹੁੰਦੀ ਹੈ। ਹਸਤ ਕਲਾ ਬੱਚਿਆਂ ਨੂੰ ਨਵੀਂ ਤਕਨੀਕ ਦਾ ਗਿਆਨ ਦਿੰਦੀ ਹੈ। ਇਸ ਪ੍ਰਦਰਸ਼ਨੀ 'ਚ ਐੱਸ ਐੱਮ ਸੀ ਕਮੇਟੀ ਮੈਂਬਰਾਂ ਤੇ ਮਾਪਿਆਂ ਨੇ ਵੀ ਸ਼ਮੂਲੀਅਤ ਕੀਤੀ। ਇਸ ਮੌਕੇ ਐੱਸ ਐੱਮ ਸੀ ਪ੍ਰਧਾਨ ਅਮ੍ਰਿਤ ਪੁਰੀ ਨੇ ਵਿਦਿਆਰਥੀਆਂ ਨੂੰ ਸੰਬੋਧਤ ਕੀਤਾ ਤੇ ਹੋਰ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ।

# ਬੈਂਕ ਕਾਲੋਨੀ ਦਾ ਸੀਵਰੇਜ ਸਿਸਟਮ ਹੋਇਆ ਚਾਲੂ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸਮਰਾਲਾ ਰੋਡ 'ਤੇ ਸਥਿਤ ਬੈਂਕ ਕਾਲੋਨੀ ਦਾ ਪਿਛਲੇ ਲੰਮੇਂ ਸਮੇਂ ਤੋਂ ਬੰਦ ਪਿਆ ਸੀਵਰੇਜ ਸਿਸਟਮ ਅੱਜ ਚਾਲੂ ਹੋ ਗਿਆ, ਜਿਸ 'ਤੇ ਵਸਨੀਕਾਂ ਵੱਲੋਂ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ ਦਾ ਧੰਨਵਾਦ ਪ੍ਰਗਟਾਇਆ ਗਿਆ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਸੁਸਾਇਟੀ ਦੇ ਚੇਅਰਮੈਨ ਜਗਜੀਤ ਸਿੰਘ ਪ੍ਰਿਥੀਪੁਰ ਤੇ ਪ੍ਰਧਾਨ ਡਾ. ਜਸਵੀਰ ਸਿੰਘ ਰਾਣਾ ਨੇ ਦੱਸਿਆ ਕਿ ਪਿਛਲੇ ਡੇਢ ਸਾਲ ਤੋਂ ਬੈਂਕ ਕਾਲੋਨੀ ਦਾ ਸੀਵਰੇਜ ਬੰਦ ਪਿਆ ਸੀ, ਜਿਸ ਕਾਰਨ ਵਸਨੀਕਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਸੀ। ਉਨ੍ਹਾਂ ਦੱਸਿਆ ਕਿ ਇਸ ਸੰਬੰਧੀ ਕਈ ਵਾਰ ਨਗਰ ਕੌਂਸਲ ਅਧਿਕਾਰੀਆਂ ਨੂੰ ਲਿਖਤੀ ਤੇ ਜ਼ੁਬਾਨੀ ਬੇਨਤੀਆਂ ਕੀਤੀਆਂ ਗਈਆਂ, ਪਰ ਕੋਈ ਅਮਲ ਨਾ ਕੀਤਾ ਗਿਆ। ਅਖੀਰ ਉਨ੍ਹਾਂ ਵੱਲੋਂ ਇਹ ਮਾਮਲਾ ਪੀ ਏ ਸੁਖਵਿੰਦਰ ਸਿੰਘ ਗਿੱਲ ਰਾਹੀਂ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ ਦੇ ਧਿਆਨ ਵਿੱਚ ਲਿਆਂਦਾ, ਜਿਨ੍ਹਾਂ ਕਾਲੋਨੀ ਦਾ ਦੌਰਾ ਕਰਨ ਉਪਰੰਤ ਨਗਰ ਕੌਂਸਲ ਕਰਮਚਾਰੀਆਂ ਨੂੰ ਮੌਕੇ 'ਤੇ ਹੀ ਇਹ ਸਮੱਸਿਆ ਦੂਰ ਕਰਨ ਦੇ ਨਿਰਦੇਸ਼ ਦਿੱਤੇ। ਵਿਧਾਇਕ ਦੀ ਨਿੱਜੀ ਦਿਲਚਸਪੀ ਕਾਰਨ ਨਗਰ ਕੌਂਸਲ ਵੱਲੋਂ ਗੋਬਿੰਦਗੜ੍ਹ ਤੋਂ ਜੈਟਿੰਗ ਮਸ਼ੀਨ ਮੰਗਵਾ ਕੇ ਜਾਮ ਸੀਵਰੇਜ ਸਿਸਟਮ ਦੀ ਸਫ਼ਾਈ ਕਰ ਠੀਕ ਕਰਵਾਇਆ ਗਿਆ। ਬੰਦ ਪਏ ਸੀਵਰੇਜ ਸਿਸਟਮ ਨੂੰ ਮੁੜ ਤੋਂ ਚਾਲੂ ਕਰਵਾਉਣ 'ਤੇ ਬੈਂਕ ਕਾਲੋਨੀ ਵੈੱਲਫੇਅਰ ਸੁਸਾਇਟੀ ਤੇ ਵਸਨੀਕਾਂ ਵੱਲੋਂ ਹਲਕਾ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ ਦਾ ਤਹਿ ਦਿਲੋਂ ਧੰਨਵਾਦ ਪ੍ਰਗਟਾਇਆ ਗਿਆ। ਇਸ ਕੰਮ ਨੂੰ ਨੇਪਰੇ ਚਾੜ੍ਹਨ ਲਈ ਕਾਰਜ ਸਾਧਕ ਅਫ਼ਸਰ ਗੁਰਪਾਲ ਸਿੰਘ, ਇੰਸਪੈਕਟਰ ਸੁਖਦੇਵ ਸਿੰਘ ਬਿੱਟੂ, ਇੰਸਪੈਕਟਰ ਸੁਖਵਿੰਦਰ ਸਿੰਘ, ਭੁਪਿੰਦਰ ਸਿੰਘ ਤੇ ਮਨਪ੍ਰੀਤ ਸਿੰਘ ਦਾ ਵਿਸ਼ੇਸ਼ ਯੋਗਦਾਨ ਰਿਹਾ। ਇਸ ਮੌਕੇ ਵਾਈਸ ਪ੍ਰਧਾਨ ਸੂਬੇਦਾਰ ਗੁਰਚਰਨ ਸਿੰਘ, ਜਨਰਲ ਸਕੱਤਰ ਧਰਮਿੰਦਰ ਸਿੰਘ ਵਿੱਕੀ, ਅਰੁਣਜੀਤ ਸਿੰਘ ਵੀ ਮੌਜੂਦ ਸਨ।

# ਜਸਕਰਨ ਨੂੰ ਆਈ ਆਈ ਟੀ ਰੋਪੜ ਦਾਖਲਾ ਲੈਣ 'ਤੇ ਕੀਤਾ ਸਨਮਾਨਤ



**ਸਮਰਾਲਾ (ਸੁਰਜੀਤ ਸਿੰਘ)**-ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਕੋਟਾਲਾ ਦੇ ਵਿਦਿਆਰਥੀ ਜਸਕਰਨ ਸਿੰਘ ਨੂੰ ਜੇ ਈ ਈ ਅਡਵਾਂਸ ਪ੍ਰੀਖਿਆ ਪਾਸ ਕਰਕੇ ਆਈ ਆਈ ਟੀ ਰੋਪੜ ਵਿਖੇ ਦਾਖਲਾ ਲੈਣ 'ਤੇ ਸਕੂਲ ਪ੍ਰਿੰਸੀਪਲ ਗੁਰਜੰਟ ਸਿੰਘ, ਐੱਸ ਐੱਮ ਸੀ ਕਮੇਟੀ ਤੇ ਸਟਾਫ਼ ਵੱਲੋਂ ਸਨਮਾਨਤ ਕੀਤਾ ਗਿਆ। ਸਕੂਲ ਦੇ ਪ੍ਰਿੰਸੀਪਲ ਗੁਰਜੰਟ ਸਿੰਘ ਨੇ ਕਿਹਾ ਕਿ ਸਰਕਾਰੀ ਸਕੂਲਾਂ ਵਿੱਚ ਪੜ੍ਹਾਈ ਦਾ ਮਿਆਰ ਬਹੁਤ ਉੱਚਾ ਹੈ। ਇਹ ਵੇਖਣ 'ਚ ਆਇਆ ਹੈ ਕਿ ਸਰਕਾਰੀ ਸਕੂਲਾਂ ਵਿੱਚ ਪੜ੍ਹਦੇ ਬੱਚੇ ਆਪਣੀ ਜ਼ਿੰਦਗੀ 'ਚ ਵਧੀਆ ਮੁਕਾਮ ਹਾਸਲ ਕਰ ਰਹੇ ਹਨ। ਸਰਕਾਰੀ ਸਕੂਲਾਂ ਦੇ ਬੱਚੇ ਪੜ੍ਹਾਈ ਤੇ ਹੋਰ ਖੇਤਰਾਂ ਵਿੱਚ ਮੱਲ੍ਹਾਂ ਮਾਰ ਕੇ ਆਪਣੇ ਸਕੂਲ ਮਾਤਾ-ਪਿਤਾ ਤੇ ਇਲਾਕੇ ਦਾ ਨਾਂਅ ਰੋਸ਼ਨ ਕਰ ਰਹੇ ਹਨ। ਪ੍ਰਿੰਸੀਪਲ ਨੇ ਇਸ ਮੌਕੇ ਆਪਣੇ ਹੋਣਹਾਰ ਵਿਦਿਆਰਥੀ ਨੂੰ ਵਧਾਈ ਦਿੰਦੇ ਹੋਏ ਉਸ ਦੇ ਭਵਿੱਖ ਦੀ ਮੰਗਲ ਕਾਮਨਾ ਕੀਤੀ। ਉਨ੍ਹਾ ਕਿਹਾ ਕਿ ਵਿਦਿਆਰਥੀ ਜਸਕਰਨ ਸਿੰਘ ਦੀ ਇਸ ਪ੍ਰਾਪਤੀ ਦਾ ਸਿਹਰਾ ਜਿੱਥੇ ਸਕੂਲ ਦੇ ਮਿਹਨਤੀ ਸਟਾਫ ਨੂੰ ਜਾਂਦਾ ਹੈ, ਉਥੇ ਵਿਦਿਆਰਥੀ ਦੀ ਮਿਹਨਤ ਵੀ ਰੰਗ ਲਿਆਈ ਹੈ। ਉਨ੍ਹਾਂ ਇਸ ਮੌਕੇ ਹਾਜ਼ਰ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਜਸਕਰਨ ਸਿੰਘ ਸਾਰੇ ਵਿਦਿਆਰਥੀਆਂ ਲਈ ਇੱਕ ਚਾਨਣ ਮੁਨਾਰਾ ਹੈ। ਇਹ ਸਾਰਿਆਂ ਲਈ ਪ੍ਰੇਰਨਾ ਦਾ ਸੋਮਾ ਹੈ। ਉਨ੍ਹਾਂ ਕਿਹਾ ਕਿ ਮਿਹਨਤ ਨੂੰ ਹੀ ਹਮੇਸ਼ਾ ਮਿੱਠੇ ਫਲ ਲੱਗਦੇ ਹਨ। ਉਨ੍ਹਾਂ ਕਿਹਾ ਕਿ ਮਿਹਨਤ ਦਾ ਕੋਈ ਬਦਲ ਨਹੀਂ ਹੈ। ਜਿਹੜਾ ਵਿਦਿਆਰਥੀ ਮਿਹਨਤ ਕਰੇਗਾ, ਉਹ ਅਵੱਸ਼ ਜ਼ਿੰਦਗੀ 'ਚ ਇੱਕ ਚੰਗਾ ਮੁਕਾਮ ਹਾਸਲ ਕਰੇਗਾ। ਉਨ੍ਹਾਂ ਵਿਦਿਆਰਥੀਆਂ ਨੂੰ ਕਿਹਾ ਕਿ ਜੇਕਰ ਉਹ ਆਪਣੇ ਜੀਵਨ ਵਿੱਚ ਕੁਝ ਬਣਨਾ ਚਾਹੁੰਦੇ ਹਨ ਤਾਂ ਸਖਤ ਮਿਹਨਤ ਕਰਨ ਦੀ ਆਦਤ ਪਾਉਣੀ ਪਵੇਗੀ।

# ਕੁਲਰੀਆਂ ਸਕੂਲ ਦੀਆਂ 5 ਵਿਦਿਆਰਥਣਾਂ ਸਕਾਲਰਸ਼ਿਪ ਪ੍ਰੀਖਿਆ ਕੀਤੀ ਪਾਸ



**ਬਰੇਟਾ (ਰੀਤਵਾਲ)**-ਸਕੂਲ ਸਿੱਖਿਆ ਵਿਭਾਗ ਵੱਲੋਂ ਕਰਵਾਈ ਨੈਸ਼ਨਲ ਮੀਨਜ਼-ਕਮ-ਮੈਰਿਟ ਸਕਾਲਰਸ਼ਿਪ-2022 ਮੁਕਾਬਲਾ ਪ੍ਰੀਖਿਆ ਵਿੱਚੋਂ ਸਰਕਾਰੀ ਮਾਡਲ ਸੀਨੀ. ਸੈਕੰ. ਸਕੂਲ ਕੁਲਰੀਆਂ ਦੇ ਵਿਦਿਆਰਥੀਆਂ ਦਾ ਸ਼ਾਨਦਾਰ ਪ੍ਰਦਰਸ਼ਨ ਰਿਹਾ। ਸਕੂਲ ਪ੍ਰਿੰਸੀਪਲ ਨਰਸੀ ਸਿੰਘ ਚੌਹਾਨ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ਇਸ ਵਜ਼ੀਫਾ ਪ੍ਰੀਖਿਆ ਵਿੱਚ ਉਨ੍ਹਾਂ ਦੇ ਸਕੂਲ ਦੇ 5 ਵਿਦਿਆਰਥੀਆਂ ਨੇ ਸ਼ਾਨਦਾਰ ਅੰਕ ਪ੍ਰਾਪਤ ਕਰਕੇ ਪ੍ਰੀਖਿਆ ਪਾਸ ਕੀਤੀ ਹੈ। ਉਨ੍ਹਾਂ ਜਾਣਕਾਰੀ ਦਿੰਦਿਆਂ ਦੱਸਿਆ ਕਿ ਭਾਰਤੀ ਸਪੁੱਤਰੀ ਵਿਵੇਕ ਕੁਮਾਰ, ਅਮਨਜੋਤ ਕੌਰ ਸਪੁੱਤਰੀ ਤਰਸੇਮ ਸਿੰਘ, ਸ਼ਗਨਪ੍ਰੀਤ ਕੌਰ ਸਪੁੱਤਰੀ ਪ੍ਰਗਟ ਸਿੰਘ, ਪ੍ਰਭਜੋਤ ਕੌਰ ਸਪੁੱਤਰੀ ਗੁਰਪ੍ਰੀਤ ਸਿੰਘ ਤੇ ਹਰਮਨਪ੍ਰੀਤ ਕੌਰ ਸਪੁੱਤਰੀ ਹਰਦੀਪ ਸਿੰਘ ਨੇ ਇਹ ਵਜ਼ੀਫਾ ਪ੍ਰੀਖਿਆ ਪਾਸ ਕਰਕੇ ਸਕੂਲ ਤੇ ਮਾਤਾ-ਪਿਤਾ ਦਾ ਨਾਮ ਰੋਸ਼ਨ ਕੀਤਾ ਹੈ। ਬਲਕਾਰ ਸਿੰਘ ਮੈਥ ਮਾਸਟਰ ਵੱਲੋਂ ਵਿਦਿਆਰਥੀਆਂ ਨੂੰ ਦਿਨ-ਰਾਤ ਮਿਹਨਤ ਕਰਵਾ ਕੇ ਇਹ ਮੁਕਾਮ ਹਾਸਲ ਕਰਨ ਵਿੱਚ ਮਦਦ ਕੀਤੀ। ਉਨ੍ਹਾ ਦੱਸਿਆ ਕਿ ਹੁਣ ਇਨ੍ਹਾਂ ਵਿਦਿਆਰਥੀਆਂ ਨੂੰ 9ਵੀਂ ਤੋਂ 12ਵੀਂ ਜਮਾਤ ਤੱਕ 1000 ਰੁਪਏ ਪ੍ਰਤੀ ਮਹੀਨਾ ਵਜ਼ੀਫ਼ਾ ਰਾਸ਼ੀ ਮਿਲੇਗੀ, ਜਿਸ ਨਾਲ ਇਹ ਵਿਦਿਆਰਥੀ ਪੜ੍ਹਾਈ ਨਾਲ ਸਬੰਧਤ ਲੋੜਾਂ ਪੂਰੀਆਂ ਕਰਕੇ ਹੌਸਲੇ ਨਾਲ ਅੱਗੇ ਵਧਣਗੇ। ਬੱਚਿਆਂ ਦੁਆਰਾ ਪ੍ਰਾਪਤ ਕੀਤਾ ਮੁਕਾਮ ਇਹ ਦਰਸਾਉਂਦਾ ਹੈ ਕਿ ਇਸ ਸੰਸਥਾ ਦੇ ਵਿਦਿਆਰਥੀ ਉੱਚ ਪੱਧਰ ਦੀ ਗੁਣਾਤਮਕ ਸਿੱਖਿਆ ਗ੍ਰਹਿਣ ਕਰ ਰਹੇ ਹਨ। ਉਨ੍ਹਾ ਬੱਚਿਆਂ ਦੇ ਮਾਤਾ-ਪਿਤਾ ਤੇ ਅਧਿਆਪਕਾਂ ਨੂੰ ਵਧਾਈ ਦਿੰਦਿਆਂ ਸਕੂਲ ਦੇ ਮਿਹਨਤੀ ਅਧਿਆਪਕਾਂ ਦੀ ਵੀ ਸ਼ਲਾਘਾ ਕੀਤੀ।

ਵਿਦਿਆਰਥੀਆਂ ਦੀ ਇਸ ਪ੍ਰਾਪਤੀ 'ਤੇ ਸਕੂਲ ਕਮੇਟੀ ਚੇਅਰਮੈਨ ਬੰਤ ਸਿੰਘ, ਜਲਵਿੰਦਰ ਸਿੰਘ, ਜਰਨੈਲ ਸਿੰਘ, ਜੁਗਰਾਜ ਸਿੰਘ ਤੇ ਸਰਪੰਚ ਰਾਜਵੀਰ ਸਿੰਘ ਵੱਲੋਂ ਸਮੂਹ ਮਾਪਿਆਂ ਤੇ ਸਟਾਫ਼ ਨੂੰ ਵਧਾਈ ਦਿੱਤੀ। ਸਕੂਲ ਦੀ ਇਸ ਸ਼ਾਨਦਾਰ ਪ੍ਰਾਪਤੀ 'ਤੇ ਹਰਿੰਦਰ ਸਿੰਘ ਭੁੱਲਰ ਜ਼ਿਲ੍ਹਾ ਸਿੱਖਿਆ ਅਫ਼ਸਰ, ਅਸ਼ੋਕ ਕੁਮਾਰ ਉਪ-ਜ਼ਿਲ੍ਹਾ ਸਿੱਖਿਆ ਅਫ਼ਸਰ ਮਾਨਸਾ ਨੇ ਬੱਚਿਆਂ, ਸਕੂਲ ਮੁਖੀ, ਅਧਿਆਪਕਾਂ ਤੇ ਮਾਪਿਆਂ ਨੂੰ ਵਧਾਈ ਦਿੱਤੀ।

# ਟੂਰਿਸਟ ਹੱਬ ਵਜੋਂ ਵਿਕਸਤ ਹੋਵੇਗਾ ਬਠਿੰਡਾ : ਜਗਰੂਪ ਗਿੱਲ



**ਬਠਿੰਡਾ (ਪਰਵਿੰਦਰ ਜੀਤ ਸਿੰਘ)**

ਵਿਧਾਨ ਸਭਾ ਹਲਕਾ ਬਠਿੰਡਾ (ਸ਼ਹਿਰੀ) ਤੋਂ ਵਿਧਾਇਕ ਸ੍ਰ. ਜਗਰੂਪ ਸਿੰਘ ਗਿੱਲ ਨੇ ਮੀਡੀਆ ਦੇ ਰੂਬਰੂ ਹੁੰਦਿਆਂ ਕਿਹਾ ਕਿ ਸੂਬਾ ਸਰਕਾਰ ਵੱਲੋਂ ਬਠਿੰਡਾ ਨੂੰ ਟੂਰਿਸਟ ਹੱਬ ਵਜੋਂ ਵਿਕਸਤ ਕਰਦਿਆਂ ਇਸ ਦਾ ਵਿਕਾਸ ਜੰਗੀ ਪੱਧਰ 'ਤੇ ਕਰਵਾਇਆ ਜਾਵੇਗਾ। ਉਨ੍ਹਾ ਕਿਹਾ ਕਿ ਸਥਾਨਕ ਜਨਤਾ ਨਗਰ ਨੂੰ ਜਾਣ ਵਾਲੇ ਰਸਤੇ 'ਤੇ ਓਵਰ ਬ੍ਰਿਜ ਬਣਾਇਆ ਜਾਵੇਗਾ ਤੇ ਇਸ ਪੁਲ ਲਈ ਖਰਚੇ ਜਾਣ ਵਾਲੇ 50 ਕਰੋੜ ਰੁਪਏ ਦੀ ਮੰਨਜ਼ੂਰੀ ਪ੍ਰਾਪਤ ਹੋ ਗਈ ਹੈ ਅਤੇ ਇਸ ਪੁਲ ਦੇ ਖਰਚੇ ਸੰਬੰਧੀ ਭਾਰਤ ਸਰਕਾਰ ਦੇ ਰੇਲਵੇ ਵਿਭਾਗ ਨੂੰ ਭੇਜੀ ਜਾਣ ਵਾਲੀ ਰਾਸ਼ੀ, ਜੋ ਕਿ 50 ਲੱਖ ਬਣਦੀ ਸੀ, ਉਹ ਵੀ ਭੇਜੀ ਜਾ ਚੁੱਕੀ ਹੈ ਅਤੇ ਰੇਲਵੇ ਵਿਭਾਗ ਦਾ ਪੱਤਰ ਪ੍ਰਾਪਤ ਹੋਣ ਉਪਰੰਤ ਟੈਂਡਰ ਕਾਲ ਕਰਕੇ ਕੰਮ ਸ਼ੁਰੂ ਕਰਵਾਇਆ ਜਾਵੇਗਾ। ਇਸੇ ਤਰ੍ਹਾਂ ਹੀ ਨਹਿਰ ਦੀ ਪਟੜੀ ਲਈ 5 ਕਰੋੜ ਰੁਪਏ ਦੀ ਰਾਸ਼ੀ ਖਰਚ ਕਰਦਿਆਂ 30 ਫੁੱਟ ਚੌੜੀ ਕਰਕੇ ਰਿੰਗ ਰੋਡ ਨਾਲ ਮਿਲਾਇਆ ਜਾਵੇਗਾ। ਇਸ ਨਾਲ ਟ੍ਰੈਫ਼ਿਕ ਦੀ ਸਮੱਸਿਆ ਦਾ ਹੱਲ ਹੋ ਸਕੇਗਾ। ਉਨ੍ਹਾ ਦੱਸਿਆ ਕਿ ਮੁਲਾਤਾਨੀਆਂ ਰੋਡ 'ਤੇ ਬਣੇ ਪੁਰਾਣੇ ਪੁਲ ਦੀ ਥਾਂ ਨਵੇਂ ਪੁਲ ਨੂੰ ਬਣਾਉਣ ਲਈ 36 ਕਰੋੜ ਰੁਪਏ ਮਨਜ਼ੂਰ ਹੋ ਗਏ ਹਨ ਤੇ ਇਸ ਸਬੰਧੀ ਟੈਂਡਰ ਵੀ ਹੋ ਚੁੱਕੇ ਹਨ ਅਤੇ ਇਸ 'ਤੇ ਜਲਦ ਹੀ ਕੰਮ ਸ਼ੁਰੂ ਕੀਤਾ ਜਾਵੇਗਾ। ਇਸ ਦੌਰਾਨ ਵਿਧਾਇਕ ਸ੍ਰ. ਗਿੱਲ ਨੇ ਕਿਹਾ ਕਿ ਮਲੋਟ ਰੋਡ 'ਤੇ ਕਰੀਬ 100 ਕਰੋੜ ਰੁਪਏ ਦੀ ਲਾਗਤ ਨਾਲ ਨਵਾਂ ਬੱਸ ਅੱਡਾ ਬਣਾਇਆ ਜਾ ਰਿਹਾ ਹੈ। ਇਸ ਸਬੰਧੀ ਕਰੀਬ 16 ਏਕੜ ਜ਼ਮੀਨ ਲਈ ਜਾ ਚੁੱਕੀ ਹੈ। ਇਸ ਬੱਸ ਸਟੈਂਡ ਦਾ ਨੀਂਹ ਪੱਥਰ ਜਲਦ ਹੀ ਪੰਜਾਬ ਦੇ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਵੱਲੋਂ ਰੱਖਿਆ ਜਾਵੇਗਾ। ਉਨ੍ਹਾਂ ਦੱਸਿਆ ਕਿ ਬਠਿੰਡੇ ਦਾ ਪੁਰਾਣਾ ਬੱਸ ਸਟੈਂਡ ਇਸੇ ਤਰ੍ਹਾਂ ਹੀ ਚਲਦਾ ਰਹੇਗਾ ਤੇ ਇਸ ਪੁਰਾਣੇ ਬੱਸ ਸਟੈਂਡ ਤੋਂ ਮਾਨਸਾ ਅਤੇ ਡੱਬਵਾਲੀ ਨੂੰ ਜਾਣ ਵਾਲੀਆਂ ਬੱਸਾਂ ਚੱਲਿਆ ਕਰਨਗੀਆਂ। ਇਸ ਪੁਰਾਣੇ ਬੱਸ ਅੱਡੇ ਤੋਂ ਨਵੇਂ ਬੱਸ ਅੱਡੇ 'ਤੇ ਸਵਾਰੀਆਂ ਨੂੰ ਲਿਜਾਣ-ਲਿਆਉਣ ਲਈ ਇਲੈਕਟ੍ਰਿਕ ਵਹੀਕਲ ਰਾਹੀਂ ਮੁਫ਼ਤ ਸਹੂਲਤ ਦਿੱਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਇਹ ਪੰਜਾਬ ਦਾ ਪਹਿਲਾ ਪ੍ਰੋਜੈਕਟ ਹੋਵੇਗਾ। ਉਨ੍ਹਾ ਦੱਸਿਆ ਕਿ ਥਰਮਲ ਪਲਾਂਟ ਦੇ ਗਰਾਊਂਡ ਤੇ ਆਸਪਾਸ ਦੀ ਜਗ੍ਹਾ 'ਤੇ ਆਉਣ ਵਾਲੇ ਸਮੇਂ 'ਚ 18.30 ਕਰੋੜ ਰੁਪਏ ਦੀ ਲਾਗਤ ਨਾਲ ਇਨਡੋਰ ਸਟੇਡੀਅਮ ਤੇ ਸਿੰਥੈਟਿਕ ਟਰੈਕ ਤਿਆਰ ਕੀਤਾ ਜਾਵੇਗਾ।

ਵਿਧਾਇਕ ਨੇ ਸ਼ਿਰਕੀ ਬਜ਼ਾਰ, ਪਾਵਰ ਹਾਊਸ ਰੋਡ, ਕਮਲਾ ਨਹਿਰੂ ਕਲੌਨੀ ਤੇ ਆਲਮ ਬਸਤੀ ਵਿਖੇ ਖੜਨ ਵਾਲੇ ਬਰਸਾਤੀ ਪਾਣੀ ਦੇ ਹੱਲ ਲਈ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਉਨ੍ਹਾਂ ਵੱਲੋਂ ਪਹਿਲਾਂ ਵੀ ਨਗਰ ਨਿਗਮ ਦੇ ਅਧਿਕਾਰੀਆਂ ਤੇ ਕੌਂਸਲਰਾਂ ਨੂੰ ਪਾਣੀ ਦੇ ਨਿਕਾਸ ਲਈ ਯਤਨ ਕਰਨ ਲਈ ਕਿਹਾ ਸੀ ਤੇ ਹੁਣ ਦੁਬਾਰਾ ਵੀ ਕਹਿ ਰਹੇ ਹਨ ਤਾਂ ਜੋ ਸ਼ਹਿਰ ਨਿਵਾਸੀਆਂ ਨੂੰ ਇਸ ਸਮੱਸਿਆ ਤੋਂ ਨਿਜਾਤ ਦਿਵਾਈ ਜਾ ਸਕੇ।

# ਸਿੱਧੂ ਮੂਸੇਵਾਲਾ ਦੀ ਯਾਦ ਨੂੰ ਸਮਰਪਤ ਤੀਆਂ ਦੇ ਮੇਲੇ ਦਾ ਪੋਸਟਰ ਰਿਲੀਜ਼


**ਤੀਆਂ ਦੇ ਮੇਲੇ ਦਾ ਪੋਸਟਰ ਰਿਲੀਜ਼ ਕਰਦੇ ਗਾਇਕਾ ਜਸਵਿੰਦਰ ਬਰਾੜ, ਪਾਲ ਸਿੰਘ ਸਮਾਉਂ ਤੇ ਹੋਰ।**

**ਭੀਖੀ (ਧਰਮਵੀਰ ਸ਼ਰਮਾ)**-ਨੇੜਲੇ ਪਿੰਡ ਸਮਾਉਂ ਦੇ ਬਾਬਾ ਸ਼੍ਰੀ ਚੰਦ ਜੀ ਕਲਚਰਲ ਐਂਡ ਵੈੱਲਫੇਅਰ ਟਰੱਸਟ ਵੱਲੋਂ 30 ਜੁਲਾਈ ਤੋਂ ਸ਼ੁਰੂ ਹੋ ਰਹੇ ਮਰਹੂਮ ਗਾਇਕ ਸਿੱਧੂ ਮੂਸੇਵਾਲਾ ਦੀ ਯਾਦ ਨੂੰ ਸਮਰਪਤ ਰਵਾਇਤੀ ਤੀਆਂ ਦੇ ਮੇਲੇ ਦਾ ਪੋਸਟਰ ਪਰਥ (ਆਸਟ੍ਰੇਲੀਆ) ਵਿਖੇ ਰਿਲੀਜ਼ ਕੀਤਾ ਗਿਆ। ਅੰਤਰਰਾਸ਼ਟਰੀ ਕੋਚ ਪਾਲ ਸਿੰਘ ਸਮਾਉਂ ਦੀ ਅਗਵਾਈ ਹੇਠ ਹੋ ਰਹੇ ਇਸ ਰਿਵਾਇਤੀ ਤੀਆਂ ਦੇ ਮੇਲੇ ਦਾ ਪੋਸਟਰ ਰਿਲੀਜ਼ ਕਰਨ ਦੀ ਰਸਮ ਲੋਕ ਗਾਇਕਾ ਜਸਵਿੰਦਰ ਬਰਾੜ, ਸਵੀਰਾਜ ਬਰਾੜ, ਅਰਮਾਨ ਢਿੱਲੋਂ, ਪ੍ਰੋਮੋਟਰ ਰਵਿੰਦਰ ਰਵੀ, ਰੂਪ ਕੌਰ ਤੇ ਅੰਤਰਰਾਸ਼ਟਰੀ ਗਿੱਧਾ ਕੋਚ ਪਾਲ ਸਿੰਘ ਸਮਾਉਂ ਨੇ ਅਦਾ ਕੀਤੀ। ਇਸ ਮੌਕੇ ਉਨ੍ਹਾਂ ਕਿਹਾ ਕਿ ਪਾਲ ਸਿੰਘ ਸਮਾਉਂ ਵੱਲੋਂ ਰਿਵਾਇਤੀ ਪੰਜਾਬੀ ਵਿਰਸੇ ਨੂੰ ਸੰਭਾਲਣ ਲਈ ਕੀਤੇ ਜਾਂਦੇ ਉਪਰਾਲੇ ਸ਼ਲਾਘਾਯੋਗ ਹਨ। ਇਸ ਸਬੰਧੀ ਬਾਬਾ ਪਾਲ ਸਿੰਘ ਸਮਾਉਂ ਨੇ ਦੱਸਿਆ ਕਿ ਸਿੱਧੂ ਮੂਸੇਵਾਲਾ ਦੀ ਯਾਦ ਨੂੰ ਸਮਰਪਤ ਇਸ ਪ੍ਰੋਗਰਾਮ ਵਿੱਚ ਡਾ. ਪ੍ਰਭਸ਼ਰਨ ਕੌਰ ਤੇ ਮਰਹੂਮ ਸਿੱਧੂ ਮੂਸੇਵਾਲਾ ਦੀ ਮਾਤਾ ਚਰਨ ਕੌਰ ਵਿਸ਼ੇਸ਼ ਤੌਰ 'ਤੇ ਭਾਗ ਲੈਣਗੇ। ਉਨ੍ਹਾਂ ਦੱਸਿਆ ਕਿ ਇਸ ਮੇਲੇ ਵਿੱਚ ਵੱਖ ਵੱਖ ਖੇਤਰਾਂ ਦੀਆਂ ਵਿਸ਼ੇਸ਼ ਸ਼ਖਸੀਅਤਾਂ ਸ਼ਾਮਲ ਹੋਣਗੀਆਂ। ਉਨ੍ਹਾਂ ਦੱਸਿਆ ਕਿ ਟਰੱਸਟ ਪੰਜਾਬੀ ਵਿਰਸੇ ਨੂੰ ਸੰਭਾਲਣ ਲਈ ਵਚਨਬੱਧ ਹੈ। ਪੁਰਾਤਨ ਪੰਜਾਬੀ ਵਿਰਸੇ ਨੂੰ ਸੰਭਾਲਣ ਤੇ ਲੜਕੀਆਂ ਨੂੰ ਗਿੱਧੇ ਨਾਲ ਜੋੜਨ ਲਈ ਬਾਬਾ ਪਾਲ ਸਿੰਘ ਸਮਾਉਂ ਵੱਲੋਂ ਗਿੱਧੇ ਦੇ ਗੁਰ ਸਿਖਾਏ ਜਾਂਦੇ ਹਨ ਤੇ ਗਿੱਧੇ ਦੀਆਂ ਬਾਰੀਕੀਆਂ ਸਬੰਧੀ ਜਾਣਕਾਰੀ ਦਿੱਤੀ ਜਾਂਦੀ ਹੈ। ਉਨ੍ਹਾਂ ਦੱਸਿਆ ਕਿ ਉਨ੍ਹਾਂ ਵੱਲੋਂ ਪੰਜਾਬ ਦੇ ਨਾਲ ਨਾਲ ਵਿਦੇਸ਼ਾਂ ਵਿੱਚ ਪੰਜਾਬੀ ਵਿਰਸੇ ਨੂੰ ਸੰਭਾਲਣ ਲਈ ਵੱਖ ਵੱਖ ਪ੍ਰੋਗਰਾਮ ਕੀਤੇ ਜਾਂਦੇ ਹਨ। ਉਨ੍ਹਾਂ ਦੱਸਿਆ ਕਿ 15 ਦਿਨ ਚੱਲਣ ਵਾਲੇ ਇਸ ਤੀਆਂ ਦੇ ਮੇਲੇ ਵਿੱਚ ਦੂਰ ਦੁਰਾਡੇ ਤੋਂ ਨਵ-ਵਿਆਹੀਆਂ ਲੜਕੀਆਂ ਭਾਗ ਲੈਂਦੀਆਂ ਹਨ ਤੇ ਉਨ੍ਹਾਂ ਨੂੰ ਤੀਆਂ ਦਾ ਸੰਧਾਰਾ ਦੇਣ ਦੀ ਰਸਮ ਵੀ ਨਿਭਾਈ ਜਾਂਦੀ ਹੈ ਅਤੇ ਅੰਤਿਮ ਦਿਨ ਬੱਲੋਂ ਪਾ ਕੇ ਤੀਆਂ ਦੇ ਮੇਲੇ ਦੀ ਸਮਾਪਤੀ ਕੀਤੀ ਜਾਂਦੀ ਹੈ।

# ਮਨਰੇਗਾ ਮਜ਼ਦੂਰ ਯੂਨੀਅਨ ਦੀ ਰਾਣਵਾਂ 'ਚ ਮੀਟਿੰਗ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਨੇੜਲੇ ਪਿੰਡ ਰਾਣਵਾਂ ਵਿਖੇ ਮਨਰੇਗਾ ਮਜ਼ਦੂਰਾਂ ਦੀ ਇੱਕ ਮੀਟਿੰਗ ਸੂਬਾ ਕਮੇਟੀ ਮੈਂਬਰ ਸਾਥੀ ਹਰੀ ਰਾਮ ਭੱਟੀ ਤੇ ਸਰਪੰਚ ਦੇ ਪਤੀ ਅਮਨਦੀਪ ਸਿੰਘ ਦੀ ਅਗਵਾਈ ਹੇਠ ਹੋਈ, ਜਿਸ ਵਿੱਚ ਵਿਸ਼ੇਸ਼ ਤੌਰ 'ਤੇ ਮਨਰੇਗਾ ਮਜ਼ਦੂਰ ਯੂਨੀਅਨ ਪੰਜਾਬ ਸੀਟੂ ਦੇ ਜਨਰਲ ਸਕੱਤਰ ਸਾਥੀ ਅਮਰ ਨਾਥ ਕੂੰਮਕਲਾਂ ਪੁੱਜੇ। ਮੀਟਿੰਗ ਦੌਰਾਨ ਸਾਥੀ ਅਮਰ ਨਾਥ ਕੂੰਮਕਲਾਂ ਨੇ ਮਨਰੇਗਾ ਕਾਨੂੰਨ ਬਾਰੇ ਵਿਸਥਾਰ ਨਾਲ ਦੱਸਦਿਆਂ ਕਿਹਾ ਕਿ ਸਾਡੀ ਵਿਚਰਾਧਰਕ ਲੜਾਈ ਕੇਂਦਰ ਸਰਕਾਰ ਨਾਲ ਹੈ, ਜਿਸ ਨੇ ਸੱਤਾ ਸੰਭਾਲਣ ਤੋਂ ਬਾਅਦ ਮਨਰੇਗਾ ਕੰਮਾਂ ਲਈ ਬਜਟ ਵਿੱਚ ਲਗਾਤਾਰ ਕਟੌਤੀਆਂ ਕੀਤੀਆਂ ਹਨ। ਉਨ੍ਹਾ ਕਿਹਾ ਕਿ ਇਸ ਤੋਂ ਸਪੱਸ਼ਟ ਸਾਬਿਤ ਹੁੰਦਾ ਹੈ ਕਿ ਮੋਦੀ ਮਨਰੇਗਾ ਕਾਨੂੰਨ ਨੂੰ ਖ਼ਤਮ ਕਰਨ ਦੇ ਰੌਂਅ ਵਿੱਚ ਹੈ, ਜਿਸ ਲਈ ਉਨ੍ਹਾਂ ਨੂੰ ਆਪਣੇ ਹੱਕਾਂ, ਅਧਿਕਾਰਾਂ ਤੇ ਰੋਜ਼ੀ, ਰੋਟੀ ਦੀ ਰਾਖੀ ਲਈ ਲਈ ਤੱਤਪਰ ਰਹਿਣਾ ਪਵੇਗਾ। ਇਸ ਤੋਂ ਬਾਅਦ ਸਰਬ ਸੰਮਤੀ ਨਾਲ ਪੇਸ਼ ਕੀਤੇ ਪੈਨਲ ਵਿੱਚ ਸੁਖਵੀਰ ਕੌਰ ਪ੍ਰਧਾਨ, ਕੁਲਵੰਤ ਕੌਰ ਮੀਤ ਪ੍ਰਧਾਨ, ਸੁਖਵਿੰਦਰ ਕੌਰ ਜਨਰਲ ਸਕੱਤਰ, ਚਰਨਜੀਤ ਸਿੰਘ ਸਕੱਤਰ, ਸਰਬਜੀਤ ਕੌਰ ਖਜ਼ਾਨਚੀ ਅਤੇ ਹਰਦੀਪ ਕੌਰ, ਮੋਨਿਕਾ, ਕਰਮਜੀਤ ਕੌਰ, ਰਜਿੰਦਰ ਕੌਰ, ਛਿੰਦਰ ਕੌਰ, ਜਸਵਿੰਦਰ ਕੌਰ, ਬਲਜੀਤ ਕੌਰ, ਕਮਲਜੀਤ ਕੌਰ, ਕੁਲਵੰਤ ਕੌਰ, ਰਾਜਵਿੰਦਰ ਕੌਰ, ਭਜਨ ਕੌਰ, ਗੁਰਮੇਲ ਕੌਰ, ਮੰਗਾ ਸਿੰਘ, ਹਰਮੇਸ਼ ਕੌਰ, ਜਸਵੰਤ ਸਿੰਘ ਵਰਕਿੰਗ ਕਮੇਟੀ ਮੈਂਬਰ ਚੁਣੇ ਗਏ। ਇਸ ਮੌਕੇ ਬਲਵੀਰ ਸਿੰਘ ਤੇ ਗੁਰਜੀਤ ਸਿੰਘ (ਦੋਵੇਂ ਪੰਚ) ਮੌਜੂਦ ਸਨ।

# ਸੇਮ ਨਾਲਿਆਂ ਦੀ ਸਫਾਈ ਤੇ ਪੁਟਾਈ 'ਚ ਲਾਪ੍ਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ : ਕਾਕਾ ਬਰਾੜ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਬੀਤੇ ਦਿਨਾਂ ਤੋਂ ਮਿਲ ਰਹੀ ਸੇਮ ਨਾਲਿਆਂ ਦੀ ਸਫਾਈ ਨਾ ਹੋਣ ਦੀਆਂ ਸ਼ਿਕਾਇਤਾਂ ਤੋਂ ਬਾਅਦ ਆਮ ਆਦਮੀ ਪਾਰਟੀ ਦੇ ਸੂਬਾ ਮੀਤ ਪ੍ਰਧਾਨ ਤੇ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਨੇ ਤੁਰੰਤ ਕਾਰਵਾਈ ਕਰਦਿਆਂ ਸੰਬੰਧਤ ਵਿਭਾਗ ਦੇ ਅਧਿਕਾਰੀਆਂ ਨੂੰ ਨਾਲ ਲੈ ਕੇ ਹਲਕੇ ਦੇ ਸੇਮ ਨਾਲਿਆਂ ਦਾ ਦੌਰਾ ਕੀਤਾ। ਇਸ ਮੌਕੇ ਵੱਖ-ਵੱਖ ਪਿੰਡਾਂ ਦੇ ਲੋਕ ਤੇ ਕਿਸਾਨ ਯੂਨੀਅਨਾਂ ਦੇ ਆਗੂ ਹਾਜ਼ਰ ਸਨ। ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਵੱਲੋਂ ਟੀਮ ਸਮੇਤ ਪਿੰਡ ਸਰਾਏਨਾਗਾ, ਵੜਿੰਗ, ਡੋਡਾਂਵਾਲੀ ਤੇ ਬਰੀਵਾਲਾ ਦੇ ਸੇਮ ਨਾਲਿਆਂ ਦਾ ਦੌਰਾ ਕੀਤਾ ਗਿਆ। ਵਿਧਾਇਕ ਕਾਕਾ ਬਰਾੜ ਨੇ ਆਖਿਆ ਕਿ ਬਾਰਿਸ਼ ਦਾ ਮੌਸਮ ਸ਼ੁਰੂ ਹੈ, ਪਰ ਵਿਭਾਗ ਦੇ ਠੇਕੇਦਾਰਾਂ ਵੱਲੋਂ ਸੇਮ ਨਾਲਿਆਂ ਦੀ ਸਫਾਈ ਬਿਲਕੁੱਲ ਵੀ ਨਹੀਂ ਕੀਤੀ ਗਈ, ਜਿਸ ਦਾ ਉਨ੍ਹਾਂ ਨੂੰ ਬੇਹੱਦ ਦੁੱਖ ਹੈ। ਉਨ੍ਹਾ ਕਿਹਾ ਕਿ ਹਰ ਵਾਰ ਸੇਮ ਨਾਲਿਆਂ ਦੀ ਸਫਾਈ ਨਾ ਹੋਣ ਦੇ ਚੱਲਦੇ ਕਿਸਾਨਾਂ ਦੀ ਫਸਲਾਂ ਦਾ ਭਾਰੀ ਨੁਕਸਾਨ ਹੁੰਦਾ ਹੈ, ਜਿਸ ਕਾਰਨ ਉਨ੍ਹਾਂ ਨੂੰ ਵੱਡੀ ਦਿੱਕਤਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਉਨ੍ਹਾ ਕਿਹਾ ਕਿ ਜੇਕਰ ਸੇਮ ਨਾਲਿਆਂ ਦੀ ਚੰਗੀ ਤਰ੍ਹਾਂ ਸਫਾਈ ਕੀਤੀ ਜਾਵੇ ਤਾਂ ਇਹ ਫਸਲਾਂ ਤੇ ਪਿੰਡਾਂ ਨੂੰ ਬਚਾਉਣ ਲਈ ਕਾਰਗਾਰ ਸਿੱਧ ਹੁੰਦੇ ਹਨ। ਉਨ੍ਹਾ ਕਿਹਾ ਕਿ ਜੇਕਰ ਦੋ ਦਿਨਾਂ ਦੇ ਅੰਦਰ ਅੰਦਰ ਸਫਾਈ ਦਾ ਕੰਮ ਸਿਰੇ ਨਾਲ ਚੜ੍ਹਿਆ ਤਾਂ ਸੰਬੰਧਤ ਠੇਕੇਦਾਰ ਖਿਲਾਫ ਬਣਦੀ ਕਾਰਵਾਈ ਕੀਤੀ ਜਾਵੇਗੀ। ਇਸ ਮੌਕੇ ਬਲਾਕ ਪ੍ਰਧਾਨ ਬਲਵਿੰਦਰ ਸਿੰਘ ਖਾਲਸਾ, ਬਲਾਕ ਪ੍ਰਧਾਨ ਜਸਵਿੰਦਰ ਸਿੰਘ ਰਾਜੂ ਸਰਾਏਨਾਗਾ, ਕਿਸਾਨ ਵਿੰਗ ਦੇ ਵਾਈਸ ਪ੍ਰਧਾਨ ਸ਼ਮਸ਼ੇਰ ਸਿੰਘ ਵੜਿੰਗ, ਸ਼ਮਿੰਦਰ ਸਿੰਘ ਟਿੱਲੂ, ਕੌਂਸਲਰ ਜਗਮੀਤ ਸਿੰਘ ਜੱਗਾ, ਜੈ ਚੰਦ ਭੰਡਾਰੀ, ਰਣਜੀਤ ਸਿੰਘ ਬਰਾੜ, ਪ੍ਰਦੀਪ ਕੁਮਾਰ, ਅਮਨਦੀਪ ਬਰਾੜ ਖੋਖਰ, ਮੰਗਾ ਸ਼ਰਮਾ ਡੋਡਾਂਵਾਲੀ ਆਦਿ ਹਾਜ਼ਰ ਸਨ।

# ਸੰਯੁਕਤ ਕਿਸਾਨ ਮੋਰਚੇ ਨੇ ਕੇਂਦਰ ਤੇ ਪੰਜਾਬ ਸਰਕਾਰ ਦੇ ਪੁਤਲੇ ਫੂਕੇ



**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ ਰਾਜਵੀਰ ਸਿੰਘ)** ਸੰਯੁਕਤ ਕਿਸਾਨ ਮੋਰਚੇ ਵਿਚ ਸ਼ਾਮਿਲ ਜਥੇਬੰਦੀਆਂ ਦੇ ਸੱਦੇ ਅਨੁਸਾਰ ਪੰਜਾਬ ਅੰਦਰ ਮੱਕੀ ਅਤੇ ਮੂੰਗੀ ਦੀ ਫਸਲ ਦੀ ਮੰਡੀਆਂ ਅੰਦਰ ਹੋ ਰਹੀ ਲੁੱਟ ਖ਼ਿਲਾਫ ਅਤੇ ਇਨ੍ਹਾਂ ਫਸਲਾਂ ਦੀ ਐਮ.ਐੱਸ.ਪੀ. ਉੱਪਰ ਖਰੀਦ ਕਰਨ ਦੇ ਹੱਕ ਵਿਚ ਬਲਵਿੰਦਰ ਸਿੰਘ ਬਾਜਵਾ ਕਿਰਤੀ ਕਿਸਾਨ ਯੂਨੀਅਨ ਆਗੂ, ਗੁਰਦੀਪ ਸਿੰਘ ਭੰਡਾਲ ਸੂਬਾ ਸਕੱਤਰ ਪੰਜਾਬ ਕਿਸਾਨ ਯੂਨੀਅਨ ਬਾਗੀ, ਹਰਜਿੰਦਰ ਸਿੰਘ ਰਾਣਾ ਭਾਰਤੀ ਕਿਸਾਨ ਯੂਨੀਅਨ ਡਕੌਂਦਾ ਧਨੇਰ, ਦੀ ਪ੍ਰਧਾਨਗੀ ਹੇਠ ਸੁਲਤਾਨਪੁਰ ਲੋਧੀ ਦੀ ਨਵੀਂ ਦਾਣਾ ਮੰਡੀ ਵਿਖੇ ਮਾਰਕੀਟ ਕਮੇਟੀਆਂ ਦੇ ਦਫਤਰ ਅੱਗੇ ਕੇਂਦਰ ਅਤੇ ਪੰਜਾਬ ਸਰਕਾਰ ਦੇ ਪੁਤਲੇ ਫੂਕੇ ਗਏ। ਇਸ ਮੌਕੇ ਐਡਵੋਕੇਟ ਰਜਿੰਦਰ ਸਿੰਘ ਰਾਣਾ, ਰਘਬੀਰ ਸਿੰਘ ਮਹਿਰਵਾਲਾ, ਰਣਧੀਰ ਸਿੰਘ ਧੀਰਾ, ਬਲਵਿੰਦਰ ਸਿੰਘ ਭੁੱਲਰ, ਮਾਸਟਰ ਚਰਨ ਸਿੰਘ ਹੈਬਤਪੁਰ ਨੇ ਸੰਬੋਧਨ ਕਰਦਿਆਂ ਕਿਹਾ ਕਿ ਪਿਛਲੇ ਸਾਲ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਨੇ ਕਿਸਾਨਾਂ ਨੂੰ ਮੂੰਗੀ ਤੇ ਮੱਕੀ ਦਾ ਘੱਟੋ-ਘੱਟ ਖਰੀਦ ਮੁੱਲ ਦੇਣ ਦਾ ਐਲਾਨ ਕੀਤਾ ਸੀ ਜੋ ਐਲਾਨ ਹੀ ਰਹਿ ਗਿਆ। ਇਸ ਵਾਰ ਵੀ ਮੂੰਗੀ ਅਤੇ ਮੱਕੀ ਦੀ ਫਸਲ ਮੰਡੀਆਂ ਵਿਚ ਰੁਲ ਰਹੀ ਹੈ। ਉਹਨਾਂ ਕਿਹਾ ਕਿ ਕੇਂਦਰ ਸਰਕਾਰ ਨੇ ਕਿਸਾਨਾਂ ਨਾਲ ਵਾਅਦਾ ਕੀਤਾ ਸੀ ਕਿ ਇਹਨਾਂ ਫਸਲਾਂ ਤੇ ਐੱਮ ਐੱਸ ਪੀ ਦੇਵਾਂਗੇ ਪਰ ਨਹੀਂ ਦੇ ਰਹੇ।

ਉਹਨਾਂ ਕਿਹਾ ਕਿ ਪੰਜਾਬ 'ਚ ਮੂੰਗੀ ਤੇ ਮੱਕੀ ਦੀ ਖ਼ਰੀਦ 'ਤੇ ਹੋ ਰਹੀ ਕਿਸਾਨਾਂ ਦੀ ਲੁੱਟ ਰੋਕ ਕੇ ਇਸ ਦਾ ਸਮਰਥਨ ਮੁੱਲ ਕ੍ਰਮਵਾਰ 8556 ਅਤੇ 2090 ਰੁਪਏ ਪ੍ਰਤੀ ਕੁਇੰਟਲ ਤੈਅ ਹੈ ਪਰ ਕਿਸਾਨਾਂ ਤੋਂ ਕ੍ਰਮਵਾਰ 8558 ਰੁਪਏ ਤੇ 1000 ਰੁਪਏ ਪ੍ਰਤੀ ਕੁਇੰਟਲ ਖਰੀਦੀ ਜਾ ਰਹੀ ਇਸ ਰੋਸ ਵਜੋਂ ਪੰਜਾਬ ਦੇ ਮੁੱਖ ਮੰਤਰੀ ਅਤੇ ਪ੍ਰਧਾਨ ਮੰਤਰੀ ਦੇ ਪੁਤਲੇ ਫੂਕੇ ਗਏ ਹਨ।

ਆਗੂਆਂ ਨੇ ਕਿਹਾ ਕਿ ਬਾਸਮਤੀ ਦੀ ਖਰੀਦ ਤੇ ਵੀ ਐੱਮ ਐੱਸ ਪੀ ਨਿਰਧਾਰਿਤ ਕੀਤੀ ਜਾਵੇ। ਉਹਨਾਂ ਕਿਹਾ ਕਿ ਮੱਕੀ ਸੁਕਾਉਣ ਲਈ ਮਸ਼ੀਨਾਂ ਸਰਕਾਰੀ ਤੌਰ 'ਤੇ ਮੁਹੱਈਆ ਕਰਵਾਈਆਂ ਜਾਣ। ਬਲਜਿੰਦਰ ਸਿੰਘ ਬੋਹੜ ਵਾਲਾ,ਸਰਵਨ ਸਿੰਘ ਕਰਮਜੀਤ ਪੁਰ, ਮਲਕੀਤ ਸਿੰਘ ਮੀਰੇ, ਹੁਕਮ ਸਿੰਘ, ਮਦਨ ਲਾਲ ਕੰਡਾ, ਪਰਮਿੰਦਰ ਸਿੰਘ ਕਾਲਾ ਸੰਘਿਆਂ, ਜਸਵਿੰਦਰ ਸਿੰਘ ਮੈਰੀਪੁਰ, ਪ੍ਰਿੰਸੀਪਲ ਕੇਵਲ ਸਿੰਘ ਆਦਿ ਨੇ ਵੀ ਸੰਬੋਧਨ ਕੀਤਾ।

# ਕਿਸਾਨਾਂ ਵੱਲੋਂ ਮਾਰਕਿਟ ਕਮੇਟੀ ਕੰਪਲੈਕਸ 'ਚ ਧਰਨਾ



**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਮਾਰਕਿਟ ਕਮੇਟੀ ਨਵਾਂਸ਼ਹਿਰ ਦੇ ਕੰਪਲੈਕਸ 'ਚ 1 ਵਜੇ ਤੋਂ 1 ਵਜੇ ਤੱਕ ਸੈਂਕੜੇ ਕਿਸਾਨਾਂ ਵੱਲੋਂ ਮੱਕੀ ਅਤੇ ਮੂੰਗੀ ਦੀ ਐਮ ਐਸ ਪੀ 'ਤੇ ਖਰੀਦ ਕਰਨ ਦੀ ਮੰਗ ਨੂੰ ਪੂਰਾ ਕਰਨ ਲਈ ਧਰਨਾ ਦਿੱਤਾ ਗਿਆ। ਇਕੱਠ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਪ੍ਰਧਾਨ ਸੁਰਿੰਦਰ ਸਿੰਘ ਬੈਂਸ, ਭੁਪਿੰਦਰ ਸਿੰਘ ਵੜੈਚ , ਕੁਲਦੀਪ ਸਿੰਘ ਬਜੀਦਪੁਰ , ਅਮਰਜੀਤ ਸਿੰਘ ਬੁਰਜ , ਕੁਲਦੀਪ ਸਿੰਘ ਦਿਆਲਾ , ਸੁਤੰਤਰ ਕੁਮਾਰ , ਮੁਕੰਦ ਲਾਲ ਅਤੇ ਨਿਰਮਲ ਸਿੰਘ ਔਜਲਾ ਨੇ ਕਿਹਾ ਮੱਕੀ ਦੀ ਫਸਲ ਦੀ ਪੈਦਾਵਾਰ ਬੇਸ਼ੱਕ ਬੰਪਰ ਹੈ ਪਰ ਵਪਾਰੀ 900 ਰੁਪਏ ਤੋਂ ਲੈ ਕੇ 1200 ਰੁਪਏ ਤੱਕ ਭਾਅ ਲਾਉਂਦੇ ਹਨ ਜਦੋਂ ਕਿ ਸਰਕਾਰ ਵੱਲੋਂ ਮਿਥਿਆ ਗਿਆ ਭਾਅ 2090 ਰਪਏ ਹੈ । ਇਹ ਸਰਕਾਰ ਤੇ ਜ਼ਿਲ੍ਹਾ ਪ੍ਰਸ਼ਾਸਨ ਦੀ ਮਿਲੀਭੁਗਤ ਨਾਲ ਚੱਲ ਰਿਹਾ ਹੈ। ਸੰਘਰਸ਼ ਨੂੰ ਤੇਜ ਕੀਤੇ ਬਿਨਾਂ ਮੰਗਾਂ ਦੀ ਪੂਰਤੀ ਅਸੰਭਵ ਹੈ। ਅਖੀਰ ਵਿੱਚ ਮੋਦੀ ਅਤੇ ਭਗਵੰਤ ਮਾਨ ਦਾ ਪੁਤਲਾ ਫੂਕਿਆ ਗਿਆ। ਇਸ ਮੌਕੇ ਜ਼ਿਲ੍ਹਾ ਸਕੱਤਰ ਤਰਸੇਮ ਸਿੰਘ ਬੈਂਸ , ਪਰਮਜੀਤ ਸਿੰਘ ਸਹਾਬਪੁਰ, ਸੁਰਿੰਦਰ ਸਿੰਘ ਮਹਿਰਮ ਪੁਰ , ਮੱਖਣ ਸਿੰਘ ਭਾਨਮਜਾਰਾ , ਪਵਨ ਸ਼ਰਮਾ , ਰਾਮ ਜੀ ਦਾਸ ਸਨਾਵਾ , ਕਰਨੈਲ ਸਿੰਘ ਉੜਾਪੜ , ਹਰਵਿੰਦਰ ਸਿੰਘ , ਸਤਵੀਰ ਸਿੰਘ , ਜੁਗਿੰਦਰ ਸਿੰਘ , ਕੁਲਦੀਪ ਸਿੰਘ ਦੌੜਕਾ , ਮੇਜਰ ਸਿੰਘ , ਬਿੱਕਰ ਸਿੰਘ ਸੇਖੂਪੁਰ ਬਾਗ, ਅਵਤਾਰ ਸਿੰਘ ਸਕੋਹਪੁਰ, ਮੋਹਣ ਸਿੰਘ ਲੰਗੜੋਆ ਆਦਿ ਹਾਜਰ ਸਨ।

## ਸਰਕਾਰੀ ਹਾਈ ਸਮਾਰਟ ਸਕੂਲ ਬੀਰਮਪੁਰ ਦੇ ਵਿਦਿਆਰਥੀਆਂ ਨੇ ਪਾਸ ਕੀਤਾ ਐੱਨ ਐੱਮ ਐੱਮ ਐੱਸ ਪੇਪਰ



**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)**ਸਰਕਾਰੀ ਹਾਈ ਸਮਾਰਟ ਸਕੂਲ ਬੀਰਮਪੁਰ ਵਿਖੇ ਨੌਂਵੀਂ ਜਮਾਤ ਦੇ ਦੋ ਵਿਦਿਆਰਥੀਆਂ ਜੈਸਮੀਨ ਪੁੱਤਰੀ ਕੁਲਦੀਪ ਕੁਮਾਰ ਅਤੇ ਅਰਸ਼ਦੀਪ ਜਨਾਗਲ ਪੁੱਤਰ ਰਾਮਸਰਨ ਦਾਸ ਨੇ ਐਨ ਐਮ ਐਮ ਐਸ ਪੇਪਰ ਪਾਸ ਕੀਤਾ ਹੈ। ਇਸ ਮੌਕੇ ਸਕੂਲ ਮੁੱਖੀ ਸੁਖਵਿੰਦਰ ਕੁਮਾਰ ਨੇ ਵਿਦਿਆਰਥੀਆਂ ਨੂੰ ਵਧਾਈਆਂ ਦਿੰਦਿਆਂ ਦੱਸਿਆ ਕਿ ਵਿਦਿਆਰਥੀਆਂ ਨੂੰ ਪੰਜਾਬ ਸਰਕਾਰ ਵਲੋਂ ਕੁੱਲ 48000 ਰੁਪਏ ਦਾ ਵਜੀਫਾ ਨੌਵੀਂ ਤੋਂ ਬਾਰਵੀਂ ਤੱਕ ਦੀ ਪੜ੍ਹਾਈ ਲਈ ਪ੍ਰਾਪਤ ਹੋਵੇਗਾ। ਇਸ ਮੌਕੇ ਸ੍ਰੀਮਤੀ ਰਜਨੀ, ਸ੍ਰੀਮਤੀ ਨਿਸ਼ਾ ਸਰਪੰਚ ਪਿੰਡ ਸੌਲੀ, ਕੁਲਦੀਪ ਕੁਮਾਰ, ਸ੍ਰੀਮਤੀ ਤਰਸੇਮ ਕੌਰ ਸਰਪੰਚ ਪੁਰਖੋਵਾਲ ਅਤੇ ਸਮੂਹ ਸਟਾਫ ਅਤੇ ਵਿਦਿਆਰਥੀ ਹਾਜਰ ਸਨ।

## ਕੇਂਦਰੀ ਮੰਤਰੀ ਸੋਮ ਪ੍ਰਕਾਸ਼ ਭਲਕੇ ਰੱਖਣਗੇ ਰੇਲਵੇ ਸਟੇਸ਼ਨ ਦੇ ਨਵੀਨੀਕਰਨ ਦਾ ਨੀਂਹ ਪੱਥਰ

**ਫਗਵਾੜਾ ( ਡਾ. ਰਮਨ )** ਭਾਜਪਾ ਦੇ ਕੌਮੀ ਸਕੱਤਰ ਅਵਤਾਰ ਸਿੰਘ ਮੰਡ ਅਤੇ ਸ਼ਹਿਰ ਦੇ ਸਾਬਕਾ ਮੇਅਰ ਅਰੁਣ ਖੋਸਲਾ ਨੇ ਦੱਸਿਆ ਕਿ ਫਗਵਾੜਾ ਜੰਕਸ਼ਨ ਰੇਲਵੇ ਸਟੇਸ਼ਨ ਦੇ ਨਵੀਨੀਕਰਣ ਅਤੇ 3 ਰੇਲਵੇ ਅੰਡਰ ਪਾਸ ਦਾ ਨੀਂਹ ਪੱਥਰ 8 ਜੁਲਾਈ ਨੂੰ ਕੇਂਦਰੀ ਉਦਯੋਗ ਅਤੇ ਵਣਜ ਮੰਤਰੀ ਸੋਮ ਪ੍ਰਕਾਸ਼ ਕੈਂਥ ਵਲੋਂ ਸਵੇਰੇ 10.30 ਵਜੇ ਰੱਖਿਆ ਜਾਵੇਗਾ। ਉਹਨਾਂ ਦੱਸਿਆ ਕਿ ਸੋਮ ਪ੍ਰਕਾਸ਼ ਨੇ ਬਤੌਰ ਮੈਂਬਰ ਪਾਰਲੀਮੈਂਟ ਹਲਕਾ ਹੁਸ਼ਿਆਰਪੁਰ ਦਾ ਬਹੁਤ ਵਿਕਾਸ ਕਰਵਾਇਆ ਹੈ ਅਤੇ ਲਗਾਤਾਰ ਫਗਵਾੜਾ ਸਮੇਤ ਪੂਰੇ ਹਲਕੇ ਦੀ ਨੁਹਾਰ ਬਦਲੀ ਜਾ ਰਹੀ ਹੈ। ਭਾਜਪਾ ਆਗੂਆਂ ਨੇ ਦੱਸਿਆ ਕਿ ਰੇਲਵੇ ਸਟੇਸ਼ਨ ਦੇ ਨਵੀਨੀਕਰਣ ਅਤੇ ਤਿੰਨ ਅੰਡਰਪਾਸ ਲਈ ਕੇਂਦਰ ਵੱਲੋਂ 30 ਕਰੋੜ ਰੁਪਏ ਦੀ ਗ੍ਰਾਂਟ ਜਾਰੀ ਕੀਤੀ ਜਾ ਚੁੱਕੀ ਹੈ। ਬਹੁਤ ਜਲਦੀ ਫਗਵਾੜਾ ਦੇ ਰੇਲਵੇ ਸਟੇਸ਼ਨ ਨੂੰ ਆਧੁਨਿਕ ਰੂਪ ਦਿੱਤਾ ਜਾਵੇਗਾ।

## ਖਾਲਸਾ ਕਾਲਜ ਦੇ 11 ਵਿਦਿਆਰਥੀ ਸ਼੍ਰੋਮਣੀ ਕਮੇਟੀ ਦੀ ਧਾਰਮਕ ਪ੍ਰੀਖਿਆ 'ਚ ਅੱਵਲ ਰਹੇ



**ਗੜ੍ਹਸ਼ੰਕਰ(ਫੂਲਾ ਸਿੰਘ ਬੀਰਮਪੁਰ)** ਬੱਬਰ ਅਕਾਲੀ ਮੈਮੋਰੀਅਲ ਖ਼ਾਲਸਾ ਕਾਲਜ ਗੜ੍ਹਸ਼ੰਕਰ ਦੇ 11 ਵਿਦਿਆਰਥੀਆਂ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਲਈ ਜਾਂਦੀ ਧਾਰਮਿਕ ਪ੍ਰੀਖਿਆ ਵਿਚ ਮੋਹਰੀ ਸਥਾਨ ਹਾਸਿਲ ਕੀਤਾ ਹੈ। ਕਾਲਜ ਦੇ ਕਾਰਜਕਾਰੀ ਪ੍ਰਿੰਸੀਪਲ ਪ੍ਰੋ. ਲਖਵਿੰਦਰਜੀਤ ਕੌਰ ਨੇ ਦੱਸਿਆ ਕਿ ਧਰਮ ਪ੍ਰਚਾਰ ਕਮੇਟੀ ਵਲੋਂ ਐਲਾਨੇ ਗਏ ਨਤੀਜੇ ਵਿਚ ਕਾਲਜ ਦੇ 11 ਵਿਦਿਆਰਥੀ ਅਵੱਲ ਰਹਿ ਕੇ ਵਜ਼ੀਫ਼ਾ ਹਾਸਿਲ ਕਰਨ ਦੇ ਹੱਕਦਾਰ ਬਣੇ ਹਨ, ਜਿਨ੍ਹਾਂ ਵਿਚ ਅੰਕਿਤ ਐਰੀ, ਰੁਪਿੰਦਰ ਕੌਰ, ਕਮਲਜੋਤ, ਰੋਜ਼ੀ, ਮੀਨਾ ਕੁਮਾਰੀ ਗਿਆਰਵੀਂ ਕਲਾਸ, ਗੁਰਸਿਮਰਨ ਕੌਰ ਬਾਹਰਵੀਂ ਕਲਾਸ, ਜਸਪ੍ਰੀਤ ਕੌਰ ਬੀ.ਐੱਸ.ਬੀ.ਐੱਡ., ਅਰਸ਼ਦੀਪ ਕੌਰ ਬੀ.ਕਾਮ., ਸਿਮਰਨ, ਤਰਨਪ੍ਰੀਤ ਕੌਰ ਬੀ.ਐੱਸਸੀ. ਬੀ.ਐੱਡ., ਸਤਵੀਰ ਕੌਰ ਬੀ.ਸੀ.ਏ. ਕਲਾਸ ਸ਼ਾਮਿਲ ਹਨ। ਉਨ੍ਹਾਂ ਦੱਸਿਆ ਕਿ ਇਨ੍ਹਾਂ ਵਿਦਿਆਰਥੀਆਂ ਤੋਂ ਇਲਾਵਾ ਚੰਗੇ ਅੰਕ ਲੈ ਕੇ ਪਾਸ ਹੋਏ ਬਾਕੀ ਵਿਦਿਆਰਥੀਆਂ ਨੂੰ ਸਰਟੀਫਿਕੇਟ ਅਤੇ ਮੈਡਲ ਦਿੱਤੇ ਜਾਣਗੇ।

# ਸੀ ਐੱਚ ਸੀ ਬੜਾ ਪਿੰਡ 'ਚ ਵਿਸ਼ਵ ਜ਼ੂਨੋਸਿਸ ਦਿਵਸ ਸੰਬੰਧੀ ਜਾਗਰੂਕਤਾ ਮੁਹਿੰਮ




**ਫਗਵਾੜਾ (ਰਮਨ ਸ਼ਰਮਾ)** ਸਿਵਲ ਸਰਜਨ ਡਾ.ਰਮਨ ਸਰਮਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਕਮਿਊਨਿਟੀ ਹੈਲਥ ਸੈਂਟਰ ਬੜਾ ਪਿੰਡ ਵੱਲੋਂ ਵਿਸ਼ਵ ਜੂਨੋਸਿਸ ਦਿਵਸ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕਿਆਂ) ਬੜਾ ਪਿੰਡ ਵਿਖੇ ਮਨਾਇਆ ਗਿਆ। ਸੀਨੀਅਰ ਮੈਡੀਕਲ ਅਫਸਰ ਡਾ.ਅਮਿਤਾ ਲੂਨਾ ਦੱਸਿਆ ਕਿ ਇਹ ਦਿਵਸ ਹਰ ਸਾਲ 6 ਜੁਲਾਈ ਨੂੰ ਜੂਨੋਟਿਕ ਬਿਮਾਰੀਆ ਜੋ ਕਿ ਜਾਨਵਰਾਂ ਤੋਂ ਮਨੁੱਖਾਂ ਵਿੱਚ ਫੈਲਦੀਆਂ ਹਨ ਜਿਵੇਂ ਕਿ ਰੈਬਿਜ, ਕਰੋਨਾ,ਪਲੇਗ,ਈਬੋਲਾ, ਏਵੀਅਨ ਇਨਫਲੂਐਨਜਾ ਅਤੇ ਪੱਛਮੀ ਨੀਲ ਵਾਇਰਸ ਆਦਿ ਬਾਰੇ ਜਾਗਰੂਕਤਾ ਪੈਦਾ ਕਰਨ ਲਈ ਮਨਾਇਆ ਜਾਂਦਾ ਹੈ। ਡਾ.ਅਮਿਤਾ ਲੂਨਾ ਨੇ ਦੱਸਿਆ ਕਿ ਜ਼ੂਨੋਸਿਸ ਛੂਤ ਵਾਲੀਆਂ ਬਿਮਾਰੀਆਂ ਹਨ ਜੋ ਜਾਨਵਰਾਂ ਤੋਂ ਮਨੁੱਖਾਂ ਵਿੱਚ ਫੈਲਦੀਆਂ ਹਨ। ਉਨ੍ਹਾਂ ਦੀ ਸ਼ੁਰੂਆਤ ਜਾਨਵਰਾਂ ਤੋਂ ਹੋਈ। ਜੂਨੋਟਿਕ ਰੋਗਾਣੂ ਜੀਵਾਣੂ, ਵਾਇਰਸ ਜਾ ਪਰਜੀਵੀ ਹੋ ਸਕਦੇ ਹਨ ਜੋ ਸਿੱਧੇ ਸੰਪਰਕ ਰਾਹੀਂ , ਕੱਟਣ, ਭੋਜਨ, ਪਾਣੀ ਜਾਂ ਵਾਤਾਵਰਣ ਰਾਹੀਂ ਮਨੁੱਖਾਂ ਵਿਚ ਫੈਲ ਸਕਦੇ ਹਨ। ਉਦਾਹਰਣ ਦੇ ਲਈ, ਕੋਰੋਨਾਵਾਇਰਸ ਬੈਟਸ ਤੋਂ ਮਨੁੱਖਾਂ ਵਿੱਚ ਫੈਲਿਆ ਮੰਨਿਆ ਜਾਂਦਾ ਹੈ ਅਤੇ ਅਸੀਂ ਪਹਿਲਾਂ ਹੀ ਵੇਖ ਚੁੱਕੇ ਹਾਂ ਕਿ ਇਹ ਕਿਵੇਂ ਵਿਸ਼ਵ ਭਰ ਵਿੱਚ ਇੱਕ ਵੱਡੀ ਜਨਤਕ ਸਿਹਤ ਸਮੱਸਿਆ ਪੈਦਾ ਕਰ ਸਕਦਾ ਹੈ। ਜੂਨੋਟਿਕ ਬਿਮਾਰੀ ਦੇ ਵਿਰੁੱਧ ਪਹਿਲਾ ਟੀਕਾਕਰਣ 6 ਫਰਵਰੀ, 1885 ਨੂੰ ਇਕ ਫ੍ਰੈਂਚ ਜੀਵ-ਵਿਗਿਆਨੀ, ਲੂਯਿਸ ਪਾਸਚਰ ਦੁਆਰਾ ਸਫਲਤਾਪੂਰਵਕ ਰੈਬਿਜ ਦੇ ਵਿਰੁੱਧ ਲਗਾਇਆ ਗਿਆ ਸੀ। ਇਹ ਦਿਨ ਜੂਨੋਟਿਕ ਰੋਗਾਂ ਦੇ ਜੋਖਮ ਅਤੇ ਉਨ੍ਹਾਂ ਦੀ ਰੋਕਥਾਮ ਬਾਰੇ ਜਾਗਰੂਕਤਾ ਪੈਦਾ ਕਰਨ ਲਈ ਵੀ ਮਨਾਇਆ ਜਾਂਦਾ ਹੈ। ਬਲਾਕ ਐਕਸਟੈਨਸ਼ਨ ਐਜੂਕੇਟਰ ਪ੍ਰੀਤਇੰਦਰ ਸਿੰਘ ਨੇ ਕਿਹਾ ਕਿ ਪੀਣ ਵਾਲੇ ਸਾਫ ਪਾਣੀ ਅਤੇ ਕੂੜੇ ਨੂੰ ਹਟਾਉਣ ਦੇ ਮਿਆਰੀ ਪ੍ਰਬੰਧ ਅਤੇ ਨਾਲ ਹੀ ਕੁਦਰਤੀ ਵਾਤਾਵਰਣ ਦੀ ਸੁਰੱਖਿਆ ਵੀ ਅਜਿਹੀ ਬਿਮਾਰੀਆਂ ਦੇ ਫੈਲਣ ਨੂੰ ਰੋਕਣ ਦੇ ਪ੍ਰਭਾਵਸ਼ਾਲੀ ਢੰਗ ਹਨ। ਜਾਨਵਰਾਂ ਨਾਲ ਸੰਪਰਕ ਕਰਨ ਤੋਂ ਬਾਅਦ ਹੈਂਡਵਾੱਸ਼ ਕਰਨਾ ਜਿਵੇਂ ਸਹੀ ਸਫਾਈ ਬਣਾਈ ਰੱਖਣਾ ਜੂਨੋਟਿਕ ਬਿਮਾਰੀਆਂ ਦੇ ਕਮਿਊਨਿਟੀ ਵਿੱਚ ਫੈਲਣ ਨੂੰ ਘਟਾ ਸਕਦਾ ਹੈ। ਇਸ ਤਰ੍ਹਾਂ ਘਰਾਂ ਵਿੱਚ ਰੱਖੇ ਪਾਲਤੂ ਜਾਨਵਰਾਂ ਦੀ ਵੈਕਸੀਨੇਸ਼ਨ ਜਰੂਰ ਕਰਵਾਉਣੀ ਚਾਹੀਦੀ ਹੈ।

# ਸੈਨਿਕ ਇੰਸਟੀਚਿਊਟ ਆਫ ਮੈਨੇਜਮੈਂਟ ਐਂਡ ਟੈਕਨਾਲੋਜੀ ਵਿਖੇ ਬੇਸਿਕ ਕੰਪਿਊਟਰ ਕੋਰਸ ਲਈ ਦਾਖਲਾ ਸ਼ੁਰੂ



**ਜਲੰਧਰ ( ਸ਼ੈਲੀ ਐਲਬਰਟ)** ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਦਫਤਰ, ਜਲੰਧਰ ਵਿਖੇ ਚੱਲ ਰਹੇ ਸੈਨਿਕ ਇੰਸਟੀਚਿਊਟ ਆਫ ਮੈਨੇਜਮੈਂਟ ਐਂਡ ਟੈਕਨਾਲੋਜੀ, ਜਲੰਧਰ ਵਿਖੇ ਤਿੰਨ ਮਹੀਨਿਆਂ ਦੇ ਬੇਸਿਕ ਕੰਪਿਊਟਰ ਕੋਰਸ ਲਈ ਦਾਖਲਾ ਸ਼ੁਰੂ ਹੋ ਗਿਆ ਹੈ। ਇੰਸਟੀਚਿਊਟ ਦੇ ਡਾਇਰੈਕਟਰ-ਕਮ-ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਅਫਸਰ, ਜਲੰਧਰ ਲੈਫ. ਕਰਨਲ ਮਨਿੰਦਰ ਸਿੰਘ ਰੰਧਾਵਾ (ਰਿਟਾ) ਨੇ ਦੱਸਿਆ ਕਿ ਇਸ ਕੋਰਸ ਵਿੱਚ ਦਾਖਲਾ ਲੈਣ ਦੀ ਆਖਿਰੀ ਮਿਤੀ 20 ਜੁਲਾਈ 2023 ਹੈ ਜਦਕਿ ਘੱਟੋ-ਘੱਟ ਵਿੱਦਿਅਕ ਯੋਗਤਾ ਦੱਸਵੀਂ ਪਾਸ ਹੈ। ਉਨ੍ਹਾਂ ਅੱਗੇ ਦੱਸਿਆ ਕਿ ਇਸ ਕੋਰਸ ਲਈ ਸੇਵਾ ਕਰ ਰਹੇ ਸੈਨਿਕਾਂ/ਸਾਬਕਾ ਸੈਨਿਕਾਂ ਦੇ ਬੱਚਿਆਂ ਨੂੰ ਤਰਜੀਹ ਦਿੱਤੀ ਜਾਵੇਗੀ ਅਤੇ ਸਾਬਕਾ ਸੈਨਿਕਾਂ ਤੇ ਸਮਾਜ ਦੇ ਕਮਜ਼ੋਰ ਵਰਗਾਂ ਦੇ ਬੱਚਿਆਂ ਤੋਂ ਨਾਮਾਤਰ ਫੀਸ ਹੀ ਲਈ ਜਾਵੇਗੀ। ਇੰਸਟੀਚਿਊਟ ਦੇ ਪ੍ਰਿੰਸੀਪਲ ਡਾ. ਪਰਮਿੰਦਰ ਕੌਰ ਸੈਣੀ ਨੇ ਦੱਸਿਆ ਕਿ ਇਸ ਕੋਰਸ ਵਿੱਚ ਵਿਦਿਆਰਥੀਆਂ ਨੂੰ ਐਮਐਸ-ਆਫਿਸ (ਐਮਐਸ ਵਰਡ, ਐਮਐਸ ਐਕਸਲ, ਐਮਐਸ ਪਾਵਰ ਪੁਆਇੰਟ) ਪ੍ਰਿੰਟਿੰਗ, ਸਕੈਨਿੰਗ, ਈ-ਮੇਲਿੰਗ ਆਦਿ ਤੋਂ ਇਲਾਵਾ ਪੰਜਾਬੀ ਅਤੇ ਇੰਗਲਿਸ਼ ਟਾਈਪਿੰਗ ਵੀ ਸਿਖਾਈ ਜਾਵੇਗੀ। ਉਨ੍ਹਾਂ ਦੱਸਿਆ ਕਿ ਕੋਰਸ ਖਤਮ ਹੋਣ ਤੋਂ ਬਾਅਦ ਵਿਦਿਆਰਥੀਆਂ ਨੂੰ ਸਰਟੀਫਿਕੇਟ ਵੀ ਦਿੱਤਾ ਜਾਵੇਗਾ।

ਉਨ੍ਹਾਂ ਕਿਹਾ ਕਿ ਇਨ੍ਹਾਂ ਕੋਰਸਾਂ ਵਿੱਚ ਦਾਖਲੇ ਸਬੰਧੀ ਜਾਣਕਾਰੀ ਦਫਤਰ ਵਿੱਚੋਂ ਕਿਸੇ ਵੀ ਕੰਮਕਾਜ ਵਾਲੇ ਦਿਨ ਲਈ ਜਾ ਸਕਦੀ ਹੈ ਅਤੇ ਫੋਨ ਨੰਬਰ 0181-2452290,7696205657 ਅਤੇ 84279-68374 'ਤੇ ਸਵੇਰੇ 9 ਤੋਂ 4 ਵਜੇ ਤੱਕ ਸੰਪਰਕ ਕੀਤਾ ਜਾ ਸਕਦਾ ਹੈ।

## ਸਿਵਲ ਹਸਪਤਾਲ ਅੱਪਰਾ ਵੱਲੋਂ ਜੱਜਾ ਖੁਰਦ ਵਿਖੇ ਜਾਗਰੂਕਤਾ ਕੈਂਪ

**ਫਿਲੌਰ (ਨਿਰਮਲ)**-ਸਿਵਲ ਸਰਜਨ ਜਲੰਧਰ ਡਾ.ਰਮਨ ਕੁਮਾਰ ਸ਼ਰਮਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਐਸ.ਐਮ.ਓ ਮੈਡਮ ਭੁਪਿੰਦਰ ਕੌਰ ਦੀ ਅਗਵਾਈ ਹੇਠ ਗੁਰਨੇਕ ਲਾਲ ਹੈਲਥ ਸੁਪਰਵਾਈਜ਼ਰ ਅੱਪਰਾ ਵੱਲੋਂ ਜੱਜਾ ਖੁਰਦ ਵਿਖੇ ਮੌਸਮੀ ਬਿਮਾਰੀਆਂ ਜਿਵੇਂ ਡੇਂਗੂ ਬੁਖਾਰ, ਮਲੇਰੀਆਂ 'ਤੇ ਚਿਕਨਗੁਨੀਆ ਤੋਂ ਬਚਾਅ ਲਈ ਜਾਗਰੂਕਤਾ ਕੈਂਪ ਆਯੋਜਿਤ ਕੀਤਾ ਗਿਆ। ਇਸ ਮੌਕੇ ਹੈਲਥ ਸੁਪਰਵਾਈਜਰ ਗੁਰਨੇਕ ਲਾਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਮੌਸਮ ਦੌਰਾਨ ਹਰ ਵਿਅਕਤੀ ਨੂੰ ਸਫਾਈ 'ਤੇ ਖਾਣ ਪੀਣ ਵੱਲ ਧਿਆਨ ਦੇਣ ਦੀ ਜਰੂਰਤ ਹੈ ਅਤੇ ਸਾਦਾ ਖਾਣਾ 'ਤੇ ਘਰ 'ਚ ਪੱਕਿਆ ਖਾਣਾ ਹੀ ਖਾਣਾ ਚਾਹੀਦਾ ਹੈ।

ਇਸ ਮੌਕੇ ਗਗਨਦੀਪ ਕੌਰ ਸੀ.ਐਚ.ਓ ਮੈਡਮ ਹਿਨਾ ਸਰਮਾ ਏ ਐੱਨ ਐੱਮ, ਰਾਜਬੀਰ ਆਸ਼ਾ ਫੈਸੀਲੀਟੇਟਰ, ਮਨਜੀਤ ਕੌਰ, ਸੁਨੀਤਾ ਰਾਣੀ, ਬਲਵੀਰ ਕੌਰ, ਗੁਰਮੀਤ ਕੌਰ, ਸਰੋਜ ਰਾਣੀ ਆਸ਼ਾ ਵਰਕਰਜ ਵੀ ਹਾਜ਼ਰ ਸਨ।

# ਪੰਜਾਬ ਸਰਕਾਰ ਦਾ ਪੇਂਡੂ ਜਲ ਸਪਲਾਈ ਸਕੀਮਾਂ ਦੇ ਪੰਚਾਇਤੀਕਰਨ ਵੱਲ ਇੱਕ ਹੋਰ ਕਦਮ

**ਕਾਲਾ ਸੰਘਿਆਂ (ਮਨਜੀਤ ਮਾਨ)** ਕੇਂਦਰ ਤੇ ਪੰਜਾਬ ਸਰਕਾਰ ਵੱਲੋਂ ਪੀਣ ਵਾਲੇ ਪਾਣੀ ਦੀ ਬੁਨਿਆਦੀ ਸਹੂਲਤਾਂ ਸੰਬੰਧੀ ਤੋਂ ਆਪਣੀ ਸੰਵਿਧਾਨਿਕ ਜਿੰਮੇਵਾਰੀ ਤੋਂ ਲਗਾਤਾਰ ਪਿੱਛੇ ਹੱਟ ਰਹੀ ਹੈ। ਵਿਕੇਂਦਰੀਕਰਨ, ਪੰਚਾਇਤੀ ਕਰਨ, ਨਵੀਨੀਕਰਨ ਦੇ ਨਾ ਹੇਠ 'ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਦਾ ਅਕਾਰ ਘਟਾਈ, ਢਾਂਚਾ ਢਲਾਈ, ਪੁਨਰਗੰਠਨ ਆਦਿ ਕਰਕੇ ਖਤਮ ਕਰਨ ਵੱਲ ਵੱਧ ਰਹੀ ਹੈ। 2024-25 ਤੱਕ ਵੱਡੀ ਗਿਣਤੀ 'ਚ ਰੈਗੂਲਰ ਮੁਲਜ਼ਮਾਂ ਦੀ ਸੇਵਾ ਮੁਕਤੀ ਹੋਣ ਕਾਰਨ, ਸਿਰਫ਼ ਉਂਗਲਾਂ ਤੇ ਗਿਣਤੀ ਕਰਨਯੋਗ ਹੀ ਰੈਗੂਲਰ ਮੁਲਾਜ਼ਮ ਰਹਿ ਜਾਣਗੇ ਜਾਂ ਆਉਟਸੋਰਸ-ਇੰਨਲਿਸਟਮੈਂਟ ਨੀਤੀ ਤਹਿਤ ਠੇਕਾ ਕਾਮੇ ਹੋਣਗੇ। ਪਰੰਤੂ ਪੇਂਡੂ ਵਿਕਾਸ ਅਤੇ ਪੰਚਾਇਤੀ ਵਿਭਾਗ ਵੱਲੋਂ ਜਾਰੀ ਪੱਤਰ ਮੁਤਾਬਕ ਪੇਂਡੂ ਜਲ ਸਪਲਾਈ ਸਕੀਮਾਂ ਨੂੰ ਅਪਣੇ ਅਧੀਨ ਲੈਣ ਦੀ ਤਿਆਰੀ ਕਰ ਚੁੱਕੀ ਹੈ। ਜਲ ਸਪਲਾਈ ਅਤੇ ਸੈਨੀਟੇਸ਼ਨ ਵਰਕਰਜ ਯੂਨੀਅਨ (ਰਜਿ:ਨੰ.26) ਦੇ ਸੂਬਾ ਪ੍ਰਧਾਨ ਜਸਵੀਰ ਸਿੰਘ ਸੀਰਾ, ਆਊਟਸੋਰਸਿਗ ਜਲ ਸਪਲਾਈ ਅਤੇ ਸੈਨੀਟੇਸਨ ਵਰਕਰ ਯੂਨੀਅਨ (ਰਜਿ) ਪੰਜਾਬ ਦੇ ਸੂਬਾ ਪ੍ਰਧਾਨ ਸਰਬਜੀਤ ਸਿੰਘ ਭੁੱਲਰ, ਨੇ ਦੱਸਿਆ ਕਿ ਵਿਭਾਗ ਪਹਿਲਾਂ ਹੀ ਸਰਕਾਰੀ ਹਸਪਤਾਲਾਂ, ਕਾਲਜਾਂ, ਪੁਲੀਸ ਲਾਈਨਾਂ, ਆਈ.ਟੀ.ਆਈਆਂ, ਕਲੋਨੀਆਂ ਦੀਆਂ ਸਪਲਾਈਆਂ ਵਿਭਾਗ ਤੋਂ ਖੋਹ ਲਈਆਂ ਗਈਆਂ ਹਨ ਅਤੇ ਨਹਿਰੀ ਪਾਣੀ ਦੀ ਆੜ੍ਹ ਹੇਠ ਪਾਣੀ ਦੀ ਸਪਲਾਈ ਦਾ ਕੰਮ ਕੰਪਨੀਆਂ ਹਵਾਲੇ ਕੀਤਾ ਜਾ ਰਿਹਾ ਹੈ। ਵਿਭਾਗ ਤੇ ਪੰਚਾਇਤਾਂ ਅਧੀਨ 9700 ਦੇ ਲੱਗਭਗ ਜਲ ਘਰ ਹਨ। ਇਨ੍ਹਾਂ ਦੱਸਿਆ ਕਿ ਜਲ ਸਪਲਾਈ ਸਕੀਮਾਂ 'ਤੇ ਚੱਲ ਰਿਹਾ ਸੰਸਾਰ ਬੈਂਕ (ਵਰਲਡ ਬੈਂਕ) ਦਾ ਪ੍ਰੋਜੈਕਟ ਦਾ ਕੰਮ 31 ਮਾਰਚ 2023 ਨੂੰ ਮੁਕੰਮਲ ਖਤਮ ਹੋ ਚੁੱਕਾ ਹੈ। ਇਸ ਤੋਂ ਇਲਾਵਾ ਸਕੀਮਾਂ ਤੇ ਇੱਕਠੇ ਹੁੰਦੇ ਰੈਵੀਨਿਊ ਦਾ ਅਧਿਕਾਰ ਜੋ ਪਹਿਲਾਂ ਡਵੀਜ਼ਨ ਪੱਧਰ ਦੇ ਅਧਿਕਾਰੀਆਂ ਕੋਲ ਸੀ ਹੁਣ ਐਚ.ਓ.ਡੀ. (ਵਿਭਾਗੀ ਮੁੱਖੀ) ਅਧੀਨ ਚਲਾ ਗਿਆ ਹੈ। ਜਿਸ ਕਾਰਨ ਸਕੀਮਾਂ ਦੀ ਰਿਪੇਅਰ ਤੇ ਰੱਖ-ਰਖਾਵ ਦਾ ਕੰਮ ਆਖਰੀ ਸਾਹਾਂ 'ਤੇ ਹੈ ਅਤੇ ਪੇਂਡੂ ਜਲ ਨੂੰ ਵੈਨਟੀਲੇਟਰ ਤੇ ਰੱਖ ਦਿੱਤਾ ਹੈ। ਇਨ੍ਹਾਂ ਕਿਹਾ ਕਿ ਵਿਭਾਗੀ ਮੁੱਖੀ ਠੇਕਾ ਕਾਮਿਆਂ ਦੀਆਂ ਜੱਥੇਬੰਦੀਆਂ ਨਾਲ ਲਗਾਤਾਰ ਮੀਟਿੰਗਾ ਕਰਕੇ ਪੰਚਾਇਤੀਕਰਨ ਵਿਰੁੱਧ ਸਘੰਰਸ਼ਾਂ ਦਾ ਭਾਰ ਤੋਲ ਰਹੇ ਹਨ ਅਤੇ ਨਾਲ-ਨਾਲ ਠੇਕਾ ਕਾਮਿਆਂ ਨੂੰ ਰੈਗੂਲਰ ਕਰਨ ਲਈ ਸੰਜੀਵਨੀ ਬੂਟੀ 'ਪ੍ਰਪੋਜ਼ਲ' ਨੂੰ ਕਾਮਿਆਂ ਦੇ ਪੱਖ ਵਿੱਚ ਸਰਕਾਰ ਨੂੰ ਭੇਜਣ ਦੇ ਦੀਆਂ ਗੋਲ ਮਟੋਲ ਅਤੇ ਦੋਗਲੀਆਂ ਗੱਲਾਂ ਕਰ ਰਹੇ ਹਨ ਅਤੇ ਠੇਕਾ ਮੁਲਾਜ਼ਮਾਂ ਨਾਲ ਮੀਟਿੰਗਾਂ ਦੌਰਾਨ ਇੰਝ ਫੋਟੋਆਂ ਖਿਚਾ ਰਹੇ ਹਨ ਜਿਵੇਂ ਕੁਝ ਹੀ ਦਿਨਾਂ ਵਿਚ ਪੱਕੇ ਕਰਨ ਦੇ ਪੱਤਰ ਠੇਕਾ ਕਮਿਆ ਦੇ ਹੱਥਾਂ ਵਿੱਚ ਦੇ ਦੇਣੇ ਹਨ। ਦੂਜੇ ਪਾਸੇ ਸਰਕਾਰ ਨੂੰ ਇਹ ਕਹਿ ਰਹੇ ਹਨ ਕਿ 87% ਠੇਕਾ ਕਾਮੇ ਪੋਸਟਾਂ ਦੀ ਯੋਗਤਾ ਪੂਰੀ ਨਹੀਂ ਕਰਦੇ। ਜਦੋਂ ਕਿ ਇਹ ਠੇਕਾ ਮੁਲਾਜ਼ਮ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਦੇ ਹੀ ਇਨ੍ਹਾਂ ਅਫਸਰਾਂ ਵੱਲੋਂ ਹੀ ਸਮੇਂ ਸਮੇਂ ਤੇ ਲੋੜ ਪੈਣ ਤੇ ਬਿਨ੍ਹਾਂ ਕਿਸੇ ਸ਼ਰਤ ਤਹਿਤ ਭਰਤੀ ਕੀਤੇ ਗਏ ਹਨ। ਇਨ੍ਹਾਂ ਦੱਸਿਆ ਕਿ ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ ਦੇ ਪੱਤਰ ਮੁਤਾਬਿਕ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਪਿੰਡਾ ਦੇ ਹੀ 20,000 ਨੌਜਵਾਨਾਂ ਨੂੰ ਪੰਪ ਉਪਰੇਟਰ, ਫਿਟਰ, ਪੰਲਬਰ, ਮੋਟਰ ਮਕੈਨੀਕਲ, ਇਲੈਕਟ੍ਰੀਸ਼ਨ, ਸੋਲਰ ਪਲਾਂਟ ਦੀ 48 ਘੱਟਿਆਂ ਦੀ ਟ੍ਰੇਨਿੰਗ ਦੇਵੇਗਾ।

# ਜਾਖੜ ਦੇ ਪੰਜਾਬ ਪ੍ਰਧਾਨ ਬਣਨ ਨਾਲ ਭਾਜਪਾ ਨੂੰ ਲੋਕ ਸਭਾ ਚੋਣਾਂ 'ਚ ਮਿਲੇਗਾ ਫਾਇਦਾ-ਸੁਨੀਲ ਚਮ

**ਫਗਵਾੜਾ (ਰਮਨ ਸ਼ਰਮਾ)** ਭਾਜਪਾ ਦੀ ਕੌਮੀ ਲੀਡਰਸ਼ਿਪ ਵੱਲੋਂ ਸੁਨੀਲ ਜਾਖੜ ਨੂੰ ਪੰਜਾਬ ਭਾਜਪਾ ਦਾ ਸੂਬਾ ਪ੍ਰਧਾਨ ਥਾਪੇ ਜਾਣ ਦਾ ਸਵਾਗਤ ਕਰਦਿਆਂ ਸੀਨੀਅਰ ਭਾਜਪਾ ਆਗੂ ਅਤੇ ਫਗਵਾੜਾ ਇੰਪਰੂਵਮੈਂਟ ਟਰੱਸਟ ਦੇ ਸਾਬਕਾ ਚੇਅਰਮੈਨ ਸੁਨੀਲ ਚਮ ਨੇ ਕਿਹਾ ਕਿ ਪਾਰਟੀ ਦਾ ਇਹ ਬਹੁਤ ਹੀ ਸਿਆਣਪ ਵਾਲਾ ਕਦਮ ਹੈ। ਕਿਉਂਕਿ ਸੁਨੀਲ ਜਾਖੜ ਦਾ ਅਕਸ ਪੰਜਾਬ ਦੇ ਸਾਰੇ ਵਰਗਾਂ ਵਿੱਚ ਇੱਕ ਸਮਝਦਾਰ, ਇਮਾਨਦਾਰ ਅਤੇ ਨਿਮਾਣੇ ਸੁਭਾਅ ਵਾਲੇ ਆਗੂ ਦਾ ਹੈ। ਉਨ੍ਹਾਂ ਦੀ ਨਿਯੁਕਤੀ ਦੇ ਸਾਰਥਕ ਨਤੀਜੇ ਅਗਲੇ ਸਾਲ ਲੋਕ ਸਭਾ ਚੋਣਾਂ ਵਿੱਚ ਸਾਫ਼ ਨਜ਼ਰ ਆਉਣਗੇ। ਭਾਜਪਾ ਦੀ ਤਰਜੀਹ ਸੱਤਾ ਭੋਗਣਾ ਨਹੀਂ ਸਗੋਂ ਸੂਝਵਾਨ ਲੀਡਰਾਂ ਨੂੰ ਦੇਸ਼ ਦੀ ਸੇਵਾ ਦਾ ਮੌਕਾ ਪ੍ਰਦਾਨ ਕਰਨਾ ਹੈ। ਜਿਸ ਦੀ ਮਿਸਾਲ ਦੇਸ਼ ਦੀ ਪਹਿਲੀ ਮਹਿਲਾ ਰੱਖਿਆ ਮੰਤਰੀ ਅਤੇ ਮੌਜੂਦਾ ਵਿੱਤ ਮੰਤਰੀ ਨਿਰਮਲਾ ਸੀਤਾਰਮਨ, ਅਸਾਮ ਦੇ ਮੁੱਖ ਮੰਤਰੀ ਹੇਮੰਤ ਬਿਸਵਾ ਸ਼ਰਮਾ, ਕੇਂਦਰੀ ਮੰਤਰੀ ਜਯੋਤਿਰਾਦਿੱਤਿਆ ਸਿੰਧੀਆ ਤੋਂ ਇਲਾਵਾ ਮਹਾਰਾਸ਼ਟਰ ਦੇ ਮੁੱਖ ਮੰਤਰੀ ਏਕਨਾਥ ਸ਼ਿੰਦੇ ਅਤੇ ਹਾਲ ਹੀ ਵਿੱਚ ਭਾਜਪਾ ਨਾਲ ਐਨ.ਡੀ.ਏ. ਦਾ ਹਿੱਸਾ ਬਣੇ ਅਜੀਤ ਪਵਾਰ ਦੇ ਰੂਪ 'ਚ ਸਾਹਮਣੇ ਹੈ ਜਿਨ੍ਹਾਂ ਨੂੰ ਮਹਾਰਾਸ਼ਟਰ 'ਚ ਭਾਜਪਾ ਨਾਲੋਂ ਬਹੁਤ ਘੱਟ ਵਿਧਾਇਕ ਹੋਣ ਦੇ ਬਾਵਜੂਦ ਮੁੱਖ ਮੰਤਰੀ ਅਤੇ ਉਪ ਮੁੱਖ ਮੰਤਰੀ ਵਜੋਂ ਸੇਵਾ ਕਰਨ ਦਾ ਮੌਕਾ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਭਾਜਪਾ ਨੇ ਹਮੇਸ਼ਾ ਵਿਰੋਧੀ ਪਾਰਟੀਆਂ ਦੇ ਸੂਝਵਾਨ ਆਗੂਆਂ ਨੂੰ ਆਪਣੇ ਟਕਸਾਲੀ ਕਾਡਰ ਵਾਂਗੂ ਸਤਿਕਾਰ ਦਿੱਤਾ ਹੈ। ਭਾਜਪਾ ਉਹ ਸਿਆਸੀ ਮੰਚ ਹੈ ਜਿੱਥੇ ਦੇਸ਼ ਨੂੰ ਪਿਆਰ ਕਰਨ ਵਾਲੇ ਹਰ ਸਾਫ਼-ਸੁਥਰੇ ਅਕਸ ਦੇ ਨੇਤਾ ਨੂੰ ਦੇਸ਼ ਦੇ ਵਿਕਾਸ ਵਿੱਚ ਯੋਗਦਾਨ ਪਾਉਣ ਅਤੇ ਸਮਾਜ ਨੂੰ ਇੱਕਜੁੱਟ ਕਰਨ ਦਾ ਪੂਰਾ ਮੌਕਾ ਮਿਲਦਾ ਹੈ। ਸੁਨੀਲ ਚਮ ਨੇ ਦਾਅਵੇ ਨਾਲ ਕਿਹਾ ਕਿ ਸੁਨੀਲ ਜਾਖੜ ਦੇ ਪੰਜਾਬ ਪ੍ਰਧਾਨ ਬਣਨ ਤੋਂ ਬਾਅਦ ਆਉਣ ਵਾਲੇ ਸਮੇਂ ਵਿੱਚ ਪੰਜਾਬ ਦੀ ਰਾਜਨੀਤੀ ਵਿੱਚ ਵੱਡੀ ਤਬਦੀਲੀ ਆਵੇਗੀ ਅਤੇ ਪੰਜਾਬ ਦੇ ਕਈ ਹੋਰ ਵੱਡੇ ਆਗੂ ਵੱਖ ਵੱਖ ਪਾਰਟੀਆਂ ਨੂੰ ਅਲਵਿਦਾ ਆਖਦੇ ਹੋਏ ਦੇਸ਼ ਦੀ ਤਰੱਕੀ 'ਚ ਆਪਣਾ ਯੋਗਦਾਨ ਪਾਉਣ ਤੇ ਪੰਜਾਬ ਨੂੰ ਮੁੜ ਖੁਸ਼ਹਾਲ ਬਣਾਉਣ ਦੀ ਮੁਹਿਮ ਦਾ ਹਿੱਸਾ ਬਣਨ ਲਈ ਭਾਜਪਾ 'ਚ ਸ਼ਾਮਲ ਹੋਣਗੇ।

## ਹਰੇਕ ਬੱਚੇ ਨੂੰ ਵਿਕਾਸ ਲਈ ਦੇਖਭਾਲ ਤੇ ਸਹੀ ਵਾਤਾਵਰਣ ਦੀ ਲੋੜ : ਡਾ. ਬਲਜੀਤ ਕੌਰ

**ਚੰਡੀਗੜ੍ਹ ( ਗੁਰਜੀਤ ਬਿੱਲਾ )**- ਸਮਾਜਿਕ ਸੁਰੱਖਿਆ, ਮਹਿਲਾ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਦੀ ਪ੍ਰਧਾਨਗੀ ਹੇਠ ਸੂਬੇ ਵਿੱਚ ਅਰਲੀ ਚਾਈਲਡਹੁੱਡ ਕੇਅਰ ਐਂਡ ਐਜੂਕੇਸ਼ਨ (ਈ.ਸੀ.ਸੀ.ਈ.) ਨੀਤੀ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਲਈ ਸਿੱਖਿਆ ਵਿਭਾਗ ਨਾਲ ਆਪਣੇ ਦਫ਼ਤਰ ਪੰਜਾਬ ਸਿਵਲ ਸਕੱਤਰੇਤ, ਚੰਡੀਗੜ੍ਹ ਵਿਖੇ ਅਹਿਮ ਮੀਟਿੰਗ ਕੀਤੀ ਗਈ। ਡਾ. ਨੇ ਦੱਸਿਆ ਕਿ 0-6 ਸਾਲ ਦਾ ਸਮਾਂ ਹਰੇਕ ਬੱਚੇ ਲਈ ਬਹੁਤ ਮਹੱਤਵਪੂਰਨ ਹੁੰਦਾ ਹੈ ਜਦੋਂ ਉਸ ਨੂੰ ਸਰੀਰਕ, ਭਾਵਨਾਤਮਕ, ਮਨੋਵਿਗਿਆਨਕ ਅਤੇ ਸਮਾਜਿਕ ਸਹਾਇਤਾ ਦੀ ਸਭ ਤੋਂ ਵੱਧ ਲੋੜ ਹੁੰਦੀ ਹੈ ਕਿਉਂਕਿ ਇਹ ਉਨ੍ਹਾਂ ਦੇ ਭਵਿੱਖ ਦੀ ਨੀਂਹ ਰੱਖਦਾ ਹੈ। ਇਸ ਸੰਦਰਭ ਵਿੱਚ, ਈ.ਸੀ.ਸੀ.ਈ. ਇੱਕ ਸੁਰੱਖਿਆਤਮਕ ਵਾਤਾਵਰਣ ਵਿੱਚ ਸਿਹਤ ਸੰਭਾਲ, ਪੋਸ਼ਣ, ਪਲੇ ਵੇਅ ਅਤੇ ਸ਼ੁਰੂਆਤੀ ਸਿੱਖਣ ਦੇ ਪਹਿਲੂਆਂ 'ਤੇ ਜ਼ੋਰ ਦਿੰਦਾ ਹੈ ਜੋ ਬੱਚਿਆਂ ਦੇ ਸਰਵਪੱਖੀ ਵਿਕਾਸ ਲਈ ਬੇਹੱਦ ਲਾਹੇਵੰਦ ਹੈ। ਉਨ੍ਹਾਂ ਕਿਹਾ ਕਿ ਨਵੀਂ ਸਿੱਖਿਆ ਨੀਤੀ, 2020 ਦੇ ਮੱਦੇਨਜ਼ਰ ਰਾਜ ਦੀ ਈਸੀਸੀਈ ਨੀਤੀ ਵਿੱਚ ਲੋੜੀਂਦੀਆਂ ਤਬਦੀਲੀਆਂ ਕਰਨ ਲਈ ਸਿੱਖਿਆ ਵਿਭਾਗ ਅਤੇ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਵਿਭਾਗ ਦੀ ਲੋੜੀਂਦੀਆਂ ਸੋਧਾਂ ਕਰਨ ਉਪਰੰਤ ਅਪਡੇਟ ਨੀਤੀ 31 ਜੁਲਾਈ, 2023 ਤੱਕ ਤਿਆਰ ਕੀਤੀ ਜਾਣੀ ਹੈ। ਇਸ ਮੌਕੇ ਵਧੀਕ ਮੁੱਖ ਸਕੱਤਰ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਸ੍ਰੀਮਤੀ ਰਾਜੀ ਪੀ. ਸ੍ਰੀਵਾਸਤਵਾ, ਡਾਇਰੈਕਟਰ ਸ੍ਰੀਮਤੀ ਮਾਧਵੀ ਕਟਾਰੀਆ, ਡੀ.ਪੀ.ਓ ਅਮਰਜੀਤ ਸਿੰਘ, ਸੁਖਜੀਤ ਸਿੰਘ ਅਤੇ ਸਿੱਖਿਆ ਵਿਭਾਗ ਦੇ ਨੁਮਾਇੰਦੇ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

# ਸਿਲਵਰ ਓਕ ਸਕੂਲ 'ਚ ਸਵਿਮਿੰਗ ਪੂਲ ਦਾ ਬੱਚਿਆਂ ਨੇ ਮਾਣਿਆ ਆਨੰਦ



**ਟਾਂਡਾ ਉੜਮੁੜ ( ਉਂਕਾਰ ਸਿੰਘ ਜਸਵਿੰਦਰ )**- ਇਲਾਕੇ ਦੀ ਪ੍ਰਮੁੱਖ ਸਿੱਖਿਆ ਸੰਸਥਾਂ ਸਿਲਵਰ ਓਕ ਇੰਟਰਨੈਨਲ ਸੀਨੀਅਰ ਸੈਕੰਡਰੀ ਸਕੂਲ ਸ਼ਾਹਬਾਜਪੁਰ ਵਿੱਚ ਗਰਮੀ ਦੀਆਂ ਛੁੱਟੀਆਂ ਕੱਟ ਕੇ ਸਕੂਲ ਪਰਤੇ ਛੋਟੇ ਛੋਟੇ ਬੱਚਿਆਂ ਨੇ ਸਕੂਲ ਵਿੱਚ ਬਣੇ ਨਵੇਂ ਆਧੁਨਿਕ ਤਕਨੀਕ ਵਾਲੇ ਸਵੀਮਿੰਗ ਪੂਲ ਵਿੱਚ ਆਪਣੇ ਅਧਿਆਪਕਾਂ ਸਮੇਤ ਪੂਲ ਪਾਰਟੀ ਦਾ ਆਨੰਦ ਮਾਣਿਆ। ਸੰਸਥਾ ਦੇ ਚੇਅਰਮੈਨ ਤਰਲੋਚਨ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਹੇਠ ਪ੍ਰਿੰਸੀਪਲ ਮੁਨੀਸ਼ਾ ਸੰਗਰ ਦੀ ਅਗਵਾਈ ਵਿੱਚ ਇਹ ਪੂਲ ਪਾਰਟੀ ਆਯੋਜਿਤ ਕੀਤੀ ਗਈ।

ਜ਼ਿਕਰਯੋਗ ਸਕੂਲ ਦੇ ਵਿੱਚ ਆਧੁਨਿਕ ਤਕਨੀਕ ਨਾਲ ਤਿਆਰ ਕੀਤੇ ਗਏ ਪ੍ਰੋਫੈਸ਼ਨਲ ਸਵੀਮਿੰਗ ਪੂਲ ਦਾ ਉਦਘਾਟਨ ਚੇਅਰਮੈਨ ਤਰਲੋਚਨ ਸਿੰਘ ਨੇ ਕੀਤਾ। ਉਹਨਾਂ ਦੱਸਿਆ ਕਿ ਸਿਲਵਰ ਓਕ ਸਕੂਲ ਦੇ ਵਿੱਚ ਜਿੱਥੇ ਇੰਟਰਨੈਸ਼ਨਲ ਲੈਵਲ ਦੀਆਂ ਗਰਾਉਂਡਾਂ ਵਿਚ ਬੱਚਿਆਂ ਦੇ ਖੇਡਾਂ ਦੀ ਤਿਆਰੀ ਕਰਵਾਈ ਜਾਂਦੀ ਹੈ, ਉੱਥੇ ਹੀ ਅੱਜ ਤੋਂ ਬੱਚਿਆਂ ਨੂੰ ਪ੍ਰੋਫੈਸ਼ਨਲ ਤੌਰ 'ਤੇ ਤੈਰਾਕੀ ਦੀ ਸਿੱਖਿਆ ਵੀ ਦਿੱਤੀ ਜਾਵੇਗੀ। ਪ੍ਰਿੰਸੀਪਲ ਮੁਨੀਸ਼ਾ ਸੰਗਰ ਨੇ ਦੱਸਿਆ ਤੈਰਾਕੀ ਦੀ ਸਿਖਲਾਈ ਵਾਲੇ ਪ੍ਰੋਫੈਸ਼ਨਲ ਪੂਲ ਦੇ ਨਾਲ-ਨਾਲ ਬੱਚਿਆਂ ਲਈ ਇੱਕ ਅਲੱਗ ਵਾਟਰ ਐਕਟੀਵਿਟੀ ਪੂਲ ਵੀ ਤਿਆਰ ਕੀਤਾ ਗਿਆ ਹੈ, ਜਿੱਥੇ ਕਿ ਛੋਟੀ ਉਮਰ ਦੇ ਬੱਚੇ ਪਾਣੀ ਖੇਡਾਂ ਦਾ ਆਨੰਦ ਉਠਾ ਸਕਦੇ ਹਨ ਅਤੇ ਨਾਲ ਹੀ ਸਾਡੇ ਇਲਾਕੇ ਦੇ ਬੱਚੇ ਤੈਰਾਕੀ ਦੀ ਸਿੱਖਿਆ ਵੀ ਹਾਸਿਲ ਕਰ ਸਕਣਗੇ

ਇਸ ਮੌਕੇ 'ਤੇ ਗਜਿੰਦਰ ਪਾਲ ਸਿੰਘ, ਤਰਨ ਸੈਣੀ, ਬਿਕਰਮਜੀਤ ਸਿੰਘ ਭੇਲਾ, ਸੰਜੀਵ ਕੁਮਾਰ ਸ਼ਰਮਾ, ਅਮਰਜੀਤ ਕੌਰ ਸੈਣੀ, ਜਗਬੰਧਨ ਸਿੰਘ, ਪਰਮਜੀਤ ਕੌਰ, ਰਾਜਵੀਰ ਕੌਰ, ਗੁਰਪ੍ਰੀਤ, ਵਿਸ਼ਾਲੀ, ਬਲਜੀਤ, ਕੰਚਨ, ਪੂਜਾ, ਸ਼ਵੇਤਾ, ਰੁਪਿੰਦਰ, ਪਰਵੀਨ, ਹਰਜੀਤ, ਕੁਲਵਿੰਦਰ, ਪਰਮਿੰਦਰ ਅਤੇ ਬਾਕੀ ਸਟਾਫ਼ ਵੀ ਮੌਜੂਦ ਸੀ।

# ਸਿਵਲ ਹਸਪਤਾਲ ਵਿਖੇ ਅਨੰਦ ਦਸਤ ਰੋਕੂ ਪੰਦਰਵਾੜਾ ਸੰਬੰਧੀ ਮੀਟਿੰਗ



**ਟਾਂਡਾ ਉੜਮੁੜ, (ਜਸਵਿੰਦਰ ਸੰਧੂ, ਉਂਕਾਰ ਸਿੰਘ )**- ਸਿਵਲ ਸਰਜਨ ਡਾ: ਬਲਵਿੰਦਰ ਕੁਮਾਰ ਦੇ ਦਿਸ਼ਾ ਨਿਰਦੇਸ਼ਾਂ ਅਤੇ ਸੀਨੀਅਰ ਮੈਡੀਕਲ ਅਫਸਰ ਡਾ: ਕਰਨ ਕੁਮਾਰ ਸੈਣੀ ਦੀ ਅਗਵਾਈ ਹੇਠ ਸੀ.ਐਚ.ਸੀ ਟਾਂਡਾ ਵਿਖੇ ਇਨਟੈਂਸੀਫਾਇਡ ਦਸਤ ਰੋਕੂ ਪੰਦਰਵਾੜਾ ਮਨਾਇਆ ਜਾ ਰਿਹਾ ਹੈ। ਇਸ ਸਬੰਧੀ ਕਰਵਾਈ ਗਈ ਬਲਾਕ ਪੱਧਰੀ ਟ੍ਰੇਨਿੰਗ ਵਿੱਚ ਜਾਣਕਾਰੀ ਦਿੰਦਿਆਂ ਡਾ: ਕਰਨ ਕੁਮਾਰ ਸੈਣੀ ਨੇ ਦੱਸਿਆ ਕਿ ਇਸ ਪੰਦਰਵਾੜੇ ਦੌਰਾਨ ਆਸ਼ਾ ਵਰਕਰਾਂ ਵਲੋਂ ਘਰ ਘਰ ਜਾ ਕੇ 0 ਤੋਂ 5 ਸਾਲ ਦੇ ਬੱਚਿਆਂ ਨੂੰ ਦਸਤ ਰੋਕੂ ਘੋਲ ਦਿੱਤਾ ਜਾਵੇਗਾ। ਉਹਨਾਂ ਦੱਸਿਆ ਕਿ ਇਸ ਤਹਿਤ ਬਲਾਕ ਦੇ 9800 ਤੋਂ ਉੱਪਰ ਬੱਚਿਆਂ ਨੂੰ ਕਵਰ ਕੀਤਾ ਜਾਵੇਗਾ। ਉਹਨਾਂ ਦੱਸਿਆ ਕਿ ਸਰਕਾਰ ਵਲੋਂ ਇਹ ਪ੍ਰੋਗਰਾਮ ਸ਼ੁਰੂ ਕਰਨ ਦਾ ਮਕਸਦ ਡਾਇਰਿਏ ਨਾਲ ਬੱਚਿਆਂ ਦੀ 0 ਪ੍ਰਤੀਸ਼ਤ ਮੌਤ ਦਰ ਕਰਨਾ ਹੈ। ਉਹਨਾਂ ਨੇ ਸਮੂਹ ਸਟਾਫ ਨੂੰ ਹਦਾਇਤ ਕੀਤੀ ਕਿ ਉਹ ਬੱਚਿਆਂ ਨੂੰ ਹੱਥਾਂ ਦੀ ਸਫਾਈ ਦੇ ਤਰੀਕੇ ਅਤੇ ਫਾਇਦਿਆਂ ਸਬੰਧੀ ਵੱਧ ਤੋਂ ਵੱਧ ਜਾਗਰੂਕ ਕਰਨ । ਇਸ ਮੌਕੇ ਹੋਰਨਾਂ ਤੋਂ ਇਲਾਵਾ ਡਾ: ਕਰਤਾਰ ਸਿੰਘ , ਡਾ: ਸ਼ਗੁਨ, ਡਾ: ਵਿਕਰਮਜੀਤ ਸਿੰਘ, ਡਾ: ਬਲਜੀਤ ਕੌਰ, ਡਾ: ਪ੍ਰੀਤ ਕੰਵਲ ਕੌਰ, ਡਾ: ਮੀਨਾਕਸ਼ੀ ਸੈਣੀ, ਅਵਤਾਰ ਸਿੰਘ ਬੀ.ਈ.ਈ,ਕਮਲਜੀਤ ਕੌਰ ਐਲ.ਐਚ.ਵੀ, ਬਲਰਾਜ ਸਿੰਘ ਸੀਨੀਅਰ ਫਾਰਮੇਸੀ ਅਫਸਰ, ਗੁਰਜੀਤ ਸਿੰਘ, ਰੰਜੀਵਪਾਲ ਸਿੰਘ , ਸ਼ਵਿੰਦਰ ਸਿੰਘ, ਵਿਨੋਦ ਕੁਮਾਰ ,ਗੁਰਪ੍ਰੀਤ ਸਿੰਘ ਆਦਿ ਹਾਜਰ ਸਨ ।

## ਲੋਕ ਸਭਾ ਮੈਂਬਰ ਵੱਲੋਂ 6000 ਵਿਦਿਆਰਥਣਾਂ ਨੂੰ ਵਿੱਤੀ ਸਹਾਇਤਾ ਰਾਸ਼ੀ ਵੰਡਣ ਦੀ ਸ਼ੁਰੂਆਤ



**ਜਲੰਧਰ (ਸ਼ੈਲੀ ਐਲਬਰਟ)**- ਲੜਕੀਆਂ ਨੂੰ ਉਚੇਰੀ ਸਿੱਖਿਆ ਵਿੱਚ ਮਦਦ ਕਰਨ ਦੇ ਉਦੇਸ਼ ਨਾਲ ਲੋਕ ਸਭਾ ਮੈਂਬਰ ਸੁਸ਼ੀਲ ਕੁਮਾਰ ਰਿੰਕੂ ਨੇ ਪ੍ਰਵਾਸੀ ਭਾਰਤੀ ਪ੍ਰਮੋਦ ਮਹਿੰਦੀਰੱਤਾ ਦੇ ਸਹਿਯੋਗ ਨਾਲ ਜ਼ਿਲ੍ਹੇ ਦੀਆਂ 10ਵੀਂ ਅਤੇ 12ਵੀਂ ਜਮਾਤ ਵਿੱਚ ਪੜ੍ਹਦੀਆਂ ਵਿਦਿਆਰਥਣਾਂ ਨੂੰ ਵਿੱਤੀ ਸਹਾਇਤਾ ਰਾਸ਼ੀ ਪ੍ਰਦਾਨ ਕਰਨ ਦੀ ਸ਼ੁਰੂਆਤ ਕਰਦਿਆਂ ਹੋਰਨਾਂ ਨੂੰ ਵੀ ਅਜਿਹੇ ਨੇਕ ਉਪਰਾਲੇ ਕਰਨ ਦਾ ਸੱਦਾ ਦਿੱਤਾ। ਪ੍ਰਵਾਸੀ ਭਾਰਤੀ ਪ੍ਰਮੋਦ ਮਹਿੰਦੀਰੱਤਾ ਦੇ ਭਰਾ ਰਵਿੰਦਰ ਮਹਿੰਦੀਰੱਤਾ ਤੇ ਸਹਿਯੋਗੀ ਮਦਦ ਲਾਲ ਸਮੇਤ ਇਸ ਨੇਕ ਕਾਰਜ ਦਾ ਆਗਾਜ਼ ਕਰਦਿਆਂ ਸੰਸਦ ਮੈਂਬਰ ਨੇ ਦੱਸਿਆ ਕਿ 6000 ਵਿਦਿਆਰਥਣਾਂ ਨੂੰ ਇਹ ਵਿੱਤੀ ਸਹਾਇਤਾ ਮੁਹੱਈਆ ਕਰਵਾਈ ਜਾਵੇਗੀ, ਜਿਸ ਦਾ ਸ਼ੁੱਭ ਆਰੰਭ ਬਸਤੀ ਦਾਨਿਸ਼ਮੰਦਾਂ ਤੋਂ ਵਿਦਿਆਰਥਣਾਂ ਨੂੰ ਇਹ ਰਾਸ਼ੀ ਪ੍ਰਦਾਨ ਕਰਕੇ ਕੀਤਾ ਗਿਆ ਹੈ। ਆਸਟਰੀਆ ਨਾਲ ਸਬੰਧਤ ਐਨ.ਆਰ.ਆਈ. ਵੱਲੋਂ ਕੀਤੇ ਗਏ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਮੈਂਬਰ ਪਾਰਲੀਮੈਂਟ ਨੇ ਕਿਹਾ ਕਿ ਇਹ ਕਦਮ ਹੋਰਨਾਂ ਲਈ ਰਾਹ ਦਸੇਰਾ ਸਾਬਿਤ ਹੋਵੇਗਾ। ਇਸ ਉਪਰਾਲੇ ਲਈ ਮਹਿੰਦੀਰੱਤਾ ਪਰਵਾਰ ਦਾ ਧੰਨਵਾਦ ਕਰਦਿਆਂ ਉਨ੍ਹਾਂ ਹੋਰਨਾਂ ਪ੍ਰਵਾਸੀ ਭਾਰਤੀਆਂ, ਗੈਰ ਸਰਕਾਰੀ ਸੰਗਠਨਾਂ ਅਤੇ ਦਾਨੀ ਸੱਜਣਾਂ ਨੂੰ ਵੀ ਅਜਿਹੇ ਨੇਕ ਕਾਰਜਾਂ ਵਿੱਚ ਯੋਗਦਾਨ ਪਾਉਣ ਦਾ ਸੱਦਾ ਦਿੱਤਾ

# ਸੀ ਪੀ ਆਈ ਐੱਮ ਖਡੂਰ ਸਾਹਿਬ, ਅਨੰਦਪੁਰ ਸਾਹਿਬ, ਜਲੰਧਰ ਤੇ ਫਤਹਿਗੜ੍ਹ ਸਾਹਿਬ ਤੋਂ ਲੜੇਗੀ ਚੋਣ : ਸੇਖੋਂ




**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ ਰਾਜਵੀਰ ਸਿੰਘ)** ਸੀਪੀਆਈ ਐਮ ਵੱਲੋਂ ਲੋਕ ਸਭਾ ਹਲਕਾ ਖਡੂਰ ਸਾਹਿਬ ਤੋਂ ਸਾਲ 2024 ਦੌਰਾਨ ਆਮ ਚੋਣਾਂ ਲਈ ਉਮੀਦਵਾਰ ਦੀ ਚੋਣ ਕਰਨ ਲਈ ਸੁਲਤਾਨਪੁਰ ਲੋਧੀ ਵਿਖੇ ਇੱਕ ਚੁਣਾਵੀ ਮੀਟਿੰਗ ਕੀਤੀ ਗਈ। ਜਿਸ ਵਿਚ ਤਰਨਤਾਰਨ, ਕਪੂਰਥਲਾ, ਅੰਮ੍ਰਿਤਸਰ ਅਤੇ ਜਲੰਧਰ ਚਾਰ ਜ਼ਿਲ੍ਹਿਆਂ ਦੇ ਪਾਰਟੀ ਦੇ ਆਗੂ ਤੇ ਵਰਕਰ ਵੱਡੀ ਗਿਣਤੀ ਵਿੱਚ ਸ਼ਾਮਲ ਹੋਏ। ਇਹ ਮੀਟਿੰਗ ਕਾਮਰੇਡ ਸੁੱਚਾ ਸਿੰਘ ਅਜਨਾਲਾ, ਕਾਮਰੇਡ ਮੇਜਰ ਸਿੰਘ ਭਿਖੀਵਿੰਡ, ਕਾਮਰੇਡ ਸੁਖਪ੍ਰੀਤ ਸਿੰਘ ਜੌਹਲ ਸੂਬਾ ਸਕੱਤਰ, ਕਾਮਰੇਡ ਬਲਦੇਵ ਸਿੰਘ ਕਪੂਰਥਲਾ ਦੀ ਪ੍ਰਧਾਨਗੀ ਹੇਠ ਪ੍ਰੈਸ ਕਲੱਬ ਸੁਲਤਾਨਪੁਰ ਲੋਧੀ ਵਿਖੇ ਹੋਈ। ਇਸ ਮੌਕੇ ਸੀਪੀਆਈ ਐਮ ਦੇ ਕੇਂਦਰੀ ਕਮੇਟੀ ਮੈਂਬਰ ਤੇ ਸੂਬਾ ਸਕੱਤਰ ਕਾਮਰੇਡ ਸੁਖਵਿੰਦਰ ਸਿੰਘ ਸੇਖੋਂ ਉਚੇਚੇ ਤੌਰ 'ਤੇ ਸ਼ਾਮਲ ਹੋਏ।

ਆਪਣੇ ਸੰਬੋਧਨ ਵਿੱਚ ਕਾਮਰੇਡ ਸੇਖੋਂ ਨੇ ਕਿਹਾ ਕਿ ਉਨ੍ਹਾਂ ਦੀ ਪਾਰਟੀ 2024 ਦੀਆਂ ਚੋਣਾਂ ਚਾਰ ਲੋਕ ਸਭਾ ਸੀਟਾਂ ਖਡੂਰ ਸਾਹਿਬ, ਅਨੰਦਪੁਰ ਸਾਹਿਬ, ਜਲੰਧਰ ਅਤੇ ਫਤਹਿਗੜ੍ਹ ਸਾਹਿਬ 'ਤੇ ਲੜੇਗੀ। ਉਨ੍ਹਾਂ ਕਿਹਾ ਕਿ ਸੀ ਪੀ ਆਈ ਪਾਰਟੀ ਵਰਕਰਾਂ ਨੂੰ ਲਾਮਬੰਦ ਕਰਕੇ ਕਾਰਪੋਰੇਟ ਘਰਾਣਿਆਂ ਦੇ ਵਿਰੁੱਧ ਚੋਣ ਮੈਦਾਨ ਵਿੱਚ ਉਤਰੇਗੀ। ਉਨ੍ਹਾਂ ਦੋਸ਼ ਲਾਇਆ ਕਿ ਮੋਦੀ ਸਰਕਾਰ ਨੇ ਸਿੱਖਿਆ, ਸਿਹਤ ਅਤੇ ਕਿਸਾਨਾਂ ਦੇ ਹੱਕ ਵਿਚ ਕੁਝ ਵੀ ਨਹੀਂ ਕੀਤਾ। ਉਹਨਾਂ ਕਿਹਾ ਕਿ ਕੇਂਦਰ ਦੀਆਂ ਗਲਤ ਨੀਤੀਆਂ ਕਾਰਨ ਅੱਜ ਦੇਸ਼ ਵਿੱਚ ਮਹਿੰਗਾਈ ਜੋਰਾਂ 'ਤੇ ਹੈ ਅਤੇ ਆਮ ਆਦਮੀ ਦਾ ਜਿਉਣਾ ਔਖਾ ਹੋਇਆ ਪਿਆ ਹੈ। ਲੋਕ ਸਭਾ ਹਲਕਾ ਖਡੂਰ ਸਾਹਿਬ ਦੇ ਉਮੀਦਵਾਰ ਲਈ ਕਾਮਰੇਡ ਮੇਜਰ ਸਿੰਘ ਭਿਖੀਵਿੰਡ ਦੇ ਨਾਂਅ 'ਤੇ 38 ਸਾਥੀਆਂ ਵੱਲੋਂ ਸਰਬ ਸੰਮਤੀ ਨਾਲ ਪ੍ਰੋੜਤਾ ਕੀਤੀ ਗਈ। ਸਟੇਜ ਸਕੱਤਰ ਦੀ ਭੂਮਿਕਾ ਮਾਸਟਰ ਪਰਸਸ਼ਤਮ ਬਿਲਗਾ ਵੱਲੋਂ ਨਿਭਾਈ ਗਈ। ਮੀਟਿੰਗ ਵਿਚ ਹੋਰਨਾਂ ਤੋਂ ਇਲਾਵਾ ਕਾਮਰੇਡ ਬਲਦੇਵ ਸਿੰਘ ਸੂਬਾ ਕਮੇਟੀ ਮੈਂਬਰ,ਐਡ. ਰਜਿੰਦਰ ਸਿੰਘ ਰਾਣਾ, ਮਾਸਟਰ ਚਰਨ ਸਿੰਘ ਹੈਬਤਪੁਰ, ਮਾਸਟਰ ਜਗੀਰ ਸਿੰਘ ਬਾਜਵਾ, ਪ੍ਰਤਾਪ ਸਿੰਘ ਮੋਮੀ,ਮਾਸਟਰ ਦੇਸ ਰਾਜ, ਸੁਰਜੀਤ ਸਿੰਘ ਟਿੱਬਾ,ਮਹਿੰਦਰ ਰਾਮ ਫੁਗਲਾਣਾ, ਨਰਿੰਦਰ ਸਿੰਘ ਸੋਨੀਆ, ਮੁਖਤਿਆਰ ਸਿੰਘ ਸੁਲਤਾਨਪੁਰ ਲੋਧੀ, ਕਰਤਾਰ ਸਿੰਘ, ਅਮਰਜੀਤ ਸਿੰਘ, ਕੁਲਦੀਪ ਸਿੰਘ, ਅਮਰੀਕ ਸਿੰਘ, ਜੋਗਿੰਦਰ ਸਿੰਘ ਸਾਬਕਾ ਸਰਪੰਚ ਕਬੀਰਪੁਰ, ਗੁਰਪ੍ਰੀਤ ਸਿੰਘ, ਸਤਨਾਮ ਸਿੰਘ, ਅਮਰ ਸਿੰਘ, ਕੁਲਵੰਤ ਸਿੰਘ ਆਦਿ ਵੀ ਹਾਜਰ ਸਨ।

# ਵਿਧਾਇਕ ਨੇ ਪਿੰਡ ਝਾਂਡੀਆਂ ਕਲਾਂ ਦੇ ਚੈੱਕ ਡੈਮ ਦਾ ਕੀਤਾ ਦੌਰਾ

**ਨੂਰਪੁਰਬੇਦੀ, (ਸੁਰਜੀਤ ਸਿੰਘ ਕਾਹਲੋਂ)**- ਨਜ਼ਦੀਕੀ ਪਿੰਡ ਝਾਂਡੀਆਂ ਕਲਾਂ ਸਥਿਤ ਚੈੱਕ ਡੈਮ ਦਾ ਵਿਧਾਇਕ ਦਿਨੇਸ਼ ਚੱਢਾ ਨੇ ਦੌਰਾ ਕੀਤਾ। ਜ਼ਿਕਰਯੋਗ ਹੈ ਕਿ ਕਈ ਸਾਲਾਂ ਤੋਂ ਸਥਾਪਤ ਉਕਤ ਡੈਮ ਦੀ ਕਰੀਬ ਡੇਢ ਦਹਾਕੇ ਤੋਂ ਕਿਸੀ ਨੇ ਵੀ ਸਾਰ ਨਹੀਂ ਲਈ ਹੈ ਜਿਸ ਕਾਰਨ ਨਾ ਕੇਵਲ ਡੈਮ 'ਚ ਮਿੱਟੀ ਜਮ੍ਹਾਂ ਹੋ ਗਈ ਹੈ ਬਲਕਿ ਸਿੰਚਾਈ ਲਈ ਪਾਣੀ ਸਪਲਾਈ ਕਰਨ ਲਈ ਵਿਛਾਈਆਂ ਪਾਈਪਾਂ ਵੀ ਕਈ ਸਥਾਨਾਂ ਤੋਂ ਉੱਖੜ ਚੁੱਕੀਆਂ ਹਨ। ਇਸ ਮੌਕੇ ਪਿੰਡ ਵਾਸੀਆਂ ਤੇ ਭੂਮੀ ਰੱਖਿਆ ਵਿਭਾਗ ਤੋਂ ਪਹੁੰਚੇ ਅਧਿਕਾਰੀਆਂ ਦੀ ਹਾਜ਼ਰੀ 'ਚ ਮੀਡੀਆ ਨਾਲ ਗੱਲ ਕਰਦਿਆਂ ਵਿਧਾਇਕ ਚੱਢਾ ਨੇ ਆਖਿਆ ਕਿ ਚੈਕ ਡੈਮ ਪਾਣੀ ਦੀ ਸਮੱਸਿਆ ਲਈ ਜੂਝ ਰਹੇ ਕਿਸਾਨਾਂ ਲਈ ਸਿੰਚਾਈ ਦਾ ਸਭ ਤੋਂ ਸਸਤਾ ਅਤੇ ਉਪਯੋਗੀ ਸਾਧਨ ਹੈ। ਉਨਾਂ ਆਖਿਆ ਕਿ ਇਸ ਪ੍ਰਕਾਰ ਦੇ ਡੈਮ ਰਾਹੀਂ ਜਿੱਥੇ ਧਰਤੀ ਦੇ ਪਾਣੀ ਦੇ ਲਗਾਤਾਰ ਡਿੱਗ ਰਹੇ ਪੱਧਰ ਨੂੰ ਘੱਟ ਕਰਨ 'ਚ ਮਦਦ ਮਿਲਦੀ ਹੈ ਉੱਥੇ ਹੀ ਵਾਤਾਵਰਨ ਸੰਭਾਲ 'ਚ ਵੀ ਇਸਦਾ ਮਹੱਤਵਪੂਰਨ ਯੋਗਦਾਨ ਹੈ। ਉਨਾਂ ਅਫਸੋਸ ਜਤਾਇਆ ਇਨਾਂ ਡੈਮਾਂ ਦੀ ਕਿਸੀ ਵੀ ਸਰਕਾਰ ਵੱਲੋਂ ਮੁੜ ਸੰਭਾਲ ਲਈ ਕੋਈ ਕਦਮ ਨਹੀਂ ਉਠਾਇਆ ਗਿਆ ਹੈ। ਉਨਾਂ ਮੌਕੇ 'ਤੇ ਮੌਜੂਦ ਭੂਮੀ ਰੱਖਿਆ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਚੈਕ ਡੈਮ ਦੀ ਸਫਾਈ ਲਈ ਡੀ-ਸਿਲਟਿੰਗ ਕਰਵਾਉਣ ਅਤੇ ਖਰਾਬ ਹੋ ਚੁੱਕੀਆਂ ਪਾਈਪਾਂ ਨੂੰ ਬਦਲਣ ਲਈ ਲੋੜੀਂਦੀ ਵਿਭਾਗੀ ਕਾਰਵਾਈ ਅਮਲ 'ਚ ਲਿਆਉਣ। ਇਸ ਮੌਕੇ ਹਾਜ਼ਰ ਭੂਮੀ ਰੱਖਿਆ ਅਧਿਕਾਰੀ ਨੂਰਪੁਰਬੇਦੀ ਸੁਖਜੀਤ ਸਿੰਘ ਨੇ ਆਖਿਆ ਕਿ ਉਕਤ ਡੈਮ ਤੋਂ ਪਾਣੀ ਹਾਸਿਲ ਕਰਨ ਦੇ ਚਾਹਵਾਨ ਕਿਸਾਨਾਂ ਨਾਲ ਗੱਲ ਕਰਕੇ ਨਵੀਆਂ ਪਾਈਪਾਂ ਪਾਉਣ ਸਹਿਤ ਹੋਰ ਕੀਤੇ ਜਾਣ ਵਾਲੇ ਕੰਮ ਲਈ ਜਲਦ ਐਸਟੀਮੇਟ ਤਿਆਰ ਕਰਕੇ ਮਨਜ਼ੂਰੀ ਲਈ ਉੱਚ ਅਧਿਕਾਰੀਆਂ ਨੂੰ ਭੇਜਿਆ ਜਾਵੇਗਾ।

ਵਿਧਾਇਕ ਚੱਢਾ ਨੇ ਆਖਿਆ ਕਿ ਬਰਸਾਤ ਦਾ ਮੌਸਮ ਸ਼ੁਰੂ ਹੋ ਚੁੱਕਾ ਹੈ ਜਿਸਦੇ ਚੱਲਦਿਆਂ ਪ੍ਰਸ਼ਾਸਨ ਵੱਲੋਂ ਤਮਾਮ ਖੱਡਾਂ ਅਤੇ ਬਰਸਾਤੀ ਨਾਲਿਆਂ ਦੀ ਸਫਾਈ ਕਰਵਾਈ ਜਾ ਚੁੱਕੀ ਹੈ। ਇਸ ਮੌਕੇ ਫੀਲਡ ਅਫਸਰ ਵਿਕਾਸ ਕੁਮਾਰ, ਚੌ. ਨਰਿੰਦਰ ਕੁਮਾਰ, ਹੇਮਰਾਜ ਹੇਮੀ, ਸਰਪੰਚ ਪਾਲੀ, ਬਲਜੀਤ ਫੌਜੀ, ਅਵਤਾਰ ਚੌਧਰੀ, ਅਨੰਤ ਰਾਮ ਹਕਲਾ, ਜਤਿੰਦਰ ਹਕਲਾ, ਹਰਮੇਸ਼ ਮੇਸ਼ੂ, ਸਤਨਾਮ ਸਿੰਘ, ਨਰਿੰਦਰ ਚਾਹਲ ਸਹਿਤ ਹੋਰ ਵੀ ਪਿੰਡ ਵਾਸੀ ਅਤੇ ਅਧਿਕਾਰੀ ਹਾਜ਼ਰ ਸਨ।

## ਵੋਟਰ ਸੂਚੀਆਂ ਦੀ ਸੁਧਾਈ ਸੰਬੰਧੀ ਅਫ਼ਸਰਾਂ ਦੀ ਹੋਈ ਟ੍ਰੇਨਿੰਗ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)** ਭਾਰਤੀ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਅੱਜ ਜ਼ਿਲ੍ਹੇ ਵਿਚ ਨਿਯੁਕਤ ਚੋਣ ਰਜਿਸਟ੍ਰੇਸ਼ਨ ਅਫ਼ਸਰਾਂ, ਸਹਾਇਕ ਚੋਣ ਰਜਿਸਟ੍ਰੇਸ਼ਨ ਅਫ਼ਸਰਾਂ-1 ਅਤੇ 2 ਦੀ ਯੋਗਤਾ 1 ਜਨਵਰੀ 2024 ਦੇ ਆਧਾਰ 'ਤੇ ਵੋਟਰ ਸੂਚੀਆਂ ਦੀ ਸੁਧਾਈ ਸਬੰਧੀ ਟਰੇਨਿੰਗ ਕਰਵਾਈ ਗਈ। ਇਹ ਟ੍ਰੇਨਿੰਗ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਕੋਮਲ ਮਿੱਤਲ ਦੀ ਅਗਵਾਈ ਵਿਚ ਸਟੇਟ ਲੈਵਲ ਮਾਸਟਰ ਟ੍ਰੇਨਰ ਜ਼ਿਲ੍ਹਾ ਸਿਸਟਮ ਮੈਨੇਜਰ ਚਰਨ ਕੰਵਲ ਸਿੰਘ ਵਲੋਂ ਦਿੱਤੀ ਗਈ। ਟ੍ਰੇਨਿੰਗ ਦੌਰਾਨ ਸਟੇਟ ਲੈਵਲ ਮਾਸਟਰ ਟ੍ਰੇਨਰ ਵਲੋਂ ਵੋਟਰ ਸੂਚੀ ਦੀ ਸੁਧਾਈ ਲਈ ਤਿਆਰ ਕੀਤੇ ਸਾਫਟਵੇਅਰ ਈ.ਆਰ.ਓ.ਐਨ.ਈ.ਟੀ ਸਬੰਧੀ ਅਤੇ ਵੋਟਰ ਸੂਚੀਆਂ ਦੀ ਤਿਆਰੀ ਸਬੰਧੀ ਕੀਤੀਆਂ ਜਾਣ ਵਾਲੀਆਂ ਗਤੀਵਿਧੀਆਂ ਬਾਰੇ ਜਾਣੂ ਕਰਵਾਇਆ ਗਿਆ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜ), ਐਸ.ਡੀ.ਐਮ. ਹੁਸ਼ਿਆਰਪੁਰ, ਤਹਿਸੀਲਦਾਰ ਹੁਸ਼ਿਆਰਪੁਰ, ਤਹਿਸੀਲਦਾਰ ਮੁਕੇਰੀਆਂ, ਨਾਇਬ ਤਹਿਸੀਲਦਾਰ ਦਸੂਹਾ, ਤਹਿਸੀਲਦਾਰ ਟਾਂਡਾ, ਨਾਇਬ ਤਹਿਸੀਲਦਾਰ ਗੜ੍ਹਦੀਵਾਲਾ, ਬੀ.ਡੀ.ਪੀ.ਓ ਮਾਹਿਲਪੁਰ, ਸਹਾਇਕ ਡਾਇਰੈਕਟਰ ਯੁਵਕ ਸੇਵਾਵਾਂ-ਕਮ-ਨੋਡਲ ਅਫ਼ਸਰ ਫਾਰ ਸਵੀਪ, ਚੋਣ ਕਾਨੂੰਗੋ ਦੀਪਕ ਕੁਮਾਰ, ਹਰਪ੍ਰੀਤ ਕੌਰ, ਲਖਵੀਰ ਸਿੰਘ, ਮੇਘਾ ਮਹਿਤਾ ਵੀ ਮੌਜੂਦ ਸਨ।

8-July-PAGE- 9 qxd.qxd 7/7/2023 9:28 PM Page 1



# ਸਰਕਾਰ ਮੀਂਹ ਕਾਰਨ ਘਰੋਂ ਬੇਘਰ ਹੋਏ ਪੀੜਤਾਂ ਦੀ ਤੁਰੰਤ ਸਾਰ ਲਵੇ : ਹੀਰ



**ਮਾਹਿਲਪੁਰ, (ਨਿਰਮਲ ਸਿੰਘ ਮੁੱਗੋਵਾਲ, ਸਫਰੀ)**-ਬਰਸਾਤ ਦੇ ਮੌਸਮ ਦਾ ਮੀਂਹ ਕੰਢੀ ਦੇ ਪਿੰਡਾਂ ਫਤਹਿਪੁਰ ਕੋਠੀ, ਲਲਵਾਨ, ਚੱਕ ਨਰਿਆਲ, ਰਾਮਪੁਰ ਵਾਸੀਆਂ ਲਈ ਆਫਤ ਬਣ ਕੇ ਆਇਆ ਤੇ ਹੜ੍ਹਾਂ ਦੇ ਪਾਣੀ ਨੇ ਹੱਸਦੇ ਵਸਦੇ ਘਰਾਂ ਨੂੰ ਉਜਾੜ ਕੇ ਰੱਖ ਦਿੱਤਾ। ਲੋਕਾਂ ਦੇ ਘਰਾਂ ਦੀਆਂ ਚਾਰਦੀਵਾਰੀਆਂ ਢਾਹ ਕੇ ਪਾਣੀ ਘਰਾਂ ਦੇ ਅੰਦਰ ਜਾ ਵੜਿਆ। ਚਾਰ ਫੁੱਟ ਤੋਂ ਲੈ ਕੇ ਪੰਜ ਫੁੱਟ ਤੱਕ ਘਰਾਂ ਅੰਦਰ ਜਮਾਂ ਹੋ ਗਿਆ ਤੇ ਸਾਰਾ ਲੋੜੀਂਦਾ ਕੀਮਤੀ ਸਮਾਨ ਬੁਰੀ ਤਰ੍ਹਾਂ ਖਰਾਬ ਕਰ ਗਿਆ। ਬੀਤੀ ਰਾਤ ਸੰਤ ਬਾਬਾ ਹਾਕਮ ਸਿੰਘ ਜੀ ਗੁਰਦੁਆਰਾ ਪੀਰ ਬਾਲਾ ਸਾਹਿਬ ਵਾਲਿਆਂ ਨੇ ਪੀੜਤ ਪਰਵਾਰਾਂ ਲਈ ਲੰਗਰ ਪਾਣੀ ਤੇ ਜ਼ਰੂਰੀ ਵਸਤਾਂ ਦਾ ਪ੍ਰਬੰਧ ਕੀਤਾ ਤੇ ਪੀੜਤ ਪਰਵਾਰਾਂ ਦੀ ਔਖੀ ਸੌਖੀ ਰਾਤ ਕਟਾਈ। ਹੜ੍ਹਾਂ ਦੇ ਪਾਣੀ ਦੇ ਅੱਖੀਂ ਦੇਖੇ ਨੁਕਸਾਨ ਤੋਂ ਭੈਅ ਭੀਤ ਪੀੜਤ ਪਰਵਾਰ ਅੱਜ ਵੀ ਘਰਾਂ ਅੰਦਰ ਪੈਰ ਪਾਉਣ ਤੋਂ ਘਬਰਾ ਰਹੇ ਸਨ। ਕਿਸਾਨ ਆਗੂ ਤਲਵਿੰਦਰ ਸਿੰਘ ਹੀਰ ਨੰਗਲ ਖਿਲਾੜੀਆਂ ਨੇ ਇਲਾਕਾ ਮਾਹਿਲਪੁਰ ਦੇ ਸੰਯੁਕਤ ਕਿਸਾਨ ਮੋਰਚੇ ਦੇ ਸਮੱਰਥਕਾਂ ਸਮੇਤ ਹੜ੍ਹ ਪੀੜਤ ਪਿੰਡਾਂ ਦੇ ਪੀੜਤ ਪਰਵਾਰਾਂ ਨਾਲ ਮਿਲ ਕੇ ਉਨ੍ਹਾਂ ਦਾ ਹਾਲ ਚਾਲ ਜਾਣਿਆਂ ਤੇ ਜਿਆਦਾ ਨੁਕਸਾਨੇ ਗਏ ਘਰਾਂ ਦੇ ਜੀਆਂ ਨੂੰ ਖੁੱਲੇ ਆਸਮਾਨ ਤੋਂ ਛੱਤਾਂ ਹੇਠ ਬਿਠਾਉਣ ਲਈ ਹੜ੍ਹਾਂ ਨਾਲ ਘਰਾਂ ਅੰਦਰ ਵੜੇ ਚਿੱਕੜ ਨੂੰ ਬਾਹਰ ਕੱਢ ਕੇ ਲੋੜੀਂਦੀ ਸਫਾਈ ਕਰਨ 'ਚ ਪੀੜਤ ਪਰਿਵਾਰਾਂ ਦੀ ਮੱਦਦ ਕੀਤੀ ਅਤੇ ਹਰ ਸੰਭਵ ਮੱਦਦ ਕਰਨ ਦਾ ਭਰੋਸਾ ਦਿੱਤਾ। ਉਨ੍ਹਾਂ ਪੰਜਾਬ ਸਰਕਾਰ ਤੇ ਕੇਂਦਰ ਸਰਕਾਰ ਨੂੰ ਕੁਦਰਤੀ ਆਫਤ ਤੋਂ ਪੀੜਤ ਇਨ੍ਹਾਂ ਪਰਵਾਰਾਂ ਦੀ ਜਲਦ ਤੋਂ ਜਲਦ ਸਾਰ ਲੈਣ ਤੇ ਮੁੜ ਵਸੇਬੇ ਲਈ ਰਾਹਤ ਫੰਡ ਜਲਦ ਤੋਂ ਜਲਦ ਦੇਣ ਦੀ ਮੰਗ ਕੀਤੀ। ਇਸ ਮੌਕੇ ਹੜ੍ਹਾਂ ਤੋਂ ਬੁਰੀ ਤਰ੍ਹਾਂ ਪ੍ਰਭਾਵਿਤ ਤੇ ਭੈਅ ਭੀਤ ਪਰਿਵਾਰਾਂ ਚੋਂ ਨਿਰਪਾਲ ਚੰਦ, ਬਲਜਿੰਦਰ ਕੌਰ, ਕੇਵਲ ਸਿੰਘ, ਚੈਂਚਲ ਸਿੰਘ, ਮਨਜੀਤ ਕੌਰ, ਸੁਰਜੀਤ ਸਿੰਘ, ਗੁਰਦੇਵ ਕੌਰ, ਦਲਜੀਤ ਕੌਰ, ਰਾਮ ਆਸਰਾ, ਭੁਪਿੰਦਰਪਾਲ ਸਿੰਘ, ਮਨੋਹਰ ਲਾਲ, ਰਾਜ ਕੁਮਾਰ, ਬਖਸ਼ੋ, ਬਲਵਿੰਦਰ, ਸਤਪਾਲ ਤੇ ਕਮਲੇਸ ਕੌਰ ਨੇ ਸੂਬਾ ਤੇ ਕੇਂਦਰ ਸਰਕਾਰਾਂ ਨੂੰ ਦੋਵੇਂ ਹੱਥ ਜੋੜ ਕੇ ਜਲਦ ਤੋਂ ਜਲਦ ਉਨ੍ਹਾਂ ਦੇ ਨੁਕਸਾਨ ਦੀ ਭਰਪਾਈ ਅਤੇ ਆਉਣ ਵਾਲੇ ਸਮੇਂ 'ਚ ਅਜਿਹੀ ਆਫਤ ਤੋਂ ਬਚਾਅ ਲਈ ਢੁੱਕਵੇਂ ਪ੍ਰਬੰਧ ਕਰਨ ਲਈ ਕਿਹਾ। ਇਸ ਮੌਕੇ ਤੇ ਤਲਵਿੰਦਰ ਸਿੰਘ ਹੀਰ ਨੰਗਲ ਖਿਲਾੜੀਆਂ ਦੇ ਨਾਲ ਅਮਨਦੀਪ ਸਿੰਘ ਸਰਪੰਚ, ਜਸਵੀਰ ਸਿੰਘ ਸੀਰਾ, ਰਵਿੰਦਰ ਸਿੰਘ ਖਾਬੜਾ, ਹਰਜਿੰਦਰ ਸਿੰਘ ਬਾਠ, ਮੱਖਣ ਸਿੰਘ ਸਹੋਤਾ ਕੋਠੀ ਹਾਜਰ ਸਨ।

# 5 ਰਿਵਰਜ਼ ਹਾਰਟ ਐਸੋਸੀਏਸ਼ਨ ਵੱਲੋਂ ਮਿਸ਼ਨ ਸਿਹਤਮੰਦ ਪੰਜਾਬ ਤਹਿਤ ਉਪਰਾਲੇ ਜਾਰੀ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**:-ਮਿਸ਼ਨ ਸਿਹਤਮੰਦ ਪੰਜਾਬ ਤਹਿਤ '5 ਰਿਵਰਜ਼ ਹਾਰਟ ਐਸੋਸੀਏਸ਼ਨ' ਜੋ ਕਿ ਡਾ. ਸਵੈਮਾਨ ਸਿੰਘ ਕਾਰਡੀਓਲੋਜਿਸਟ ਮਾਯੋ ਕਲੀਨਿਕ ਯੂ.ਐਸ.ਏ ਵੱਲੋ ਚਲਾਈ ਜਾ ਰਹੀ ਹੈ, ਵੱਲੋਂ ਪੰਜਾਬ ਨੂੰ ਸਿਹਤਮੰਦ ਬਣਾਉਣ ਲਈ ਵੱਖ ਵੱਖ ਉਪਰਾਲੇ ਕੀਤੇ ਜਾ ਰਹੇ ਹਨ। ਪਿਛਲੇ 1 ਸਾਲ ਤੋਂ 5 ਰਿਵਰਜ ਹਾਰਟ ਐਸੋਸੀਏਸ਼ਨ ਵੱਲੋਂ ਆਮਰੀਕਾ ਅਤੇ ਪੰਜਾਬ ਦੇ ਜਿਲਿਆ ਵਿੱਚ ਮੈਡੀਕਲ ਕੈਂਪ ਲਗਾਏ ਜਾ ਰਹੇ ਹਨ ਜਿਨ੍ਹਾਂ ਵਿੱਚ 5 ਪ੍ਰਮੁੱਖ ਬਿਮਾਰੀਆਂ ਬਲੱਡ ਪ੍ਰੈਸ਼ਰ, ਸ਼ੂਗਰ, ਗਠੀਆ, ਛਾਤੀ ਦਾ ਕੈਂਸਰ ਅਤੇ ਦਿਮਾਗੀ ਬਿਮਾਰੀਆ ਬਾਰੇ ਜਾਗਰੂਕ ਕੀਤਾ ਜਾਂਦਾ ਹੈ। ਇਸ ਤੋਂ ਇਲਾਵਾ ਇਸ ਸੰਸਥਾ ਵੱਲੋ ਸ੍ਰੀ ਅਨੰਦਪੁਰ ਸਾਹਿਬ ਬੱਸ ਸਟੈਂਡ ਨੇੜੇ ਸਥਿਤ ਕਲਿਨਿਕ ਅਤੇ ਫਾਰਮੇਸੀ ਸ਼ੁਰੂ ਕੀਤੀ ਗਈ ਹੈ ਜਿਸ ਵਿੱਚ ਸਿਰਫ 10 ਰੁਪਏ ਵਿੱਚ ਸੂਗਰ ਅਤੇ ਬੀ.ਪੀ. ਚੈੱਕ ਕੀਤਾ ਜਾਂਦਾ ਹੈ ਅਤੇ ਫਰੀ ਡਾਕਟਰੀ ਸਹੂਲਤ ਦਿੱਤੀ ਜਾਂਦੀ ਹੈ। ਕਲੀਨਿਕ ਵਿੱਚ ਵਧੀਆ ਦਵਾਈਆਂ ਬਹੁਤ ਹੀ ਘੱਟ ਰੇਟ ਤੇ ਦਿੱਤੀਆਂ ਜਾਂਦੀਆਂ ਹਨ ਤਾਂ ਜੋ ਹਰ ਕੋਈ ਮਰੀਜ ਖਰੀਦ ਸਕੇ।

# ਸਿੱਖਿਆ ਵਿਭਾਗ ਦੇ ਕੱਚੇ ਦਫਤਰੀ ਮੁਲਾਜ਼ਮਾਂ ਵੱਲੋਂ ਕਲਮ ਛੋੜ ਹੜਤਾਲ ਸ਼ੁਰੂ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)** ਆਮ ਆਦਮੀ ਪਾਰਟੀ ਦੀ ਸਰਕਾਰ ਦੀ ਵਾਅਦਾ ਖਿਲਾਫੀ ਕਰਕੇ ਸਿੱਖਿਆ ਵਿਭਾਗ ਦੇ ਕੱਚੇ ਦਫਤਰੀ ਮੁਲਾਜ਼ਮ ਅਤੇ ਆਈ ਈ ਆਰ ਟੀ ਅਧਿਆਪਕਾਂ ਨੇ ਕਲਮ ਛੋੜ ਹੜਤਾਲ ਸ਼ੁਰੂ ਕਰ ਦਿੱਤੀ ਹੈ। ਪਿਛਲੇ 10 ਮਹੀਨੇ ਤੋਂ ਕੱਚੇ ਮੁਲਾਜ਼ਮਾਂ ਨੂੰ ਰੈਗੂਲਰ ਕਰਨ ਦਾ ਸਰਕਾਰ ਪ੍ਰਚਾਰ ਕਰ ਰਹੀ ਹੈ ਪਰ ਜੋ ਸੱਚਾਈ ਸਾਹਮਣੇ ਆਈ ਹੈ ਉਹ ਸ਼ਰੇਆਮ ਕੱਚੇ ਮੁਲਾਜ਼ਮਾਂ ਨਾਲ ਸਰਕਾਰ ਵੱਲੋਂ ਕੀਤਾ ਜਾ ਰਿਹਾ ਧੋਖਾ ਹੈ। ਪੰਜਾਬ ਸਰਕਾਰ ਬਿਨਾਂ ਪੇ ਸਕੇਲ, ਸੀ.ਐਸ.ਆਰ ਅਤੇ ਪੈਨਸ਼ਨਰੀ ਲਾਭ ਦਿੱਤੇ ਰੈਗੂਲਰ ਦੇ ਨਾਮ ਤੇ ਪ੍ਰਚਾਰ ਰੈਗੂਲਰ ਕਰਨ ਦਾ ਕਰ ਰਹੀ ਹੈ ਜੋ ਕਿ ਕੋਰਾ ਝੂਠ ਹੈ। ਸਰਵ ਸਿੱਖਿਆ ਅਭਿਆਨ ਦਫਤਰੀ ਕਰਮਚਾਰੀ ਯੂਨੀਅਨ ਦੇ ਆਗੂਆਂ ਨੇ ਕਿਹਾ ਕਿ ਅਕਾਲੀ ਦਲ ਅਤੇ ਕਾਂਗਰਸ ਦੀ ਸਰਕਾਰ ਨੇ ਕੱਚੇ ਮੁਲਾਜ਼ਮਾਂ ਦੀ ਜਵਾਨੀ ਰੋਲ ਕੇ ਰੱਖ ਦਿੱਤੀ ਅਤੇ ਹੁਣ ਆਮ ਆਦਮੀ ਪਾਰਟੀ ਦੀ ਸਰਕਾਰ ਕੱਚੇ ਮੁਲਾਜ਼ਮਾਂ ਦੇ ਭਵਿੱਖ ਨੂੰ ਰੋਲਣ ਦੀ ਤਿਆਰੀ ਕਰੀ ਬੈਠੀ ਹੈ। ਆਗੂ ਨੇ ਕਿਹਾ ਕਿ ਬੀਤੇ ਦਿਨ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਵੀਡੀਓ ਸ਼ੰਦੇਸ਼ ਰਾਹੀ ਦੱਸਿਆ ਕਿ ਕੁਝ ਕਰਮਚਾਰੀਆ ਦੀਆ ਤਨਖਾਹਾਂ ਵਿਚ ਵਾਧਾ ਕੀਤਾ ਜਾਂ ਰਹਾ ਹੈ ਪਰ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਆਪਣੇ ਸੰਦੇਸ਼ ਵਿਚ ਦਫਤਰੀ ਕਰਮਚਾਰੀਆ ਦਾ ਕੋਈ ਜ਼ਿਕਰ ਨਹੀ ਕੀਤਾ। ਆਗੂਆ ਨੇ ਕਿਹਾ ਕਿ ਸਰਕਾਰ ਨੇ ਕੱਚੇ ਮੁਲਾਜ਼ਮਾਂ ਨਾਲ ਪੱਕਾ ਕਰਨ ਦਾ ਵਾਅਦਾ ਕੀਤਾ ਸੀ ਜਿਸ ਤੋਂ ਸਰਕਾਰ ਹੁਣ ਭੱਜ ਰਹੀ ਹੈ। ਆਗੂਆ ਨੇ ਕਿਹਾ ਕਿ 1 ਅਪ੍ਰੈਲ 2018 ਨੂੰ ਸਰਵ ਸਿੱਖਿਆ ਅਭਿਆਨ ਤਹਿਤ ਕੰਮ ਕਰਦੇ ਅਧਿਆਪਕਾਂ ਨੂੰ ਸਾਰੇ ਲਾਭ ਦੇ ਕੇ ਰੈਗੂਲਰ ਕਰ ਦਿੱਤਾ ਗਿਆ ਸੀ ਪ੍ਰੰਤੂ ਉਸ ਸਮੇਂ ਵੀ ਦਫਤਰੀ ਕਰਮਚਾਰੀਆ ਨਾਲ ਵਿਤਕਰਾ ਕੀਤਾ ਗਿਆ ਅਤੇ ਹੁਣ ਇਸ ਸਰਕਾਰ ਵੱਲੋਂ ਵੀ ਰੈਗੂਲਰ ਦੇ ਨਾਮ ਤੇ ਸਿਰਫ ਅਖਬਾਰੀ ਪ੍ਰਚਾਰ ਕਰਕੇ ਬੁੱਤਾ ਸਾਰਿਆ ਜਾ ਰਿਹਾ ਹੈ ਜਿਸ ਕਰਕੇ ਮੁਲਾਜ਼ਮ ਹੜਤਾਲ ਕਰਨ ਨੂੰ ਮਜ਼ਬੂਰ ਹੋਏ ਹਨ।

# ਹਜ਼ਰਤ ਹਲੀਮਾ ਹਸਪਤਾਲ ਮਾਲੇਰਕੋਟਲਾ ਦਾ ਥਰਡ ਪਾਰਟੀ ਆਡਿਟ ਕਰਵਾਉਣ ਦੇ ਹੁਕਮ : ਐੱਮ ਐੱਫ ਫਾਰੂਕੀ



**ਜਲੰਧਰ (ਸ਼ੈਲੀ ਐਲਬਰਟ)**- : ਸਰਕਾਰੀ ਸਹਾਇਤਾ ਪ੍ਰਾਪਤ ਸਿਹਤ ਸੰਭਾਲ ਅਤੇ ਵਿੱਦਿਅਕ ਸੰਸਥਾਵਾਂ ਦੇ ਕੰਮਕਾਜ ਵਿੱਚ ਹੋਰ ਪਾਰਦਰਸ਼ਤਾ ਲਿਆਉਣ ਦੇ ਉਦੇਸ਼ ਨਾਲ ਪੰਜਾਬ ਵਕਫ਼ ਬੋਰਡ ਵੱਲੋਂ ਹਜ਼ਰਤ ਹਲੀਮਾ ਮੈਟਰਨਿਟੀ ਅਤੇ ਜਨਰਲ ਹਸਪਤਾਲ ਮਾਲੇਰਕੋਟਲਾ ਦਾ ਥਰਡ ਪਾਰਟੀ ਆਡਿਟ ਕਰਵਾਉਣ ਦੇ ਹੁਕਮ ਦਿੱਤੇ ਗਏ ਹਨ। ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਏ.ਡੀ.ਜੀ.ਪੀ.-ਕਮ-ਪ੍ਰਸ਼ਾਸਕ ਪੰਜਾਬ ਵਕਫ਼ ਬੋਰਡ ਐਮ.ਐਫ.ਫ਼ਾਰੂਕੀ ਨੇ ਦੱਸਿਆ ਕਿ ਬੋਰਡ ਵੱਲੋਂ ਬੇਨਿਯਮੀਆਂ ਸਬੰਧੀ ਰਿਪੋਰਟਾਂ ਮਿਲਣ ਤੋਂ ਬਾਅਦ ਆਡਿਟ ਇੱਕ ਸੁਤੰਤਰ ਆਡਿਟ ਫਰਮ ਵੱਲੋਂ ਕਰਵਾਇਆ ਜਾਵੇਗਾ। ਜ਼ਿਕਰਯੋਗ ਹੈ ਕਿ ਲੋਕਾਂ ਵੱਲੋਂ ਵਿੱਤੀ ਬੇਨਿਯਮੀਆਂ ਦੇ ਮੁੱਦੇ ਉਠਾਏ ਜਾਣ ਕਾਰਨ ਭਾਈਚਾਰੇ ਵੱਲੋਂ ਇਸ ਹਸਪਤਾਲ ਦੇ ਕੰਮਕਾਜ ਵਿੱਚ ਸੁਧਾਰ ਲਿਆਉਣ ਦੀ ਜ਼ੋਰਦਾਰ ਮੰਗ ਕੀਤੀ ਜਾ ਰਹੀ ਸੀ। ਇਨ੍ਹਾਂ ਸ਼ਿਕਾਇਤਾਂ ਦਾ ਗੰਭੀਰ ਨੋਟਿਸ ਲੈਂਦਿਆਂ ਪੰਜਾਬ ਵਕਫ਼ ਬੋਰਡ ਵੱਲੋਂ ਇਸ ਹਸਪਤਾਲ ਦਾ ਥਰਡ ਪਾਰਟੀ ਆਡਿਟ ਕਰਵਾਉਣ ਦਾ ਫ਼ੈਸਲਾ ਕੀਤਾ ਗਿਆ ਹੈ। ਉਨ੍ਹਾਂ ਅੱਗੇ ਕਿਹਾ ਕਿ ਜੇਕਰ ਆਡਿਟ ਵਿੱਚ ਕੋਈ ਖਾਮੀ ਪਾਈ ਗਈ ਤਾਂ ਇਸ ਲਈ ਜ਼ਿੰਮੇਵਾਰ ਅਧਿਕਾਰੀਆਂ/ਕਰਮਚਾਰੀਆਂ ਖਿਲਾਫ਼ ਸਖ਼ਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਉਨ੍ਹਾਂ ਜ਼ੋਰ ਦਿੰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਭ੍ਰਿਸ਼ਟਾਚਾਰ ਵਿਰੁੱਧ ਜ਼ੀਰੋ-ਟੌਲਰੈਂਸ ਦੀ ਨੀਤੀ ਅਪਣਾਈ ਹੈ ਅਤੇ ਪੰਜਾਬ ਵਕਫ਼ ਬੋਰਡ ਵੀ ਇਸੇ ਦਿਸ਼ਾ ਵਿੱਚ ਕੰਮ ਕਰ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸ ਹਸਪਤਾਲ ਵੱਲੋਂ ਲੋਕਾਂ ਨੂੰ ਮਹੱਤਵਪੂਰਨ ਸਿਹਤ ਸੇਵਾਵਾਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ ਅਤੇ ਇਸ ਹਸਪਤਾਲ ਦੇ ਬੁਨਿਆਦੀ ਢਾਂਚੇ ਨੂੰ ਹੋਰ ਬਿਹਤਰ ਬਣਾਉਣ ਲਈ ਹੋਰ ਉਪਰਾਲੇ ਕੀਤੇ ਜਾਣਗੇ ਤਾਂ ਜੋ ਬਿਹਤਰੀਨ ਸਿਹਤ ਸੇਵਾਵਾਂ ਪ੍ਰਦਾਨ ਕੀਤੀਆਂ ਜਾ ਸਕਣ।।

# ਖਡੂਰ ਸਾਹਿਬ ਵਿਖੇ ਤਿੰਨ ਦਿਨਾ ਅਧਿਆਪਕ ਵਰਕਸ਼ਾਪ



**ਕਰਤਾਰਪੁਰ ( ਹਰਮੇਸ਼ ਦੱਤ)** ਮਨੁੱਖਤਾ ਦੇ ਸੇਵਾਦਾਰ, ਵਾਤਾਵਰਣ ਪ੍ਰੇਮੀ, ਪਦਮ ਸ੍ਰੀ ਬਾਬਾ ਸੇਵਾ ਸਿੰਘ ਕਾਰਸੇਵਾ ਖਡੂਰ ਸਾਹਿਬ ਵਾਲਿਆਂ ਦੇ ਦਿਸ਼ਾ ਨਿਰਦੇਸ਼ ਅਧੀਨ ਨਿਸ਼ਾਨੇ ਸਿੱਖੀ ਚੈਰੀਟੇਬਲ ਟਰੱਸਟ ਵਿਖੇ ਕਾਰਸੇਵਾ ਖਡੂਰ ਸਾਹਿਬ ਅਧੀਨ ਚੱਲ ਰਹੀਆਂ ਸੰਸਥਾਵਾਂ ਦੇ ਅਧਿਆਪਕ ਸਾਹਿਬਾਨਾਂ ਦੀ ਵਰਕਸ਼ਾਪ ਲਗਾਈ ਗਈ। ਵਰਕਸ਼ਾਪ ਦਾ ਮਕਸਦ ਅਧਿਆਪਕਾਂ ਦੇ ਨਿੱਜ ਗਿਆਨ 'ਚ ਵਾਅਦਾ ਪੌਣਾ ਸੀ। ਪੰਜਾਬੀ, ਅੰਗਰੇਜੀ, ਹਿਸਾਬ, ਵਿਗਿਆਨ, ਸਮਾਜਿਕ ਵਿਗਿਆਨ ਦੇ ਵਿਦਵਾਨ ਜਿਨ੍ਹਾਂ ਨੇ ਆਪਣੀ ਜ਼ਿੰਦਗੀ ਇਹਨਾਂ ਵਿਸ਼ਿਆਂ ਦੀ ਡੂੰਘਾਈ ਤੱਕ ਜਾ ਕੇ ਸਮਝ ਪ੍ਰਾਪਤ ਕਰਨ ਦਾ ਤਜਰਬਾ ਅਜੋਕੇ ਅਧਿਆਪਕਾਂ ਨਾਲ ਸਾਂਝਾ ਕੀਤਾ ਤੇ ਵਿਸ਼ਿਆਂ ਦੇ ਆਦਿ ਤੇ ਵਰਤਮਾਨ ਤੋਂ ਜਾਣੂ ਕਰਵਾਇਆ। ਤਿੰਨ ਦਿਨਾਂ ਵਰਕਸ਼ਾਪ ਦੇ ਪਹਿਲੇ ਦਿਨ ਡਾ. ਮਨਪ੍ਰੀਤ ਸਿੰਘ ਮੰਨਾ ਨੇ ਵਿਦਿਅਕ ਪਾਲਸੀ 2020 ਬਾਰੇ ਚਾਨਣਾ ਪਾਇਆ, ਪ੍ਰੋਫੈਸਰ ਪ੍ਰਕਾਸ਼ ਸਿੰਘ ਗਿੱਲ ਨੇ ਪੰਜਾਬੀ ਭਾਸ਼ਾ ਤੇ ਪੰਜਾਬੀ ਭਾਸ਼ਾ 'ਚ ਰੁਚੀ ਪੈਦਾ ਕਰਨ ਦੇ ਢੰਗਾਂ ਤੇ ਵੱਖ ਵੱਖ ਗਤੀਵਿਧੀਆਂ ਬਾਰੇ ਚਾਨਣਾ ਪਾਇਆ। ਪ੍ਰੋਫੈਸਰ ਸੁਖਵਿੰਦਰ ਸਿੰਘ ਸੰਘਾ ਨੇ ਭਾਸ਼ਾ ਵਿਗਿਆਨ 'ਤੇ ਚਾਨਣਾ ਪਾਇਆ। ਪ੍ਰੋ. ਪਰਮਿੰਦਰ ਸਿੰਘ ਢੀਂਡਸਾ ਨੇ ਉਚਾਰਨ ਸਮੱਸਿਆਵਾਂ, ਸ਼ਬਦ ਜੋੜ ਦੇ ਨਿਯਮਾਂ 'ਤੇ ਚਾਨਣਾ ਪਾਇਆ। ਤੀਜੇ ਦਿਨ ਪ੍ਰੋਫੈਸਰ ਜੋਗਾ ਸਿੰਘ ਵਿਰਕ ਨੇ ਵਾਕ ਵਣਤਰ ਤੇ ਚਾਨਣਾ ਪਾਇਆ। ਅੰਗਰੇਜੀ ਵਿਸ਼ੇ ਦੇ ਵਿਦਵਾਨ ਮੈਡਮ ਯਸ਼ੀ ਮਿਸ਼ਰਾ ਨੇ ਅੰਗਰੇਜੀ ਦੇ ਅਧਿਆਪਕਾਂ ਨੂੰ ਗਾਈਡ ਕੀਤਾ। ਵਰਕਸ਼ਾਪ ਦੀ ਆਰੰਭਤਾ ਸ਼ਬਦ ਗੁਰਬਾਣੀ ਨਾਲ ਹੁੰਦੀ ਰਹੀ। ਪਦਮ ਸ੍ਰੀ ਬਾਬਾ ਸੇਵਾ ਸਿੰਘ ਕਾਰ ਸੇਵਾ ਖਡੂਰ ਸਾਹਿਬ ਵਾਲਿਆਂ ਦੀ ਰਹਿਨੁਮਾਈ ਹੇਠ ਸ੍ਰੀ ਗੁਰੂ ਅਰਜਨ ਦੇਵ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਕਰਤਾਰਪੁਰ ਦੇ ਪ੍ਰਿੰਸੀਪਲ ਬੀਰਇੰਦਰ ਸਿੰਘ ਪੰਨੂੰ, ਵਿਸ਼ਾ ਅਧਿਆਪਕ ਸਾਹਿਬਾਨਾਂ ਅਤੇ ਕਾਰ ਸੇਵਾ ਅਧੀਨ ਸਾਰੀਆਂ ਸੰਸਥਾਵਾਂ ਦੇ ਪ੍ਰਿੰਸੀਪਲ ਸਾਹਿਬਾਨਾਂ, ਅਧਿਆਪਕ ਸਾਹਿਬਾਨਾਂ ਦਾ ਵਰਕਸ਼ਾਪ ਸਫਲਤਾਪੂਰਵਕ ਨੇਪਰੇ ਚਾੜ੍ਹਨ ਲਈ ਭਾਈ ਵਰਿਆਮ ਸਿੰਘ ਵੱਲੋਂ ਧੰਨਵਾਦ ਕੀਤਾ।

# ਪਾਸਪੋਰਟ ਸੇਵਾ ਕੇਂਦਰ ਸ਼ਨੀਵਾਰ ਨੂੰ ਖੁੱਲ੍ਹੇ ਰਹਿਣਗੇ : ਆਰ ਪੀ ਓ.

**ਜਲੰਧਰ, (ਸੁਰਿੰਦਰ ਕੁਮਾਰ)** ਪਾਸਪੋਰਟ ਸੇਵਾਵਾਂ ਨਾਲ ਸਬੰਧਤ ਵਧ ਰਹੀਆਂ ਅਰਜੀਆਂ ਦੇ ਮੱਦੇਨਜਰ ਜਲੰਧਰ ਆਰ ਪੀ ਓ ਦੇ ਅਧਿਕਾਰ ਖੇਤਰ 'ਚ ਆਉਂਦੇ ਸਾਰੇ ਪਾਸਪੋਰਟ ਸੇਵਾ ਕੇਂਦਰ ਅਤੇ ਪੋਸਟ ਆਫਿਸ ਪਾਸਪੋਰਟ ਸੇਵਾ ਕੇਂਦਰ ਬਿਨੈਕਾਰਾਂ ਦੀ ਸਹੂਲਤ ਲਈ ਇਸ ਸਨੀਵਾਰ ਭਾਵ 8 ਜੁਲਾਈ, 2023 ਨੂੰ ਖੁੱਲ੍ਹੇ ਰਹਿਣਗੇ। ਪਾਸਪੋਰਟ ਅਫਸਰ ਅਨੂਪ ਸਿੰਘ ਨੇ ਦੱਸਿਆ ਕਿ ਵਿਦੇਸ਼ ਮੰਤਰਾਲੇ ਵੱਲੋਂ ਬਿਨੈਕਾਰਾਂ ਦੀ ਸਹੂਲਤ ਅਤੇ ਸਹਾਇਤਾ ਲਈ ਇਹ ਫੈਸਲਾ ਲਿਆ ਗਿਆ ਹੈ। ਉਨ੍ਹਾਂ ਦੱਸਿਆ ਕਿ ਹੁਣ ਪਾਸਪੋਰਟ ਨਾਲ ਸਬੰਧਤ ਸੇਵਾਵਾਂ ਲਈ ਅਪਾਇੰਟਮੈਂਟ 8 ਜੁਲਾਈ, 2023 ਲਈ ਉਪਲਬੱਧ ਹਨ।

# ਸੀ ਐਚ ਸੀ ਚਮਕੌਰ ਸਾਹਿਬ ਵਿਖੇ ਵਿਸ਼ਵ ਜ਼ੂਨੋਸਿਸ ਦਿਵਸ ਮਨਾਇਆ



**ਸ੍ਰੀ ਚਮਕੌਰ ਸਾਹਿਬ** (ਕੁਲਵਿੰਦਰ ਕਾਲਾ) ਡਾ.ਪਰਮਿੰਦਰ ਕੁਮਾਰ ਸਿਵਲ ਸਰਜਨ ਰੂਪਨਗਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਅਤੇ ਡਾ. ਗੋਬਿੰਦ ਟੰਡਨ ਸੀਨੀਅਰ ਮੈਡੀਕਲ ਅਫਸਰ ਸੀ.ਐਚ.ਸੀ ਚਮਕੌਰ ਸਾਹਿਬ ਦੀ ਅਗਵਾਈ ਹੇਠ ਸੀ.ਐਚ.ਸੀ ਚਮਕੌਰ ਸਾਹਿਬ ਵਿਖੇ ਵਿਸ਼ਵ ਜ਼ੂਨੋਸਿਸ ਦਿਵਸ ਮਨਾਇਆ ਗਿਆ। ਇਸ ਮੌਕੇ ਹਰਵਿੰਦਰ ਸਿੰਘ ਬਲਾਕ ਐਕਸਟੈਨਸ਼ਨ ਐਜੂਕਟਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਕੁਝ ਅਜਿਹੀਆਂ ਬਿਮਾਰੀਆਂ ਹਨ ਜੋ ਜਾਨਵਰਾਂ ਤੋਂ ਮਨੁੱਖਾਂ ਤੱਕ ਪਹੁੰਚਦੀਆਂ ਹਨ। ਬੈਕਟੀਰੀਆ, ਵਾਇਰਸ, ਫੰਜਾਈ ਅਤੇ ਪਰਜੀਵੀ ਜ਼ੂਨੋਟਿਕ ਬਿਮਾਰੀਆਂ ਨੂੰ ਮਨੁੱਖਾਂ 'ਚ ਲੈ ਕੇ ਜਾਂਦੇ ਹਨ। ਕੋਵਿਡ-19 ਜ਼ੂਨੋਟਿਕ ਬਿਮਾਰੀ ਦੀ ਇੱਕ ਉਦਾਹਰਣ ਹੈ, ਜੋ ਕਿ ਚਮਗਿੱਦੜਾਂ ਤੋਂ ਪੈਦਾ ਹੋਇਆ ਮੰਨਿਆ ਜਾਂਦਾ ਹੈ। 6 ਜੁਲਾਈ 1985 ਨੂੰ ਫਰਾਂਸੀਸੀ ਜੀਵ-ਵਿਗਿਆਨੀ ਲੂਈ ਪਾਸਚਰ ਨੇ ਰੇਬਿਜ਼ ਵੈਕਸੀਨ ਦੀ ਪਹਿਲੀ ਵਾਰ ਸਫਲਤਾਪੂਰਵਕ ਖੋਜ ਕੀਤੀ ਸੀ। ਜਿਸ ਕਾਰਨ ਇਸ ਦਿਨ ਨੂੰ ਜ਼ੂਨੋਟਿਕ ਬਿਮਾਰੀਆਂ ਬਾਰੇ ਜਾਗਰੂਕਤਾ ਪੈਦਾ ਕਰਨ ਲਈ ਮਨਾਇਆ ਜਾਂਦਾ ਹੈ। ਇਸ ਮੌਕੇ ਤੇ ਮਲਟੀਪਰਪਜ਼ ਹੈਲਥ ਸੁਪਰਵਾਈਜ਼ਰ ਮੇਲ ਨਾਗਰ ਸਿੰਘ, ਦਵਿੰਦਰ ਸਿੰਘ, ਸੀ.ਐਚ.ਓ ਅਤਿੰਦਰ ਕੌਰ, ਤਜਿੰਦਰ ਕੌਰ ਏ.ਐਨ.ਐਮ, ਗੁਰਪ੍ਰੀਤ ਸਿੰਘ ਟੀ.ਬੀ ਹੈਲਥ ਵਿਜ਼ੀਟਰ, ਪਰਮਜੀਤ ਸਿੰਘ ਹੈਲਥ ਵਰਕਰ ਅਤੇ ਪਤਵੰਤੇ ਸੱਜਣ ਹਾਜ਼ਰ ਸਨ।

# ਮਾਨਤਾ ਪ੍ਰਾਪਤ ਕਾਲਜਾਂ ਦੇ ਚੇਅਰਮੈਨ ਜੈਕ ਦੇ ਬੈਨਰ ਹੇਠ ਉਪ-ਕੁਲਪਤੀ ਡਾ. ਮਿੱਤਲ ਨੂੰ ਮਿਲੇ



**ਜਲੰਧਰ (ਸ਼ੈਲੀ ਐਲਬਰਟ)**- :ਆਈ.ਕੇ. ਗੁਜਰਾਲ ਪੰਜਾਬ ਟੈਕਨੀਕਲ ਯੂਨੀਵਰਸਿਟੀ (ਆਈ.ਕੇ.ਜੀ. ਪੀ.ਟੀ.ਯੂ.) ਦੇ ਵੱਖ-ਵੱਖ ਮਾਨਤਾ ਪ੍ਰਾਪਤ ਕਾਲਜਾਂ ਦੇ ਸਮੂਹ ਚੇਅਰਮੈਨਾਂ ਨੇ ਵੀਰਵਾਰ ਨੂੰ ਯੂਨੀਵਰਸਿਟੀ ਦੇ ਉਪ-ਕੁਲਪਤੀ ਡਾ. ਸੁਸ਼ੀਲ ਮਿੱਤਲ ਨਾਲ ਮੁਲਾਕਾਤ ਕੀਤੀ ਜੁਆਇੰਟ ਐਸੋਸੀਏਸ਼ਨ ਆਫ਼ ਕਾਲਜਿਜ਼ (ਜੇ.ਏ.ਸੀ-ਜੈਕ) ਦੇ ਬੈਨਰ ਹੇਠ ਸਮੂਹ ਚੇਅਰਮੈਨਾਂ ਨੇ ਡਾ. ਸੁਸ਼ੀਲ ਮਿੱਤਲ ਨੂੰ ਯੂਨੀਵਰਸਿਟੀ ਦਾ ਉਪ-ਕੁਲਪਤੀ ਨਿਯੁਕਤ ਹੋਣ ਤੇ ਉਨ੍ਹਾਂ ਦਾ ਸਵਾਗਤ ਕੀਤਾ। ਜੈਕ ਮੈਂਬਰਾਂ ਵੱਲੋਂ ਉਪ-ਕੁਲਪਤੀ ਡਾ. ਮਿੱਤਲ ਨੂੰ ਗੁਲਦਸਤਾ ਭੇਟ ਕਰਕੇ ਵਧਾਈ ਦਿੱਤੀ ਗਈ! ਇਹ ਪਹਿਲੀ ਮੀਟਿੰਗ ਯੂਨੀਵਰਸਿਟੀ ਦੇ ਕਾਲਜ ਵਿਕਾਸ ਵਿਭਾਗ ਵੱਲੋਂ ਕਰਵਾਈ ਗਈ। ਇਸ ਦੌਰਾਨ ਉਪ-ਕੁਲਪਤੀ ਡਾ. ਮਿੱਤਲ ਨੇ ਵੱਖ-ਵੱਖ ਅਕਾਦਮਿਕ ਮੁੱਦਿਆਂ 'ਤੇ ਸਾਰਿਆਂ ਤੋਂ ਵਿਚਾਰ ਮੰਗੇ ਅਤੇ ਸਾਰਿਆਂ ਨੂੰ ਖੁੱਲ੍ਹੇ ਮੰਚ 'ਤੇ ਬੋਲਣ ਦਾ ਸੱਦਾ ਦਿੱਤਾ! ਮੀਟਿੰਗ ਦੀ ਸ਼ੁਰੂਆਤ ਯੂਨੀਵਰਸਿਟੀ ਦੇ ਰਜਿਸਟਰਾਰ ਡਾ.ਐਸ.ਕੇ.ਮਿਸ਼ਰਾ ਵੱਲੋਂ ਉਪ-ਕੁਲਪਤੀ ਡਾ. ਮਿੱਤਲ ਤੇ ਉਨ੍ਹਾਂ ਦੀਆਂ ਪ੍ਰਾਪਤੀਆਂ ਨਾਲ ਸਾਰਿਆਂ ਨੂੰ ਜਾਣੂ ਕਰਵਾਉਂਦੇ ਹੋਏ ਕੀਤੀ ਗਈ। ਮੀਟਿੰਗ ਦੌਰਾਨ ਤਕਨੀਕੀ ਸਿੱਖਿਆ ਦੇ ਵਿਕਾਸ ਨਾਲ ਸਬੰਧਤ ਕੁੱਲ 15 ਮੁੱਦਿਆਂ 'ਤੇ ਸਾਰਿਆਂ ਨੇ ਆਪਣੇ ਵਿਚਾਰ ਰੱਖੇ।

ਇਸ ਮੌਕੇ ਉਪਰ ਜੈਕ ਵੱਲੋਂ ਆਰੀਅਨ ਗਰੁੱਪ ਦੇ ਚੇਅਰਮੈਨ ਡਾ. ਅੰਸ਼ੂ ਕਟਾਰੀਆ, ਬਾਬਾ ਫ਼ਰੀਦ ਗਰੁੱਪ ਬਠਿੰਡਾ ਦੇ ਚੇਅਰਮੈਨ ਗੁਰਮੀਤ ਸਿੰਘ ਧਾਲੀਵਾਲ, ਦੋਆਬਾ ਗਰੁੱਪ ਦੀ ਤਰਫ਼ੋਂ ਮਨਜੀਤ ਸਿੰਘ, ਅੰਮ੍ਰਿਤਸਰ ਗਰੁੱਪ ਆਫ਼ ਇੰਸਟੀਚਿਊਸ਼ਨ ਦੀ ਤਰਫ਼ੋਂ ਅਮਿਤ ਸ਼ਰਮਾ ਅਤੇ ਹੋਰ ਹਾਜ਼ਰ ਸਨ।

# ਕਿਸਾਨ ਆਗੂਆਂ ਨੇ ਚਿੱਪ ਵਾਲੇ ਮੀਟਰ ਨਾ ਲਗਾਉਣ ਦੀ ਕੀਤੀ ਮੰਗ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)** ਸੰਯੁਕਤ ਕਿਸਾਨ ਮੋਰਚੇ ਵਿੱਚ ਕੰਮ ਕਰਦੀਆਂ ਕੁੱਲ ਹਿੰਦ ਕਿਸਾਨ ਸਭਾ ਅਤੇ ਕੁੱਲ ਹਿੰਦ ਕਿਸਾਨ ਸਭਾ ਪੰਜਾਬ ਦੇ ਜਿਲ੍ਹਾ ਆਗੂਆਂ ਦਾ ਇੱਕ ਡੈਪੂਟੇਸਨ ਸਥਾਨਕ ਪੰਜਾਬ ਰਾਜ ਪਾਵਰ ਕਾਰਪੋਰੇਸਨ ਲਿਮਟਿਡ ਦੇ ਉਚ ਅਧਿਕਾਰੀਆਂ ਨੂੰ ਚਿੱਪ ਵਾਲੇ ਸਮਾਰਟ ਮੀਟਰ ਨਾ ਲਗਾਉਣ ਦੇ ਸੰਬੰਧ ਵਿੱਚ ਮਿਲਿਆ। ਇਸ ਮੌਕੇ ਕੁੱਲ ਹਿੰਦ ਕਿਸਾਨ ਦੇ ਜਿਲ੍ਹਾ ਪ੍ਰਧਾਨ ਕਾਮਰੇਡ ਸੁਰਜੀਤ ਸਿੰਘ ਢੇਰ, ਕੁੱਲ ਹਿੰਦ ਕਿਸਾਨ ਸਭਾ ਪੰਜਾਬ ਦੇ ਜਿਲ੍ਹਾ ਸਕੱਤਰ ਦਵਿੰਦਰ ਨੰਗਲੀ ਦੀ ਅਗਵਾਈ ਹੇਠ ਐਕਸੀਅਨ ਗੁਰਿੰਦਰ ਜੀਤ ਸਿੰਘ ਭੰਗੂ ਨੂੰ ਮਿਲਿਆ। ਜਿਨ੍ਹਾਂ ਨੂੰ ਇੱਕ ਮੰਗ ਪੱਤਰ ਦਿੱਤਾ। ਜਿਸ ਵਿੱਚ ਮੰਗ ਕੀਤੀ ਗਈ ਕਿ ਚਿੱਪ ਵਾਲੇ ਮੀਟਰ ਖਪਤਕਾਰਾਂ ਦੇ ਨਾ ਲਗਾਏ ਜਾਣ। ਆਗੂਆਂ ਨੇ ਕਿਹਾ ਕਿ ਇਸ ਨਾਲ ਗਰੀਬ ਲੋੜਵੰਦ ਲੋਕਾਂ ਨੂੰ ਮਿਲ ਰਹੀਆਂ ਸਹੂਲਤਾਂ ਤੋਂ ਵਾਂਝੇ ਕਰਨ ਦਾ ਯਤਨ ਕੀਤਾ ਜਾ ਰਿਹਾ ਹੈ। ਇਸ ਮੌਕੇ ਅਫਸਰ ਸਹਿਬਾਨ ਨੇ ਕਿਹਾ ਕਿ ਇਹ ਪਾਲਿਸੀ ਮੈਟਰ ਦਾ ਸੁਆਲ ਹੈ। ਸਾਡੇ ਪਾਸ ਜੋ ਵੀ ਸਮਾਨ ਵਿਭਾਗ ਭੇਜਦਾ ਹੈ ਅਸੀਂ ਖਪਤਕਾਰਾਂ ਨੂੰ ਦੇ ਦਿੰਦੇ ਹਾਂ। ਇਸ ਮੌਕੇ ਕਿਸਾਨ ਆਗੂਆਂ ਨੇ ਦੱਸਿਆ ਕਿ ਇਹ ਸਮਾਰਟ ਚਿੱਪ ਵਾਲੇ ਮੀਟਰ ਐਡਵਾਂਸ ਪੈਸੇ ਨਾਲ ਬਿਜਲੀ ਦੇਣਗੇ। ਜੋ ਸਹੂਲਤਾਂ ਪੰਜਾਬ ਵਾਸੀਆਂ ਨੂੰ ਮਿਲ ਰਹੀਆਂ ਹਨ। ਉਨ੍ਹਾਂ ਤੋਂ ਸਰਕਾਰ ਖੋਹ ਰਹੀ ਹੈ। ਇਲਾਕੇ ਦੇ ਲੋਕਾਂ ਨੂੰ ਸੱਦਾ ਦਿੱਤਾ ਕਿ ਉਹ ਇਨ੍ਹਾਂ ਸਮਾਰਟ ਚਿੱਪ ਵਾਲੇ ਮੀਟਰਾਂ ਦੇ ਵਿਰੋਧ ਲਈ ਇੱਕਮੁੱਠ ਹੋਣ। ਸਰਕਾਰ ਦੀ ਇਸ ਪਾਲਿਸੀ ਦਾ ਡੱਟ ਕੇ ਵਿਰੋਧ ਕਰਨ। ਇਸ ਮੌਕੇ ਕਿਸਾਨ ਆਗੂ ਗੁਰਨਾਮ ਸਿੰਘ ਔਲਖ, ਰਾਮ ਪਾਲ ਤਾਰਾਪੁਰ, ਇੰਦਰਜੀਤ ਸਿੰਘ ਫੋਜੀ, ਸੁਸੀਲ ਕੁਮਾਰ, ਗੁਲਜਾਰ, ਸੋਹਣ ਸਿੰਘ ਬੰਗਾ ਵੀ ਹਾਜ਼ਰ ਸਨ।

# ਜੋਗਿੰਦਰ ਸਿੰਘ ਮਾਨ ਨੇ ਬਰਸਾਤ ਦੇ ਮੱਦੇਨਜ਼ਰ ਨਹਿਰਾਂ ਦੀ ਹਾਲਤ ਦਾ ਲਿਆ ਜਾਇਜ਼ਾ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)** ਬਰਸਾਤ ਦੇ ਮੌਸਮ ਦੌਰਾਨ ਫਗਵਾੜਾ ਖੇਤਰ ਦੇ ਕਈ ਪਿੰਡਾਂ 'ਚੋਂ ਲੰਘਦੀਆਂ ਨਹਿਰਾਂ ਦੇ ਟੁੱਟਣ ਸੰਬੰਧੀ ਪਿੰਡ ਵਾਸੀਆਂ ਵੱਲੋਂ ਜਤਾਏ ਖਦਸ਼ੇ ਦੇ ਮੱਦੇਨਜ਼ਰ ਆਮ ਆਦਮੀ ਪਾਰਟੀ ਦੇ ਹਲਕਾ ਫਗਵਾੜਾ ਦੇ ਇੰਚਾਰਜ ਜੋਗਿੰਦਰ ਸਿੰਘ ਮਾਨ ਨੇ ਨਹਿਰੀ ਵਿਭਾਗ ਦੇ ਅਧਿਕਾਰੀਆਂ ਨਾਲ ਪਿੰਡ ਨੰਗਲ ਮੱਝਾ ਤੇ ਪਲਾਹੀ ਦਾ ਦੌਰਾ ਕੀਤਾ। ਮਾਨ ਨੇ ਜਿੱਥੇ ਅਧਿਕਾਰੀਆਂ ਨੂੰ ਨਹਿਰਾਂ ਵਿੱਚ ਪਈਆਂ ਦਰਾਰਾਂ ਦੀ ਸਮਾਂ ਰਹਿੰਦੇ ਮੁਰੰਮਤ ਕਰਵਾਉਣ ਲਈ ਕਿਹਾ, ਉੱਥੇ ਹੀ ਪਿੰਡ ਪਲਾਹੀ ਵਿੱਚ ਇੱਕ ਥਾਂ 'ਤੇ ਬੋਰੀਆਂ ਆਦਿ ਨਾਲ ਸੁਰਾਖ ਤੋਂ ਪਾਣੀ ਦੇ ਵਹਾਅ 'ਤੇ ਰੋਕ ਲਗਵਾਈ। ਉਨ੍ਹਾਂ ਪਿੰਡ ਵਾਸੀਆਂ ਨੂੰ ਭਰੋਸਾ ਦਿੱਤਾ ਕਿ ਨਹਿਰਾਂ ਦੀ ਸਮੇਂ ਸਿਰ ਮੁਰੰਮਤ ਕਰਵਾਈ ਜਾਵੇਗੀ। ਇਸ ਦੌਰਾਨ ਉਨ੍ਹਾਂ ਦੇ ਨਾਲ ਨਹਿਰੀ ਵਿਭਾਗ ਦੇ ਐਸ.ਡੀ.ਓ. ਜਸਵਿੰਦਰ ਪਾਲ ਸਿੰਘ ਅਤੇ ਹੋਰ ਅਧਿਕਾਰੀਆਂ ਤੋਂ ਇਲਾਵਾ ਮਨੋਹਰ ਸਿੰਘ ਪਲਾਹੀ, ਫੌਜੀ ਸ਼ੇਰਗਿੱਲ, ਲਾਡੀ ਨੰਗਲ ਮਾਝਾ ਤੇ ਹੋਰ ਪਤਵੰਤੇ ਹਾਜ਼ਰ ਸਨ।

# ਗੁਰਦੁਆਰਾ ਸ੍ਰੀ ਟਾਹਲੀ ਸਾਹਿਬ ਵਿਖੇ ਲਗਾਇਆ ਮੈਡੀਕਲ ਕੈਂਪ

**ਕਾਲਾ ਸੰਘਿਆਂ (ਮਨਜੀਤ ਮਾਨ)** ਵਿਧਾਨ ਸਭਾ ਹਲਕਾ ਕਪੂਰਥਲਾ ਦੇ ਅਧੀਨ ਪੈਂਦੇ ਪਿੰਡ ਕਾਲਾ ਸੰਘਿਆਂ ਦੇ ਨੇੜੇ ਪੈਂਦੇ ਪਿੰਡ ਬਲੇਰ ਖਾਨ ਪੁਰ ਗੁਰਦੁਆਰਾ ਸ੍ਰੀ ਛੇਵੀਂ ਪਾਤਸ਼ਾਹੀ ਟਾਹਲੀ ਸਾਹਿਬ ਵਿਖੇ ਮੈਡੀਕਲ ਕੈਂਪ ਲਗਾਇਆ ਗਿਆ। ਦੋਆਬਾ ਮੈਡੀਕਲ ਪ੍ਰੈਕਟੀਸ਼ਨਰ ਯੂਨੀਅਨ ਦੇ ਬਲਾਕ ਪ੍ਰਧਾਨ ਡਾਕਟਰ ਬਲਕਾਰ ਸਿੰਘ ਲਾਲਕਾ ਨੇ ਦੱਸਿਆ ਕਿ ਗੁਰਦੁਆਰਾ ਸ੍ਰੀ ਟਾਹਲੀ



ਸਾਹਿਬ ਵਿਖੇ ਸਾਲਾਨਾ ਮੇਲੇ ਨੂੰ ਮੁੱਖ ਰੱਖਦੇ ਹੋਏ ਸੰਗਤਾਂ ਦੀ ਸੇਵਾ ਵਿਚ ਇੱਕ ਛੋਟਾ ਜਿਹਾ ਉਪਰਾਲਾ ਮੈਡੀਕਲ ਕੈਂਪ ਲਗਾ ਕੇ ਕੀਤਾ ਗਿਆ ਅਤੇ ਗੁਰੂ ਕੀ ਲੰਗਰ ਟੀਮ ਨੇ ਵੀ ਯੋਗਦਾਨ ਪਾਇਆ ਮੌਕੇ ਡਾਕਟਰ ਰਾਜੀਵ ਕੁਮਾਰ ਸ਼ਰਮਾ ਬਲਾਕ ਪ੍ਰਧਾਨ ਸੁਲਤਾਨਪੁਰ ਲੋਧੀ ਵੀ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ ਅਤੇ ਇਸ ਮੈਡੀਕਲ ਕੈਂਪ ਦੀ ਸੇਵਾ ਸੀਨੀਅਰ ਡਾਕਟਰ ਸੁਰਜੀਤ ਸਿੰਘ, ਡਾਕਟਰ ਸ਼ੁਸ਼ੀਲ ਵਰਮਾ, ਡਾਕਟਰ ਖਾਨ, ਡਾਕਟਰ ਸੁਖਜਿੰਦਰ ਮੱਟੂ, ਡਾਕਟਰ ਬਲਵੀਰ ਚੰਦ, ਡਾਕਟਰ ਜੋਗੇਸ਼ ਅਤੇ ਡਾਕਟਰ ਮੁਨੀਸ਼ ਕੁਮਾਰ ਵੱਲੋਂ ਨਿਭਾਅ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕੀਤਿਆਂ।

# ਰਿਆਤ ਬਾਹਰਾ ਮੈਨੇਜਮੈਂਟ ਕਾਲਜ ਦੇ ਵਿਦਿਆਰਥੀਆਂ ਨੇ ਸਲੱਮ ਏਰੀਆ ਦੇ ਲੋਕਾਂ ਨੂੰ ਕੀਤਾ ਜਾਗਰੂਕ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)** ਸਮਾਜ ਪ੍ਰਤੀ ਆਪਣੀ ਜਿੰਮੇਵਾਰੀ ਨੂੰ ਬਾਖੂਬੀ ਨਿਭਾਉਂਦੇ ਹੋਏ ਰਿਆਤ ਬਾਹਰਾ ਮੈਨੇਜਮੈਂਟ ਕਾਲਜ ਦੇ ਵਿਦਿਆਰਥੀਆਂ ਨੇ ਸਲੱਮ ਏਰੀਆ ਦੇ ਲੋਕਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਅਤੇ ਆਪਣੇ ਆਲੇ-ਦੁਆਲੇ ਨੂੰ ਸਾਫ ਸੁਥਰਾ ਰੱਖਣ ਲਈ ਜਾਗਰੂਕ ਕੀਤਾ। ਜਿਸ ਵਿੱਚ ਕਾਲਜ ਦੇ ਐਮ ਬੀ ਏ ਅਤੇ ਬੀ ਬੀ ਏ ਦੇ ਵਿਦਿਆਰਥੀਆਂ ਨੇ ਭਾਗ ਲਿਆ। ਇਸ ਸੰਬੰਧੀ ਕਾਲਜ ਦੇ ਪ੍ਰਿੰਸੀਪਲ ਡਾ: ਹਰਿੰਦਰ ਸਿੰਘ ਗਿੱਲ ਨੇ ਦੱਸਿਆ ਕਿ ਰਿਆਤ ਬਾਹਰਾ ਗਰੁੱਪ ਵੱਲੋਂ ਸਮਾਜ ਪ੍ਰਤੀ ਆਪਣੇ ਫਰਜ਼ ਨੂੰ ਸਮਝਦੇ ਹੋਏ ਇਕ ਕਮਿਊਨਿਟੀ ਪ੍ਰੋਗਰਾਮ ਸ਼ੁਰੂ ਕੀਤਾ ਗਿਆ ਹੈ ਅਤੇ ਇਸੇ ਸੰਦਰਭ ਵਿਚ ਕੰਮ ਕੀਤਾ ਗਿਆ। ਇਸ ਮੌਕੇ ਡਾ: ਪਾਰੁਲ ਖੰਨਾ ਨੇ ਹਾਜ਼ਰ ਲੋਕਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਅਤੇ ਆਪਣੇ ਆਲੇ-ਦੁਆਲੇ ਦੀ ਸਫ਼ਾਈ ਰੱਖਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਕਾਲਜ ਦੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਸਲੱਮ ਏਰੀਏ ਦੇ ਲੋਕਾਂ ਨੂੰ ਖਾਣ-ਪੀਣ ਦਾ ਸਮਾਨ ਵੰਡਿਆ। ਇਸ ਮੌਕੇ ਵਿਦਿਆਰਥੀਆਂ ਨੇ ਸਲੱਮ ਏਰੀਏ ਦੇ ਲੋਕਾਂ ਨੂੰ ਕਿਹਾ ਕਿ ਉਹ ਆਪਣੇ ਬੱਚਿਆਂ ਨੂੰ ਸਕੂਲ ਜ਼ਰੂਰ ਭੇਜਣ ਤਾਂ ਜੋ ਉਹ ਸਿੱਖਿਅਤ ਹੋ ਕੇ ਸਮਾਜ ਦੇ ਚੰਗੇ ਨਾਗਰਿਕ ਬਣ ਸਕਣ। ਇਸ ਮੌਕੇ ਪ੍ਰੋ: ਭਾਵਨਾ ਅਤੇ ਪ੍ਰੋ: ਪ੍ਰਿਆ ਸਮੇਤ ਵਿਦਿਆਰਥੀ ਹਾਜ਼ਰ ਸਨ।

# ਬੇਲਾ ਕਾਲਜ ਦੇ ਵਿਦਿਆਰਥੀਆਂ ਦੀਆਂ ਸ਼ਾਨਦਾਰ ਪ੍ਰਾਪਤੀਆਂ



**ਸ੍ਰੀ ਚਮਕੌਰ ਸਾਹਿਬ (ਕੁਲਵਿੰਦਰ ਕਾਲਾ)**-ਅਮਰ ਸ਼ਹੀਦ ਬਾਬਾ ਅਜੀਤ ਸਿੰਘ ਜੁਝਾਰ ਸਿੰਘ ਮੈਮੋਰੀਅਲ ਕਾਲਜ ਬੇਲਾ ਦੇ ਐੱਮ. ਐਸ. ਸੀ. ਬਾਇਉਟੈਕਨੋਲੋਜੀ ਦੇ ਸਮੈਸਟਰ ਪਹਿਲਾ ਅਤੇ ਤੀਜਾ ਦੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਵੱਲੋਂ ਅਲਾਨੇ ਨਤੀਜੇ ਸ਼ਾਨਦਰ ਰਹੇ। ਪ੍ਰਿੰਸੀਪਲ ਡਾ. ਸਤਵੰਤ ਕੌਰ ਸ਼ਾਹੀ ਨੇ ਵਿਦਿਆਰਥੀਆਂ ਦੀਆਂ ਸ਼ਾਨਦਾਰ ਪ੍ਰਾਪ

ਤੀਆਂ 'ਤੇ ਬਹੁਤ ਮਾਣ ਅਤੇ ਸੰਤੁਸਟੀ ਪ੍ਰਗਟ ਕੀਤੀ। ਉਹਨਾਂ ਦੱਸਿਆ ਕਿ ਸਮੈਸਟਰ ਤੀਜਾ 'ਚ ਪ੍ਰਭਜੋਤ ਕੌਰ (78.3 ਫੀਸਦੀ) ਨੇ ਪਹਿਲਾ ਸਥਾਨ, ਸੰਦੀਪ ਕੌਰ (76.7 ਫੀਸਦੀ) ਨੇ ਦੂਜਾ ਸਥਾਨ ਅਤੇ ਹਰਪ੍ਰੀਤ ਕੌਰ (74.5 ਫੀਸਦੀ) ਨੇ ਤੀਜਾ ਸਥਾਨ ਹਾਸਲ ਕੀਤਾ। ਇਸੇ ਤਰ੍ਹਾਂ ਪਹਿਲੇ ਸਮੈਸਟਰ 'ਚੋਂ ਇੰਦਰਜੀਤ ਕੌਰ ਨੇ ਪਹਿਲਾ ਸਥਾਨ (83.3 ਫੀਸਦੀ), ਤਰਨਪ੍ਰੀਤ ਕੌਰ (78 ਫੀਸਦੀ) ਨੇ ਦੂਜਾ ਸਥਾਨ (78 ਫੀਸਦੀ) ਅਤੇ ਹਰਲੀਨ ਕੌਰ ਨੇ (76.5 ਫੀਸਦੀ) ਅੰਕ ਲੈ ਕੇ ਤੀਜਾ ਸਥਾਨ ਹਾਸਿਲ ਕੀਤਾ। ਕਾਲਜ ਪ੍ਰਬੰਧਕ ਕਮੇਟੀ ਨੇ ਵਿਦਿਆਰਥੀਆਂ ਅਤੇ ਸਟਾਫ ਨੂੰ ਮੁਬਾਰਕਬਾਦ ਦਿੱਤੀ। ਅਸਿ. ਪ੍ਰੋ. ਮਨਪ੍ਰੀਤ ਕੌਰ, ਅਸਿ. ਪ੍ਰੋ. ਜਸਪ੍ਰੀਤ ਕੌਰ, ਡਾ. ਸੁਖਦੇਵ, ਅਸਿ. ਪ੍ਰੋ. ਨਵਜੋਤ ਭਾਰਤੀ, ਅਸਿ. ਪ੍ਰੋ. ਹਰਸ਼ਿਤਾ, ਅਸਿ. ਪ੍ਰੋ. ਅਮਨਜੋਤ ਕੌਰ, ਅਤੇ ਅਸਿ. ਪ੍ਰੋ. ਗੁਰਵਿੰਦਰ ਕੌਰ ਮੌਜੂਦ ਸਨ।

# ਵਿਜੀਲੈਂਸ ਵੱਲੋਂ 10,000 ਰੁਪਏ ਰਿਸ਼ਵਤ ਮੰਗਣ ਦੇ ਦੋਸ਼ 'ਚ ਗਿਰਦਾਵਰ ਕਾਬੂ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)** ਸੂਬੇ ਵਿੱਚ ਭ੍ਰਿਸ਼ਟਾਚਾਰ ਖ਼ਿਲਾਫ਼ ਵਿੱਢੀ ਮੁਹਿੰਮ ਤਹਿਤ ਪੰਜਾਬ ਵਿਜੀਲੈਂਸ ਬਿਊਰੋ ਨੇ ਹੁਸ਼ਿਆਰਪੁਰ ਜ਼ਿਲ੍ਹੇ ਦੇ ਤਹਿਸੀਲ ਦਫ਼ਤਰ ਦਸੂਹਾ ਵਿਖੇ ਤਾਇਨਾਤ ਗਿਰਦਾਵਰ/ਕਾਨੂੰਨਗੋ ਮਨਜੀਤ ਸਿੰਘ ਨੂੰ 10,000 ਰੁਪਏ ਰਿਸ਼ਵਤ ਮੰਗਣ ਦੇ ਦੋਸ਼ ਹੇਠ ਕਾਬੂ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮ ਨੂੰ ਹੁਸ਼ਿਆਰਪੁਰ ਜ਼ਿਲ੍ਹੇ ਦੇ ਪਿੰਡ ਉੱਚੀ ਬੱਸੀ ਦੇ ਵਾਸੀ ਰਾਮਪਾਲ ਦੀ ਸ਼ਿਕਾਇਤ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਸ਼ਿਕਾਇਤ ਕਰਤਾ ਨੇ 21 ਜੂਨ, 2023 ਨੂੰ ਭ੍ਰਿਸ਼ਟਾਚਾਰ ਵਿਰੋਧੀ ਐਕਸ਼ਨ ਲਾਈਨ ਉਤੇ ਸ਼ਿਕਾਇਤ ਦਰਜ ਕਰਵਾਈ ਕਿ ਉਕਤ ਮੁਲਜ਼ਮ ਨੇ ਜ਼ਮੀਨ ਦਾ ਇੰਤਕਾਲ ਕਰਨ ਬਦਲੇ 10,000 ਰੁਪਏ ਰਿਸ਼ਵਤ ਮੰਗੀ ਸੀ। ਬੁਲਾਰੇ ਨੇ ਦੱਸਿਆ ਕਿ ਇਸ ਸ਼ਿਕਾਇਤ ਦੀ ਮੁਢਲੀ ਜਾਂਚ ਉਪਰੰਤ ਥਾਣਾ ਵਿਜੀਲੈਂਸ ਬਿਊਰੋ, ਜਲੰਧਰ ਰੇਂਜ ਵਿੱਚ ਉਕਤ ਗਿਰਦਾਵਰ/ਕਾਨੂੰਨਗੋ ਨੂੰ ਸ਼ਿਕਾਇਤਕਰਤਾ ਤੋਂ 10,000 ਰੁਪਏ ਰਿਸ਼ਵਤ ਮੰਗਣ ਦੇ ਦੋਸ਼ ਹੇਠ ਗ੍ਰਿਫ਼ਤਾਰ ਕੀਤਾ ਹੈ। ਇਸ ਸਬੰਧੀ ਉਕਤ ਗਿਰਦਾਵਰ ਖ਼ਿਲਾਫ਼ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਥਾਣਾ ਵਿਜੀਲੈਂਸ ਬਿਊਰੋ, ਜਲੰਧਰ ਰੇਂਜ ਵਿਖੇ ਕੇਸ ਦਰਜ ਕੀਤਾ ਗਿਆ ਹੈ ਅਤੇ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

# ਤਨੀਸ਼ਾ ਨੇ ਕਿੱਕ ਬਾਕਸਿੰਗ 'ਚੋਂ ਤੀਸਰਾ ਸਥਾਨ ਹਾਸਲ ਕਰਕੇ ਗੜ੍ਹਸ਼ੰਕਰ ਦਾ ਨਾਂਅ ਕੀਤਾ ਰੌਸ਼ਨ

**ਗੜ੍ਹਸ਼ੰਕਰ(ਫੂਲਾ ਸਿੰਘ ਬੀਰਮਪੁਰ)** ਗੜ੍ਹਸ਼ੰਕਰ ਅਧੀਨ ਆਉਂਦੇ ਪਿੰਡ ਸਲੇਮਪੁਰ ਤਹਿ ਗੜ੍ਹਸ਼ੰਕਰ ਜਿਲ੍ਹਾ ਹੁਸ਼ਿਆਰਪੁਰ ਦੀ ਜੰਮਪਲ ਤਨੀਸ਼ਾ ਸਪੁੱਤਰੀ ਨੰਬਰਦਾਰ ਵਿਜੇ ਕੁਮਾਰ ਨੇ ਕਿੱਕ ਬੋਕਸਿੰਗ ਵਿਚੋਂ ਗੜ੍ਹਸ਼ੰਕਰ ਇਲਾਕੇ ਦਾ ਨਾਂਅ ਰੋਸ਼ਨ ਕੀਤਾ ਪਹਿਲਾਂ ਤਨੀਸ਼ਾ ਨੇ ਪੰਜਾਬ ਲੈਵਲ ਤੇ ਕਿੱਕ ਬੋਕਸਿੰਗ ਵਿਚੋਂ ਸ਼੍ਰੀ ਮੁਕਤਸਰ ਸਾਹਿਬ ਵਿਖੇ ਪਹਿਲਾ ਸਥਾਨ ਪ੍ਰਾਪਤ ਕੀਤਾ ਉਸ ਸਮੇਂ 15 ਜੂਨ ਨੂੰ ਗੜ੍ਹਸ਼ੰਕਰ ਤੋਂ ਵਿਧਾਇਕ ਅਤੇ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੋੜੀ ਵਲੋਂ ਸਨਮਾਨਿਤ ਕੀਤਾ। ਉਸ ਨੇ ਇੰਡੀਆ ਲੈਵਲ ਤੇ ਤਗਮਾ ਹਾਸਲ ਕਰਕੇ ਤੀਸਰਾ ਸਥਾਨ ਪ੍ਰਾਪਤ ਕੀਤਾ। ਇਸ ਮੌਕੇ ਜਸਵੀਰ ਸਿੰਘ ਰਾਏ ਐਡਵੋਕੇਟ ਵਲੋਂ ਤਨੀਸ਼ਾ ਦਾ ਸਤਨੌਰ ਅੱਡੇ ਤੇ ਪਹੁੰਚਣ ਤੇ ਮੂੰਹ ਮਿੱਠਾ ਕਰਵਾਇਆ ਅਤੇ ਮੁਬਾਰਕਬਾਦ ਦਿੱਤੀ ਇਸ ਮੌਕੇ ਸਰਪੰਚ ਦਲਜੀਤ ਕੌਰ, ਮਹਿੰਦਰ ਸਿੰਘ, ਬਲਵਿੰਦਰ ਸਿੰਘ ਅਕਾਲਗੜ੍ਹ, ਨਰਿੰਦਰ ਸਿੰਘ ਅਕਾਲਗੜ੍ਹ, ਸਤਿੰਦਰ ਸਿੰਘ ਐਸ ਡੀ ਓ, ਨਰਿੰਦਰ ਚੰਦ ਨੰਬਰਦਾਰ, ਜੋਗਾ ਸਿੰਘ ਟੇਲਰ, ਸਰਬਜੀਤ ਸਿੰਘ, ਬਿੱਲਾ ਸਟੂਡੀਓ, ਬਿੱਟੂ ਜੈਲਦਾਰ, ਰੋਮੀ, ਰੇਸ਼ਮ ਲਾਲ ਸਤਨੌਰ,ਕੁਲਰਾਜਵੀਰ ਸਿੰਘ, ਮੱਖਣ ਆਦਿ ਸਮੂਹ ਦੁਕਾਨਦਾਰ ਹਾਜ਼ਰ ਸਨ।

# ਮੈਡੀਕਲ ਚੈੱਕਅੱਪ ਕੈਂਪ ਲਗਾਇਆ



**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਪਿੰਡ ਦੁਰਗਾਪੁਰ ਵਿਖੇ ਛੇਵੀਂ ਪਾਤਸ਼ਾਹੀ ਦੇ ਗੁਰਦੁਆਰੇ ਵਿੱਚ ਮੈਡੀਕਲ ਚੈਕਅੱਪ ਕੈਂਪ ਲਗਾਇਆ ਗਿਆ। ਮਾਹਿਰ ਡਾਕਟਰਾਂਦੀ ਟੀਮ ਵੱਲੋਂ ਮਰੀਜਾਂ ਦੀ ਜਾਂਚ ਕੀਤੀ ਗਈ। ਈ.ਐਨ.ਟੀ ਡਾ: ਰਸ਼ਪਾਲ ਸਿੰਘ, ਐਮ.ਡੀ ਸ਼ੂਗਰ ਡਾ: ਗੁਰਪਾਲ ਸਿੰਘ,ਅੱਖਾਂ ਦੀ ਡਾ: ਮਨਦੀਪ ਕੌਰ ਡਾ: ਬਲਬੀਰ ਸਿੰਘ ਹੱਡੀਆਂ, ਪਰਮਜੀਤ ਮਾਹੀ ਸਰਜੀਕਲ, ਬੱਚਿਆਂ ਦੇ ਮਾਹਰ ਏ. ਆਰ. ਕੈਥ ਫਾਰਮਾਸਿਸਟ ਤੇ ਸਟਾਫ ਭੁਪਿੰਦਰ ਸਿੰਘ, ਜਸਪ੍ਰੀਤ ਕੌਰ, ਬਲਬੀਰ ਕੁਮਾਰ, ਨੇਹਾ, ਰੋਸ਼ਨੀ, ਜੱਸੀ, ਸੈਫੀ, ਮਨਜੀਤ ਸਿੰਘ ਮੈਡੀਸਨ ਨੇ ਮਰੀਜਾਂ ਦੀ ਜਾਂਚ ਕਰਕੇ ਦਵਾਈਆਂ ਦਿੱਤੀਆਂ। ਕਰੀਬ 442 ਮਰੀਜ਼ਾਂ ਦਾ ਮਾਹਿਰ ਡਾਕਟਰਾਂ ਵੱਲੋਂ ਚੈਅਕਪ ਕਰਕੇ ਅਤੇ ਮੁਫ਼ਤ ਦਵਾਈਆਂ ਦਿੱਤੀਆਂ ਗਈਆਂ।

# ਸਰਕਾਰੀ ਸਕੂਲ ਸਰਹਾਲ ਕਾਜ਼ੀਆਂ ਨੂੰ ਸਹਾਇਤਾ ਰਾਸ਼ੀ ਭੇਟ



**ਬਹਿਰਾਮ (ਅਵਤਾਰ ਕਲੇਰ)**- ਯੂਥ ਵੈਲਫੇਅਰ ਐਂਡ ਸਪੋਰਟਸ ਆਰਗੇਨਾਈਜੇਸ਼ਨ ਰਜਿ. ਸਰਹਾਲ ਕਾਜ਼ੀਆਂ ਵੱਲੋਂ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਸਰਹਾਲ ਕਾਜ਼ੀਆਂ ਵਿੱਚ ਸਮਾਗਮ ਕਰਵਾਇਆ ਗਿਆ। ਆਰਗੇਨਾਈਜੇਸ਼ਨ ਦੇ ਚੇਅਰਮੈਨ ਸੁਰਿੰਦਰ ਕੁਮਾਰ ਚੱਢਾ ਨੇ ਦੱਸਿਆ ਕਿ ਅੱਜ ਦੇ ਵਿੱਦਿਅਕ ਸਮੱਗਰੀ ਵੰਡ ਸਮਾਰੋਹ ਵਿੱਚ ਸਕੂਲ ਦੇ ਸਾਰੇ ਵਿਦਿਆਰਥੀਆਂ ਨੂੰ ਬੈਗ, ਰੋਟੀ ਵਾਲਾ ਡੱਬਾ, ਪਾਣੀ ਵਾਲੀ ਬੋਤਲ ਦੀ ਵੰਡ ਕੀਤੀ ਗਈ। ਉਨ੍ਹਾਂ ਅੱਗੇ ਦੱਸਿਆ ਕਿ ਸਾਡੇ ਪਰਵਾਰ ਵੱਲੋਂ ਸਵ. ਪ੍ਰਿੰਸੀਪਲ ਜੁਗਿੰਦਰ ਚੱਢਾ ਦੀ ਯਾਦ 'ਚ ਹਰ ਸਾਲ ਦਸ ਹਜ਼ਾਰ ਰੁਪਏ ਦੀ ਸੇਵਾ ਸਰਕਾਰੀ ਸਕੂਲ ਸਰਹਾਲ ਕਾਜ਼ੀਆਂ ਨੂੰ ਦਿੱਤੀ ਜਾਂਦੀ ਹੈ। ਇਸ ਵਾਰ ਦੋ ਸਾਲਾਂ ਦੇ ਵੀਹ ਹਜ਼ਾਰ ਰੁਪਏ ਸਰਕਾਰੀ ਸਕੂਲ ਨੂੰ ਭੇਟ ਕੀਤੇ ਗਏ ਹਨ। ਇਸ ਮਾਲੀ ਅਤੇ ਵਿੱਦਿਅਕ ਸਮੱਗਰੀ ਦੀ ਮਦਦ ਲਈ ਸਕੂਲ ਮੁਖੀ ਰਜਿੰਦਰ ਕੁਮਾਰ ਨੇ ਚੱਢਾ ਪਰਵਾਰ ਅਤੇ ਕਲੱਬ ਦੇ ਮੈਂਬਰਾਂ ਦਾ ਧੰਨਵਾਦ ਕੀਤਾ। ਇਸ ਮੌਕੇ ਚੇਅਰਮੈਨ ਸੁਰਿੰਦਰ ਕੁਮਾਰ ਚੱਢਾ, ਪ੍ਰਧਾਨ ਸੁਰਜੀਤ ਸੈਂਪਲੇ, ਜਨਰਲ ਸਕੱਤਰ ਸ਼ਾਦੀ ਲਾਲ, ਖਜ਼ਾਨਚੀ ਨਰੇਸ਼ ਕੁਮਾਰ, ਰਜਿੰਦਰ ਕੁਮਾਰ ਹੈੱਡ ਟੀਚਰ, ਅਜੇ ਕੁਮਾਰ, ਦਰਬਾਰੀ ਲਾਲ, ਰਾਜ ਕੁਮਾਰ, ਲਖਵੀਰ ਸਿੰਘ, ਬਲਵਿੰਦਰ ਕੁਮਾਰ, ਰਾਮ ਕ੍ਰਿਸ਼ਨ, ਸੁਰਜੀਤ ਰਾਮ ਪਹਿਲਵਾਨ, ਊਸ਼ਾ ਰਾਣੀ, ਗੀਤਾ ਰਾਣੀ ਆਦਿ ਹਾਜ਼ਰ ਸਨ।

# ਜ਼ਿਲ੍ਹਾ ਤੇ ਸੈਸ਼ਨ ਜੱਜ ਨੇ ਚਿਲਡਰਨ ਹੋਮ ਦਾ ਕੀਤਾ ਅਚਨਚੇਤ ਨਿਰੀਖਣ



**ਹੁਸ਼ਿਆਰਪੁਰ (ਓ ਪੀ ਰਾਣਾ)** ਜ਼ਿਲ੍ਹਾ ਤੇ ਸੈਸ਼ਨ ਜੱਜ-ਕਮ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦਿਲਬਾਗ ਸਿੰਘ ਜੌਹਲ ਵੱਲੋਂ ਅਬਜ਼ਰਵੇਸ਼ਨ ਹੋਮ, ਓਲਡ ਏਜ ਹੋਮ ਤੇ ਚਿਲਡਰਨ ਹੋਮ ਰਾਮ ਕਲੋਨੀ ਕੈਂਪ ਦਾ ਅਚਨਚੇਤ ਦੌਰਾ ਕੀਤਾ ਗਿਆ। ਇਸ ਦੌਰਾਨ ਉਨ੍ਹਾਂ ਨਾਲ ਸੀ.ਜੇ.ਐਮ.-ਕਮ-ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਅਪਰਾਜਿਤਾ ਜੋਸ਼ੀ ਵੀ ਮੌਜੂਦ ਸਨ। ਜ਼ਿਲ੍ਹਾ ਤੇ ਸੈਸ਼ਨ ਜੱਜ ਵਲੋਂ ਅਬਜ਼ਰਵੇਸ਼ਨ ਹੋਮ ਵਿਚ ਰਹਿ ਰਹੇ 42 ਬੱਚਿਆਂ ਅਤੇ ਸਪੈਸ਼ਲ ਹੋਮ ਵਿਚ ਰਹਿ ਰਹੇ 21 ਬੱਚਿਆਂ ਨਾਲ ਗੱਲਬਾਤ ਕੀਤੀ ਗਈ ਅਤੇ ਉਨ੍ਹਾਂ ਦੇ ਕੇਸਾਂ ਵਿਚ ਨਿਯੁਕਤ ਕੀਤੇ ਗਏ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਪੈਨਲ ਐਡਵੋਕੇਟਾਂ ਅਤੇ ਪ੍ਰਾਈਵੇਟ ਐਡਵੋਕੇਟਾਂ ਦੀ ਕਾਰਗੁਜ਼ਾਰੀ ਬਾਰੇ ਪੁੱਛਿਆ ਗਿਆ। ਇਸ ਮੌਕੇ ਉਨ੍ਹਾਂ ਨੇ ਓਲਡ ਏਜ ਹੋਮ ਵਿਚ ਰਹਿ ਰਹੇ ਬਜ਼ੁਰਗਾਂ ਨਾਲ ਵੀ ਗੱਲਬਾਤ ਕੀਤੀ ਅਤੇ ਸੁਪਰਡੈਂਟ ਓਲਡ ਏਜ ਹੋਮ ਵਿਚ ਬਜ਼ੁਰਗਾਂ ਦੇ ਰਹਿਣ, ਖਾਣ-ਪੀਣ ਸਬੰਧੀ ਜਾਣਕਾਰੀ ਲਈ। ਇਸ ਮੌਕੇ ਸੁਪਰਡੈਂਟ ਅਬਜ਼ਰਵੇਸ਼ਨ ਹੋਮ ਨਰੇਸ਼ ਕੁਮਾਰ, ਪੁਨੀਤ ਕੁਮਾਰ, ਡਾ. ਰਜਿੰਦਰ ਪਾਲ ਰੋਜੀ ਅਤੇ ਸੁਨੀਲ ਕੁਮਾਰ ਵੀ ਮੌਜੂਦ ਸਨ।

# ਰਾਜੇਸ਼ ਬਾਘਾ ਨੇ ਡਾ. ਮੁਖਰਜੀ ਨੂੰ ਜਨਮ ਦਿਨ 'ਤੇ ਕੀਤੇ ਸ਼ਰਧਾ ਦੇ ਫੁੱਲ ਭੇਟ

**ਜਲੰਧਰ, (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ, ਇਕਬਾਲ ਸਿੰਘ ਉਭੀ)** ਭਾਰਤ ਦੀ ਏਕਤਾ ਅਤੇ ਅਖੰਡਤਾ ਲਈ ਆਪਣਾ ਜੀਵਨ ਕੁਰਬਾਨ ਕਰਨ ਵਾਲੇ ਰਾਸ਼ਟਰਵਾਦੀ ਨੇਤਾ ਡਾ: ਸ਼ਿਆਮਾ ਪ੍ਰਸਾਦ ਮੁਖਰਜੀ ਦੇ ਜਨਮ ਦਿਹਾੜੇ 'ਤੇ ਭਾਰਤੀ ਜਨਤਾ ਪਾਰਟੀ, ਜਲੰਧਰ ਦੇ ਜਿਲ੍ਹਾ ਪ੍ਰਧਾਨ ਸੁਸ਼ੀਲ ਕੁਮਾਰ ਸਰਮਾ ਦੀ ਪ੍ਰਧਾਨਗੀ ਹੇਠ ਸਮਾਗਮ ਕਰਵਾਇਆ ਗਿਆ, ਜਿਸ 'ਚ ਭਾਰਤੀ ਜਨਤਾ ਪਾਰਟੀ ਪੰਜਾਬ ਦੇ ਜਨਰਲ ਸਕੱਤਰ ਅਤੇ ਅਨੁਸੂਚਿਤ ਜਾਤੀ ਕਮਿਸ਼ਨ ਪੰਜਾਬ ਦੇ ਸਾਬਕਾ ਚੇਅਰਮੈਨ ਰਾਜੇਸ਼ ਬਾਘਾ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਉਨ੍ਹਾਂ ਨੇ ਡਾ: ਸ਼ਿਆਮਾ ਪ੍ਰਸਾਦ ਮੁਖਰਜੀ ਨੂੰ ਆਪਣੇ ਸ਼ਰਧਾ ਦੇ ਫੁੱਲ ਭੇਟ ਕੀਤੇ। ਡਾ: ਸ਼ਿਆਮਾ ਪ੍ਰਸਾਦ ਮੁਖਰਜੀ ਅਜਿਹੇ ਵਿਅਕਤੀ ਸਨ ਜਿਨ੍ਹਾਂ ਨੇ ਦੇਸ ਦੀ ਆਜ਼ਾਦੀ ਤੋਂ ਬਾਅਦ ਸਭ ਤੋਂ ਪਹਿਲਾਂ ਦੇਸ ਦੀ ਏਕਤਾ ਅਤੇ ਅਖੰਡਤਾ ਦੀ ਆਵਾਜ ਬੁਲੰਦ ਕੀਤੀ।

ਸੁਸ਼ੀਲ ਸ਼ਰਮਾ, ਸਕੱਤਰ ਅਨਿਲ ਸੱਚਰ, ਜਨਰਲ ਸਕੱਤਰ ਅਸ਼ੋਕ ਸਰੀਨ ਹਿੱਕੀ ਨੇ ਕਿਹਾ ਕਿ ਡਾ: ਸ਼ਿਆਮਾ ਪ੍ਰਸਾਦ ਮੁਖਰਜੀ ਇਕ ਮਹਾਨ ਨਾਇਕ ਸਨ। ਇਸ ਮੌਕੇ ਅਮਰਜੀਤ ਗੋਲਡੀ, ਜਿਲ੍ਹਾ ਮੀਤ ਪ੍ਰਧਾਨ ਅਸਵਨੀ ਭੰਡਾਰੀ, ਦਵਿੰਦਰ ਕਾਲੀਆ, ਦਰਸ਼ਨ ਲਾਲ ਭਗਤ, ਭੁਪਿੰਦਰ ਕੁਮਾਰ, ਜਿਲ੍ਹਾ ਸਕੱਤਰ ਅਸ਼ਵਨੀ ਅਟਵਾਲ, ਸ੍ਰੀਮਤੀ ਅਨੂ ਸ਼ਰਮਾ, ਸ੍ਰੀਮਤੀ ਮੀਨੂੰ ਸ਼ਰਮਾ, ਹਿਤੇਸ਼ ਸਿਆਲ, ਗੋਪਾਲ ਕਿਸਨ ਸੋਨੀ, ਯੋਗੇਸ਼ ਮਲਹੋਤਰਾ, ਮੰਡਲ ਪ੍ਰਧਾਨ ਡਾ. ਰਾਜੇਸ਼ ਮਲਹੋਤਰਾ, ਕੁਲਵੰਤ ਸ਼ਰਮਾ, ਗੁਰਪ੍ਰੀਤ ਵਿੱਕੀ, ਅਸ਼ੀਸ਼ ਸਹਿਗਲ, ਕੁਨਾਲ ਸ਼ਰਮਾ, ਮਨੀਸ਼ ਬੱਲ, ਅਨਿਲ ਮੀਨੀਆ, ਪੂਰਨਾ ਭਗਤ, ਸਾਬਕਾ ਕੌਂਸਲਰ ਬਿਪਨ ਕੁਮਾਰ, ਵਿਵੇਕ ਖੰਨਾ, ਮਹਿਲਾ ਮੋਰਚਾ ਮੁਖੀ ਮੀਨੂੰ ਸ਼ਰਮਾ, ਯੁਵਾ ਮੋਰਚਾ ਮੁਖੀ ਪੰਕਜ ਜੁਲਕਾ, ਐਸ.ਸੀ ਮੋਰਚਾ ਮੁਖੀ ਅਜਮੇਰ ਸਿੰਘ ਬਾਦਲ, ਓ ਬੀ ਸੀ ਮੋਰਚਾ ਦੇ ਪ੍ਰਧਾਨ ਬੌਬੀ ਕਸਯਪ, ਮੰਡਲ ਜਨਰਲ ਸਕੱਤਰ ਅਨੁਜ ਸ਼ਾਰਦਾ, ਦਿਨੇਸ਼ ਮਲਹੋਤਰਾ ਆਦਿ ਹਾਜ਼ਰ ਸਨ।

# ਅਮਰਨਾਥ ਯਾਤਰੀਆਂ ਦੇ ਜਥੇ ਨੂੰ ਲਾਇਨਜ਼ ਕਲੱਬ ਡ੍ਰੀਮ ਪ੍ਰਧਾਨ ਨੇ ਕੀਤਾ ਰਵਾਨਾ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**-ਜੈ ਸ਼ਿਵ ਸ਼ਕਤੀ ਸੇਵਾ ਮੰਡਲ ਨੂਰਮਹਿਲ ਦੇ ਪ੍ਰਧਾਨ ਲਾਇਨ ਅਸ਼ੋਕ ਸੰਧੂ ਨੰਬਰਦਾਰ ਨੂਰਮਹਿਲ ਦੀ ਅਗਵਾਈ ਹੇਠ ਸ੍ਰੀ ਅਮਰਨਾਥ ਦੇ ਦਰਸ਼ਨਾ ਲਈ 118 ਅਮਰਨਾਥ ਯਾਤਰੀਆਂ ਦੇ ਜਥੇ ਨੂੰ ਲਾਇਨਜ਼ ਕਲੱਬ ਨੂਰਮਹਿਲ ਡ੍ਰੀਮ ਦੀ ਪ੍ਰਧਾਨ ਲਾਇਨ ਸੋਮਿਨਾਂ ਸੰਧੂ ਨੇ ਮੰਦਰ ਬਾਬਾ ਭੂਤਨਾਥ ਤੋਂ ਹਰਿ ਝੰਡੀ ਦਿਖਾ ਕੇ ਯਾਤਰਾ ਰਵਾਨਗੀ ਦਾ ਸ਼ੁਭ ਕਾਰਜ ਆਪਣੇ ਕਰ ਕਮਲਾਂ ਨਾਲ ਕੀਤਾ। ਮੰਡਲ ਦੇ ਸੀਨੀਅਰ ਮੀਤ ਪ੍ਰਧਾਨ ਹਰੀਸ ਮੈਹਨ, ਸੈਕਟਰੀ ਸਰਨਜੀਤ ਸਿੰਘ, ਪ੍ਰੈਸ ਸਕੱਤਰ ਅਨਿਲ ਮਿਸ਼ਰ ਸ਼ਰਮਾ, ਪੀ.ਆਰ.ਓ ਅਮਨ ਕੁਮਾਰ ਅਤੇ ਕੋਆਰਡੀਨੇਟਰ ਦਿਨਕਰ ਸੰਧੂ ਨੇ ਕਿਹਾ ਜੈ ਸ਼ਿਵ ਸ਼ਕਤੀ ਸੇਵਾ ਮੰਡਲ ਨੂਰਮਹਿਲ ਵੱਲੋਂ ਦੇਸ-ਵਿਦੇਸ ਦੇ ਸਮੂਹ ਦਾਨਵੀਰ ਸ਼ਿਵ ਭਗਤਾਂ ਦੇ ਸਹਿਯੋਗ ਨਾਲ 18ਵੀਂ ਵਾਰ, ਲਗਾਤਾਰ, ਸ੍ਰੀ ਅਮਰਨਾਥ ਯਾਤਰੀਆਂ ਨੂੰ ਮੰਡਲ ਵੱਲੋਂ ਸੇਵਾਵਾਂ ਦਿੱਤੀਆਂ ਗਈਆਂ ਹਨ। ਮੰਡਲ ਚੇਅਰਮੈਨ ਓ.ਪੀ ਕੁੰਦੀ, ਪੰਡਤ ਪਵਨ ਪਰਾਸਰ, ਭੂਸ਼ਣ ਸ਼ਰਮਾ, ਲਾਇਨ ਯੋਗੇਸ਼ ਗੁਪਤਾ, ਲਾਇਨ ਆਂਚਲ ਸੰਧੂ ਸੋਖਲ, ਮਾਧਵ ਕੁੰਦੀ, ਲਾਇਨ ਦਿਨਕਰ ਸੰਧੂ, ਕੌਂਸਲਰ ਬਲਬੀਰ ਕੌਲਧਾਰ, ਲਾਇਨ ਜਸਪ੍ਰੀਤ ਕੌਰ ਸੰਧੂ, ਮੁਕੇਸ ਕੋਹਲੀ, ਸੀਤਾ ਰਾਮ ਸੋਖਲ, ਜੱਜ ਸੇਖੜੀ, ਰਵੀ ਮੱਲ੍ਹੀ, ਕਿਰਪਾਲ ਬੌਬੀ ਸਮੇਤ ਅਨੇਕਾ ਸ਼ਿਵ ਭਗਤਾਂ ਨੇ ਅਮਰਨਾਥ ਯਾਤਰੀਆਂ ਲਈ ਸ਼ੁਭਕਾਮਨਾਵਾਂ ਦਿੱਤੀਆਂ।

# ਸੁਨੀਲ ਜਾਖੜ ਭਾਜਪਾ ਪੰਜਾਬ ਦੇ ਪ੍ਰਧਾਨ ਬਣਨ ਨਾਲ ਪਾਰਟੀ ਨੂੰ ਮਿਲੇਗੀ ਹੋਰ ਮਜ਼ਬੂਤੀ : ਸ਼ੈਲੀ ਮਹਾਜਨ



**ਕਰਤਾਰਪੁਰ (ਹਰਮੇਸ਼ ਦੱਤ)** ਭਾਰਤੀ ਜਨਤਾ ਪਾਰਟੀ ਦੇ ਜਿਲ੍ਹਾ ਜਲੰਧਰ ਦਿਹਾਤੀ ਦੇ ਸੈਕਟਰੀ ਸ਼ੈਲੀ ਮਹਾਜਨ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸੁਨੀਲ ਜਾਖੜ ਦੇ ਪੰਜਾਬ ਪ੍ਰਧਾਨ ਬਣਨ 'ਤੇ ਭਾਜਪਾ ਨੂੰ ਸ਼ਹਿਰ ਦੇ ਨਾਲ ਨਾਲ ਦਿਹਾਤੀ ਇਲਾਕਿਆਂ 'ਚ ਵੀ ਹੋਰ ਮਜ਼ਬੂਤੀ ਮਿਲੇਗੀ ਉਹਨਾਂ ਨੇ ਸੁਨੀਲ ਜਾਖੜ ਨੂੰ ਭਾਜਪਾ ਦਾ ਪੰਜਾਬ ਪ੍ਰਧਾਨ ਬਣਨ 'ਤੇ ਵਧਾਈਆ ਦਿੱਤੀਆਂ।

# ਦੋ ਦਿਨਾਂ ਤੋਂ ਬੰਦ ਬਿਜਲੀ ਸਪਲਾਈ ਤੋਂ ਭੜਕੇ ਕਿਸਾਨਾਂ ਵੱਲੋਂ ਐੱਸ ਡੀ ਓ ਤੇ ਜੇ ਈ ਦਾ ਘਿਰਾਓ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**

ਪਿੰਡ ਬੁਰੜ ਤੇ ਲਾਲਵਾ ਦੇ ਖੇਤਾਂ ਨੂੰ ਬਿਜਲੀ ਸਪਲਾਈ ਦੇਣ ਵਾਲੀ ਲਾਈਨ ਵਿੱਚ ਖਰਾਬੀ ਪਏ ਹੋਣ ਕਰਕੇ ਬਿਜਲੀ ਸਪਲਾਈ ਠੱਪ ਸੀ। ਦੋ ਦਿਨ ਬਾਅਦ ਜਦੋਂ ਬਿਜਲੀ ਕਰਮਚਾਰੀ ਬਿਜਲੀ ਖਰਾਬੀ ਦੂਰ ਕਰਨ ਲਈ ਪਿੰਡ ਪੁੱਜੇ ਤਾਂ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੀ ਅਗਵਾਈ ਵਿੱਚ ਪਿੰਡ ਵਾਸੀਆਂ ਨੇ ਪਾਵਰਕਾਮ ਪਾਤੜਾਂ ਸ਼ਹਿਰੀ ਦੇ ਐੱਸ ਡੀ ਓ ਦਰਸ਼ਨ ਸਿੰਘ ਤੇ ਜੂਨੀਅਰ ਇੰਜਨੀਅਰ ਰੂਪ ਸਿੰਘ ਦਾ ਘਿਰਾਓ ਕੀਤਾ ਗਿਆ। ਇਸ ਦੌਰਾਨ ਇਕੱਤਰ ਵੱਡੀ ਗਿਣਤੀ 'ਚ ਕਿਸਾਨਾਂ ਨੇ ਪਾਵਰਕਾਮ ਕਰਮਚਾਰੀਆਂ ਖਿਲਾਫ ਨਾਅਰੇਬਾਜ਼ੀ ਕਰਦਿਆਂ ਬਿਜਲੀ ਮੁਲਾਜ਼ਮਾਂ ਨੂੰ ਮਾਮਲੇ ਦੇ ਹੱਲ ਤੱਕ ਕੰਮ ਕਰਨ ਤੋਂ ਰੋਕ ਦਿੱਤਾ। ਮਾਮਲੇ ਦਾ ਪਤਾ ਲੱਗਦੇ ਹੀ ਐਕਸੀਅਨ ਪਾਵਰਕਾਮ ਪਾਤੜਾਂ ਜਸਵੀਰ ਸਿੰਘ ਤੇ ਐੱਸ ਡੀ ਓ ਪਾਤੜਾਂ ਦਿਹਾਤੀ ਮਹਿੰਦਰ ਸਿੰਘ ਨੇ ਮੌਕੇ ਉੱਤੇ ਪਹੁੰਚ ਕੇ ਕਿਸਾਨਾਂ ਨੂੰ ਸ਼ਾਂਤ ਕਰਦਿਆਂ ਪੇਸ਼ ਆ ਰਹੀ ਸਮੱਸਿਆ ਦੂਰ ਕਰਨ ਦਾ ਭਰੋਸਾ ਦੇ ਕੇ ਬਿਜਲੀ ਬੋਰਡ ਦੇ ਅਧਿਕਾਰੀਆਂ ਦਾ ਘਿਰਾਓ ਖਤਮ ਕਰਵਾਇਆ।

ਜਾਣਕਾਰੀ ਦਿੰਦਿਆਂ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਬਲਾਕ ਸਕੱਤਰ ਅਵਤਾਰ ਸਿੰਘ, ਭੁਪਿੰਦਰ ਸਿੰਘ, ਰਾਜਬੀਰ ਸਿੰਘ, ਹਰਵਿੰਦਰ ਸਿੰਘ ਸਰਪੰਚ ਨੇ ਦੱਸਿਆ ਕਿ ਪਿਛਲੇ ਦੋ ਦਿਨਾਂ ਤੋਂ ਬਿਜਲੀ ਸਪਲਾਈ ਠੱਪ ਸੀ, ਪਰ ਕਿਸੇ ਵੀ ਅਧਿਕਾਰੀ ਜਾਂ ਕਰਮਚਾਰੀ ਇਸ ਪਾਸੇ ਕੋਈ ਧਿਆਨ ਨਹੀਂ ਦਿੱਤਾ, ਜਿਸ ਤੋਂ ਖਫਾ ਹੋ ਕੇ ਕਿਸਾਨਾਂ ਨੇ ਅੱਜ ਜਦੋਂ ਬਿਜਲੀ ਕਰਮਚਾਰੀ ਦੋ ਦਿਨ ਬਾਅਦ ਬਿਜਲੀ ਸਪਲਾਈ ਬਹਾਲ ਕਰਨ ਆਏ ਤਾਂ ਪਿੰਡ ਵਾਸੀਆਂ ਨੇ ਐੱਸ ਡੀ ਓ ਸਿਟੀ ਪਾਤੜਾਂ ਦਰਸ਼ਨ ਸਿੰਘ ਤੇ ਜੇ ਈ ਰੂਪ ਸਿੰਘ ਨੂੰ ਕੰਮ ਕਰਨ ਤੋਂ ਰੋਕ ਕੇ ਉਨ੍ਹਾਂ ਦਾ ਘਿਰਾਓ ਕੀਤਾ। ਉਨ੍ਹਾਂ ਦੱਸਿਆ ਕਿ ਪਿੰਡ ਬੁਰੜ ਤੇ ਲਾਲਵਾ ਪਿੰਡਾਂ ਦੇ ਖੇਤੀ ਸੈਕਟਰ ਲਈ ਬਿਜਲੀ ਸਪਲਾਈ ਦੇਣ ਵਾਲੀ ਲਾਈਨ ਦੋ ਦਿਨ ਤੋਂ ਖਰਾਬ ਸੀ। ਸਿਟੀ ਤੇ ਦਿਹਾਤੀ ਸਬ-ਡਵੀਜ਼ਨਾਂ ਵਿੱਚ ਆਪਸੀ ਤਾਲਮੇਲ ਦੀ ਘਾਟ ਕਰਕੇ ਇਸ ਪਾਸੇ ਧਿਆਨ ਨਹੀਂ ਸੀ ਦੇ ਰਿਹਾ, ਜਿਸ ਤੋਂ ਖਫਾ ਹੋ ਕੇ ਕਿਸਾਨਾਂ ਨੂੰ ਮਜਬੂਰਨ ਇਹ ਕਦਮ ਚੁੱਕਣਾ ਪਿਆ। ਮਾਮਲੇ ਦਾ ਪਤਾ ਲੱਗਦੇ ਹੀ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੀਆਂ ਘੱਗਾ, ਕਲਵਾਨੂੰ ਤੇ ਬਰਾਸ ਪਿੰਡਾਂ ਦੀਆਂ ਇਕਾਈਆਂ ਦੇ ਕਿਸਾਨ ਵਰਕਰ ਪਿੰਡ ਬੁਰੜ ਵਿਖੇ ਪਹੁੰਚੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਬਲਾਕ ਪ੍ਰਧਾਨ ਅਮਰੀਕ ਸਿੰਘ ਘੱਗਾ, ਬਲਵਿੰਦਰ ਸਿੰਘ ਘੱਗਾ, ਬਲਕਾਰ ਸਿੰਘ ਤੇ ਮੱਖਣ ਸਿੰਘ ਬਰਾਸ ਆਦਿ ਹਾਜ਼ਰ ਸਨ।

## ਨੂਰਪੁਰ ਬੇਟ ਦੇ ਨੌਜਵਾਨ ਦੀ ਇਟਲੀ 'ਚ ਮੌਤ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਇਥੋਂ ਨੇੜਲੇ ਪਿੰਡ ਨੂਰਪੁਰ ਬੇਟ ਦੇ ਨਿਵਾਸੀ ਧਿਆਨ ਸਿੰਘ ਦੇ ਸਪੁੱਤਰ ਨਾਨਕ ਸਿੰਘ ਦੀ ਇਟਲੀ ਵਿਖੇ ਹਾਰਟ ਅਟੈਕ ਨਾਲ ਮੌਤ ਹੋ ਗਈ। ਮਿਲੀ ਜਾਣਕਾਰੀ ਅਨੁਸਾਰ ਨਾਨਕ ਸਿੰਘ ਇਟਲੀ ਦੇ ਸ਼ਹਿਰ ਕਰੇਮੋਨਾ ਦੇ ਨੇੜੇ ਫੇਸੇ ਵਿਖੇ ਇੱਕ ਪ੍ਰਾਈਵੇਟ ਫੈਕਟਰੀ ਵਿੱਚ ਕੰਮ ਕਰਦਾ ਸੀ। ਨਾਨਕ ਸਿੰਘ ਪਿਛਲੇ ਕਈ ਸਾਲਾਂ ਤੋਂ ਇਟਲੀ ਰਹਿ ਰਿਹਾ ਸੀ ਤੇ ਕੁਝ ਸਮਾਂ ਪਹਿਲਾਂ ਹੀ ਆਪਣੀ ਪਤਨੀ ਤੇ ਬੱਚਿਆਂ ਨੂੰ ਉੱਥੇ ਬੁਲਾਇਆ ਸੀ। ਪਰਿਵਾਰਕ ਮੈਂਬਰਾਂ ਅਨੁਸਾਰ ਨਾਨਕ ਸਿੰਘ ਦੀ ਇਟਲੀ ਵਿਖੇ ਹੀ ਹਾਰਟ ਅਟੈਕ ਨਾਲ ਮੌਤ ਹੋ ਗਈ ਅਤੇ ਉਸ ਦੇ ਪਰਿਵਾਰਕ ਮੈਂਬਰਾਂ ਨੂੰ ਪੱਕੇ ਹੋਣ ਲਈ ਪੇਪਰ ਨਾ ਮਿਲਣ ਕਾਰਨ ਉਸ ਦਾ ਸਸਕਾਰ ਵੀ ਉੱਥੇ ਹੀ ਕੀਤਾ ਜਾਵੇਗਾ। ਨੌਜਵਾਨ ਨਾਨਕ ਸਿੰਘ ਦੀ ਮੌਤ ਨਾਲ ਪਿੰਡ ਵਿੱਚ ਸੋਗ ਦੀ ਲਹਿਰ ਪਾਈ ਜਾ ਰਹੀ ਹੈ। ਨਾਨਕ ਸਿੰਘ ਆਪਣੇ ਪਿੱਛੇ ਪਤਨੀ ਤੋਂ ਇਲਾਵਾ 2 ਪੁੱਤਰਾਂ ਨੂੰ ਛੱਡ ਗਿਆ, ਜਦਕਿ ਪਿੰਡ ਨੂਰਪੁਰ ਵਿਖੇ ਉਸ ਦੇ ਮਾਤਾ-ਪਿਤਾ ਇਕੱਲੇ ਰਹਿ ਰਹੇ ਹਨ।



# ਸੀਵਰੇਜ ਦੀ ਸਮੱਸਿਆ ਤੋਂ ਪ੍ਰੇਸ਼ਾਨ ਔਰਤਾਂ ਵੱਲੋਂ ਨਗਰ ਕੌਂਸਲ ਖਿਲਾਫ ਰੋਸ ਪ੍ਰਦਰਸ਼ਨ



**ਖੰਨਾ (ਸੁਖਵਿੰਦਰ ਸਿੰਘ ਭਾਦਲਾ, ਪਰਮਿੰਦਰ ਸਿੰਘ ਮੋਨੂੰ)**-ਰੇਲਵੇ ਲਾਈਨਾਂ ਪਾਰ ਵਾਰਡ ਨੰਬਰ 4, ਆਜ਼ਾਦ ਨਗਰ ਦੇ ਦੁਖੀ ਲੋਕਾਂ ਨੇ ਇਕੱਠੇ ਹੋ ਕੇ ਗਲੀਆਂ 'ਚ ਦਲਦਲ, ਚਿੱਕੜ, ਸੀਵਰੇਜ ਦੀ ਸਮੱਸਿਆ ਤੋਂ ਪ੍ਰੇਸ਼ਾਨ ਔਰਤਾਂ ਨੇ ਕੀਤਾ ਵਾਰਡ ਕੌਂਸਲਰ ਤੇ ਨਗਰ ਕੌਂਸਲ ਖਿਲਾਫ ਜ਼ੋਰਦਾਰ ਰੋਸ ਪ੍ਰਦਰਸ਼ਨ ਕੀਤਾ। ਪ੍ਰਦਰਸ਼ਨਕਾਰੀਆਂ ਨੇ ਕਿਹਾ ਕਿ ਕੌਂਸਲਰ ਤੇ ਨਗਰ ਕੌਂਸਲ ਸਾਡੇ ਵਾਰਡ ਵੱਲ ਕੋਈ ਧਿਆਨ ਨਹੀਂ ਦੇ ਰਹੇ। ਬੱਚੇ ਤੇ ਬਜ਼ੁਰਗ ਰੋਜ਼ਾਨਾ ਤਿਲਕ ਕੇ ਸੱਟਾਂ ਖਾ ਰਹੇ ਹਨ, ਜ਼ਖਮੀ ਹੋ ਰਹੇ ਹਨ। ਗਲੀਆਂ ਸਾਡੀਆਂ ਅਜੇ ਵੀ ਕੱਚੀਆਂ ਤੇ ਅਧੂਰੀਆਂ ਹਨ, ਇੰਨਾ ਤਾਂ ਖੰਨਾ ਪ੍ਰਸ਼ਾਸਨ ਸਾਨੂੰ ਦੱਸੇ ਕਿ ਇਹ ਕਦੋਂ ਬਣਨਗੀਆਂ। ਬਰਸਾਤਾਂ ਦੌਰਾਨ ਗਲੀਆਂ 'ਚ ਸੀਵਰੇਜ ਦੇ ਗੰਦੇ ਬਦਬੂਦਾਰ ਖੜੇ ਰਹਿੰਦੇ ਪਾਣੀ, ਦਲਦਲ ਕਾਰਨ ਮੱਛਰ ਮੱਖੀਆਂ ਦੀ ਭਰਮਾਰ, ਭਿਆਨਕ ਬਿਮਾਰੀਆਂ ਫੈਲਣ ਦੇ ਡਰ ਤੋਂ ਦੁਖੀ ਅਤੇ ਸੀਵਰੇਜ ਦੀ ਸਮੱਸਿਆ ਤੋਂ ਪ੍ਰੇਸ਼ਾਨ ਮੁਹੱਲਾ ਵਾਸੀਆਂ ਦਾ ਕਹਿਣਾ ਕਿ ਵੋਟਾਂ ਲੈਣ ਵੇਲੇ ਕਹਿੰਦੇ ਅਸੀਂ ਤਾਂ ਸੇਵਾ ਕਰਨੀ, ਜਿਸ ਵਕਤ ਮਰਜ਼ੀ ਆਵਾਜ਼ ਮਾਰਿਓ, ਹਾਜ਼ਰ ਹੋਵਾਂਗੇ, ਪਰ ਹੁਣ ਕੋਈ ਸੁਣਵਾਈ ਨਹੀਂ।

ਜੇਕਰ ਸਾਡੀਆਂ ਉਕਤ ਸਮੱਸਿਆਵਾਂ ਦਾ ਜਲਦੀ ਪੱਕਾ ਹੱਲ ਨਾ ਹੋਇਆ ਤਾਂ ਵੱਡਾ ਸੰਘਰਸ਼ ਕਰਨ ਲਈ ਮਜਬੂਰ ਹੋਵਾਂਗੇ। ਉਨ੍ਹਾਂ ਦੱਸਿਆ ਕਿ ਦਲਦਲ, ਸੀਵਰੇਜ ਦਾ ਬਦਬੂਦਾਰ ਪਾਣੀ ਘਰਾਂ ਦੇ ਬਾਹਰ ਖੜਾ ਹੋ ਜਾਂਦਾ ਹੈ, ਲੋਕ ਬੀਮਾਰ ਹੋ ਰਹੇ ਹਨ ਤੇ ਘਰਾਂ 'ਚੋਂ ਨਿਕਲਣਾ ਮੁਸ਼ਕਲ ਹੋਇਆ ਪਿਆ ਹੈ। ਵਾਰਡ ਨੰਬਰ 4 ਦੇ ਵਾਸੀਆਂ ਨੇ ਪ੍ਰਸ਼ਾਸਨ, ਨਗਰ ਕੌਂਸਲ ਦੇ ਅਧਿਕਾਰੀਆਂ 'ਤੇ ਦੋਸ਼ ਲਗਾਉਂਦੇ ਹੋਏ ਕਿਹਾ ਕਿ ਸਾਡੀ ਕਿਤੇ ਵੀ ਕੋਈ ਸੁਣਵਾਈ ਨਹੀਂ ਹੋ ਰਹੀ ਹੈ।

## ਭੱਟ ਪਰਵਾਰ ਵੱਲੋਂ ਵਿਦਿਆਰਥੀਆਂ ਤੇ ਅਧਿਆਪਕਾਂ ਨੂੰ ਥਰਮਸ ਬੋਤਲਾਂ ਭੇਟ

**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਸਰਕਾਰੀ ਹਾਈ ਸਕੂਲ ਗੁਰੂ ਨਾਨਕਪੁਰਾ ਵਿੱਚ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਹੈੱਡ ਮਿਸਟ੍ਰੈੱਸ ਪੂਜਾ ਰਾਣੀ ਦੀ ਅਗਵਾਈ 'ਚ ਸਮਰ ਕੈਂਪ ਦੀ ਸ਼ੁਰੂਆਤ ਦੇ ਸਵਾਗਤੀ ਸੈਸ਼ਨ ਵਿੱਚ ਸ਼ਹਿਰ ਦੇ ਸਮਾਜ ਸੇਵੀ ਭੱਟ ਪਰਿਵਾਰ ਵੱਲੋਂ ਪਰਵਿੰਦਰ ਭੱਟ ਦੀ ਬਰਸੀ ਨੂੰ ਸਮਰਪਤ ਸਕੂਲ ਦੇ ਵਿਦਿਆਰਥੀਆਂ ਤੇ ਸਟਾਫ ਨੂੰ ਥਰਮਸ ਬੋਤਲਾਂ ਦੀ ਸੌਗਾਤ ਦੇ ਕੇ ਸਮਰ ਕੈਂਪ ਦੀ ਸ਼ੁਰੂਆਤ ਕੀਤੀ ਗਈ। ਇਸ ਮੌਕੇ ਸਕੂਲ ਮੈਨੇਜਮੈਂਟ ਕਮੇਟੀ ਦੇ ਸਮਾਜ ਸੇਵੀ ਮੈਂਬਰ ਵਿਜੇ ਭੱਟ ਤੇ ਮਨਜੀਤ ਸਿੰਘ ਵਾਲੀਆ ਅਤੇ ਪ੍ਰੇਮ ਅਰੋੜਾ ਨੇ ਦੱਸਿਆ ਕਿ ਅੰਤਾਂ ਦੀ ਪੈ ਰਹੀ ਗਰਮੀ ਨੂੰ ਦੇਖਦਿਆਂ ਪਰਵਿੰਦਰ ਭੱਟ ਦੇ ਬੇਟੇ ਹਰਸ਼ ਭੱਟ ਨੇ ਆਪਣੀ ਮਿਹਨਤ ਦੀ ਕਮਾਈ ਵਿੱਚੋਂ ਆਪਣੇ ਪਿਤਾ ਦੀ ਯਾਦ 'ਚ ਭੇਜੀਆਂ ਥਰਮਸ ਬੋਤਲਾਂ ਵੰਡਣ ਦੀ ਜ਼ਿੰਮੇਵਾਰੀ ਨਿਭਾਈ। ਆਏ ਹੋਏ ਪਤਵੰਤੇ ਸੱਜਣਾਂ ਨੇ ਸਕੂਲ ਦੇ ਵਿਦਿਆਰਥੀਆਂ ਨੂੰ ਸਮਰ ਕੈਂਪ ਦਾ ਵੱਧ ਤੋਂ ਵੱਧ ਲਾਹਾ ਲੈ ਕੇ ਨਵੀਆਂ ਤੋਂ ਨਵੀਆਂ ਚੀਜ਼ਾਂ ਸਿੱਖਣ ਲਈ ਪ੍ਰੇਰਿਆ। ਸਾਦੇ ਸਮਾਗਮ 'ਚ ਸਟੇਜ ਸਕੱਤਰ ਦੀ ਜ਼ੁੰਮੇਵਾਰੀ ਬਲਜਿੰਦਰ ਸਿੰਘ ਸ. ਸ. ਮਾਸਟਰ ਨੇ ਅਦਾ ਕੀਤੀ। ਹੈੱਡ ਮਿਸਟ੍ਰੈੱਸ ਪੂਜਾ ਰਾਣੀ ਨੇ ਆਏ ਹੋਏ ਦਾਨੀ ਸੱਜਣਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਸਮਾਜ ਸੇਵਾ ਇੱਕ ਬਹੁਤ ਵੱਡੀ ਜ਼ਿੰਮੇਵਾਰੀ ਹੈ। ਸਾਨੂੰ ਸਮਾਜ ਸੇਵਾ ਦਿਖਾਵੇ ਲਈ ਨਹੀਂ ਸਗੋਂ ਸੱਚੇ ਦਿਲੋਂ ਜ਼ਰੂਰਤਮੰਦ ਲੋਕਾਂ ਦੀ ਮਦਦ ਕਰਨੀ ਚਾਹੀਦੀ ਹੈ। ਜਿਵੇਂ ਕਿ ਭੱਟ ਪਰਿਵਾਰ ਆਪਣੀ ਸਮਾਜ ਸੇਵਾ ਦੀ ਜ਼ਿੰਮੇਵਾਰੀ ਨਿਭਾਅ ਰਿਹਾ ਹੈ। ਇਸ ਮੌਕੇ ਸਕੂਲ ਅਧਿਆਪਕ ਸ਼੍ਰੀਮਤੀ ਨੀਤੂ ਗੋਇਲ, ਵੀਰਪਾਲ ਕੌਰ, ਜਸਮੀਤ ਕੌਰ, ਸ਼ਿਲਪਾ ਬਾਂਸਲ, ਹਰਪ੍ਰੀਤ ਕੌਰ ਤੇ ਬਲਜਿੰਦਰ ਸਿੰਘ ਪੀ.ਟੀ.ਆਈ. ਅਧਿਆਪਕਾਂ ਨੇ ਪ੍ਰੋਗਰਾਮ ਨੂੰ ਸਫਲ ਬਣਾਉਣ 'ਚ ਆਪਣਾ ਵਿਸ਼ੇਸ਼ ਯੋਗਦਾਨ ਦਿੱਤਾ।

## ਕਾਤਰਾਂ

### ਅਮਰ ਨਾਥ ਯਾਤਰਾ ਲਈ ਜੱਥਾ ਰਵਾਨਾ

**ਭੀਖੀ (ਧਰਮਵੀਰ ਸ਼ਰਮਾ)**-ਸ਼੍ਰੀ ਅਮਰ ਨਾਥ ਜੀ ਦੀ ਯਾਤਰਾ ਲਈ ਨੌਜਵਾਨਾਂ ਦਾ ਇੱਕ ਦਲ ਸਥਾਨਕ ਹਨੂੰਮਾਨ ਮੰਦਰ ਕੋਲੋਂ ਰਵਾਨਾ ਹੋਇਆ। ਇਸ ਜਥੇ ਵਿੱਚ ਦਿਰੇਨ ਤੰਵਰ, ਸੁਰੇਸ਼ ਸ਼ਸ਼ੀ, ਵਿੱਕੀ ਮਿੱਤਲ, ਗਗਨਦੀਪ ਘੋਕੀ, ਗੋਬਿੰਦਾ ਸ਼ਰਮਾ ਤੇ ਆਸ਼ੂ ਮਹਿਤਾ ਸ਼ਾਮਲ ਸਨ। ਇਹ ਜੱਥਾ ਸ਼੍ਰੀ ਅਮਰ ਨਾਥ ਦੇ ਦਰਸ਼ਨ ਕਰਨ ਤੋਂ ਬਾਅਦ ਹੋਰ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਕੇ ਵਾਪਸ ਭੀਖੀ ਆਵੇਗਾ। ਇਸ ਜਥੇ ਨੂੰ ਰਵਾਨਗੀ ਸਮੇਂ ਆਪਣੀਆਂ ਸ਼ੁੱਭ-ਕਾਮਨਾਵਾਂ ਭੇਟ ਕਰਦਿਆਂ ਭਾਜਪਾ ਆਗੂ ਰਜਿੰਦਰ ਰਾਜੀ ਨੇ ਕਿਹਾ ਕਿ ਅਜਿਹੀ ਯਾਤਰਾ ਭਗਵਾਨ ਸ਼ੰਕਰ ਦੇ ਅਸ਼ੀਰਵਾਦ ਨਾਲ ਹੀ ਸੰਭਵ ਹੈ।

### ਕਾਰ ਟਰਾਲੇ ਨਾਲ ਟਕਰਾਈ, ਦੋ ਦੀ ਮੌਤ

**ਮੱਖੂ (ਰਛਪਾਲ ਸਿੰਘ ਸੰਧੂ)**-ਬੀਤੀ ਦੇਰ ਰਾਤ ਸੜਕ 'ਤੇ ਖੜੇ ਅਣਪਛਾਤੇ ਟਰਾਲੇ ਵਿੱਚ ਆਈ-20 ਕਾਰ ਟਕਰਾਉਣ ਕਾਰਨ ਦੋ ਵਿਅਕਤੀਆਂ ਦੀ ਮੌਤ ਅਤੇ ਦੋ ਵਿਅਕਤੀ ਜ਼ਖ਼ਮੀ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ। ਪ੍ਰਾਪਤ ਜਾਣਕਾਰੀ ਅਨੁਸਾਰ ਆਈ-20 ਕਾਰ 'ਚ ਸਵਾਰ ਚਾਰ ਵਿਅਕਤੀ ਮੱਖੂ ਤੋਂ ਜੋਗੇਵਾਲਾ ਨੂੰ ਜਾ ਰਹੇ ਸਨ ਤਾਂ ਜਲੰਧਰ-ਮੋਗਾ ਰੋਡ ਦੀ ਤਿਕੋਨੀ 'ਤੇ ਪੈਟਰੋਲ ਪੰਪ ਨਜ਼ਦੀਕ ਖੜੇ ਟਰਾਲੇ ਨਾਲ ਟਕਰਾ ਗਈ, ਜਿਸ ਕਾਰਨ ਕਾਰ ਵਿੱਚ ਸਵਾਰ ਵਿਅਕਤੀ ਜ਼ਖ਼ਮੀ ਹੋ ਗਏ, ਜਿਨ੍ਹਾਂ ਨੂੰ ਇਲਾਜ ਲਈ ਜ਼ੀਰਾ ਹਸਪਤਾਲ ਵਿਖੇ ਭੇਜਿਆ ਗਿਆ। ਇਨ੍ਹਾਂ ਜ਼ਖ਼ਮੀ ਵਿਅਕਤੀਆਂ ਵਿੱਚੋਂ ਜਗਪ੍ਰੀਤ ਸਿੰਘ (24) ਵਾਸੀ ਵਾੜਾ ਕਾਲੀ ਰੌਂਦ ਜ਼ਿਲ੍ਹਾ ਫਿਰੋਜ਼ਪੁਰ ਤੇ ਸੁਰਜੀਤ ਸਿੰਘ (45) ਚੱਕ ਤਾਰੇ ਵਾਲਾ ਜ਼ਿਲ੍ਹਾ ਮੋਗਾ ਦੀ ਮੌਤ ਹੋ ਗਈ। ਥਾਣਾ ਮੱਖੂ ਪੁਲਸ ਪ੍ਰਸ਼ਾਸਨ ਵੱਲੋਂ ਘਟਨਾ ਦੀ ਜਾਂਚ ਕੀਤੀ ਜਾ ਰਹੀ ਹੈ।

### ਟ੍ਰੈਫਿਕ ਪੁਲਸ ਨੇ ਕੱਟੇ ਵਾਹਨਾਂ ਦੇ ਚਲਾਨ

**ਫਾਜ਼ਿਲਕਾ (ਕ੍ਰਿਸ਼ਨ ਸਿੰਘ)**-ਫਾਜ਼ਿਲਕਾ ਟ੍ਰੈਫਿਕ ਪੁਲਸ ਵੱਲੋਂ ਹਾਈ ਸਕਿਓਰਿਟੀ ਨੰਬਰ ਪਲੇਟਾਂ ਤੋਂ ਬਿਨਾਂ ਵਾਹਨਾਂ ਦੇ ਚਲਾਨ ਕੀਤੇ ਗਏ। ਇਸ ਮੌਕੇ ਟ੍ਰੈਫਿਕ ਪੁਲਸ ਅਧਿਕਾਰੀ ਪਵਨ ਕੁਮਾਰ ਨੇ ਦੱਸਿਆ ਕਿ ਸਰਕਾਰ ਵੱਲੋਂ 30 ਜੂਨ ਤੱਕ ਸਾਰੇ ਵਾਹਨਾਂ 'ਤੇ ਹਾਈ ਸਕਿਓਰਿਟੀ ਨੰਬਰ ਪਲੇਟਾਂ ਲਗਾਉਣਾ ਲਾਜ਼ਮੀ ਕੀਤਾ ਗਿਆ ਸੀ, ਜਿਸ ਤੋਂ ਬਾਅਦ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਹਾਈ ਸਕਿਓਰਿਟੀ ਨੰਬਰ ਪਲੇਟਾਂ ਤੋਂ ਬਿਨਾਂ ਵਾਹਨਾਂ ਦੇ ਚਲਾਨ ਕੱਟੇ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਵਾਹਨ ਚਲਾਉਂਦੇ ਸਮੇਂ ਮੋਬਾਈਲ ਫੋਨ ਸੁਣਨ ਵਾਲੇ ਤੇ ਦਸਤਾਵੇਜ਼ ਨਾ ਰੱਖਣ ਵਾਲਿਆਂ ਦੇ ਵੀ ਚਲਾਨ ਕੀਤੇ ਗਏ ਹਨ। ਟ੍ਰੈਫਿਕ ਅਧਿਕਾਰੀ ਪਵਨ ਕੁਮਾਰ ਨੇ ਦੱਸਿਆ ਕਿ ਹਾਈ ਸਕਿਓਰਿਟੀ ਨੰਬਰ ਪਲੇਟ ਨੂੰ ਘਰ ਬੈਠੇ ਹੀ ਆਨਲਾਈਨ ਅਪਲਾਈ ਕੀਤਾ ਜਾ ਸਕਦਾ ਹੈ। ਜੇਕਰ ਕਿਸੇ ਦੇ ਵਾਹਨ 'ਤੇ ਹਾਈ ਸਕਿਓਰਿਟੀ ਨੰਬਰ ਪਲੇਟ ਵੀ ਨਹੀਂ ਹੈ ਤੇ ਉਸ ਨੇ ਅਪਲਾਈ ਕੀਤਾ ਹੈ ਤਾਂ ਵੀ ਉਹ ਰਸੀਦ ਦਿਖਾ ਕੇ ਚਲਾਨ ਤੋਂ ਬਚ ਸਕਦਾ ਹੈ।

### ਗੁਰੂਘਰ ਦੀ ਨਵੀਂ ਇਮਾਰਤ ਦਾ ਨੀਂਹ ਪੱਥਰ ਰੱਖਿਆ

**ਪਾਤੜਾਂ (ਭੁਪਿੰਦਰਜੀਤ ਮੌਲਵੀਵਾਲਾ)**-ਪਿੰਡ ਸਾਦੀਹਰੀ ਵਿਖੇ ਗੁਰਦੁਆਰਾ ਚੜ੍ਹਦੀ ਕਲਾ ਸਾਹਿਬ ਦੀ ਨਵੀਂ ਇਮਾਰਤ ਦਾ ਨੀਂਹ ਪੱਥਰ ਰੱਖਿਆ ਗਿਆ। ਨਵੀਂ ਬਣਨ ਵਾਲੀ ਇਮਾਰਤ ਦੀ ਸ਼ੁਰੂਆਤ ਮੌਕੇ ਪੰਜਾਂ ਪਿਆਰਿਆਂ ਦੀ ਅਗਵਾਈ ਵਿੱਚ ਕੀਤੇ ਗਏ ਸਮਾਗਮ 'ਚ ਇਲਾਕੇ ਦੇ ਪ੍ਰਸਿੱਧ ਸਮਾਜ ਸੇਵੀ ਪ੍ਰਵਾਸੀ ਪੰਜਾਬੀ ਸੁਖਦੇਵ ਸਿੰਘ ਬੈਲਜੀਅਮ ਵੱਲੋਂ ਸ਼ਿਰਕਤ ਕੀਤੀ ਗਈ। ਇਸ ਦੌਰਾਨ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਜਥੇਦਾਰ ਰਾਮਪਾਲ ਸਿੰਘ ਤੇ ਪ੍ਰਬੰਧਕਾਂ ਕਮੇਟੀ ਨਗਰ ਨਿਵਾਸੀਆਂ ਨੇ ਸੁਖਦੇਵ ਸਿੰਘ ਬੈਲਜੀਅਮ ਦਾ ਜ਼ੋਰਦਾਰ ਸਵਾਗਤ ਕੀਤਾ ਤੇ ਸਨਮਾਨਤ ਕੀਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸੁਰਜੀਤ ਸਿੰਘ ਹਰੀਕਾ, ਕੁਲਦੀਪ ਸਿੰਘ ਥਿੰਦ, ਗੁਰਪ੍ਰਤਾਪ ਸਿੰਘ ਹਰੀਕਾ, ਦਿਆਲ ਸਿੰਘ ਹਰੀਕਾ, ਰਘਵੀਰ ਚੰਦ, ਕੇਸਰ ਸਿੰਘ, ਦਰਸ਼ਨ ਸਿੰਘ, ਪ੍ਰੇਮ ਸਿੰਘ, ਲੀਲੂ ਸਿੰਘ, ਹਰਪਾਲ ਸਿੰਘ, ਹਰੇਰਾਮ ਸਿੰਘ ਤੇ ਭਾਈ ਈਸਰ ਸਿੰਘ ਲਾਲੋ ਹਾਜ਼ਰ ਸਨ।

### ਮੋਟਰਾਂ ਚੋਰੀ ਕਰਨ ਵਾਲੇ ਦੋ ਵਿਅਕਤੀ ਕਾਬੂ

**ਮਲੋਟ (ਗੁਰਮੀਤ ਸਿੰਘ ਮੱਕੜ)**-ਥਾਣਾ ਕਬਰਵਾਲਾ ਪੁਲਸ ਨੇ ਮੋਟਰਾਂ ਚੋਰੀ ਕਰਨ ਵਾਲੇ ਦੋ ਵਿਅਕਤੀਆਂ ਨੂੰ ਕਾਬੂ ਕੀਤਾ ਹੈ। ਪ੍ਰਾਪਤ ਜਾਣਕਾਰੀ ਪੁਲਸ ਪਾਰਟੀ ਗਸ਼ਤ ਦੌਰਾਨ ਪਿੰਡ ਬੁਰਜ ਸਿੱਧਵਾਂ ਮੌਜੂਦ ਸੀ ਤਾਂ ਪੁਲਸ ਨੂੰ ਗੁਪਤ ਸੂਚਨਾ ਮਿਲੀ ਕਿ ਅਮਰਜੀਤ ਰਾਮ ਤੇ ਸੁੱਖਾ ਰਾਮ ਵਾਸੀ ਬੁਰਜ ਸਿੱਧਵਾਂ ਮੋਟਰਾਂ ਚੋਰੀ ਕਰਕੇ ਵੇਚਣ ਦੇ ਆਦੀ ਹਨ ਤੇ ਜੇਕਰ ਸ਼ਾਮਖੇੜਾ ਲਿੰਕ ਰੋਡ 'ਤੇ ਨਾਕਾਬੰਦੀ ਕੀਤੀ ਜਾਵੇ ਤਾਂ ਮੋਟਰਾਂ ਸਮੇਤ ਕਾਬੂ ਆ ਸਕਦੇ ਹਨ। ਉਪਰੰਤ ਪੁਲਸ ਨੇ ਨਾਕਾਬੰਦੀ ਕਰਕੇ ਉਕਤ ਵਿਅਕਤੀਆਂ ਨੂੰ ਇੱਕ ਮੋਨੋਬਲਾਕ ਮੋਟਰ ਸਮੇਤ ਕਾਬੂ ਕਰ ਲਿਆ। ਪੁਲਸ ਨੇ ਉਕਤ ਵਿਅਕਤੀਆਂ 'ਤੇ ਮੁਕੱਦਮਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਪੰਜਾਬ ਸਰਕਾਰ ਪੈਨਸ਼ਨਰਾਂ ਨਾਲ ਕੀਤਾ ਜਾ ਰਿਹਾ ਧੱਕਾ ਬੰਦ ਕਰੇ : ਸਿਕੰਦਰ ਸਿੰਘ



**ਸਮਰਾਲਾ (ਸੁਰਜੀਤ ਸਿੰਘ)**

ਪੈਨਸ਼ਨਰਜ਼ ਐਸੋਸੀਏਸ਼ਨ ਪਾਵਰਕਾਮ ਮੰਡਲ ਸਮਰਾਲਾ ਦੀ ਐਮਰਜੈਂਸੀ ਮੀਟਿੰਗ ਪ੍ਰਧਾਨ ਸਿਕੰਦਰ ਸਿੰਘ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੌਰਾਨ 10 ਜੁਲਾਈ ਨੂੰ ਸਵੇਰੇ 9 ਵਜੇ ਮੰਡਲ ਘੁਲਾਲ ਵਿਖੇ ਦਿੱਤੇ ਜਾ ਰਹੇ ਵਿਸ਼ਾਲ ਧਰਨੇ ਦੀਆਂ ਤਿਆਰੀਆਂ ਸਬੰਧੀ ਚਰਚਾ ਕੀਤੀ ਗਈ। ਇਸ ਮੌਕੇ ਪ੍ਰਧਾਨ ਸਿਕੰਦਰ ਸਿੰਘ ਨੇ ਬੀਤੇ ਦਿਨੀਂ ਪੰਜਾਬ ਸਰਕਾਰ ਨੇ ਪੈਨਸ਼ਨਰਾਂ ਦੀ ਪੈਨਸ਼ਨ ਵਿੱਚੋਂ 200 ਰੁਪਏ ਜਬਰੀ ਕੱਟੇ ਗਏ ਵਿਕਾਸ ਫੰਡ ਦੀ ਜ਼ੋਰਦਾਰ ਨਿੰਦਾ ਕਰਦੇ ਹੋਏ ਕਿਹਾ ਕਿ ਪੰਜਾਬ ਸਰਕਾਰ ਹੁਣ ਪੁਰਾਣੀਆਂ ਸਰਕਾਰਾਂ ਦੇ ਰਾਹ ਤੁਰ ਪਈ ਹੈ, ਜਿਸ ਨੇ ਆਪਣੇ ਵਾਅਦੇ ਮੁਤਾਬਿਕ ਮੁਲਾਜ਼ਮਾਂ ਨੂੰ ਪੈਨਸ਼ਨ ਤਾਂ ਕੀ ਲਾਉਣੀ ਸੀ, ਉਲਟਾ ਪੈਨਸ਼ਨਰਾਂ ਦੀ ਜੇਬ ਵਿੱਚ ਡਾਕਾ ਮਾਰ ਆਪਣੀ ਫੋਕੀ ਇਸ਼ਤਿਹਾਰਬਾਜ਼ੀ ਲਈ ਫੰਡ ਇਕੱਠਾ ਕਰਨਾ ਸ਼ੁਰੂ ਕਰ ਦਿੱਤਾ ਹੈ, ਜਿਸ ਨੂੰ ਪੰਜਾਬ ਦੇ ਪੈਨਸ਼ਨਰ ਹਰਗਿਜ਼ ਸਹਿਣ ਨਹੀਂ ਕਰਨਗੇ। ਇਸ ਤੋਂ ਇਲਾਵਾ ਪੈਨਸ਼ਨਰਾਂ ਦੀਆਂ ਮੰਨੀਆਂ ਗਈਆਂ ਮੰਗਾਂ ਲਾਗੂ ਨਾ ਕਰਨ ਤੇ ਡੀ.ਏ. ਦਾ ਬਕਾਇਆ ਜਾਰੀ ਨਾ ਕਰਨ, ਪੈਨਸ਼ਨਰਾਂ ਨੂੰ 2.5 ਦਾ ਫਾਰਮੂਲੇ ਨਾਲ ਪੈਨਸ਼ਨ ਸੋਧਣਾ ਕੈਸ਼ਲੈਸ ਸਕੀਮ ਲਾਗੂ ਕਰਨਾ ਵਗੈਰਾ ਆਦਿ ਮੰਗਾਂ ਨੂੰ ਅੱਖੋਂ ਪਰੋਖੇ ਕੀਤਾ ਜਾ ਰਿਹਾ ਹੈ, ਜਿਸ ਦੇ ਫਲਸਰੂਪ ਪਾਵਰਕਾਮ ਦੇ ਪੈਨਸ਼ਨਰਜ਼ ਨੂੰ ਮਜਬੂਰ ਹੋ ਕੇ ਪੰਜਾਬ ਸਰਕਾਰ ਵਿਰੁੱਧ 10 ਜੁਲਾਈ ਨੂੰ ਮੰਡਲ ਸਮਰਾਲਾ ਦੇ ਮੁੱਖ ਦਫਤਰ ਘੁਲਾਲ ਵਿਖੇ ਵਿਸ਼ਾਲ ਧਰਨਾ ਦਿੱਤਾ ਜਾ ਰਿਹਾ ਹੈ, ਜਿਸ 'ਚ ਔਰਤ ਪੈਨਸ਼ਨਰਾਂ ਵੀ ਵੱਡੀ ਗਿਣਤੀ 'ਚ ਸ਼ਮੂਲੀਅਤ ਕਰਨਗੀਆਂ। ਉਨ੍ਹਾਂ ਕਿਹਾ ਕਿ ਜੇਕਰ ਪੰਜਾਬ ਸਰਕਾਰ ਨੇ ਪੈਨਸ਼ਨਰਾਂ ਦੀਆਂ ਪੈਨਸ਼ਨਾਂ ਉੱਤੇ ਡਾਕਾ ਮਾਰਨ ਦੀ ਕੋਸ਼ਿਸ਼ ਬੰਦ ਨਾ ਕੀਤੀ ਤਾਂ ਪੰਜਾਬ ਭਰ ਦੇ ਪੈਨਸ਼ਨਰ ਇੱਕਜੁੱਟ ਹੋ ਕੇ ਸੂਬਾ ਪੱਧਰੀ ਸੰਘਰਸ਼ ਵਿੱਢਣ ਲਈ ਮਜਬੂਰ ਹੋਣਗੇ। ਕਿਸੇ ਤਰ੍ਹਾਂ ਦੀ ਅਣਹੋਣੀ ਘਟਨਾ ਲਈ ਪੰਜਾਬ ਸਰਕਾਰ ਜ਼ਿੰਮੇਵਾਰ ਹੋਵੇਗੀ। ਮੀਟਿੰਗ ਵਿੱਚ ਉਪਰੋਕਤ ਤੋਂ ਇਲਾਵਾ ਇੰਜ. ਪ੍ਰੇਮ ਸਿੰਘ ਰਿਟਾ: ਐੱਸ.ਡੀ.ਓ., ਦਰਸ਼ਨ ਸਿੰਘ ਕੋਟਾਲਾ, ਪ੍ਰੇਮ ਚੰਦ ਭਲਾਲੋਕ, ਜਸਵੰਤ ਸਿੰਘ, ਜਸਪਾਲ ਸਿੰਘ, ਭੁਪਿੰਦਰ ਪਾਲ, ਜਰਨੈਲ ਸਿੰਘ, ਰਾਜਾ ਰਾਮ ਆਦਿ ਹਾਜ਼ਰ ਹੋਏ। ਅਖੀਰ ਪ੍ਰਧਾਨ ਸਿਕੰਦਰ ਸਿੰਘ ਨੇ ਸਮਰਾਲਾ ਹਲਕੇ ਦੇ ਸਮੂਹ ਪੈਨਸ਼ਨਰਾਂ ਨੂੰ ਅਪੀਲ ਕੀਤੀ ਕਿ 10 ਜੁਲਾਈ ਨੂੰ ਮੰਡਲ ਘੁਲਾਲ ਵਿਖੇ ਦਿੱਤੇ ਜਾ ਰਹੇ ਧਰਨੇ ਵਿੱਚ ਵੱਧ ਤੋਂ ਵੱਧ ਗਿਣਤੀ 'ਚ ਪੁੱਜ ਕੇ ਧਰਨੇ ਨੂੰ ਸਫਲ ਬਣਾਉਣ।

# ਦੇਵ ਮਾਨ ਨੇ ਬਲਾਕ ਪ੍ਰਧਾਨ ਤੇ ਸਰਕਲ ਪ੍ਰਧਾਨਾਂ ਨਾਲ ਕੀਤੀ ਮੀਟਿੰਗ



**ਨਾਭਾ (ਵਰਿੰਦਰ ਵਰਮਾ)**-ਹਲਕਾ ਵਿਧਾਨ ਸਭਾ ਨਾਭਾ ਤੋਂ ਆਮ ਆਦਮੀ ਪਾਰਟੀ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੇ ਦਫਤਰ ਨਾਭਾ ਵਿਖੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਹਦਾਇਤ 'ਤੇ ਬਲਾਕ ਪ੍ਰਧਾਨ ਤੇ ਸਰਕਲ ਪ੍ਰਧਾਨਾਂ ਨਾਲ ਇੱਕ ਅਹਿਮ ਮੀਟਿੰਗ ਕੀਤੀ, ਜਿਸ ਵਿੱਚ ਪਾਰਟੀ ਨੂੰ ਜ਼ਮੀਨੀ ਪੱਧਰ 'ਤੇ ਮਜ਼ਬੂਤ ਕਰਨ ਲਈ ਦੇਵ ਮਾਨ ਨੇ ਬਲਾਕ ਪ੍ਰਧਾਨਾਂ ਨਾਲ ਆਉਣ ਵਾਲੀਆਂ ਬਲਾਕ ਸੰਮਤੀ, ਜ਼ਿਲ੍ਹਾ ਪ੍ਰੀਸ਼ਦ, ਪੰਚਾਇਤੀ ਚੋਣਾਂ ਬਾਰੇ ਚਰਚਾ ਕੀਤੀ। ਵਿਧਾਇਕ ਦੇਵ ਮਾਨ ਨੇ ਪੱਤਰਕਾਰ ਨਾਲ ਗੱਲਬਾਤ ਦੌਰਾਨ ਦੱਸਿਆ ਕਿ ਪਾਰਟੀ ਇਨ੍ਹਾਂ ਚੋਣਾਂ ਲਈ ਬਿਲਕੁਲ ਤਿਆਰ ਹੈ, ਜਲਦ ਹੀ ਬੂਥ ਇੰਚਾਰਜਾਂ ਦੀ ਮੀਟਿੰਗ ਕੀਤੀ ਜਾਵੇਗੀ ਤੇ ਪਿੰਡਾਂ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਦੀ ਨਿਗਰਾਨੀ ਲਈ ਕਮੇਟੀਆਂ ਬਣਾਈਆਂ ਜਾਣਗੀਆਂ। ਇਸ ਮੌਕੇ ਅਸ਼ੋਕ ਅਰੋੜਾ ਬਲਾਕ ਪ੍ਰਧਾਨ ਸ਼ਹਿਰੀ, ਸੁੱਖ ਘੁੰਮਣ ਬਲਾਕ ਪ੍ਰਧਾਨ ਭਾਦਸੋਂ, ਗੁਰਪ੍ਰੀਤ ਸਿੰਘ ਗੋਪੀ ਬਲਾਕ ਪ੍ਰਧਾਨ ਤੇ ਕੁਲਦੀਪ ਸਿੰਘ ਰਾਮਗੜ੍ਹ ਸਰਕਲ ਪ੍ਰਧਾਨ ਨੇ ਵਿਧਾਇਕ ਦੇਵ ਮਾਨ ਨੂੰ ਵਿਸ਼ਵਾਸ ਦਿਵਾਇਆ ਕਿ ਮੁੱਖ ਮੰਤਰੀ ਸ੍. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਚੱਲ ਰਹੀਆਂ ਵਿਕਾਸ ਦੀਆਂ ਵੱਖ-ਵੱਖ ਯੋਜਨਾਵਾਂ ਸ਼ਹਿਰ ਤੇ ਪਿੰਡਾਂ ਦੇ ਘਰ ਘਰ ਜਾ ਕੇ ਜਾਣੂ ਕਰਵਾਇਆ ਜਾਵੇਗਾ। ਉਨ੍ਹਾਂ ਕਿਹਾ ਕਿ 'ਆਪ' ਆਗੂਆਂ ਵੱਲੋਂ ਦਿਨ-ਰਾਤ ਮਿਹਨਤ ਕੀਤੀ ਜਾ ਰਹੀ ਹੈ ਤਾਂ ਜੋ ਸ਼ਹਿਰ ਤੇ ਪਿੰਡਾਂ ਦੇ ਵਿਕਾਸ ਨੂੰ ਬੁਲੰਦੀਆਂ 'ਤੇ ਪਹੁੰਚਾਇਆ ਜਾ ਸਕੇ। ਉਨ੍ਹਾਂ ਵਿਧਾਇਕ ਦੇਵ ਮਾਨ ਨੂੰ ਬੇਨਤੀ ਕੀਤੀ ਕਿ ਰਿਆਸਤੀ ਸ਼ਹਿਰ ਨਾਭਾ ਦੇ ਇਤਿਹਾਸਕ ਸ਼ਹਿਰੀ ਖੇਤਰ ਤੇ ਪਿੰਡਾਂ ਦਾ ਸਰਵਪੱਖੀ ਵਿਕਾਸ ਕਰਨ ਲਈ ਵਿਸ਼ੇਸ਼ ਪੈਕੇਜ ਜਾਰੀ ਕੀਤਾ ਜਾਵੇ ਤਾਂ ਜੋ ਸ਼ਹਿਰ ਤੇ ਪਿੰਡਾਂ ਦੀ ਦਿੱਖ ਨੂੰ ਸੁੰਦਰ ਬਣਾ ਕੇ ਲੋਕਾਂ ਨੂੰ ਸੁੱਖ ਸਹੂਲਤਾਂ ਦਿੱਤੀਆਂ ਜਾ ਸਕਣ। ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੇ ਕਿਹਾ ਕਿ ਹਲਕੇ ਦੇ ਲੋੜਵੰਦਾਂ ਦੀ ਸੇਵਾ ਕੀਤੀ ਜਾ ਰਹੀ ਹੈ ਤੇ ਪਿੰਡਾਂ ਸਮੇਤ ਸ਼ਹਿਰ ਵਾਸੀਆਂ ਦੇ ਸਾਂਝੇ ਕੰਮਾਂ ਤੋਂ ਇਲਾਵਾ ਜਾਇਜ਼ ਨਿੱਜੀ ਕੰਮ ਵੀ ਕਰਵਾਏ ਜਾ ਰਹੇ ਹਨ। ਇਸ ਮੌਕੇ ਉਨ੍ਹਾਂ ਨਾਲ ਹਰਮੀਕ ਸਿੰਘ ਮੈਹਸ ਮੀਤ ਪ੍ਰਧਾਨ, ਮਨਪ੍ਰੀਤ ਸਿੰਘ ਕਾਲੀਆ ਦਫਤਰ ਇੰਚਾਰਜ, ਚਮਕੌਰ ਸਿੰਘ ਗੱਗੀ ਬਾਬਰਪੁਰ ਮੀਤ ਪ੍ਰਧਾਨ, ਅਮਰਜੀਤ ਸਿੰਘ ਵਜੀਦਪੁਰ ਸਰਕਲ ਇੰਚਾਰਜ, ਗੁਰਪ੍ਰੀਤ ਸਿੰਘ ਮੱਲੇਵਾਲ ਸਰਕਲ ਇੰਚਾਰਜ, ਗੁਰਧਿਆਨ ਸਿੰਘ ਰਾਜਪੁਰਾ, ਤਰਨਵੀਰ ਸਿੰਘ ਖਨੌੜਾ, ਮਹੁੰਮਦ ਮੁਸਤਾਕ ਰੈਸਲ, ਦਿਨੇਸ਼ ਕੁਮਾਰ ਦੁੱਗਲ, ਜਗਤਾਰ ਸਿੰਘ, ਪ੍ਰਿੰਸ ਅਰੋੜਾ ਤੇ ਹੋਰ ਅਹੁਦੇਦਾਰ ਮੌਜੂਦ ਸਨ।

# ਪਾਵਰਕੌਮ ਦੇ ਚੇਅਰਮੈਨ ਦੀ ਇਮਾਨਦਾਰੀ ਮਾੜੇ ਅਕਸ ਵਾਲੇ ਲੋਕਾਂ ਦੀਆਂ ਅੱਖਾਂ 'ਚ ਰੜਕ ਰਹੀ ਐ : ਬਹਿਰੂ

**ਪਟਿਆਲਾ (ਪੱਤਰ ਪ੍ਰੇਰਕ)**

ਪਦਾਰਥਵਾਦੀ ਯੁੱਗ ਵਿੱਚ ਹਰ ਇਨਸਾਨ ਦੀ ਦੌੜ ਰਾਤੋਂ ਰਾਤ ਅਮੀਰ ਹੋਣ ਵਿੱਚ ਲੱਗੀ ਹੋਈ ਹੈ ਤੇ ਟਾਂਵੇਂ ਟਾਂਵੇਂ ਲੋਕਾਂ ਨੇ ਆਪਣੀ ਇਮਾਨਦਾਰੀ ਨੂੰ ਸਾਂਭ ਕੇ ਰੱਖਿਆ ਹੋਇਆ ਹੈ, ਜਿਸ ਦੀ ਮਿਸਾਲ ਪਾਵਰਕੌਮ ਦੇ ਚੇਅਰਮੈਨ-ਕਮ-ਮੈਨੇਜਿੰਗ ਡਾਇਰੈਕਟਰ ਸ੍. ਬਲਦੇਵ ਸਿੰਘ ਸਰਾਂ ਦੀ ਦਿੰਦਿਆਂ ਇੰਡੀਅਨ ਫਾਰਮਰਜ਼ ਐਸੋਸੀਏਸ਼ਨ ਦੇ ਪ੍ਰਧਾਨ ਤੇ ਸੰਯੁਕਤ ਕਿਸਾਨ ਮੋਰਚੇ ਦੇ ਮੈਂਬਰ ਸਤਨਾਮ ਸਿੰਘ ਬਹਿਰੂ ਨੇ ਕਿਹਾ ਕਿ ਸ੍. ਸਰਾਂ ਦੀ ਇਮਾਨਦਾਰੀ ਕੁੱਝ ਮਾੜੇ ਅਕਸ ਵਾਲੇ ਲੋਕਾਂ ਦੀਆਂ ਅੱਖਾਂ ਵਿੱਚ ਰੜਕ ਰਹੀ ਹੈ। ਸ੍. ਬਹਿਰੂ ਨੇ ਦੱਸਿਆ ਕਿ ਪਾਵਰਕੌਮ ਦੇ ਮਹਿਕਮੇ ਵਿੱਚ ਲੱਗੀ ਇੱਕ ਸੀਨੀਅਰ ਸਹਾਇਕ ਅਫਸਰ ਮਨਜੀਤ ਕੌਰ ਨੇ ਪਿਛਲੇ ਦਿਨੀਂ ਸ੍. ਬਲਦੇਵ ਸਿੰਘ ਸਰਾਂ ਦੇ ਜੱਦੀ ਪਿੰਡ ਚਾਉਕੇ, ਜੋ ਕਿ ਜ਼ਿਲ੍ਹਾ ਬਠਿੰਡਾ 'ਚ ਪੈਂਦਾ ਹੈ, ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਨੂੰ ਆਪਣੀ ਬਦਲੀ ਕਰਵਾਉਣ ਲਈ ਰਿਸ਼ਵਤ ਦੇਣ ਦੀ ਪੇਸ਼ਕਸ਼ ਕੀਤੀ। ਪਰਿਵਾਰਕ ਮੈਂਬਰਾਂ ਵੱਲੋਂ ਬਦਲੀ ਕਰਵਾਉਣ ਗਈ ਮਹਿਲਾ ਦੀ ਅਰਜ਼ੀ ਉਸੇ ਵੇਲੇ ਹੀ ਪਾੜ ਦਿੱਤੀ ਤੇ ਵਾਪਰੀ ਘਟਨਾ ਬਾਰੇ ਸ੍. ਸਰਾਂ ਨੂੰ ਜਾਣਕਾਰੀ ਦਿੱਤੀ, ਜਿਸ 'ਤੇ ਪਾਵਰਕੌਮ ਦੇ ਚੇਅਰਮੈਨ ਨੇ ਤੁਰੰਤ ਜਾਂਚ ਦੇ ਆਦੇਸ਼ ਦਿੱਤੇ। ਜਾਂਚ ਰਿਪੋਰਟ ਆਉਣ 'ਤੇ ਮੁਲਾਜ਼ਮ ਮਹਿਲਾ ਨੂੰ ਨੌਕਰੀ ਤੋਂ ਮੁਅੱਤਲ ਕਰ ਦਿੱਤਾ। ਸ੍. ਬਹਿਰੂ ਨੇ ਖਦਸ਼ਾ ਜ਼ਾਹਰ ਕੀਤਾ ਕਿ ਇਸ ਇਮਾਨਦਾਰ ਅਫਸਰ ਦਾ ਅਕਸ ਖਰਾਬ ਕਰਨ ਤੋਂ ਇਨਕਾਰ ਨਹੀਂ ਕੀਤਾ ਜਾ ਸਕਦਾ, ਕਿਉਂਕਿ ਸ੍. ਬਲਦੇਵ ਸਿੰਘ ਸਰਾਂ ਦੀ ਸਰਵਿਸ ਖਤਮ ਹੋਣ ਤੋਂ ਬਾਅਦ ਪਿਛਲੀ ਸਰਕਾਰ ਤੇ ਮੌਜੂਦਾ ਸਰਕਾਰ ਨੇ ਇਨ੍ਹਾਂ ਦੀ ਇਮਾਨਦਾਰੀ ਤੇ ਆਪਣੀ ਡਿਊਟੀ ਨੂੰ ਵਫਾਦਾਰੀ ਨਾਲ ਨਿਭਾਉਣ 'ਤੇ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਦੇ ਚੇਅਰਮੈਨ ਵਜੋਂ ਸੇਵਾਵਾਂ ਲਈਆਂ ਜਾ ਰਹੀਆਂ ਹਨ। ਉਨ੍ਹਾ ਦੱਸਿਆ ਕਿ ਸ੍. ਸਰਾਂ ਕਿਸਾਨ ਪਰਿਵਾਰ ਵਿੱਚੋਂ ਹਨ ਤੇ ਕਿਸਾਨਾਂ ਨੂੰ ਆਉਂਦੀਆਂ ਮੁਸ਼ਕਲਾਂ ਬਾਰੇ ਚੰਗੀ ਤਰ੍ਹਾਂ ਸਮਝ ਰੱਖਦੇ ਹਨ। ਸ੍. ਸਰਾਂ ਦੇ ਪਰਿਵਾਰ ਵੱਲੋਂ ਕਾਇਮ ਰੱਖੀ ਇਮਾਨਦਾਰੀ ਦੀ ਪ੍ਰਸ਼ੰਸਾ ਕਰਦਿਆਂ ਉਨ੍ਹਾ ਕਿਹਾ ਕਿ ਅਸੀਂ ਸ੍. ਸਰਾਂ ਦੇ ਜੱਦੀ ਪਿੰਡ ਜਾ ਕੇ ਪਰਿਵਾਰ ਦੇ ਵੱਡੇ ਮੈਂਬਰ ਦਾ ਕਿਸਾਨ ਭਾਈਚਾਰੇ ਵਿੱਚ ਸਨਮਾਨ ਕਰਾਂਗੇ ਤਾਂ ਕਿ ਅਲੋਪ ਹੋ ਰਹੀ ਇਮਾਨਦਾਰੀ ਨੂੰ ਕਾਇਮ ਰੱਖਿਆ ਜਾ ਸਕੇ।

## ਸਿਹਤ ਵਿਭਾਗ ਨੇ ਖੜੇ ਪਾਣੀ 'ਤੇ ਕੀਤਾ ਦਵਾਈ ਦਾ ਛਿੜਕਾਅ



**ਭੀਖੀ (ਧਰਮਵੀਰ ਸ਼ਰਮਾ)**-ਬਰਸਾਤਾਂ ਦੇ ਮੌਸਮ ਨੂੰ ਮੁੱਖ ਰੱਖਦਿਆਂ ਸਿਹਤ ਵਿਭਾਗ ਵੱਲੋਂ ਐੱਸ.ਐੱਮ.ਓ. ਡਾ. ਹਰਦੀਪ ਸ਼ਰਮਾ ਦੀ ਅਗਵਾਈ ਹੇਠ ਸਿਹਤ ਵਿਭਾਗ ਦੀ ਟੀਮ ਵੱਲੋਂ ਨੇੜਲੇ ਪਿੰਡ ਸਮਾਉਂ ਵਿਖੇ ਖੜੇ ਪਾਣੀ 'ਤੇ ਦਵਾਈਆਂ ਦਾ ਛਿੜਕਾਓ ਕੀਤਾ ਗਿਆ। ਇਸ ਮੌਕੇ ਸਿਹਤ ਇੰਸਪੈਕਟਰ ਗੁਰਦੀਪ ਸਿੰਘ ਰੱਲਾ ਨੇ ਕਿਹਾ ਕਿ ਬਰਸਾਤਾਂ ਦੇ ਮੌਸਮ ਵਿੱਚ ਸਾਂਝੀਆਂ ਥਾਵਾਂ 'ਤੇ ਪਾਣੀ ਖੜਨ ਨਾਲ ਮੱਛਰ ਫੈਲਣ ਨਾਲ ਡੇਂਗੂ ਤੇ ਮਲੇਰੀਆਂ ਵਰਗੀਆਂ ਬਿਮਾਰੀਆਂ ਫੈਲਣ ਦਾ ਖਤਰਾ ਬਣਿਆ ਰਹਿੰਦਾ ਹੈ। ਉਨ੍ਹਾ ਕਿਹਾ ਕਿ ਸਿਹਤ ਵਿਭਾਗ ਇਨ੍ਹਾਂ ਬਿਮਾਰੀਆਂ ਦੀ ਰੋਕਥਾਮ ਲਈ ਵਚਨਬੱਧ ਹੈ। ਇਸ ਮੌਕੇ ਤਲਵਿੰਦਰ ਸਿੰਘ, ਹਰਜੀਤ ਕੌਰ, ਭਗਵਾਨ ਸਿੰਘ ਤੇ ਮਲਕੀਤ ਸਿੰਘ ਆਦਿ ਹਾਜ਼ਰ ਸਨ।

# ਮੁਲਾਜ਼ਮਾਂ ਤੇ ਪੈਨਸ਼ਨਰਾਂ ਦਾ ਪਿਛਲਾ ਬਕਾਇਆ ਤੁਰੰਤ ਦਿੱਤਾ ਜਾਵੇ : ਰਾਣਵਾਂ, ਪੁਆਰੀ, ਚਾਵਲਾ

**ਕੋਟਕਪੂਰਾ (ਰਛਪਾਲ ਭੁੱਲਰ)**-ਪੰਜਾਬ ਸੁਬਾਰਡੀਨੇਟ ਸਰਵਿਸਜ਼ ਫੈਡਰੇਸ਼ਨ 1680 ਸੈਕਟਰ 22 ਬੀ, ਚੰਡੀਗੜ੍ਹ ਦੇ ਸੂਬਾ ਪ੍ਰਧਾਨ ਰਣਜੀਤ ਸਿੰਘ ਰਾਣਵਾਂ, ਜਨਰਲ ਸਕੱਤਰ ਸੁਰਿੰਦਰ ਕੁਮਾਰ ਪੁਆਰੀ ਤੇ ਐਡੀਸ਼ਨਲ ਜਨਰਲ ਸਕੱਤਰ ਪ੍ਰੇਮ ਚਾਵਲਾ ਨੇ ਪੰਜਾਬ ਦੇ ਮੁੱਖ ਮੰਤਰੀ ਸ੍. ਭਗਵੰਤ ਸਿੰਘ ਮਾਨ ਤੇ ਪੰਜਾਬ ਦੇ ਵਿੱਤ ਮੰਤਰੀ ਸ੍. ਹਰਪਾਲ ਸਿੰਘ ਚੀਮਾ ਦੇ ਨਾਂ ਈਮੇਲ ਤੇ ਇੱਕ ਪੱਤਰ ਭੇਜ ਕੇ ਉਨ੍ਹਾਂ ਦੇ ਧਿਆਨ 'ਚ ਲਿਆਂਦਾ ਹੈ ਕਿ ਪੰਜਾਬ ਸਰਕਾਰ ਨੇ ਆਪਣੇ ਸਮੂਹ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ 1 ਅਕਤੂਬਰ 2022 ਤੋਂ 28 ਫੀਸਦੀ ਤੋਂ 34 ਫੀਸਦੀ ਮਹਿੰਗਾਈ ਭੱਤੇ ਦੀ ਕਿਸ਼ਤ ਦਿੱਤੀ ਸੀ ਤੇ ਪੰਜਾਬ ਸਰਕਾਰ ਵੱਲੋਂ 21 ਅਕਤੂਬਰ 2022 ਨੂੰ ਜਾਰੀ ਕੀਤੇ ਗਏ ਪੱਤਰ ਅਨੁਸਾਰ ਪਿਛਲੇ ਬਕਾਏ ਦਾ ਫੈਸਲਾ ਬਾਅਦ ਵਿੱਚ ਕਰਨ ਬਾਰੇ ਲਿਖਿਆ ਗਿਆ ਸੀ। ਆਗੂਆਂ ਨੇ ਲਿਖਿਆ ਹੈ ਕਿ ਇੱਕ ਪਾਸੇ ਪੰਜਾਬ ਸਰਕਾਰ ਵੱਲੋਂ ਖਜ਼ਾਨਾ ਖਾਲੀ ਨਾ ਹੋਣ ਦਾ ਪ੍ਰਚਾਰ ਕੀਤਾ ਜਾ ਰਿਹਾ ਹੈ ਤੇ ਦੂਜੇ ਪਾਸੇ ਲੱਗਭੱਗ 8-9 ਮਹੀਨੇ ਬੀਤ ਜਾਣ ਦੇ ਬਾਵਜੂਦ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਇਹ ਬਕਾਇਆ ਦੇਣ ਸਬੰਧੀ ਅਜੇ ਤੱਕ ਕੋਈ ਪੱਤਰ ਜਾਰੀ ਨਹੀਂ ਕੀਤਾ ਗਿਆ। ਇਸ ਤੋਂ ਇਲਾਵਾ ਆਗੂਆਂ ਨੇ ਪੰਜਾਬ ਸਰਕਾਰ ਦੇ ਧਿਆਨ ਵਿੱਚ ਲਿਆਂਦਾ ਹੈ ਕਿ ਕੇਂਦਰ ਸਰਕਾਰ ਵੱਲੋਂ 3 ਅਕਤੂਬਰ 2022 ਜਾਰੀ ਕੀਤੇ ਗਏ ਪੱਤਰ ਅਨੁਸਾਰ 1 ਜੁਲਾਈ 2022 ਤੋਂ 34 ਫੀਸਦੀ ਤੋਂ 38 ਫੀਸਦੀ ਤੇ 3 ਅਪ੍ਰੈਲ 2023 ਰਾਹੀਂ 01 ਜਨਵਰੀ 2023 ਤੋਂ 38 ਫੀਸਦੀ ਤੋਂ 42 ਫੀਸਦੀ ਡੀ ਏ ਦੀਆਂ ਕਿਸ਼ਤਾਂ ਅਪਣੇ ਅਧੀਨ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਦੇ ਦਿੱਤੀਆਂ ਗਈਆਂ ਹਨ। ਆਗੂਆਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਪੰਜਾਬ ਦੇ ਸਮੂਹ ਮੁਲਾਜ਼ਮਾਂ/ਪੈਨਸ਼ਨਰਾਂ ਨੂੰ ਵੀ ਕੇਂਦਰੀ ਪੈਟਰਨ ਅਨੁਸਾਰ 28 ਫੀਸਦੀ ਤੋਂ 34 ਫੀਸਦੀ ਡੀ ਏ ਦਾ ਪਿਛਲਾ ਰਹਿੰਦਾ ਬਕਾਇਆ ਤੁਰੰਤ ਜਾਰੀ ਕੀਤਾ ਜਾਵੇ ਤੇ ਕੇਂਦਰੀ ਪੈਟਰਨ ਅਨੁਸਾਰ 34 ਫੀਸਦੀ ਤੋਂ 42 ਫੀਸਦੀ ਡੀ ਏ ਦੇਣ ਸਬੰਧੀ ਪੱਤਰ ਤੁਰੰਤ ਜਾਰੀ ਕੀਤੇ ਜਾਣ। ਇਸ ਮੌਕੇ ਸੂਬਾਈ ਸਰਪ੍ਰਸਤ ਚਰਨ ਸਿੰਘ ਸਰਾਭਾ, ਸੀਨੀਅਰ ਮੀਤ ਪ੍ਰਧਾਨ ਗੁਰਪ੍ਰੀਤ ਸਿੰਘ ਮੰਗਵਾਲ, ਗੁਰਮੇਲ ਸਿੰਘ ਮੇਲੜੇ, ਗੁਰਜੀਤ ਸਿੰਘ ਘੋੜੇਵਾਹ, ਪ੍ਰੈੱਸ ਸਕੱਤਰ ਪ੍ਰਭਜੀਤ ਸਿੰਘ ਉੱਪਲ ਤੇ ਟਹਿਲ ਸਿੰਘ ਸਰਾਭਾ ਵੀ ਹਾਜ਼ਰ ਸਨ।

# ਸ਼੍ਰੋਮਣੀ ਅਕਾਲੀ ਦਲ ਵੱਲੋਂ ਲੋਕਾਂ ਨੂੰ ਹੱਕ ਦਿਵਾਉਣ ਲਈ ਸੰਘਰਸ਼ ਵਿੱਢਾਂਗੇ : ਜਗਦੀਪ ਚੀਮਾ



**ਫਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਕੀਤੀ ਗਈ ਹਲਕਾ ਇੰਚਾਰਜਾਂ ਦੀ ਮੀਟਿੰਗ ਦੌਰਾਨ ਪੂਰੇ ਪੰਜਾਬ ਭਰ ਵਿੱਚ ਹਲਕਾ ਇੰਚਾਰਜਾਂ ਵੱਲੋਂ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਜਨਤਾ ਨਾਲ ਕੀਤੇ ਵਾਅਦੇ ਯਾਦ ਕਰਵਾਉਣ ਤੇ ਲਾਗੂ ਕਰਵਾਉਣ ਲਈ ਘਰ-ਘਰ ਪਹੁੰਚ ਕਰਕੇ ਲੋਕਾਂ ਨੂੰ ਜਾਗਰੂਕ ਕੀਤਾ ਜਾਵੇਗਾ, ਤਾਂ ਜੋ ਆਮ ਆਦਮੀ ਪਾਰਟੀ ਦਾ ਦੋਗਲਾ ਚਿਹਰਾ ਨੰਗਾ ਕੀਤਾ ਜਾ ਸਕੇ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਹਲਕਾ ਫਤਹਿਗੜ੍ਹ ਸਾਹਿਬ ਦੇ ਇੰਚਾਰਜ ਤੇ ਪਾਰਟੀ ਦੇ ਜਨਰਲ ਸਕੱਤਰ ਜਗਦੀਪ ਸਿੰਘ ਚੀਮਾ ਨੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨਾਲ ਮੁਲਾਕਾਤ ਕਰਨ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਜਥੇਦਾਰ ਚੀਮਾ ਨੇ ਕਿਹਾ ਕਿ ਸੱਤਾ 'ਚ ਆਉਣ ਤੋਂ ਪਹਿਲਾਂ ਆਮ ਆਦਮੀ ਪਾਰਟੀ ਵੱਲੋਂ ਵੱਡੇ ਵੱਡੇ ਵਾਅਦੇ ਕੀਤੇ ਗਏ ਸਨ, ਪਰ ਹੁਣ ਇਸ ਸਰਕਾਰ ਦੇ ਸ਼ਾਸਨਕਾਲ ਦਾ ਐਨਾ ਸਮਾਂ ਗੁਜ਼ਰ ਜਾਣ ਦੇ ਬਾਵਜੂਦ ਕੇਵਲ ਪੰਜਾਬ ਦੀ ਜਨਤਾ ਨੂੰ ਗੁਮਰਾਹ ਕਰਨ 'ਚ ਹੀ ਲੰਘਾਇਆ ਜਾ ਰਿਹਾ ਹੈ, ਕਿਉਂਕਿ ਇਹ ਸਰਕਾਰ ਕਹਿਣੀ ਤੇ ਕਰਨੀ 'ਚ ਜ਼ਮੀਨ ਅਸਮਾਨ ਦਾ ਫਰਕ ਰੱਖਦੀ ਹੈ।

ਜਥੇਦਾਰ ਚੀਮਾ ਨੇ ਕਿਹਾ ਕਿ ਆਪ ਸਰਕਾਰ ਨੇ ਸਮਾਜ ਦੇ ਹਰ ਵਰਗ ਨਾਲ ਧੋਖਾ ਕੀਤਾ ਹੈ, ਜਿਸ ਕਰਕੇ ਸ਼੍ਰੋਮਣੀ ਅਕਾਲੀ ਦਲ ਦਾ ਇਹ ਮੁੱਢਲਾ ਫਰਜ਼ ਬਣਦਾ ਹੈ ਕਿ ਲੋਕਾਂ ਤੱਕ ਪਹੁੰਚ ਕੀਤੀ ਜਾਵੇ ਤੇ ਪੰਜਾਬ ਦੀ ਜਨਤਾ ਦੇ ਹੱਕਾਂ ਵਾਸਤੇ ਲੜਨ ਅਤੇ ਇਸ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਸਾਰੇ ਵਾਅਦੇ ਪੂਰੇ ਕਰਨ ਵਾਸਤੇ ਮਜਬੂਰ ਕਰਨ ਲਈ ਸੰਘਰਸ਼ ਵਿੱਢਿਆ ਜਾਵੇਗਾ।

ਜਥੇਦਾਰ ਚੀਮਾ ਨੇ ਕਿਹਾ ਕਿ ਅੱਜ ਪਾਰਟੀ ਪ੍ਰਧਾਨ ਸ੍. ਸੁਖਬੀਰ ਸਿੰਘ ਬਾਦਲ ਵੱਲੋਂ ਪਾਰਟੀ ਦੇ ਹਲਕਾ ਇੰਚਾਰਜਾਂ ਤੇ ਜ਼ਿਲ੍ਹਾ ਪ੍ਰਧਾਨਾਂ ਦੀ ਮੀਟਿੰਗ ਵਿੱਚ ਸਮੁੱਚੇ ਹਲਕਾ ਇੰਚਾਰਜਾਂ ਤੇ ਜ਼ਿਲ੍ਹਾ ਪ੍ਰਧਾਨਾਂ ਤੋਂ ਵੱਖ ਵੱਖ ਮੁੱਦਿਆਂ 'ਤੇ ਵਿਚਾਰ ਵੀ ਲਏ ਗਏ ਤੇ ਪਾਰਟੀ ਪ੍ਰਧਾਨ ਵੱਲੋਂ ਤਜਵੀਜ਼ਸ਼ੁਦਾ ਸਾਂਝੇ ਸਿਵਲ ਕੋਡ (ਯੂ ਸੀ ਸੀ) 'ਤੇ ਵਿਚਾਰ ਵਟਾਂਦਰੇ ਲਈ ਅਤੇ ਕੇਸ ਤਿਆਰ ਕਰਕੇ ਕਾਨੂੰਨ ਕਮਿਸ਼ਨ ਨੂੰ ਸੌਂਪਣ ਵਾਸਤੇ ਸਬ ਕਮੇਟੀ ਦਾ ਗਠਨ ਕੀਤਾ, ਜਿਸ ਵਿੱਚ ਚਾਰ ਮੈਂਬਰੀ ਕਮੇਟੀ ਦਾ ਗਠਨ ਕਰਕੇ ਪ੍ਰੋ. ਪ੍ਰੇਮ ਸਿੰਘ ਚੰਦੂਮਾਜਰਾ, ਮਹੇਸ਼ਇੰਦਰ ਸਿੰਘ ਗਰੇਵਾਲ, ਸਿਕੰਦਰ ਸਿੰਘ ਮਲੂਕਾ ਤੇ ਡਾ. ਦਲਜੀਤ ਸਿੰਘ ਚੀਮਾ ਨੂੰ ਸ਼ਾਮਲ ਕੀਤਾ ਗਿਆ ਹੈ ਤੇ ਇਹ ਚਾਰ ਮੈਂਬਰੀ ਕਮੇਟੀ ਸੰਵਿਧਾਨਕ ਮਾਹਰਾਂ, ਬੁੱਧੀਜੀਵੀਆਂ ਤੇ ਸਿੱਖ ਕੌਮ ਦੇ ਆਗੂਆਂ ਨਾਲ ਸਲਾਹ ਮਸ਼ਵਰਾ ਕਰੇਗੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਜਥੇਦਾਰ ਅਵਤਾਰ ਸਿੰਘ ਰਿਆ ਨੇ ਵੀ ਆਪਣੇ ਸੁਝਾਅ ਪਾਰਟੀ ਪ੍ਰਧਾਨ ਨੂੰ ਦਿੱਤੇ।

# ਪੰਜਾਬ ਸਰਕਾਰ ਤੇ ਜਲ ਸਪਲਾਈ ਮੈਨੇਜਮੈਂਟ ਖਿਲਾਫ 11 ਨੂੰ ਅਰਥੀ ਫੂਕ ਮੁਜ਼ਾਹਰਾ

**ਸ਼੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ (ਰਜਿ.31) ਦੇ ਜ਼ਿਲ੍ਹਾ ਸ਼੍ਰੀ ਮੁਕਤਸਰ ਸਾਹਿਬ ਤੋਂ ਸੂਬਾ ਪ੍ਰਚਾਰ ਸਕੱਤਰ ਤੇ ਜ਼ਿਲ੍ਹਾ ਪ੍ਰਧਾਨ ਬਲਜੀਤ ਸਿੰਘ ਭੱਟੀ, ਜ਼ਿਲ੍ਹਾ ਜਨਰਲ ਸਕੱਤਰ ਸੁਰਜੀਤ ਸਿੰਘ ਤੱਖੀ, ਜ਼ਿਲ੍ਹਾ ਮੀਤ ਪ੍ਰਧਾਨ ਜਸਵੀਰ ਸਿੰਘ ਕਾਲਾ ਤੇ ਜ਼ਿਲ੍ਹਾ ਪ੍ਰੈੱਸ ਸਕੱਤਰ ਬਿਕਰਮਜੀਤ ਸਿੰਘ ਕਪੂਰ ਅਤੇ ਸੌਰਵ ਮਿਗਲਾਨੀ ਨੇ ਕਿਹਾ ਕਿ ਸੂਬਾ ਕਮੇਟੀ ਦੇ ਧਿਆਨ ਵਿੱਚ ਇਹ ਮਸਲਾ ਆਇਆ ਹੈ ਕਿ ਪੰਜਾਬ ਸਰਕਾਰ ਦੇ ਪੇਂਡੂ ਤੇ ਪੰਚਾਇਤ ਵਿਭਾਗ ਪੰਜਾਬ, ਦਫਤਰ ਸੰਯੁਕਤ ਵਿਕਾਸ ਕਮਿਸ਼ਨਰ ਐੱਸ.ਏ.ਐੱਸ. ਨਗਰ ਦੇ ਜਾਰੀ ਪੱਤਰ ਮੁਤਾਬਿਕ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਵੱਲੋਂ 48 ਘੰਟਿਆਂ ਦਾ ਕੋਰਸ ਪੰਪ ਉਪਰੇਟਰ, ਇਲੈਕਟ੍ਰੀਸ਼ੀਅਨ, ਮੋਟਰ ਮਕੈਨਿਕ, ਸੋਲਰ ਪੈਨਲ, ਪਲੰਬਰ, ਫਿਟਰ ਤੇ ਸੋਸ਼ਲ ਆਦਿ ਦੀ ਟ੍ਰੇਨਿੰਗ ਮਗਨਰੇਗਾ, ਐੱਸ.ਐੱਚ.ਜੀ. ਤੇ ਪੀ.ਐੱਮ.ਏ.ਵਾਈ. (ਜੀ) ਦੇ ਪਰਿਵਾਰਕ ਮੈਂਬਰਾਂ ਨੂੰ ਕਰਵਾਉਣ ਦੇ ਆਦੇਸ਼ ਦਿੱਤੇ ਗਏ ਹਨ, ਜਿਸ 'ਤੇ ਇਹ ਸਵਾਲ ਪੈਦਾ ਹੁੰਦਾ ਹੈ ਕਿ ਇਹ ਟ੍ਰੇਨਿੰਗ ਦੇਣ ਦਾ ਫੈਸਲਾ ਕਿਹੜੀ ਲੋੜ ਵਿੱਚੋਂ ਕੀਤਾ ਗਿਆ ਹੈ ਤੇ ਟ੍ਰੇਨਿੰਗ ਦੇਣ ਦੀ ਕੀ ਲੋੜ ਪਈ ਹੈ। ਯੂਨੀਅਨ ਨੇ ਉਪਰੋਕਤ ਟ੍ਰੇਨਿੰਗ ਦੇਣ ਦੇ ਫੈਸਲੇ 'ਤੇ ਆਪਣਾ ਪ੍ਰਤੀਕ੍ਰਮ ਦਿੱਤਾ ਹੈ ਕਿ ਪੰਜਾਬ ਸਰਕਾਰ ਤੇ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਦੀ ਮੈਨੇਜਮੈਂਟ ਵੱਲੋਂ ਪੇਂਡੂ ਜਲ ਸਪਲਾਈ ਸਕੀਮਾਂ ਦਾ ਪੰਚਾਇਤੀਕਰਨ ਕਰਨ ਦੇ ਨਾਂਅ ਹੇਠ ਨਿੱਜੀਕਰਨ ਕਰਨ ਦੀਆਂ ਲੋਕ ਵਿਰੋਧੀ ਨੀਤੀਆਂ ਲਾਗੂ ਕਰਨ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ, ਪਰ ਦੂਜੇ ਪਾਸੇ ਜਥੇਬੰਦੀ ਵੱਲੋਂ ਜਸਸ ਵਿਭਾਗ 'ਚ ਸਾਲਾਂਬੱਧੀ ਅਰਸੇ ਤੋਂ ਠੇਕਾ ਪ੍ਰਣਾਲੀ ਅਧੀਨ ਸੇਵਾਵਾਂ ਦੇ ਰਹੇ ਇਨਲਿਸਟਮੈਂਟ/ਆਊਟਸੋਰਸ ਵਰਕਰਾਂ ਦੇ ਆਪਣੇ ਕੱਚੇ ਪਿੱਲੇ ਰੁਜ਼ਗਾਰ ਨੂੰ ਬਚਾਉਣ ਤੇ ਇਨ੍ਹਾਂ ਵਰਕਰਾਂ ਨੂੰ ਵਿਭਾਗ 'ਚ ਮਰਜ ਕਰਕੇ ਰੈਗੂਲਰ ਕਰਨ ਅਤੇ ਜਲ ਸਪਲਾਈ ਵਿਭਾਗ ਦਾ ਨਿੱਜੀਕਰਨ/ਪੰਚਾਇਤੀਕਰਨ ਦੀਆਂ ਮਾਰੂ ਨੀਤੀਆਂ ਦਾ ਵਿਰੋਧ ਕੀਤਾ ਜਾ ਰਿਹਾ ਹੈ। ਇਸ ਲਈ ਜਲ ਸਪਲਾਈ ਕਾਮਿਆਂ ਨੂੰ ਸਰਕਾਰ ਤੇ ਮੈਨੇਜਮੈਂਟ ਦੀਆਂ ਸਾਜ਼ਿਸ਼ਾਂ 'ਤੇ ਭਰੋਸਾ ਕਰਨ ਦੀ ਬਜਾਏ ਚੱਲ ਰਹੇ ਸੰਘਰਸ਼ਾਂ ਦੇ ਮੈਦਾਨ ਵਿੱਚ ਡੱਟਣ ਦੀ ਲੋੜ ਹੈ। ਆਗੂ ਨੇ ਕਿਹਾ ਕਿ ਸੂਬਾ ਕਮੇਟੀ ਦੇ ਸੱਦੇ 'ਤੇ ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ (ਰਜਿ.31) ਜ਼ਿਲ੍ਹਾ ਸ਼੍ਰੀ ਮੁਕਤਸਰ ਸਾਹਿਬ ਵੱਲੋਂ 11 ਜੁਲਾਈ ਨੂੰ ਪੰਜਾਬ ਸਰਕਾਰ ਤੇ ਵਿਭਾਗੀ ਮੈਨੇਜਮੈਂਟ ਦੇ ਸਬ-ਡਵੀਜ਼ਨ ਪੱਧਰ 'ਤੇ ਅਰਥੀ ਫੂਕ ਮੁਜ਼ਾਹਰਾ ਕੀਤਾ ਜਾਵੇਗਾ। ਜੇਕਰ ਫਿਰ ਵੀ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਵੱਲੋਂ ਯੂਨੀਅਨ ਦੇ ਪੱਤਰ ਵਿੱਚ ਦਰਜ 'ਮੰਗਾਂ' ਦਾ ਹੱਲ ਨਹੀਂ ਕੀਤਾ ਗਿਆ ਤਾਂ 16 ਜੁਲਾਈ 2023 ਨੂੰ ਈਸੜੂ ਭਵਨ ਲੁਧਿਆਣਾ ਵਿਖੇ ਸੂਬਾ ਕਮੇਟੀ ਦੀ ਮੀਟਿੰਗ ਕਰਨ ਉਪਰੰਤ ਅਗਲੇ ਤਿੱਖੇ ਸੰਘਰਸ਼ ਦਾ ਐਲਾਨ ਕੀਤਾ ਜਾਵੇਗਾ, ਜਿਸ ਦੀ ਜ਼ੁੰਮੇਵਾਰੀ ਸਿੱਧੇ ਰੂਪ 'ਚ ਸਰਕਾਰ ਤੇ ਮੈਨੇਜਮੈਂਟ ਦੀ ਹੋਵੇਗੀ।

# ਮਾਨ ਸਰਕਾਰ ਵੱਲੋਂ ਨੌਜਵਾਨਾਂ ਨੂੰ ਵੱਡਾ ਤੋਹਫਾ, ਮੋਗਾ 'ਚ ਖੁੱਲ੍ਹੇਗਾ ਯੂ ਪੀ ਐੱਸ ਸੀ ਕੋਚਿੰਗ ਸੈਂਟਰ : ਡਾ. ਅਰੋੜਾ



**ਮੋਗਾ (ਅਮਰਜੀਤ ਬੱਬਰੀ)**-ਪੰਜਾਬ ਦੀ ਭਗਵੰਤ ਮਾਨ ਸਰਕਾਰ ਵੱਲੋਂ ਪੰਜਾਬ ਦੇ ਨੌਜਵਾਨਾਂ ਨੂੰ ਇਕ ਹੋਰ ਵੱਡਾ ਤੋਹਫਾ ਦਿੱਤਾ ਗਿਆ ਹੈ। ਮੋਗਾ ਵਿੱਚ ਹੁਣ ਸਭ ਤੋਂ ਪਹਿਲਾ ਯੂ.ਪੀ.ਐੱਸ.ਸੀ. ਕੋਚਿੰਗ ਸੈਂਟਰ ਖੁੱਲ੍ਹੇਗਾ। ਇਹ ਐਲਾਨ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਬੀਤੇ ਦਿਨੀਂ ਮੋਗਾ ਦੇ ਚੰਦਪੁਰਾਣਾ ਟੋਲ ਪਲਾਜ਼ਾ ਨੂੰ ਬੰਦ ਕਰਵਾਉਣ ਦੇ ਮੌਕੇ ਕੀਤਾ, ਜਿਸ ਨੂੰ ਮੁੱਖ ਮੰਤਰੀ ਪੰਜਾਬ ਵੱਲੋਂ ਮਨਜ਼ੂਰੀ ਦੇ ਦਿੱਤੀ ਗਈ ਹੈ। ਇਸ ਸਬੰਧੀ ਅੱਜ ਮੋਗਾ ਹਲਕੇ ਦੀ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਪੰਜਾਬ ਦੇ ਆਮ ਲੋਕਾਂ ਲਈ ਵਧੀਆ ਸੋਚ ਰੱਖਦੇ ਹਨ। ਉਨ੍ਹਾ ਕਿਹਾ ਕਿ ਯੂ.ਪੀ.ਐੱਸ.ਸੀ. ਕੋਚਿੰਗ ਲੈਣ ਲਈ ਬਾਹਰੀ ਦੇਸ਼ਾਂ ਵੱਲ ਵਿਦਿਆਰਥੀ ਰਸਤਾ ਅਖਤਿਆਰ ਕਰਦੇ ਸਨ। ਇਸ ਕਰਕੇ ਮੋਗਾ ਵਿਖੇ ਬੀਤੇ ਦਿਨੀਂ ਮੁੱਖ ਮੰਤਰੀ ਭਗਵੰਤ ਮਾਨ ਨੇ ਮੋਗਾ ਨਿਵਾਸੀਆਂ ਨੂੰ ਇਹ ਵੱਡਾ ਤੋਹਫਾ ਦਿੱਤਾ ਹੈ ਤੇ ਇਸ ਸੈਂਟਰ ਵਿੱਚ ਪੰਜਾਬ ਦੇ ਨੌਜਵਾਨ ਹੁਣ ਆਈ.ਏ.ਐੱਸ, ਆਈ ਪੀ ਐੱਸ, ਪੀ.ਸੀ.ਐੱਸ. ਦੀ ਕੋਚਿੰਗ ਦੀ ਤਿਆਰੀ ਮੁਫਤ ਕਰ ਸਕਣਗੇ। ਉਨ੍ਹਾ ਕਿਹਾ ਕਿ ਪੰਜਾਬ ਦੀ ਮਾਨ ਸਰਾਰ ਵੱਲੋਂ ਪੰਜਾਬ ਦੇ ਲਈ ਲਗਾਤਾਰ ਇਤਿਹਾਸਕ ਫੈਸਲੇ ਲਏ ਜਾ ਰਹੇ ਹਨ। ਉਨ੍ਹਾ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਵਧੀਆ ਸੋਚ ਹੈ ਕਿ ਯੂ.ਪੀ.ਐੱਸ.ਸੀ. ਕੋਚਿੰਗ ਸੈਂਟਰਾਂ ਦੀ ਸ਼ੁਰੂਆਤ ਕਰਨਾ ਜਾਤ-ਪਾਤ ਨੂੰ ਦੂਰ ਰੱਖ ਕੇ ਕੀਤੀ ਜਾ ਰਹੀ ਹੈ। ਉਨ੍ਹਾ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਡਿਪਟੀ ਕਮਿਸ਼ਨਰ ਨੂੰ ਕੋਚਿੰਗ ਸੈਂਟਰ ਦੀ ਸ਼ੁਰੂਆਤ ਕਰਨ ਲਈ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਗਏ ਹਨ ਤੇ ਇਹ ਕੋਚਿੰਗ ਸੈਂਟਰ ਇੱਕ ਤੋਂ ਦੋ ਮਹੀਨੇ 'ਚ ਸ਼ੁਰੂ ਹੋ ਜਾਵੇਗਾ। ਵਿਧਾਇਕ ਡਾ. ਅਰੋੜਾ ਨੇ ਕਿਹਾ ਕਿ ਵਿਦਿਆਰਥੀਆਂ ਦੀ ਪੜ੍ਹਾਈ ਨੂੰ ਵਧੀਆ ਤੇ ਉਨ੍ਹਾਂ ਦੇ ਭਵਿੱਖ ਨੂੰ ਉੱਜਵਲ ਬਣਾਉਣ ਲਈ ਸਕੂਲ ਆਫ ਐਮੀਨੈਂਸ ਪੰਜਾਬ 'ਚ ਬਣਾਏ ਗਏ ਹਨ ਅਤੇ ਹੋਰ ਵੀ ਬਣਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦੀ ਭਗਵੰਤ ਮਾਨ ਸਰਕਾਰ ਵੱਲੋਂ ਮੁਹੱਲਾ ਕਲੀਨਿਕਾਂ ਦੀ ਸ਼ੁਰੂਆਤ ਕੀਤੀ ਗਈ ਹੈ, ਜਿਸ 'ਚ ਆਮ ਲੋਕ ਮੈਡੀਕਲ ਸਹੂਲਤਾਂ ਦਾ ਲਾਭ ਹਾਸਲ ਕਰ ਰਹੇ ਹਨ। ਉਨ੍ਹਾ ਕਿਹਾ ਕਿ ਕਿਸੇ ਨੂੰ ਕਿਸੇ ਪ੍ਰਕਾਰ ਦੀ ਸਮੱਸਿਆ ਪੇਸ਼ ਆਉਂਦੀ ਹੈ ਤਾਂ ਉਨ੍ਹਾਂ ਦੇ ਧਿਆਨ 'ਚ ਲਿਆਂਦਾ ਜਾਵੇ, ਜਿਸ ਦਾ ਪਹਿਲ ਦੇ ਅਧਾਰ 'ਤੇ ਹੱਲ ਕੀਤਾ ਜਾਵੇਗਾ।

# ਅਬਾਦਕਾਰਾਂ ਦੇ ਸੰਘਰਸ਼ ਨੂੰ ਲੈ ਕੇ ਭਾਕਿਯੂ (ਏਕਤਾ) ਡਕੌਂਦਾ ਨੇ ਲਏ ਅਹਿਮ ਫੈਸਲੇ

**ਬਾਨੀ ਪ੍ਰਧਾਨ ਮਰਹੂਮ ਬਲਕਾਰ ਸਿੰਘ ਡਕੌਂਦਾ ਦਾ ਬਰਸੀ ਸਮਾਗਮ 13 ਨੂੰ**



**ਬੁਢਲਾਡਾ (ਅਸ਼ੋਕ ਲਾਕੜਾ)**

ਭਾਰਤੀ ਕਿਸਾਨ ਯੂਨੀਅਨ (ਏਕਤਾ) ਡਕੌਂਦਾ ਦੀ ਬਲਾਕ ਬੁਢਲਾਡਾ ਦੀ ਮੀਟਿੰਗ ਗੁਰਦੁਆਰਾ ਪਾਤਸ਼ਾਹੀ ਨੌਵੀਂ ਵਿਖੇ ਬਲਾਕ ਪ੍ਰਧਾਨ ਸੱਤਪਾਲ ਸਿੰਘ ਵਰੇ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ 29 ਪਿੰਡ ਇਕਾਈਆਂ ਨੇ ਸ਼ਮੂਲੀਅਤ ਕੀਤੀ। ਮੀਟਿੰਗ ਵਿੱਚ ਆਗੂਆਂ ਵੱਲੋਂ ਵਿਸ਼ੇਸ਼ ਤੌਰ 'ਤੇ ਸੂਬਾ ਸਰਕਾਰ ਵੱਲੋਂ ਜ਼ਮੀਨ ਹੜੱਪਣ ਲਈ ਕੀਤੀ ਜਾ ਰਹੀ ਧੱਕੇਸ਼ਾਹੀ ਦੇ ਸੰਬੰਧ ਵਿੱਚ ਪਿੰਡ ਕੁਲਰੀਆਂ 'ਚ ਚੱਲਦੇ ਅਬਾਦਕਾਰ ਕਿਸਾਨਾਂ ਦੇ ਘੋਲ 'ਤੇ ਧਿਆਨ ਕੇਂਦਰਿਤ ਕਰਵਾਉਂਦਿਆਂ ਇਸ ਨੂੰ ਕਿਰਤੀ ਵਰਗ ਨੂੰ ਜ਼ਮੀਨਾਂ ਵਿੱਚੋਂ ਬੇਦਖਲ ਕਰਨ ਤੇ ਪੰਚਾਇਤਾਂ ਰਾਹੀਂ ਕਾਰਪੋਰੇਟ ਨੂੰ ਕਾਬਜ਼ ਕਰਵਾਉਣ ਦੀ ਕੋਝੀ ਚਾਲ ਦੱਸਿਆ। ਗੌਰਤਲਬ ਹੈ ਕਿ ਪਿਛਲੇ ਦਿਨੀਂ ਕਿਸਾਨਾਂ ਵੱਲੋਂ ਕਰੀਬ 65 ਸਾਲਾਂ ਤੋਂ ਆਪਣੀਆਂ ਕਾਬਜ਼ ਜ਼ਮੀਨਾਂ ਉੱਪਰ ਝੋਨਾ ਲਗਾਇਆ ਜਾ ਰਿਹਾ ਸੀ, ਪਰ ਪ੍ਰਸ਼ਾਸਨ ਵੱਲੋਂ ਉਨ੍ਹਾਂ ਨੂੰ ਰੋਕਣ ਦੇ ਯਤਨ ਕੀਤੇ ਗਏ ਸਨ। ਅਬਾਦਕਾਰ ਕਿਸਾਨਾਂ ਦੇ ਰੋਹ ਨੂੰ ਦੇਖਦੇ ਹੋਏ ਪ੍ਰਸ਼ਾਸਨ ਵੱਲੋਂ ਆਗੂਆਂ ਨਾਲ ਮੀਟਿੰਗ ਕਰਨ ਦਾ ਫੈਸਲਾ ਲਿਆ ਗਿਆ ਸੀ, ਜਿਸ ਦੇ ਤਹਿਤ ਅੱਜ ਬੁਢਲਾਡਾ ਮੈਜਿਸਟ੍ਰੇਟ ਦਫਤਰ ਵਿਖੇ ਐੱਸ ਡੀ ਐੱਮ, ਵੀ ਡੀ ਓ ਤੇ ਡੀ ਐੱਸ ਪੀ ਵੱਲੋਂ ਮੀਟਿੰਗ ਕੀਤੀ ਗਈ ਅਤੇ ਦੋਹਾਂ ਤਰਫ ਦੇ ਪੱਖਾਂ ਨੂੰ ਵਿਚਾਰਿਆ ਗਿਆ।

ਮੀਟਿੰਗ ਨੂੰ ਵਿਸ਼ੇਸ਼ ਤੌਰ 'ਤੇ ਸੂਬਾ ਮੀਤ ਪ੍ਰਧਾਨ ਗੁਰਦੀਪ ਸਿੰਘ ਰਾਮਪੁਰਾ ਵੀ ਪਹੁੰਚੇ ਤੇ ਉਨ੍ਹਾਂ ਸੱਤਾਧਾਰੀ ਸਰਕਾਰ ਦੀ ਆਲੋਚਨਾ ਕਰਦੇ ਹੋਏ ਅਬਾਦਕਾਰ ਕਿਸਾਨਾਂ ਨੂੰ ਇਨਸਾਫ ਦਿਵਾਉਣ ਲਈ ਜਥੇਬੰਦੀ ਦਾ ਸਟੈਂਡ ਸਪੱਸ਼ਟ ਕਰਦੇ ਹੋਏ ਹਰ ਪ੍ਰਸਥਿਤੀ ਦਾ ਸਾਹਮਣਾ ਕਰਨ ਦੀ ਗੱਲ ਕਹੀ। ਉਨ੍ਹਾਂ ਆਖਿਆ ਕਿ ਜਥੇਬੰਦੀ ਆਪਣੇ ਸਟੈਂਡ ਉੱਪਰ ਅਡੋਲ ਹੈ ਤੇ ਇਨਸਾਫ ਨਾ ਮਿਲਣ ਦੀ ਸੂਰਤ ਵਿੱਚ ਜਥੇਬੰਦੀ ਵੱਲੋਂ ਤਿੱਖਾ ਸੰਘਰਸ਼ ਵਿੱਢਿਆ ਜਾਵੇਗਾ। ਇਸ ਮੌਕੇ ਸੂਬਾ ਕਮੇਟੀ ਮੈਂਬਰ ਕੁਲਵੰਤ ਸਿੰਘ ਕਿਸ਼ਨਗੜ੍ਹ ਨੇ 13 ਜੁਲਾਈ ਨੂੰ ਭਾਕਿਯੂ (ਏਕਤਾ) ਡਕੌਂਦਾ ਦੇ ਬਾਨੀ ਪ੍ਰਧਾਨ ਮਰਹੂਮ ਬਲਕਾਰ ਸਿੰਘ ਡਕੌਂਦਾ ਦੀ ਬਰਸੀ 'ਤੇ ਬਾਹਰਲੀ ਅਨਾਜ ਮੰਡੀ ਮਾਨਸਾ ਵਿਖੇ ਪੁੱਜਣ ਦੀ ਅਪੀਲ ਕੀਤੀ। ਇਸ ਮੌਕੇ ਸੂਬਾ ਕਮੇਟੀ ਮੈਂਬਰ ਮਹਿੰਦਰ ਸਿੰਘ ਦਿਆਲਪੁਰਾ ਸਮੇਤ ਜ਼ਿਲਾ ਕਮੇਟੀ ਦੇ ਲਖਵੀਰ ਸਿੰਘ ਅਕਲੀਆ, ਗੁਰਜੰਟ ਮਘਾਣੀਆਂ ਸਮੇਤ ਬਲਾਕ ਕਮੇਟੀ ਦੇ ਤਾਰਾ ਚੰਦ ਬਰੇਟਾ, ਰਾਮਫਲ, ਤਰਸੇਮ ਸਿੰਘ ਚੱਕ ਅਲੀਸ਼ੇਰ, ਬਲਦੇਵ ਪਿੱਪਲੀਆਂ, ਪਾਲਾ ਕੁਲਰੀਆਂ ਤੇ ਮਾਸਟਰ ਮੇਲਾ ਸਿੰਘ ਆਦਿ ਮੌਜੂਦ ਸਨ।

# ਜੁਆਇੰਟ ਡਿਪਟੀ ਡਾਇਰੈਕਟਰ ਵੱਲੋਂ ਸ਼ਹਿਰ ਦੀ ਸਫਾਈ ਵਿਵਸਥਾ ਦੀ ਜਾਂਚ



**ਮੱਖੂ (ਰਛਪਾਲ ਸਿੰਘ ਸੰਧੂ)**-ਮਾਨਯੋਗ ਸਕੱਤਰ ਪੰਜਾਬ ਦੀਆਂ ਹਦਾਇਤਾਂ ਅਨੁਸਾਰ ਕੁਲਵੰਤ ਸਿੰਘ ਬਰਾੜ ਜੁਆਇੰਟ ਡਿਪਟੀ ਡਾਇਰੈਕਟਰ ਫਿਰੋਜ਼ਪੁਰ ਤੇ ਧਰਮਪਾਲ ਸਿੰਘ ਕਾਰਜ ਸਾਧਕ ਅਫਸਰ ਨਗਰ ਪੰਚਾਇਤ ਮੱਖੂ ਵੱਲੋਂ ਅੱਜ ਸਵੇਰੇ 6 ਵਜੇ ਦੇ ਕਰੀਬ ਨਗਰ ਪੰਚਾਇਤ ਮੱਖੂ ਦੀ ਸਫਾਈ ਵਿਵਸਥਾ ਚੈੱਕ ਕੀਤੀ ਗਈ। ਉਨ੍ਹਾਂ ਵੱਲੋਂ ਸਫਾਈ ਸੇਵਕਾਂ ਨਾਲ ਗੱਲਬਾਤ ਕਰਦੇ ਹੋਏ ਸ਼ਹਿਰ ਨੂੰ ਸਾਫ-ਸੁੱਥਰਾ ਰੱਖਣ ਲਈ ਸਫਾਈ ਦਾ ਕੰਮ ਹੋਰ ਚੰਗੀ ਕਾਰਗੁਜ਼ਾਰੀ ਨਾਲ ਕਰਨ ਲਈ ਪ੍ਰੇਰਿਤ ਕੀਤਾ ਗਿਆ। ਇਸ ਮੌਕੇ ਨਗਰ ਪੰਚਾਇਤ ਮੱਖੂ ਦੇ ਸੈਨਟਰੀ ਕਲਰਕ ਰਾਜ ਕਮਲ ਵੱਲੋਂ ਨਗਰ ਪੰਚਾਇਤ ਦੇ ਬਜ਼ਾਰ, ਮੁਹੱਲਿਆਂ ਤੋਂ ਇਲਾਵਾ ਐੱਮ ਆਰ ਐੱਫ ਸ਼ੈੱਡ, ਕੰਪੋਸਟ ਪਿੱਟਾ, ਸੈਨਟਰੀ ਲੈਂਡ ਫਿਲ ਸਾਈਟ ਤੇ ਪੁਰਾਣੀ ਡੰਪਿਗ ਸਾਈਟ 'ਤੇ ਸਫਾਈ ਦਾ ਨਰੀਖਣ ਕਰਵਾਇਆ ਗਿਆ। ਇਸ ਮੌਕੇ ਕੁਲਵੰਤ ਸਿੰਘ ਬਰਾੜ ਜੁਆਇੰਟ ਡਿਪਟੀ ਡਾਇਰੈਕਟਰ ਫਿਰੋਜ਼ਪੁਰ ਤੇ ਧਰਮਪਾਲ ਸਿੰਘ ਕਾਰਜ ਸਾਧਕ ਅਫਸਰ ਨਗਰ ਪੰਚਾਇਤ ਮੱਖੂ ਵੱਲੋਂ ਸਫਾਈ ਸਬੰਧੀ ਪਾਈਆਂ ਗਈਆਂ ਕੁਝ ਕਮੀਆਂ ਨੂੰ ਅਗਲੀ ਫੇਰੀ ਤੱਕ ਦੂਰ ਕਰਨ ਦੇ ਨਿਰਦੇਸ਼ ਦਿੱਤੇ ਗਏ ਅਤੇ ਸ਼ਹਿਰ ਵਾਸੀਆਂ ਨੂੰ ਵੀ ਸ਼ਹਿਰ ਨੂੰ ਸਾਫ ਸੁਥਰਾ ਰੱਖਣ ਲਈ ਨਗਰ ਪੰਚਾਇਤ ਮੱਖੂ ਦਾ ਸਾਥ ਦੇਣ ਦੀ ਅਪੀਲ ਕੀਤੀ।

# ਕਿਸਾਨਾਂ ਨੇ ਝਬਾਲ ਚੌਕ 'ਚ ਟ੍ਰੈਫਿਕ ਜਾਮ ਕਰਕੇ ਲਗਾਇਆ ਰੋਸ ਧਰਨਾ



**ਸਰਾਏ ਅਮਾਨਤ ਖਾਂ (ਮੱਖਣ ਮਨੋਜ)**—ਇਲਾਕਾ ਝਬਾਲ ਅਤੇ ਇਸ ਪਾਸੇ ਦੇ ਪਿੰਡਾਂ ਦੇ ਕਿਸਾਨਾਂ ਵੱਲੋਂ ਅੱਜ ਇਕੱਤਰ ਹੋ ਕੇ ਕਿਸਾਨ ਆਗੂ ਬਲਜੀਤ ਸਿੰਘ ਬਘੇਲ ਸਿੰਘ ਵਾਲਾ ਦੀ ਅਗਵਾਈ ਵਿੱਚ ਝਬਾਲ ਚੌਕ ਵਿੱਚ ਟਰੈਫਿਕ ਜਾਮ ਕਰਕੇ ਧਰਨਾ ਲਗਾ ਕੇ ਪ੍ਰਸ਼ਾਸਨ ਖਿਲਾਫ ਨਾਅਰੇਬਾਜ਼ੀ ਕੀਤੀ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪ੍ਰਧਾਨ ਬਲਜੀਤ ਸਿੰਘ ਤੇ ਇਕੱਤਰ ਕਿਸਾਨਾਂ ਨੇ ਕਿਹਾ ਕਿ ਪ੍ਰਸ਼ਾਸਨ ਵੱਲੋਂ ਇਸ ਸਾਲ ਬਾਰਸ਼ਾਂ ਨੂੰ ਧਿਆਨ ਵਿੱਚ ਰੱਖਦਿਆਂ ਝਬਾਲ ਨੇੜਿਉਂ ਲੰਘਦੀ ਡਰੇਨ ਦੀ ਸਫਾਈ ਨਾ ਕਰਨ ਕਰਕੇ ਡਰੇਨ ਵਿੱਚ ਵੱਡੀ ਪੱਧਰ 'ਤੇ ਬੂਟੀ ਦੇ ਫਸਣ ਕਾਰਣ ਬਾਰਸ਼ਾਂ ਦੇ ਪਾਣੀ ਦਾ ਨਿਕਾਸ ਨਾ ਹੋਣ ਕਾਰਣ ਆਸਪਾਸ ਦੇ ਦਰਜਨ ਦੇ ਕਰੀਬ ਪਿੰਡਾਂ ਦੇ ਖੇਤਾਂ ਵਿੱਚ ਬੀਜੀ ਫਸਲ ਪੂਰੀ ਤਰ੍ਹਾਂ ਡੁੱਬ ਗਈ ਹੈ ਜਿਸ ਨਾਲ ਕਿਸਾਨਾਂ ਦਾ ਵੱਡੀ ਪੱਧਰ 'ਤੇ ਮਾਲੀ ਨੁਕਸਾਨ ਹੋਇਆ ਹੈ ਪ੍ਰੰਤੂ ਪ੍ਰਸ਼ਾਸਨ ਅਜੇ ਤੱਕ ਕੋਈ ਉਪਰਾਲਾ ਨਹੀਂ ਕਰ ਰਿਹਾ ਜਿਸ ਕਰਕੇ ਮਜਬੂਰੀ ਵੱਸ ਸਾਨੂੰ ਧਰਨਾ ਲਗਾਉਣਾ ਪਿਆ। ਕਿਸਾਨਾਂ ਨੇ ਮੰਗ ਕੀਤੀ ਕਿ ਜਲਦੀ ਤੋਂ ਜਲਦੀ ਡਰੇਨ ਦੀ ਸਫਾਈ ਕਰਕੇ ਕਿਸਾਨਾਂ ਦੀਆਂ ਫਸਲਾਂ ਬਚਾਈਆਂ ਜਾਣ। ਇਸ ਸਮੇਂ ਧਰਨੇ ਵਿੱਚ ਗੁਰਪ੍ਰੀਤ ਸਿੰਘ ਠੱਠਾ, ਬਲਜਿੰਦਰ ਸਿੰਘ ਝਬਾਲ, ਮੇਜਰ ਸਿੰਘ ਝਬਾਲ ਖੁਰਦ, ਹਰਪਾਲ ਸਿੰਘ ਭਾਲਾ, ਜਸਕਰਨ ਸਿੰਘ ਸ਼ੇਰਾ ਝਬਾਲ, ਹਰਦੀਪ ਸਿੰਘ, ਗੁਰਦੇਵ ਸਿੰਘ, ਅਤਿੰਦਰਪਾਲ ਸਿੰਘ, ਜਰਨੈਲ ਸਿੰਘ, ਗੁਰਜੀਤ ਸਿੰਘ ਜੱਜ, ਸੁਖਦੇਵ ਸਿੰਘ ਆਦਿ ਕਿਸਾਨ ਪਹੁੰਚੇ ਹੋਏ ਸਨ। ਜਦੋਂਕਿ ਇਸ ਸਬੰਧੀ ਐਸਡੀਓ ਡਰੇਨੇਜ ਵਿਭਾਗ ਮਨਿੰਦਰਪਾਲ ਸਿੰਘ ਨੇ ਕਿਹਾ ਕਿ ਮਹਿਕਮੇ ਵੱਲੋਂ ਸਫਾਈ ਲਈ ਵੱਖ-ਵੱਖ ਥਾਵਾਂ 'ਤੇ ਮਸ਼ੀਨਾਂ ਲਗਾ ਦਿੱਤੀਆਂ ਹਨ ਜਿਸ ਨਾਲ ਡਰੇਨਾਂ ਦੀ ਸਫਾਈ ਕੀਤੀ ਜਾ ਰਹੀ ਹੈ। ਇਸ ਮੌਕੇ ਤਹਿਸੀਲਦਾਰ ਤਰਨਤਾਰਨ ਰਕੇਸ਼ ਗਰਗ ਨੇ ਝਬਾਲ ਚੌਕ ਵਿੱਚ ਕਿਸਾਨਾਂ ਦੇ ਧਰਨੇ 'ਤੇ ਪਹੁੰਚ ਕੇ ਕਿਸਾਨਾਂ ਨੂੰ ਡਰੇਨ ਦੀ ਸਫਾਈ ਅੱਜ ਹੀ ਸ਼ੁਰੂ ਕਰਨ ਦਾ ਵਿਸ਼ਵਾਸ ਦਿਵਾਉਣ 'ਤੇ ਧਰਨਾ ਸਮਾਪਤ ਹੋਇਆ।

# ਪੈਨਸ਼ਨਰਾਂ 'ਤੇ ਮੜ੍ਹੇ ਜਬਰੀ ਟੈਕਸ ਵਾਲਾ ਪੱਤਰ ਰੱਦ ਕਰਨ ਦੀ ਮੰਗ

**ਅਜਨਾਲਾ, (ਸੁਖਤਿੰਦਰ ਸਿੰਘ ਰਾਜੂ)**-ਪੰਜਾਬ ਰਾਜ ਬਿਜਲੀ ਬੋਰਡ ਆਲ ਕੇਡਰ ਪੈਨਸ਼ਨਰਜ਼ ਐਸੋਸੀਏਸ਼ਨ ਅਜਨਾਲਾ ਮੰਡਲ ਦੀ ਮੀਟਿੰਗ ਸ਼ਹੀਦ ਕਾਲਿਆਂ ਵਾਲਾ ਖੂਹ ਗੁਰਦੁਆਰਾ ਸਾਹਿਬ ਵਿਖੇ ਸੋਮਨਾਥ ਮਰਵਾਹਾ ਦੀ ਪ੍ਰਧਾਨਗੀ ਹੇਠ ਕੀਤੀ ਗਈ, ਜਿਸ ਵਿਚ ਭਾਰੀ ਪੈਨਸ਼ਨਰਾਂ ਨੇ ਭਾਗ ਲਿਆ। ਇਸ ਮੀਟਿੰਗ ਨੂੰ ਪੈਨਸ਼ਨਰ ਆਗੂ ਬਲਦੇਵ ਸਿੰਘ ਨਿਮਾਣਾ, ਰਮੇਸ਼ ਕੁਮਾਰ, ਅਮਰੀਕ ਸਿੰਘ, ਸਤਪਾਲ ਸਿੰਘ ਪੁਰਬਾ, ਸੋਮਨਾਥ ਮਰਵਾਹਾ, ਹਰਭਜਨ ਸਿੰਘ ਝੰਜਟੀ ਨੇ ਸੰਬੋਧਨ ਕਰਦਿਆਂ ਪੰਜਾਬ ਸਰਕਾਰ ਪਾਵਰਕਾਮ ਤੋਂ ਮੰਗ ਕੀਤੀ ਕਿ ਮਿਤੀ 31/12/2015 ਤੋਂ ਪਹਿਲਾਂ ਦੇ ਪੈਨਸ਼ਨਰਾਂ ਨੂੰ 2.59 ਦਾ ਫੈਕਟਰ ਲਾ ਕੇ ਜਨਵਰੀ 2016 ਤੋਂ ਜੂਨ 2021 ਤੱਕ ਬਣਦਾ ਏਰੀਅਰ ਦੇਣ ਬਾਰੇ, ਮੈਡੀਕਲ ਭੱਤਾ 2000 ਰੁਪਏ ਕਰਨ ਬਾਰੇ, ਮੈਡੀਕਲ ਕੈਸਲੈਸ ਸਕੀਮ ਲਾਗੂ ਕਰਨ ਬਾਰੇ, ਕੱਚੇ ਕਾਮੇ ਪੱਕੇ ਕਰਨ ਬਾਰੇ, ਖਾਲੀ ਸੀਟਾਂ ਦੀ ਨਵੀਂ ਭਰਤੀ ਕਰਨ ਬਾਰੇ, ਪੈਨਸ਼ਨਰ ਨੂੰ 200 ਰੁਪਏ ਜਬਰੀ ਟੈਕਸ ਦਾ ਪੱਤਰ ਰੱਦ ਕਰਨ ਬਾਰੇ, 23 ਸਾਲਾ ਸਕੂਲ ਬਿਨਾਂ ਸ਼ਰਤ ਹਰੇਕ ਪੈਨਸ਼ਨਰ ਨੂੰ ਦੇਣ ਬਾਰੇ, ਪਿਛਲਾ ਡੀ. ਏ. ਦਾ ਬਕਾਇਆ 01/01/2016 ਤੋਂ 01/07/2021,01/01/2022 ਅਤੇ ਕੇਂਦਰ ਸਰਕਾਰ ਦੀ ਤਰਜ਼ ਤੇ 34% ਤੋਂ 42% ਕਰਨ ਬਾਰੇ ਅਤੇ ਬਣਦਾ ਬਕਾਇਆ ਦੇਣ ਬਾਰੇ ਪੈਨਸ਼ਨਰ ਆਗੂਆਂ ਨੇ ਮੰਗ ਕਰਕੇ ਸੀਆਰਏ 295/19 ਅਧੀਨ ਭਰਤੀ ਕੀਤੇ ਹੋਏ ਬਿਜਲੀ ਕਾਮਿਆਂ ਦੀ ਹਮਾਇਤ ਕੀਤੀ। ਪਾਵਰਕਾਮ ਮੈਨੇਜਮੈਂਟ ਪੂਰੇ ਸਕੇਲ ਵਿਚ ਤਨਖਾਹ ਲਾਗੂ ਕਰੇ। ਜੇ ਕਰ ਉਪਰੋਤਕ ਮੰਗਾਂ ਪੰਜਾਬ ਸਰਕਾਰ ਤੇ ਪਾਵਰਕਾਮ ਦੀ ਮੈਨੇਜਮੈਂਟ ਨੇ ਲਾਗੂ ਨਾ ਕੀਤੀਆਂ ਤਾਂ ਜੱਥੇਬੰਦੀ ਮਜਬੂਰ ਹੋ ਕੇ ਤਿੱਖਾ ਸੰਘਰਸ਼ ਵਿੱਢੇਗੀ। ਇਸ ਮੌਕੇ ਓਮ ਪ੍ਰਕਾਸ, ਬਲਵਿੰਦਰ ਛੀਨਾ, ਬਲਬੀਰ ਸਿੰਘ, ਸਰੂਪ ਸਿੰਘ, ਹਰੀ ਸਿੰਘ, ਰਤਨ ਸਿੰਘ, ਅਜੀਤ ਸਿੰਘ, ਜੋਗਿੰਦਰ ਸਿੰਘ, ਸਰਦੂਲ ਸਿੰਘ, ਨਿਸ਼ਾਨ ਸਿੰਘ, ਸਵਿੰਦਰ ਸਿੰਘ, ਸੁਖਵਿੰਦਰ ਸਿੰਘ, ਲੱਖਾ ਸਿੰਘ, ਲਖਵਿੰਦਰ ਸਿੰਘ ਮਾਲਾਕੀੜੀ ਆਦਿ ਹਾਜ਼ਰ ਸਨ।




# ਅਣਸਿੱਖੇ ਮਜ਼ਦੂਰਾਂ ਦੀ ਤਨਖਾਹ 26000 ਰੁਪਏ ਕੀਤੀ ਜਾਵੇ: ਕਰਮਪੁਰਾ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-ਅਣਸਿੱਖੇ ਮਜ਼ਦੂਰ ਦੀ ਘੱਟੋ-ਘੱਟ ਤਨਖਾਹ 26000 ਰੁਪਏ ਕੀਤੀ ਜਾਵੇ ਅਤੇ ਲੇਬਰ ਕਾਨੂੰਨ ਸਖਤੀ ਨਾਲ ਲਾਗੂ ਕਰਾਏ ਜਾਣ, 4 ਲੇਬਰ ਕੋਡ ਮਜ਼ਦੂਰ ਵਿਰੋਧੀ ਰੱਦ ਕੀਤੇ ਜਾਣ, ਭੱਠਾ ਮਜ਼ਦੂਰਾਂ ਦੀਆਂ ਉਜਰਤਾਂ ਵਿੱਚ ਵਾਧਾ ਕੀਤਾ ਜਾਵੇ, ਪੁਰਾਣੀ ਪੈਨਸ਼ਨ ਸਕੀਮ ਬਹਾਲ ਕੀਤੀ ਜਾਵੇ, ਮਨਰੇਗਾ ਮਜ਼ਦੂਰਾਂ ਦੀ ਦਿਹਾੜੀ 700 ਰੁਪਏ ਕੀਤੀ ਜਾਵੇ ਅਤੇ ਸਾਲ ਵਿੱਚ 200 ਦਿਨ ਕੰਮ ਦਿੱਤਾ ਜਾਵੇ ਅਤੇ ਸ਼ਹਿਰਾਂ ਵਿੱਚ ਵੀ ਮਨਰੇਗਾ ਸਕੀਮ ਲਾਗੂ ਕੀਤੀ ਜਾਵੇ, ਰਜਿਸਟਰਡ ਉਸਾਰੀ ਮਜ਼ਦੂਰਾਂ ਦੀ ਮੌਤ 'ਤੇ 5 ਲੱਖ ਰੁਪਏ ਐਕਸਗ੍ਰੇਸ਼ੀਆ ਗਰਾਂਟ ਦਿੱਤੀ ਜਾਵੇ ਆਦਿ ਮੰਗਾਂ ਨੂੰ ਲੈ ਕੇ ਏਟਕ, ਸੀਟੀਯੂ (ਪੰਜਾਬ) ਐਚਐਮਐਸ ਅਤੇ ਇੰਟਕ ਵੱਲੋਂ ਪੰਜਾਬ ਭਰ ਵਿੱਚ 14 ਜੁਲਾਈ ਨੂੰ ਇੱਕ ਦਿਨ-ਰਾਤ ਦੀ ਮੁਕੰਮਲ ਹੜਤਾਲ ਕਰਕੇ ਲੇਬਰ ਕਮਿਸ਼ਨਰ ਪੰਜਾਬ ਦੇ ਦਫਤਰ ਮੋਹਾਲੀ ਵਿਖੇ ਇੱਕ ਵੱਡੀ ਰੈਲੀ ਕੀਤੀ ਜਾ ਰਹੀ ਹੈ ਅਤੇ ਇਸ ਰੈਲੀ ਨੂੰ ਸਫਲ ਕਰਨ ਵਾਸਤੇ ਅੰਮ੍ਰਿਤਸਰ ਦੀਆਂ ਉਪਰੋਕਤ ਜਥੇਬੰਦੀਆਂ ਨੇ ਜ਼ਿਲ੍ਹਾ ਪੱਧਰ ਦੀ ਸਾਂਝੀ ਮੀਟਿੰਗ ਕਰਕੇ ਮਜ਼ਦੂਰਾਂ ਦੀ ਵੱਡੀ ਪੱਧਰ 'ਤੇ ਸ਼ਮੂਲੀਅਤ ਕਰਾਉਣ ਲਈ ਵਿਉਂਤਬੰਦੀ ਕਰ ਲਈ ਹੈ ਅਤੇ ਕੀਤੇ ਗਏ ਫੈਸਲੇ ਅਨੁਸਾਰ ਜਥੇਬੰਦੀਆਂ ਸਾਂਝੀ ਮੁਹਿੰਮ ਵੀ ਚਲਾ ਰਹੀਆਂ ਹਨ ਅਤੇ ਆਜ਼ਾਦਾਨਾ ਤੌਰ 'ਤੇ ਵੀ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ ਸਾਂਝੇ ਤੌਰ 'ਤੇ ਮਜੀਠਾ ਰੋਡ ਵਿਖੇ ਸਾਂਝੀ ਮੁਹਿੰਮ ਤਹਿਤ ਅਨਾਊਂਸਮੈਂਟ ਕੀਤੀ ਗਈ ਅਤੇ ਅੱਡਾ ਬਉਲੀ ਬੱਲ ਕਲਾਂ ਵਿਖੇ ਮੀਟਿੰਗ ਵੀ ਕੀਤੀ ਗਈ। ਮੀਟਿੰਗ ਵਿੱਚ ਜੁੜੇ ਸਾਥੀਆਂ ਨੂੰ ਸੰਬੋਧਨ ਕਰਦਿਆਂ ਸੀਟੀਯੂ ਪੰਜਾਬ ਦੇ ਆਗੂ ਜਗਤਾਰ ਸਿੰਘ ਕਰਮਪੁਰਾ ਅਤੇ ਏਟਕ ਦੇ ਆਗੂ ਬ੍ਰਹਮ ਦੇਵ ਸ਼ਰਮਾ ਨੇ ਕਿਹਾ ਕਿ ਮਜ਼ਦੂਰਾਂ ਦੀ ਘੱਟੋ-ਘੱਟ ਤਨਖਾਹ ਸੂਬਾਈ ਸਰਕਾਰ ਨੇ 5 ਸਾਲਾਂ ਬਾਅਦ ਰਿਵਾਈਜ਼ ਕਰਨੀ ਹੁੰਦੀ ਹੈ ਪਰ 12 ਸਾਲ ਬੀਤ ਜਾਣ ਤੋਂ ਬਾਅਦ ਵੀ ਮਾਨ ਸਰਕਾਰ ਨੇ ਘੱਟੋ-ਘੱਟ ਤਨਖਾਹ ਰਿਵਾਈਜ਼ ਨਹੀਂ ਕੀਤੀ ਜੋ ਕਿ ਮਜ਼ਦੂਰਾਂ ਨਾਲ ਇੱਕ ਧੋਖਾ ਅਤੇ ਮਾਲਕਾਂ ਦੇ ਹੱਕ ਵਿੱਚ ਭੁਗਤਣਾ ਹੈ। ਮਾਲਕ ਲੇਬਰ ਕਾਨੂੰਨ ਲਾਗੂ ਨਹੀਂ ਕਰ ਰਹੇ ਅਤੇ ਲੇਬਰ ਮਹਿਕਮਾ ਕਛੂਏ ਦੀ ਚਾਲ ਚੱਲ ਰਿਹਾ ਹੈ ਅਤੇ ਵਰਕਰ ਖੱਜਲ-ਖੁਆਰ ਹੋ ਰਹੇ ਹਨ। ਉਕਤ ਆਗੂਆਂ ਨੇ ਮਜ਼ਦੂਰਾਂ ਨੂੰ ਅਪੀਲ ਕੀਤੀ ਕਿ 14 ਜੁਲਾਈ ਨੂੰ ਲਾਮਿਸਾਲ ਹੜਤਾਲ ਕਰਕੇ 14 ਜੁਲਾਈ ਸ਼ੁੱਕਰਵਾਰ ਸਵੇਰੇ 7 ਵਜੇ ਰੇਲਵੇ ਸਟੇਸ਼ਨ ਅੰਮ੍ਰਿਤਸਰ ਪਹੁੰਚੋ ਤਾਂ ਕਿ ਮੋਹਾਲੀ ਰੈਲੀ ਵਿੱਚ ਸ਼ਾਮਲ ਹੋ ਕੇ ਇੱਕ ਲਾਮਿਸਾਲ ਇਕੱਠ ਕਰਕੇ ਗੂੜ੍ਹੀ ਨੀਂਦ ਸੁੱਤੀ ਤੇ ਮਜ਼ਦੂਰਾਂ ਦੀਆਂ ਮੰਗਾਂ ਤੋਂ ਅਵੇਸਲੀ ਹੋਈ ਸਰਕਾਰ ਨੂੰ ਨੀਂਦ ਤੋਂ ਜਗ੍ਹਾ ਕੇ ਮੰਗਾਂ ਮੰਨਣ ਲਈ ਮਜਬੂਰ ਕੀਤਾ ਜਾ ਸਕੇ। ਇਸ ਮਹਿੰਗਾਈ ਦੇ ਦੌਰ ਵਿੱਚ ਉਜਰਤਾਂ ਵਧਾਉਣ ਲਈ ਕੀਤੀ ਜਾ ਰਹੀ ਹੜਤਾਲ ਲਈ ਮਜ਼ਦੂਰਾਂ ਵਿੱਚ ਬੜਾ ਉਤਸ਼ਾਹ ਹੈ। ਇਸ ਸਮੇਂ ਪਲਵਿੰਦਰ ਸਿੰਘ ਮੱਟੂ, ਗੁਰਮੀਤ ਮਾਨ ਵੇਰਕਾ, ਕਿਸ਼ੋਰ ਸਿੰਘ ਫੈਜ਼ਪੁਰ, ਬਲਵਿੰਦਰ ਸਿੰਘ ਗੁੱਗ, ਰਾਜ ਕੁਮਾਰ ਆਦਿ ਹਾਜ਼ਰ ਸਨ।

# ਪੁਲਸ ਤਸ਼ੱਦਦ ਦੀ ਸ਼ਿਕਾਰ ਲੜਕੀ ਦੀ ਹਮਾਇਤ 'ਚ ਮਜ਼ਦੂਰ ਜਥੇਬੰਦੀਆਂ ਦੇ ਆਗੂਆਂ ਵੱਲੋਂ ਹੰਗਾਮੀ ਮੀਟਿੰਗ

**ਗੁਰਦਾਸਪੁਰ (ਨਜ਼ਸ)**—ਜ਼ਿਲ੍ਹਾ ਗੁਰਦਾਸਪੁਰ ਵਿੱਚ ਜੱਜ ਚੰਦਨਾ ਭੱਟੀ ਦੇ ਘਰ ਵਿੱਚ ਹੋਈ ਚੋਰੀ ਦੇ ਮੱਦੇਨਜ਼ਰ ਉਸ ਦੀ ਘਰੇਲੂ ਕੰਮ ਕਰਨ ਵਾਲੀ 22 ਸਾਲਾ ਲੜਕੀ ਮਮਤਾ ਪੁੱਤਰੀ ਤਰਸੇਮ ਮਸੀਹ ਵਾਸੀ ਆਲੇਚੱਕ ਨੂੰ ਪੁਲਸ ਵੱਲੋਂ ਗੈਰ-ਕਾਨੂੰਨੀ ਤੌਰ 'ਤੇ ਦੋ ਦਿਨਾਂ ਤੱਕ ਨਿੱਜੀ ਕੁਆਰਟਰਾਂ ਵਿੱਚ ਰੱਖ ਕੇ ਬਿਨਾਂ ਕਿਸੇ ਲੇਡੀ ਕਾਂਸਟੇਬਲ ਤੋਂ ਉਸ ਦੀ ਮਾਰਕੁਟਾਈ ਕੀਤੀ ਗਈ। ਕੁੜੀ ਦੀ ਤਰਸਯੋਗ ਹਾਲਤ ਹੋਣ ਕਰਕੇ ਜ਼ਿਲ੍ਹਾ ਗੁਰਦਾਸਪੁਰ ਦੇ ਮਜ਼ਦੂਰ ਜਥੇਬੰਦੀਆਂ ਦੇ ਆਗੂਆਂ ਵੱਲੋਂ ਇੱਕ ਹੰਗਾਮੀ ਮੀਟਿੰਗ ਕੀਤੀ ਗਈ ਜਿਸ ਵਿੱਚ ਪੰਜਾਬ ਖੇਤ ਮਜ਼ਦੂਰ ਸਭਾ ਦੇ ਜ਼ਿਲ੍ਹਾ ਸਕੱਤਰ ਬਲਬੀਰ ਸਿੰਘ ਮੱਲ੍ਹੀ, ਪੇਂਡੂ ਮਜ਼ਦੂਰ ਯੂਨੀਅਨ ਦੇ ਸੂਬਾਈ ਆਗੂ ਰਾਜਕੁਮਾਰ ਪੰਡੋਰੀ, ਮਜ਼ਦੂਰ ਮੁਕਤੀ ਮੋਰਚਾ ਦੇ ਸੂਬਾ ਸਹਾਇਕ ਸਕੱਤਰ ਵਿਜੇ ਸੋਹਲ, ਪੇਂਡੂ ਮਜ਼ਦੂਰ ਯੂਨੀਅਨ ਦੇ ਯੂਥ ਆਗੂ ਮੇਜਰ ਸਿੰਘ, ਭੱਠਾ ਮਜ਼ਦੂਰ ਯੂਨੀਅਨ ਦੇ ਆਗੂ ਸਾਬੀ, ਸੁਖਵੰਤ ਸਿੰਘ ਧਾਰੀਵਾਲ, ਕਸ਼ਮੀਰਾ ਸਿੰਘ ਗੁਰਦਾਸਪੁਰ ਆਦਿ ਨੇ ਹਿੱਸਾ ਲਿਆ। ਆਗੂਆਂ ਨੇ ਪੁਲਸ ਵੱਲੋਂ ਕੀਤੇ ਗਏ ਘਿਨਾਉਣੇ ਕਾਂਡ ਦੀ ਜ਼ੋਰਦਾਰ ਸ਼ਬਦਾਂ ਵਿੱਚ ਨਿਖੇਧੀ ਕੀਤੀ ਤੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਦੋਸ਼ੀਆਂ ਦੇ ਬਚਾਅ ਲਈ ਅੱਡੀ ਚੋਟੀ ਦਾ ਜ਼ੋਰ ਲਾ ਰਿਹਾ ਅਤੇ ਦੋਸ਼ੀਆਂ ਨੂੰ ਗ੍ਰਿਫਤਾਰ ਨਹੀਂ ਕਰ ਸਕਿਆ। ਪੁਲਸ ਵੱਲੋਂ ਕੀਤਾ ਗਿਆ ਅਜਿਹਾ ਕਾਂਡ ਕੋਈ ਪਹਿਲਾ ਜਾਂ ਅਚਨਚੇਤ ਵਾਪਰਿਆ ਕਾਂਡ ਨਹੀ ਹੈ। ਇਸ ਤੋਂ ਪਹਿਲਾਂ ਵੀ ਜਗਰਾਉਂ ਥਾਣੇ ਦੇ ਮੁਖੀ ਵੱਲੋਂ ਕੀਤੇ ਗਏ ਤਸ਼ੱਦਦ ਨਾਲ ਇੱਕ ਦਲਿਤ ਲੜਕੀ ਨੂੰ ਸਦਾ ਵਾਸਤੇ ਨਕਾਰਾ ਕਰ ਦਿੱਤਾ ਗਿਆ ਜਿਸ ਵੱਲੋਂ ਅਸ਼ਟਾਮ ਪੇਪਰ 'ਤੇ ਲਿਖੇ ਗਏ ਖਤ ਵਿੱਚ ਸੂਬੇ ਦੇ ਮੁੱਖ ਮੰਤਰੀ ਕੋਲੋਂ ਆਪਣੀ ਮੌਤ ਦੀ ਮੰਗ ਕੀਤੀ ਗਈ ਸੀ ਪਰੰਤੂ ਉਹ ਲੜਕੀ ਮੌਤ ਦੀ ਇਜਾਜ਼ਤ ਲੈਂਦੀ-ਲੈਂਦੀ ਕੁਦਰਤੀ ਤੌਰ 'ਤੇ ਮੌਤ ਦੇ ਦਰ ਜਾ ਪਹੁੰਚੀ। ਆਗੂਆਂ ਨੇ ਗੁਰਦਾਸਪੁਰ ਦੇ ਹਸਪਤਾਲ ਵਿੱਚ ਪਹੁੰਚ ਕਰਕੇ ਲੜਕੀ ਦਾ ਹਾਲ ਜਾਣਿਆ ਜੋ ਬੇਸੁਧ ਹਾਲਤ 'ਚ ਪਈ ਸੀ। ਆਗੂਆਂ ਨੇ ਉਸ ਦੇ ਪਰਿਵਾਰ ਨਾਲ ਵੀ ਗੱਲਬਾਤ ਕੀਤੀ ਅਤੇ ਹੌਸਲਾ ਦੇ ਕੇ ਭਰੋਸਾ ਦਿਵਾਇਆ ਕਿ ਨਿਆਂ ਮਿਲਣ ਤਕ ਪਰਿਵਾਰ ਦੇ ਮੋਢੇ ਨਾਲ ਮੋਢਾ ਜੋੜ ਕੇ ਸੰਘਰਸ਼ ਕੀਤਾ ਜਾਵੇਗਾ ਅਤੇ ਸਾਂਝੇ ਰੂਪ ਵਿਚ ਅਗਲੀ ਰਣਨੀਤੀ ਤਹਿ ਕੀਤੀ ਜਾਵੇਗੀ। ਹਸਪਤਾਲ ਵਿਚ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਵੱਲੋਂ ਚਲ ਰਹੇ ਮੋਰਚੇ ਦੀ ਵੀ ਹਮਾਇਤ ਕੀਤੀ। ਅਖੀਰ ਵਿਚ ਆਗੂਆਂ ਨੇ ਸਰਕਾਰ ਕੋਲੋਂ ਮੰਗ ਕੀਤੀ ਕਿ ਦੋਸ਼ੀਆਂ ਨੂੰ ਤੁਰੰਤ ਗ੍ਰਿਫਤਾਰ ਕਰਕੇ ਸ਼ਖਤ ਤੋਂ ਸ਼ਖਤ ਸਜ਼ਾ ਦਿੱਤੀ ਜਾਵੇ।

# ਦਿਆਲਪੁਰ 'ਚ ਨਸ਼ਿਆਂ ਵਿਰੁੱਧ ਜਾਗਰੂਕਤਾ ਮੁਹਿੰਮ ਚਲਾਉਣ ਦਾ ਫੈਸਲਾ



**ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)**-ਸਾਬਕਾ ਬਲਾਕ ਪ੍ਰਾਇਮਰੀ ਐਜੂਕੇਸ਼ਨ ਅਫਸਰ ਹਰਦੀਪ ਸਿੰਘ ਵੱਲੋਂ ਜਮਹੂਰੀ ਕਿਸਾਨ ਸਭਾ ਦੇ ਆਗੂਆਂ ਅਤੇ ਦਿਆਲਪੁਰ ਵਾਸੀਆਂ ਦੇ ਸਹਿਯੋਗ ਨਾਲ ਗੁਰਦੁਆਰਾ ਬਾਬਾ ਰਾਮੂ ਸਾਹਿਬ ਵਿੱਚ ਮੀਟਿੰਗ ਦਾ ਆਯੋਜਨ ਕੀਤਾ ਗਿਆ, ਜਿਸ 'ਚ ਵੱਖ-ਵੱਖ ਆਗੂਆਂ ਅਤੇ ਪਿੰਡ ਵਾਸੀਆਂ ਵੱਲੋਂ ਫੈਸਲਾ ਕੀਤਾ ਗਿਆ ਉਨ੍ਹਾਂ ਵੱਲੋਂ ਨਸ਼ਿਆਂ ਦੇ ਆਦੀ ਨੌਜਵਾਨਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਜਾਵੇਗਾ।

ਇਸ ਮੌਕੇ ਜਮਹੂਰੀ ਕਿਸਾਨ ਸਭਾ ਦੇ ਆਗੂ ਦਲਜੀਤ ਸਿੰਘ, ਕੇਵਲ ਸਿੰਘ ਕੰਬੋਕੇ ਅਤੇ ਮਾਸਟਰ ਬੇਅੰਤ ਸਿੰਘ ਕੰਬੋਕੇ ਨੇ ਕਿਹਾ ਕਿ ਨਸ਼ਿਆਂ ਕਾਰਨ ਸਾਡਾ ਸਮਾਜਿਕ ਤਾਣਾ-ਬਾਣਾ ਖਰਾਬ ਹੋ ਚੁੱਕਾ ਹੈ। ਉਪਰੋਕਤ ਆਗੂਆਂ ਨੇ ਕਿਹਾ ਕਿ ਰਾਜਨੀਤਕ ਪਾਰਟੀਆਂ ਚੋਣਾਂ ਦੌਰਾਨ ਨਸ਼ਿਆਂ ਨੂੰ ਬੰਦ ਕਰਨ ਦੇ ਵੱਡੇ-ਵੱਡੇ ਵਾਅਦੇ ਕਰਦੀਆਂ ਹਨ, ਪ੍ਰੰਤੂ ਸੱਤਾ 'ਤੇ ਕਾਬਜ਼ ਹੋਣ ਮਗਰੋਂ ਸਾਰੇ ਵਾਅਦੇ ਵਿਸਾਰ ਦਿੰਦੀਆਂ ਹਨ। ਉਨ੍ਹਾਂ ਕਿਹਾ ਕਿ ਨਸ਼ੇ ਦੇ ਆਦੀ ਨੌਜਵਾਨ ਆਪਣੇ ਪਰਿਵਾਰਕ ਮੈਂਬਰਾਂ ਦੀ ਕੁੱਟਮਾਰ, ਲੁੱਟਾਂ-ਖੋਹਾਂ ਅਤੇ ਕਤਲ ਵਰਗੀਆਂ ਵਾਰਦਾਤਾਂ ਨੂੰ ਅੰਜਾਮ ਦੇ ਰਹੇ ਹਨ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਤੋਂ ਜਾਣੂ ਕਰਵਾਉਣਾ ਅਤੇ ਉਨ੍ਹਾਂ ਨੂੰ ਸਹੀ ਰਸਤੇ 'ਤੇ ਲਿਆਉਣਾ ਸਮੇਂ ਦੀ ਲੋੜ ਹੈ। ਉਨ੍ਹਾਂ ਦੱਸਿਆ ਕਿ ਮਿਤੀ 12 ਜੁਲਾਈ ਨੂੰ ਲੋਕਾਂ ਦਾ ਭਾਰੀ ਇਕੱਠ ਕਰਕੇ ਨਸ਼ਿਆਂ ਦੇ ਆਦੀ ਨੌਜਵਾਨਾਂ ਨੂੰ ਨਸ਼ਿਆਂ ਦੇ ਬੁਰੇ ਪ੍ਰਭਾਵਾਂ ਬਾਰੇ ਜਾਗਰੂਕ ਕਰਨ ਦੇ ਨਾਲ-ਨਾਲ ਨਸ਼ਾ ਛੱਡਣ ਲਈ ਪ੍ਰੇਰਿਆ ਜਾਵੇਗਾ। ਇਸ ਮੌਕੇ ਆਪਣੇ ਸੰਬੋਧਨ 'ਚ ਬੀਪੀਈਓ ਹਰਦੀਪ ਸਿੰਘ ਨੇ ਕਿਹਾ ਕਿ ਨਸ਼ਿਆਂ ਦੇ ਦੈਂਤ ਦੀ ਲਪੇਟ 'ਚ ਆ ਚੁੱਕੇ ਨੌਜਵਾਨਾਂ ਨੂੰ ਬਚਾਉਣਾ ਸਾਡਾ ਸਭ ਦਾ ਫਰਜ਼ ਹੈ। ਉਨ੍ਹਾਂ ਪਿੰਡ ਵਾਸੀਆਂ ਨੂੰ ਜਾਗਰੂਕਤਾ ਮੁਹਿੰਮ 'ਚ ਵਧ-ਚੜ੍ਹ ਕੇ ਯੋਗਦਾਨ ਪਾਉਣ ਦੀ ਅਪੀਲ ਕੀਤੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਜਸਪਾਲ ਸਿੰਘ, ਹਰਜਿੰਦਰ ਸਿੰਘ ਬੱਬੂ, ਗੁਰਦੁਆਰਾ ਬਾਬਾ ਰਾਮੂ ਸਾਹਿਬ ਦੇ ਮੁੱਖ ਗ੍ਰੰਥੀ ਜਗਵੰਤ ਸਿੰਘ, ਗੁਰਦੇਵ ਸਿੰਘ, ਗੁਰਮੀਤ ਸਿੰਘ ਮਾਣਕਪੁਰ, ਮਿਲਖਾ ਸਿੰਘ, ਕੇਵਲ ਸਿੰਘ, ਲਖਵਿੰਦਰ ਸਿੰਘ ਬੱਗੂ, ਟਹਿਲ ਸਿੰਘ ਅਤੇ ਚੈਂਚਲ ਸਿੰਘ ਆਦਿ ਆਗੂ ਹਾਜ਼ਰ ਸਨ।

# ਜੰਗਲੀ ਸੂਰਾਂ ਵੱਲੋਂ ਆਤੰਕ ਜਾਰੀ, ਸੰਬੰਧਿਤ ਮਹਿਕਮਾ ਖਾਮੋਸ਼

**ਗੁਰਦਾਸਪੁਰ, (ਜਨਕ ਮਹਾਜਨ)**-ਜ਼ਿਲ੍ਹਾ ਗੁਰਦਾਸਪੁਰ ਅੰਦਰ ਪੈਂਦੇ ਬੇਟ ਤੇ ਸਰਹੱਦੀ ਖੇਤਰ ਵਿਚ ਜੰਗਲੀ ਸੂਰਾਂ ਦੀ ਆਮਦ ਬਹੁਤ ਜ਼ਿਆਦਾ ਹੋਣ ਕਰਕੇ ਕਿਸਾਨਾਂ ਦੀ ਫ਼ਸਲ ਨੂੰ ਬਰਬਾਦ ਕਰ ਰਹੇ ਹਨ ਜਿਸ ਨਾਲ ਕਿਸਾਨ ਕਾਫ਼ੀ ਚਿੰਤਤ ਹੋਏ ਪਏ ਹਨ। ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਸਾਬਕਾ ਸਰਪੰਚ ਮੁਲਖ ਰਾਜ ਨਡਾਲਾ ਸੀਨੀਅਰ ਭਾਜਪਾ ਆਗੂ ਨੇ ਦੱਸਿਆ ਕਿ ਨੀਮ ਪਹਾੜੀ ਇਲਾਕਿਆਂ ਵਿਚ ਬਰਸਾਤ ਜ਼ਿਆਦਾ ਹੋਣ ਕਰਕੇ ਦਰਿਆ ਬਿਆਸ ਰਾਹੀਂ ਜੰਗਲੀ ਸੂਰਾਂ ਦੀ ਆਮਦ ਬੇਟ ਇਲਾਕੇ ਅੰਦਰ ਕਾਫ਼ੀ ਵਧ ਗਈ ਹੈ ਅਤੇ ਇਹ ਸੂਰਾਂ ਦੇ ਝੁੰਡ ਕਮਾਦ ਤੇ ਹਰੇ ਚਾਰੇ ਨੂੰ ਦਿਨ-ਰਾਤ ਬਰਬਾਦ ਕਰ ਰਹੇ ਹਨ। ਕਈ ਵਿਅਕਤੀ ਵੀ ਜ਼ਖ਼ਮੀ ਕੀਤੇ ਹਨ। ਉਨ੍ਹਾਂ ਦੱਸਿਆ ਕਿ ਹੁਣ ਕਮਾਦ ਦੀ ਫ਼ਸਲ ਵਾਧੇ ਵੱਲ ਜਾ ਰਹੀ ਹੈ ਅਤੇ ਸੂਰ ਇਨ੍ਹਾਂ ਨੂੰ ਮੁੱਢੋਂ ਹੀ ਪੁੱਟੀ ਜਾ ਰਹੇ ਹਨ ਜਿਸ ਨਾਲ ਕਮਾਦ ਦੀ ਫ਼ਸਲ ਖ਼ਰਾਬ ਹੋ ਰਹੀ ਹੈ। ਇਸ ਤਰ੍ਹਾਂ ਕਿਸਾਨਾਂ ਦਾ ਕਾਫ਼ੀ ਨੁਕਸਾਨ ਹੋ ਰਿਹਾ ਹੈ। ਉਨ੍ਹਾਂ ਦੱਸਿਆ ਕਿ ਇਹ ਮਾਮਲਾ ਸੰਬੰਧਿਤ ਵਿਭਾਗ ਦੇ ਧਿਆਨ ਵਿਚ ਲਿਆਉਣ ਦੇ ਬਾਵਜੂਦ ਇਸ ਦਾ ਕੋਈ ਹੱਲ ਨਹੀਂ ਹੋਇਆ। ਉਨ੍ਹਾਂ ਨੇ ਡਿਪਟੀ ਕਮਿਸ਼ਨਰ ਗੁਰਦਾਸਪੁਰ ਪਾਸੋਂ ਮੰਗ ਕੀਤੀ ਹੈ ਕਿ ਸਰਹੱਦੀ ਅਤੇ ਬੇਟ ਖੇਤਰ ਵਿਚ ਜੰਗਲੀ ਸੂਰਾਂ ਨੂੰ ਰੋਕਣ ਵਾਸਤੇ ਜੀਵ, ਜੰਤੂ ਵਿਭਾਗ ਗੁਰਦਾਸਪੁਰ ਨੂੰ ਹਦਾਇਤਾਂ ਕੀਤੀਆਂ ਜਾਣ ਜਿਸ ਨਾਲ ਕਿਸਾਨਾਂ ਦੀਆਂ ਫ਼ਸਲਾਂ ਉਜੜਨ ਤੋਂ ਬਚ ਸਕਣ।

# ਸੰਗਤਾਂ ਨੂੰ ਸਾਲਾਨਾ ਜੋੜ ਮੇਲੇ 'ਚ ਪਹੁੰਚਣ ਦੀ ਅਪੀਲ



**ਟਾਂਗਰਾ (ਲਾਡੀ ਮੱਲ੍ਹੀ)**—ਮੀਰੀ-ਪੀਰੀ ਦੇ ਮਾਲਕ ਧੰਨ-ਧੰਨ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੀ ਚਰਨ ਛੋਹ ਪ੍ਰਾਪਤ ਸਥਾਨ ਗੁਰਦੁਆਰਾ ਸ੍ਰੀ ਫਲਾਹ ਸਾਹਿਬ ਜੀ. ਟੀ. ਰੋਡ ਪਿੰਡ ਮੱਲੀਆਂ ਜ਼ਿਲ੍ਹਾ ਅੰਮ੍ਰਿਤਸਰ ਵਿਖੇ ਸਾਲਾਨਾ ਜੋੜ ਮੇਲਾ ਨਿਹੰਗ ਜਥੇਬੰਦੀ ਤਰਨਾ ਦਲ ਦੇ ਸੋਲ੍ਹਵੇਂ ਮੁਖੀ ਬਾਬਾ ਜੋਗਾ ਸਿੰਘ ਤੇ ਸੰਗਤਾਂ ਦੇ ਸਹਿਯੋਗ ਨਾਲ ਬੜੀ ਧੂਮਧਾਮ ਨਾਲ ਮਨਾਇਆ ਜਾ ਰਿਹਾ ਹੈ। ਇਹ ਮੇਲਾ ਦਸ, ਗਿਆਰਾਂ, ਬਾਰਾਂ ਤਰੀਕ ਨੂੰ ਮਨਾਇਆ ਜਾਵੇਗਾ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ-ਛਾਇਆ ਹੇਠ ਪਾਠ ਦੇ ਭੋਗ ਪਾਏ ਜਾਣਗੇ। ਉਪਰੰਤ ਕੀਰਤਨੀ ਜਥੇ, ਢਾਡੀ ਜਥੇ, ਕਵੀਸ਼ਰੀ ਜਥੇ, ਕਥਾਵਾਚਕ ਇਲਾਹੀ ਬਾਣੀ ਨਾਲ ਸੰਗਤਾਂ ਨੂੰ ਨਿਹਾਲ ਕਰਨਗੇ। ਅਲੱਗ ਅਲੱਗ ਟੀਮਾਂ ਦੀ ਕਬੱਡੀ, ਕੁਸ਼ਤੀਆਂ ਤੇ ਹੋਰ ਖੇਡਾਂ ਕਰਵਾਈਆਂ ਜਾਣਗੀਆਂ। ਨਿਹੰਗਾ ਸਿੰਘਾਂ ਵੱਲੋਂ ਘੋੜ ਸਵਾਰੀ, ਨੇਜ਼ੇਬਾਜ਼ੀ ਦੇ ਜੌਹਰ ਦਿਖਾਏ ਜਾਣਗੇ। ਬਾਬਾ ਜੋਗਾ ਸਿੰਘ ਵੱਲੋਂ ਦੂਰ-ਦੁਰਾਡੇ ਦੀਆਂ ਸੰਗਤਾਂ ਨੂੰ ਅਪੀਲ ਹੈ ਕਿ ਜੋੜ ਮੇਲੇ 'ਚ ਹੁੰਮ-ਹੁਮਾ ਕੇ ਪਹੁੰਚਣ ਦੀ ਕਿਰਪਾਲਤਾ ਕਰੋ ਤੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰੋ।

# ਡਰੇਨੇਜ ਵਿਭਾਗ ਦੀ ਅਣਗਹਿਲੀ ਕਾਰਨ ਕਿਸਾਨਾਂ ਦੀਆਂ ਮੁਸ਼ਕਲਾਂ ਵਧੀਆਂ



**ਚਵਿੰਡਾ ਦੇਵੀ (ਪ੍ਰੀਤਮ ਸਿੰਘ)**-ਡਰੇਨੇਜ ਵਿਭਾਗ ਵੱਲੋਂ ਹੜ੍ਹਾਂ ਅਤੇ ਡਰੇਨਾਂ ਦੀ ਸਫਾਈ ਦਾ ਕੰਮ ਸ਼ੁਰੂ ਕਰਨ 'ਚ ਕੀਤੀ ਜਾ ਰਹੀ ਦੇਰੀ ਕਾਰਨ ਬਰਸਾਤੀ ਪਾਣੀ ਦਾ ਨਿਕਾਸ ਮੁਸ਼ਕਿਲ ਹੋ ਰਿਹਾ ਹੈ, ਜਿਸ ਕਾਰਨ ਕਿਸਾਨਾਂ ਦੀਆਂ ਫਸਲਾਂ 'ਚ ਪਾਣੀ ਭਰ ਜਾਣ ਕਾਰਨ ਕਿਸਾਨਾਂ ਦੀਆਂ ਮੁਸ਼ਕਲਾਂ ਵਧ ਗਈਆਂ ਹਨ ਜਿਸ ਕਾਰਨ ਪਿੰਡ ਚਮੁੰਡਾ ਦੇਵੀ ਵਿੱਚ ਕਿਸਾਨ ਜਸਵੰਤ ਸਿੰਘ ਦੀ 7 ਏਕੜ ਝੋਨੇ ਦੀ ਫਸਲ ਪਾਣੀ ਵਿੱਚ ਵਹਿ ਜਾਣ ਕਾਰਨ ਬਰਬਾਦ ਹੋ ਗਈ। ਉਸ ਨੇ ਇਸ ਨੁਕਸਾਨ ਲਈ ਪੰਜਾਬ ਸਰਕਾਰ ਅਤੇ ਡਰੇਨੇਜ ਵਿਭਾਗ ਨੂੰ ਜ਼ਿੰਮੇਵਾਰ ਠਹਿਰਾਇਆ ਹੈ ਕਿਉਂਕਿ ਉਨ੍ਹਾਂ ਦਾ ਕਹਿਣਾ ਹੈ ਕਿ ਸਰਕਾਰ ਨੇ ਡਰੇਨਾਂ ਦੀ ਸਫਾਈ ਨਹੀਂ ਕਰਵਾਈ। ਮਸ਼ੀਨਾਂ ਦੇਰੀ ਨਾਲ ਭੇਜੀਆਂ ਗਈਆਂ ਹਨ, ਜਿਸ ਕਾਰਨ ਬਰਸਾਤ ਤੋਂ ਪਹਿਲਾਂ ਸਫਾਈ ਦਾ ਕੰਮ ਮੁਕੰਮਲ ਨਹੀਂ ਹੋ ਸਕਿਆ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪਿੰਡ ਦੇ ਨੰਬਰਦਾਰ ਹਰਪਾਲ ਸਿੰਘ ਨੇ ਕਿਹਾ ਕਿ ਮਹਿਕਮੇ ਦੀ ਅਣਗਹਿਲੀ ਕਾਰਨ ਕਿਸਾਨਾਂ ਨੂੰ ਖੱਜਲ-ਖੁਆਰ ਹੋਣਾ ਪਿਆ ਹੈ। ਉਨ੍ਹਾਂ ਕਿਹਾ ਕਿ ਇਸ ਪੰਚਾਇਤੀ ਜ਼ਮੀਨ 'ਤੇ ਠੇਕੇ 'ਤੇ ਕਾਸ਼ਤ ਕੀਤੀ ਜਾ ਰਹੀ ਸੀ, ਹੁਣ ਠੇਕੇ ਦੇ ਪੈਸੇ ਕਿਵੇਂ ਪੂਰੇ ਹੋਣਗੇ, ਨਹੀਂ ਦਿੱਤਾ ਜਾਣਾ ਚਾਹੀਦਾ ਸੀ ਠੇਕਾ ਪਰ ਉਨ੍ਹਾਂ ਨੇ ਕੋਈ ਸੁਣਵਾਈ ਨਹੀਂ ਕੀਤੀ, ਹੁਣ ਉਨ੍ਹਾਂ ਦੀ ਸਾਰੀ ਫਸਲ ਬਰਬਾਦ ਹੋ ਗਈ ਹੈ। ਮਸ਼ੀਨ ਦੁਬਾਰਾ ਭੇਜ ਦਿੱਤੀ ਹੈ। ਉੱਥੇ ਇਕੱਠੇ ਹੋਏ ਕਿਸਾਨਾਂ ਨੇ ਕਿਹਾ ਕਿ ਸਰਕਾਰ ਨੂੰ ਚਾਹੀਦਾ ਹੈ ਕਿ ਬਰਸਾਤ ਤੋਂ ਇੱਕ-ਦੋ ਮਹੀਨੇ ਪਹਿਲਾਂ ਮਸ਼ੀਨਾਂ ਭੇਜ ਕੇ ਡਰੇਨਾਂ ਅਤੇ ਗਟਰਾਂ ਦੀ ਸਫਾਈ ਕਰਵਾਈ ਜਾਣੀ ਚਾਹੀਦੀ ਹੈ ਤਾਂ ਜੋ ਬਰਸਾਤ ਦੇ ਮੌਸਮ ਦੌਰਾਨ ਪਾਣੀ ਦੀ ਚੰਗੀ ਨਿਕਾਸੀ ਹੋ ਸਕੇ। ਦੂਜੇ ਪਾਸੇ ਜਦੋਂ ਪੱਤਰਕਾਰ ਜੇਈ ਅਮਨਦੀਪ ਸਿੰਘ ਨਾਲ ਗੱਲ ਕਰਨ ਅਤੇ ਕਵਰੇਜ ਲਈ ਪੁੱਜੇ ਤਾਂ ਉਨ੍ਹਾਂ ਨੇ ਚੱਲਦੀ ਮਸ਼ੀਨ ਨੂੰ ਕਵਰ ਕਰਨ ਤੋਂ ਇਨਕਾਰ ਕਰ ਦਿੱਤਾ ਪਰ ਕੈਮਰਾ ਚੱਲਦਾ ਹੋਣ ਕਾਰਨ ਉਨ੍ਹਾਂ ਦੱਸਿਆ ਕਿ ਭਾਰੀ ਬਰਸਾਤ ਕਾਰਨ ਪਾਣੀ ਦਾ ਵਹਾਅ ਵੱਧ ਗਿਆ ਸੀ, ਜਿਸ ਨੂੰ ਡਰੇਨ ਦੀਆਂ ਸਾਈਡਾਂ ਟੁੱਟ ਗਈਆਂ ਜਿਸ ਕਾਰਨ ਫਸਲਾਂ ਦਾ ਨੁਕਸਾਨ ਹੋਇਆ ਹੈ ਅਤੇ ਦੂਜਾ ਉਨ੍ਹਾਂ ਦਾ ਮੰਨਣਾ ਹੈ ਕਿ ਸਰਕਾਰ ਵੱਲੋਂ ਮਸ਼ੀਨਾਂ ਲੇਟ ਭੇਜੀਆਂ ਗਈਆਂ ਹਨ, ਜਿਸ ਕਾਰਨ ਕੰਮ ਵਿੱਚ ਦੇਰੀ ਹੋਈ ਹੈ। ਇਸ ਮੌਕੇ ਵਿੱਕੀ ਰੰਧਾਵਾ, ਗੁਰਪ੍ਰੀਤ ਸਿੰਘ, ਗੀਤਾ, ਹਰਪਾਲ ਸਿੰਘ, ਜਸਵੰਤ ਸਿੰਘ, ਭੁਪਿੰਦਰ ਸਿੰਘ ਬਿੱਟੂ, ਗੁਰਮੁਖ ਸਿੰਘ, ਹਰਦੇਵ ਸਿੰਘ, ਹਰਵਿੰਦਰ ਸਿੰਘ ਮੈਂਬਰ ਪੰਚਾਇਤ ਅਤੇ ਹੋਰ ਕਿਸਾਨ ਮੌਕੇ 'ਤੇ ਹਾਜ਼ਰ ਸਨ।

# ਸੁਪਰਵਾਈਜ਼ਰਾਂ ਤੇ ਬੀ ਐੱਲ ਓਜ਼ ਨੂੰ ਮੋਬਾਇਲ ਐਪਲੀਕੇਸ਼ਨ ਬਾਬਤ ਦਿੱਤੀ ਟ੍ਰੇਨਿੰਗ



**ਫ਼ਤਿਹਗੜ੍ਹ ਚੂੜੀਆਂ (ਜਸਦੇਵ ਮਾਨ)**-ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਗੁਰਦਾਸਪੁਰ ਡਾ. ਹਿਮਾਂਸ਼ੂ ਅਗਰਵਾਲ ਵੱਲੋਂ ਭਾਰਤੀ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਉਲੀਕੇ ਗਏ ਪ੍ਰੋਗਰਾਮ ਤਹਿਤ ਉਪ ਮੰਡਲ ਮੈਜਿਸਟ੍ਰੇਟ ਫ਼ਤਿਹਗੜ੍ਹ ਚੂੜੀਆਂ ਦੇ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਕਰਦਿਆਂ ਸਮੂਹ ਸੁਪਰਵਾਈਜ਼ਰਾਂ ਅਤੇ ਬੀਐਲਓਜ਼ ਨੂੰ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਫ਼ਤਿਹਗੜ੍ਹ ਚੂੜੀਆਂ ਵਿਖੇ ਵਿਭਾਗੀ ਹੁਕਮਾਂ ਅਨੁਸਾਰ ਰਾਜੀਵ ਕੁਮਾਰ ਦੁੱਗਲ ਇੰਸਟਕਟਰ ਆਈ.ਟੀ.ਆਈ. ਵੱਲੋਂ ਟ੍ਰੇਨਿੰਗ ਦਿੱਤੀ ਗਈ, ਜਿਸ ਵਿਚ ਸੁਪਰਵਾਈਜ਼ਰਾਂ ਅਤੇ ਬੀਐਲਓਜ਼ ਨੂੰ ਚੋਣ ਕਮਿਸ਼ਨ ਵੱਲੋਂ ਤਿਆਰ ਕੀਤੀ ਗਈ ਨਵੀਂ ਆਈ. ਟੀ. ਮੋਬਾਇਲ ਐਪਲੀਕੇਸ਼ਨ ਸਿਸਟਮ ਅਤੇ ਹੋਰ ਕੰਮਕਾਜ ਨੂੰ ਕਰਨ ਵਾਸਤੇ ਜਾਣਕਾਰੀ ਦਿੱਤੀ ਗਈ। ਇਸ ਤੋਂ ਇਲਾਵਾ ਵੋਟਾਂ ਨੂੰ ਆਨਲਾਈਨ ਕਰਨ, ਕੱਟਣ, ਤਬਦੀਲ ਕਰਨ, ਦਰੁੱਸਤੀ ਕਰਨ ਅਤੇ ਇਸ ਵਾਸਤੇ ਲੋੜੀਂਦੀ ਪ੍ਰਕਿਰਿਆ ਲਈ ਮੋਬਾਇਲ ਐਪਲੀਕੇਸ਼ਨ ਨੂੰ ਚਲਾਉਣ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਇਸਦੇ ਨਾਲ ਹੀ ਉਨ੍ਹਾਂ ਨੂੰ ਵੋਟਰਾਂ ਦੀ ਵੈਰੀਫਿਕੇਸ਼ਨ ਵਾਸਤੇ ਡੋਰ ਟੂ ਡੋਰ ਸਰਵੇ ਕਰਨ ਲਈ 21 ਜੁਲਾਈ ਤੋਂ ਸ਼ੁਰੂ ਹੋਣ ਜਾ ਰਹੇ ਸ਼ਡਿਊਲ ਬਾਰੇ ਦੱਸਿਆ ਗਿਆ ਅਤੇ ਵੱਧ ਤੋਂ ਵੱਧ ਨਵੇਂ ਵੋਟਰ ਜਿਨ੍ਹਾਂ ਦੀ ਉਮਰ 18 ਸਾਲ ਹੋ ਚੁੱਕੀ ਹੈ, ਦੇ ਵੋਟਰ ਕਾਰਡ ਅਪਲਾਈ ਕਰਨ ਬਾਰੇ ਕਿਹਾ ਗਿਆ। ਇਸ ਮੌਕੇ ਸੰਸਥਾ ਦੇ ਪ੍ਰਿੰਸੀਪਲ ਅਤੇ ਸੁਪਰਵਾਈਜ਼ਰ ਜ਼ੋਨ ਨੰਬਰ 1 ਅਨੀਤਾ ਅਰੋੜਾ, ਪ੍ਰਿੰਸੀਪਲ ਬਲਵਿੰਦਰ ਸਿੰਘ, ਰਣਜੀਤ ਭਗਤ, ਅਰੁਣਜੀਤ ਸਿੰਘ, ਸਤਨਾਮ ਸਿੰਘ, ਪ੍ਰਦੀਪ ਸਿੰਘ, ਚੰਨਣ ਸਿੰਘ (ਸਾਰੇ ਸੁਪਰਵਾਈਜ਼ਰ) ਤੋਂ ਇਲਾਵਾ ਬੀ. ਐੱਲ. ਓ. ਹੇਮੰਤ ਕੁਮਾਰ, ਜਗਦੀਪ ਸਿੰਘ, ਜਤਿੰਦਰ ਸਿੰਘ, ਮਨਜੀਤ ਸਿੰਘ, ਭੁਪਿੰਦਰ ਸਿੰਘ, ਦਵਿੰਦਰ ਸਿੰਘ, ਜਸਵੰਤ ਸਿੰਘ, ਵਿਪਨ ਕੁਮਾਰ, ਸੁਨੀਲ ਕੁਮਾਰ, ਨਵਦੀਪ ਸਿੰਘ, ਹਰਜਿੰਦਰ ਸਿੰਘ ਆਦਿ ਹਾਜ਼ਰ ਸਨ।

# ਐੱਸ ਬੀ ਆਈ ਲਾਈਫ਼ ਇੰਸ਼ੋਰੈਂਸ ਵੱਲੋਂ ਇੰਟਰਵਿਊ 11 ਨੂੰ

**ਗੁਰਦਾਸਪੁਰ, (ਜਨਕ ਮਹਾਜਨ)**-ਮਾਣਯੋਗ ਡਿਪਟੀ ਕਮਿਸ਼ਨਰ ਗੁਰਦਾਸਪੁਰ ਡਾ. ਹਿਮਾਂਸ਼ੂ ਅਗਰਵਾਲ ਦੀ ਯੋਗ ਅਗਵਾਈ ਹੇਠ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਗੁਰਦਾਸਪੁਰ ਵਿੱਚ ਜ਼ਿਲ੍ਹੇ ਦੇ ਬੇਰੁਜ਼ਗਾਰ ਨੌਜਵਾਨਾਂ ਨੂੰ ਰੋਜ਼ਗਾਰ ਮੁਹਈਆ ਕਰਵਾਉਣ ਹਿੱਤ ਰੋਜ਼ਗਾਰ ਮੇਲੇ ਲਗਾਏ ਜਾ ਰਹੇ ਹਨ। ਇਸ ਸਬੰਧੀ ਜ਼ਿਲ੍ਹਾ ਰੋਜ਼ਗਾਰ ਅਫ਼ਸਰ ਪਰਸ਼ੋਤਮ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਮਿਤੀ 11 ਜੁਲਾਈ 2023 ਨੂੰ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਗੁਰਦਾਸਪੁਰ ਵਿਖੇ ਬੈਂਕਿੰਗ ਸੈਕਟਰ ਨਾਲ ਸਬੰਧਤ ਐੱਸ. ਬੀ. ਆਈ, ਲਾਈਫ ਇੰਸ਼ੋਰੈਂਸ ਗੁਰਦਾਸਪੁਰ ਵੱਲੋਂ ਮਾਰਕੀਟਿੰਗ ਅਤੇ ਸੇਲਜ਼ਮੈਨ ਦੀ ਅਸਾਮੀ ਲਈ ਲੜਕੇ ਅਤੇ ਲੜਕੀਆਂ ਦੀ ਚੋਣ ਕੀਤੀ ਜਾਵੇਗੀ। ਇਸ ਅਸਾਮੀ ਲਈ ਯੋਗਤਾ ਘੱਟ ਤੋਂ ਘੱਟ ਗ੍ਰੈਜੂਏਸ਼ਨ ਹੋਣੀ ਲਾਜ਼ਮੀ ਹੈ ਅਤੇ ਇੰਟਰਵਿਊ ਦੇਣ ਲਈ ਉਮਰ ਦੀ ਹੱਦ 21–30 ਸਾਲ ਹੈ। ਇੰਟਰਵਿਊ ਦੌਰਾਨ ਚੁਣੇ ਗਏ ਪ੍ਰਾਰਥੀਆਂ ਨੂੰ ਬੈਂਕ ਦੇ ਨਿਯਮਾਂ ਅਨੁਸਾਰ ਸੈਲਰੀ ਮਿਲਣਯੋਗ ਹੋਵੇਗੀ। ਪਰਸ਼ੋਤਮ ਸਿੰਘ ਨੇ ਕਿਹਾ ਕਿ ਇੰਟਰਵਿਊ ਦੇਣ ਦੇ ਚਾਹਵਾਨ ਪ੍ਰਾਰਥੀ ਮਿਤੀ 11 ਜੁਲਾਈ 2023 ਨੂੰ ਆਪਣੇ ਅਸਲ ਦਸਤਾਵੇਜ਼ ਦੀਆਂ ਕਾਪੀਆਂ, ਰਿਜ਼ਿਊਮ ਅਤੇ 2 ਫੋਟੋਆਂ ਸਮੇਤ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਗੁਰਦਾਸਪੁਰ, ਬਲਾਕ-ਬੀ, ਕਮਰਾ ਨੰ: 217 ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਗੁਰਦਾਸਪੁਰ ਵਿਖੇ ਸਵੇਰੇ 9:00 ਵਜੇ ਤੱਕ ਪਹੁੰਚਣ ਅਤੇ ਇਸ ਦਾ ਵੱਧ ਤੋਂ ਵੱਧ ਲਾਭ ਉਠਾਉਣ।

# ਦਸਮੇਸ਼ ਪਰਵਾਰ ਸਕੂਲ 'ਚ ਐੱਨ ਸੀ ਸੀ ਕੈਂਪ ਦੇ ਯਾਦਗਾਰੀ ਪਲ




**ਝਬਾਲ (ਹਰਜਿੰਦਰ ਸਿੰਘ ਸੋਨੀ/ਗੌਬਿਨ ਸਿੰਘ ਸੋਨੀ)**—ਦਸਮੇਸ਼ ਪਰਿਵਾਰ ਇੰਟਰਨੈਸ਼ਨਲ ਸਕੂਲ ਐਮਾਂ ਕਲਾਂ ਵਿਖੇ 2 ਜੁਲਾਈ ਤੋਂ ਐੱਨਸੀਸੀ ਕੈਂਪ ਚੱਲ ਰਿਹਾ ਹੈ। ਕੈਂਪ ਦੇ ਛੇਵੇਂ ਦਿਨ ਸਕੂਲ ਦੇ ਚੇਅਰਮੈਨ ਜਸਵੰਤ ਸਿੰਘ ਖਾਲਸਾ ਅਤੇ ਸਕੂਲ ਦੇ ਡਾਇਰੈਕਟਰ ਰੁਪਿੰਦਰ ਕੌਰ 470 ਬੱਚਿਆਂ ਨੂੰ ਮਿਲੇ। ਇਨਾਂ ਪਲਾਂ ਨੂੰ ਯਾਦਗਾਰ ਬਣਾਉਣ ਲਈ ਬੱਚਿਆਂ ਵੱਲੋਂ ਚੇਅਰਮੈਨ ਜਸਵੰਤ ਸਿੰਘ ਖਾਲਸਾ ਅਤੇ ਡਾਇਰੈਕਟਰ ਰੁਪਿੰਦਰ ਕੌਰ ਨਾਲ ਤਸਵੀਰਾਂ ਕਰਵਾਈਆਂ ਗਈਆਂ। ਇਸ ਮੌਕੇ ਜਸਵੰਤ ਸਿੰਘ ਖਾਲਸਾ ਵੱਲੋਂ ਬੱਚਿਆਂ ਨੂੰ ਸ਼ੁੱਭਕਾਮਨਾਵਾਂ ਦਿੱਤੀਆਂ ਗਈਆਂ ਅਤੇ ਜ਼ਿੰਦਗੀ ਵਿੱਚ ਕਾਮਯਾਬ ਹੋਣ ਲਈ ਪ੍ਰੇਰਿਤ ਕੀਤਾ। ਬੱਚਿਆਂ ਵੱਲੋਂ ਇਸ ਦਿਨ ਰਾਇਫਲ ਸ਼ੂਟਿੰਗ ਕੀਤੀ ਗਈ ਅਤੇ ਬੱਚਿਆਂ ਦੀਆਂ ਗੇਮਾਂ ਵੀ ਕਰਵਾਈਆਂ ਗਈਆਂ। ਬੱਚਿਆਂ ਨੂੰ ਰੱਸਾਕਸ਼ੀ ਅਤੇ ਖੋ-ਖੋ ਦੇ ਮੁਕਾਬਲੇ ਵੀ ਕਰਵਾਏ ਗਏ।

# ਮੱਤਦਾਤਾ ਬਿਲਡਿੰਗਾਂ ਤੇ ਬੂਥਾਂ ਦੀ ਵੰਡ ਨੂੰ ਲੈ ਕੇ ਰਾਜਨੀਤਿਕ ਨੁਮਾਇੰਦਿਆਂ ਨਾਲ ਹੋਈ ਮੀਟਿੰਗ



**ਜੰਡਿਆਲਾ ਗੁਰੂ (ਹਰਿਦਰ ਪਾਲ ਸਿੰਘ)**-ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਅਤੇ ਵੋਟਰ ਸੂਚੀਆਂ ਦੀ ਸੁਧਾਈ 2024 ਸਬੰਧੀ ਭੇਜੇ ਗਏ ਪ੍ਰੋਗਰਾਮ ਨੂੰ ਧਿਆਨ ਵਿਚ ਰੱਖਦਿਆਂ ਹੋਇਆਂ ਡਾ. ਅਮਨਦੀਪ ਕੌਰ, ਚੋਣਕਾਰ ਪੰਜੀਕਰਨ ਅਫਸਰ, ਵਿਧਾਨ ਸਭਾ ਚੋਣ ਹਲਕਾ 17-ਅੰਮ੍ਰਿਤਸਰ ਕੇਂਦਰੀ-ਕਮ-ਵਧੀਕ ਡਿਪਟੀ ਕਮਿਸ਼ਨਰ ਸ਼ਹਿਰੀ ਵਿਕਾਸ, ਅੰਮ੍ਰਿਤਸਰ ਦੀ ਪ੍ਰਧਾਨਗੀ ਹੇਠ ਮਤਦਾਤਾ ਬਿਲਡਿੰਗਾਂ ਦੀ ਤਰਕਸ਼ੀਲ ਵੰਡ ਦੇ ਸਬੰਧ ਵਿਚ ਸਮੂਹ ਰਾਜਨੀਤਿਕ ਪਾਰਟੀਆਂ ਨਾਲ ਮੀਟਿੰਗ ਕੀਤੀ। ਇਸ ਮੀਟਿੰਗ ਵਿੱਚ ਗੁਰਿੰਦਰ ਸਿੰਘ (ਜਨਰਲ ਸੈਕਟਰੀ) ਆਸ ਪੰਜਾਬ ਪਾਰਟੀ ਅਤੇ ਵਿਜੇ ਕਪੂਰ (ਜਨਰਲ ਸੈਕਟਰੀ) ਭਾਰਤੀ ਕਮਿਊਨਿਸਟ ਪਾਰਟੀ ਦੇ ਨੁਮਾਇੰਦੇ ਹਾਜ਼ਰ ਹੋਏ।

ਮੀਟਿੰਗ ਨੂੰ ਸੰਬੋਧਨ ਕਰਦਿਆਂ ਡਾ. ਅਮਨਦੀਪ ਕੌਰ ਨੇ ਹਾਜ਼ਰ ਹੋਏ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਭਾਰਤ ਚੋਣ ਕਮਿਸ਼ਨ ਦੇ ਮਤਦਾਤਾ ਸੂਚੀਆਂ ਦੇ ਸੁਧਾਈ ਦੇ ਪ੍ਰੋਗਰਾਮ ਅਤੇ ਮਤਦਾਤਾ ਭਵਨਾ ਦੀ ਤਰਕਸ਼ੀਲ ਵੰਡ ਸਬੰਧੀ ਚਲ ਰਹੀ ਕਾਰਵਾਈ ਬਾਰੇ ਵੀ ਜਾਣੂ ਕਰਵਾਇਆ।

ਉਨ੍ਹਾਂ ਨੇ ਬੂਥਾ ਦੀ ਤਰਕਸ਼ੀਲ ਵੰਡ ਸਬੰਧੀ ਸੁਝਾਅ ਮੰਗੇ ਅਤੇ ਕਿਹਾ ਕਿ ਕੋਈ ਵੀ ਮਤਦਾਤਾ ਜਾਂ ਰਾਜਨੀਤਿਕ ਪਾਰਟੀ ਦਾ ਨੁਮਾਇੰਦਾ ਇਕ ਹਫਤੇ ਦੇ ਅੰਦਰ-ਅੰਦਰ ਆਪਣੇ ਸੁਝਾਅ ਜਾਂ ਇਤਰਾਜ਼ ਇਕ ਹਫਤੇ ਵਿਚ ਦੇ ਸਕਦਾ ਹੈ। ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਦੀ ਘੱਟ ਹੋਈ ਸ਼ਮੂਲੀਅਤ ਨੂੰ ਧਿਆਨ ਵਿਚ ਰੱਖਦਿਆਂ ਹੋਇਆਂ ਦੁਬਾਰਾ ਮੀਟਿੰਗ ਬੁਲਾਉਣ ਲਈ ਵੀ ਨਿਰਦੇਸ਼ ਦਿੱਤੇ। ਇਸ ਮੀਟਿੰਗ ਵਿਚ ਦਿਨੇਸ਼ ਸੂਰੀ, ਚੋਣ ਨਿਗਰਾਨ, ਵਿਜੇ ਕੁਮਾਰ, ਚੋਣ ਕਾਨੂੰਗੋ, ਰਜਿੰਦਰ ਸਿੰਘ ਜੂਨੀਅਰ ਸਹਾਇਕ ਅਤੇ ਪਾਇਲ ਮਲਹੋਤਰਾ ਚੋਣ ਕਲਰਕ ਵੀ ਹਾਜ਼ਰ ਸਨ।

# ਗੰਨੇ ਦੀ ਪੇਮੈਂਟ ਜਾਰੀ ਕਰਕੇ ਪੰਜਾਬ ਸਰਕਾਰ ਨੇ ਕਿਸਾਨ ਹਿਤੈਸ਼ੀ ਹੋਣ ਦਾ ਸਬੂਤ ਦਿੱਤਾ : ਜਗਰੂਪ ਸੇਖਵਾਂ



**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**-ਸਹਿਕਾਰੀ ਖੰਡ ਮਿੱਲਾਂ ਵੱਲੋਂ ਕਿਸਾਨਾਂ ਨੂੰ ਖਰੀਦੇ ਗੰਨੇ ਦੀ ਅਦਾਇਗੀ ਕਰਨ ਵਾਸਤੇ ਪੰਜਾਬ ਸਰਕਾਰ ਵੱਲੋਂ 50 ਕਰੋੜ ਰੁਪਏ ਦੀ ਰਾਸ਼ੀ ਜਾਰੀ ਕਰ ਦਿੱਤੀ ਗਈ ਹੈ। ਇਸ ਰਾਸ਼ੀ ਵਿੱਚੋਂ 6.88 ਕਰੋੜ ਰੁਪਏ ਸਹਿਕਾਰੀ ਖੰਡ ਮਿੱਲ ਬਟਾਲਾ ਦੇ ਹਿੱਸੇ ਆਏ ਹਨ ਅਤੇ ਮਿੱਲ ਨੇ ਮਿਤੀ 1 ਅਪ੍ਰੈਲ 2023 ਤੱਕ ਖਰੀਦੇ ਸਾਰੇ ਗੰਨੇ ਦੀ ਪੇਮੈਂਟ ਕਿਸਾਨਾਂ ਦੇ ਖਾਤਿਆਂ ਵਿੱਚ ਪਾ ਦਿੱਤੀ ਹੈ। ਕਿਸਾਨਾਂ ਦੀ ਗੰਨੇ ਦੀ ਬਕਾਇਆ ਰਾਸ਼ੀ ਜਾਰੀ ਕਰਨ 'ਤੇ ਜ਼ਿਲ੍ਹਾ ਯੋਜਨਾ ਕਮੇਟੀ ਗੁਰਦਾਸਪੁਰ ਦੇ ਚੇਅਰਮੈਨ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਨੇ ਮੁੱਖ ਮੰਤਰੀ ਭਗਵੰਤ ਮਾਨ ਅਤੇ ਵਜ਼ੀਰ-ਏ-ਖ਼ਜ਼ਾਨਾਂ ਹਰਪਾਲ ਸਿੰਘ ਚੀਮਾ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਅਜਿਹੀ ਪਹਿਲਕਦਮੀ ਕਰਕੇ ਪੰਜਾਬ ਸਰਕਾਰ ਨੇ ਇੱਕ ਵਾਰ ਫਿਰ ਕਿਸਾਨ ਹਿੱਤੂ ਹੋਣ ਦਾ ਸਬੂਤ ਦਿੱਤਾ ਹੈ। ਚੇਅਰਮੈਨ ਸੇਖਵਾਂ ਨੇ ਕਿਹਾ ਕਿ ਭਵਿੱਖ ਵਿੱਚ ਵੀ ਗੰਨਾ ਕਾਸ਼ਤਕਾਰਾਂ ਨੂੰ ਗੰਨੇ ਦੀ ਖ਼ਰੀਦ ਅਤੇ ਪੇਮੈਂਟ ਸਬੰਧੀ ਮੁਸ਼ਕਲ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਸਾਰੀਆਂ ਫਸਲਾਂ ਦੀ ਖ਼ਰੀਦ ਅਤੇ ਅਦਾਇਗੀ ਸਮੇਂ ਸਿਰ ਕਰਨ ਵਾਸਤੇ ਆਮ ਆਦਮੀ ਪਾਰਟੀ ਦੀ ਸਰਕਾਰ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਕਿਸਾਨਾਂ ਦੀ ਹਰ ਮੁਸ਼ਕਲ ਦਾ ਹੱਲ ਪਹਿਲ ਦੇ ਆਧਾਰ 'ਤੇ ਕੀਤਾ ਜਾਵੇਗਾ ਅਤੇ ਬਿਜਲੀ ਦੀ ਕਿੱਲਤ ਵੀ ਨਹੀਂ ਆਉਣ ਦਿੱਤੀ ਜਾਵੇਗੀ। ਇਸ ਮੌਕੇ ਉਨ੍ਹਾਂ ਨਾਲ ਹਲਕਾ ਕਾਦੀਆਂ ਦੇ ਉੱਘੇ ਗੰਨਾ ਕਾਸ਼ਤਕਾਰ ਐਡਵੋਕੇਟ ਨਗਿੰਦਰ ਸਿੰਘ ਸਿੱਧਵਾਂ, ਮਹਾਂਬੀਰ ਸਿੰਘ ਆਲੋਵਾਲ, ਗੁਰਦੇਵ ਸਿੰਘ, ਆਲੋਵਾਲ ਸਿੰਘ, ਜਗਜੀਤ ਸਿੰਘ ਬੱਲ, ਸਿਮਰਨਜੀਤ ਸਿੰਘ ਸਾਹਬੀ ਬਰੋਏ, ਭੁਪਿੰਦਰ ਸਿੰਘ ਜੋਗੇਵਾਲ ਜੱਟਾਂ, ਸੂਬਾ ਸਿੰਘ ਸੰਘਰ, ਅਮਰਜੀਤ ਸਿੰਘ ਮੱਲੀਆਂ ਫਕੀਰਾਂ, ਸੁਖਦੇਵ ਸਿੰਘ ਠੱਕਰ ਸੰਧੂ, ਅਮਨਪਾਲ ਸਿੰਘ ਠੱਕਰ ਸੰਧੂ, ਰਾਮ ਸਿੰਘ ਡੇਹਰੀਵਾਲ, ਦਿਆਲ ਸਿੰਘ ਡੇਹਰੀਵਾਲ, ਧਰਮ ਸਿੰਘ ਦੋਧੀ ਡੇਹਰੀਵਾਲ, ਗੁਰਮੀਤ ਸਿੰਘ ਡੇਹਰੀਵਾਲ, ਚੈਨ ਸਿੰਘ ਡੇਹਰੀਵਾਲ ਨੇ ਖੁਸ਼ੀ ਦਾ ਇਜ਼ਹਾਰ ਕੀਤਾ ਹੈ।

# ਸੀਐੱਚਸੀ ਮੀਆਂਵਿੰਡ ਵਿਖੇ ਡੇਂਗੂ ਦਿਵਸ ਮਨਾਇਆ



**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)**-ਮਾਣਯੋਗ ਸਿਵਲ ਸਰਜਨ ਤਰਨ ਤਾਰਨ ਡਾਕਟਰ ਗੁਰਪ੍ਰੀਤ ਸਿੰਘ ਰਾਏ, ਡਾਕਟਰ ਸ਼ਾਲਿੰਦਰ ਸਿੰਘ ਸੀਨੀਅਰ ਮੈਡੀਕਲ ਅਫਸਰ, ਸੀਐਚਸੀ ਮੀਆਂਵਿੰਡ, ਜ਼ਿਲ੍ਹਾ ਐਪੀਡੀਮੋਲੋਜਿਸਟ ਤਰਨ ਤਾਰਨ ਡਾਕਟਰ ਸਿਮਰਨ ਕੌਰ ਅਤੇ ਡਾਕਟਰ ਅਮਨਦੀਪ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਸੀਐਚਸੀ ਮੀਆਂਵਿੰਡ ਵਿਖੇ ਡੇਂਗੂ ਦਿਵਸ ਮਨਾਇਆ ਗਿਆ। ਇਸ ਮੌਕੇ ਡਾਕਟਰ ਗੁਰਵਿੰਦਰ ਸਿੰਘ, ਤਜਿੰਦਰ ਸਿੰਘ, ਹਰਜੀਤ ਸਿੰਘ, ਸਾਹਿਬਜੀਤ ਸਿੰਘ, ਜਸਪਾਲ ਸਿੰਘ, ਜੋਗਿੰਦਰ ਸਿੰਘ, ਸਾਰੇ ਹੈਲਥ ਇੰਸਪੈਕਟਰ ਅਤੇ ਅਮਨਦੀਪ ਸਿੰਘ, ਮਨਜੀਤ ਸਿੰਘ, ਜਸਪ੍ਰੀਤ ਸਿੰਘ, ਜਤਿੰਦਰ ਸਿੰਘ, ਪਰਮਪਾਲ ਸਿੰਘ, ਗੁਰਵਿੰਦਰ ਸਿੰਘ ਮਾਲੋਵਾਲ, ਬਲਵਿੰਦਰ ਸਿੰਘ, ਸੁਖਵਿੰਦਰ ਸਿੰਘ, ਮਨਜੀਤ ਸਿੰਘ, ਮਲਕੀਤ ਸਿੰਘ, ਗੁਰਦਰਸ਼ਨ ਸਿੰਘ, ਗੁਰਦੇਵ ਸਿੰਘ (ਸਾਰੇ ਮਲਟੀਪਰਪਜ਼ ਹੈਲਥ ਵਰਕਰ) ਆਦਿ ਹਾਜ਼ਰ ਸਨ।

# ਸਰਕਾਰੀ ਗਊਸ਼ਾਲਾ ਕਲਾਨੌਰ 'ਚ ਲਗਾਏ 500 ਬੂਟੇ



**ਕਲਾਨੌਰ, (ਮਨਦੀਪ ਕੁਮਾਰ)**-ਮਾਨਯੋਗ ਡਿਪਟੀ ਕਮਿਸ਼ਨਰ ਗੁਰਦਾਸਪੁਰ ਹਿਮਾਂਸ਼ੂ ਅਗਰਵਾਲ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਜ਼ਿਲ੍ਹੇ ਦੇ ਵੱਖ-ਵੱਖ ਸਥਾਨਾਂ ਦੇ ਹਰਿਆਵਲ ਨੂੰ ਮੁੱਖ ਰੱਖਦੇ ਹੋਏ ਬੂਟੇ ਲਗਾਏ ਜਾ ਰਹੇ ਹਨ। ਇਸੇ ਦੇ ਤਹਿਤ ਕਲਾਨੌਰ ਵਿੱਚ ਜ਼ਿਲ੍ਹਾ ਪੱਧਰੀ ਸਰਕਾਰੀ ਗਊਸ਼ਾਲਾ ਵਿੱਚ ਬਲਾਕ ਵਿਕਾਸ ਅਤੇ ਪੰਚਾਇਤ ਅਫਸਰ ਮਿੱਤਰਮਾਨ ਸਿੰਘ ਵੱਲੋਂ ਆਪਣੇ ਸਟਾਫ ਨੂੰ ਨਾਲ ਲੈ ਕੇ ਕਲਾਨੌਰ ਗਊਸ਼ਾਲਾ ਦੇ ਚਾਰ-ਚੁਫੇਰੇ ਅਤੇ ਗਊਸ਼ਾਲਾ ਦੇ ਵੱਖ-ਵੱਖ ਸਥਾਨਾਂ ਤੇ ਫਲਦਾਰ, ਫੁੱਲਦਾਰ ਅਤੇ ਛਾਂਦਾਰ 500 ਦੇ ਕਰੀਬ ਬੂਟੇ ਲਗਾਏ ਗਏ। ਇਸ ਮੌਕੇ ਬੀਡੀਪੀਓ ਮਿੱਤਰਮਾਨ ਸਿੰਘ ਨੇ ਕਿਹਾ ਕਿ ਮਾਣਯੋਗ ਡਿਪਟੀ ਕਮਿਸ਼ਨਰ ਦੇ ਹੁਕਮਾਂ ਦੀ ਪਾਲਣਾ ਕਰਦੇ ਹੋਏ ਅਸੀਂ ਗਊਸ਼ਾਲਾ ਵਿੱਚ ਬੂਟੇ ਲਗਾ ਰਹੇ ਹਾਂ ਅਤੇ ਹੋਰ ਵੀ ਥਾਵਾਂ 'ਤੇ ਇਸੇ ਤਰ੍ਹਾਂ ਛਾਂਦਾਰ ਅਤੇ ਫਲਦਾਰ ਬੂਟੇ ਲਗਾਉਂਦੇ ਰਹਾਂਗੇ। ਉਨ੍ਹਾਂ ਅੱਗੇ ਕਿਹਾ ਕਿ ਸਾਨੂੰ ਸਾਰਿਆਂ ਨੂੰ ਚਾਹੀਦਾ ਹੈ ਵੱਧ ਤੋਂ ਵੱਧ ਬੂਟੇ ਲਗਾਈਏ ਜਿਸ ਨਾਲ ਹਰਿਆਲੀ ਤਾਂ ਹੋਵੇਗੀ ਹੀ ਸਾਨੂੰ ਆਕਸੀਜਨ ਦੀ ਕਮੀ ਵੀ ਕਦੇ ਮਹਿਸੂਸ ਨਹੀਂ ਹੋਵੇਗੀ। ਉਨ੍ਹਾਂ ਅੱਗੇ ਇਹ ਵੀ ਕਿਹਾ ਕਿ ਸਾਨੂੰ ਸਾਰਿਆਂ ਨੂੰ ਚਾਹੀਦਾ ਹੈ ਕਿ ਜਿਸ ਤਰ੍ਹਾਂ ਅਸੀਂ ਆਪਣਾ ਅਤੇ ਬੱਚਿਆਂ ਦਾ ਜਨਮ ਦਿਨ ਕੇਕ ਕੱਟ ਕੇ ਮਨਾਉਂਦੇ ਹਾਂ ਉਸ ਦੇ ਨਾਲ-ਨਾਲ ਇੱਕ ਇੱਕ ਪੌਦਾ ਵੀ ਲਗਾਇਆ ਜਾਵੇ। ਪੌਦੇ ਲਗਾਉਣ ਨਾਲ ਜਿਥੇ ਆਕਸੀਜਨ ਦੀ ਕਮੀ ਨਹੀਂ ਆਵੇਗੀ ਦੂਸਰਾ ਧਰਤੀ ਹੇਠਲੇ ਪਾਣੀ ਦਾ ਪੱਧਰ ਵੀ ਨਹੀਂ ਘਟੇਗਾ।

ਇਸ ਮੌਕੇ ਉਨ੍ਹਾਂ ਦੇ ਨਾਲ ਐੱਸਸੀਪੀਓ ਗੁਰਇਕਬਾਲ ਸਿੰਘ, ਪੰਚਾਇਤ ਸਕੱਤਰ ਰਾਜਬੀਰ ਸਿੰਘ, ਵੀਡੀਓ ਕੁਲਵੰਤ ਸਿੰਘ, ਹਰਮਿੰਦਰ ਸਿੰਘ ਪੰਛੀ ਅਤੇ ਹੋਰ ਸਟਾਫ ਮੈਂਬਰ ਹਾਜ਼ਰ ਸਨ।

# ਧਾਮੀ ਵੱਲੋਂ ਸ੍ਰੀ ਗੁਰੂ ਰਾਮਦਾਸ ਮੈਡੀਕਲ ਕਾਲਜ ਵਿਖੇ ਆਧੁਨਿਕ ਲੈਕਚਰ ਹਾਲ ਦਾ ਉਦਘਾਟਨ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸ੍ਰੀ ਗੁਰੂ ਰਾਮਦਾਸ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਿਜ਼ ਐਂਡ ਰੀਸਰਚ, ਸ੍ਰੀ ਅੰਮ੍ਰਿਤਸਰ ਵਿਖੇ ਆਧੁਨਿਕ ਤਕਨੀਕੀ ਸਹੂਲਤਾਂ ਨਾਲ ਭਰਪੂਰ ਵਾਲੇ 3 ਲੈਕਚਰ ਹਾਲ ਦਾ ਉਦਘਾਟਨ ਕੀਤਾ। ਇਸ ਮੌਕੇ ਐਡਵੋਕੇਟ ਧਾਮੀ ਨੇ ਕਿਹਾ ਸ੍ਰੀ ਗੁਰੂ ਰਾਮਦਾਸ ਮੈਡੀਕਲ ਕਾਲਜ ਅਤੇ ਯੂਨੀਵਰਸਿਟੀ ਵੱਲੋਂ ਮਨੁੱਖਤਾ ਨੂੰ ਕਫਾਇਤੀ ਅਤੇ ਉੱਚ ਦਰਜੇ ਦੀਆਂ ਸਿਹਤ ਅਤੇ ਵਿੱਦਿਅਕ ਸੇਵਾਵਾਂ ਦਿੱਤੀਆਂ ਜਾ ਰਹੀਆਂ ਹਨ। ਇਥੇ ਖੋਜ ਕਾਰਜ ਕਰਨ ਵਾਲੇ ਵਿਦਿਆਰਥੀਆਂ ਨੂੰ ਸਮੇਂ ਦੇ ਹਾਣ ਦੀਆਂ ਸਹੂਲਤਾਂ ਵਾਲਾ ਬੁਨਿਆਦੀ ਢਾਂਚਾ ਮੁਹੱਈਆ ਕਰਵਾਉਣ ਲਈ ਸਿੱਖ ਸੰਸਥਾ ਸ਼੍ਰੋਮਣੀ ਕਮੇਟੀ ਵਚਨਬੱਧ ਹੈ। ਇਸੇ ਤਹਿਤ ਹੀ ਇਸ ਸੰਸਥਾ ਵਿੱਚ ਤਿੰਨ ਨਵੇਂ ਆਧੁਨਿਕ ਲੈਕਚਰ ਹਾਲ ਤਿਆਰ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਦਾ ਇਹ ਮੈਡੀਕਲ ਕਾਲਜ ਅਤੇ ਯੂਨੀਵਰਸਿਟੀ ਅੱਜ ਦੇਸ਼ ਦੁਨੀਆ ਦੀਆਂ ਉੱਚ ਪੱਧਰੀ ਸੰਸਥਾਵਾਂ ਵਿੱਚ ਸ਼ਾਮਲ ਹੋ ਚੁੱਕੇ ਹਨ। ਸ਼੍ਰੋਮਣੀ ਕਮੇਟੀ ਦੀ ਇਸ ਸੰਸਥਾ ਦੀ ਭਵਿੱਖੀ ਤਰਜੀਹ ਸਮੇਂ ਦੇ ਅਨੁਕੂਲ ਸਹੂਲਤਾਂ ਨਾਲ ਅੱਗੇ ਵਧਣਾ ਹੈ। ਐਡਵੋਕੇਟ ਧਾਮੀ ਨੇ ਸ੍ਰੀ ਗੁਰੂ ਰਾਮਦਾਸ ਚੈਰੀਟੇਬਲ ਹਸਪਤਾਲ ਵਿਖੇ ਦਿੱਤੀਆਂ ਜਾ ਰਹੀਆਂ ਸਹੂਲਤਾਂ ਬਾਰੇ ਕਿਹਾ ਕਿ ਇਥੇ ਨਾਮੁਰਾਦ ਬਿਮਾਰੀ ਕੈਂਸਰ ਦੇ ਇਲਾਜ ਲਈ ਬਿਹਤਰ ਪ੍ਰਬੰਧ ਹਨ ਅਤੇ ਇਸ ਦੇ ਨਾਲ ਹੀ ਜਨਨੀ ਭਲਾਈ ਸਕੀਮ ਤਹਿਤ ਜਣੇਪਾ, ਡਾਇਲਸਿਸ ਤੇ ਚਿੱਟੇ ਮੋਤੀਏ ਦੇ ਇਲਾਜ ਲਈ ਸੰਸਥਾ ਵੱਲੋਂ ਖਰਚਾ ਕੀਤਾ ਜਾਂਦਾ ਹੈ। ਇਸ ਤੋਂ ਇਲਾਵਾ ਵੱਖ-ਵੱਖ ਸਿਹਤ ਸੇਵਾਵਾਂ ਵੀ ਘੱਟ ਦਰਾਂ 'ਤੇ ਦਿੱਤੀਆਂ ਜਾਂਦੀਆਂ ਹਨ। ਇਸ ਮੌਕੇ ਸ੍ਰੀ ਗੁਰੂ ਰਾਮਦਾਸ ਮੈਡੀਕਲ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਮਨਜੀਤ ਸਿੰਘ ਉੱਪਲ ਨੇ ਦੱਸਿਆ ਕਿ ਤਿਆਰ ਕੀਤੇ ਤਿੰਨ ਆਧੁਨਿਕ ਲੈਕਚਰ ਹਾਲ ਵਿਸ਼ਵ ਪੱਧਰੀ ਅਧਿਆਪਨ ਤਕਨੀਕਾਂ, ਆਡੀਓ ਵੀਡੀਓ ਡਿਜੀਟਲ ਸਹੂਲਤਾਂ ਵਾਲੇ ਹਨ, ਜਿਥੇ ਆਨਲਾਈਨ ਸੈਮੀਨਾਰ, ਕਾਨਫਰੰਸਾਂ ਅਤੇ ਕਲਾਸਾਂ ਲਗਾਈਆਂ ਜਾਣਗੀਆਂ। ਉਨ੍ਹਾਂ ਕਿਹਾ ਕਿ ਇਹ ਹਾਲ ਭਵਿੱਖ ਵਿੱਚ ਆਉਣ ਵਾਲੀ ਤਕਨੀਕਾਂ ਨੂੰ ਧਿਆਨ ਵਿੱਚ ਰੱਖ ਕੇ ਤਿਆਰ ਕੀਤੇ ਗਏ ਹਨ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਭਾਈ ਗੁਰਚਰਨ ਸਿੰਘ ਗਰੇਵਾਲ, ਸਾਬਕਾ ਸੀਨੀਅਰ ਮੀਤ ਪ੍ਰਧਾਨ ਭਾਈ ਰਾਜਿੰਦਰ ਸਿੰਘ ਮਹਿਤਾ, ਮੈਂਬਰ ਸਰਵਣ ਸਿੰਘ ਕੁਲਾਰ, ਮੈਡੀਕਲ ਕਾਲਜ ਟਰੱਸਟ ਦੇ ਸਕੱਤਰ ਸਤਬੀਰ ਸਿੰਘ ਧਾਮੀ, ਐਡੀਸ਼ਨਲ ਸਕੱਤਰ ਅਤੇ ਡੀਨ ਡਾ. ਏਪੀ ਸਿੰਘ, ਵਾਈਸ ਚਾਂਸਲਰ ਡਾ. ਮਨਜੀਤ ਸਿੰਘ ਉੱਪਲ, ਡਾਇਰੈਕਟਰ ਪ੍ਰਿੰਸੀਪਲ ਡਾ. ਅਨੁਪਮਾ ਮਹਾਜਨ, ਰਜਿਸਟਰਾਰ ਡਾ. ਬਲਜੀਤ ਸਿੰਘ ਖੁਰਾਨਾ, ਸ਼੍ਰੋਮਣੀ ਕਮੇਟੀ ਦੇ ਵਧੀਕ ਸਕੱਤਰ ਗੁਰਿੰਦਰ ਸਿੰਘ ਮਥਰੇਵਾਲ, ਮੀਤ ਸਕੱਤਰ ਸ਼ਾਹਬਾਜ਼ ਸਿੰਘ, ਸ਼੍ਰੋਮਣੀ ਕਮੇਟੀ ਦੇ ਬੁਲਾਰੇ ਹਰਭਜਨ ਸਿੰਘ ਵਕਤਾ, ਇੰਚਾਰਜ ਆਜ਼ਾਦਦੀਪ ਸਿੰਘ, ਡਾ. ਪੰਕਜ, ਡਾ. ਕਰਮਜੀਤ ਸਿੰਘ ਗਿੱਲ, ਡਾ. ਅਮਰਪ੍ਰੀਤ ਕੌਰ, ਡਾ. ਦਪਿੰਦਰ ਕੌਰ, ਅਤੇ ਡਾ. ਰਜੀਵ ਚੌਧਰੀ ਹਾਜ਼ਰ ਸਨ।

# ਸੇਮ ਨਾਲੇ ਦੀ ਸਫ਼ਾਈ ਤੇ ਡੂੰਘਾਈ ਨਾ ਹੋਣ ਕਰਕੇ ਲੋਕ ਪ੍ਰੇਸ਼ਾਨ

**ਗੁਰਦਾਸਪੁਰ, 7 ਜੁਲਾਈ (ਜਨਕ ਮਹਾਜਨ)**-ਗੁਰਦਾਸਪੁਰ-ਬਹਿਰਾਮਪੁਰ ਸੜਕ ਵਿਚਕਾਰੋਂ ਲੰਘਦੇ ਸੇਮ ਨਾਲੇ ਦੀ ਸਫਾਈ ਡੂੰਘਾਈ ਨਾ ਹੋਣ ਕਾਰਨ ਲੋਕਾਂ ਵਿੱਚ ਪੰਜਾਬ ਸਰਕਾਰ ਤੇ ਸੰਬੰਧਿਤ ਵਿਭਾਗ ਪ੍ਰਤੀ ਭਾਰੀ ਰੋਸ ਪਾਇਆ ਜਾ ਰਿਹਾ ਹੈ। ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਇਲਾਕਾ ਵਾਸੀਆਂ ਗੁਰਜੀਤ ਸਿੰਘ, ਮਨਦੀਪ ਸਿੰਘ, ਮੰਗਾ ਸਿੰਘ ਆਦਿ ਨੇ ਦੱਸਿਆ ਕਿ ਇਹ ਸੇਮ ਨਾਲਾ ਕਸਬਾ ਬਹਿਰਾਮਪੁਰ ਤੋਂ ਥੋੜ੍ਹੀ ਦੂਰ ਪਹਿਲਾਂ ਹੀ ਸੜਕ ਵਿਚਕਾਰੋਂ ਪਾਰ ਹੁੰਦਾ ਹੈ ਅਤੇ ਇਸ ਦੀ ਦੇਖਭਾਲ ਨਾ ਹੋਣ ਕਾਰਨ ਇਸ ਵਿੱਚ ਵਰਖਾ ਦੇ ਦਿਨਾਂ ਵਿੱਚ ਪਾਣੀ ਓਵਰਫਲੋ ਹੋ ਕੇ ਕਿਸਾਨਾਂ ਦੇ ਖੇਤਾਂ ਵਿੱਚ ਚਲਾ ਜਾਂਦਾ ਹੈ ਜਿਸ ਨਾਲ ਲੋਕਾਂ ਦੀ ਫਸਲ ਬਰਬਾਦ ਹੋ ਜਾਂਦੀ ਹੈ। ਲੋਕਾਂ ਨੇ ਦੱਸਿਆ ਕਿ ਇਸ ਨਾਲੇ ਨੇੜੇ ਕੁਝ ਲੋਕਾਂ ਨੇ ਇਨਕਰੋਚਮੈਂਟ ਕਰ ਲਈ ਹੈ ਜਿਸ ਨਾਲ ਪਾਣੀ ਦਾ ਸਹੀ ਨਿਕਾਸ ਨਹੀ ਹੁੰਦਾ। ਉਨ੍ਹਾਂ ਨੇ ਸੰਬਧਿਤ ਵਿਭਾਗ ਪਾਸੋਂ ਮੰਗ ਕੀਤੀ ਕਿ ਸੇਮ ਨਾਲੇ ਦੀ ਸਫ਼ਾਈ ਤੇ ਡੂੰਘਾਈ ਪਹਿਲ ਦੇ ਆਧਾਰ ਤੇ ਕਰਵਾਈ ਜਾਵੇ ਤਾਂ ਜੋ ਅਗਾਂਹ ਤੋਂ ਵਰਖਾ ਦੇ ਪਾਣੀ ਨਾਲ ਲੋਕਾਂ ਨੂੰ ਕੋਈ ਮੁਸ਼ਕਿਲ ਪੇਸ਼ ਨਾ ਆਵੇ।

8-July-PAGE- 12 qxd.qxd 7/7/2023 9:27 PM Page 1



# ਐੱਲ ਪੀ ਯੂ ਵੱਲੋਂ ਵਿਦੇਸ਼ੀ ਡਿਗਰੀਆਂ ਪ੍ਰਾਪਤ ਕਰਨ ਵਾਸਤੇ ਵਿਦਿਆਰਥੀਆਂ ਲਈ ਨਵੇਂ ਪ੍ਰੋਗਰਾਮ ਲਾਂਚ



**ਜਲੰਧਰ (ਸ਼ੈਲੀ ਐਲਬਰਟ)**- ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐਲਪੀਯੂ) ਅਜਿਹੇ ਪ੍ਰੋਗਰਾਮਾਂ ਨੂੰ ਬਣਾਉਣ ਲਈ ਜਾਣੀ ਜਾਂਦੀ ਹੈ ਜੋ ਵਿਸ਼ਵ ਪੱਧਰ 'ਤੇ ਇਕਸਾਰ ਹਨ। ਐਲ.ਪੀ.ਯੂ ਦੀ ਦੁਨੀਆ ਭਰ ਦੀਆਂ 300 ਤੋਂ ਵੱਧ ਯੂਨੀਵਰਸਿਟੀਆਂ ਨਾਲ ਰਣਨੀਤਕ ਭਾਈਵਾਲੀ ਹੈ। ਇਸ ਸਹਿਯੋਗ ਰਾਹੀਂ, ਐਲਪੀਯੂ ਵਿਦੇਸ਼ਾਂ ਵਿੱਚ ਅਧਿਐਨ ਕਰਨ ਵਾਲੇ ਪ੍ਰੋਗਰਾਮਾਂ ਦੀ ਇੱਕ ਲੜੀ ਆਫ਼ਰ ਕਰਦਾ ਹੈ ਜੋ ਥੋੜ੍ਹੇ ਸਮੇਂ ਦੇ ਪ੍ਰੋਗਰਾਮਾਂ ਤੋਂ ਲੈ ਕੇ ਆਪਣੀ ਇੱਕ ਪਾਰਟਨਰ ਯੂਨੀਵਰਸਿਟੀ ਤੋਂ ਡਿਗਰੀ ਪ੍ਰਾਪਤ ਕਰਨ ਤੱਕ ਦੇ ਹਨ। ਐਲ.ਪੀ.ਯੂ ਦੁਆਰਾ ਪੇਸ਼ ਕੀਤੇ ਗਏ ਵਿਦੇਸ਼ੀ ਅਧਿਐਨ ਦੇ ਵਿਲੱਖਣ ਮੌਕਿਆਂ ਵਿੱਚੋਂ ਇੱਕ ਕ੍ਰੈਡਿਟ ਟ੍ਰਾਂਸਫਰ ਪ੍ਰੋਗਰਾਮ ਹੈ। ਇਹ ਪ੍ਰੋਗਰਾਮ ਵਿਦਿਆਰਥੀਆਂ ਨੂੰ ਐਲਪੀਯੂ ਵਿੱਚ ਪ੍ਰੋਗਰਾਮ ਦੀ ਮਿਆਦ ਦਾ ਅੱਧਾ ਸਮਾਂ ਬਿਤਾਉਣ ਤੋਂ ਬਾਅਦ ਇੱਕ ਵਿਦੇਸ਼ੀ ਪਾਰਟਨਰ ਯੂਨੀਵਰਸਿਟੀ ਵਿੱਚ ਜਾਣ ਦੀ ਆਗਿਆ ਦਿੰਦਾ ਹੈ। ਅਜਿਹੀ ਸਥਿਤੀ ਵਿੱਚ, ਵਿਦਿਆਰਥੀ ਵਿਦੇਸ਼ੀ ਭਾਈਵਾਲ ਯੂਨੀਵਰਸਿਟੀ ਤੋਂ ਅੰਤਮ ਡਿਗਰੀ ਪ੍ਰਾਪਤ ਕਰਦੇ ਹਨ। ਕ੍ਰੈਡਿਟ ਟ੍ਰਾਂਸਫਰ ਪ੍ਰੋਗਰਾਮ ਇੱਕ ਬਹੁਤ ਹੀ ਲਾਗਤ-ਪ੍ਰਭਾਵਸ਼ਾਲੀ ਵਿਕਲਪ ਹੈ ਕਿਉਂਕਿ ਵਿਦਿਆਰਥੀ ਐਲ.ਪੀ.ਯੂ ਤੋਂ ਆਪਣੀ ਡਿਗਰੀ ਸ਼ੁਰੂ ਕਰਦੇ ਹਨ ਅਤੇ ਵਿਦੇਸ਼ੀ ਪਾਰਟਨਰ ਯੂਨੀਵਰਸਿਟੀ ਲਈ ਸਿਰਫ਼ ਦੋ-ਸਾਲ ਦੀ ਫੀਸ ਜਾਂ ਇੱਕ ਸਾਲ ਦੀ ਫੀਸ ਦਾ ਭੁਗਤਾਨ ਕਰਕੇ ਬਚਤ ਕਰਦੇ ਹਨ। ਇਸ ਤਰ੍ਹਾਂ, ਵਿਦਿਆਰਥੀ ਆਪਣੇ ਵਿਦੇਸ਼ ਅਧਿਐਨ ਦੇ ਖਰਚੇ ਦਾ 40% ਤੱਕ ਬਚਾ ਸਕਦੇ ਹਨ ਕਿਉਂਕਿ ਦੋ ਸਾਲਾਂ ਦੀ ਵਿਦੇਸ਼ੀ ਟਿਊਸ਼ਨ ਫੀਸਾਂ ਦੇ ਨਾਲ-ਨਾਲ ਵਿਦੇਸ਼ੀ ਰਹਿਣ ਦੇ ਖਰਚਿਆਂ ਦੀ ਬਚਤ ਕਰਦਾ ਹੈ। ਯੂਨੀਵਰਸਿਟੀ ਦੇ ਜ਼ਿਆਦਾਤਰ ਭਾਈਵਾਲ ਅਮਰੀਕਾ, ਕੈਨੇਡਾ, ਯੂਕੇ ਅਤੇ ਆਸਟ੍ਰੇਲੀਆ ਵਿੱਚ ਹੀ ਹਨ। ਜਿਹੜੇ ਵਿਦਿਆਰਥੀ ਐਲ.ਪੀ.ਯੂ ਦੇ ਵਿਦੇਸ਼ਾਂ ਦੇ ਅਧਿਐਨ ਪ੍ਰੋਗਰਾਮਾਂ ਰਾਹੀਂ ਆਪਣੀ ਡਿਗਰੀ ਹਾਸਲ ਕਰਦੇ ਹਨ, ਉਨ੍ਹਾਂ ਨੂੰ ਪਹਿਲੇ ਸਾਲ ਤੋਂ ਸ਼ਾਮਲ ਹੋਣ ਵਾਲੇ ਸਾਰੇ ਲਾਭ ਪ੍ਰਾਪਤ ਹੁੰਦੇ ਹਨ। ਉਹ ਸਾਰੇ ਪੋਸਟ-ਸਟੱਡੀ ਵਰਕ ਵੀਜ਼ਾ ਜਾਂ ਵਿਅਕਤੀਗਤ ਦੇਸ਼ਾਂ ਦੁਆਰਾ ਪੇਸ਼ ਕੀਤੇ ਹੋਰ ਲਾਭਾਂ ਲਈ ਯੋਗ ਹਨ। ਇਸ ਸਮੇਂ ਅੰਡਰਗ੍ਰੈਜੂਏਟ ਪੱਧਰ 'ਤੇ ਇੰਜੀਨੀਅਰਿੰਗ, ਮੈਨੇਜਮੈਂਟ, ਹਾਸਪੀਟੈਲਿਟੀ ਅਤੇ ਫੈਸ਼ਨ ਡੋਮੇਨਾਂ ਵਿੱਚ ਅਤੇ ਪੋਸਟ ਗ੍ਰੈਜੂਏਟ ਪੱਧਰ ਤੇ ਐਮ ਬੀ ਏ ਅਤੇ ਐਮ.ਟੈਕ ਵਿੱਚ ਪੇਸ਼ ਕੀਤਾ ਜਾ ਰਿਹਾ ਹੈ।।

# ਗੜ੍ਹਸ਼ੰਕਰ ਪੁਲਸ ਵੱਲੋਂ ਨਸ਼ੀਲੇ ਪਦਾਰਥ ਸਮੇਤ ਔਰਤ ਕਾਬੂ



**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)** ਜ਼ਿਲ੍ਹਾ ਪੁਲਸ ਮੁਖੀ ਸਰਤਾਜ ਸਿੰਘ ਚਾਹਲ ਆਈ ਪੀ ਐਸ / ਐਸ ਐਸ ਪੀ ਹੁਸ਼ਿਆਰਪੁਰ ਵੱਲੋਂ ਨਸ਼ੇ ਦੇ ਤਸਕਰਾਂ ਖਿਲਾਫ ਚਲਾਈ ਗਈ ਮੁਹਿੰਮ ਤਹਿਤ ਅਤੇ ਡੀ.ਐਸ.ਪੀ ਦਲਜੀਤ ਸਿੰਘ ਖੱਖ ਪੁਲਸ ਕਪਤਾਨ ਸਬ-ਡਿਵੀਜ਼ਨ ਗੜ੍ਹਸ਼ੰਕਰ ਦੀ ਰਹਿਨੁਮਾਈ ਹੇਠ ਐੱਸ ਆਈ ਹਰਪ੍ਰੇਮ ਸਿੰਘ ਥਾਣਾ ਮੁਖੀ ਗੜ੍ਹਸ਼ੰਕਰ ਦੀ ਹਦਾਇਤ ਅਨੁਸਾਰ, ਇੰਸਪੈਕਟਰ ਕੁਲਦੀਪ ਸਿੰਘ ਥਾਣਾ ਗੜ੍ਹਸੰਕਰ ਨੇ ਸਮੇਤ ਪੁਲਿਸ ਪਾਰਟੀ ਗਸਤ ਦੇ ਦੌਰਾਨ ਕਾਲੇਵਾਲ ਲੱਲੀਆਂ ਮੋੜ 'ਤੇ ਇਕ ਔਰਤ ਨੂੰ ਸ਼ੱਕ ਦੇ ਅਧਾਰ 'ਤੇ ਰੋਕਿਆ ਤਾਂ ਉਸ ਦੀ ਤਲਾਸ਼ੀ ਲੈਣ ਉਪਰੰਤ ਉਸ ਕੋਲੋਂ 73 ਗ੍ਰਾਮ ਨਸ਼ੀਲਾ ਪਦਾਰਥ ਬਰਾਮਦ ਹੋਇਆ ਜਿਸ ਦੀ ਪਛਾਣ ਗੁਰਪ੍ਰੀਤ ਕੌਰ ਪਤਨੀ ਹਰਵਿੰਦਰ ਸਿੰਘ ਵਾਸੀ ਰਾਮਪੁਰ ਬਿਲੜੋ ਵਜੋਂ ਹੋਈ, ਜਿਸ ਖਿਲਾਫ ਮਾਮਲਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ।

# ਦੇਸ਼ ਭਗਤ ਯਾਦਗਾਰ ਕਮੇਟੀ ਵੱਲੋਂ ਲਾਹੌਰੀ ਰਾਮ ਬਾਲੀ ਦੀ ਯਾਦ 'ਚ ਸ਼ੋਕ ਸਭਾ



**ਜਲੰਧਰ (ਕੇਸਰ)** ਸਦੀਆਂ ਤੋਂ ਦਰੜੇ, ਸਾਧਨ-ਵਿਹੂਣੇ, ਸਮਾਜ ਸਿਰਜਕ ਮਿਹਨਤਕਸ਼ ਲੋਕਾਂ ਦੇ ਮਸੀਹਾ ਲਾਹੌਰੀ ਰਾਮ ਬਾਲੀ 6 ਜੁਲਾਈ 2023 ਨੂੰ ਸਦੀਵੀ ਵਿਛੋੜਾ ਦੇ ਗਏ। ਉਹਨਾਂ ਨੂੰ ਅੰਤਿਮ ਵਿਦਾਇਗੀ 9 ਜੁਲਾਈ ਦਿਨ ਐਤਵਾਰ ਇੱਕ ਵਜੇ ਆਬਾਦਪੁਰਾ ਸ਼ਮਸ਼ਾਨ ਘਾਟ ਜਲੰਧਰ ਵਿਖੇ ਦਿੱਤੀ ਜਾਏਗੀ। ਦੇਸ਼ ਭਗਤ ਯਾਦਗਾਰ ਕਮੇਟੀ ਦੇ ਪ੍ਰਧਾਨ ਅਜਮੇਰ ਸਿੰਘ, ਜਨਰਲ ਸਕੱਤਰ ਪ੍ਰਿਥੀਪਾਲ ਸਿੰਘ ਮਾੜੀਮੇਘਾ ਅਤੇ ਸੱਭਿਆਚਾਰਕ ਵਿੰਗ ਦੇ ਕਨਵੀਨਰ ਅਮੋਲਕ ਸਿੰਘ ਨੇ ਲਿਖਤੀ ਪ੍ਰੈਸ ਬਿਆਨ ਰਾਹੀਂ ਦੱਸਿਆ ਕਿ ਸਥਾਨਕ ਦੇਸ਼ ਭਗਤ ਯਾਦਗਾਰ ਹਾਲ ਵਿਖੇ ਹੰਗਾਮੀ ਸ਼ੋਕ ਬੈਠਕ ਕਰਕੇ ਲਾਹੌਰੀ ਰਾਮ ਬਾਲੀ ਦੇ ਵਿਛੋੜੇ 'ਤੇ ਪਰਵਾਰ, ਸਾਕ-ਸੰਬੰਧੀਆਂ ਅਤੇ ਉਹਨਾਂ ਦੇ ਸੰਗੀ ਸਾਥੀਆਂ ਨਾਲ ਗਹਿਰੇ ਦੁੱਖ ਦਾ ਇਜ਼ਹਾਰ ਕੀਤਾ।

20 ਜੁਲਾਈ 1930 ਨੂੰ ਜਨਮੇ ਲਾਹੌਰੀ ਰਾਮ ਬਾਲੀ ਦੇ 93 ਵਰ੍ਹੇ ਦੇ ਰਚਨਾ ਸੰਸਾਰ ਅਤੇ ਸੰਘਰਸ਼ਾਂ ਦੇ ਪਿੜ ਉਪਰ ਝਾਤ ਮਾਰਦਿਆਂ ਸ਼ੋਕ ਸਭਾ 'ਚ ਗੰਭੀਰ ਵਿਚਾਰਾਂ ਹੋਈਆਂ। ਰੂਸ ਅੰਦਰ ਮਜ਼ਦੂਰ ਕਰਾਂਤੀ ਦੇ ਮਹਾਨ ਆਗੂ ਲੈਨਿਨ ਸਟਾਇਲ ਕਰਕੇ ਜਾਣੀ ਜਾਂਦੀ ਟੋਪੀ ਹੱਥ 'ਚ ਹਰ ਪਲ ਕਿਤਾਬ ਅਤੇ ਕਲਮ ਰੱਖਣ ਵਾਲੇ ਲਾਹੌਰੀ ਰਾਮ ਬਾਲੀ ਗੰਭੀਰ ਚਿੰਤਕ, ਲੇਖਕ, ਬੇਬਾਕ ਆਲੋਚਕ, ਜਾਤ-ਪਾਤੀ ਅਤੇ ਜਮਾਤੀ ਦੋਵੇਂ ਤਰ੍ਹਾਂ ਦੇ ਦਾਬੇ, ਵਿਤਕਰੇ, ਲੁੱਟ ਅਤੇ ਜਬਰ ਜ਼ੁਲਮ ਦੀਆਂ ਹਰ ਵੰਨਗੀ ਦੀਆਂ ਮਾਰਾਂ ਤੋਂ ਮੁਕੰਮਲ ਮੁਕਤੀ ਦੇ ਮੁਦਈ ਸਨ।

ਉਹ 1958 ਤੋਂ 'ਭੀਮ ਪੱਤ੍ਰਿਕਾ' ਪੂਰੀ ਲਗਨ ਨਾਲ ਤਿਆਰ ਕਰਕੇ ਪਾਠਕਾਂ ਦੇ ਹੱਥਾਂ ਤੱਕ ਪਹੁੰਚਦੀ ਕਰਦੇ ਆਏ। ਉਹ ਡਾ. ਅੰਬੇਦਕਰ ਭਵਨ ਟ੍ਰਸਟ ਜਲੰਧਰ ਦੇ ਬਾਨੀ ਟ੍ਰਸਟੀ ਸਨ। ਉਹ ਜ਼ਿੰਦਗੀ ਭਰ ਇਹ ਕਹਿੰਦੇ ਰਹੇ ਕਿ 'ਜਾਤੀ ਅਤੇ ਜਮਾਤੀ' ਗ਼ੁਲਾਮੀ ਦੀ ਕੰਡਿਆਲੀ ਥੋਹਰ ਦੀ ਜੜ੍ਹ ਵੱਢਣ ਲਈ ਮਜ਼ਦੂਰਾਂ ਦੀ ਰਹਿਨੁਮਾਈ 'ਚ ਲੋਕ ਮੁਕਤੀ ਲਹਿਰ ਹੀ ਇਕੋ ਇੱਕ ਸਹੀ ਰਾਹ ਹੈ।

ਦੇਸ਼ ਭਗਤ ਯਾਦਗਾਰ ਹਾਲ 'ਚ ਲੱਗਦਾ ਗ਼ਦਰੀ ਬਾਬਿਆਂ ਦਾ ਮੇਲਾ, ਸਥਾਪਨਾ ਦਿਵਸ, ਹੋਰ ਸਰਗਰਮੀਆਂ ਵਿੱਚ ਉਹ ਸ਼ਿਰਕਤ ਕਰਦੇ ਅਤੇ ਵਿਚਾਰਾਂ ਦਾ ਆਦਾਨ-ਪ੍ਰਦਾਨ ਕਰਦੇ ਰਹੇ। ਜਦੋਂ ਮੁਲਕ ਦੇ ਨਾਮਵਰ ਖੋਜੀ ਵਿਦਵਾਨ ਡਾ. ਅਨੰਦ ਤੇਲਤੁੰਬੜੇ ਗ਼ਦਰੀ ਬਾਬਿਆਂ ਦੇ ਮੇਲੇ 'ਤੇ ਮੁੱਖ ਵਕਤਾ ਵਜੋਂ ਆਏ ਤਾਂ ਲਾਹੌਰੀ ਰਾਮ ਬਾਲੀ ਅਤੇ ਉਹਨਾਂ ਦੇ ਸਾਥੀ ਡਾ. ਅੰਬੇਦਕਰ ਭਵਨ ਵੀ ਲੈ ਕੇ ਗਏ। ਤੇਲਤੁੰਬੜੇ ਤੇ ਮੜ੍ਹੇ ਝੂਠੇ ਕੇਸ ਮੌਕੇ ਵੀ ਉਹਨਾਂ ਆਵਾਜ਼ ਉਠਾਈ। ਇਸ ਵਰ੍ਹੇ ਡਾ. ਅੰਬੇਦਕਰ ਹੋਰਾਂ ਦੇ ਜਨਮ ਦਿਹਾੜੇ ਨੂੰ ਸਮਰਪਤ ਡਾ. ਅੰਬੇਦਕਰ ਭਵਨ ਵਿਖੇ ਹੋਏ ਸਮਾਗਮ ਮੌਕੇ ਡਾ. ਸਾਹਿਬ ਸਿੰਘ ਦੇ ਨਾਟਕ 'ਲੱਛੂ ਕਬਾੜੀਆ' ਮੌਕੇ ਵੀ ਉਹਨਾਂ ਨੇ ਆਪਣੇ ਵਿਚਾਰ ਸਾਂਝੇ ਕੀਤੇ।

ਲਾਹੌਰੀ ਰਾਮ ਬਾਲੀ ਦੇ ਜੀਵਨ ਸਫ਼ਰ ਬਾਰੇ ਚਰਚਾ 'ਚ ਕਮੇਟੀ ਦੇ ਮੀਤ ਪ੍ਰਧਾਨ ਕੁਲਵੰਤ ਸਿੰਘ ਸੰਧੂ, ਵਿੱਤ ਸਕੱਤਰ ਸੀਤਲ ਸਿੰਘ ਸੰਘਾ, ਸੁਰਿੰਦਰ ਕੁਮਾਰੀ ਕੋਛੜ, ਰਣਜੀਤ ਔਲਖ ਤੋਂ ਇਲਾਵਾ ਲਾਇਬ੍ਰੇਰੀ, ਮਿਊਜ਼ੀਅਮ, ਇਤਿਹਾਸ ਆਦਿ ਕਮੇਟੀਆਂ ਦੇ ਮੁਖੀਆਂ ਨੇ ਵੀ ਉਨ੍ਹਾਂ ਨੂੰ ਸ਼ਰਧਾਂਜ਼ਲੀ ਭੇਟ ਕੀਤੀ ਹੈ। ਕਮੇਟੀ ਦੇ ਸਹਾਇਕ ਸਕੱਤਰ ਚਰੰਜੀ ਲਾਲ ਕੰਗਣੀਵਾਲ ਨੇ ਅਮਰੀਕਾ ਤੋਂ ਸ਼ੋਕ ਸੁਨੇਹਾ ਭੇਜਿਆ।

# ਅਕਾਲ ਗਲੈਕਸੀ ਕਾਨਵੈਂਟ ਸਕੂਲ ਦੇ ਵਿਦਿਆਰਥੀ ਮਿਸ਼ਨ ਹਰਿਆਲੀ 2023 'ਚ ਹੋਣਗੇ ਸ਼ਾਮਲ




**ਲੋਹੀਆਂ ਖਾਸ, (ਯੋਗੇਸ਼ਵਰ, ਰੀਨਾ ਸ਼ਰਮਾ)** ਆਪਣਾ ਪੰਜਾਬ ਫਾਊਂਡੇਸ਼ਨ ਅਤੇ ਫੈਡਰੇਸ਼ਨ ਆਫ ਪ੍ਰਾਈਵੇਟ ਸਕੂਲਜ਼ ਐਂਡ ਐਸੋਸੀਏਸ਼ਨਜ਼ ਆਫ ਪੰਜਾਬ ਵੱਲੋਂ ਵਾਤਾਵਰਣ ਦੀ ਸੰਭਾਲ ਨੂੰ ਲੈ ਕੇ ਕੀਤੇ ਜਾਂਦੇ ਉਪਰਾਲਿਆਂ ਦੀ ਲਗਾਤਾਰਤਾ 'ਚ ਇਸ ਵਾਰ 17 ਜੁਲਾਈ ਨੂੰ ਮਿਸ਼ਨ ਹਰਿਆਲੀ ਦਿਵਸ ਮਨਾਇਆ ਜਾਵੇਗਾ। ਆਪਣਾ ਪੰਜਾਬ ਫਾਊਂਡੇਸ਼ਨ ਦੇ ਫਾਊਂਡਰ ਡਾ. ਜਗਜੀਤ ਸਿੰਘ ਧੂਰੀ ਦੀ ਅਗਵਾਈ ਹੇਠ ਸਾਲ 2022 'ਚ 12 ਸਤੰਬਰ ਨੂੰ ਪੰਜਾਬ ਦੇ ਸਕੂਲਾਂ ਦੇ ਵਿਦਿਆਰਥੀਆਂ, ਅਧਿਆਪਕਾਂ ਅਤੇ ਮਾਪਿਆਂ ਵੱਲੋਂ ਪੰਜ ਲੱਖ ਅਠਾਹਠ ਹਜ਼ਾਰ ਪੌਦੇ ਲਗਾ ਕੇ ਆਪਣੀ ਕਿਸਮ ਦਾ ਇੱਕ ਵਿਸ਼ਵ ਰਿਕਾਰਡ ਬਣਾਇਆ ਗਿਆ ਸੀ ਅਤੇ ਇਸ ਵਾਰ ਮਿਸ਼ਨ ਹਰਿਆਲੀ 2023 ਤਹਿਤ ਫਾਊਂਡੇਸ਼ਨ ਵੱਲੋਂ ਸਕੂਲੀ ਬੱਚਿਆਂ ਹੱਥੋਂ ਇੱਕ ਦਿਨ 'ਚ ਸੱਤ ਲੱਖ ਪੌਦੇ ਲਗਾਉਣ ਦਾ ਟੀਚਾ ਮਿੱਥਿਆ ਗਿਆ ਹੈ। ਸਾਡੀ ਸੰਸਥਾ ਅਕਾਲ ਗਲੈਕਸੀ ਕਾਨਵੈਂਟ ਸਕੂਲ, ਲੋਹੀਆਂ ਖਾਸ ਦੇ ਪ੍ਰਿੰਸੀਪਲ ਮੈਡਮ ਅਮਨਪ੍ਰੀਤ ਕੌਰ ਨੇ ਦੱਸਿਆ ਕਿ 17 ਜੁਲਾਈ ਨੂੰ ਸਕੂਲ ਦੇ ਵਿਦਿਆਰਥੀਆਂ ਵੱਲੋਂ ਇਸ ਸਾਲ ਬਣਾਏ ਜਾਣ ਵਾਲੇ ਵਿਸ਼ਵ ਰਿਕਾਰਡ ਵਿੱਚ ਵੱਧ ਚੜ੍ਹ ਕੇ ਹਿੱਸਾ ਲਿਆ ਜਾਵੇਗਾ। ਹਰ ਇੱਕ ਵਿਦਿਆਰਥੀ ਆਪਣੇ ਮਾਤਾ ਪਿਤਾ ਅਤੇ ਅਧਿਆਪਕਾਂ ਦੀ ਸਹਾਇਤਾ ਨਾਲ ਇੱਕ ਪੌਦਾ ਲਗਾਵੇਗਾ ਅਤੇ ਉਸ ਨੂੰ ਪਾਲਣ ਅਤੇ ਵੱਡਾ ਕਰਨ ਦੀ ਜ਼ਿੰਮੇਵਾਰੀ ਵੀ ਚੁੱਕੇਗਾ। ਇਸ ਦਿਨ ਆਪਣਾ ਪੰਜਾਬ ਫਾਊਂਡੇਸ਼ਨ ਅਤੇ ਫੈਡਰੇਸ਼ਨ ਵੱਲੋਂ ਇੱਕ ਨਵੇਕਲਾ ਵਿਸ਼ਵ ਰਿਕਾਰਡ ਬਣਾਇਆ ਜਾਵੇਗਾ।

# ਮੁਲਾਜ਼ਮਾਂ ਨੇ ਸਿੱਖਿਆ ਵਿਭਾਗ ਦਾ ਸਾਰਾ ਕੰਮਕਾਜ ਰੱਖਿਆ ਠੱਪ



**ਨੂਰਪੁਰਬੇਦ (ਸੁਰਜੀਤ ਸਿੰਘ ਕਾਹਲੋਂ)** ਆਮ ਆਦਮੀ ਪਾਰਟੀ ਦੀ ਸਰਕਾਰ ਦੀ ਵਾਅਦਾ ਖਿਲਾਫੀ ਕਰਕੇ ਸਿੱਖਿਆ ਵਿਭਾਗ ਦੇ ਕੱਚੇ ਦਫਤਰੀ ਮੁਲਾਜ਼ਮਾਂ ਅਤੇ ਆਈ ਈ ਆਰ ਟੀ ਅਧਿਆਪਕਾਂ ਦੀ ਕਲਮ ਛੋੜ ਹੜਤਾਲ ਦੂਜੇ ਦਿਨ ਵੀ ਜਾਰੀ ਰਹੀ ਅਤੇ ਮੁਲਾਜਮਾਂ ਨੇ ਬਲਾਕ ਦਫਤਰ ਤੋਂ ਲੈ ਕੇ ਡੀ ਜੀ ਐਸ ਈ ਦਫਤਰ ਤੱਕ ਸਾਰਾ ਕੰਮ ਕਾਜ ਦੂਜੇ ਦਿਨ ਵੀ ਠੱਪ ਰੱਖਿਆ। ਪੰਜਾਬ ਸਰਕਾਰ ਬਿਨਾਂ ਪੇ ਸਕੇਲ, ਸੀ.ਐਸ.ਆਰ ਅਤੇ ਪੈਨਸ਼ਨਰੀ ਲਾਭ ਦਿੱਤੇ ਰੈਗੂਲਰ ਦੇ ਨਾਂਅ 'ਤੇ ਪ੍ਰਚਾਰ ਰੈਗੂਲਰ ਕਰਨ ਦਾ ਕਰ ਰਹੀ ਹੈ ਜੋ ਕਿ ਕੋਰਾ ਝੂਠ ਹੈ। ਸਰਵ ਸਿੱਖਿਆ ਅਭਿਆਨ ਦਫਤਰੀ ਕਰਮਚਾਰੀ ਯੂਨੀਅਨ ਦੇ ਬਲਾਕ ਪ੍ਰਧਾਨ ਨਵੀਨ ਪੁਰੀ, ਕੁਲਦੀਪ ਕੌਰ, ਦੀਪਕ ਸੈਣੀ. ਨੇ ਕਿਹਾ ਕਿ ਸਰਕਾਰ ਮੁਲਾਜਮਾਂ ਨਾਲ ਗੱਲਬਾਤ ਕਰਨ ਤੋਂ ਭੱਜ ਰਹੀ ਹੈ ਅਤੇ ਮੁਲਾਜਮਾਂ ਨੂੰ ਬਣਦੇ ਹੱਕ ਦੇਣ ਦੀ ਬਜਾਏ ਹੱਕਾਂ 'ਤੇ ਡਾਕਾ ਮਾਰਿਆ ਜਾ ਰਿਹਾ ਹੈ। ਆਗੂਆ ਨੇ ਕਿਹਾ ਕਿ ਸਰਕਾਰ ਅਕਾਲੀ ਦਲ ਅਤੇ ਕਾਂਗਰਸ ਦੀ ਸਰਕਾਰ ਨੇ ਕੱਚੇ ਮੁਲਾਜ਼ਮਾਂ ਦੀ ਜਵਾਨੀ ਰੋਲ ਕੇ ਰੱਖ ਦਿੱਤੀ ਅਤੇ ਹੁਣ ਆਮ ਆਦਮੀ ਪਾਰਟੀ ਦੀ ਸਰਕਾਰ ਕੱਚੇ ਮੁਲਾਜ਼ਮਾਂ ਦੇ ਭਵਿੱਖ ਨੂੰ ਰੋਲਣ ਦੀ ਤਿਆਰੀ ਕਰੀ ਬੈਠੀ ਹੈ। ਆਗੂਆ ਨੇ ਕਿਹਾ ਕਿ ਸਰਕਾਰ ਰੈਗੂਲਰ ਦੀ ਪਾਲਸੀ ਜਾਰੀ ਕਰਕੇ ਹੁਣ ਆਪ ਹੀ ਇਸ ਪਾਲਿਸੀ ਤੋਂ ਮੁਕਰ ਰਹੀ ਹੈ। ਆਗੂ ਨੇ ਕਿਹਾ ਕਿ ਬਿਨ੍ਹਾਂ ਪੇ ਸਕੇਲ ਤੋਂ ਮੁਲਾਜ਼ਮ ਕਿਵੇਂ ਰੈਗੂਲਰ ਹੋਣਗੇ। ਆਗੂਆ ਨੇ ਕਿਹਾ ਕਿ ਸਰਕਾਰ ਨੇ ਕੱਚੇ ਮੁਲਾਜ਼ਮਾਂ ਨਾਲ ਪੱਕਾ ਕਰਨ ਦਾ ਵਾਅਦਾ ਕੀਤਾ ਸੀ ਜਿਸ ਤੋਂ ਸਰਕਾਰ ਹੁਣ ਭੱਜ ਰਹੀ ਹੈ। ਆਗੂਆ ਨੇ ਕਿਹਾ ਕਿ 1 ਅਪ੍ਰੈਲ 2018 ਨੂੰ ਸਰਵ ਸਿੱਖਿਆ ਅਭਿਆਨ ਤਹਿਤ ਕੰਮ ਕਰਦੇ ਅਧਿਆਪਕਾਂ ਨੂੰ ਸਾਰੇ ਲਾਭ ਦੇ ਕੇ ਰੈਗੂਲਰ ਕਰ ਦਿੱਤਾ ਗਿਆ ਸੀ ਪ੍ਰੰਤੂ ਉਸ ਸਮੇਂ ਵੀ ਦਫਤਰੀ ਕਰਮਚਾਰੀਆ ਨਾਲ ਵਿਤਕਰਾ ਕੀਤਾ ਗਿਆ ਅਤੇ ਹੁਣ ਇਸ ਸਰਕਾਰ ਵੱਲੋਂ ਵੀ ਰੈਗੂਲਰ ਦੇ ਨਾਮ ਤੇ ਸਿਰਫ ਅਖਬਾਰੀ ਪ੍ਰਚਾਰ ਕਰਕੇ ਬੁੱਤਾ ਸਾਰਿਆ ਜਾ ਰਿਹਾ ਹੈ ਜਿਸ ਕਰਕੇ ਮੁਲਾਜ਼ਮ ਹੜਤਾਲ ਕਰਨ ਨੂੰ ਮਜ਼ਬੂਰ ਹੋਏ ਹਨ।

# ਲੋਕ ਸਮੱਸਿਆਵਾਂ ਹੱਲ ਕਰਨ ਕਾਰਨ ਰਜਿੰਦਰ ਸੰਧੂ ਚਰਚਾ 'ਚ

**ਫਿਲੌਰ (ਨਿਰਮਲ)**- ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਰਜਿੰਦਰ ਸੰਧੂ ਜੋ ਕਾਫੀ ਲੰਬੇ ਸਮੇਂ ਤੋਂ ਆਮ ਆਦਮੀ ਪਾਰਟੀ 'ਚ ਸੇਵਾਵਾਂ ਨਿਭਾ ਰਹੇ ਹਨ। ਉਸ ਸਮੇਂ ਤੋਂ ਲਗਾਤਾਰ ਲੋਕ ਆਪਣੀਆਂ ਮੁਸ਼ਕਲਾਂ ਉਨ੍ਹਾਂ ਕੋਲ ਲਿਆਉਂਦੇ ਸਨ ਅਤੇ ਉਹ ਦੂਸਰੀਆਂ ਪਾਰਟੀਆਂ ਦੀਆਂ ਸਰਕਾਰਾਂ ਸਮੇਂ ਵੀ ਉਨ੍ਹਾਂ ਦੀਆਂ ਮੁਸ਼ਕਲਾਂ ਪਹਿਲ ਦੇ ਅਧਾਰ 'ਤੇ ਹੱਲ ਕਰਵਾਉਂਦੇ ਰਹੇ ਹਨ। ਪੰਜਾਬ ਵਿੱਚ ਜਦੋਂ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਸੱਤਾ ਵਿਚ ਆਈ ਹੈ, ਉਸ ਸਮੇਂ ਤੋਂ ਰਜਿੰਦਰ ਸੰਧੂ ਹੋਰ ਉਤਸ਼ਾਹ ਨਾਲ ਲੋਕਾਂ ਦੇ ਕੰਮ ਕਰਵਾ ਰਹੇ ਹਨ। ਜਿਨ੍ਹਾਂ ਦੀ ਕਾਰਗੁਜ਼ਾਰੀ ਤੋਂ ਆਪ ਵਰਕਰ ਖੁਸ਼ ਹਨ। ਸੁਖਦੇਵ ਸਿੰਘ ਵਾਸੀ ਸੰਗੋਵਾਲ ਅਤੇ ਹੋਰ ਵਰਕਰਾਂ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਬੀਤੇ ਦਿਨ ਉਨ੍ਹਾਂ ਦਾ ਮੋਟਰਸਾਈਕਲ ਮਾਓ ਸਾਹਿਬ ਗੁਰਦੁਆਰਾ ਸਾਹਿਬ ਤੋਂ ਚੋਰੀ ਹੋ ਗਿਆ ਸੀ, ਜਿਸ ਦੀ ਰਿਪੋਰਟ ਉਨ੍ਹਾਂ ਪੁਲਸ ਪ੍ਰਸ਼ਾਸਨ ਨੂੰ ਦਿੱਤੀ ਸੀ। ਪਰ ਪ੍ਰਸ਼ਾਸਨ ਵੱਲੋਂ ਕੋਈ ਕਾਰਵਾਈ ਨਹੀਂ ਕੀਤੀ। ਜਿਸ ਤੋਂ ਬਾਅਦ ਮੈਂ ਮਾਯੂਸ ਹੋ ਕੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਰਜਿੰਦਰ ਸੰਧੂ ਨੂੰ ਮਿਲਿਆ ਅਤੇ ਆਪਣੀ ਮੁਸ਼ਕਲ ਸੰਬੰਧੀ ਜਾਣੂ ਕਰਵਾਇਆ। ਜਿਸ ਤੋਂ ਬਾਅਦ ਉਨ੍ਹਾਂ ਮੈਂਬਰ ਪਾਰਲੀਮੈਂਟ ਸੁਸ਼ੀਲ ਕੁਮਾਰ ਰਿੰਕੂ ਅਤੇ ਪ੍ਰਸ਼ਾਸਨਿਕ ਅਧਿਕਾਰੀਆਂ ਨਾਲ ਸੰਪਰਕ ਕਰਕੇ ਮੇਰਾ ਮੋਟਰਸਾਈਕਲ ਬਰਾਮਦ ਕਰਵਾ ਕੇ ਮੈਨੂੰ ਦਿਵਾਇਆ। ਜਿਸ 'ਤੇ ਉਨ੍ਹਾਂ ਮੈਂਬਰ ਪਾਰਲੀਮੈਂਟ ਸੁਸ਼ੀਲ ਕੁਮਾਰ ਰਿੰਕੂ ਅਤੇ ਰਜਿੰਦਰ ਸੰਧੂ ਦਾ ਧੰਨਵਾਦ ਕੀਤਾ। ਇਸ ਤਰ੍ਹਾਂ ਲੋਕਾਂ ਦੇ ਕੰਮ ਪਹਿਲ ਦੇ ਆਧਾਰ 'ਤੇ ਕਰਵਾਉਣ ਕਾਰਨ ਹਲਕੇ ਵਿੱਚ ਚਰਚਾ 'ਚ ਹਨ।

# ਕਿਸਾਨ ਜਥੇਬੰਦੀਆਂ ਨੇ ਆਮ ਆਦਮੀ ਪਾਰਟੀ ਤੇ ਮੋਦੀ ਸਰਕਾਰ ਦਾ ਫੂਕਿਆ ਪੁਤਲਾ

ਰੋਪੜ (ਬਿੰਦਰਾ) ਰੋਪੜ ਦੀਆਂ ਕਿਸਾਨ ਜਥੇਬੰਦੀਆਂ ਵੱਲੋਂ ਰਣਜੀਤ ਬਾਗ ਵਿਚ ਇਕੱਠੇ ਹੋ ਕੇ ਡਿਪਟੀ ਕਮਿਸ਼ਨਰ ਦਫਤਰ ਵੱਲ ਮਾਰਚ ਕੀਤਾ ਗਿਆ ਅਤੇ ਆਮ ਆਦਮੀ ਪਾਰਟੀ ਦਾ ਅਤੇ ਮੋਦੀ ਸਰਕਾਰ ਦਾ ਪੁਤਲਾ ਫੂਕਿਆ ਗਿਆ। ਪੰਜਾਬ ਸਰਕਾਰ ਅਤੇ ਮੋਦੀ ਸਰਕਾਰ ਵਿਰੁੱਧ ਰੋਹ ਭਰਪੂਰ ਨਾਅਰੇਬਾਜ਼ੀ ਕੀਤੀ ਗਈ। ਕਿਸਾਨ ਆਗੂ ਮੋਹਣ ਸਿੰਘ ਧਮਾਣਾ, ਵੀਰ ਸਿੰਘ ਬੜਵਾ, ਦਲੀਪ ਸਿੰਘ ਘਨੌਲਾ ਨੇ ਦੱਸਿਆ ਕਿ ਕਿਸਾਨ ਜਥੇਬੰਦੀਆਂ ਵੱਲੋਂ ਮੂੰਗੀ ਅਤੇ ਮੱਕੀ ਦੀ ਫਸਲ ਦੀ ਖਰੀਦ ਕਰਵਾਉਣ ਸੰਬੰਧੀ 27 ਜੂਨ ਨੂੰ ਮੁਖ ਮੰਤਰੀ ਦੇ ਦਫਤਰ ਅੱਗੇ ਪ੍ਰਦਰਸ਼ਨ ਕੀਤਾ ਗਿਆ ਸੀ ਖੇਤੀਬਾੜੀ ਮੰਤਰੀ ਵੱਲੋਂ ਵਿਸਵਾਸ ਦੁਆਇਆ ਗਿਆ ਸੀ ਕਿ ਕਿਸਾਨ ਜਥੇਬੰਦੀਆਂ ਦੀ ਮੀਟਿੰਗ ਮੁੱਖ ਮੰਤਰੀ ਨਾਲ ਕਰਵਾਈ ਜਾਵੇਗੀ ਅਤੇ ਮੱਕੀ ਦੀ ਐਮ ਐਸ ਪੀ ਉਤੇ ਖਰੀਦ ਕੀਤੀ ਜਾਵੇਗੀ ਪਰ ਸਰਕਾਰ ਵੱਲੋਂ ਕੋਈ ਵੀ ਵਾਅਦਾ ਪੂਰਾ ਨਹੀਂ ਕੀਤਾ ਗਿਆ। ਪੰਜਾਬ ਵਿੱਚ ਕੇਵਲ ਦੁਆਬੇ ਦੇ ਜ਼ਿਲਿਆਂ ਵਿਚ ਕੁਝ ਕੁ ਮੰਡੀਆਂ ਖਰੀਦ ਕਰਦੀਆਂ ਹਨ ਜਿਸ ਵਿੱਚ ਵਪਾਰੀ ਆਪਣੀ ਮਰਜ਼ੀ ਖਰੀਦ ਕਰਦੇ ਹਨ। ਹਜ਼ਾਰ / ਬਾਰਾਂ ਸੌ ਪ੍ਰਤੀ ਕੁਇੰਟਲ ਮੁੱਲ ਦੇਂਦੇ ਹਨ। ਰੋਪੜ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਖਰੀਦ ਨਹੀਂ ਕੀਤੀ ਜਾਂਦੀ। ਕਿਸਾਨਾਂ ਦਾ ਕਹਿਣਾ ਹੈ ਕਿ ਰੋਪੜ ਜ਼ਿਲ੍ਹੇ ਵਿੱਚ ਮੱਕੀ ਬੀਜੀ ਜਾਂਦੀ ਹੈ, ਪਰ ਰੋਪੜ ਜ਼ਿਲ੍ਹੇ ਨਾਲ ਵਿਤਕਰਾ ਕੀਤਾ ਜਾ ਰਿਹਾ ਹੈ। ਮੰਗ ਕੀਤੀ ਗਈ ਕਿ ਸਾਰੇ ਬਲਾਕਾਂ ਵਿੱਚ ਖਰੀਦ ਕੀਤੀ ਜਾਵੇ ਅਤੇ ਖਰੀਦ ਸੰਬੰਧੀ ਮਸ਼ੀਨਰੀ ਦਾ ਪ੍ਰਬੰਧ ਕੀਤਾ ਜਾਵੇ। ਕਿਸਾਨ ਆਗੂ ਧਰਮਪਾਲ ਸੈਣੀ, ਜਗਦੀਪ ਸਿੰਘ ਪੜ੍ਹੀ, ਹਰਪ੍ਰੀਤ ਸਿੰਘ ਭੱਟੇ, ਦਰਸ਼ਨ ਸਿੰਘ ਬੜਵਾ, ਗਰਨੇਵ ਸਿੰਘ ਜੇਤੇਵਾਲ, ਤਰਲੋਚਨ ਸਿੰਘ, ਦਵਿੰਦਰ ਸਰਬਲੀ, ਜਰਨੈਲ ਸਿੰਘ ਮਗਰੋੜ, ਗੁਰਦੇਵ ਸਿੰਘ ਬਾਗੀ, ਜਰਨੈਲ ਸਿੰਘ ਘਨੌਲਾ, ਬਲਬੀਰ ਸਿੰਘ ਮੰਨੇ, ਹਰਬੰਸ ਸਿੰਘ ਬੈਂਸਾਂ, ਦਲਜੀਤ ਬੜਵਾ ਮਨਜੀਤ ਸਿੰਘ ਲਾਡਵਾ ਆਦਿ ਹਾਜ਼ਰ ਸਨ।

# ਪੀਰ ਬਾਬਾ ਰਾਫਤੇ ਸ਼ਾਹ ਦੀ ਯਾਦ 'ਚ ਸਾਲਾਨਾ ਜੋੜ ਮੇਲਾ ਕਰਵਾਇਆ





**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਦਰਬਾਰ ਪੀਰ ਬਾਬਾ ਰਾਫਤੇ ਸ਼ਾਹ ਜੀ ਪਿੰਡ ਮੇਹਟੀਆਣਾ ਵਿਖੇ ਬ੍ਰਹਮਲੀਨ ਸੱਚਖੰਡ ਵਾਸੀ ਸਾਈਂ ਗੁਰਬਚਨ ਸ਼ਾਹ ਜੀ ਦੇ ਅਸ਼ੀਰਵਾਦ ਸਦਕਾ ਸਾਲਾਨਾ ਜੋੜ ਮੇਲਾ ਮੌਜੂਦਾ ਗੱਦੀਨਸ਼ੀਨ ਸਾਈਂ ਮਦਨ ਸ਼ਾਹ ਜੀ ਦੀ ਦੇਖ ਰੇਖ ਹੇਠ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਕਰਵਾਇਆ ਗਿਆ। ਡੇਰੇ ਦੇ ਮੁੱਖ ਸੇਵਾਦਾਰ ਬਾਬਾ ਮਦਨ ਲਾਲ ਨੇ ਦੱਸਿਆ ਕਿ ਝੰਡਾ ਚੜ੍ਹਾਉਣ, ਚਾਦਰ ਚੜ੍ਹਾਉਣ ਤੇ ਚਿਰਾਗ ਰੋਸ਼ਨ ਕਰਨ ਦੀ ਰਸਮ ਅਦਾ ਕੀਤੀ ਗਈ। ਨੌਸ਼ਾਦ ਚਿਸ਼ਤੀ ਕਵਾਲ ਐਂਡ ਪਾਰਟੀ ਕਲੀਅਰ ਸ਼ਰੀਫ, ਮਾਸਟਰ ਗੁਰਸ਼ਾਨ, ਓਂਕਾਰ ਐਂਡ ਪਾਰਟੀ, ਬਲਵਿੰਦਰ ਸੋਨੂੰ ਸੂਫੀ ਗਾਇਕ ਆਦਿ ਵੱਲੋਂ ਪੀਰਾਂ ਦੀ ਮਹਿਮਾ ਦਾ ਗੁਣਗਾਨ ਕੀਤਾ। ਬਾਬਾ ਪ੍ਰਦੀਪ ਕੁਮਾਰ ਕੋਟਲਾ, ਬਾਬਾ ਮੋਤਾ ਸਿੰਘ ਮਸਤਾਨਾ ਮੇਹਟੀਆਣਾ, ਬਾਬਾ ਜਸਵੰਤ ਸਿੰਘ ਜੱਸਾ ਖੰਨੌੜਾ, ਸਾਈਂ ਕਮਲਜੀਤ ਕੁਮਾਰੀ ਮੇਹਟੀਆਣਾ, ਡਾਕਟਰ ਮਹਿੰਦਰ ਮੇਹਟੀਆਣਾ, ਬਾਬਾ ਬਾਗੀ ਮੇਹਟੀਆਣਾ, ਪੂਰਨ ਚੰਦ ਮੇਹਟੀਆਣਾ, ਬਾਬਾ ਸਿੰਦੀ ਕੰਦੋਲਾ, ਬਾਬਾ ਮੁਲਕ ਰਾਜ ਕੰਦੋਲਾ, ਬਾਬਾ ਚਮਨ ਲਾਲ ਹਾਰਟਾ, ਬਾਬਾ ਬਿੱਟੂ, ਬਾਬਾ ਜੋਗ ਰਾਜ ਉਦੇਸੀਆ, ਬਾਬਾ ਰਵਿੰਦਰ ਸਿੰਘ ਹੈਪੀ ਪਧਿਆਣਾ, ਬਾਬਾ ਅਮਰਜੀਤ ਸਿੰਘ ਪਧਿਆਣਾ ਆਦਿ ਨੇ ਹਾਜਰੀ ਭਰੀ।

# ਸਿਖਿਆਰਥੀਆਂ ਨੂੰ ਮੁਫਤ ਕਿਤਾਬਾਂ ਤੇ ਵਰਦੀਆਂ ਵੰਡੀਆਂ




**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)** ਪੰਜਾਬ ਹੁਨਰ ਵਿਕਾਸ ਮਿਸ਼ਨ ਵੱਲੋਂ ਚਲਾਈ ਜਾ ਰਹੀ ਸਕੀਮ ਦੀਨ ਦਿਆਲ ਉਪਾਧਿਆਏ ਗ੍ਰਾਮੀਣ ਕੌਸ਼ਲਿਆ ਯੋਜਨਾ ਦੇ ਅਧੀਨ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਬਲਰਾਜ ਸਿੰਘ ਦੀ ਅਗਵਾਈ ਵਿੱਚ ਚਲਾਏ ਜਾ ਰਹੇ ਹੋਮ ਹੈਲਥ ਏਡੀ ਦਾ ਕੋਰਸ ਕਰ ਰਹੇ ਬੱਚਿਆਂ ਨੂੰ ਅੱਜ ਮੁਫਤ ਕਿਤਾਬਾਂ ਅਤੇ ਵਰਦੀਆਂ ਵੰਡੀਆਂ ਗਈਆਂ। ਇਸ ਮੌਕੇ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਦਫਤਰ ਵੱਲੋ ਜਿਲਾ ਫੀਲਡ ਮੈਨਜਰ ਮਹਿੰਦਰ ਸਿੰਘ ਰਾਣਾ, ਜ਼ਿਲ੍ਹਾ ਪਲੇਸਮੈਂਟ ਅਫਸਰ ਰਮਨ ਭਾਰਤੀ ਅਤੇ ਜ਼ਿਲ੍ਹਾ ਮੋਬਲਾਇਜਰ ਅਫਸਰ ਸੁਨੀਲ ਕੁਮਾਰ ਆਦਿ ਹਾਜਰ ਸਨ। ਉਨ੍ਹਾਂ ਦੱਸਿਆ ਕਿ ਇਸ ਕੋਰਸ ਦੀ ਯੋਗਤਾ ਦਸਵੀਂ ਪਾਸ ਹੈ ਅਤੇ ਇਹ ਪਿੰਡਾਂ ਦੀਆਂ ਲੜਕੀਆਂ ਲਈ ਬਿਲਕੁਲ ਮੁਫਤ ਹੈ। ਉਨ੍ਹਾਂ ਦੱਸਿਆ ਕਿ ਇਨ੍ਹਾਂ ਕੋਰਸਾਂ ਦਾ ਮੰਤਵ ਬੇਰੁਜਗਾਰ ਲੜਕੀਆਂ ਨੂੰ ਹੁਨਰਮੰਦ ਬਣਾ ਕੇ ਰੁਜਗਾਰ ਮੁਹੱਈਆ ਕਰਵਾਉਣਾ ਹੈ। ਉਨ੍ਹਾਂ ਦੱਸਿਆਂ ਕਿ ਲੜਕੀਆਂ ਲਈ ਇਹ ਕੋਰਸ ਮਦਰ ਮੈਰੀ ਨਰਸਿੰਗ ਕਾਲਜ ਹੁਸਿਆਰਪੁਰ ਨਸਰਾਲਾ ਵਿਖੇ ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਥੇ ਸਿਖਿਆਰਥੀ ਮੁਫ਼ਤ ਸਿੱਖਿਆ ਪ੍ਰਾਪਤ ਕਰਕੇ ਆਪਣਾ ਭਵਿੱਖ ਰੌਸ਼ਨ ਕਰ ਸਕਦੇ ਹਨ।

# ਸੈਂਟਰ ਆਫ ਐਕਸੀਲੈਂਸ ਦੇ ਵਿਦਿਆਰਥੀਆਂ ਨੂੰ ਅਧਿਐਨ ਸਮੱਗਰੀ ਦੀ ਵੰਡ




**ਫਗਵਾੜਾ ( ਜਸਵਿੰਦਰ ਢੱਡਾ )** ਐਸ ਡੀ ਐਮ ਫਗਵਾੜਾ ਡਾ.ਜੈ ਇੰਦਰ ਵਲੋਂ ਸੈਂਟਰ ਆਫ ਐਕਸੀਲੈਂਸ ਰਾਮਗੜ੍ਹੀਆ ਆਈ.ਟੀ.ਆਈ. ਕਾਲਜ ਫਗਵਾੜਾ ਵਿਖੇ ਆਟੋਮੋਟਿਵ ਮਸ਼ੀਨ ਅਪਰੇਟਰ,ਇਲੈਕਟ੍ਰੀਕਲ ਅਤੇ ਇਲੈਕਟ੍ਰੋਨਿਕਸ ਅਸੈਂਬਲੀ ਫਿਟਰ ਦੇ ਪਹਿਲੇ ਬੈਚ ਨੂੰ ਅਧਿਐਨ ਸਮੱਗਰੀ ਦੀ ਵੰਡ ਕੀਤੀ ਗਈ। ਸਮਾਗਮ ਦੌਰਾਨ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ ਰਾਜ ਦੇ ਬੇਰੁਜ਼ਗਾਰ ਨੌਜਵਾਨਾਂ ਨੂੰ ਹੁਨਰ ਸਿਖਲਾਈ ਦੇਣ ਦੇ ਮਕਸਦ ਨਾਲ ਰਾਮਗੜ੍ਹੀਆ ਆਈ.ਟੀ.ਆਈ. ਕਾਲਜ ਰਾਮਪੁਰ ਕਲਿਆਣ ,ਫਗਵਾੜਾ ਵਿਖੇ ਇੱਕ ਸਮੇਂ 240 ਪ੍ਰਾਰਥੀਆਂ ਦੀ ਸਮਰੱਥਾ ਵਾਲਾ "ਸੈਂਟਰ ਆਫ ਐਕਸੀਲੈਂਸ" ਚਲਾਇਆ ਜਾ ਰਿਹਾ ਹੈ,ਜਿਸ ਤਹਿਤ ਆਟੋਮੋਟਿਵ ਮਸ਼ੀਨ ਅਪਰੇਟਰ,ਇਲੈਕਟ੍ਰੀਕਲ ਅਤੇ ਇਲੈਕਟ੍ਰੋਨਿਕਸ ਅਸੈਂਬਲੀ ਫਿਟਰ ਦੇ ਪਹਿਲੇ ਬੈਚ ਦੇ ਵਿਦਿਆਰਥੀਆਂ ਨੂੰ ਟ੍ਰੇਨਿੰਗ ਅਤੇ ਲਰਨਿੰਗ ਮਟੀਰੀਅਲ ਦੀਆਂ ਕਿੱਟਾਂ ਦੀ ਵੰਡ ਕੀਤੀ ਗਈ। ਉਨ੍ਹਾਂ ਦੱਸਿਆ ਕਿ ਟ੍ਰੇਨਿੰਗ ਦੌਰਾਨ ਕੌਂਸਲਿੰਗ ਸੈਸ਼ਨ, ਇੰਡਕਸ਼ਨ, ਫਰੈਸ਼ਰ ਪਾਰਟੀ ਦੇ ਨਾਲ ਸਭਿਆਚਾਰਕ ਪ੍ਰੋਗਰਾਮ, ਸ਼੍ਰੇਣੀ-ਵੰਡ, ਗੈਸਟ ਲੈਕਚਰ, ਇੰਡਸਟਰੀ ਵਿਜਿਟਸ, ਪ੍ਰੀ-ਪਲੇਸਮੈਂਟ ਟਾਸਕ, ਕਰੀਅਰ ਗਾਈਡੈਂਸ, ਸਖਸ਼ੀਅਤ ਨਿਖਾਰ ਸੈਸ਼ਨ, ਮੌਨੀਟਰਿੰਗ ਅਤੇ ਮੋਟੀਵੇਸ਼ਨਲ ਸੈਸ਼ਨ, ਇੰਟਰ ਬੈਚ ਮੁਕਾਬਲੇ, ਇੰਟਰ ਬੈਚ ਖੇਡ ਮੁਕਾਬਲੇ, ਪਿਕਨਿਕ, ਸੈਲੀਬਰਿਟੀ ਵਿਜਿਟ ਵਰਗੇ ਅਨੇਕਾਂ ਮੁਕਾਬਲੇ ਕਰਵਾਏ ਜਾਂਦੇ ਹਨ। ਜ਼ਿਲ੍ਹਾ ਰੋਜ਼ਗਾਰ ਉੱਤਪਤੀ ਹੁਨਰ ਵਿਕਾਸ ਅਤੇ ਸਿਖਲਾਈ ਅਫਸਰ ਕਪੂਰਥਲਾ ਨੀਲਮ ਮਹੇ ਨੇ ਦੱਸਿਆ ਕਿ ਇਨ੍ਹਾਂ ਕੋਰਸਾਂ ਲਈ ਚਾਹਵਾਨ ਉਮੀਦਵਾਰਾਂ ਦੀ ਬੈਚਵਾਈਜ਼ ਰਜਿਸਟ੍ਰੇਸ਼ਨ ਕਰਕੇ ਮਾਹਿਰ ਟ੍ਰੇਨਰਾਂ ਤੋਂ ਸਿਖਲਾਈ ਪ੍ਰਾਪਤ ਕਰਵਾਉਣ ਦੇ ਨਾਲ-ਨਾਲ ਇੰਡਸਟਰੀ ਵਿਜਿਟ ਵੀ ਕਰਵਾਈ ਜਾਂਦੀ ਹੈ।

# ਬਿਜਲੀ ਕੱਟਾਂ ਤੋਂ ਔਖੇ ਢੇਰ ਵਾਸੀਆਂ ਨੇ ਕੀਤਾ ਰੋਸ ਪ੍ਰਗਟ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**-ਲਗਾਤਾਰ ਲੱਗ ਰਹੇ ਬਿਜਲੀ ਕੱਟਾਂ ਨੇ ਲੋਕਾਂ ਦਾ ਜੀਵਨ ਦੁੱਭਰ ਕੀਤਾ ਹੋਇਆ ਹੈ। ਇਸ ਦੇ ਨਾਲ ਹੀ ਆਰਥਕ ਮਾਰ ਦਾ ਵੀ ਸਾਹਮਣਾ ਕਰਨਾ ਪੈ ਰਿਹਾ। ਜਿਸ ਦੇ ਰੋਸ ਵਜੋਂ ਅੱਜ ਪਿੰਡ ਢੇਰ ਵਾਸੀਆਂ ਨੇ ਇਕੱਠੇ ਹੋ ਕੇ ਰੋਸ ਦਾ ਪ੍ਰਗਟਾਵਾ ਕੀਤਾ। ਇਸ ਮੌਕੇ ਕੁੱਲ ਹਿੰਦ ਕਿਸਾਨ ਸਭਾ ਦੇ ਪ੍ਰਧਾਨ ਕਾਮਰੇਡ ਸੁਰਜੀਤ ਸਿੰਘ ਢੇਰ, ਮਜ਼ਦੂਰ ਆਗੂ ਬਰਜਿੰਦਰ ਸਿੰਘ ਡੋਡ ਨੇ ਦੱਸਿਆ ਕਿ ਪਿਛਲੇ ਦਿਨਾਂ ਤੋਂ ਲਗਾਤਾਰ ਬਿਜਲੀ ਦੇ ਕੱਟ ਲੱਗ ਰਹੇ ਹਨ। ਗਰੀਬ ਲੋਕਾਂ ਨੂੰ ਅਤੀ ਦੀਆਂ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਕੱਟਾਂ ਕਾਰਨ ਫਰਿੱਜਾਂ, ਟੈਲੀਵਿਜ਼ਨ ਹੋਰ ਇਲੈਕਟ੍ਰਾਨਿਕ ਸਮਾਨ ਖਰਾਬ ਹੋ ਰਿਹਾ ਹੈ। ਅੱਤ ਦੀ ਗਰਮੀ ਵਿੱਚ ਨਿਰਭਾ ਔਖਾ ਹੋ ਰਿਹਾ ਹੈ। ਉਨ੍ਹਾਂ ਦੱਸਿਆ ਕਿ ਬਿਨਾਂ ਹਨੇਰੀ ਤੋਂ ਬਿਜਲੀ ਗੁੱਲ ਰਹਿੰਦੀ ਹੈ। ਪਿੰਡ ਵਾਸੀਆਂ ਨੇ ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮਟਿਡ ਤੇ ਜ਼ਿਲ੍ਹਾ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਬਿਜਲੀ ਲਗਾਤਾਰ ਲੱਗ ਰਹੇ ਕੱਟਾਂ ਤੋਂ ਨਿਜਾਤ ਦਿਵਾਈ ਜਾਵੇ। ਜੇਕਰ ਕੱਟ ਇਸੇ ਤਰ੍ਹਾਂ ਜਾਰੀ ਰਹੇ ਤਾਂ ਸਮੂਹ ਪਿੰਡ ਵਾਸੀ ਧਰਨਾ ਪ੍ਰਦਰਸ਼ਨ ਕਰਨ ਲਈ ਮਜਬੂਰ ਹੋਣਗੇ। ਇਸ ਕਰਕੇ ਫੌਰੀ ਕਦਮ ਚੁੱਕੇ ਜਾਣ। ਇਸ ਮੌਕੇ ਲੇਖ ਸਿੰਘ, ਰਿੰਕਾ ਚੌਧਰੀ, ਅਨਿਲ ਕੁਮਾਰ ਡੋਡ, ਸ਼ਿਵ ਕੁਮਾਰ, ਜੋਗਾ ਸਿੰਘ, ਮਸਕੀਨ ਕੌਰ ਭੰਗਲ, ਸਵਰਨ ਕੌਰ, ਯਮਨਾ ਦੇਵੀ, ਦੇਸਾਂ, ਸੁਭਾ ਦੇਵੀ, ਪਰਮਜੀਤ ਕੌਰ ਸਮੇਤ ਹੋਰ ਪਿੰਡ ਵਾਸੀ ਹਾਜ਼ਰ ਸਨ।

# ਅੰਗਹੀਣ ਵਿਅਕਤੀਆਂ ਲਈ ਲਗਾਇਆ ਵਿਸ਼ੇਸ਼ ਕੈਂਪ

**ਨੂਰਮਹਿਲ ( ਬਾਲ ਕ੍ਰਿਸ਼ਨ ਬਾਲੀ)**- ਸਿਵਲ ਸਰਜਨ ਜਲੰਧਰ ਡਾ. ਰਮਨ ਸ਼ਰਮਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਐਸ ਐਮ ਓ ਡਾ. ਵੀਨਾ ਦੀ ਅਗਵਾਈ ਹੇਠ ਬੁੱਧਵਾਰ ਨੂੰ ਸੀ ਐਚ ਸੀ, ਨੂਰਮਹਿਲ ਵਿਖੇ ਅੰਗਹੀਣ ਵਿਅਕਤੀਆਂ ਲਈ ਵਿਸ਼ੇਸ਼ ਕੈਂਪ ਲਗਾਇਆ ਗਿਆ। ਇਸ ਕੈਂਪ ਦੌਰਾਨ ਅੰਗਹੀਣ ਵਿਅਕਤੀਆਂ ਦੀ ਜਾਂਚ ਕਰਕੇ ਉਨਾਂ ਦੇ ਅੰਗਹੀਣਤਾ ਸਰਟੀਫਿਕੇਟ ਬਣਾਏ ਗਏ। ਐਸ. ਐਮ. ਓ. ਡਾ. ਵੀਨਾ ਨੇ ਕਿਹਾ ਕਿ ਸਰਕਾਰੀ ਹਸਪਤਾਲ ਨੂਰਮਹਿਲ ਵਿਖੇ ਲੱਗੇ ਕੈਂਪ 'ਚ ਲਾਭਪਾਤਰੀਆਂ ਨੇ ਕੈਂਪ ਦਾ ਭਰਪੂਰ ਫਾਇਦਾ ਲਿਆ। ਉਨਾਂ ਕਿਹਾ ਕਿ ਦਿਵਿਆਂਗਤਾ ਸਰਟੀਫਿਕੇਟ ਬਣਾਉਣ ਤੋਂ ਇਲਾਵਾ ਮੁਫਤ ਇਲਾਜ ਵਾਲੇ ਆਯੂਸ਼ਮਾਨ ਬੀਮਾ ਕਾਰਡ ਵੀ ਬਣਾਏ ਜਾਂਦੇ ਹਨ । ਉਨ੍ਹਾਂ ਕਿਹਾ ਕਿ ਯੂ. ਡੀ. ਆਈ. ਡੀ ਕਾਰਡ ਰਾਹੀਂ ਦਿਵਿਆਂਗ ਵਿਅਕਤੀ ਵੱਖ ਵੱਖ ਸਰਕਾਰੀ ਸਕੀਮਾਂ ਦਾ ਲਾਭ ਲੈ ਸਕਦੇ ਹਨ। ਇਸ ਵਿਸ਼ੇਸ਼ ਮੌਕੇ ਐਸ ਐਮ ਓ ਡਾ. ਵੀਨਾ , ਡਾਕਟਰਾਂ ਦੀ ਟੀਮ, ਸਮੂਹ ਸਟਾਫ ਮੈਂਬਰ ਹਾਜ਼ਰ ਰਹੇ ।



# ਘੁੰਮਣਾਂ 'ਚ ਬਾਬਾ ਗੁਲਾਮ ਸ਼ਾਹ ਦੀ ਯਾਦ 'ਚ ਮੇਲਾ ਮਨਾਇਆ



**ਬਹਿਰਾਮ (ਅਵਤਾਰ ਕਲੇਰ)**- ਦਰਬਾਰ ਹਜ਼ਰਤ ਪੀਰ ਬਾਬਾ ਗੁਲਾਮ ਸ਼ਾਹ ਜੀ ਰੌਜ਼ਾ ਬਾਗ ਸ਼ਰੀਫ ਘੁੰਮਣਾਂ ਵਿਖੇ ਸਲਾਨਾ ਮੇਲਾ ਗੱਦੀ ਨਸ਼ੀਨ ਮਾਈ ਮਾਣੋ ਸ਼ਾਹ ਦੀ ਰਹਿਨੁਮਾਈ, ਪ੍ਰਬੰਧਕ ਕਮੇਟੀ, ਗ੍ਰਾਮ ਪੰਚਾਇਤ, ਐਨ ਆਰ ਆਈ ਵੀਰਾਂ, ਅਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਮਨਾਇਆ ਗਿਆ । ਇਸ ਦੋ ਦਿਨਾ ਮੇਲੇ ਦੌਰਾਨ ਪਹਿਲੇ ਦਿਨ ਝੰਡੇ ਦੀ ਰਸਮ, ਮਹਿੰਦੀ ਦੀ ਰਸਮ, ਚਿਰਾਗਾਂ ਦੀ ਰਸਮ ਅਦਾ ਕੀਤੀ। ਦੂਸਰੇ ਦਿਨ ਚਾਦਰ ਦੀ ਰਸਮ ਉਪਰੰਤ ਸਟੇਜ ਸਜਾਈ ਗਈ ਜਿਸ ਵਿੱਚ ਪੰਜਾਬ ਦੇ ਮਸ਼ਹੂਰ ਕਲਾਕਾਰ ਨੂਰਾਂ ਸਿਸਟਰਜ਼, ਮਾਸ਼ਾ ਅਲੀ, ਬਲਵਿੰਦਰ ਸੋਨੂੰ, ਇਸਰਤ ਅਲੀ, ਸੱਤੀ ਖੋਖੇਵਾਲੀਆ, ਰਿਪਨ ਬੰਗਾ ਤੋਂ ਇਲਾਵਾ ਕਵਾਲ ਪਾਰਟੀਆਂ ਨੇ ਹਾਜ਼ਰੀਆਂ ਭਰੀਆਂ । ਵੱਖ ਵੱਖ ਦਰਬਾਰਾਂ ਤੋਂ ਸੰਤ ਮਹਾਂਪੁਰਸ਼ਾਂ ਨੇ ਸ਼ਿਰਕਤ ਕੀਤੀ। ਚਾਹ ਪਕੌੜੇ ਅਤੇ ਲੰਗਰ ਅਤੁੱਟ ਵਰਤਾਇਆ ਗਿਆ। ਗੱਦੀ ਨਸ਼ੀਨ ਮਾਈ ਮਾਣੋ ਸ਼ਾਹ ਵੱਲੋਂ ਪਹੁੰਚੇ ਹੋਏ ਮਹਾਂਪੁਰਸ਼ਾਂ ਅਤੇ ਸੇਵਾਦਾਰਾਂ ਨੂੰ ਸਨਮਾਨਤ ਕੀਤਾ ਗਿਆ । ਇਸ ਮੌਕੇ ਡਾ. ਕੁਲਦੀਪ ਬੈਂਸ ਸਾਬਕਾ ਸਰਪੰਚ, ਧਰਮਪਾਲ ਬੈਂਸ ਸਰਪੰਚ, ਯੋਗੇਸ਼ ਕੁਮਾਰ ਬਿੱਟੂ , ਸੁਰਿੰਦਰ ਸਿੰਘ ਸ਼ਾਹ, ਕੇਵਲ ਸਿੰਘ ਕੇਬਾ, ਪਾਲ ਨੰਬਰਦਾਰ, ਡਾ. ਰੇਸ਼ਮ ਸਿੰਘ ਸੰਘਾ, ਸੁਖਵਿੰਦਰ ਸਿੰਘ ਬਿੱਲਾ, ਰੇਸ਼ਮ ਸਿੰਘ ਸਾਬਕਾ ਸਰਪੰਚ, ਪਰਮਜੀਤ ਭੋਗਲ, ਸੱਤਪਾਲ ਸਿੰਘ, ਹਰਪ੍ਰੀਤ ਸਿੰਘ, ਲਵਪ੍ਰੀਤ ਸਿੰਘ, ਤੇਗਵੀਰ ਸਿੰਘ ਤੋਂ ਇਲਾਵਾ ਸੰਗਤਾਂ ਹਾਜ਼ਰ ਸਨ ।

# ਸ੍ਰੀ ਰਾਮ ਨਾਮ ਅੰਮ੍ਰਿਤਵਾਣੀ ਅਖੰਡ ਜਾਪ ਕੱਲ੍ਹ

**ਕਰਤਾਰਪੁਰ, (ਹਰਮੇਸ਼ ਦੱਤ )** ਸ੍ਰੀ ਰਾਮ ਸਰਨਮ ਆਸਰਮ ਗੋਹਾਣਾ ਵੱਲੋਂ ਸਮੂਹ ਰਾਮਸੇਵਕ ਕਰਤਾਰਪੁਰ ਦੀ ਤਰਫੋਂ ਸ੍ਰੀ ਅਮ੍ਰਿਤਵਾਣੀ ਸੰਕੀਰਤਨ ਅਤੇ ਅਖੰਡ ਜਾਪ ਦਾ ਆਯੋਜਨ 9 ਜੁਲਾਈ ਦਿਨ ਐਤਵਾਰ ਨੂੰ ਗਊਸ਼ਾਲਾ ਮੰਦਿਰ ਕਰਤਾਰਪੁਰ ਵਿਖੇ ਬੜੀ ਸਰਧਾ ਭਾਵਨਾ ਨਾਲ ਇਸ ਸਬੰਧੀ ਰਾਮ ਸੇਵਕ ਨੇ ਦੱਸਿਆ ਕਿ 9 ਜੁਲਾਈ ਦਿਨ ਐਤਵਾਰ ਨੂੰ ਸਾਮ 5 ਵਜੇ ਅਖੰਡ ਜਾਪ ਆਰੰਭ ਹੋਵੇਗਾ, ਜਿਸ ਦੀ ਸੰਪੂਰਨਤਾ ਸਾਮ 6 ਵਜੇ ਹੋਵੇਗੀ, ਉਪਰੰਤ ਸਰਧਾਲੂਆਂ ਲਈ ਸ੍ਰੀ ਰਾਮ ਨਾਮ ਅੰਮ੍ਰਿਤਵਾਣੀ ਸੰਕੀਰਤਨ ਦਾ ਆਯੋਜਨ ਕੀਤਾ ਜਾਵੇਗਾ ਅਤੇ ਭੰਡਾਰਾ ਵੀ ਕਰਵਾਇਆ ਜਾਵੇਗਾ।

# ਡਾ. ਅਸ਼ਵਨੀ ਆਸ਼ ਕਾਂਗਰਸ ਦੇ ਜ਼ਿਲ੍ਹਾ ਜਲੰਧਰ (ਦਿਹਾਤੀ) ਦੇ ਜਨਰਲ ਸਕੱਤਰ ਨਿਯੁਕਤ



**ਫਿਲੌਰ (ਨਿਰਮਲ)**- ਡਾ.ਅਸ਼ਵਨੀ ਕੁਮਾਰ ਆਸ਼ੂ ਨੂੰ ਜ਼ਿਲ੍ਹਾ ਜਲੰਧਰ ਕਾਂਗਰਸ ਕਮੇਟੀ (ਦਿਹਾਤੀ) ਦਾ ਜਨਰਲ ਸਕੱਤਰ ਬਣਾਇਆ ਗਿਆ। ਵਕਰਮਜੀਤ ਸਿੰਘ ਚੌਧਰੀ ਐਮ.ਐਲ.ਏ ਹਲਕਾ ਫਿਲੌਰ ਨੇ ਡਾ. ਆਸ਼ੂ ਦਾ ਮੂੰਹ ਮਿੱਠਾ ਕਰਵਾਇਆ ਅਤੇ ਵਧਾਈ ਦਿੱਤੀ। ਡਾ. ਆਸ਼ੂ ਨੇ ਪੰਜਾਬ ਪ੍ਰਦੇਸ਼ ਕਾਂਗਰਸ, ਜ਼ਿਲ੍ਹਾ ਜਲੰਧਰ ਦਿਹਾਤੀ ਦੇ ਪ੍ਰਧਾਨ ਅਤੇ ਐਮ.ਐਲ.ਏ ਵਿਕਰਮਜੀਤ ਸਿੰਘ ਚੌਧਰੀ ਦਾ ਧੰਨਵਾਦ ਕੀਤਾ। ਇਸ ਮੌਕੇ 'ਤੇ ਮਹਿੰਦਰ ਰਾਮ ਚੁੰਬਰ ਪ੍ਰਧਾਨ ਨਗਰ ਕੌਂਸਲ ਫਿਲੌਰ , ਨਰਿੰਦਰ ਗੋਇਲ ਸਾਬਕਾ ਪ੍ਰਧਾਨ ਨਗਰ ਕੌਂਸਲ ਫਿਲੌਰ, ਰਾਜੇਸ਼ ਰੋਕਸੀ ਐਮ.ਸੀ, ਰਾਕੇਸ਼ ਕਾਲੀਆ ਐਮ.ਸੀ , ਰਾਜ ਕੁਮਾਰ ਹੰਸ ਸਾਬਕਾ ਐਮ.ਸੀ, ਕੇਵਲ, ਪੀਯੂਸ਼ ਅਤੇ ਹੋਰ ਹਾਜ਼ਰ ਸਨ।

# ਰਾਤ ਸਮੇਂ ਚਲਦੀ ਗੱਡੀ ਨੂੰ ਲੱਗੀ ਅੱਗ

**ਫਿਲੌਰ, (ਨਿਰਮਲ)**- ਬੀਤੀ ਰਾਤ ਨਜਦੀਕੀ ਪਿੰਡ ਦੁਸਾਂਝ ਖੁਰਦ ਹਾਈਵੇ 'ਤੇ ਚੱਲਦੀ ਗੱਡੀ ਨੂੰ ਅੱਗ ਲੱਗ ਗਈ। ਗੱਡੀ ਨੰਬਰ ਪੀ ਬੀ 13 ਏ ਡਬਲਿਊ 5083 ਜੋ ਜਲੰਧਰ ਤੋਂ ਨਾਭਾ ਜਾ ਰਹੀ ਸੀ ਤੇ ਜਦੋਂ ਉਹ ਗੁਰਾਇਆ ਪਾਰ ਕਰ ਪਿੰਡ ਦੁਸਾਂਝ ਖੁਰਦ ਹਾਈਵੇ 'ਤੇ ਪਹੁੰਚੀ ਤਾਂ ਕਿਸੇ ਤਕਨੀਕੀ ਖਰਾਬੀ ਕਾਰਨ ਚੱਲਦੀ ਗੱਡੀ ਨੂੰ ਅੱਗ ਲੱਗ ਗਈ। ਜਿਸ ਤੋਂ ਬਾਅਦ ਉਨ੍ਹਾਂ ਆਪਣੀ ਗੱਡੀ ਰੋਕੀ ਅਤੇ ਹਾਈਵੇ ਪੈਟਰੋਲੀਅਮ ਗੁਰਾਇਆ ਵਾਲਿਆਂ ਨੂੰ ਫੋਨ ਕੀਤਾ। ਜਿਸ ਤੋਂ ਬਾਅਦ ਹਾਈਵੇ ਪੈਟਰੋਲੀਅਮ ਗੁਰਾਇਆ ਦੇ ਮੁਲਾਜਮਾਂ ਏ.ਐਸ.ਆਈ ਜਸਵਿੰਦਰ ਸਿੰਘ ਅਤੇ ਏ.ਐਸ.ਆਈ ਪਰਮਜੀਤ ਸਿੰਘ ਨੇ ਪਹੁੰਚ ਕੇ ਆਸ-ਪਾਸ ਲੋਕਾਂ ਦੀ ਮੱਦਦ ਨਾਲ ਅੱਗ ਬੁਝਾਈ। ਉਨ੍ਹਾਂ ਮਕੈਨਿਕ ਬੁਲਾ ਕੇ ਗੱਡੀ ਠੀਕ ਕਰਵਾ ਕੇ ਨਾਭਾ ਲਈ ਰਵਾਨਾ ਕੀਤਾ।

# ਛਾਤੀ ਦੇ ਕੈਂਸਰ ਦੀ ਹੋਈ ਥਰਮਲ ਸਕਰੀਨਿੰਗ



**ਬੁਲੋਵਾਲ (ਇੰਦਰਜੀਤ ਵਿਰਦੀ)** ਸਿਵਲ ਸਰਜਨ ਹੁਸ਼ਿਆਰਪੁਰ ਡਾ. ਬਲਵਿੰਦਰ ਕੁਮਾਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਤੇ ਸੀਨੀਅਰ ਮੈਡੀਕਲ ਅਫਸਰ ਡਾ. ਬਲਦੇਵ ਸਿੰਘ ਦੀ ਅਗਵਾਈ ਵਿਚ ਪੀ.ਐਚ.ਸੀ. ਚੱਕੋਵਾਲ ਵਿਖੇ 8 ਜੁਲਾਈ ਤੱਕ ਛਾਤੀ ਦੇ ਕੈਂਸਰ ਦੀ ਥਰਮਾਲੈਟਿਕ ਐਨਾਲਾਈਜ਼ਰ ਮਸ਼ੀਨ ਰਾਹੀਂ ਸਕੈਨਿੰਗ ਕੀਤੀ ਜਾ ਰਹੀ ਹੈ। ਐਸ.ਐਮ.ਓ. ਡਾ. ਬਲਦੇਵ ਸਿੰਘ ਨੇ ਦੱਸਿਆ ਕਿ ਔਰਤਾਂ ਵਿਚ ਛਾਤੀ ਦੇ ਕੈਂਸਰ ਦੇ ਕੇਸਾਂ ਵਿਚ ਵਾਧਾ ਹੋ ਰਿਹਾ ਹੈ ਜਿਸ ਬਾਰੇ ਅਕਸਰ ਆਖਰੀ ਸਟੇਜ 'ਤੇ ਹੀ ਪਤਾ ਲਗਦਾ ਹੈ। ਔਰਤਾਂ ਇਸ ਸਮੱਸਿਆ ਬਾਰੇ ਅਕਸਰ ਗੱਲ ਕਰਨ ਤੋਂ ਝਿਜਕਦੀਆਂ ਹਨ। ਜੇਕਰ ਕਿਸੇ ਔਰਤ ਨੂੰ ਕੋਈ ਸਮੱਸਿਆ ਲਗਦੀ ਹੈ ਤਾਂ ਇਸ ਮਸ਼ੀਨ ਰਾਹੀਂ ਪਤਾ ਲਗਾਇਆ ਜਾ ਸਕਦਾ ਹੈ ਕਿ ਕੈਂਸਰ ਹੈ ਜਾਂ ਨਹੀਂ। 30 ਸਾਲ ਤੋਂ ਉੱਪਰ ਦੀਆਂ ਔਰਤਾਂ ਦੀ ਇਸ ਕੈਂਪ ਵਿਚ ਜਾਂਚ ਕੀਤੀ ਜਾ ਰਹੀ ਹੈ। ਡਾ. ਨਵਦੀਪ ਕੌਰ ਨੇ ਦੱਸਿਆ ਕਿ ਜੇਕਰ ਕਿਸੇ ਔਰਤ ਨੂੰ ਛਾਤੀ ਵਿਚ ਗੰਢਾਂ, ਦੋਵਾਂ ਛਾਤੀਆਂ ਵਿਚ ਫਰਕ, ਚਮੜੀ ਦਾ ਅੰਦਰ ਨੂੰ ਧਸਣਾ, ਛਾਤੀ ਵਿਚੋਂ ਰਿਸਾਅ ਆਦਿ ਦੀ ਸਮੱਸਿਆ ਹੈ ਤਾਂ ਇਹ ਕੈਂਸਰ ਹੋ ਸਕਦਾ ਹੈ। ਇਸ ਦੀ ਜਾਂਚ ਕਰਵਾ ਕੇ ਜਲਦੀ ਤੋਂ ਜਲਦੀ ਇਲਾਜ ਸ਼ੁਰੂ ਕਰਵਾ ਦੇਣਾ ਚਾਹੀਦਾ ਹੈ। ਇਸ ਮੌਕੇ ਹਰਦੀਪ ਸਿੰਘ ਬੀ.ਈ.ਈ., ਇੰਦਰਜੀਤ ਸਿੰਘ ਫਾਰਮੇਸੀ ਅਫਸਰ, ਪੂਨਮ ਸ਼ਰਮਾ, ਜਸਵਿੰਦਰ ਕੌਰ, ਮਨਜਿੰਦਰ ਕੌਰ ਆਦਿ ਹਾਜ਼ਰ ਸਨ।


# ਜਨਮ ਦਿਨ ਮੁਬਾਰਕ



ਧਾਨੀ ਮਿੱਤਲ (ਨਾਭਾ)

# ਵਰ੍ਹੇਗੰਢ ਮੁਬਾਰਕ



ਕੁਲਵਿੰਦਰ ਕੌਰ ਤੇ ਡਾ. ਅਵਤਾਰ ਬਾਲੀ ਵੱਲੋਂ ਆਪਣੀ 28ਵੀਂ ਵਰ੍ਹੇਗੰਢ 'ਤੇ ਮੁਬਾਰਕਾਂ।


# ਸੈਣੀ ਭਵਨ 'ਚ ਲਗਾਇਆ ਜਾਵੇਗਾ ਖ਼ੂਨਦਾਨ ਕੈਂਪ ਤੇ ਮੈਗਜ਼ੀਨ 'ਸੈਣੀ ਸੰਸਾਰ' ਦਾ 49ਵਾਂ ਅੰਕ ਹੋਵੇਗਾ ਲੋਕ ਅਰਪਣ

ਰੂਪਨਗਰ (ਨ ਜ਼ ਸ)- ਸਮਾਜ ਸੇਵੀ ਸੰਸਥਾ ਕਾਕਾ ਰਾਮ ਸੈਣੀ ਚੈਰੀਟੇਬਲ ਟਰੱਸਟ (ਰਜਿ.) ਵੱਲੋਂ ਅੱਜ 8 ਜੁਲਾਈ 2023 ਦਿਨ ਸ਼ਨੀਵਾਰ ਨੂੰ ਸੈਣੀ ਭਵਨ ਵਿਖੇ 20ਵਾਂ ਖ਼ੂਨਦਾਨ ਕੈਂਪ ਲਗਾਉਣ ਅਤੇ ਇਸੇ ਦਿਨ ਸੰਸਥਾ ਵੱਲੋਂ ਪ੍ਰਕਾਸ਼ਿਤ ਕੀਤਾ ਜਾਂਦਾ ਤਿਮਾਹੀ ਮੈਗਜ਼ੀਨ "ਸੈਣੀ ਸੰਸਾਰ" ਦਾ 49ਵਾਂ ਅੰਕ ਜਾਰੀ ਕਰਨ ਲਈ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ। ਇਹ ਜਾਣਕਾਰੀ ਡਾ. ਅਜਮੇਰ ਸਿੰਘ ਤੰਬੜ ਪ੍ਰਧਾਨ ਪ੍ਰਬੰਧਕੀ ਕਮੇਟੀ ਸੈਣੀ ਭਵਨ ਨੇ ਟਰੱਸਟ ਦੀ ਮਾਸਿਕ ਮੀਟਿੰਗ ਦੌਰਾਨ ਦਿੱਤੀ। ਉਨ੍ਹਾਂ ਦੱਸਿਆ ਕਿ ਖ਼ੂਨਦਾਨ ਕੈਂਪ ਦਾ ਉਦਘਾਟਨ ਮੁੱਖ ਮਹਿਮਾਨ ਉਲੰਪੀਅਨ ਰਾਜਪਾਲ ਸਿੰਘ ਹੁੰਦਲ ਸੁਪਰਡੈਂਟ ਆਫ ਪੁਲਿਸ (ਐਚ) ਰੂਪਨਗਰ ਕਰਨਗੇ ਅਤੇ ਇਸ ਮੌਕੇ ਵਿਸ਼ੇਸ਼ ਮਹਿਮਾਨ ਵਜੋਂ ਸ਼ਹਿਰ ਦੇ ਉੱਘੇ ਸਮਾਜ ਸੇਵਕ ਸਰਜਨ ਡਾ. ਆਰ. ਐਸ. ਪਰਮਾਰ ਪਹੁੰਚ ਰਹੇ ਹਨ। ਡਾ. ਤੰਬੜ ਨੇ ਦੱਸਿਆ ਕਿ ਤਿਮਾਹੀ ਮੈਗਜ਼ੀਨ "ਸੈਣੀ ਸੰਸਾਰ" ਦਾ 49ਵਾਂ ਅੰਕ ਲੋਕ ਅਰਪਣ ਅਦਾ ਕਰਨ ਦੀ ਰਸਮ ਐਡਵੋਕੇਟ ਕਮਲ ਸੈਣੀ ਕਰਨਗੇ।

ਸੰਸਥਾਨ ਦੇ ਟਰੱਸਟੀ ਅਤੇ ਪੀ ਆਰ ਓ ਰਾਜਿੰਦਰ ਸੈਣੀ ਨੇ ਅੱਗੇ ਦੱਸਿਆ ਕਿ ਖ਼ੂਨਦਾਨ ਕੈਂਪ 8 ਜੁਲਾਈ ਨੂੰ ਸਵੇਰੇ 9 ਤੋ 1 ਵਜੇ ਤੱਕ ਚਲੇਗਾ ਅਤੇ ਕੈਂਪ 'ਚ ਰੋਟਰੀ ਐਂਡ ਬਲੱਡ ਬੈਂਕ ਸੋਸਾਇਟੀ ਰਿਸੋਰਸ ਸੈਂਟਰ, ਚੰਡੀਗੜ੍ਹ ਦੀ ਟੀਮ ਖ਼ੂਨ ਇਕੱਠਾ ਕਰੇਗੀ। ਇਸ ਕੈਂਪ ਨੂੰ ਸਫਲ ਬਣਾਉਣ ਲਈ ਜ਼ਿਲ੍ਹਾ ਪੁਲਿਸ ਸਾਂਝ ਕੇਂਦਰ ਰੂਪਨਗਰ, ਰਜ਼ਨੀ ਹਰਬਲ ਮਲਿਕਪੁਰ, ਗੁਰੂ ਨਾਨਕ ਕਰਿਆਨਾ ਸਟੋਰ ਪਪਰਾਲਾ, ਰੋਟਰੀ ਕਲੱਬ ਰੂਪਨਗਰ, ਇੰਨਰਵੀਲ ਕਲੱਬ ਰੂਪਨਗਰ ਵਲੋਂ ਭਰਪੂਰ ਸਹਿਯੋਗ ਦਿੱਤਾ ਜਾ ਰਿਹਾ ਹੈ। ਟਰੱਸਟ ਦੀ ਮਾਸਿਕ ਮੀਟਿੰਗ ਦੌਰਾਨ ਸੰਸਥਾ ਦੇ ਸਭ ਤੋਂ ਵੱਡੀ ਉਮਰ ਦੇ ਟਰੱਸਟੀ ਕੈਪਟਨ ਹਾਕਮ ਸਿੰਘ ਦਾ 89ਵਾਂ ਜਨਮ ਦਿਨ ਵੀ ਮਨਾਇਆ ਗਿਆ। ਮੀਟਿੰਗ ਦੌਰਾਨ ਸਮਾਜ ਸੇਵਾ ਨੂੰ ਸਮਰਪਤ ਨੌਜਵਾਨਾਂ ਨੂੰ ਅਪੀਲ ਕੀਤੀ ਗਈ ਕਿ ਉਹ ਖ਼ੂਨਦਾਨ ਕੈਂਪ ਵਿੱਚ ਸ਼ਾਮਲ ਹੋ ਕੇ ਲੋੜਵੰਦ ਲੋਕਾਂ ਦੀ ਮਦਦ ਲਈ ਖ਼ੂਨਦਾਨ ਕਰਨ। ਇਸ ਮੌਕੇ ਸੰਸਥਾਨ ਦੇ ਟਰੱਸਟੀ ਤੇ ਮੈਂਬਰ ਕੈਪਟਨ ਹਾਕਮ ਸਿੰਘ, ਗੁਰਮੁੱਖ ਸਿੰਘ ਸੈਣੀ, ਇੰਜ. ਹਰਜੀਤ ਸਿੰਘ, ਆਰ. ਐਸ. ਸੈਣੀ, ਡਾ. ਜਸਵੰਤ ਕੌਰ, ਬਹਾਦਰਜੀਤ ਸਿੰਘ, ਐਡਵੋਕੇਟ ਰਾਵਿੰਦਰ ਸਿੰਘ ਮੁੰਡਰਾ, ਰਾਜਿੰਦਰ ਸਿੰਘ ਨਨੂਆ, ਜਗਦੇਵ ਸਿੰਘ, ਦਲਜੀਤ ਸਿੰਘ, ਰਾਜਿੰਦਰ ਸਿੰਘ ਗਿਰਨ, ਹਰਦੀਪ ਸਿੰਘ ਆਦਿ ਹਾਜ਼ਰ ਸਨ।

# ਡਾ. ਅੰਬੇਡਕਰ ਦਾ ਸੁਪਨਾ ਪੂਰਾ ਕਰਨ ਲਈ ਆਪਣੇ ਬੱਚਿਆਂ ਨੂੰ ਵੱਧ ਤੋਂ ਵੱਧ ਪੜ੍ਹਾਓ : ਬੇਗਮਪੁਰਾ ਟਾਇਗਰ ਫੋਰਸ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਬੇਗਮਪੁਰਾ ਟਾਇਗਰ ਫੋਰਸ ਦੀ ਇੱਕ ਮੀਟਿੰਗ ਨਜਦੀਕੀ ਪਿੰਡ ਸੇਰਗੜ ਵਿਖੇ ਬਲਾਕ 2 ਦੇ ਪ੍ਰਧਾਨ ਸਤੀਸ਼ ਕੁਮਾਰ ਸੇਰਗੜ ਅਤੇ ਰਾਜ ਕੁਮਾਰ ਬੱਧਣ ਸੀਨੀਅਰ ਮੀਤ ਪ੍ਰਧਾਨ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ 'ਚ ਫੋਰਸ ਦੇ ਕੌਮੀ ਚੇਅਰਮੈਨ ਤਰਸੇਮ ਦੀਵਾਨਾ ਪੰਜਾਬ ਪ੍ਰਧਾਨ ਵੀਰਪਾਲ, ਦੋਆਬਾ ਪ੍ਰਧਾਨ ਨੇਕੂ ਅਜਨੋਹਾ ਤੇ ਜਿਲ੍ਹਾ ਪ੍ਰਧਾਨ ਹੈਪੀ ਫਤਿਹਗੜ੍ਹ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਇਸ ਮੌਕੇ ਬੇਗਮਪੁਰਾ ਟਾਇਗਰ ਫੋਰਸ 'ਚ ਕੁਝ ਬਲਾਕ 2 'ਚ ਕ੍ਰਮਵਾਰ ਜਸਵੀਰ ਸਿੰਘ ਸੇਰਗੜ ਸਕੱਤਰ, ਗਗਨਦੀਪ ਸੇਰਗੜ ਜਨਰਲ ਸਕੱਤਰ, ਬਲਵਿੰਦਰ ਸਿੰਘ ਸੇਰਗੜ ਸਕੱਤਰ, ਦਵਿੰਦਰ ਲਾਲ ਸਕੱਤਰ, ਰਾਜ ਕੁਮਾਰ ਸੇਰਗੜ ਸਕੱਤਰ, ਰਾਜ ਕੁਮਾਰ ਵਿਰਦੀ, ਮੰਗਤ ਰਾਮ ਮੰਗਾ ਉੱਪ ਪ੍ਰਧਾਨ ਆਦਿ ਨੂੰ ਨਿਯੁਕਤ ਕੀਤਾ ਗਿਆ। ਮੀਟਿੰਗ ਨੂੰ ਸੰਬੋਧਨ ਕਰਦਿਆ ਫੋਰਸ ਦੇ ਬਲਾਕ 2 ਦੇ ਪ੍ਰਧਾਨ ਜਾਬਾਜ ਪ੍ਰਧਾਨ ਸਤੀਸ਼ ਕੁਮਾਰ ਸੇਰਗੜ ਨੇ ਕਿਹਾ ਕਿ ਆਪਣੇ ਬੱਚਿਆਂ ਦਾ ਭਵਿੱਖ ਉਜਵਲ ਕਰਨ ਲਈ ਉਨ੍ਹਾਂ ਨੂੰ ਸਕੂਲਾਂ 'ਚ ਪੜ੍ਹਨ ਲਈ ਦਾਖਿਲ ਕਰਵਾਓ। ਉਨ੍ਹਾਂ ਕਿਹਾ ਕਿ ਰੋਟੀ ਬੇਸ਼ੱਕ ਇੱਕ ਘੱਟ ਖਾਹ ਲਓ, ਪਰ ਆਪਣੇ ਬੱਚਿਆਂ ਨੂੰ ਪੜ੍ਹਾਈ ਜ਼ਰੂਰ ਕਰਵਾਓ। ਇਸ ਮੌਕੇ ਹੋਰਨਾਂ ਤੋਂ ਇਲਾਵਾ ਮੀਡੀਆ ਇੰਚਾਰਜ ਚੰਦਰ ਪਾਲ ਹੈਪੀ, ਮਨਪ੍ਰੀਤ ਕੋਹਲੀ, ਅਜੈ ਕੁਮਾਰ, ਵਿੱਕੀ ਸਿੰਘ ਪੁਰਹੀਰਾ, ਗੁਰਪ੍ਰੀਤ ਕੁਮਾਰ, ਸਨੀ ਸੀਨਾ, ਭਿੰਦਾ ਸੀਨਾ, ਅਮਨਦੀਪ, ਸਤੀਸ਼ ਕੁਮਾਰ ਸੇਰਗੜ, ਚਰਨਜੀਤ ਸਿੰਘ, ਰਾਮ ਜੀ, ਪੰਮਾ ਡਾਡਾ, ਗੋਗਾ ਮਾਂਝੀ, ਰਾਜ ਕੁਮਾਰ ਬੱਧਣ, ਅਸ਼ੋਕ ਕੁਮਾਰ, ਡਿੰਪੀ, ਅਵਿਨਾਸ਼ ਸਿੰਘ, ਅਮਨਦੀਪ ਸਿੰਘ, ਚਰਨਜੀਤ ਸਿੰਘ, ਇੰਦਰਪਾਲ ਸਿੰਘ, ਬਿੱਟੂ ਵਿਰਦੀ ਪੰਚ ਸੇਰਗੜ, ਕਮਲਜੀਤ ਸਿੰਘ, ਗਿਆਨ ਚੰਦ, ਮੁਸਾਫਰ ਸਿੰਘ, ਸੇਰਾ ਸਿੰਘ, ਮਨੀਸ਼ ਕੁਮਾਰ, ਦਵਿੰਦਰ ਕੁਮਾਰ, ਨਰੇਸ਼ ਕੁਮਾਰ ਸ਼ਹਿਰੀ ਪ੍ਰਧਾਨ, ਬਾਲੀ, ਗੁਰਪ੍ਰੀਤ ਗੋਪਾ , ਨਿੱਕਾ ਬਸੀ ਕਿੱਕਰਾ, ਰਵੀ, ਦੀਪੂ ਨਲੋਈਆ, ਭੁਪਿੰਦਰ ਕੁਮਾਰ ਬੱਧਣ, ਅਵਤਾਰ ਡਿੰਪੀ, ਚਰਨਜੀਤ ਡਾਡਾ, ਕਮਲਜੀਤ ਡਾਡਾ ਸਮੇਤ ਫੋਰਸ ਦੇ ਹੋਰ ਅਹੁਦੇਦਾਰ ਤੇ ਮੈਂਬਰ ਹਾਰਰ ਸਨ।